8-Dec-PAGE-1.qxd 12/7/2025 9:55 PM Page 1


ਸੋਮਵਾਰ, 8 ਦਸੰਬਰ, 2025

23 ਮੱਘਰ { ਨਾਨਕਸ਼ਾਹੀ 557 / ਬਿਕਰਮੀ 2082 }

ਜਿਲਦ/VOL. : 74

ਅੰਕ/NO. : 188

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 8 DECEMBER, 2025

ਜਲੰਧਰ



'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV



ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


## ਸਿੱਧੂ ਨੂੰ ਕਾਂਗਰਸ ਫਤਹਿ ਬੁਲਾ ਹੀ ਦੇਵੇ ਤਾਂ ਚੰਗਾ : ਰੰਧਾਵਾ

### ਬੀਬਾ ਨਵਜੋਤ ਕੌਰ ਸਿੱਧੂ ਦੇ ਦਾਅਵੇ ਤੋਂ ਬਾਅਦ ਬਿਆਨਬਾਜ਼ੀਆਂ ਤੇਜ਼



**ਚੰਡੀਗੜ੍ਹ** : ਨਵਜੋਤ ਸਿੰਘ ਸਿੱਧੂ ਦੀ ਪਤਨੀ ਡਾ. ਨਵਜੋਤ ਕੌਰ ਸਿੱਧੂ ਨੇ ਇਹ ਕਹਿ ਕੇ ਸਨਸਨੀ ਫੈਲਾ ਦਿੱਤੀ ਹੈ ਕਿ ਮੁੱਖ ਮੰਤਰੀ ਬਣਾਉਣ ਲਈ ਕਾਂਗਰਸ ਵਿੱਚ ਮੋਟੀ ਰਕਮ ਦਾ ਲੈਣ-ਦੇਣ ਹੋਇਆ ਸੀ ਅਤੇ ਉਨ੍ਹਾ ਦੇ ਪਤੀ ਸਰਗਰਮ ਸਿਆਸਤ ਵਿੱਚ ਕੁੱਦ ਪੈਣਗੇ ਜੇ ਉਨ੍ਹਾ ਨੂੰ ਪਾਰਟੀ ਮੁੱਖ ਮੰਤਰੀ ਦਾ ਚਿਹਰਾ ਬਣਾਉਂਦੀ ਹੈ। ਸ਼ਨਿੱਚਰਵਾਰ ਇੱਥੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਪੰਜਾਬ ਦੀ ਅਮਨ-ਕਾਨੂੰਨ ਦੀ ਹਾਲਤ ਤੇ ਹੋਰ ਮੁੱਦਿਆਂ 'ਤੇ ਮਿਲਣ ਤੋਂ ਬਾਅਦ ਬੀਬਾ ਸਿੱਧੂ ਨੇ ਕਿਹਾ ਕਿ ਉਨ੍ਹਾਂ ਕੋਲ ਪਾਰਟੀ ਨੂੰ ਦੇਣ ਲਈ ਪੈਸੇ ਨਹੀਂ ਪਰ ਉਨ੍ਹਾਂ ਨੂੰ ਮੌਕਾ ਮਿਲਿਆ ਤਾਂ ਪੰਜਾਬ ਨੂੰ ਸੁਨਹਿਰਾ ਬਣਾ ਦੇਣਗੇ। ਸੀਨੀਅਰ ਕਾਂਗਰਸ ਆਗੂ ਤੇ ਗੁਰਦਾਸਪੁਰ ਤੋਂ ਸਾਂਸਦ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਹੈ ਕਿ ਜਾਪਦਾ ਹੈ ਕਿ ਸਿੱਧੂ ਪਰਵਾਰ ਕਿਸੇ ਮਿਸ਼ਨ ਨਾਲ ਕਾਂਗਰਸ ਵਿੱਚ ਸ਼ਾਮਲ ਹੋਇਆ ਸੀ ਤੇ ਉਨ੍ਹਾਂ ਨੂੰ ਲੱਗਦੈ ਕਿ ਉਨ੍ਹਾਂ ਦਾ ਮਿਸ਼ਨ ਪੂਰਾ ਹੋ ਗਿਆ ਹੈ। ਰੰਧਾਵਾ ਨੇ ਕਿਹਾ ਕਿ ਪੰਜਾਬ ਦੇ ਲੋਕ ਸਿੱਧੂ ਪਰਵਾਰ ਦੇ ਐਕਸ਼ਨਾਂ ਨੂੰ ਸਮਝ ਨਹੀਂ ਸਕੇ। ਉਨ੍ਹਾ ਕਿਹਾ, "ਅਸੀਂ ਇਸ ਭਰੋਸੇ ਨਾਲ ਸਿੱਧੂ ਨੂੰ ਪੰਜਾਬ ਦਾ ਪ੍ਰਧਾਨ ਬਣਾਇਆ ਕਿ ਉਹ ਕਾਂਗਰਸ ਆਗੂ ਦੇ ਬੇਟੇ ਹਨ। ਕੀ ਸਿੱਧੂ ਪਰਵਾਰ ਦੱਸ ਸਕਦਾ ਹੈ ਕਿ ਜਦੋਂ ਉਨ੍ਹਾਂ ਨੂੰ ਪੰਜਾਬ ਕਾਂਗਰਸ ਦੀ ਪ੍ਰਧਾਨਗੀ, ਜੋ ਕਿ ਮੁੱਖ ਮੰਤਰੀ ਦੇ ਬਰਾਬਰ ਦੀ ਪੁਜ਼ੀਸ਼ਨ ਹੁੰਦੀ ਹੈ, ਮਿਲੀ ਤਾਂ ਉਨ੍ਹਾਂ ਨੋਟਾਂ ਦਾ ਸੂਟਕੇਸ ਕਿਸਨੂੰ ਫੜਾਇਆ ਸੀ ?"

ਰੰਧਾਵਾ ਨੇ ਕਿਹਾ ਕਿ ਪਿਛਲੀ ਕਾਰਗੁਜ਼ਾਰੀ ਕੱਢ ਕੇ ਦੇਖ ਲਓ, ਸਿੱਧੂਆਂ ਨੇ ਵਿਰੋਧੀਆਂ ਦੀ ਬੋਲੀ ਹੀ ਬੋਲੀ ਤੇ ਕਾਂਗਰਸ ਦਾ ਭਾਰੀ ਨੁਕਸਾਨ ਕੀਤਾ। ਜੇ ਇਸ ਪਰਵਾਰ ਦੀਆਂ ਇੰਟਰਵਿਊਆਂ ਤੇ ਬਿਆਨ ਕੱਢ ਕੇ ਦੇਖੋ ਤਾਂ ਸ਼ੀਸ਼ੇ ਵਾਂਗ ਸਾਫ ਹੋ ਜਾਵੇਗਾ ਕਿ ਕੀ ਇਹ ਕਾਂਗਰਸ ਨੂੰ ਬਚਾਉਣ ਆਏ ਸੀ ਕਿ ਡੋਬਣ ? ਰੰਧਾਵਾ ਨੇ ਕਿਹਾ ਕਿ ਇਸਤੋਂ ਪਹਿਲਾਂ ਕਿ ਨਵਜੋਤ ਸਿੱਧੂ ਘਰਵਾਪਸੀ (ਭਾਜਪਾ 'ਚ) ਕਰੇ ਕਾਂਗਰਸ ਹਾਈ ਕਮਾਨ ਨੂੰ ਉਨ੍ਹਾ ਨੂੰ ਖੁਸ਼ੀ-ਖੁਸ਼ੀ ਵਿਦਾ ਕਰ ਦੇਣਾ ਚਾਹੀਦਾ ਹੈ। ਨਵਜੋਤ ਸਿੰਘ ਸਿੱਧੂ ਨੇ 2022 ਦੀਆਂ ਅਸੈਂਬਲੀ ਚੋਣਾਂ ਵਿੱਚ ਅੰਮ੍ਰਿਤਸਰ ਪੂਰਬੀ ਹਲਕੇ ਵਿੱਚ ਆਪ ਦੀ ਜੀਵਨ ਜੋਤ ਕੌਰ ਤੋਂ ਚੋਣ ਹਾਰਨ ਦੇ ਬਾਅਦ ਪ੍ਰਧਾਨਗੀ ਛੱਡ ਦਿੱਤੀ ਸੀ।

### ਕਾਂਗਰਸ 'ਚ ਅਹੁਦਿਆਂ ਦਾ ਐਲਾਨ ਕਰਨ ਲਈ ਕਰੋੜਾਂ ਰੁਪਏ ਕੌਣ ਲੈਂਦਾ ਹੈ : ਪੰਨੂ

**ਚੰਡੀਗੜ੍ਹ. (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਆਮ ਆਦਮੀ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਅਤੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਨਵਜੋਤ ਕੌਰ ਸਿੱਧੂ ਦੀ ਪੰਜਾਬ ਦੇ ਰਾਜਪਾਲ ਨਾਲ ਮੁਲਾਕਾਤ ਤੋਂ ਬਾਅਦ ਕੀਤੇ ਗਏ ਸਨਸਨੀਖੇਜ਼ ਖੁਲਾਸਿਆਂ ਨੇ 'ਭੱਦੀ ਸੱਚਾਈ' ਨੂੰ ਬੇਨਕਾਬ ਕੀਤਾ ਹੈ ਕਿ ਕਾਂਗਰਸ ਕਿਵੇਂ ਕੰਮ ਕਰਦੀ ਹੈ, ਲੀਡਰਸ਼ਿਪ ਕਿਵੇਂ ਤੈਅ ਕੀਤੀ ਜਾਂਦੀ ਹੈ ਅਤੇ ਨਿੱਜੀ ਅਭਿਲਾਸ਼ਾਵਾਂ ਅਤੇ ਪੈਸੇ ਦੇ ਸੌਦਿਆਂ ਲਈ ਪੰਜਾਬ ਦੇ ਹਿੱਤਾਂ ਨੂੰ ਕਿਵੇਂ ਪਾਸੇ ਕਰ ਦਿੱਤਾ ਜਾਂਦਾ ਹੈ।ਪੰਨੂ ਨੇ ਕਿਹਾ ਕਿ ਨਵਜੋਤ ਕੌਰ ਸਿੱਧੂ ਨੇ ਦੋ ਧਮਾਕੇਦਾਰ ਦਾਅਵੇ ਕੀਤੇ ਹਨ, ਇੱਕ ਇਹ ਕਿ ਨਵਜੋਤ



• ਬਾਕੀ ਸਫਾ 2 'ਤੇ

## ਔਰੋਂ ਕੋ ਨਸੀਹਤ...



**ਵਾਸ਼ਿੰਗਟਨ** : ਸੰਸਾਰ ਫੁੱਟਬਾਲ ਜਥੇਬੰਦੀ (ਫੀਫਾ) ਸਿਆਸੀ ਨਿਰਪੱਖਤਾ ਦੀ ਐਲਾਨੀਆ ਨੀਤੀ ਤਹਿਤ ਉਨ੍ਹਾਂ ਖਿਡਾਰੀਆਂ ਨੂੰ ਅਕਸਰ ਜੁਰਮਾਨੇ ਲਾ ਦਿੰਦੀ ਹੈ ਜਾਂ ਕੁਝ ਮੈਚ ਖੇਡਣ ਤੋਂ ਰੋਕ ਦਿੰਦੀ ਹੈ, ਜਿਹੜੇ ਮੈਦਾਨ ਵਿੱਚ ਕਿਸੇ ਵੀ ਤਰ੍ਹਾਂ ਦਾ ਸਿਆਸੀ ਇਸ਼ਾਰਾ ਕਰਦੇ ਹਨ। ਪਰ ਜਥੇਬੰਦੀ ਦੇ ਪ੍ਰਧਾਨ ਗਿਆਨੀ ਇਨਫੈਨਤੀਨੋ ਨੇ ਵਿਸ਼ਵ ਕੱਪ ਫੁੱਟਬਾਲ ਲਈ ਟੀਮਾਂ ਦੇ ਡਰਾਅ ਕੱਢਣ ਦੌਰਾਨ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੂੰ ਪਹਿਲਾ ਫੀਫਾ ਅਮਨ ਇਨਾਮ ਦੇ ਕੇ ਉਸ ਨਾਲ ਆਪਣੀ ਆੜੀ ਨੂੰ ਹੋਰ ਮਜ਼ਬੂਤ ਕੀਤਾ ਹੈ। ਟਰੰਪ ਨੂੰ ਇਹ ਇਨਾਮ ਅਮਰੀਕਾ ਵੱਲੋਂ ਵੈਨਜ਼ੁਏਲਾ ਦੇ ਖਿਲਾਫ ਮਾਰੂ ਹਵਾਈ ਹਮਲੇ ਦੇ 24 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ ਦਿੱਤਾ ਗਿਆ। ਸੰਯੁਕਤ ਰਾਸ਼ਟਰ ਦੇ ਸਾਬਕਾ ਅਧਿਕਾਰੀ ਕਰੈਗ ਮੁਖਬਿਰ, ਜਿਸਨੇ ਗਾਜ਼ਾ ਵਿੱਚ ਨਸਲਘਾਤ ਲਈ ਇਜ਼ਰਾਈਲ ਨੂੰ ਸੰਸਾਰ ਫੁੱਟਬਾਲ ਵਿੱਚੋਂ ਬਾਹਰ ਕਰਨ ਲਈ ਮੁਹਿੰਮ ਚਲਾਈ ਹੈ, ਨੇ ਕਿਹਾ ਕਿ ਟਰੰਪ ਨੂੰ ਇਨਾਮ ਦੇਣਾ ਸ਼ਰਮਨਾਕ ਹੈ। ਇਨਫੈਨਤੀਨੋ ਇਜ਼ਰਾਈਲ ਖਿਲਾਫ ਕਾਰਵਾਈ ਤੋਂ ਇਹ ਕਹਿੰਦਿਆਂ ਇਨਕਾਰ ਕਰਦਾ ਆ ਰਿਹਾ ਹੈ ਕਿ ਫੁੱਟਬਾਲ ਭੂ-ਰਾਜਨੀਤਕ ਮੁੱਦੇ ਹੱਲ ਨਹੀਂ ਕਰ ਸਕਦਾ। ਮੁਖਬਿਰ ਨੇ ਕਿਹਾ ਹੈ ਕਿ ਟਰੰਪ ਨੇ ਗਾਜ਼ਾ 'ਤੇ ਇਜ਼ਰਾਈਲੀ ਹਮਲਿਆਂ ਦੀ ਹਮੇਸ਼ਾ ਹਮਾਇਤ ਕੀਤੀ ਹੈ ਤੇ ਕੈਰੇਬੀਅਨ ਸਾਗਰ ਵਿੱਚ ਮਾਰੂ ਹਮਲੇ ਕੀਤੇ ਹਨ, ਜੋ ਕਿ ਮਨੁੱਖੀ ਹੱਕਾਂ ਦੀ ਘੋਰ ਉਲੰਘਣਾ ਹੈ।

## ਲਾਡੋਵਾਲ ਟੋਲ ਪਲਾਜ਼ਾ 'ਤੇ ਗੋਲੀਬਾਰੀ



**ਲੁਧਿਆਣਾ** : ਇੱਥੇ ਲਾਡੋਵਾਲ ਟੋਲ ਪਲਾਜ਼ਾ 'ਤੇ ਸ਼ਨਿੱਚਰਵਾਰ ਰਾਤ ਕੁਝ ਕਾਰ ਸਵਾਰਾਂ ਨੇ ਸਟਾਫ 'ਤੇ ਗੋਲੀਬਾਰੀ ਕਰ ਦਿੱਤੀ। ਘਟਨਾ ਉਦੋਂ ਵਾਪਰੀ ਜਦੋਂ ਮੁਲਜ਼ਮਾਂ ਨੇ ਵੀ ਆਈ ਪੀ ਲੇਨ ਵਿੱਚੋਂ ਲੰਘਣ ਦੀ ਜ਼ਿੱਦ ਕੀਤੀ। ਕਾਰ ਸਵਾਰਾਂ ਵਿੱਚੋਂ ਇੱਕ ਨੇ ਆਪਣੇ ਆਪ ਨੂੰ ਇੱਕ ਵਿਭਾਗ ਦਾ ਚੇਅਰਮੈਨ ਦੱਸਿਆ, ਪਰ ਜਦੋਂ ਸਟਾਫ ਨੇ ਉਨ੍ਹਾਂ ਨੂੰ ਆਈ ਡੀ ਦਿਖਾਉਣ ਲਈ ਕਿਹਾ, ਤਾਂ ਗਰੁੱਪ ਗੁੱਸੇ ਵਿੱਚ ਆ ਗਿਆ ਅਤੇ ਗੋਲੀਬਾਰੀ ਕਰ ਦਿੱਤੀ। ਕਰਮਚਾਰੀ ਗੋਲੀਆਂ ਤੋਂ ਬਚਣ ਵਿੱਚ ਕਾਮਯਾਬ ਰਹੇ। ਕਰਮਚਾਰੀ ਕੁਲਜੀਤ ਸਿੰਘ ਨੇ ਦੱਸਿਆ ਕਿ ਕਾਰ ਲੁਧਿਆਣਾ ਵਾਲੇ ਪਾਸਿਓਂ ਫਿਲੌਰ ਵੱਲ ਜਾ ਰਹੀ ਸੀ। ਕਾਰ ਵਿੱਚ ਸੱਤ-ਅੱਠ ਵਿਅਕਤੀ ਸਨ, ਜਿਨ੍ਹਾਂ ਨੇ ਟੋਲ ਸਟਾਫ 'ਤੇ ਪੰਜ ਰਾਊਂਡ ਫਾਇਰ ਕੀਤੇ। ਜਦੋਂ ਉਨ੍ਹਾਂ ਨੇ ਉਨ੍ਹਾਂ ਨੂੰ ਫੜਨ ਦੀ ਕੋਸ਼ਿਸ਼ ਕੀਤੀ ਤਾਂ ਉਹ ਸਾਊਥ ਸਿਟੀ ਪੁਲ ਵੱਲ ਭੱਜ ਗਏ।

## ਮਰੀ ਹੋਈ ਧੀ ਨਿਕਲੀ ਜਿਊਂਦੀ

**ਫਿਰੋਜ਼ਪੁਰ (ਗੁਰਬਚਨ ਸਿੰਘ)**- ਕਰੀਬ ਸਵਾ ਦੋ ਮਹੀਨੇ ਪਹਿਲਾਂ ਪਿਓ ਵੱਲੋਂ ਧੀ ਨੂੰ ਨਹਿਰ ਵਿਚ ਧੱਕਾ ਦੇ ਕੇ ਮਾਰ ਦੇਣ ਤੋਂ ਬਾਅਦ ਐਤਵਾਰ ਨੂੰ ਧੀ ਨੇ ਆਪਣੇ ਆਪ ਨੂੰ ਜਿਊਂਦੀ ਦੱਸਿਆ ਹੈ। ਸੋਸ਼ਲ ਮੀਡੀਆ ਉਤੇ ਚੱਲ ਰਹੀ ਇਕ ਇਟਰਵਿਊ ਵਿਚ ਕਥਿਤ ਮ੍ਰਿਤਕ ਲੜਕੀ ਨੇ ਜਿਊਂਦੇ ਹੋਣ ਦਾ ਦਾਅਵਾ ਕੀਤਾ ਹੈ। ਦੱਸ ਦਈਏ ਕਿ ਕਰੀਬ ਸਵਾ ਦੋ ਮਹੀਨੇ ਪਹਿਲਾਂ ਇਕ ਬਾਪ ਵੱਲੋਂ ਆਪਣੀ ਧੀ ਪ੍ਰੀਤ ਦੇ ਚਾਲ ਚੱਲਣ ਉਤੇ ਸ਼ੱਕ ਕਰਦਿਆਂ ਉਸ ਨੂੰ ਨਹਿਰ ਵਿਚ ਧੱਕਾ ਦੇ ਦਿੱਤਾ ਸੀ। ਜਿਸ ਦੀ ਉਸ ਨੇ ਇਕ ਵੀਡਿਓ ਵੀ ਬਣਾਈ ਸੀ। ਫ਼ਿਰੋਜ਼ਪੁਰ ਪੁਲਿਸ ਵਲੋਂ ਮਾਮਲਾ ਦਰਜ ਕਰ ਕੇ ਲੜਕੀ ਦੇ ਬਾਪ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਐਤਵਾਰ ਨੂੰ ਸ਼ੋਸ਼ਲ ਮੀਡੀਆ ਉਤੇ ਇੰਟਰਵੀਊ ਦਿੰਦਿਆਂ ਇਹ ਪ੍ਰੀਤ ਨਾਂਅ ਦੀ ਲੜਕੀ ਨੇ ਦੱਸਿਆ ਕਿ ਜਦ ਉਸ ਦੇ ਬਾਪ ਨੇ ਨਹਿਰ ਵਿਚ ਧੱਕਾ ਦਿੱਤਾ ਤਾਂ ਉਹ ਨਹਿਰ ਵਿਚ ਰੁੜਨ ਲੱਗੀ ਤਾਂ ਕਿਸਮਤ ਨਾਲ ਉਸ ਦਾ ਹੱਥ ਨਹਿਰ ਵਿਚ ਲੱਗੇ ਇਕ ਸਰੀਏ ਨੂੰ ਪੈ ਗਿਆ ਅਤੇ ਉਹ ਨਹਿਰ ਵਿਚੋਂ ਬਾਹਰ ਆ ਗਈ। ਲੜਕੀ ਪ੍ਰੀਤ ਨੇ ਦੱਸਿਆ ਕਿ ਉਸ ਨੂੰ ਨਹਿਰ ਵਿਚ ਧੱਕਾ ਦੇਣ ਲਈ ਉਸ ਦੀ ਮਾਂ ਵੀ ਜ਼ਿੰਮੇਵਾਰ ਹੈ। ਪਰ ਹੁਣ ਉਹ ਉਸ ਦੇ ਜੇਲ੍ਹ 'ਚ ਬੈਠੇ ਪਿਓ ਨੂੰ ਬਚਾਉਣਾ ਚਹੁੰਦੀ ਹੈ। ਓਧਰ ਪੁਲਿਸ ਲੜਕੀ ਦੇ ਜਿਉਂਦੇ ਹੋਣ ਦੀ ਖ਼ਬਰ ਤੋਂ ਬਾਅਦ ਲੜਕੀ ਦੀ ਭਾਲ ਕਰ ਰਹੀ ਹੈ।

## ਮੋਹਾਲੀ ਹਵਾਈ ਅੱਡੇ 'ਤੇ ਯਾਤਰੀਆਂ ਲਈ ਕੰਟਰੋਲ ਰੂਮ ਸਥਾਪਤ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਦੇਸ਼ ਵਿੱਚ ਚੱਲ ਰਹੇ ਇੰਡੀਗੋ ਸੰਕਟ ਦੇ ਮੱਦੇਨਜ਼ਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਯਾਤਰੀਆਂ ਦੀ ਸਹੂਲਤ ਲਈ 24 ਘੰਟੇ ਕੰਟਰੋਲ ਰੂਮ ਸਥਾਪਤ ਕਰਕੇ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਕੋਈ ਵੀ ਮੁਸ਼ਕਿਲ ਨਾ ਆਉਣ ਦੇਣ ਲਈ ਕਦਮ ਚੁੱਕੇ ਹਨ।ਪੰਜਾਬ ਸ਼ਹਿਰੀ ਹਵਾਬਾਜ਼ੀ ਵਿਭਾਗ ਦੇ ਸਕੱਤਰ ਸ੍ਰੀਮਤੀ ਸੋਨਾਲੀ ਗਿਰਿ ਨੇ ਮੁੱਖ ਮੰਤਰੀ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਯਾਤਰੀਆਂ ਨੂੰ ਘੱਟ ਤੋਂ ਘੱਟ ਅਸੁਵਿਧਾ ਹੋਣ ਦੇਣ ਦੀ ਵਚਨਬੱਧਤਾ ਤਹਿਤ, ਸਥਿਤੀ ਨੂੰ ਸੁਚਾਰੂ ਬਣਾਉਣ ਲਈ ਹਵਾਈ ਅੱਡਾ ਅਧਿਕਾਰੀਆਂ, ਸੀ ਆਈ ਐਸ ਐਫ ਅਤੇ ਏਅਰਲਾਈਨ ਕੰਪਨੀਆਂ ਨਾਲ ਵਿਸਥਾਰਤ ਗੱਲਬਾਤ ਕੀਤੀ।ਸਕੱਤਰ, ਸ਼ਹਿਰੀ ਹਵਾਬਾਜ਼ੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ, ਇੰਡੀਗੋ ਫਲਾਈਟ ਚ ਦੇਰੀ/ਰੱਦ ਹੋਣ ਤੋਂ ਪ੍ਰਭਾਵਿਤ ਯਾਤਰੀਆਂ ਦੀ ਸਹੂਲਤ ਲਈ ਕੰਟਰੋਲ ਰੂਮ ਤੁਰੰਤ ਸ਼ੁਰੂ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਰਿਫੰਡ ਅਤੇ ਰੀਸ਼ਡਿਊਲਿੰਗ, ਸਮਾਨ ਦੀ ਡਿਲੀਵਰੀ ਅਤੇ

• ਬਾਕੀ ਸਫਾ 2 'ਤੇ

### ਕਾਰ-ਟਰੱਕ ਦੀ ਟੱਕਰ 'ਚ ਪੰਜ ਮੌਤਾਂ

**ਜਸ਼ਪੁਰ** : ਛੱਤੀਸਗੜ੍ਹ ਦੇ ਜਸ਼ਪੁਰ ਜ਼ਿਲ੍ਹੇ ਵਿੱਚ ਐਤਵਾਰ ਨੂੰ ਇੱਕ ਕਾਰ ਅਤੇ ਟਰੱਕ ਦੀ ਟੱਕਰ ਵਿੱਚ ਕਾਰ ਸਵਾਰ ਪੰਜ ਲੋਕਾਂ ਦੀ ਮੌਤ ਹੋ ਗਈ। ਇੱਕ ਪੁਲਸ ਅਧਿਕਾਰੀ ਨੇ ਦੱਸਿਆ ਕਿ ਇਹ ਹਾਦਸਾ ਦੁਲਦੁਲਾ ਪੁਲਸ ਸਟੇਸ਼ਨ ਦੀ ਹੱਦ ਅਧੀਨ ਪੈਂਦੇ ਪਾਤਰਾਟੋਲੀ ਪਿੰਡ ਨੇੜੇ ਤੜਕੇ ਉਸ ਸਮੇਂ ਹੋਇਆ, ਜਦੋਂ ਪੀੜਤ ਜਸ਼ਪੁਰ ਵੱਲ ਜਾ ਰਹੇ ਸਨ। ਟੱਕਰ ਇੰਨੀ ਭਿਆਨਕ ਸੀ ਕਿ ਕਾਰ ਪੂਰੀ ਤਰ੍ਹਾਂ ਨੁਕਸਾਨੀ ਗਈ। ਉਨ੍ਹਾ ਕਿਹਾ ਕਿ ਕਾਰ ਵਿੱਚ ਸਵਾਰ ਸਾਰੇ ਪੰਜ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਘਟਨਾ ਤੋਂ ਬਾਅਦ ਕੁਝ ਪਿੰਡ ਵਾਲੇ ਮੌਕੇ 'ਤੇ ਪਹੁੰਚੇ ਅਤੇ ਤੁਰੰਤ ਪੁਲਸ ਨੂੰ ਸੂਚਨਾ ਦਿੱਤੀ।

ਅਧਿਕਾਰੀ ਨੇ ਦੱਸਿਆ ਕਿ ਦੁਲਦੁਲਾ ਪੁਲਸ ਨੇ ਸਥਾਨਕ ਲੋਕਾਂ ਦੀ ਮਦਦ ਨਾਲ ਨੁਕਸਾਨੇ ਗਏ ਵਾਹਨ ਵਿੱਚੋਂ ਲਾਸ਼ਾਂ ਕੱਢੀਆਂ ਅਤੇ ਪੋਸਟਮਾਰਟਮ ਲਈ ਕਮਿਊਨਿਟੀ ਹੈਲਥ ਸੈਂਟਰ ਭੇਜ ਦਿੱਤੀਆਂ। ਉਨ੍ਹਾਂ ਅੱਗੇ ਕਿਹਾ ਕਿ ਮੁੱਢਲੀ ਜਾਣਕਾਰੀ ਅਨੁਸਾਰ ਪੀੜਤ ਚਰੈਦੰਡ ਖੇਤਰ ਦੇ ਵਸਨੀਕ ਸਨ। ਉਨ੍ਹਾਂ ਦੀ ਪਛਾਣ ਕੀਤੀ ਜਾ ਰਹੀ ਹੈ।

### ਇੰਡੀਗੋ ਨੇ 610 ਕਰੋੜ ਰੁਪਏ ਦਾ ਰਿਫੰਡ ਦਿੱਤਾ



**ਨਵੀਂ ਦਿੱਲੀ** : ਇੰਡੀਗੋ ਨੇ ਆਪਣੀਆਂ ਉਡਾਨਾਂ ਰੱਦ ਕਰਨ ਤੋਂ ਬਾਅਦ ਸ਼ਨਿਚਰਵਾਰ ਤੱਕ ਭਾਰਤ ਭਰ ਵਿਚਲੇ ਤਿੰਨ ਹਜ਼ਾਰ ਯਾਤਰੀਆਂ ਨੂੰ ਉਨ੍ਹਾਂ ਦਾ ਸਮਾਨ ਮੁਹੱਈਆ ਕਰਵਾ ਦਿੱਤਾ ਹੈ। ਇਹ ਜਾਣਕਾਰੀ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਸਾਂਝੀ ਕਰਦਿਆਂ ਕਿਹਾ ਕਿ ਹੁਣ ਤੱਕ ਕੁੱਲ 610 ਕਰੋੜ ਰੁਪਏ ਦਾ ਰਿਫੰਡ ਦੇ ਦਿੱਤਾ ਗਿਆ ਹੈ ਤੇ ਕੁਝ ਸਮੇਂ ਦੇ ਅੰਦਰ ਇਹ ਰਾਸ਼ੀ ਪ੍ਰਭਾਵਿਤ ਯਾਤਰੀਆਂ ਕੋਲ ਪੁੱਜ ਜਾਵੇਗੀ। ਦੂਜੇ ਪਾਸੇ ਡੀ.ਜੀ.ਸੀ.ਏ. (ਡਾਇਰੈਕਟੋਰੇਟ ਜਨਰਲ ਆਫ਼ ਸਿਵਲ ਏਵੀਏਸ਼ਨ) ਨੇ ਇੰਡੀਗੋ ਦੇ ਸੀ ਈ ਓ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਕੇ ਪੁੱਛਿਆ ਹੈ ਕਿ ਉਨ੍ਹਾਂ ਦੀਆਂ ਉਡਾਨਾਂ ਰੱਦ ਹੋਣ ਕਾਰਨ ਦੇਸ਼ ਭਰ ਵਿਚ ਯਾਤਰੀਆਂ ਨੂੰ ਹੋ ਰਹੀ ਪ੍ਰੇਸ਼ਾਨੀ ਕਾਰਨ ਉਨ੍ਹਾਂ ਖ਼ਿਲਾਫ਼ ਢੁੱਕਵੀਂ ਕਾਰਵਾਈ ਕਿਉਂ ਨਾ ਕੀਤੀ ਜਾਵੇ।

## ਕਾਂਗਰਸ ਲੋਕਾਂ ਦਾ ਸਾਹਮਣਾ ਕਰਨ ਤੋਂ ਡਰ ਰਹੀ : ਧਾਲੀਵਾਲ



**ਅੰਮ੍ਰਿਤਸਰ** : ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕਾਂਗਰਸ ਦੇ ਚੋਣ ਬਾਈਕਾਟ ਦੇ ਐਲਾਨ ਨੂੰ ਉਸ ਦੀ ਹਾਰ ਦਾ ਡਰ ਦੱਸਿਆ ਹੈ। ਧਾਲੀਵਾਲ ਨੇ ਕਿਹਾ ਕਿ ਪੰਜਾਬ ਦੀ ਰਾਜਨੀਤੀ ਵਿੱਚ 'ਧੱਕੇਸ਼ਾਹੀ' ਅਤੇ 'ਵਿਸ਼ਵਾਸਘਾਤ' ਦਾ ਇਤਿਹਾਸ ਜੇਕਰ ਕਿਸੇ ਨੇ ਲਿਖਿਆ ਹੈ ਤਾਂ ਉਹ ਕਾਂਗਰਸ ਨੇ ਲਿਖਿਆ ਹੈ ਅਤੇ ਅੱਜ ਇਹੀ ਪਾਰਟੀ ਨੈਤਿਕਤਾ ਦਾ ਪਾਠ ਪੜ੍ਹਾ ਰਹੀ ਹੈ। ਮੀਡੀਆ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਕਾਂਗਰਸ ਨੂੰ ਚੁਣੌਤੀ ਦਿੱਤੀ ਕਿ ਉਹ ਅੰਮ੍ਰਿਤਸਰ ਦਿਹਾਤੀ ਦੇ ਕਿਸੇ ਵੀ ਇਲਾਕੇ ਤੋਂ ਧੱਕੇਸ਼ਾਹੀ ਦਾ ਇੱਕ ਵੀ ਸਬੂਤ ਜਨਤਾ ਦੇ ਸਾਹਮਣੇ ਲਿਆਵੇ। ਸੱਚਾਈ ਇਹ ਹੈ ਕਿ ਕਾਂਗਰਸ ਆਪਣੇ ਵਿਧਾਇਕ 'ਤੇ ਹੋਈ ਕਾਰਵਾਈ ਨੂੰ ਬਹਾਨਾ ਬਣਾ ਕੇ ਜਨਤਾ ਦਾ ਸਾਹਮਣਾ ਕਰਨ ਤੋਂ ਡਰ ਰਹੀ ਹੈ।

ਉਨ੍ਹਾ ਕਿਹਾ ਕਿ ਕਾਂਗਰਸ ਕਹਿੰਦੀ ਹੈ ਕਿ ਉਨ੍ਹਾਂ ਦੇ ਵਿਧਾਇਕ ਸੁੱਖ ਸਰਕਾਰੀਆ 'ਤੇ ਕਾਰਵਾਈ ਹੋਈ, ਇਸ ਲਈ ਉਹ ਚੋਣਾਂ ਨਹੀਂ ਲੜਨਗੇ। ਉਨ੍ਹਾ ਸਵਾਲ ਕੀਤਾ ਕਿ ਕਾਂਗਰਸ ਦੱਸੇ ਕਿ ਅੰਮ੍ਰਿਤਸਰ ਦਿਹਾਤੀ ਦੇ ਇਲਾਕਿਆਂ, ਬਾਬਾ ਬਕਾਲਾ, ਜੰਡਿਆਲਾ, ਮਜੀਠਾ, ਅਟਾਰੀ, ਅਜਨਾਲਾ ਵਿੱਚ ਕਿੱਥੇ ਧੱਕੇਸ਼ਾਹੀ ਹੋਈ ? ਜੇਕਰ ਕਿਸੇ ਇੱਕ ਵੀ ਵਿਅਕਤੀ ਨਾਲ ਧੱਕਾ ਹੋਇਆ ਹੋਵੇ, ਤਾਂ ਸਾਹਮਣੇ ਲਿਆਉਣ। ਸੱਚਾਈ ਇਹ ਹੈ ਕਿ 'ਆਪ' ਦੇ ਉਮੀਦਵਾਰ ਲਖਵਿੰਦਰ ਸਿੰਘ ਖੁਦ ਕਾਂਗਰਸੀਆਂ ਦੀ ਗੁੰਡਾਗਰਦੀ ਦਾ ਸ਼ਿਕਾਰ ਹੋਏ ਅਤੇ ਹਸਪਤਾਲ ਵਿੱਚ ਦਾਖਲ ਹਨ। ਕਾਂਗਰਸ ਨੂੰ ਸ਼ਰਮ ਆਉਣੀ ਚਾਹੀਦੀ ਹੈ ਕਿ ਉਹ ਗੁੰਡਾਗਰਦੀ ਕਰਕੇ ਵੀ ਖੁਦ ਨੂੰ ਪੀੜਤ ਦੱਸ ਰਹੀ ਹੈ।

'ਆਪ' ਬੁਲਾਰੇ ਨੇ ਕਾਂਗਰਸ ਦੀ ਹਾਲਤ ਲਈ ਉਸ ਦੇ ਅੰਦਰੂਨੀ ਕਲੇਸ਼ ਅਤੇ ਹੰਕਾਰ ਨੂੰ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਨਵਜੋਤ ਕੌਰ ਸਿੱਧੂ ਦੇ

• ਬਾਕੀ ਸਫਾ 2 'ਤੇ

### ਟਰੈਕਟਰ ਟਰਾਲੀ ਤੇ ਕਾਰ ਦੀ ਟੱਕਰ 'ਚ 2 ਦੀ ਮੌਤ

**ਨੌਸ਼ਹਿਰਾ ਮੱਝਾ ਸਿੰਘ** :ਸਥਾਨਕ ਨੈਸ਼ਨਲ ਹਾਈਵੇ ਦੇ ਪਿੰਡ ਸੁਚੇਤਗੜ੍ਹ ਨੇੜੇ ਇਕ ਟਰੈਕਟਰ-ਟਰਾਲੀ ਤੇ ਸਵਿਫਟ ਡਿਜ਼ਾਇਰ ਕਾਰ ਦੀ ਭਿਆਨਕ ਟੱਕਰ ਦਰਮਿਆਨ ਇਕ ਵਿਅਕਤੀ ਤੇ ਔਰਤ ਦੀ ਮੌਤ ਹੋ ਗਈ ਅਤੇ 2 ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਸਥਾਨਕ ਲੋਕਾਂ ਦੀ ਮੱਦਦ ਨਾਲ ਹਸਪਤਾਲ ਪਹੁੰਚਾਇਆ ਗਿਆ। ਇਹ ਹਾਦਸਾ ਇੰਨਾ ਭਿਆਨਕ ਸੀ ਕਿ ਕਾਰ ਵਿਚੋਂ ਲਾਸ਼ ਨੂੰ ਬਹੁਤ ਹੀ ਜੱਦੋ-ਜਹਿਦ ਨਾਲ ਬਾਹਰ ਕੱਢਿਆ ਗਿਆ।


## ਗੋਆ ਦੇ ਕਲੱਬ 'ਚ ਅੱਗ ਕਾਰਨ 25 ਮੌਤਾਂ



**ਪਣਜੀ** : ਗੋਆ ਦੇ ਅਰਪੋਰਾ ਸਥਿਤ ਇੱਕ ਕਲੱਬ ਵਿੱਚ ਲੱਗੀ ਭਿਆਨਕ ਅੱਗ ਕਾਰਨ 25 ਮੌਤਾਂ ਹੋਣ ਦੀ ਖਬਰ ਹੈ, ਜਿਨ੍ਹਾਂ ਵਿੱਚੋਂ 4 ਦੀ ਪਛਾਣ ਸੈਲਾਨੀਆਂ ਵਜੋਂ ਅਤੇ 14 ਦੀ ਸਟਾਫ਼ ਮੈਂਬਰਾਂ ਵਜੋਂ ਹੋਈ ਹੈ। ਗੋਆ ਪੁਲਸ ਨੇ ਦੱਸਿਆ ਕਿ ਬਰਾਮਦ ਕੀਤੀਆਂ ਗਈਆਂ ਸੱਤ ਲਾਸ਼ਾਂ ਦੀ ਪਛਾਣ ਹੋਣੀ ਅਜੇ ਬਾਕੀ ਹੈ। ਇਹ ਜਾਣਕਾਰੀ ਪੁਲਸ ਨੇ ਦਿੰਦਿਆਂ ਕਿਹਾ ਕਿ ਛੇ ਵਿਅਕਤੀ ਜ਼ਖਮੀ ਹਨ ਅਤੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਪ੍ਰਧਾਨ ਮੰਤਰੀ ਦਫ਼ਤਰ (ਪੀ.ਐੱਮ.ਓ.) ਨੇ ਐਕਸ 'ਤੇ ਇੱਕ ਪੋਸਟ ਵਿੱਚ ਲਿਖਿਆ, "ਗੋਆ ਦੇ ਅਰਪੋਰਾ ਵਿੱਚ ਹੋਏ ਹਾਦਸੇ ਵਿੱਚ ਮਾਰੇ ਗਏ ਹਰੇਕ ਵਿਅਕਤੀ ਦੇ ਵਾਰਸਾਂ ਨੂੰ ਪ੍ਰਧਾਨ ਮੰਤਰੀ ਰਾਹਤ ਫੰਡ ਵੱਲੋਂ 2 ਲੱਖ ਰੁਪਏ ਦੀ ਐਕਸ-ਗਰੇਸ਼ੀਆ ਦਿੱਤੀ ਜਾਵੇਗੀ। ਜ਼ਖਮੀਆਂ ਨੂੰ 50,000 ਰੁਪਏ ਦਿੱਤੇ ਜਾਣਗੇ।" ਇਸ ਤੋਂ ਪਹਿਲਾਂ ਮੁੱਖ ਮੰਤਰੀ ਪ੍ਰਮੋਦ ਸਾਵੰਤ ਨੇ ਕਿਹਾ ਸੀ ਕਿ ਮਰਨ ਵਾਲਿਆਂ ਵਿੱਚੋਂ ਜ਼ਿਆਦਾਤਰ ਕਲੱਬ ਦੇ ਰਸੋਈ ਕਰਮਚਾਰੀ ਸਨ, ਜਿਨ੍ਹਾਂ ਵਿੱਚ ਤਿੰਨ ਔਰਤਾਂ ਵੀ ਸ਼ਾਮਲ ਸਨ। ਉਨ੍ਹਾਂ ਅੱਗੇ ਕਿਹਾ ਕਿ ਮਰਨ ਵਾਲਿਆਂ ਵਿੱਚ ਤਿੰਨ ਤੋਂ ਚਾਰ ਸੈਲਾਨੀ ਵੀ ਸ਼ਾਮਲ ਸਨ। ਸਾਵੰਤ, ਜੋ ਤੁਰੰਤ ਘਟਨਾ ਸਥਾਨ 'ਤੇ ਪਹੁੰਚੇ, ਨੇ ਪੱਤਰਕਾਰਾਂ ਨੂੰ ਦੱਸਿਆ ਸੀ ਕਿ 23 ਵਿੱਚੋਂ ਤਿੰਨ ਦੀ ਮੌਤ ਸੜਨ ਕਾਰਨ ਹੋਏ ਜ਼ਖਮਾਂ ਕਰਕੇ ਹੋਈ ਅਤੇ ਬਾਕੀ ਦਮ ਘੁਟਣ ਕਾਰਨ ਮਰ ਗਏ ਹਨ। ਮੁੱਖ ਮੰਤਰੀ ਨੇ ਕਿਹਾ ਕਿ ਮੁੱਢਲੀ ਜਾਣਕਾਰੀ ਅਨੁਸਾਰ ਨਾਈਟ ਕਲੱਬ ਨੇ ਅੱਗ ਸੁਰੱਖਿਆ ਨਿਯਮਾਂ ਦੀ ਪਾਲਣਾ ਨਹੀਂ ਕੀਤੀ ਸੀ। ਸੂਬੇ ਦੀ ਰਾਜਧਾਨੀ ਪਣਜੀ ਤੋਂ ਲੱਗਭੱਗ 25 ਕਿਲੋਮੀਟਰ ਦੂਰ ਅਰਪੋਰਾ ਪਿੰਡ ਵਿੱਚ ਸਥਿਤ ਇਹ ਪ੍ਰਸਿੱਧ ਪਾਰਟੀ ਸਥਾਨ ਪਿਛਲੇ ਸਾਲ ਖੋਲ੍ਹਿਆ ਗਿਆ ਸੀ। ਸਾਵੰਤ ਨੇ ਕਿਹਾ, "ਅਸੀਂ ਕਲੱਬ ਪ੍ਰਬੰਧਨ ਅਤੇ ਉਨ੍ਹਾਂ ਅਧਿਕਾਰੀਆਂ ਖ਼ਿਲਾਫ਼ ਵੀ ਕਾਰਵਾਈ ਕਰਾਂਗੇ, ਜਿਨ੍ਹਾਂ ਨੇ ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਨ ਦੇ ਬਾਵਜੂਦ ਇਸ ਨੂੰ ਚੱਲਣ ਦੀ ਇਜਾਜ਼ਤ ਦਿੱਤੀ।ਸਾਵੰਤ ਨੇ ਕਿਹਾ, "ਤੱਟਵਰਤੀ ਰਾਜ ਵਿੱਚ ਸੈਲਾਨੀਆਂ ਦੇ ਿ ਸ ਖ ਰ ਲ

• ਬਾਕੀ ਸਫਾ 2 'ਤੇ

## ਲੱਗਦੀ ਕਿਸੇ ਨਾ ਦੇਖੀ, ਟੁੱਟਦੀ ਨੂੰ ਜੱਗ ਜਾਣਦਾ



**ਨਵੀਂ ਦਿੱਲੀ** : ਭਾਰਤੀ ਮਹਿਲਾ ਟੀਮ ਦੀ ਉਪ-ਕਪਤਾਨ ਸਮ੍ਰਿਤੀ ਮੰਧਾਨਾ ਨੇ ਐਤਵਾਰ ਨੂੰ ਆਪਣੀ ਨਿੱਜੀ ਜ਼ਿੰਦਗੀ ਨੂੰ ਲੈ ਕੇ ਚੱਲ ਰਹੀਆਂ ਹਫ਼ਤਿਆਂ ਦੀਆਂ ਅਟਕਲਾਂ ਨੂੰ ਖਤਮ ਕਰਦਿਆਂ ਪੁਸ਼ਟੀ ਕੀਤੀ ਕਿ ਸੰਗੀਤਕਾਰ ਪਲਾਸ਼ ਮੁੱਛਲ ਨਾਲ ਉਸ ਦਾ ਵਿਆਹ ਰੱਦ ਹੋ ਗਿਆ ਹੈ। ਸਟਾਰ ਬੱਲੇਬਾਜ਼ ਨੇ ਪ੍ਰਸ਼ੰਸਕਾਂ ਅਤੇ ਮੀਡੀਆ ਨੂੰ ਦੋਵਾਂ ਪਰਵਾਰਾਂ ਦੀ ਨਿੱਜਤਾ ਦਾ ਸਤਿਕਾਰ ਕਰਨ ਦੀ ਅਪੀਲ ਕੀਤੀ ਹੈ। ਭਾਰਤ ਦੀਆਂ ਸਭ ਤੋਂ ਪ੍ਰਮੁੱਖ ਮਹਿਲਾ ਕ੍ਰਿਕਟਰਾਂ ਵਿੱਚੋਂ ਇੱਕ ਮੰਧਾਨਾ ਨੇ ਆਪਣੀ ਨਿੱਜੀ ਜ਼ਿੰਦਗੀ ਬਾਰੇ ਪਿਛਲੇ ਮਹੀਨੇ ਤੇਜ਼ ਹੋਈਆਂ ਅਫਵਾਹਾਂ ਤੋਂ ਬਾਅਦ ਸੋਸ਼ਲ ਮੀਡੀਆ 'ਤੇ ਆਪਣਾ ਪਹਿਲਾ ਜਨਤਕ ਬਿਆਨ ਜਾਰੀ ਕੀਤਾ।

ਉਸ ਨੇ ਲਿਖਿਆ, 'ਮੈਨੂੰ ਇਹ ਸਪੱਸ਼ਟ ਕਰਨ ਦੀ ਲੋੜ ਹੈ ਕਿ ਵਿਆਹ ਰੱਦ ਹੋ ਗਿਆ ਹੈ। ਮੈਂ ਇਸ ਮਾਮਲੇ ਨੂੰ ਇੱਥੇ ਹੀ ਖਤਮ ਕਰਨਾ ਚਾਹੁੰਦੀ ਹਾਂ ਅਤੇ ਤੁਹਾਡੇ ਸਾਰਿਆਂ ਨੂੰ ਵੀ ਅਜਿਹਾ ਹੀ ਕਰਨ ਦੀ ਬੇਨਤੀ ਕਰਦੀ ਹਾਂ।' ਉਸ ਦਾ ਵਿਆਹ 23 ਨਵੰਬਰ ਨੂੰ ਮੁੱਛਲ ਨਾਲ ਹੋਣਾ ਸੀ, ਪਰ ਮੰਧਾਨਾ ਦੇ ਪਿਤਾ ਸ਼੍ਰੀਨਿਵਾਸ ਨੂੰ ਦਿਲ ਦੀ ਬਿਮਾਰੀ ਕਾਰਨ ਹਸਪਤਾਲ ਦਾਖਲ ਕਰਾਉਣ ਤੋਂ ਬਾਅਦ ਵਿਆਹ ਮੁਲਤਵੀ ਕਰ ਦਿੱਤਾ ਗਿਆ ਸੀ। ਮੰਧਾਨਾ, ਜੋ ਭਾਰਤ ਦੇ ਆਉਣ ਵਾਲੇ ਅੰਤਰਰਾਸ਼ਟਰੀ ਸੀਜ਼ਨ ਦੀ ਤਿਆਰੀ ਕਰ ਰਹੀ ਹੈ, ਨੇ ਕਿਹਾ ਕਿ ਉਸ ਦਾ ਧਿਆਨ ਕ੍ਰਿਕਟ 'ਤੇ ਪੱਕਾ ਹੈ। ਉਸ ਨੇ ਕਿਹਾ, "ਮੇਰਾ ਮੰਨਣਾ ਹੈ ਕਿ ਇੱਕ ਉੱਚਾ ਉਦੇਸ਼ ਸਾਡੇ ਸਾਰਿਆਂ ਨੂੰ ਅੱਗੇ ਵਧਾ ਰਿਹਾ ਹੈ ਅਤੇ ਮੇਰੇ ਲਈ ਉਹ ਹਮੇਸ਼ਾ ਆਪਣੇ ਦੇਸ਼ ਦੀ ਉੱਚ ਪੱਧਰ 'ਤੇ ਪ੍ਰਤੀਨਿਧਤਾ ਕਰਦਾ ਰਿਹਾ ਹੈ। ਮੈਂ ਆਸ ਕਰਦੀ ਹਾਂ ਕਿ ਜਿੰਨਾ ਸੰਭਵ ਹੋ ਸਕੇ, ਭਾਰਤ ਲਈ ਖੇਡਣਾ ਅਤੇ ਟਰਾਫੀਆਂ ਜਿੱਤਣਾ ਜਾਰੀ ਰੱਖਾਂਗੀ।

ਮੁੱਛਲ ਨੇ ਵੀ ਮੰਧਾਨਾ ਨਾਲ ਆਪਣਾ ਵਿਆਹ ਰੱਦ ਹੋਣ ਤੋਂ ਬਾਅਦ ਆਪਣੀ ਚੁੱਪੀ ਤੋੜੀ ਹੈ। ਉਸ ਨੇ ਇੰਸਟਾਗ੍ਰਾਮ ਸਟੋਰੀ 'ਤੇ ਮੰਧਾਨਾ ਤੋਂ ਵੱਖ ਹੋਣ ਦੀ ਪੁਸ਼ਟੀ ਕਰਦੇ ਹੋਏ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਅਗਲੀ ਚੋਣ ਦਾ ਚੱਕਰ ਹੈ ਤੇਜ਼ ਹੋਇਆ,
ਪਿਆਦੇ ਲੱਗੇ ਨੇ ਹੱਥ ਅਜ਼ਮਾਉਣ ਬੇਲੀ।
ਜਿਹੜੇ ਆਗੂ ਦਾ ਕਦੇ ਨਾ ਨਾਂਅ ਸੁਣਿਆ,
ਲੱਗਾ ਈ ਹੋਰਨਾਂ ਤੋਂ ਅੱਗੇ ਆਉਣ ਬੇਲੀ।
ਚੁਸਤੀ ਕਿੱਦਾਂ ਦੀ ਕਦੋਂ ਤੇ ਕਿੰਜ ਕਰਨੀ,
ਲੱਗਾ ਉਹਦਾ ਵੀ ਦਾਅ ਭਿੜਾਉਣ ਬੇਲੀ।
ਜਿਹੜੇ ਮੁੱਦੇ ਸਨ ਕਦੀ ਨਾ ਸੁਣੇ ਪਹਿਲਾਂ,
ਚੁੱਕ ਕੇ ਲੱਗਾ ਚੁਆਤੀਆਂ ਲਾਉਣ ਬੇਲੀ।
ਪਹਿਲਾਂ ਥੋੜ੍ਹੀ ਜਿਹੀ ਕਿਸੇ ਥਾਂ ਛੇੜ ਹੁੰਦੀ,
ਉਸ ਤੋਂ ਵੱਡੀ ਫਿਰ ਅੱਗਿਉਂ ਹੋਏ ਬੇਲੀ।
ਕੰਡੇ ਵਿਛਾਉਣ ਦੀ ਜਿੱਦਾਂ ਹੈ ਖੇਡ ਚੱਲੀ,
ਸ਼ਰਾਰਤੀ ਇਸੇ ਲਈ ਪੁੱਟਦੇ ਟੋਏ ਬੇਲੀ।

-ਤੀਸ ਮਾਰ ਖਾਂ

## ਟਰੇਡ ਯੂਨੀਅਨਾਂ ਮਜ਼ਦੂਰ ਵਿਰੋਧੀ ਲੇਬਰ ਕੋਡ ਲਾਗੂ ਨਹੀਂ ਹੋਣ ਦੇਣਗੀਆਂ

**ਲੁਧਿਆਣਾ. (ਐੱਮ.ਐੱਸ. ਭਾਟੀਆ)**

ਯੂਨਾਈਟਿਡ ਫਰੰਟ ਆਫ ਟਰੇਡ ਯੂਨੀਅਨਜ਼ ਲੁਧਿਆਣਾ ਵੱਲੋਂ ਐਤਵਾਰ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਲੇਬਰ ਕੋਡਾਂ ਦੇ ਕਾਮਿਆਂ ਦੇ 'ਤੇ ਮਾੜੇ ਪ੍ਰਭਾਵਾਂ ਬਾਰੇ ਵਰਕਰਾਂ ਦੀ ਕਨਵੈਨਸ਼ਨ ਕੀਤੀ ਗਈ, ਜਿਸ ਵਿੱਚ ਏਟਕ, ਸੀਟੂ, ਸੀ ਟੀ ਯੂ ਪੰਜਾਬ ਅਤੇ ਇੰਟਕ ਦੇ ਆਗੂਆਂ ਅਤੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।

ਵਰਕਰਾਂ ਨੂੰ ਸੰਬੋਧਨ ਕਰਦੇ ਹੋਏ ਯੂਨੀਅਨ ਆਗੂਆਂ ਨੇ ਕਿਹਾ ਕਿ 21 ਨਵੰਬਰ 2025 ਨੂੰ ਜਾਰੀ ਨੋਟੀਫਿਕੇਸ਼ਨ ਲੋਕਤਾਂਤਰਿਕ ਪ੍ਰਕਿਰਿਆ ਨੂੰ ਨਜ਼ਰਅੰਦਾਜ਼ ਕਰਦੇ ਹੋਏ ਮਿਹਨਤਕਸ਼ ਲੋਕਾਂ ਵੱਲੋਂ ਪਿਛਲੇ 150 ਸਾਲ ਵਿੱਚ ਸੰਘਰਸ਼ਾਂ ਰਾਹੀਂ ਪ੍ਰਾਪਤ ਕੀਤੇ ਲੇਬਰ ਕਾਨੂੰਨ ਨੂੰ ਖਤਮ ਕਰਕੇ ਸਰਕਾਰ ਨੇ ਮਜ਼ਦੂਰਾਂ ਦੀ ਜ਼ਿੰਦਗੀ, ਹੱਕਾਂ ਅਤੇ ਰੋਜ਼ਗਾਰ ਸੁਰੱਖਿਆ 'ਤੇ ਗੰਭੀਰ ਹਮਲਾ ਕੀਤਾ ਹੈ। ਟਰੇਡ ਯੂਨੀਅਨਾਂ ਪਿਛਲੇ 10 ਸਾਲ ਤੋਂ ਇੰਡੀਅਨ ਲੇਬਰ ਕਾਨਫਰੰਸ ਬੁਲਾਉਣ ਦੀ ਮੰਗ ਕਰ ਰਹੀਆਂ ਹਨ, ਪਰ ਸਰਕਾਰ ਇਸ ਪਾਸੇ ਧਿਆਨ ਨਹੀਂ ਦੇ ਰਹੀ। ਮੋਦੀ ਸਰਕਾਰ ਆਪਣੇ ਪ੍ਰਚਾਰ ਤੰਤਰ ਰਾਹੀਂ ਅਤੇ ਆਪਣੀ ਹੱਥਠੋਕਾ ਟਰੇਡ ਯੂਨੀਅਨ ਬੀ ਐੱਮ ਐੱਸ ਰਾਹੀਂ ਇਹਨਾਂ ਲੇਬਰ ਕੋਡਾਂ ਦੇ ਫਾਇਦੇ ਗਿਣਾ ਕੇ ਦੇਸ਼ ਦੀ ਜਨਤਾ ਨੂੰ ਭਰਮਾਅ ਰਹੀ ਹੈ।

29 ਲੇਬਰ ਕਾਨੂੰਨਾਂ ਨੂੰ ਖਤਮ ਕਰਕੇ ਜੋ ਚਾਰ ਕੋਡ ਜਾਰੀ ਕੀਤੇ ਗਏ ਹਨ, ਉਹਨਾਂ ਦੇ ਮੋਟੇ ਤੌਰ 'ਤੇ ਜੋ ਬੁਰੇ ਪ੍ਰਭਾਵ ਪੈਣ ਵਾਲੇ ਹਨ, ਉਹ ਹਨ: ਨੈਸ਼ਨਲ ਫਲੋਰ ਲੈਵਲ ਵੇਜ ਦਾ 4628 ਰੁਪਏ ਮਹੀਨਾ ਜਾਂ 178 ਰੁਪਏ ਦਿਹਾੜੀ ਕਰਨਾ, ਕੰਮ ਦੇ ਘੰਟੇ 8 ਤੋਂ ਵਧਾ ਕੇ 12 ਕਰਨੇ, ਕਿਸੇ ਵੀ ਇੰਡਸਟਰੀ ਜਾਂ ਅਦਾਰੇ ਨੂੰ ਜਿਸ ਵਿੱਚ 300 ਤੱਕ ਮਜ਼ਦੂਰ ਕੰਮ ਕਰਦੇ ਹੋਣ, ਨੂੰ ਬਿਨਾਂ ਸਰਕਾਰ ਦੀ ਮਨਜ਼ੂਰੀ ਤੋਂ ਬੰਦ ਕਰਕੇ ਮਜ਼ਦੂਰਾਂ ਨੂੰ ਵਿਹਲੇ ਕਰ ਦੇਣਾ, ਪਹਿਲਾਂ ਜਿੱਥੇ 100 ਮਜ਼ਦੂਰ ਕੰਮ ਕਰਦੇ ਸਨ, ਉਸ ਅਦਾਰੇ ਨੂੰ ਬੰਦ ਕਰਨ ਲਈ ਸਰਕਾਰ ਤੋਂ ਮਨਜ਼ੂਰੀ ਲੈਣੀ ਜ਼ਰੂਰੀ ਸੀ।90 ਫੀਸਦੀ ਤੋਂ ਵੱਧ ਇੰਡਸਟਰੀ ਦੇ ਮਾਲਕਾਂ ਨੂੰ ਮਜ਼ਦੂਰਾਂ ਨੂੰ ਜਦੋਂ ਮਰਜ਼ੀ ਕੱਢਣ ਦਾ ਅਧਿਕਾਰ ਦੇ ਦਿੱਤਾ ਗਿਆ ਹੈ, ਯੂਨੀਅਨ ਦੀ ਰਜਿਸਟ੍ਰੇਸ਼ਨ ਕਰਾਉਣੀ ਬੇਹੱਦ ਮੁਸ਼ਕਲ ਕਰ ਦਿੱਤੀ ਗਈ ਹੈ।ਜਿੱਥੇ ਪਹਿਲਾਂ ਸਿਰਫ 7 ਮਜ਼ਦੂਰ ਰਜਿਸਟ੍ਰੇਸ਼ਨ ਕਰਾ ਸਕਦੇ ਸਨ, ਹੁਣ ਇਹ ਗਿਣਤੀ ਵਧਾ ਕੇ ਮਜ਼ਦੂਰਾਂ ਦੀ ਕੁੱਲ ਸੰਖਿਆ ਦਾ 10 ਫੀਸਦੀ ਕਰ ਦਿੱਤਾ ਗਿਆ ਹੈ। ਔਰਤਾਂ ਦੇ ਮੈਟਰਨਿਟੀ ਬੈਨੀਫਿਟਸ ਵਿੱਚ ਤਨਖਾਹ ਸਮੇਤ ਛੁੱਟੀ ਆਦਿ ਸਮੇਤ ਕਾਫੀ ਕਟੌਤੀਆਂ ਕਰ ਦਿੱਤੀਆਂ ਗਈਆਂ ਹਨ। ਹੜਤਾਲ ਕਰਨ ਲਈ ਹੁਣ 60 ਦਿਨਾਂ ਦਾ ਨੋਟਿਸ ਦੇਣਾ ਪਵੇਗਾ ਅਤੇ ਹੜਤਾਲ ਕਰਨ ਦੀ ਸੂਰਤ ਵਿੱਚ 51 ਫੀਸਦੀ ਵਰਕਰਾਂ ਦੇ ਦਸਤਖ਼ਤ ਕਰਵਾ ਕੇ ਸਹਿਮਤੀ ਲੈਣੀ ਪਵੇਗੀ। ਜੇਕਰ ਹੜਤਾਲ 49 ਫੀਸਦੀ ਰਹਿ ਜਾਂਦੀ ਹੈ ਤਾਂ ਉਹ ਗੈਰਕਾਨੂੰਨੀ ਘੋਸ਼ਿਤ ਕਰ ਦਿੱਤੀ ਜਾਵੇਗੀ ਅਤੇ ਅਜਿਹੀ ਹੜਤਾਲ ਕਰਨ ਅਤੇ ਕਰਵਾਉਣ ਵਾਲੇ ਆਗੂਆਂ ਵਿਰੁੱਧ ਕੇਸ ਦਰਜ ਹੋਣਗੇ ਅਤੇ ਕੈਦ ਕਰਨ ਦੀ ਵਿਵਸਥਾ ਕੀਤੀ ਗਈ ਹੈ।ਬੁਲਾਰਿਆਂ ਨੇ ਕਿਹਾ ਕਿ ਇਹਨਾਂ ਕੋਡਾਂ ਦੇ ਵਿਰੁੱਧ ਲਗਾਤਾਰ ਸੰਘਰਸ਼ ਜਾਰੀ ਰੱਖਿਆ ਜਾਏਗਾ ਤੇ ਇਸ ਨੂੰ ਹੋਰ ਤਿੱਖਾ ਕੀਤਾ ਜਾਏਗਾ। ਸਰਕਾਰ ਦੇ ਕਾਰਪੋਰੇਟ ਪੱਖੀ ਅਤੇ ਲੋਕ ਵਿਰੋਧੀ ਕਾਮਿਆਂ ਦੇ ਵਿਰੋਧੀ ਰਵੱਈਏ ਦੇ ਵਿਰੁੱਧ ਦੇਸ਼ ਦੀ ਮਜ਼ਦੂਰ ਜਮਾਤ ਦੇ ਨਾਲ ਲੁਧਿਆਣਾ ਦੀਆਂ ਟ੍ਰੇਡ ਯੂਨੀਅਨਾਂ ਵੀ ਲਗਾਤਾਰ ਸੰਘਰਸ਼ ਵਿੱਚ ਵਧ-ਚੜ੍ਹ ਕੇ ਸ਼ਾਮਲ ਹੋਣਗੀਆਂ।




• ਬਾਕੀ ਸਫਾ 2 'ਤੇ

CMYK

## ਡਕੌਂਦਾ ਵੱਲੋਂ ਬਿਜਲੀ ਸੋਧ ਬਿੱਲ ਤੇ ਬੀਜ ਬਿੱਲ ਖਿਲਾਫ ਪ੍ਰਦਰਸ਼ਨ ਲਈ ਤਿਆਰੀਆਂ ਮੁਕੰਮਲ



**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)** ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 8 ਦਸੰਬਰ ਨੂੰ ਪਾਵਰਕਾਮ ਦੇ ਸਾਰੇ ਦਫ਼ਤਰਾਂ ਅੱਗੇ ਬਿਜਲੀ ਸੋਧ ਬਿੱਲ 2025 ਤੇ ਬੀਜ ਬਿੱਲ 2025 ਦੇ ਖਿਲਾਫ ਕੀਤੇ ਜਾਣ ਵਾਲੇ ਪ੍ਰਦਰਸ਼ਨਾਂ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਦੱਸਿਆ ਕਿ 2 ਦਸੰਬਰ ਨੂੰ ਸੂਬਾ ਕਮੇਟੀ ਦੀ ਮੀਟਿੰਗ ਤੋਂ ਬਾਅਦ ਸਾਰੇ ਜ਼ਿਲ੍ਹਿਆਂ ਦੀਆਂ ਮੀਟਿੰਗਾਂ ਕਰ ਕੇ ਕੇਂਦਰ ਸਰਕਾਰ ਦੇ ਇਨ੍ਹਾਂ ਹਮਲਿਆਂ ਦੇ ਖਿਲਾਫ ਪ੍ਰਚਾਰ ਮੁਹਿੰਮ ਵਿੱਢੀ ਹੋਈ ਹੈ। 8 ਦਸੰਬਰ ਨੂੰ ਭਾਰੀ ਗਿਣਤੀ 'ਚ ਕਿਸਾਨ ਮਜ਼ਦੂਰ ਤੇ ਔਰਤਾਂ ਇਹਨਾਂ ਬਿੱਲਾਂ ਦੇ ਖਿਲਾਫ ਪ੍ਰਦਰਸ਼ਨ 'ਚ ਭਾਗ ਲੈਣਗੇ। ਸੂਬਾ ਕਮੇਟੀ ਨੇ ਕਿਹਾ ਕਿ ਇਨ੍ਹਾਂ ਬਿੱਲਾਂ ਦੇ ਪਾਸ ਹੋ ਕੇ ਕਾਨੂੰਨ ਬਣ ਜਾਣ ਨਾਲ ਗਰੀਬਾਂ ਤੇ ਕਿਸਾਨਾਂ ਨੂੰ ਮੁਫਤ ਜਾਂ ਸਸਤੀ ਬਿਜਲੀ ਦੇਣੀ ਬੰਦ ਕਰ ਦਿੱਤੀ ਜਾਵੇਗੀ ਤੇ ਪ੍ਰੀਪੇਡ ਮੀਟਰ ਚਾਲੂ ਕਰ ਦਿੱਤੇ ਜਾਣਗੇ। ਇਸੇ ਤਰ੍ਹਾਂ ਕਿਸਾਨਾਂ ਨੂੰ ਕਾਰਪੋਰੇਟ ਕੰਪਨੀਆਂ ਦੇ ਬੀਜ ਦਾ ਮੁਥਾਜ ਕਰਕੇ ਅੰਨ੍ਹੀ ਲੁੱਟ ਦਾ ਰਾਹ ਖੋਲ੍ਹ ਦਿੱਤਾ ਜਾਵੇਗਾ। ਬੀਜ ਬਿੱਲ ਦਾ ਮਕਸਦ, ਕਿਸਾਨਾਂ ਨੂੰ ਬਰਬਾਦ ਕਰਕੇ ਜ਼ਮੀਨ 'ਤੇ ਕਬਜ਼ਾ ਕਰਨਾ ਤੇ ਕਾਰਪੋਰੇਟਾਂ ਲਈ ਸਸਤੀ ਮਜ਼ਦੂਰੀ ਦਾ ਪ੍ਰਬੰਧ ਕਰਨਾ ਹੈ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਤੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਕਿਹਾ ਹੈ ਕਿ ਪੰਜਾਬ ਵਿੱਚ ਬਲਾਕ ਸੰਮਤੀਆਂ ਅਤੇ ਜ਼ਿਲ੍ਹਾ ਪ੍ਰੀਸ਼ਦਾਂ ਦੀਆਂ ਚੋਣਾਂ ਹੋ ਰਹੀਆਂ ਹਨ। ਹਾਕਮ ਜਮਾਤ ਦੀਆਂ ਪਾਰਟੀਆਂ ਇੱਕ ਵਾਰ ਫੇਰ ਆਪੋ ਆਪਣੀ ਪਾਰਟੀ ਦੀ ਜੜ੍ਹ ਮਜ਼ਬੂਤ ਕਰਨ ਲਈ, ਲੋਕਾਂ ਨੂੰ ਆਪਸ 'ਚ ਲੜਾਉਣ ਦੀ ਕੋਸ਼ਿਸ਼ ਕਰਨਗੀਆਂ। ਚੋਣਾਂ ਲਈ ਨਾਮਜ਼ਦਗੀ ਫਾਰਮ ਭਰਨ ਵਾਲੇ ਦਿਨ ਹੋਇਆ ਜ਼ੁਲਮ ਤੁਹਾਡੇ ਸਾਰਿਆਂ ਦੇ ਸਾਹਮਣੇ ਹੈ। ਇਹ ਚੋਣਾਂ ਲੋਕਾਂ ਦੀ ਆਪਸੀ ਏਕਤਾ ਨੂੰ ਤੋੜਦੀਆਂ ਹਨ ਤੇ ਸਾਂਝੇ ਘੋਲਾਂ ਨੂੰ ਹਰਜਾ ਪੁਚਾਉਂਦੀਆਂ ਹਨ। ਇਸ ਲਈ ਸੂਬਾ ਕਮੇਟੀ ਨੇ ਆਪਣੇ ਹਰ ਪੱਧਰ ਦੇ ਆਗੂਆਂ ਤੇ ਆਮ ਲੋਕਾਂ ਨੂੰ ਸੱਦਾ ਦਿੱਤਾ ਹੈ ਕਿ ਚੋਣਾਂ ਦੇ ਰੌਲੇ ਰੱਪੇ ਤੋਂ ਨਿਰਲੇਪ ਰਹਿ ਕੇ ਬਿਜਲੀ ਸੋਧ ਬਿੱਲ 2025, ਬੀਜ ਬਿੱਲ 2025, ਮੁਕਤ ਵਪਾਰ ਸਮਝੌਤੇ ਤੇ ਚਾਰ ਲੇਬਰ ਕੋਡਜ਼ ਦੇ ਖਿਲਾਫ ਸੰਘਰਸ਼ ਨੂੰ ਮਜ਼ਬੂਤ ਕਰਨ। ਸੂਬਾ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ, ਸੂਬਾ ਜਥੇਬੰਦਕ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ ਅਤੇ ਸੂਬਾ ਪ੍ਰੈਸ ਸਕੱਤਰ ਅੰਗਰੇਜ਼ ਸਿੰਘ ਭਦੌੜ ਨੇ ਕਿਹਾ ਕਿ ਬਲਾਕ ਸੰਮਤੀਆਂ ਤੇ ਜ਼ਿਲ੍ਹਾ ਪ੍ਰੀਸ਼ਦਾਂ ਨੇ ਕਦੇ ਵੀ ਲੋਕਾਂ ਵਾਸਤੇ ਕੋਈ ਗਿਣਨ ਯੋਗ ਕੰਮ ਨਹੀਂ ਕੀਤਾ।

## ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਨੇ ਜਿੱਤਿਆ ਫੈਪ-2025 ਨੈਸ਼ਨਲ ਐਵਾਰਡ



**ਹਠੂਰ (ਨਛੱਤਰ ਸੰਧੂ)** ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਤੇ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਨੈਸ਼ਨਲ ਐਵਾਰਡ 2025 ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ ਵਿਖੇ ਆਯੋਜਿਤ ਕੀਤਾ ਗਿਆ।ਸਮਾਰੋਹ ਵਿੱਚ ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਮੋਗਾ ਨੂੰ ਬੈਸਟ ਸਕੂਲ-2025 ਨਾਲ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਸੈਸ਼ਨ 2024-25 ਦੇ ਬੋਰਡ ਨਤੀਜਿਆਂ ਵਿੱਚ ਕਲਾਸ ਬਾਰ੍ਹਵੀਂ ਦੇ ਵਿਦਿਆਰਥੀਆਂ ਵੰਸ਼ਿਕਾ ਜੈਨ ਤੇ ਕਮਲਵੀਰ ਕੌਰ ਧਾਲੀਵਾਲ ਦੁਆਰਾ 97.8% ਅੰਕ ਪ੍ਰਾਪਤ ਕੀਤੇ ਜਾਣ ਕਰਕੇ ਬੈਸਟ ਅਕਾਦਮਿਕ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਸਕੂਲ ਪ੍ਰਧਾਨ ਕਰਨ ਸ਼ਰਮਾ, ਸਕੂਲ ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਕੁੰਦਨ ਜੋਸ਼, ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਕਿਹਾ ਕਿ ਸਕੂਲ ਦੁਆਰਾ ਹਰ ਸਾਲ ਹੀ ਫੈਡਰੇਸ਼ਨ ਦੁਆਰਾ ਕਰਾਏ ਜਾਂਦੇ ਐਵਾਰਡ ਸਮਾਰੋਹ ਵਿੱਚ ਆਪਣਾ ਨਿਵੇਕਲਾ ਸਥਾਨ ਬਣਾਇਆ ਜਾ ਰਿਹਾ ਹੈ ਤੇ ਭਵਿੱਖ ਵਿੱਚ ਵੀ ਅਸੀਂ ਇਸ ਗੀਤ ਨੂੰ ਜਾਰੀ ਰੱਖਾਂਗੇ।

## ਕਿਸਾਨ-ਮਜ਼ਦੂਰ ਮੋਰਚੇ ਦੇ ਆਗੂਆਂ ਨੂੰ ਗ੍ਰਿਫਤਾਰ ਕਰਨ ਦੀ ਨਿਖੇਧੀ

**ਲੌਂਗੋਵਾਲ (ਪ੍ਰਦੀਪ ਸੱਪਲ)** ਜਮਹੂਰੀ ਅਧਿਕਾਰ ਸਭਾ ਸੰਗਰੂਰ ਵੱਲੋਂ ਕਿਸਾਨ ਮਜ਼ਦੂਰ ਏਕਤਾ ਭਾਰਤ ਦੇ ਆਗੂਆਂ ਤੇ ਕਾਰਕੁੰਨਾਂ ਨੂੰ ਬੇਵਜ੍ਹਾ ਪ੍ਰੇਸ਼ਾਨ ਕਰਨ ਤੇ ਘਰਾਂ ਵਿੱਚ ਛਾਪੇ ਮਾਰ ਕੇ ਹਿਰਾਸਤ'ਚ ਲੈਣ ਤੇ ਬਾਅਦ ਵਿੱਚ ਬਿਜਲੀ ਸੋਧ ਬਿੱਲ-2025 ਨੂੰ ਰੱਦ ਕਰਾਉਣ ਲਈ ਸੰਘਰਸ਼ ਕਰਨ ਸਮੇਂ ਉਨ੍ਹਾਂ ਨੂੰ ਗ੍ਰਿਫਤਾਰ ਕਰਨ ਦੀ ਸਖ਼ਤ ਨਿਖੇਧੀ ਕੀਤੀ ਗਈ।ਇੱਕ ਪਾਸੇ ਪੰਜਾਬ ਸਰਕਾਰ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਮਨਾ ਕੇ ਜਮਹੂਰੀਅਤ ਦਾ ਪ੍ਰਚਾਰ ਕਰ ਰਹੀ ਹੈ, ਪਰ ਦੂਜੇ ਪਾਸੇ ਆਪਣੇ ਹੱਕਾਂ ਲਈ ਜਮਹੂਰੀ ਤਰੀਕੇ ਨਾਲ ਸੰਘਰਸ਼ ਕਰਦੇ ਮਜ਼ਦੂਰ ਕਿਸਾਨਾਂ ਮੁਲਾਜ਼ਮਾਂ ਤੇ ਵਿਦਿਆਰਥੀਆਂ ਤੇ ਲਗਾਤਾਰ ਪੁਲਸ ਰਾਹੀਂ ਆਪਣਾ ਡੰਡਾ ਵਰਤ ਰਹੀ ਹੈ।ਲਗਾਤਾਰ ਪ੍ਰਦਰਸ਼ਨਾਂ 'ਚ ਵੱਡੇ-ਵੱਡੇ ਅਫ਼ਸਰਾਂ ਬਾਬਤ ਆਪਣਾ ਮੂੰਹ ਬੰਦ ਕਰਨ 'ਚ ਸਰਕਾਰ ਸਭ ਸਰਕਾਰਾਂ ਨੂੰ ਪਿੱਛੇ ਛੱਡ ਗਈ ਹੈ। ਇਕਾਈ ਜ਼ਿਲ੍ਹਾ ਪ੍ਰਧਾਨ ਜਗਜੀਤ ਭੁਟਾਲ, ਮੀਤ ਪ੍ਰਧਾਨ ਵਿਸ਼ੇਸ਼ਰ ਰਾਮ, ਵਿੱਤ ਸਕੱਤਰ ਮਨਧੀਰ ਸਿੰਘ, ਜਨਰਲ ਸਕੱਤਰ ਕੁਲਦੀਪ ਸਿੰਘ, ਜੁਆਇੰਟ ਸਕੱਤਰ ਕੁਲਵਿੰਦਰ ਬੰਟੀ, ਅਵਤਾਰ ਛਾਜਲੀ ਆਦਿ ਆਗੂਆਂ ਨੇ ਸਖਤ ਨਿਖੇਧੀ ਕਰਦਿਆਂ ਆਗੂਆਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ ਹੈ।

## ਬੀ ਐੱਲ ਓ ਯੂਨੀਅਨ ਦਾ ਵਫ਼ਦ ਐੱਸ ਡੀ ਐੱਮ ਨੂੰ ਮਿਲਿਆ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਬੀ ਐੱਲ ਓ ਯੂਨੀਅਨ ਬਲਾਕ ਨਿਹਾਲ ਸਿੰਘ ਵਾਲਾ ਦੀ ਪ੍ਰਧਾਨਗੀ ਹੇਠ ਐੱਸ ਡੀ ਐੱਮ ਨੂੰ ਵਫ਼ਦ ਮਿਲਿਆ ਤੇ ਉਨ੍ਹਾਂ ਨੂੰ ਬੀ.ਐਲ.ਓ ਦੀਆਂ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਵਿੱਚ ਲੱਗੀਆਂ ਡਿਊਟੀਆਂ ਤੋਂ ਛੋਟ ਦੇਣ ਲਈ ਮੰਗ ਪੱਤਰ ਦਿੱਤਾ ਗਿਆ। ਬੀ ਐਲ ਓ ਪਹਿਲਾਂ ਹੀ ਭਾਰੀ ਕੰਮ ਦੇ ਬੋਝ ਥੱਲੇ ਹਨ।ਉਨ੍ਹਾਂ ਆਪਣੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ ਗਿਆ ਤੇ ਮੰਗ ਕੀਤੀ ਗਈ ਕਿ ਸਮੂਹ ਬੀ ਐਲ ਓ ਨੂੰ ਚੋਣ ਡਿਊਟੀ ਤੋਂ ਛੋਟ ਦਿੱਤੀ ਜਾਵੇ। ਇਸ ਸਮੇਂ ਉਨ੍ਹਾਂ ਨਾਲ ਜਸਵਿੰਦਰ ਸਿੰਘ, ਦਰਸ਼ਨ ਸਿੰਘ, ਯਾਦਵਿੰਦਰ ਸਿੰਘ, ਅਮਨਦੀਪ ਸਿੰਘ, ਗੁਰਬਿੰਦਰ ਸਿੰਘ, ਅਰੁਨ ਕੁਮਾਰ, ਰਜਿੰਦਰ ਕੁਮਾਰ, ਵੀਰ ਸਿੰਘ, ਗੁਰਪ੍ਰੀਤ ਸਿੰਘ, ਅੰਗਰੇਜ਼ ਸਿੰਘ, ਰਾਜ ਸਿੰਘ, ਜਸਵੀਰ ਸਿੰਘ, ਸੁਖਵਿੰਦਰ ਸਿੰਘ ਤੋਂ ਇਲਾਵਾ ਹੋਰ ਵੱਡੀ ਗਿਣਤੀ 'ਚ ਹਾਜ਼ਰ ਸਨ।

## ਕਾਂਗਰਸੀ ਉਮੀਦਵਾਰਾਂ ਦੀ ਚੋਣਾਂ ਵਿੱਚ ਜਿੱਤ ਯਕੀਨੀ : ਕੇ ਕੇ ਤਿਵਾੜੀ

**ਕੋਟ ਈਸੇ ਖਾਂ (ਅਰੋੜਾ)**- ਜ਼ਿਲਾ ਪਰਿਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਦੀ ਜਿੱਤ ਯਕੀਨੀ ਹੈ ਕਿਉਂਕਿ ਲੋਕਾਂ ਦਾ ਹੁਣ ਸੱਤਾਧਾਰੀ ਪਾਰਟੀ ਤੋਂ ਵਿਸ਼ਵਾਸ਼ ਉੱਠ ਚੁੱਕਾ ਹੈ ਅਤੇ ਪੰਜਾਬ ਦੇ ਲੋਕ



ਹੁਣ ਕਾਂਗਰਸ ਪਾਰਟੀ ਦੇ ਨਾਲ ਜੁੜ ਰਹੇ ਹਨ ਜੋ ਕਿ ਕਾਂਗਰਸੀ ਉਮੀਦਵਾਰਾਂ ਦੀ ਜਿੱਤ ਲਈ ਪੂਰੀ ਮਿਹਨਤ ਕਰਨਗੇ ਅਤੇ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਗਤੀਵਿਧੀਆਂ ਨੂੰ ਲੋਕਾਂ ਤੱਕ ਪਹੁੰਚਾਉਣਗੇ ਅਤੇ ਉਮੀਦਵਾਰਾਂ ਦੀ ਜਿੱਤ ਲਈ ਲੋਕਾਂ ਤੱਕ ਰਾਬਤਾ ਕਾਇਮ ਕਰਨਗੇ। ਕਾਂਗਰਸ ਪਾਰਟੀ ਹੀ ਪੰਜਾਬ ਨੂੰ ਮੁੜ ਲੀਹਾਂ 'ਤੇ ਲਿਆ ਸਕਦੀ ਹੈ। ਇਹ ਪ੍ਰਗਟਾਵਾ ਹਲਕਾ ਧਰਮਕੋਟ ਤੋਂ ਡੇਲੀਗੇਟ ਤੇ ਕਾਂਗਰਸੀ ਸੀਨੀਅਰ ਆਗੂ ਕੇ ਕੇ ਤਿਵਾੜੀ ਨੇ ਪ੍ਰੈਸ ਨਾਲ ਸਾਂਝਾ ਕੀਤਾ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਾਂਗਰਸੀ ਉਮੀਦਵਾਰਾਂ ਨੂੰ ਹੀ ਆਪਣੀ ਕੀਮਤੀ ਵੋਟ ਪਾਉਣ।

## ਗੁਰੂ ਨਾਨਕ ਕਾਲਜ ਨੇ ਅੰਤਰ ਖੇਤਰੀ ਯੁਵਕ ਮੇਲੇ 'ਚ ਪ੍ਰਾਪਤ ਕੀਤਾ ਦੂਜਾ ਸਥਾਨ

**ਬੁਢਲਾਡਾ (ਅਸ਼ੋਕ ਲਾਕੜਾ)** ਗੁਰੂ ਨਾਨਕ ਕਾਲਜ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਕਰਾਏ ਗਏ ਅੰਤਰ-ਖੇਤਰੀ ਯੁਵਕ ਅਤੇ ਲੋਕ ਮੇਲੇ ਵਿਚ 274 ਕਾਲਜਾਂ ਦੇ ਮੁਕਾਬਲਿਆਂ ਵਿਚ



88 ਨੰਬਰ ਪ੍ਰਾਪਤ ਕੀਤੇ ਹਨ ਤੇ ਓਵਰਆਲ ਫਸਟ ਰਨਰਅੱਪ ਟਰਾਫੀ ਜਿੱਤ ਕੇ ਇਤਿਹਾਸ ਸਿਰਜਿਆ ਹੈ।ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਕਿਹਾ ਕਿ ਇਸ ਸੰਸਥਾ ਨੇ ਓਵਰਆਲ ਫਸਟ ਰੱਨਰ ਅੱਪ ਟਰਾਫੀ ਪ੍ਰਾਪਤ ਕੀਤੀ ਹੈ।ਉਨ੍ਹਾਂ ਕਿਹਾ ਕਿ ਕਲਾਵਾਂ ਵਿਦਿਆਰਥੀਆਂ ਅੰਦਰ ਸੁਹਿਰਦਤਾ ਤੇ ਸਮਰਪਣ ਦੀ ਭਾਵਨਾ ਪੈਦਾ ਕਰਦੀਆਂ ਹਨ। ਇਲਾਕੇ ਦੇ ਵਿਦਿਆਰਥੀ ਦੀ ਪ੍ਰਤਿਭਾ ਦਾ ਕਮਾਲ ਹੈ ਕਿ ਉਨ੍ਹਾਂ ਨੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ। ਵਿਦਿਆਰਥੀਆਂ ਨੇ 20 ਸੋਨ ਤਮਗੇ, 19 ਚਾਂਦੀ ਦੇ ਤਮਗੇ ਤੇ 07 ਟਰਾਫੀਆਂ ਜਿੱਤ ਕੇ ਸੰਸਥਾ ਦੀ ਝੋਲੀ ਪਾਈਆਂ ਹਨ।ਉਨ੍ਹਾਂ ਇਸ ਜਿੱਤ ਦੀ ਵਧਾਈ ਸਮੁੱਚੀ ਪ੍ਰਬੰਧਕੀ ਕਮੇਟੀ, ਯੁਵਕ ਭਲਾਈ ਵਿਭਾਗ ਦੇ ਕੋਆਰਡੀਨੇਟਰ, ਵੱਖ-ਵੱਖ ਕਲਾਵਾਂ ਦੇ ਕਨਵੀਨਰ, ਕਮੇਟੀ ਮੈਂਬਰ, ਸਮੂਹ ਸਟਾਫ, ਵਿਦਿਆਰਥੀਆਂ, ਉਨ੍ਹਾਂ ਦੇ ਮਾਤਾ-ਪਿਤਾ ਅਤੇ ਸਮੁੱਚੇ ਇਲਾਕੇ ਨੂੰ ਦਿੱਤੀ।ਵਾਈਸ ਪ੍ਰਿੰਸੀਪਲ ਡਾ. ਰੇਖਾ ਕਾਲੜਾ ਨੇ ਦੱਸਿਆ ਕਿ ਇਸ ਵਰ੍ਹੇ ਸੰਸਥਾ ਨੇ ਲੋਕ ਕਲਾਵਾਂ ਤੇ ਕੋਮਲ ਕਲਾਵਾਂ ਵਿਚ ਓਵਰਆਲ ਟਰਾਫੀ ਜਿੱਤੀ ਹੈ ਤੇ ਰੰਗਮੰਚੀ ਅਤੇ ਸਾਹਿਤਕ ਕਲਾਵਾਂ ਵਿਚ ਓਵਰਆਲ ਫਸਟ ਰਨਰ ਅੱਪ ਰਿਹਾ ਹੈ।ਉਨ੍ਹਾਂ ਕਿਹਾ ਕਿ ਸੰਸਥਾ ਦੇ ਇਤਿਹਾਸ ਵਿਚ ਭੰਗੜੇ ਦੀ ਟੀਮ ਨੇ ਅੰਤਰ-ਖੇਤਰੀ ਯੁਵਕ ਮੇਲੇ ਵਿਚ ਪਹਿਲਾ ਸਥਾਨ ਹਾਸਲ ਕਰਕੇ ਇਤਿਹਾਸ ਸਿਰਜਿਆ ਹੈ। ਪੰਜਾਬ ਰਾਜ ਅੰਤਰ-ਵਰਸਿਟੀ ਯੁਵਕ ਮੇਲਾ ਜੋ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਸਾਹਿਬ ਵਿਖੇ ਹੋਇਆ ਵਿਚ ਕਾਲਜ ਨੇ ਭੰਗੜਾ, ਭੰਡ, ਕਢਾਈ, ਛਿੱਕੂ ਬਣਾਉਣਾ, ਰੱਸਾ ਵੱਟਣਾ, ਇਨੂੰ ਬਣਾਉਣ, ਕੋਮਲ ਕਲਾਵਾਂ ਰੰਗੋਲੀ ਤੇ ਕਾਰਟੂਨਿੰਗ ਵਿਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਪ੍ਰਤਿਨਿਧਤਾ ਕੀਤੀ ਹੈ।ਇਨ੍ਹਾਂ ਮੁਕਾਬਲਿਆਂ ਵਿਚ ਸ਼ਾਨਦਾਰ ਪੇਸ਼ਕਾਰੀ ਦਿੰਦਿਆਂ ਰੰਗੋਲੀ ਤੇ ਭੰਡ ਵਿਚ ਦੂਜਾ ਸਥਾਨ, ਛਿੱਕੂ ਬਣਾਉਣਾ, ਰੱਸਾ ਵੱਟਣਾ, ਅਤੇ ਇਨੂੰ ਬਣਾਉਣ ਵਿਚ ਤੀਜਾ ਸਥਾਨ ਹਾਸਲ ਕੀਤਾ।ਇਹ ਇਲਾਕੇ ਲਈ ਮਾਣ ਵਾਲੀ ਗੱਲ ਹੈ।ਯੁਵਕ ਭਲਾਈ ਵਿਭਾਗ ਦੇ ਕੋਆਰਡੀਨੇਟਰ ਗੁਰਦੀਪ ਸਿੰਘ ਨੇ ਦੱਸਿਆ ਕਿ ਇਹ ਇਲਾਕਾ ਪ੍ਰਤਿਭਾ ਵਾਲਾ ਹੈ।

## 'ਆਪ' ਉਮੀਦਵਾਰ ਭੁਪਿੰਦਰ ਰਾਠੌਰ ਨੇ ਪਿੰਡ-ਪਿੰਡ ਕੀਤੀਆਂ ਚੋਣ ਮੀਟਿੰਗਾਂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਮਾਛੀਵਾੜਾ ਬਲਾਕ ਦੇ ਕਈ ਪਿੰਡਾਂ ਵਿਚ ਜ਼ਿਲਾ ਪ੍ਰੀਸ਼ਦ ਜ਼ੋਨ ਨੀਲੋਂ ਕਲਾਂ ਤੋਂ 'ਆਪ' ਉਮੀਦਵਾਰ ਭੁਪਿੰਦਰ ਸਿੰਘ ਰਾਠੌਰ ਵਲੋਂ ਦੌਰਾ ਕਰ ਚੋਣ ਮੀਟਿੰਗਾਂ ਕੀਤੀਆਂ ਗਈਆਂ। ਭੁਪਿੰਦਰ ਸਿੰਘ ਰਾਠੌਰ ਵਲੋਂ ਪਿੰਡ ਮਾਛੀਵਾੜਾ ਖਾਮ, ਕੋਟਾਲਾ ਬੇਟ, ਮਾਣੇਵਾਲ, ਗੁਰੂਗੜ੍ਹ, ਰਾਜਗੜ੍ਹ, ਖੇੜਾ ਵਿਖੇ ਚੋਣ ਸਭਾਵਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਿੰਡਾਂ ਵਿਚ ਆਮ ਆਦਮੀ ਪਾਰਟੀ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ ਲੋਕ ਸਰਕਾਰ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿਚ ਜਿਨ੍ਹਾਂ ਲੋਕਾਂ ਨੂੰ ਪਿਛਲੀਆਂ ਸਰਕਾਰਾਂ ਸਮੇਂ ਹਜ਼ਾਰਾਂ ਰੁਪਏ ਬਿੱਲ ਆਉਂਦਾ ਸੀ ਅੱਜ ਉਹ ਜ਼ੀਰੋ ਬਿੱਲ ਆਉਣ ਕਾਰਨ ਬੇਹੱਦ ਖੁਸ਼ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੁਫ਼ਤ ਬਿਜਲੀ ਦੇਣ ਦਾ ਵਾਅਦਾ ਪੂਰਾ ਕਰਕੇ ਦਿਖਾਇਆ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਨੇ ਪੇਂਡੂ ਲੋਕਾਂ ਨੂੰ ਮੁਫ਼ਤ ਸਿਹਤ ਸੁਵਿਧਾਵਾਂ ਦੇਣ ਲਈ ਮੁਹੱਲਾ ਕਲੀਨਿਕ ਖੋਲ੍ਹੇ ਜਿਨ੍ਹਾਂ ਤੋਂ ਰੋਜ਼ਾਨਾ ਹਜ਼ਾਰਾਂ ਲੋਕਾਂ ਨੂੰ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਲਦ ਹੀ ਜੋ ਔਰਤਾਂ ਨੂੰ 1100-1100 ਰੁਪਏ ਮਾਸਿਕ ਭੱਤਾ ਦੇਣ ਦਾ ਵਾਅਦਾ ਕੀਤਾ ਸੀ ਉਸ ਤਹਿਤ ਰਾਸ਼ੀ ਜਾਰੀ ਕਰਨਗੇ। ਚੋਣ ਮੀਟਿੰਗਾਂ ਦੌਰਾਨ ਉਨ੍ਹਾਂ ਨਾਲ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਵੀ ਮੌਜੂਦ ਸਨ ਜਿਨ੍ਹਾਂ ਆਪਣੇ ਸੰਬੋਧਨ 'ਚ ਕਿਹਾ ਕਿ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਅਤੇ ਇਨ੍ਹਾਂ ਚੋਣਾਂ ਵਿਚ ਜਿੱਤ ਪ੍ਰਾਪਤ ਕਰਨ ਤੋਂ ਬਾਅਦ ਵੀ ਵਿਕਾਸ ਕਾਰਜ ਜਾਰੀ ਰਹਿਣਗੇ।

## ਚਲਾਨ ਦੀ ਬਣਦੀ ਰਕਮ ਤੁਰੰਤ ਜਮ੍ਹਾ ਕਾਰਵਾਈ ਜਾਵੇ : ਆਰ ਟੀ ਏ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਸਕੱਤਰ ਰਿਜ਼ਨਲ ਟਰਾਂਸਪੋਰਟ ਅਥਾਰਿਟੀ-ਕਮ-ਆਰ ਟੀ ਓ ਫ਼ਿਰੋਜ਼ਪੁਰ ਅਮਨਦੀਪ ਨੇ ਦੱਸਿਆ ਕਿ ਪੰਜਾਬ ਰਾਜ ਵਿਚ ਮੋਟਰ ਵਹੀਕਲ ਐਕਟ 1988 ਦੀ ਉਲੰਘਣਾ ਕਰਨ ਵਾਲੇ ਵਹੀਕਲਾਂ ਦੇ ਚਲਾਨ ਕੀਤੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਸੈਂਟਰਲ ਮੋਟਰ ਵਹੀਕਲ ਰੂਲਜ਼ 1989 ਦੇ ਅਧੀਨ ਸੈਕਸ਼ਨ 167 ਦੇ ਤਹਿਤ 90 ਦਿਨਾਂ ਦੇ ਅੰਦਰ-ਅੰਦਰ ਚਲਾਨ ਦਾ ਭੁਗਤਾਨ ਨਾ ਕਰਨ ਦੀ ਸੂਰਤ ਵਿਚ ਵਿਭਾਗ ਵੱਲੋਂ ਸੰਬੰਧਤ ਵਹੀਕਲਾਂ ਨੂੰ ਬਲੈਕਲਿਸਟ ਕਰ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਵਹੀਕਲ ਬਲੈਕਲਿਸਟ ਹੋਣ ਕਾਰਨ ਸੰਬੰਧਤ ਵਹੀਕਲ ਮਾਲਕ ਕਿਸੇ ਵੀ ਤਰ੍ਹਾਂ ਦੀ ਸਰਕਾਰੀ ਸੇਵਾ ਜਿਵੇਂ ਕਿ ਬੀਮਾ, ਪ੍ਰਦੂਸ਼ਨ, ਰਜਿਸਟਰੇਸ਼ਨ ਆਦਿ ਦਾ ਲਾਭ ਨਹੀ ਲੈ ਸਕਦਾ। ਉਨ੍ਹਾਂ ਵੱਲੋਂ ਜਿਨ੍ਹਾਂ ਲੋਕਾਂ ਦੇ ਵਹੀਕਲਾਂ ਦੇ ਚਲਾਨ ਹੋਏ ਹਨ ਉਨ੍ਹਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਆਪਣੇ ਚਲਾਨ ਦੀ ਬਣਦੀ ਰਕਮ ਤੁਰੰਤ ਰਿਜਨਲ ਟਰਾਂਸਪੋਰਟ ਦਫ਼ਤਰ ਫ਼ਿਰੋਜ਼ਪੁਰ ਵਿਖੇ ਜਮ੍ਹਾ ਕਰਵਾਉਣ ਨਹੀਂ ਤਾਂ ਮੋਟਰ ਵਹੀਕਲ ਐਕਟ ਤਹਿਤ ਬਣਦੀ ਕਾਰਵਾਈ ਕੀਤੀ ਜਾਵੇਗੀ।

## ਕੈਮਰਿਆਂ ਦੀ ਨਿਗਰਾਨੀ ਹੇਠ ਆਵੇਗਾ ਨਾਭਾ : ਵਿਧਾਇਕ ਦੇਵ ਮਾਨ

**ਨਾਭਾ (ਵਰਿੰਦਰ ਵਰਮਾ)**- ਰਿਆਸਤੀ ਸ਼ਹਿਰ ਨਾਭਾ ਹੁਣ ਸੀ ਸੀ ਟੀ ਵੀ ਕੈਮਰਿਆਂ ਦੀ ਜਦ ਵਿੱਚ ਆਉਣ ਜਾ ਰਿਹਾ ਹੈ। ਨਾਭਾ ਦੇ ਸ਼ਹਿਰੀ ਖੇਤਰ ਵਿਖੇ ਸੀ ਸੀ ਟੀ ਵੀ ਕੈਮਰੇ ਲਗਾਉਣ ਦੇ ਕਾਰਜ ਦੀ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਸ਼ੁਰੂ



ਕਰਵਾਈ। ਉਨ੍ਹਾਂ ਕਿਹਾ ਕਿ ਚੋਰੀ, ਲੁੱਟਾਂ ਖੋਹਾਂ ਅਤੇ ਹੋਰ ਅਪਰਾਧਾਂ 'ਤੇ ਠੱਲ ਪਾਉਣ ਲਈ ਨਗਰ ਕੌਂਸਲ ਕਾਰਜਕਾਰੀ ਪ੍ਰਧਾਨ ਜਸਦੀਪ ਸਿੰਘ ਖੰਨਾ ਦੀ ਮਿਹਨਤ ਸਦਕਾ ਇਹ ਵੱਡਾ ਉਪਰਾਲਾ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਹਲਕਾ ਨਾਭਾ ਦੀ ਇਹ ਕਾਫੀ ਲੰਮੇ ਸਮੇਂ ਤੋਂ ਮੰਗ ਸੀ ਕਿ ਸ਼ਹਿਰ ਦੇ ਦੁਆਲੇ ਸੀ ਸੀ ਟੀ ਵੀ ਕੈਮਰੇ ਲਗਾਏ ਜਾਣ। ਉਨ੍ਹਾਂ ਦਸਿਆ ਕਿ ਨਾਭਾ ਕੌਂਸਲ ਵੱਲੋਂ ਲਗਾਏ ਜਾ ਰਹੇ ਇਹਨਾਂ ਸੀ ਸੀ ਟੀ ਵੀ ਕੈਮਰਿਆਂ ਨਾਲ ਸ਼ਹਿਰ ਦੀ ਸੁਰੱਖਿਆ ਨੂੰ ਇੱਕ ਵੱਡਾ ਹਲਾਰਾ ਮਿਲੇਗਾ। ਇਸ ਮੌਕੇ ਜਸਦੀਪ ਸਿੰਘ ਖੰਨਾ ਨੇ ਦੱਸਿਆ ਕਿ ਨਾਭਾ ਕੌਂਸਲ ਵੱਲੋਂ ਸ਼ਹਿਰੀ ਖੇਤਰ ਵਿੱਚ 49 ਸਾਧਾਰਨ ਅਤੇ ਲਗਭਗ 7 ਹਾਇਟੈਕ ਸੀ ਸੀ ਟੀ ਵੀ ਕੈਮਰੇ ਲਾਏ ਜਾ ਰਹੇ ਹਨ, ਜਿਨ੍ਹਾਂ ਤੇ 50 ਲੱਖ ਦੇ ਕਰੀਬ ਲਾਗਤ ਆਵੇਗੀ। ਇਸ ਮੌਕੇ ਥਾਣਾ ਕੋਤਵਾਲੀ ਮੁਖੀ ਸਰਬਜੀਤ ਸਿੰਘ ਚੀਮਾ, ਪੰਜਾਬ ਯੂਥ ਡਿਵੈਲਪਮੈਂਟ ਬੋਰਡ ਦੇ ਡਾਇਰੈਕਟਰ ਮੈਂਬਰ ਤਜਿੰਦਰ ਸਿੰਘ ਚੌਧਰੀ ਮਾਜਰਾ, ਇਮਪਰੂਵਮੈਂਟ ਟਰਸੱਟ ਸਾਬਕਾ ਚੇਅਰਮੈਨ ਅਮਰਦੀਪ ਸਿੰਘ ਖੰਨਾ, ਸਮਾਜ ਸੇਵੀ ਰਮੇਸ਼ ਤਲਵਾੜ, ਟਰੱਕ ਯੂਨੀਅਨ ਪ੍ਰਧਾਨ ਮਨਪ੍ਰੀਤ ਸਿੰਘ ਧਾਰੋਕੀ, ਧਰਮਿੰਦਰ ਸਿੰਘ ਸੁੱਖੇਵਾਲ, ਭੁਪਿੰਦਰ ਸਿੰਘ ਕਲਰਮਾਜਰੀ, ਮਨਜੋਤ ਸਿੰਘ ਲੱਦਾਹੇੜੀ ਆਦਿ ਵੀ ਮੌਜੂਦ ਸਨ।

## ਮਹਾਂਯੱਗ ਦਾ ਆਯੋਜਨ 8 ਤੋਂ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਜੈ ਸ਼ਕਤੀ ਸੇਵਾ ਦਲ ਵੱਲੋਂ ਸ੍ਰੀਮਦ ਭਾਗਵਤ ਸਪਤਾਹ ਗਿਆਨ ਮਹਾਂਯੱਗ ਦਾ ਆਯੋਜਨ 8 ਦਸੰਬਰ ਤੋਂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੰਦਰ ਕਮੇਟੀ ਦੇ ਸ਼ਤੀਸ਼ ਬਾਂਸਲ, ਡਾ. ਅਰੁਣ ਬਾਂਸਲ, ਕੇਸਵ ਗਰਗ, ਅਦਰਸ਼ ਗਰਗ, ਯਸਪਾਲ ਢੀਂਗਰਾ ਅਤੇ ਦਿਨੇਸ਼ ਗਰਗ ਨੇ ਦੱਸਿਆ ਕਿ ਇਹ ਧਾਰਮਿਕ ਸਮਾਗਮ ਜੈ ਸ਼ਕਤੀ ਸੇਵਾ ਦਲ ਪੁਰਾਣਾ ਦੁਰਗਾ ਮੰਦਰ ਵੱਲੋਂ ਮਾਂ ਵੈਸ਼ਨੋ ਭਜਨ ਮੰਡਲੀ, ਸ੍ਰੀ ਰਾਧਾ ਕ੍ਰਿਸ਼ਨ ਮਹਿਲਾ ਕੀਰਤਨ ਮੰਡਲ ਅਤੇ ਸ੍ਰੀ ਸ਼ਿਵ ਸ਼ਕਤੀ ਕਾਂਵੜ ਸੰਘ ਦੇ ਸਹਿਯੋਗ ਨਾਲ ਸਥਾਨਕ ਫੈਕਟਰੀ ਰੋਡ ਸਥਿਤ ਸ੍ਰੀ ਦੁਰਗਾ ਸੇਵਾ ਦਲ ਵਿਖੇ ਕਰਵਾਇਆ ਜਾਵੇਗਾ। ਜਿਸ ਵਿੱਚ ਕਥਾ ਵਾਚਕ ਸਵਾਮੀ ਸ੍ਰੀ ਵਿਸ਼ਨੂੰ ਚੇਤਨਿਆਂ ਜੀ ਮਹਾਰਾਜ (ਵ੍ਰਿੰਦਾਵਨ ਵਾਲੇ) ਆਪਣੀ ਮਧੁਰ ਬਾਣੀ ਰਾਹੀਂ ਸੰਗਤ ਨੂੰ ਸ੍ਰੀਮਦ ਭਾਗਵਤ ਕਥਾ ਦਾ ਰਸ ਪਵਿਤਰ ਕਰਨਗੇ।ਉਹਨਾਂ ਦੱਸਿਆ ਕਿ ਕਥਾ 8 ਦਸੰਬਰ ਤੋਂ ਹਰ ਰੋਜ਼ ਸ਼ਾਮ 3 ਵਜੇ ਤੋਂ 6 ਵਜੇ ਤੱਕ ਕੀਤੀ ਜਾਵੇਗੀ ਅਤੇ 14 ਦਸੰਬਰ ਨੂੰ ਕਥਾ ਦੇ ਭੋਗ ਪਾਏ ਜਾਣਗੇ ਅਤੇ ਅਤੁੱਟ ਭੰਡਾਰੇ ਦਾ ਵੀ ਆਯੋਜਨ ਕੀਤਾ ਜਾਵੇਗਾ। ਕਥਾ ਦੀ ਸ਼ੁਰੂਆਤ 8 ਦਸੰਬਰ ਦੀ ਸਵੇਰ ਨੂੰ ਕਲਸ ਯਾਤਰਾ ਕੱਢ ਕੇ ਕੀਤੀ ਜਾਵੇਗੀ।

## ਬੁੱਢਾ ਦਲ ਪਬਲਿਕ ਸਕੂਲ ਵਿਖੇ ਸਾਲਾਨਾ ਸਮਾਰੋਹ ਮਨਾਇਆ

**ਸਮਾਣਾ (ਇਕਬਾਲ ਸਿੰਘ ਬੱਲ)** ਬੁੱਢਾ ਦਲ ਪਬਲਿਕ ਸਕੂਲ ਵਿਖੇ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ ਸਿੰਘ ਸਾਹਿਬ ਜਥੇ: ਬਾਬਾ ਬਲਬੀਰ ਸਿੰਘ ਜੀ ਅਕਾਲੀ 96 ਕਰੋੜੀ 14ਵੇਂ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਚਲਦਾ ਵਹੀਰ ਚੱਕ੍ਰਵਰਤੀ ਨਿਹੰਗ ਸਿੰਘਾਂ, ਪੰਜਾਬ ਭਾਰਤ, ਵਿਸ਼ਵ ਦੀ ਅਗਵਾਈ ਹੇਠ ਇਲੁਮਿਨਾਰੀਆ ਸਲਾਨਾ ਸਮਾਰੋਹ ਤੇ ਇਨਾਮ ਵੰਡ ਨੂੰ ਬਹੁਰੰਗੀ ਸ਼ੈਲੀ ਤੇ ਨਿਵੇਕਲੇ ਢੰਗ



ਨਾਲ ਮਨਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸ੍ਰੀਮਤੀ ਮਨਪ੍ਰੀਤ ਕੌਰ ਨੇ ਸ਼ੋਭਾ ਵਧਾਈ। ਸਮਾਗਮ 'ਚ ਪ੍ਰਧਾਨ ਸ੍ਰੀਮਤੀ ਸੁਖਵਿੰਦਰਜੀਤ ਕੌਰ, ਐਮ.ਐਲ.ਏ. ਚੇਤਨ ਸਿੰਘ ਜੌੜਾਮਾਜਰਾ, ਪ੍ਰਿੰਸੀਪਲ ਬੁੱਢਾ ਦਲ ਪਬਲਿਕ ਸਕੂਲ, ਪਟਿਆਲਾ ਸ੍ਰੀਮਤੀ ਹਰਪ੍ਰੀਤ ਕੌਰ, ਇੰਚਾਰਜ ਜੂਨੀਅਰ ਵਿੰਗ ਪਟਿਆਲਾ ਸ੍ਰੀਮਤੀ ਭਾਰਤੀ ਕਵਾਤਰਾ ਨੇ ਸ਼ਿਰਕਤ ਕੀਤੀ ਤੇ ਹੋਰ ਸਨਮਾਨਯੋਗ ਸਖਸ਼ੀਅਤਾਂ ਦੇ ਪੁੱਜਣ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਨਦੀਪ ਕੌਰ ਜੀ ਤੇ ਸਟਾਫ਼ ਵੱਲੋਂ ਸਭ ਦਾ ਨਿੱਘਾ ਸਵਾਗਤ ਕੀਤਾ। ਐਨ. ਸੀ. ਸੀ. ਕੈਡਿਟਸ ਵੱਲੋਂ ਗਾਰਡ ਆਫ ਆਨਰ ਪੇਸ਼ ਕੀਤਾ।ਸਮਾਰੋਹ ਦੀ ਸ਼ੁਰੂਆਤ ਲੈਪ ਲਾਈਟਿੰਗ ਨਾਲ ਕੀਤੀ ਗਈ ਤੇ ਸਕੂਲੀ ਬੱਚਿਆਂ ਨੇ ਮਿੱਠੀ ਅਵਾਜ਼ ਵਿੱਚ ਸ਼ਬਦ ਗਾਇਨ ਕੀਤਾ।ਬੱਚਿਆਂ ਨੇ ਵੱਖਰੀਆਂ-ਵੱਖਰੀਆਂ ਪੇਸ਼ਕਾਰੀਆਂ, ਜਿਵੇਂ ਅਪ੍ਰੇਸ਼ਨ ਸਿੰਦੂਰ, ਪੰਜਾਬੀ ਵਿਰਸਾ, ਜਸ਼ਨ-ਏ-ਭੰਗੜਾ, ਲੁੱਡੀ, ਹੜ੍ਹਾਂ ਨਾਲ ਸੰਬੰਧਤ ਨਾਟਕ 'ਅਸੀਂ ਡੋਲਣ ਵਾਲੇ ਨਹੀਂ' ਆਦਿ ਪੇਸ਼ ਕਰਕੇ ਆਏ ਹੋਏ ਮਹਿਮਾਨਾਂ ਅਤੇ ਮਾਪਿਆਂ ਦਾ ਰੱਜਵਾਂ ਮਨੋਰੰਜਨ ਕੀਤਾ।

## ਰਾਸ਼ਟਰੀ ਝੰਡਾ ਦਿਵਸ ਮਨਾਇਆ



**ਧੂਰੀ (ਮਨੋਹਰ ਸਿੰਘ ਸੱਗੂ)**- ਯੂਨੀਵਰਸਿਟੀ ਕਾਲਜ ਬੇਨੜਾ (ਧੂਰੀ) ਵਿਖੇ ਰਾਸ਼ਟਰੀ ਝੰਡਾ ਦਿਵਸ ਐੱਨ.ਐੱਸ.ਐੱਸ. ਯੂਨਿਟਾਂ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਦੀ ਅਗਵਾਈ ਵਿੱਚ ਮਨਾਇਆ ਗਿਆ। ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਡਾ. ਊਸ਼ਾ ਜੈਨ ਅਤੇ ਡਾ. ਅਸ਼ੋਕ ਕੁਮਾਰ ਨੇ ਵਿਦਿਆਰਥੀਆਂ ਨੂੰ ਰਾਸ਼ਟਰੀ ਝੰਡੇ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਦੇਸ਼ ਪ੍ਰਤੀ ਸੱਚੀ ਨਿਸ਼ਠਾ ਨਾਲ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ। ਡਾ. ਰਾਕੇਸ਼ ਕੁਮਾਰ ਨੇ ਰਾਸ਼ਟਰੀ ਝੰਡੇ ਦੇ ਤਿੰਨ ਰੰਗਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਝੰਡੇ ਦੇ ਸਨਮਾਨ ਅਤੇ ਰਾਸ਼ਟਰੀ ਕਦਰਾਂ ਕੀਮਤਾਂ ਨੂੰ ਅਪਨਾਉਣ ਲਈ ਵੀ ਪ੍ਰੇਰਿਤ ਕੀਤਾ।ਕਾਲਜ ਕੈਂਪਸ ਵਿਖੇ ਤਿਰੰਗਾ ਲਹਿਰਾਉਂਦੇ ਹੋਏ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਨਾਅਰੇ ਲਗਾਏ ਅਤੇ ਦੇਸ਼ ਦੀ ਏਕਤਾ ਤੇ ਅਖੰਡਤਾ ਬਣਾਈ ਰੱਖਣ ਦੀ ਸਹੁੰ ਚੁੱਕੀ।ਕਾਲਜ ਪ੍ਰਿੰਸੀਪਲ ਨੇ ਕਿਹਾ ਇਸ ਪ੍ਰਕਾਰ ਦੇ ਦਿਵਸ ਮਨਾਉਣਾ ਨੌਜਵਾਨ ਪੀੜ੍ਹੀ ਵਿੱਚ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਦਾ ਹੈ।

## ...ਸਫ਼ਾ 1 ਦੇ ਬਾਕੀ

### ਕਾਂਗਰਸ 'ਚ ਅਹੁਦਿਆਂ ਦਾ ਐਲਾਨ...

ਸਿੰਘ ਸਿੱਧੂ ਪੰਜਾਬ ਦੀ ਰਾਜਨੀਤੀ ਵਿੱਚ ਤਾਂ ਹੀ ਮੁੜ ਦਾਖਲ ਹੋਣਗੇ ਜੇ ਕਾਂਗਰਸ ਪਹਿਲਾਂ ਉਨ੍ਹਾਂ ਨੂੰ ਮੁੱਖ ਮੰਤਰੀ ਦਾ ਚਿਹਰਾ ਐਲਾਨ ਕਰੇਗੀ ਅਤੇ ਦੂਜਾ ਕਿ ਸਿੱਧੂਆਂ ਕੋਲ ਅਦਾਇਗੀ ਕਰਨ ਲਈ 500 ਕਰੋੜ ਰੁਪਏ ਨਹੀਂ ਹਨ, ਜਿਸ ਦਾ ਮਤਲਬ ਹੈ ਕਿ ਕਾਂਗਰਸ ਵਿੱਚ ਮੁੱਖ ਮੰਤਰੀ ਬਣਨ ਲਈ 500 ਕਰੋੜ ਰੁਪਏ ਦਾ ਸੌਦਾ ਜ਼ਰੂਰੀ ਹੈ।ਪੰਨੂ ਨੇ ਸਵਾਲ ਕੀਤਾ ਕਿ ਕੀ ਕਾਂਗਰਸ ਦੀ ਲੀਡਰਸ਼ਿਪ ਸੱਚਮੁੱਚ ਮੁੱਖ ਮੰਤਰੀ ਦਾ ਚਿਹਰਾ 500 ਕਰੋੜ ਰੁਪਏ ਵਿੱਚ ਵੇਚਦੀ ਹੈ। ਉਨ੍ਹਾ ਕਿਹਾ, ਜੇ ਸਿੱਧੂ ਦਾਅਵਾ ਕਰਦੇ ਹਨ ਕਿ ਉਨ੍ਹਾਂ ਕੋਲ 500 ਕਰੋੜ ਰੁਪਏ ਨਹੀਂ ਹਨ, ਤਾਂ ਇਹ ਰਕਮ ਕੌਣ ਅਦਾ ਕਰਦਾ ਹੈ? ਇਹ ਪੈਸਾ ਕਿੱਥੇ ਜਾਂਦਾ ਹੈ? ਸੂਬਾ ਯੂਨਿਟ ਦੇ ਪ੍ਰਧਾਨ ਨੂੰ? ਹਾਈ ਕਮਾਂਡ ਨੂੰ? ਰਾਹੁਲ ਗਾਂਧੀ ਜਾਂ ਖੜਗੇ ਨੂੰ? ਪੰਜਾਬ ਦੇ ਲੋਕ ਜਵਾਬ ਦੇ ਹੱਕਦਾਰ ਹਨ।

ਪੰਨੂ ਨੇ ਯਾਦ ਕਰਵਾਇਆ ਕਿ ਨਵਜੋਤ ਸਿੰਘ ਸਿੱਧੂ ਪੰਜਾਬ ਕਾਂਗਰਸ ਦੇ ਪ੍ਰਧਾਨ, ਐੱਮ ਪੀ, ਐੱਮ ਐੱਲ ਏ ਅਤੇ ਕੈਬਨਿਟ ਮੰਤਰੀ ਰਹਿ ਚੁੱਕੇ ਹਨ। ਉਨ੍ਹਾਂ ਪੁੱਛਿਆ ਕੀ ਇਹ ਅਹੁਦੇ ਵੀ ਖਰੀਦੇ ਗਏ ਸਨ? ਕੀ ਉਨ੍ਹਾਂ ਨੂੰ ਘੱਟ ਰਕਮ ਦੇ ਕੇ ਕਾਂਗਰਸ ਪ੍ਰਧਾਨ ਨਿਯੁਕਤ ਕੀਤਾ ਗਿਆ ਸੀ? ਕਾਂਗਰਸ ਵਿੱਚ ਉਪ ਮੁੱਖ ਮੰਤਰੀ ਜਾਂ ਮੰਤਰੀ ਬਣਨ ਲਈ ਕਿੰਨੇ ਕਰੋੜਾਂ ਦੀ ਲੋੜ ਹੈ?

ਸਿੱਧੂ ਦੀ ਸ਼ਰਤੀਆ ਰਾਜਨੀਤੀ ਦੀ ਆਲੋਚਨਾ ਕਰਦੇ ਹੋਏ ਪੰਨੂ ਨੇ ਕਿਹਾ ਕਿ ਇਹ ਹੈਰਾਨੀਜਨਕ ਹੈ ਕਿ ਸਿੱਧੂ ਦਾਅਵਾ ਕਰਦੇ ਹਨ ਕਿ ਪੰਜਾਬ ਨੂੰ ਇਸ ਦੇ 'ਸੁਨਹਿਰੀ ਦਿਨ' ਤਾਂ ਹੀ ਮਿਲਣਗੇ ਜੇ ਸਿੱਧੂ ਨੂੰ ਮੁੱਖ ਮੰਤਰੀ ਦਾ ਚਿਹਰਾ ਬਣਾਇਆ ਜਾਂਦਾ ਹੈ। ਉਨ੍ਹਾ ਕਿਹਾ, ਜੇ ਕਾਂਗਰਸ ਉਨ੍ਹਾਂ ਨੂੰ ਐਲਾਨ ਨਹੀਂ ਕਰਦੀ ਤਾਂ ਪੰਜਾਬ ਨੂੰ ਨੁਕਸਾਨ ਹੋ ਸਕਦਾ ਹੈ, ਇਹ ਉਨ੍ਹਾਂ ਦਾ ਸੰਦੇਸ਼ ਹੈ। ਕੀ ਪੰਜਾਬ ਨਵਜੋਤ ਸਿੱਧੂ ਲਈ ਸਿਰਫ਼ ਇੱਕ ਸੌਦੇਬਾਜ਼ੀ ਦਾ ਸਾਧਨ ਹੈ?

ਪੰਨੂ ਨੇ ਭਾਜਪਾ ਆਗੂ ਸੁਨੀਲ ਜਾਖੜ ਨੂੰ ਪੁੱਛਿਆ ਹੈ ਕਿ ਉਹ ਹੁਣ ਕਹਿ ਰਹੇ ਹਨ ਕਿ ਕਾਂਗਰਸ ਵਿੱਚ ਸਾਢੇ ਤਿੰਨ ਸੌ ਕਰੋੜ ਰੁਪਏ ਦੇ ਕੇ ਮੁੱਖ ਮੰਤਰੀ ਦੀ ਕੁਰਸੀ ਵੇਚੀ ਗਈ ਸੀ, ਪਰ ਉਸ ਵੇਲੇ ਉਹ ਆਪ ਕਾਂਗਰਸ ਦੇ ਪ੍ਰਦੇਸ਼ ਪ੍ਰਧਾਨ ਸਨ, ਤਾਂ ਉਨ੍ਹਾ ਨੇ ਉਦੋਂ ਆਵਾਜ਼ ਕਿਉਂ ਨਹੀਂ ਚੁੱਕੀ? ਜਾਖੜ ਸਾਹਿਬ ਸਾਫ ਕਰਨ ਕਿ ਕੀ ਪ੍ਰਧਾਨ ਹੁੰਦਿਆਂ ਉਨ੍ਹਾ ਨੂੰ ਇਹ ਸਭ ਪਤਾ ਸੀ? ਕੀ ਇਸੇ ਕਰਕੇ ਉਨ੍ਹਾ ਦੀ ਵਾਰੀ ਨਹੀਂ ਆਈ ਕਿਉਂਕਿ ਉਸ ਵੇਲੇ ਸਾਢੇ ਤਿੰਨ ਸੌ ਕਰੋੜ ਵਿੱਚ ਕੁਰਸੀ ਵਿਕੀ ਸੀ? ਅਤੇ ਅੱਜ ਮਹਿੰਗਾਈ ਕਰਕੇ ਉਹਦਾ ਰੇਟ ਵਧ ਕੇ 500 ਕਰੋੜ ਹੋ ਗਿਆ, ਜਿਵੇਂ ਕਿ ਨਵਜੋਤ ਕੌਰ ਸਿੱਧੂ ਕਹਿ ਰਹੇ ਹਨ।

### ਗੋਆ ਦੇ ਕਲੱਬ 'ਚ ਅੱਗ ...

ਸੀਜ਼ਨ ਦੌਰਾਨ ਇਹ ਇੱਕ ਮੰਦਭਾਗੀ ਘਟਨਾ ਹੈ। ਅਸੀਂ ਇਸ ਘਟਨਾ ਦੀ ਵਿਸਥਾਰਤ ਜਾਂਚ ਕਰਾਂਗੇ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਸਥਾਨਕ ਭਾਜਪਾ ਵਿਧਾਇਕ ਮਾਈਕਲ ਲੋਬੋ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਫਾਇਰ ਫਾਈਟਰਜ਼ ਅਤੇ ਪੁਲਸ ਟੀਮਾਂ ਤੁਰੰਤ ਮੌਕੇ 'ਤੇ ਪਹੁੰਚ ਗਈਆਂ ਸਨ ਅਤੇ ਸਾਰੀ ਰਾਤ ਬਚਾਅ ਕਾਰਜਾਂ ਵਿੱਚ ਜੁਟੀਆਂ ਰਹੀਆਂ। ਲੋਬੋ ਨੇ ਕਿਹਾ ਕਿ ਅਧਿਕਾਰੀ ਸਾਰੇ ਕਲੱਬਾਂ ਦਾ ਅੱਗ ਸੁਰੱਖਿਆ ਆਡਿਟ ਕਰਵਾਉਣਗੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਅਜਿਹੀਆਂ ਘਟਨਾਵਾਂ ਮੁੜ ਨਾ ਵਾਪਰਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹਾਦਸੇ 'ਤੇ ਦੁੱਖ ਪ੍ਰਗਟ ਕਰਦਿਆਂ ਕਿਹਾ, "ਅਰਪੋਰਾ, ਗੋਆ ਵਿੱਚ ਹੋਇਆ ਅੱਗ ਦਾ ਹਾਦਸਾ ਬਹੁਤ ਦੁਖਦਾਈ ਹੈ। ਮੇਰੀਆਂ ਸੰਵੇਦਨਾਵਾਂ ਉਨ੍ਹਾਂ ਸਾਰਿਆਂ ਨਾਲ ਹਨ, ਜਿਨ੍ਹਾਂ ਨੇ ਆਪਣੇ ਅਜ਼ੀਜ਼ਾਂ ਨੂੰ ਗੁਆ ਦਿੱਤਾ ਹੈ। ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕਰਦਾ ਹਾਂ। ਸਥਿਤੀ ਬਾਰੇ ਗੋਆ ਦੇ ਮੁੱਖ ਮੰਤਰੀ ਡਾ. ਪ੍ਰਮੋਦ ਸਾਵੰਤ ਨਾਲ ਗੱਲ ਕੀਤੀ। ਸੂਬਾ ਸਰਕਾਰ ਪ੍ਰਭਾਵਿਤ ਲੋਕਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਹੀ ਹੈ।"

### ਟਰੇਡ ਯੂਨੀਅਨਾਂ ਮਜ਼ਦੂਰ ਵਿਰੋਧੀ ...

ਜਿਨ੍ਹਾਂ ਆਗੂਆਂ ਨੇ ਸੰਬੋਧਨ ਕੀਤਾ, ਉਹਨਾਂ ਵਿੱਚ ਸੀਟੂ ਪੰਜਾਬ ਦੇ ਪ੍ਰਧਾਨ ਕਾਮਰੇਡ ਚੰਦਰ ਸ਼ੇਖਰ ਅਤੇ ਸੁਖਮਿੰਦਰ ਸਿੰਘ ਲੋਟੇ, ਏਟਕ ਪੰਜਾਬ ਦੇ ਸਕੱਤਰ ਕਾਮਰੇਡ ਐੱਮ.ਐੱਸ. ਭਾਟੀਆ ਅਤੇ ਕਾਮਰੇਡ ਕੇਵਲ ਸਿੰਘ ਬਣਵੈਤ, ਡਾਕਟਰ ਅਰੁਣ ਮਿੱਤਰਾ, ਸੀ ਟੀ ਯੂ ਪੰਜਾਬ ਦੇ ਆਗੂ ਬਲਰਾਜ ਸਿੰਘ ਅਤੇ ਜਗਦੀਸ਼ ਚੰਦ, ਇੰਟਕ ਵੱਲੋਂ ਐਡਵੋਕੇਟ ਸਰਬਜੀਤ ਸਿੰਘ ਸਰਹਾਲੀ, ਕਾਮਰੇਡ ਚਿਤਰੰਜਨ, ਰਾਮ ਬਿਕਸ਼ ਯਾਦਵ, ਰਮੇਸ਼ ਰਤਨ ਆਦਿ ਸ਼ਾਮਲ ਸਨ।ਇਸ ਕਨਵੈਨਸ਼ਨ ਦੀ ਪ੍ਰਧਾਨਗੀ ਵਿਜੇ ਕੁਮਾਰ, ਜੋਗਿੰਦਰ ਰਾਮ, ਪਰਮਜੀਤ ਸਿੰਘ ਅਤੇ ਗੁਰਜੀਤ ਸਿੰਘ ਜਗਪਾਲ 'ਤੇ ਅਧਾਰਤ ਪ੍ਰਧਾਨਗੀ ਮੰਡਲ ਨੇ ਕੀਤੀ।ਇਸ ਮੌਕੇ ਹੋਰ ਜਿਹੜੇ ਟਰੇਡ ਯੂਨੀਅਨ ਆਗੂ ਹਾਜ਼ਰ ਸਨ, ਉਹਨਾਂ ਵਿੱਚ ਕਾਮਰੇਡ ਕਾਮੇਸ਼ਵਰ ਯਾਦਵ, ਨਰੇਸ਼ ਗੌੜ, ਟਾਈਗਰ ਸਿੰਘ, ਅਵਤਾਰ ਛਿੱਬੜ, ਡਾਕਟਰ ਗੁਲਜਾਰ ਪੰਧੇਰ, ਮਲਕੀਤ ਸਿੰਘ ਮਾਲੜਾ, ਚਮਕੌਰ ਸਿੰਘ ਬਰਮੀ ਆਦਿ ਸ਼ਾਮਲ ਸਨ।

### ਮੋਹਾਲੀ ਹਵਾਈ ਅੱਡੇ 'ਤੇ ਯਾਤਰੀਆਂ...

ਫਲਾਈਟ ਅਪਡੇਟਸ ਨਾਲ ਸਬੰਧਤ ਅਸਲ-ਸਮੇਂ ਦੀ ਜਾਣਕਾਰੀ ਅਤੇ ਸਹਾਇਤਾ ਲਈ, ਡਿਊਟੀ ਟਰਮੀਨਲ ਮੈਨੇਜਰ ਦੇ ਦਫ਼ਤਰ ਵਿਖੇ ਇੱਕ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ। ਸ਼੍ਰੀਮਤੀ ਸੋਨਾਲੀ ਗਿਰਿ ਨੇ ਕਿਹਾ ਕਿ ਟੀਮਾਂ ਸਮੇਂ ਸਿਰ ਸਹਾਇਤਾ ਅਤੇ ਅਪਡੇਟਸ ਨੂੰ ਯਕੀਨੀ ਬਣਾਉਣ ਲਈ ਫਲਾਈਟ ਓਪਰੇਸ਼ਨ, ਦੇਰੀ, ਰੱਦ ਕਰਨ ਅਤੇ ਸਮਾਨ ਦੇ ਮੁੱਦਿਆਂ ਦੀ ਨਿਰੰਤਰ ਨਿਗਰਾਨੀ ਕਰ ਰਹੀਆਂ ਹਨ।ਸਕੱਤਰ, ਸ਼ਹਿਰੀ ਹਵਾਬਾਜ਼ੀ ਨੇ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਲਈ ਯਾਤਰੀ ਹੈਲਪਲਾਈਨ ਨੰਬਰ 95010-15832 'ਤੇ ਸੰਪਰਕ ਕਰ ਸਕਦੇ ਹਨ ਅਤੇ ਲੋਕ ਏਅਰਪੋਰਟ ਅਥਾਰਟੀ ਦੇ ਅਧਿਕਾਰਤ ਸੋਸ਼ਲ ਮੀਡੀਆ ਹੈਂਡਲਾਂ 'ਤੇ ਖਾਸ ਕਰਕੇ @ixcairport 'ਤੇ ਵੀ ਆਪਣੇ ਸਵਾਲਾਂ ਦਾ ਜੁਆਬ ਲੈ ਸਕਦੇ ਹਨ। ਇਸੇ ਤਰ੍ਹਾਂ, ਉਨ੍ਹਾਂ ਕਿਹਾ ਕਿ ਯਾਤਰੀ ਆਪਣੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਇੰਡੀਗੋ ਏਅਰਲਾਈਨਜ਼ ਦੇ 92899-38532, ਏਅਰ ਇੰਡੀਆ ਦੇ 88001-97833 / 0172-2242201, ਏਅਰ ਇੰਡੀਆ ਐਕਸਪ੍ਰੈਸ ਦੇ 92055-08549, ਅਲਾਇੰਸ ਏਅਰ ਦੇ 98184-28648, ਹੈਲਪਲਾਈਨ ਨੰਬਰਾਂ @ਤੇ ਵੀ ਕਾਲ ਕਰ ਸਕਦੇ ਹਨ। ਸ਼੍ਰੀਮਤੀ ਸੋਨਾਲੀ ਗਿਰਿ ਨੇ ਕਿਹਾ ਕਿ ਇੰਡੀਗੋ ਦੀਆਂ ਉਡਾਣਾਂ ਵਿੱਚ ਵਿਘਨ ਦੇ ਵਿਚਕਾਰ ਯਾਤਰੀਆਂ ਦੀ ਸਹੂਲਤ ਨੂੰ ਯਕੀਨੀ ਬਣਾਉਣਾ ਇੱਕੋ ਇੱਕ ਉਦੇਸ਼ ਹੈ।ਸਕੱਤਰ, ਸ਼ਹਿਰੀ ਹਵਾਬਾਜ਼ੀ ਨੇ ਸਮੇਂ ਸਿਰ ਰਿਫੰਡ, ਰੀਸ਼ਡਿਊਲਿੰਗ, ਸਮਾਨ ਡਿਲੀਵਰੀ ਅਤੇ ਕੇਂਦਰੀ ਸਿਵਲ ਏਵੀਏਸ਼ਨ ਮੰਤਰਾਲੇ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਦੇ ਨਾਲ-ਨਾਲ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇੰਡੀਗੋ ਏਅਰਲਾਈਨਜ਼ ਕੋਲ ਵੱਖ-ਵੱਖ ਯਾਤਰੀਆਂ ਦੇ ਲਗਭਗ 30 ਬੈਗ/ਲੱਗੇਜ ਹਨ, ਜੋ ਏਅਰਲਾਈਨ ਦੁਆਰਾ ਯਾਤਰੀਆਂ ਨੂੰ ਉਨ੍ਹਾਂ ਦੇ ਸਬੰਧਤ ਨਿਵਾਸ ਸਥਾਨਾਂ 'ਤੇ ਬਿਨਾਂ ਕਿਸੇ ਚਾਰਜ ਤੋਂ ਭੇਜੇ ਜਾਣਗੇ। ਸ਼੍ਰੀਮਤੀ ਸੋਨਾਲੀ ਗਿਰਿ ਨੇ ਕਿਹਾ ਕਿ ਏਅਰਲਾਈਨ ਇਹ ਵੀ ਯਕੀਨੀ ਬਣਾਏਗੀ ਕਿ ਉਡਾਣਾਂ ਰੱਦ ਹੋਣ ਦੀ ਸੂਚਨਾ ਯਾਤਰੀਆਂ ਨੂੰ ਉਡਾਣ ਤੋਂ ਘੱਟੋ-ਘੱਟ 10 ਘੰਟੇ ਪਹਿਲਾਂ ਦਿੱਤੀ ਜਾਵੇ।

### ਕਾਂਗਰਸ ਲੋਕਾਂ ਦਾ ਸਾਹਮਣਾ ...

ਬਿਆਨ ਦਾ ਹਵਾਲਾ ਦਿੱਤਾ ਕਿ ਸੀ ਐੱਮ ਚਿਹਰਾ ਬਣਨ ਲਈ 500 ਕਰੋੜ ਚਾਹੀਦਾ ਹੈ, ਜੋ ਕਾਂਗਰਸ ਦੀ ਅੰਦਰੂਨੀ ਸੱਚਾਈ ਦੱਸਦਾ ਹੈ। ਧਾਲੀਵਾਲ ਨੇ ਕਿਹਾ ਕਿ ਕਾਂਗਰਸ ਵਿੱਚ ਪੰਜ-ਪੰਜ ਮੁੱਖ ਮੰਤਰੀ ਪੰਜਾਬ ਵਿੱਚ ਘੁੰਮ ਰਹੇ ਹਨ। ਇਹੀ ਕਾਰਨ ਹੈ ਕਿ ਕਾਂਗਰਸ ਬਰਬਾਦ ਹੋ ਚੁੱਕੀ ਹੈ।ਤਰਨ ਤਾਰਨ ਵਿੱਚ ਕਾਂਗਰਸ ਦਾ ਹਾਲ ਪੰਜਾਬ ਜਾਣਦਾ ਹੈ। ਧੜੇਬੰਦੀ, ਹੰਕਾਰ ਅਤੇ ਟਿਕਟਾਂ ਦੀ ਖਰੀਦੋ-ਫਰੋਖਤ ਨੇ ਪਾਰਟੀ ਨੂੰ ਖਤਮ ਕਰ ਦਿੱਤਾ ਹੈ। ਹੁਣ ਉਨ੍ਹਾਂ ਨਾਲ ਨਾ ਵਰਕਰ ਖੜ੍ਹਾ ਹੋਣਾ ਚਾਹੁੰਦਾ ਹੈ ਅਤੇ ਨਾ ਹੀ ਜਨਤਾ।ਧਾਲੀਵਾਲ ਨੇ ਕਾਂਗਰਸ ਦੇ 75 ਸਾਲਾਂ ਦੇ ਕਾਲੇ ਇਤਿਹਾਸ ਨੂੰ ਯਾਦ ਦਿਵਾਉਂਦਿਆਂ ਕਿਹਾ ਕਿ ਲੋਕ ਕਾਂਗਰਸ ਵੱਲੋਂ ਝੂਠੇ ਪੁਲਸ ਮੁਕਾਬਲਿਆਂ ਵਿੱਚ ਨੌਜਵਾਨਾਂ ਨੂੰ ਮਾਰਨਾ, ਗੁਰੂ ਘਰ 'ਤੇ ਹਮਲਾ ਕਰਨਾ ਅਤੇ 1984 ਵਿੱਚ ਦਿੱਲੀ ਵਿੱਚ ਸਿੱਖਾਂ ਨੂੰ ਜ਼ਿੰਦਾ ਜਲਾਉਣਾ, ਨੂੰ ਭੁੱਲੇ ਨਹੀਂ ਹਨ। ਕਾਂਗਰਸ ਨੇ ਪੰਜਾਬ ਦੇ ਲੋਕਾਂ ਨਾਲ ਸਭ ਤੋਂ ਵੱਡਾ ਵਿਸ਼ਵਾਸਘਾਤ ਕੀਤਾ ਹੈ ਅਤੇ ਅੱਜ ਉਹੀ ਨੈਤਿਕਤਾ ਦਾ ਪਾਠ ਪੜ੍ਹਾ ਰਹੀ ਹੈ।ਉੱਥੇ ਹੀ ਅਕਾਲੀ ਦਲ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾ ਕਿਹਾ ਕਿ ਅਕਾਲੀ ਦਲ ਐੱਸ ਜੀ ਪੀ ਸੀ ਦੇ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਟਿਕਟ ਦੇ ਕੇ ਉਸ ਦਾ ਦੁਰਉਪਯੋਗ ਕਰ ਰਹੀ ਹੈ।ਧਾਲੀਵਾਲ ਨੇ ਕਿਹਾ ਕਿ 'ਆਪ' ਵਿਕਾਸ ਦੇ ਮੁੱਦਿਆਂ 'ਤੇ ਚੋਣ ਲੜਦੀ ਹੈ ਅਤੇ ਇਸ ਵਾਰ ਵੀ ਅਸੀਂ ਆਪਣੇ ਕੰਮਾਂ ਦੀ ਬਦੌਲਤ ਜਨਤਾ ਤੋਂ ਵੋਟ ਮੰਗਾਂਗੇ। ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਦੇ ਲੋਕ ਆਪ ਦੀ ਸੱਚਾਈ, ਇਮਾਨਦਾਰੀ ਅਤੇ ਵਿਕਾਸ ਦੀ ਰਾਜਨੀਤੀ ਦੇ ਨਾਲ ਖੜ੍ਹੇ ਹਨ।

### ਲੱਗਦੀ ਕਿਸੇ ਨਾ ਦੇਖੀ...

ਇੱਕ ਲੰਮਾ ਨੋਟ ਸਾਂਝਾ ਕਰਦਿਆਂ ਲਿਖਿਆ, 'ਮੈਂ ਆਪਣੀ ਜ਼ਿੰਦਗੀ ਵਿੱਚ ਅੱਗੇ ਵਧਣ ਅਤੇ ਆਪਣੇ ਨਿੱਜੀ ਰਿਸ਼ਤੇ ਤੋਂ ਪਿੱਛੇ ਹਟਣ ਦਾ ਫੈਸਲਾ ਕੀਤਾ ਹੈ।'

ਪਲਾਸ਼ ਨੇ ਅਫਵਾਹਾਂ ਦਾ ਜਵਾਬ ਦਿੰਦਿਆਂ ਇਨ੍ਹਾਂ ਅਫਵਾਹਾਂ ਨੂੰ ਨਿਰਆਧਾਰ ਅਤੇ ਗਲਤ ਦੱਸਿਆ। ਉਸ ਨੇ ਆਪਣੇ ਖ਼ਿਲਾਫ਼ ਭੰਡੀ ਪ੍ਰਚਾਰ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਚਿਤਾਵਨੀ ਦਿੱਤੀ। ਉਸ ਨੇ ਕਿਹਾ, 'ਮੇਰੇ ਲਈ ਇਹ ਬਹੁਤ ਮੁਸ਼ਕਲ ਭਰਿਆ ਸਮਾਂ ਰਿਹਾ ਹੈ। ਇਹ ਮੇਰੀ ਜ਼ਿੰਦਗੀ ਦਾ ਸਭ ਤੋਂ ਮੁਸ਼ਕਲ ਪੜਾਅ ਹੈ ਅਤੇ ਮੈਂ ਇਸ ਨਾਲ ਨਜਿੱਠਾਂਗਾ।'

## ਪੰਜਾਬ ਹੋਮ ਗਾਰਡਜ ਅਤੇ ਸਿਵਲ ਡਿਫੈਂਸ ਨੇ ਧੂਮਧਾਮ ਨਾਲ ਮਨਾਇਆ ਸਥਾਪਨਾ ਦਿਵਸ

**ਫਿਰੋਜ਼ਪੁਰ (ਗੁਰਬਚਨ ਸਿੰਘ)** – ਪੰਜਾਬ ਹੋਮ ਗਾਰਡਜ ਅਤੇ ਸਿਵਲ ਡਿਫੈਂਸ ਵਿਭਾਗ ਵੱਲੋਂ 63ਵਾਂ ਸਥਾਪਨਾ ਦਿਵਸ ਡਵੀਜਨਲ ਕਮਾਂਡੈਂਟ ਪੰਜਾਬ ਹੋਮ ਗਾਰਡਜ ਅਤੇ ਸਿਵਲ ਡਿਫੈਂਸ ਹੈੱਡ ਕੁਆਟਰ ਫਿਰੋਜ਼ਪੁਰ ਵਿਖੇ ਮਨਾਇਆ ਗਿਆ। ਇਸ ਮੌਕੇ ਅਨਿਲ ਕੁਮਾਰ ਪੁਰਥੀ ਡਵੀਜਨਲ ਕਮਾਂਡੈਂਟ ਪੰਜਾਬ ਹੋਮ ਗਾਰਡਜ ਫਿਰੋਜ਼ਪੁਰ ਵੱਲੋਂ ਭਾਰਤ ਦੇ ਰਾਸ਼ਟਰਪਤੀ ਦਰੋਪਤੀ ਮੁਰਮੂ, ਅਮਿਤ ਸ਼ਾਹ ਗ੍ਰਹਿ ਮੰਤਰੀ, ਹੋਮ ਸੈਕਟਰੀ ਭਾਰਤ ਸਰਕਾਰ ਸੁਨੀਲ ਕੁਮਾਰ ਝਾਅ ਡਾਇਰੈਕਟਰ ਸਿਵਲ ਡਿਫੈਂਸ ਭਾਰਤ ਸਰਕਾਰ ਅਤੇ ਸੰਜੀਵ ਕਾਲੜਾ ਆਈ ਪੀ ਐੱਸ



ਸਪੈਸ਼ਲ ਡੀ ਜੀ ਪੀ ਪੰਜਾਬ ਹੋਮ ਗਾਰਡਜ ਅਤੇ ਸਿਵਲ ਡਿਫੈਂਸ ਪੰਜਾਬ ਚੰਡੀਗੜ੍ਹ ਵੱਲੋਂ ਭੇਜੇ ਗਏ ਵਧਾਈ ਸੰਦੇਸ਼ ਪੜ ਕੇ ਸੁਣਾਏ ਗਏ ਅਤੇ ਸਮੂਹ ਹੋਮ ਗਾਰਡਜ ਅਤੇ ਸਿਵਲ ਡਿਫੈਂਸ ਅਧਿਕਾਰੀਆਂ/ਕਰਮਚਾਰੀਆਂ ਅਤੇ ਵਲੰਟੀਅਰਾਂ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ। ਇਸ ਮੌਕੇ ਸਿਵਲ ਡਿਫੈਂਸ ਦੇ ਚੀਫ ਵਾਰਡਨ ਪਰਮਿੰਦਰ ਸਿੰਘ ਥਿੰਦ, ਪ੍ਰੇਮ ਨਾਥ ਸ਼ਰਮਾ ਡਿਪਟੀ ਚੀਫ ਵਾਰਡਨ, ਹਰੀ ਰਾਮ ਖਿੰਦੜੀ, ਅਰੁਣ ਸ਼ਰਮਾ ਪੋਸਟ ਵਾਰਡਨ, ਰਾਜੇਸ਼ ਕੁਮਾਰ ਪੋਸਟ ਵਾਰਡਨ ਅਤੇ ਕਮਲਪ੍ਰੀਤ ਸਿੰਘ ਢਿੱਲੋਂ ਬਟਾਲੀਅਨ ਕਮਾਂਡਰ ਵਾਧੂ ਚਾਰਜ ਜ਼ਿਲ੍ਹਾ ਕਮਾਂਡਰ ਪੰਜਾਬ ਹੋਮਗਾਰਡਜ ਫਿਰੋਜ਼ਪੁਰ, ਗੁਰਲਵਦੀਪ ਸਿੰਘ ਗਰੇਵਾਲ ਬਟਾਲੀਅਨ ਕਮਾਂਡਰ ਫਿਰੋਜ਼ਪੁਰ ਨੂੰ ਚੰਗੀਆਂ ਸੇਵਾਵਾ ਬਦਲੇ ਵਿਸ਼ੇਸ਼ ਰੂਪ ਵਿਚ ਸਨਮਾਨਿਤ ਕੀਤਾ ਗਿਆ ਅਤੇ ਵੱਖ-ਵੱਖ ਡਿਊਟੀ ਸਥਾਨਾਂ 'ਤੇ ਡਿਊਟੀ ਕਰ ਰਹੇ ਸਮੂਹ ਪੰਜਾਬ ਹੋਮਗਾਰਡਜ ਜਵਾਨਾਂ ਦੀ ਸ਼ਲਾਘਾ ਕੀਤੀ ਅਤੇ ਹੋਰ ਵੀ ਉੱਚ ਪੱਧਰੀ ਡਿਊਟੀ ਕਰਨ ਲਈ ਪ੍ਰੇਰਿਤ ਕੀਤਾ ਗਿਆ। ਸਟੇਜ ਸੈਕਟਰੀ ਦੀ ਭੂਮਿਕਾ ਕੰਪਨੀ ਕਮਾਂਡਰ ਪਰਮਿੰਦਰ ਸਿੰਘ ਬਾਠ ਵੱਲੋਂ ਨਿਭਾਈ ਗਈ। ਪਰਮਿੰਦਰ ਸਿੰਘ ਥਿੰਦ ਚੀਫ ਵਾਰਡਨ ਵੱਲੋਂ ਆਪਣੇ ਸੰਬੋਧਨ ਵਿਚ ਪੰਜਾਬ ਹੋਮਗਾਰਡਜ ਦੇ ਜਵਾਨਾਂ ਦੀ ਡਿਊਟੀ ਦੀ ਸ਼ਲਾਘਾ ਕੀਤੀ ਅਤੇ ਜਵਾਨਾਂ ਨੂੰ ਸਥਾਪਨਾ ਦਿਵਸ ਦੀਆ ਸ਼ੁੱਭ ਕਾਮਨਾਵਾਂ ਦਿੱਤੀਆਂ। ਇਸ ਮੌਕੇ ਹੋਮਗਾਰਡਜ ਜਵਾਨਾਂ ਨੂੰ ਵਧੀਆ ਡਿਊਟੀਆਂ ਬਦਲੇ ਪ੍ਰਸੰਸਾ ਪੱਤਰ ਭੇਟ ਕੀਤੇ ਗਏ।

## ਰੁਕੀਆਂ ਤਨਖਾਹਾਂ ਤੁਰੰਤ ਕੀਤੀਆਂ ਜਾਣ ਜਾਰੀ : ਡੀ ਟੀ ਐਫ

**ਮਾਨਸਾ (ਆਤਮਾ ਸਿੰਘ ਪਮਾਰ)**- ਸਿੱਖਿਆ ਸਿਹਤ ਤੋਂ ਇਲਾਵਾ ਹਰ ਖੇਤਰ 'ਚ ਕ੍ਰਾਂਤੀ ਦੀਆਂ ਟਾਹਰਾਂ ਮਾਰਨ ਵਾਲੀ ਆਪ ਸਰਕਾਰ ਇੱਕ ਵਾਰ ਫਿਰ ਪੰਜਾਬ ਦੇ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਜਾਰੀ ਕਰਨ ਤੋਂ ਹੱਥ ਖੜ੍ਹੇ ਕਰ ਗਈ ਹੈ।ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਅਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਤੋਂ ਇਲਾਵਾ ਡੀ ਟੀ ਐਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਅਤੇ ਹਰਜਿੰਦਰ ਅਨੂਪਗੜ੍ਹ ਨੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਫੋਕੀ ਇਸ਼ਤਿਹਾਰਬਾਜ਼ੀ ਦੇ ਆਸਰੇ ਲੋਕਾਂ ਨੂੰ ਭਰਮਾਉਣ ਵਾਲੀ ਆਪ ਸਰਕਾਰ ਦਾ ਲੋਕ ਵਿਰੋਧੀ ਚਿਹਰਾ ਪੂਰੀ ਤਰ੍ਹਾਂ ਬੇਨਕਾਬ ਹੋ ਚੁੱਕਿਆ ਹੈ। ਆਗੂਆਂ ਨੇ ਦੱਸਿਆ ਕਿ ਇਸ ਵਾਰ ਵੀ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਤਨਖ਼ਾਹਾਂ 'ਤੇ ਜ਼ਮਾਂ ਜ਼ੁਬਾਨੀ ਰੋਕ ਲਗਾ ਦਿੱਤੀ ਹੈ। ਜਿਸ ਕਾਰਨ ਅਧਿਆਪਕ ਵਰਗ ਲਈ ਪ੍ਰੇਸ਼ਾਨੀਆਂ ਖੜ੍ਹੀਆਂ ਹੋ ਗਈਆਂ ਹਨ। ਉਨ੍ਹਾਂ ਕਿਹਾ ਕਿ ਇਹ ਵਰਤਾਰਾ ਪਿਛਲੇ ਲੰਬੇ ਸਮੇਂ ਤੋਂ ਲਗਾਤਾਰ ਜਾਰੀ ਹੈ। ਡੀ ਟੀ ਐਫ਼ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ ਤੇ ਗੁਰਪ੍ਰੀਤ ਭੀਖੀ ਨੇ ਕਿਹਾ ਕਿ ਜ਼ੁਬਾਨੀ ਹੁਕਮਾਂ ਅਨੁਸਾਰ ਕਿਸੇ ਵੀ ਮੁਲਾਜ਼ਮ ਦੀ ਤਨਖਾਹ ਰੋਕੀ ਨਹੀਂ ਜਾ ਸਕਦੀ। ਜਾਪਦਾ ਹੈ ਸਰਕਾਰ ਨਿਰੋਲ਼ ਧੱਕੇਸ਼ਾਹੀ 'ਤੇ ਉਤਾਰੂ



ਹੈ।ਉਨ੍ਹਾਂ ਕਿਹਾ ਕਿ ਆਪ ਸਰਕਾਰ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਦੇ 37 ਤਰ੍ਹਾਂ ਦੇ ਭੱਤਿਆਂ ਦੀ ਕਟੌਤੀ ਕਰਕੇ ਜੁਲਾਈ 2020 ਤੋਂ ਬਾਅਦ ਭਰਤੀ ਕੀਤੇ ਮੁਲਾਜ਼ਮਾਂ ਤੇ ਅਧੂਰਾ ਕੇਂਦਰੀ ਤਨਖਾਹ ਕਮਿਸ਼ਨ ਲਾਗੂ ਕਰਕੇ ਪੁਰਾਣੀ ਪੈਨਸ਼ਨ ਬਹਾਲੀ ਤੋਂ ਆਨਾਕਾਨੀ ਕਰਕੇ ਆਪਣੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦਾ ਪ੍ਰਗਟਾਵਾ ਨੰਗੇ ਚਿੱਟੇ ਰੂਪ 'ਚ ਕਰ ਦਿੱਤਾ ਹੈ। ਜਥੇਬੰਦੀ ਦੇ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਅਧਿਆਪਕ ਆਗੂਆਂ ਨੇ ਰੁਕੀਆਂ ਤਨਖਾਹਾਂ ਤੁਰੰਤ ਜਾਰੀ ਕਰਨ ਦੀ ਮੰਗ ਕਰਦਿਆਂ ਚੇਤਾਵਨੀ ਦਿੱਤੀ ਕਿ ਸੋਮਵਾਰ ਤੱਕ ਤਨਖਾਹਾਂ ਜਾਰੀ ਨਾ ਹੋਣ 'ਤੇ ਖਜ਼ਾਨਾ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਹਰਭਜਨ ਸਿੰਘ, ਦਮਨਜੀਤ ਸਿੰਘ, ਮਨਦੀਪ ਕੋਟਲੀ, ਸਿਕੰਦਰ ਕੋਟਲੀ,ਨਵੀਨ ਬੋਹਾ, ਕੁਲਦੀਪ ਅੱਕਾਂਵਾਲੀ,ਅਮਰੀਕ ਬੋਹਾ,ਰਾਜ ਸਿੰਘ, ਗੁਰਦੀਪ ਬਰਨਾਲਾ, ਚਰਨਪਾਲ ਸਿੰਘ, ਜਸਵਿੰਦਰ ਹਾਕਮਵਾਲਾ, ਬਲਕਾਰ ਸਿੰਘ, ਰਾਜਿੰਦਰ ਸਿੰਘ ਐਚ ਟੀ,ਗੁਰਦੀਪ ਝੰਡੂਕੇ, ਸੁਖਚੈਨ ਸੇਖੋਂ, ਮੱਘਰ ਸਿੰਘ, ਜਗਪਾਲ ਸਿੰਘ, ਅਰਵਿੰਦਰ ਸਿੰਘ, ਅਮਨਦੀਪ ਕੌਰ, ਬੇਅੰਤ ਕੌਰ, ਖੁਸ਼ਵਿੰਦਰ ਕੌਰ, ਅਮਰਪ੍ਰੀਤ ਕੌਰ, ਨਿਰਲੇਪ ਕੌਰ, ਮਨਵੀਰ ਕੌਰ, ਗੁਰਜੀਤ ਮਾਨਸਾ, ਅਮਰਜੀਤ ਸਿੰਘ,ਸੁਖਵਿੰਦਰ ਗਾਮੀਵਾਲਾ, ਜਸਵਿੰਦਰ ਕਾਮਰੇਡ, ਰੋਹਿਤ ਬੁਰਜ ਹਰੀ, ਹਰਵਿੰਦਰ ਸਮਾਓ, ਮਨਦੀਪ ਕੁਮਾਰ, ਕੁਲਵਿੰਦਰ ਦਲੇਲਵਾਲਾ, ਬਲਜਿੰਦਰ ਦਲੇਲਵਾਲਾ, ਧਰਮ ਸਿੰਘ,ਆਦਿ ਅਧਿਆਪਕ ਆਗੂ ਵੀ ਹਾਜ਼ਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

8-Dec-PAGE-3.qxd 12/7/2025 10:03 PM Page 1



# ਥਾਣੇ 'ਚ ਨੌਜਵਾਨ ਦੀ ਮੌਤ, ਪਰਿਵਾਰਕ ਮੈਂਬਰਾਂ ਵੱਲੋਂ ਨੈਸ਼ਨਲ ਹਾਈਵੇ ਜਾਮ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**

ਥਾਣਾ ਜੰਡਿਆਲਾ ਗੁਰੂ ਵਿਚ ਨੌਜਵਾਨ ਦੀ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ।ਜਾਣਕਾਰੀ ਮੁਤਾਬਕ ਪੁਲਸ ਨੌਜਵਾਨ ਨੂੰ ਰਾਤ ਵੇਲੇ ਉਸਦੇ ਘਰੋਂ ਚੁੱਕ ਕੇ ਲੈ ਗਈ ਸੀ, ਪਰ ਪਰਿਵਾਰ ਨੂੰ ਇਸ ਦਾ ਕੋਈ ਕਾਰਨ ਨਹੀਂ ਦੱਸਿਆ ਗਿਆ।ਮ੍ਰਿਤਕ ਨੌਜਵਾਨ ਦੀ ਪਛਾਣ 24 ਸਾਲਾ ਹਰਮਨ ਸਿੰਘ ਵਜੋਂ ਹੋਈ ਹੈ, ਜੋ ਕਿ ਹਲਕਾ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਕਿਲਾ ਮੇਕਾ ਥਾਣਾ ਜੰਡਿਆਲਾ ਦਾ ਰਹਿਣ ਵਾਲਾ ਹੈ ਪਰਿਵਾਰ ਵਾਲਿਆਂ ਨੇ ਇਹ ਆਰੋਪ ਲਗਾਇਆ ਹੈ। ਕੀ ਉਨ੍ਹਾਂ ਦੇ ਲੜਕੇ ਦੀ ਮੌਤ ਦਾ ਕਾਰਨ ਜੰਡਿਆਲਾ ਪੁਲਸ ਪ੍ਰਸ਼ਾਸਨ ਹੈ। ਇਸ ਕਰਕੇ ਉਨ੍ਹਾਂ ਨੇ ਥਾਣਾ ਜੰਡਿਆਲਾ ਅਤੇ ਨੈਸ਼ਨਲ ਹਾਈਵੇ ਅੰਮ੍ਰਿਤਸਰ ਜਲੰਧਰ ਜਾਮ ਲਾ ਕੇ ਬੰਦ ਕਰ ਦਿੱਤਾ। ਹਰਮਨ ਦੀ ਮਾਂ ਬਲਵਿੰਦਰ ਕੌਰ ਨੇ ਦੱਸਿਆ ਕਿ ਪੁਲਸ ਵਾਲੇ ਉਸਦੇ ਬੇਟੇ ਨੂੰ ਰਾਤ ਨੂੰ ਚੁੱਕ ਕੇ ਲੈ ਗਏ ਸਨ, ਕਿਉਂਕਿ ਪਿੰਡ ਵਿੱਚ ਕੋਈ ਲੜਾਈ-ਝਗੜਾ ਹੋਇਆ ਸੀ, ਪਰ ਉਸ ਨੇ ਪੁੱਤ ਨੂੰ ਪੁਲਸ ਲੈ ਗਈ ਹਾਲਾਂਕਿ ਹਰਮਨ ਕੋਲੋਂ ਕੋਈ ਗਲਤ ਚੀਜ਼ ਨਹੀਂ ਮਿਲੀ ਸੀ।ਮਾਂ ਨੇ ਦੱਸਿਆ ਕਿ ਰਾਤ ਕਰੀਬ 10 ਵਜੇ ਜਦੋਂ ਸਾਡੇ ਰਿਸ਼ਤੇਦਾਰ ਥਾਣੇ ਆਏ ਸਨ, ਤਾਂ ਉਹ ਬਿਲਕੁਲ ਠੀਕ ਸੀ।ਪਰ ਜਦੋਂ ਸਵੇਰੇ ਪਰਿਵਾਰ ਦੇ ਲੋਕ 6 ਵਜੇ ਨੌਜਵਾਨ ਲਈ ਚਾਹ-ਰੋਟੀ ਲੈ ਕੇ ਥਾਣੇ ਪਹੁੰਚੇ ਤਾਂ ਪੁਲਸ ਨੇ ਉਨ੍ਹਾਂ ਨੂੰ ਦੱਸਿਆ ਕਿ ਉਸ ਨੂੰ ਬੁਖਾਰ ਹੈ ਅਤੇ ਉਸਨੂੰ ਦਵਾਈ ਦਿਵਾਉਣ ਲਈ ਲੈ ਗਏ ਹਨ।ਪਰ



ਥੋੜ੍ਹੀ ਦੇਰ ਬਾਅਦ ਪਰਿਵਾਰ ਨੂੰ ਨੌਜਵਾਨ ਦੀ ਮੌਤ ਬਾਰੇ ਦੱਸਿਆ ਗਿਆ।ਮਾਂ ਬਲਵਿੰਦਰ ਕੌਰ ਨੇ ਰੋਂਦਿਆਂ ਹੋਇਆਂ ਦੋਸ਼ ਲਾਇਆ

ਕਿ ਮੇਰੇ ਬੱਚੇ ਨੂੰ ਪੁਲਸ ਵਾਲਿਆਂ ਨੇ ਕੁੱਟ-ਕੁੱਟ ਕੇ ਮਾਰਿਆ ਹੈ। ਉਸ ਨੇ ਇਹ ਵੀ ਕਿਹਾ ਕਿ ਉਸਦਾ ਬੇਟਾ ਕੋਈ ਨਸ਼ਾ ਵੀ ਨਹੀਂ ਕਰਦਾ ਸੀ।ਨੌਜਵਾਨ ਦੀ ਮੌਤ ਦੀ ਖ਼ਬਰ ਸੁਣਦੇ ਹੀ ਪਿੰਡ ਵਾਲੇ ਥਾਣੇ ਦੇ ਬਾਹਰ ਇਕੱਠੇ ਹੋ ਗਏ ਅਤੇ ਹਾਈਵੇਅ ਜਾਮ ਕਰ ਕੇ ਪੁਲਸ ਖ਼ਿਲਾਫ਼ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ।ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਾਇਆ ਕਿ ਨੌਜਵਾਨ ਦੀ ਮੌਤ ਥਾਣੇ ਵਿੱਚ ਕੁੱਟਮਾਰ ਕਾਰਨ ਹੋਈ ਹੈ ਅਤੇ ਉਨ੍ਹਾਂ ਨੇ ਮੌਤ ਦੇ ਕਾਰਨਾਂ ਦੀ ਜਾਂਚ ਕਰਨ ਅਤੇ ਜਾਣਕਾਰੀ ਦੇਣ ਦੀ ਮੰਗ ਕੀਤੀ। ਸਥਿਤੀ ਨੂੰ ਦੇਖਦੇ ਹੋਏ ਥਾਣੇ ਦੇ ਬਾਹਰ ਵਾਧੂ ਪੁਲਸ ਫੋਰਸ ਤਾਇਨਾਤ ਕਰ ਦਿੱਤੀ ਗਈ ਹੈ।ਇਸ ਮਾਮਲੇ ਵਿੱਚ, ਜੰਡਿਆਲਾ ਦੇ ਡੀਐੱਸਪੀ ਰਵਿੰਦਰ ਸਿੰਘ ਨੇ ਕਿਹਾ ਕਿ ਨੌਜਵਾਨ ਨੂੰ ਨਸ਼ੇ ਦੇ ਮਾਮਲੇ ਵਿੱਚ ਚੁੱਕਿਆ ਗਿਆ ਸੀ। ਉਨ੍ਹਾਂ ਕਿਹਾ ਕਿ ਮੌਤ ਕਿਵੇਂ ਹੋਈ, ਇਸ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਨੌਜਵਾਨ ਦਾ ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ, ਜਿਸ ਤੋਂ ਬਾਅਦ ਹੀ ਮੌਤ ਦੇ ਅਸਲ ਕਾਰਨ ਦਾ ਪਤਾ ਲੱਗੇਗਾ।ਡੀਐੱਸਪੀ ਨੇ ਕਿਹਾ ਕਿ ਪੂਰੀ ਜਾਂਚ ਹੋਣ ਤੋਂ ਬਾਅਦ ਹੀ ਇਸ ਮਾਮਲੇ 'ਤੇ ਕੁਝ ਕਿਹਾ ਜਾ ਸਕਦਾ ਹੈ।ਥਾਣੇ ਦੀ ਪੁਲਸ ਇਸ ਬਾਰੇ ਕੁਝ ਕਹਿਣ ਤੋਂ ਬਚ ਰਹੀ ਹੈ।

# ਕਿਸਾਨ ਮਜ਼ਦੂਰ ਜਥੇਬੰਦੀਆਂ ਵੱਲੋਂ ਬਿਜਲੀ ਸੋਧ ਬਿੱਲ-2025 ਖਿਲਾਫ ਰੋਸ ਰੈਲੀਆਂ ਅੱਜ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**

ਸੰਯੁਕਤ ਕਿਸਾਨ ਮੋਰਚਾ ਪੰਜਾਬ, ਬਿਜਲੀ ਮੁਲਾਜ਼ਮ ਅਤੇ ਮਜ਼ਦੂਰ ਜਥੇਬੰਦੀਆਂ ਵੱਲੋਂ ਬਿਜਲੀ ਸੋਧ ਬਿੱਲ-2025, ਸਰਕਾਰੀ ਵਿਭਾਗਾਂ ਦੀਆਂ ਜ਼ਮੀਨਾਂ ਵੇਚਣ, ਨਵੇਂ ਬਣਾਏ ਚਾਰ ਲੇਬਰ ਕੋਡ ਅਤੇ ਸੀਡ ਬਿੱਲ -2025 ਖਿਲਾਫ 8 ਦਸੰਬਰ ਨੂੰ ਪਾਵਰਕੌਮ ਦੀਆਂ ਸਮੂਹ ਸਬ-ਡਵੀਜ਼ਨਾਂ ਅੱਗੇ ਵਿਸ਼ਾਲ ਧਰਨੇ ਦੇਣ ਉਪਰੰਤ ਇਨ੍ਹਾਂ ਬਿੱਲਾਂ ਤੇ ਕਾਨੂੰਨਾਂ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ, ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਛੀਨਾ, ਜਮਹੂਰੀ ਕਿਸਾਨ ਸਭਾ ਦੇ ਕੁਲਵੰਤ ਸਿੰਘ ਮੱਲੂਨੰਗਲ, ਬੀ. ਕੇ. ਯੂ. ਉਗਰਾਹਾਂ ਦੇ ਕਸ਼ਮੀਰ ਸਿੰਘ ਧੰਗਈ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਸਤਨਾਮ ਸਿੰਘ ਝੰਡੇਰ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਬਿਜਲੀ ਵਿਭਾਗ ਦਾ ਮੁਕੰਮਲ ਨਿੱਜੀਕਰਨ ਕਰਨ ਲਈ ਕੇਂਦਰ ਸਰਕਾਰ ਨੇ ਕਾਰਪੋਰੇਟ ਘਰਾਣਿਆਂ ਦੀ ਲੁੱਟ ਨੂੰ ਮੁਨਾਫੇ ਲਈ ਬਿਜਲੀ ਸੋਧ ਬਿੱਲ-2025 ਲਿਆਂਦਾ ਹੈ।ਇਸ



ਬਿਜਲੀ ਸੋਧ ਬਿੱਲ ਤਹਿਤ ਹੀ ਕਾਮਿਆਂ ਦੀ ਕਿਰਤ ਦੀ ਲੁੱਟ ਨੂੰ ਤਿੱਖਾ ਕਰਦਿਆਂ ਲੇਬਰ ਕੋਡਾਂ ਨੂੰ ਲਾਗੂ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ ਅਤੇ ਇਸ ਦੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੀਆਂ ਜ਼ਮੀਨਾਂ ਵੇਚਣ ਦਾ ਫੈਸਲਾ ਕੀਤਾ ਹੈ।ਕਿਸਾਨਾਂ ਵਿਰੋਧੀ ਕੇਂਦਰ ਸਰਕਾਰ ਵੱਲੋਂ ਲਿਆਂਦੇ ਗਏ ਸੀਡ ਬਿੱਲ ਦੀ ਵੀ ਕਿਸਾਨਾਂ ਵਿੱਚ ਭਾਰੀ ਬੇਚੈਨੀ ਹੈ। ਆਗੂਆਂ ਨੇ ਦੱਸਿਆ ਕਿ ਕੇਂਦਰ ਅਤੇ ਪੰਜਾਬ ਸਰਕਾਰ ਖਿਲਾਫ ਲੋਕਾਂ ਨੂੰ ਚੇਤਨ ਕਰਨ ਲਈ ਪਹਿਲੇ ਪੜਾਅ ਵਿੱਚ ਇਨ੍ਹਾਂ ਬਿੱਲਾਂ ਤੇ ਕਾਨੂੰਨਾਂ ਖਿਲਾਫ ਰੋਹ ਭਰਪੂਰ ਰੈਲੀਆਂ ਅਤੇ ਮੁਜ਼ਾਹਰੇ ਕਰਕੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਜਾਵੇਗੀ ਕਿ ਇਨ੍ਹਾਂ ਬਿੱਲਾਂ ਅਤੇ ਕਾਨੂੰਨਾਂ ਨੂੰ ਰੱਦ ਕੀਤਾ ਜਾਵੇ, ਕਾਰਪੋਰੇਟ ਪੱਖੀ ਬਣਾਏ ਚਾਰ ਲੇਬਰ ਕੋਡ ਰੱਦ ਕਰਕੇ ਐਕਟ 1948 ਵਾਲੇ ਕਿਰਤ ਕਾਨੂੰਨ ਬਹਾਲ ਕੀਤੇ ਜਾਣ, ਪੰਜਾਬ ਸਰਕਾਰ ਵਿਧਾਨ ਸਭਾ ਅੰਦਰ ਬਿਜਲੀ ਬੋਰਡ ਦੇ ਕੀਤੇ ਜਾ ਰਹੇ ਕੇਂਦਰੀਕਰਨ, ਬਿਜਲੀ ਸੋਧ ਬਿੱਲ - 2025 ਅਤੇ ਸੀਡ ਬਿੱਲ ਨੂੰ ਰੱਦ ਕਰਨ ਦਾ ਮਤਾ ਪਾਸ ਕਰੇ।ਸਰਕਾਰੀ ਅਤੇ ਅਰਧ ਸਰਕਾਰੀ ਵਿਭਾਗਾਂ ਦੀਆਂ ਜ਼ਮੀਨਾਂ ਵੇਚਣ ਦੇ ਮਨਸੂਬਿਆਂ ਨੂੰ ਤੁਰੰਤ ਵਾਪਸ ਲਵੇ।ਕਿਸਾਨ, ਮਜ਼ਦੂਰ, ਮੁਲਾਜ਼ਮ ਅਤੇ ਬਿਜਲੀ ਮਹਿਕਮੇ ਦੇ ਆਗੂਆਂ ਨੇ ਕਿਹਾ ਕਿ ਜੇਕਰ ਕੇਂਦਰ ਅਤੇ ਪੰਜਾਬ ਸਰਕਾਰ ਨੇ ਇਨ੍ਹਾਂ ਬਿੱਲਾਂ ਅਤੇ ਕਾਨੂੰਨਾਂ ਨੂੰ ਵਾਪਸ ਨਾ ਲਿਆ ਤਾਂ 8 ਦਸੰਬਰ ਦੇ ਐਲਾਨ ਕੀਤੇ ਸੰਘਰਸ਼ ਨੂੰ ਲਾਗੂ ਕਰਨ ਤੋਂ ਬਾਅਦ ਕਿਸਾਨ, ਮਜ਼ਦੂਰ, ਬਿਜਲੀ ਮੁਲਾਜ਼ਮ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਕਰਕੇ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

# ਵਿਧਾਇਕ ਸੰਧੂ ਨੇ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਸੁਣੀਆਂ



**ਵੇਰਕਾ (ਰਾਣਾ)**-ਅੰਮ੍ਰਿਤਸਰ ਹਲਕਾ ਪੱਛਮੀ ਦੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਵੱਲੋਂ ਸਥਾਨਕ ਹਲਕੇ ਦੇ ਰਣਜੀਤ ਵਿਹਾਰ ਲੁਹਾਰਕਾ ਰੋਡ ਵਾਰਡ ਨੰ: 2 ਦੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਦੇ ਸਥਾਈ ਹੱਲ ਕਰਨ ਲਈ ਵੱਖ-ਵੱਖ ਮਹਿਕਮਿਆਂ ਦੇ ਅਧਿਕਾਰੀਆਂ ਨੂੰ ਮੌਕੇ ਤੇ ਦਿਸ਼ਾ ਨਿਰਦੇਸ਼ ਵੀ ਦਿੱਤੇ।ਇਸ ਦੌਰਾਨ ਵਿਧਾਇਕ ਡਾ. ਸੰਧੂ ਵੱਲੋਂ ਹਲਕੇ ਦੇ ਵੋਟਰਾਂ ਨੂੰ ਪੂਰਨ ਵਿਸ਼ਵਾਸ ਦਿਵਾਇਆ ਗਿਆ ਕਿ ਉਨ੍ਹਾਂ ਦੇ ਸਾਰੇ ਕੰਮ ਪਹਿਲ ਦੇ ਅਧਾਰ ਤੇ ਹੱਲ ਹੋਣਗੇ।ਆਪ ਆਗੂਆਂ ਦੀ ਟੀਮ ਦਿਨ ਰਾਤ ਤੁਹਾਡੀ ਸੇਵਾ ਵਾਸਤੇ ਤਤਪਰ ਹੈ।ਪੰਜਾਬ ਸਰਕਾਰ ਵੱਲੋਂ ਹਰੇਕ ਵਰਗ ਲਈ ਮਿਲਣ ਵਾਲੀਆਂ ਸਹੂਲਤਾਂ ਨਿਰਵਿਘਨ ਤੇ ਨਿਰਵਿਰੋਧ ਹਲਕੇ ਦੇ ਵੋਟਰਾਂ ਨੂੰ ਮਿਲਣਗੀਆਂ।ਇਸ ਮੌਕੇ ਉਨ੍ਹਾਂ ਨਾਲ ਵਾਰਡ ਨੰ: 2 ਦੇ ਕੌਂਸਲਰ ਅਮਰਜੀਤ ਸਿੰਘ ਗੁੰਮਟਾਲਾ ਵੀ ਮੌਜੂਦ ਸਨ।

# ਜ਼ਿਲ੍ਹਾ ਪ੍ਰੀਸ਼ਦ ਲਈ 73 ਤੇ ਬਲਾਕ ਸੰਮਤੀਆਂ ਲਈ 494 ਉਮੀਦਵਾਰ ਚੋਣ ਮੈਦਾਨ 'ਚ

**ਡੇਰਾ ਬਾਬਾ ਨਾਨਕ, ਗੁਰਦਾਸਪੁਰ, ਬਟਾਲਾ (ਰਮੇਸ਼ ਸ਼ਰਮਾ, ਜਨਕ ਮਹਾਜਨ, ਤਰਲੋਕ ਬੱਗਾ)**-ਗੁਰਦਾਸਪੁਰ ਜ਼ਿਲ੍ਹੇ ਵਿਚ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਲਈ ਨਾਮਜ਼ਦਗੀਆਂ ਵਾਪਸ ਲੈਣ ਪਿੱਛੋਂ ਜ਼ਿਲ੍ਹਾ ਪ੍ਰੀਸ਼ਦ ਲਈ 73 ਤੇ ਬਲਾਕ ਸੰਮਤੀਆਂ ਲਈ 494 ਉਮੀਦਵਾਰ ਚੋਣ ਮੈਦਾਨ ਵਿਚ ਰਹਿ ਗਏ ਹਨ ।ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਗੁਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਜ਼ਿਲ੍ਹਾ ਪ੍ਰੀਸ਼ਦ ਦੇ 25 ਜ਼ੋਨਾਂ ਲਈ 73 ਉਮੀਦਵਾਰ ਮੈਦਾਨ ਵਿੱਚ ਹਨ ਜਦਕਿ 11 ਬਲਾਕ ਸੰਮਤੀਆਂ ਦੇ 204 ਜ਼ੋਨਾਂ ਲਈ 494 ਉਮੀਦਵਾਰ ਮੈਦਾਨ ਵਿੱਚ ਰਹਿ ਗਏ ਹਨ ।ਉਨ੍ਹਾਂ ਦੱਸਿਆ ਕਿ ਬਲਾਕ ਸੰਮਤੀ ਦੀਨਾਨਗਰ ਵਿਖੇ 70, ਦੋਰਾਂਗਲਾ ਲਈ 51, ਗੁਰਦਾਸਪੁਰ ਲਈ 28 , ਧਾਰੀਵਾਲ ਲਈ 35, ਕਾਦੀਆਂ ਲਈ 47, ਫਤਿਹਗੜ੍ਹ ਚੂੜੀਆਂ ਲਈ 83, ਡੇਰਾ ਬਾਬਾ ਨਾਨਕ ਲਈ 29, ਕਾਹਨੂੰਵਾਨ 39, ਸ੍ਰੀ ਹਰਗੋਬਿੰਦਪੁਰ ਸਾਹਿਬ 51, ਬਟਾਲਾ ਲਈ 45 ਤੇ ਕਲਾਨੌਰ ਵਿੱਚ 16 ਉਮੀਦਵਾਰ ਚੋਣ ਮੈਦਾਨ ਵਿੱਚ ਰਹਿ ਗਏ ਹਨ।ਦੱਸਣਯੋਗ ਹੈ ਕਿ ਨਾਮਜ਼ਦਗੀ ਵਾਪਸ ਲੈਣ ਸਮੇਂ ਜ਼ਿਲ੍ਹਾ ਪ੍ਰੀਸ਼ਦ ਲਈ 38 ਤੇ ਬਲਾਕ ਸੰਮਤੀਆਂ ਲਈ 184 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਵਾਪਸ ਲਏ ਗਏ।ਵਧੀਕ ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਚੋਣ ਮਿਤੀ 14.12.2025 (ਐਤਵਾਰ) ਨੂੰ ਸਵੇਰੇ 08:00 ਵਜੇ ਤੋਂ ਸ਼ਾਮ ਦੇ 04:00 ਵਜੇ ਤੱਕ ਬੈਲਟ ਪੇਪਰਾਂ ਦੀ ਵਰਤੋਂ ਨਾਲ ਹੋਵੇਗੀ।ਪੋਲ ਹੋਈਆਂ ਵੋਟਾਂ ਦੀ ਗਿਣਤੀ 17 ਦਸੰਬਰ (ਬੁੱਧਵਾਰ) ਨੂੰ ਇਸ ਮੰਤਵ ਲਈ ਸਥਾਪਿਤ ਕੀਤੇ ਗਏ ਗਿਣਤੀ ਕੇਂਦਰਾਂ 'ਤੇ ਹੋਵੇਗੀ।



# ਬਲਾਕ ਸੰਮਤੀ ਧਾਰੀਵਾਲ ਦੇ 7 ਅਤੇ ਕਾਹਨੂੰਵਾਨ ਦੇ 2 ਉਮੀਦਵਾਰ ਬਿਨਾਂ ਮੁਕਾਬਲਾ ਜੇਤੂ ਰਹੇ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਬਲਾਕ ਸਮਿਤੀ ਦੀਆਂ 14 ਦਸੰਬਰ ਨੂੰ ਹੋ ਰਹੀਆਂ ਚੋਣਾਂ ਲਈ ਵਿਧਾਨ ਸਭਾ ਹਲਕਾ ਕਾਦੀਆਂ ਦੇ ਬਲਾਕ ਸੰਮਤੀ ਧਾਰੀਵਾਲ ਦੇ ਕੁੱਲ 17 ਜ਼ੋਨਾਂ ਵਿੱਚੋਂ ਆਮ ਆਦਮੀ ਪਾਰਟੀ ਦੇ 7 ਉਮੀਦਵਾਰ ਬਿਨਾਂ ਮੁਕਾਬਲੇ ਜੇਤੂ ਰਹੇ ਅਤੇ ਬਲਾਕ ਸੰਮਤੀ ਕਾਹਨੂੰਵਾਨ ਦੇ ਦੋ ਉਮੀਦਵਾਰ ਬਿਨਾਂ ਮੁਕਾਬਲੇ ਜੇਤੂ ਰਹੇ। ਜ਼ਿਕਰਯੋਗ ਹੈ ਕਿ ਵਿਧਾਨ ਸਭਾ ਹਲਕਾ ਕਾਦੀਆਂ ਅੰਦਰ ਦੋ ਸੰਮਤੀ ਬਲਾਕ (ਧਾਰੀਵਾਲ ਤੇ ਕਾਹਨੂੰਵਾਨ) ਪੈਂਦੇ ਹਨ। ਜਾਣਕਾਰੀ ਅਨੁਸਾਰ ਬਲਾਕ ਸੰਮਤੀ ਧਾਰੀਵਾਲ ਦੇ ਜੇਤੂ ਉਮੀਦਵਾਰਾਂ ਵਿੱਚ ਜ਼ੋਨ ਬੱਲ ਤੋਂ ਮਾਲਕ ਸਿੰਘ, ਡੱਡਵਾਂ ਤੋਂ ਸ਼ਰਨਜੀਤ ਕੌਰ, ਕਲਿਆਣਪੁਰ ਤੋਂ ਗੁਰਦੀਪ ਸਿੰਘ, ਸੋਹਲ ਤੋਂ ਰਾਣੋ ਦੇਵੀ, ਫਤਿਹਨੰਗਲ ਤੋਂ ਸਰਬਜੀਤ ਕੌਰ, ਲੇਹਲ ਤੋਂ ਜੋਤੀ ਅਤੇ ਨਾਥਪੁਰ ਤੋਂ ਮਲਕੀਅਤ ਸਿੰਘ ਜੇਤੂ ਰਹੇ। ਜਦਕਿ ਬਲਾਕ ਸੰਮਤੀ ਕਾਹਨੂੰਵਾਨ ਦੇ 15 ਜ਼ੋਨਾਂ ਵਿੱਚੋਂ ਦੋ ਉਮੀਦਵਾਰ ਬਿਨਾਂ ਮੁਕਾਬਲੇ (ਜ਼ੋਨ ਚੱਕ ਸ਼ਰੀਫ ਤੋਂ ਇੰਦਰਜੀਤ ਸਿੰਘ ਅਤੇ ਜ਼ੋਨ ਫੇਰੋਚੀਚੀ ਤੋਂ ਹਰਦਿਆਲ ਸਿੰਘ ਧੱਕੜ) ਜੇਤੂ ਰਹੇ। ਜੇਤੂ ਉਮੀਦਵਾਰਾਂ ਨੂੰ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ ਨੇ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਅਤੇ ਵਧਾਈ ਦਿੱਤੀ। ਬਲਾਕ ਸਮਿਤੀ ਧਾਰੀਵਾਲ ਦੇ ਰਿਟਰਨਿੰਗ ਅਫਸਰ ਤੇ ਤਹਿਸੀਲਦਾਰ ਗੁਰਦਾਸਪੁਰ ਰੇਸ਼ਮ ਸਿੰਘ ਨੇ ਦੱਸਿਆ ਬਲਾਕ ਸਮਿਤੀ ਧਾਰੀਵਾਲ ਦੇ ਕੁੱਲ 17 ਜ਼ੋਨਾਂ ਵਿੱਚੋਂ ਕੁੱਲ 76 ਉਮੀਦਵਾਰਾਂ ਨੇ ਨਾਮਜਦਗੀ



ਕਾਗਜ਼ ਦਾਖਲ ਕਰਵਾਏ ਸਨ। ਇਨ੍ਹਾਂ ਕਾਗਜ਼ਾਂ ਦੀ ਪੜਤਾਲ ਕਰਨ 'ਤੇ 25 ਉਮੀਦਵਾਰਾਂ ਦੇ ਕਾਗਜ਼ ਰੱਦ ਹੋਏ,16 ਉਮੀਦਵਾਰਾਂ ਨੇ ਆਪਣੇ ਕਾਗਜ਼ ਵਾਪਸ ਲਏ ਅਤੇ 7 ਉਮੀਦਵਾਰ ਬਿਨਾਂ ਮੁਕਾਬਲੇ ਜੇਤੂ ਰਹੇ ਹਨ। ਹੁਣ 17 ਜ਼ੋਨਾਂ ਵਿੱਚੋਂ ਬਾਕੀ ਰਹਿੰਦੇ 10 ਜ਼ੋਨਾਂ ਵਿੱਚ ਕੁੱਲ 28 ਯੋਗ ਉਮੀਦਵਾਰ ਚੋਣ ਮੈਦਾਨ ਵਿੱਚ ਰਹਿ ਗਏ ਹਨ। ਯੋਗ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਅਲਾਟ ਕਰ ਦਿੱਤੇ ਗਏ ਹਨ। ਜ਼ਿਕਰਯੋਗ ਹੈ ਕਿ ਜੇਤੂ ਉਮੀਦਵਾਰ ਸਾਰੇ ਹੀ ਆਮ ਆਦਮੀ ਪਾਰਟੀ ਦੇ ਹਨ।

# 84 ਉਮੀਦਵਾਰਾਂ ਵੱਲੋਂ ਭਰੇ ਨਾਮਜ਼ਦਗੀ ਪੱਤਰਾਂ 'ਚੋਂ ਸਿਰਫ ਇੱਕ ਦੇ ਪੇਪਰ ਰੱਦ

**ਮਜੀਠਾ (ਸੋਇਮ ਆਨੰਦ)**-ਬਲਾਕ ਸੰਮਤੀ ਦੇ ਜ਼ੋਨ ਮਜੀਠਾ ਅਤੇ ਮਜੀਠਾ-2 ਵਾਸਤੇ ਨਾਮਜ਼ਦਗੀ ਪੱਤਰ ਲੈਣ ਤੋਂ ਬਾਅਦ ਇਨ੍ਹਾਂ ਦੀ ਪੜਤਾਲ ਦਾ ਕੰਮ ਮੁਕੰਮਲ ਹੋ ਚੁੱਕਾ ਹੈ।ਇਸ ਸਬੰਧੀ ਰਿਟਰਨਿੰਗ ਅਫਸਰ-ਕਮ-ਖੇਤਰੀ ਟਰਾਂਸਪੋਰਟ ਅਫਸਰ ਖੁਸ਼ਦਿਲ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬਲਾਕ ਸੰਮਤੀ ਜ਼ੋਨ ਮਜੀਠਾ ਵਾਸਤੇ 36 ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਾਏ ਸਨ ਜਿਨ੍ਹਾਂ ਵਿੱਚੋਂ ਬਲਾਕ ਸੰਮਤੀ ਟਰਪਈ ਜਿਹੜੀ ਕਿ ਅਨੁਸੂਚਿਤ ਜਾਤੀ ਇਸਤਰੀ ਵਾਸਤੇ ਰਾਖਵੀਂ ਸੀਟ ਸੀ, ਵਾਸਤੇ 2 ਉਮੀਦਵਾਰਾਂ ਵੱਲੋਂ ਪੇਪਰ ਭਰੇ ਗਏ ਸਨ, ਜਿਨ੍ਹਾਂ ਵਿੱਚੋਂ ਇੱਕ ਉਮੀਦਵਾਰ ਦੇ ਪੇਪਰ ਰੱਦ ਹੋਏ ਹਨ।ਇਸੇ ਤਰ੍ਹਾਂ ਬਲਾਕ ਸੰਮਤੀ ਜ਼ੋਨ ਮਜੀਠਾ-2 ਵਾਸਤੇ 45 ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਭਰੇ ਸਨ ਜਿਨ੍ਹਾਂ ਸਾਰੇ ਉਮੀਦਵਾਰਾਂ ਦੇ ਪੇਪਰ ਸਹੀ ਪਾਏ ਗਏ।ਉਨ੍ਹਾਂ ਦੱਸਿਆ ਕਿ ਹੁਣ ਬਲਾਕ ਸੰਮਤੀ ਮਜੀਠਾ ਵਾਸਤੇ 35 ਅਤੇ ਮਜੀਠਾ -2 ਵਾਸਤੇ 45 ਉਮੀਦਵਾਰ ਮੈਦਾਨ ਵਿਚ ਹਨ। ਇਸ ਤਰ੍ਹਾਂ ਕੁਲ 80 ਉਮੀਦਵਾਰ ਹਨ ਜਿਨ੍ਹਾਂ ਨੂੰ ਚੋਣ ਨਿਸ਼ਾਨ ਅਲਾਟ ਕੀਤੇ ਜਾਣਗੇ।

## ਮਾਮਲਾ ਬੀਤੇ ਦਿਨੀਂ ਨਾਮਜ਼ਦਗੀ ਫਾਰਮ ਨਾ ਜਮ੍ਹਾ ਹੋਣ ਸੰਬੰਧੀ ਲੱਗੇ ਧਰਨੇ ਦਾ

# ਕਾਂਗਰਸ ਤੇ ਅਕਾਲੀਆਂ ਕੋਲ ਉਮੀਦਵਾਰ ਹੀ ਨਹੀਂ ਸਿਰਫ ਡਰਾਮੇਬਾਜ਼ੀ ਕੀਤੀ : ਤਲਬੀਰ ਗਿੱਲ



**ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)**

ਹਲਕਾ ਮਜੀਠਾ ਵਿਚ ਜਦ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਆਗੂਆਂ ਵੱਲੋਂ ਨਾਮਜ਼ਦਗੀ ਫਾਰਮ ਜਮ੍ਹਾ ਨਾ ਹੋਣ ਦੇ ਰੋਸ ਵਜੋਂ ਪ੍ਰਸ਼ਾਸਨ ਅਤੇ ਆਪ ਸਰਕਾਰ ਖਿਲਾਫ ਨਾਅਰੇਬਾਜ਼ੀ ਸ਼ੁਰੂ ਕੀਤੀ ਗਈ ਤਾਂ ਉਸ ਸਮੇਂ ਹਲਕਾ ਮਜੀਠਾ ਦੇ ਆਪ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਬੋਲਦਿਆਂ ਕਿਹਾ ਕਿ ਪਿਛਲੇ 4 ਦਿਨਾਂ ਤੋਂ ਹਲਕਾ ਮਜੀਠਾ ਦੇ ਬਲਾਕ ਸੰਮਤੀ ਉਮੀਦਵਾਰਾਂ ਦੇ ਕਾਗਜ਼ ਦਾਖਲ ਹੋ ਰਹੇ ਹਨ ਪਰ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਕੋਲ ਉਮੀਦਵਾਰ ਹੀ ਨਹੀਂ ਹਨ, ਇਹ ਸਿਰਫ ਡਰਾਮੇਬਾਜ਼ੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਦੇ ਪਰਿਵਾਰਕ ਮੈਂਬਰਾਂ ਨੂੰ ਜ਼ਬਰਦਸਤੀ ਉਮੀਦਵਾਰ ਖੜ੍ਹਾ ਕੀਤਾ ਹੈ। ਉਨ੍ਹਾਂ ਦੋਵਾਂ ਪਾਰਟੀਆਂ ਦੇ ਆਗੂਆਂ ਨੂੰ ਕਿਹਾ ਕਿ ਦੱਸੋ ਮਜੀਠਾ ਦੇ ਜ਼ੋਨਾਂ ਬਾਰੇ ਕਿਹੜੇ-ਕਿਹੜੇ ਉਮੀਦਵਾਰ ਤੁਹਾਡੇ ਨਾਲ ਆਏ ਹਨ ਅਤੇ ਅਗਰ ਤੁਹਾਡੇ ਪਾਸ ਉਮੀਦਵਾਰ ਹਨ ਤਾਂ ਮੇਰੇ ਨਾਲ ਆਓ ਮੈਂ ਤੁਹਾਡੇ ਨਾਲ ਫਾਰਮ ਜਮ੍ਹਾ ਕਰਵਾਉਂਦਾ ਹਾਂ। ਪਰ ਅਸਲੀਅਤ ਇਹ ਹੈ ਕਿ ਇਨ੍ਹਾਂ ਦੋਵਾਂ ਪਾਰਟੀਆਂ ਕੋਲ ਉਮੀਦਵਾਰ ਹੀ ਨਹੀਂ। ਇਸ ਸਬੰਧੀ ਦੂਸਰੀਆਂ ਪਾਰਟੀਆਂ ਦੇ ਆਗੂਆਂ ਨਾਲ ਸੰਪਰਕ ਕਰਕੇ ਉਨ੍ਹਾਂ ਦਾ ਪੱਖ ਜਾਨਣਾ ਚਾਹਿਆ ਪਰ ਸੰਪਰਕ ਨਹੀਂ ਹੋ ਸਕਿਆ।

# ਕਿਸਾਨ ਯੂਨੀਅਨ (ਉਗਰਾਹਾਂ) ਵੱਲੋਂ ਥਾਣਾ ਕੱਥੂਨੰਗਲ ਨੂੰ ਘੇਰਨ ਦੀ ਚਿਤਾਵਨੀ



**ਵੇਰਕਾ (ਰਾਣਾ)**

ਪੁਲਸ ਥਾਣਾ ਕੱਥੂਨੰਗਲ ਦੇ ਏ. ਐੱਸ. ਆਈ. ਉਪਰ ਮੰਗੇ ਗਏ ਰਿਸ਼ਵਤ ਦੇ ਪੈਸੇ ਨਾ ਮਿਲਣ ਕਾਰਨ ਦੋਸ਼ੀਆਂ ਖਿਲਾਫ ਕਾਨੂੰਨ ਅਨੁਸਾਰ ਕੋਈ ਵੀ ਕਾਨੂੰਨੀ ਕਾਰਵਾਈ ਨਾ ਕਰਨ ਦੇ ਗੰਭੀਰ ਦੋਸ਼ ਲੱਗੇ ਹਨ। ਇਸ ਬਾਬਤ ਬਾਬਾ ਸੁਖਵਿੰਦਰ ਸਿੰਘ ਪੁੱਤਰ ਰਾਮ ਸਿੰਘ ਪਿੰਡ ਕੋਟਲਾ ਖੁਰਦ ਥਾਣਾ ਕੱਥੂਨੰਗਲ ਪੁਲਸ ਜ਼ਿਲ੍ਹਾ ਅੰਮ੍ਰਿਤਸਰ (ਦਿਹਾਤੀ) ਨੇ ਸਵੈ-ਸਪੱਸ਼ਟ ਤਸਦੀਕਸ਼ੁਦਾ ਹਲਫ਼ੀਆ ਬਿਆਨ ਦਿੰਦੇ ਹੋਏ ਏ. ਐੱਸ. ਆਈ. ਭੁਪਿੰਦਰ ਸਿੰਘ (97800-04489) ਥਾਣਾ ਕੱਥੂਨੰਗਲ 'ਤੇ ਦੋਸ਼ੀਆਨ ਖਿਲਾਫ ਕਾਨੂੰਨੀ ਕਾਰਵਾਈ ਕਰਨ ਲਈ ਹਜ਼ਾਰਾਂ ਰੁਪਏ ਦੀ ਰਿਸ਼ਵਤ ਮੰਗਣ ਦੇ ਦੋਸ਼ ਲਗਾਏ ਹਨ।ਉਨ੍ਹਾਂ ਦੱਸਿਆ ਕਿ ਉਕਤ ਥਾਣੇਦਾਰ ਵੱਲੋਂ ਮੰਗੇ ਪੈਸੇ ਨਾ ਦੇਣ ਦੀ ਸੂਰਤ 'ਚ ਵਿਰੋਧੀ ਖੇਮੇ ਵੱਲੋਂ ਜਾਅਲੀ ਤੇ ਝੂਠੀਆਂ ਦੋਸਤਾਨਾ ਸੱਟਾਂ ਲਵਾ ਕੇ ਗਲਤ ਢੰਗ ਨਾਲ ਬਣਾਈ ਹੋਈ ਮੈਡੀਕਲ ਰਿਪੋਰਟ ਦੇ ਆਧਾਰ 'ਤੇ ਸਾਡੇ ਵਿਰੁੱਧ ਕਾਰਵਾਈ ਕਰਨ ਸੰਬੰਧੀ ਧਮਕਾਉਂਦਾ ਵੀ ਹੈ।ਇਸ ਦੌਰਾਨ ਉਕਤ ਥਾਣੇਦਾਰ ਵੱਲੋਂ ਕਾਨੂੰਨ ਅਨੁਸਾਰ ਲੋੜੀਂਦੀ ਕਾਰਵਾਈ ਨਾ ਕਰਨ, ਰਿਸ਼ਵਤ ਮੰਗਣ ਅਤੇ ਇਨਸਾਫ ਨਾ ਦਿਵਾਉਣ ਬਾਬਤ ਸੁਖਵਿੰਦਰ ਸਿੰਘ ਨੇ ਮਾਨਯੋਗ ਮੁੱਖ ਮੰਤਰੀ ਸਾਹਿਬ, ਪੰਜਾਬ ਸਰਕਾਰ, ਮਾਨਯੋਗ ਡੀਜੀਪੀ ਪੁਲਸ ਵਿਭਾਗ ਪੰਜਾਬ, ਮਾਨਯੋਗ ਡੀਆਈਜੀ (ਬਾਰਡਰ ਰੇਂਜ) ਅੰਮ੍ਰਿਤਸਰ, ਮਾਨਯੋਗ ਐੱਸਐੱਸਪੀ ਪੁਲਸ ਜ਼ਿਲ੍ਹਾ ਅੰਮ੍ਰਿਤਸਰ (ਦਿਹਾਤੀ) ਅਤੇ ਮਾਨਯੋਗ ਡੀਐੱਸਪੀ ਉਪ ਮੰਡਲ ਮਜੀਠਾ ਪਾਸੋਂ ਇਨਸਾਫ ਦਿਵਾਏ ਜਾਣ ਦੀ ਗੁਹਾਰ ਲਗਾਈ ਹੈ।ਇਸੇ ਹੀ ਦੌਰਾਨ ਉਪਰੋਕਤ ਮਾਮਲੇ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਬਲਾਕ ਪ੍ਰਧਾਨ ਬਾਬਾ ਜਗਜੀਵਨ ਸਿੰਘ ਤਲਵੰਡੀ ਖੁੰਮਣ ਦੀ ਪ੍ਰਧਾਨਗੀ ਹੇਠ ਇੱਕ ਅਹਿਮ ਤੇ ਹੰਗਾਮੀ ਮੀਟਿੰਗ ਹੋਈ ਜਿਸ ਵਿੱਚ ਉਕਤ ਭ੍ਰਿਸ਼ਟ ਥਾਣੇਦਾਰ ਦੀ ਕਾਰਜਸ਼ੈਲੀ, ਭੁੱਖੜ ਅਤੇ ਘਟੀਆ ਰਵੱਈਏ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਅਤੇ ਇਸਦੇ ਖਿਲਾਫ ਸਖ਼ਤ ਕਾਰਵਾਈ ਕਰਨ ਲਈ ਪੁਲਸ ਪ੍ਰਸ਼ਾਸਨ ਦੇ ਉਚ ਅਧਿਕਾਰੀਆਂ ਪਾਸੋਂ ਇਨਸਾਫ ਦੀ ਮੰਗ ਕੀਤੀ ਗਈ।ਇਸ ਮੌਕੇ ਉਪਰੋਕਤ ਕਿਸਾਨ ਆਗੂਆਂ ਨੇ ਪੁਲਸ ਖਿਲਾਫ ਨਾਅਰੇਬਾਜ਼ੀ ਕੀਤੀ ਅਤੇ ਉਕਤ ਏਐੱਸਆਈ ਖਿਲਾਫ ਕਾਰਵਾਈ ਨਾ ਹੋਣ ਦੀ ਸੂਰਤ ਵਿੱਚ ਪੁਲਸ ਥਾਣੇ ਦਾ ਘਿਰਾਓ ਕਰਨ ਦੀ ਵੀ ਚੇਤਾਵਨੀ ਦਿੱਤੀ।ਇਸ ਬਾਬਤ ਮਾਨਯੋਗ ਐੱਸਐੱਸਪੀ ਸਾਹਿਬ ਜ਼ਿਲ੍ਹਾ ਅੰਮ੍ਰਿਤਸਰ (ਦਿਹਾਤੀ) ਨਾਲ ਪੱਖ ਜਾਨਣ ਲਈ ਸੰਪਰਕ ਕੀਤਾ ਗਿਆ ਪਰ ਗੱਲਬਾਤ ਨਹੀਂ ਹੋ ਸਕੀ।

# ਕਾਲਜ ਆਫ ਨਰਸਿੰਗ ਖੈਰਦੀ ਵਿਖੇ ਕਰਵਾਇਆ ਗੈਸਟ ਲੈਕਚਰ ਸਫਲ ਰਿਹਾ



**ਝਬਾਲ (ਹਰਜਿੰਦਰ ਸਿੰਘ ਸੋਨੀ)**

ਅੰਮ੍ਰਿਤਸਰ ਇੰਸਟੀਚਿਊਟ ਆਫ਼ ਪੈਰਾ-ਮੈਡੀਕਲ ਸਾਇੰਸਜ਼ ਖੈਰਦੀ ਤਰਨਤਾਰਨ ਵੱਲੋਂ ਇੱਕ ਗੈਸਟ ਲੈਕਚਰ ਕਰਵਾਇਆ ਗਿਆ, ਜਿਸ ਵਿੱਚ ਵਿਕਾਸ ਜੋਸ਼ੀ, ਅਸਿਸਟੈਂਟ ਪ੍ਰੋਫੈਸਰ, ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨੋਲੋਜੀ, ਅੰਮ੍ਰਿਤਸਰ ਨੂੰ ਸਨਮਾਨਿਤ ਕੀਤਾ ਗਿਆ।ਲੈਕਚਰ ਬੀਐੱਸਸੀ. ਐਨਿਸਥੀਸੀਆ ਐਂਡ ਓ. ਟੀ. ਟੈਕਨੋਲੋਜੀ, ਬੀਐੱਸਸੀ ਰੇਡੀਓਲੋਜੀ, ਬੀਐੱਸਸੀ ਮੈਡੀਕਲ ਲੈਬ ਸਾਇੰਸਜ਼, ਬੀਐੱਸਸੀ ਕਾਰਡਿਅਕ ਕੇਅਰ ਟੈਕਨੋਲੋਜੀ ਅਤੇ ਬੈਚਲਰ ਆਫ਼ ਆਪਟੀਮੇਟਰੀ ਦੇ ਵਿਦਿਆਰਥੀਆਂ ਲਈ ਆਯੋਜਿਤ ਕੀਤਾ ਗਿਆ ਸੀ। ਲੈਕਚਰ ਵਿਦਿਆਰਥੀਆਂ ਲਈ ਬਹੁਤ ਹੀ ਲਾਭਦਾਇਕ ਸਾਬਤ ਹੋਇਆ ਕਿਉਂਕਿ ਉਨ੍ਹਾਂ ਨੂੰ ਬਾਇਓਕੈਮਿਸਟਰੀ ਦੇ ਮੁੱਢਲੇ ਸੰਕਲਪਾਂ, ਕਲੀਨਿਕਲ ਮਹੱਤਤਾ ਅਤੇ ਲੈਬ ਵਿੱਚ ਇਸ ਦੇ ਉਪਯੋਗ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਾਪਤ ਹੋਈ।ਸਮਾਰੋਹ ਦੀ ਮੇਜ਼ਬਾਨੀ ਪ੍ਰਿੰਸੀਪਲ ਡਾ. ਸੰਦੀਪ ਸਿੰਘ ਨੇ ਕੀਤੀ, ਜਿਨ੍ਹਾਂ ਨੇ ਸਪੀਕਰ ਦੇ ਯੋਗਦਾਨ ਦੀ ਬੜੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਐਕਸਪਰਟ ਲੈਕਚਰ ਵਿਦਿਆਰਥੀਆਂ ਦੀ ਅਕਾਦਮਿਕ ਯਾਤਰਾ ਨੂੰ ਹੋਰ ਮਜ਼ਬੂਤ ਬਣਾਉਂਦੇ ਹਨ।ਡਾ. ਨਿਪੁੰਨ ਪਾਸੀ ਡਾਇਰੈਕਟਰ ਅੰਮ੍ਰਿਤਸਰ ਇੰਸਟੀਚਿਊਟਸ ਨੇ ਸਪੀਕਰ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੇ ਗਿਆਨਵਰਧਕ ਸੈਸ਼ਨਾਂ ਵਿੱਚ ਸਰਗਰਮ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਸਮਾਰੋਹ ਦੀ ਸਮਾਪਤੀ ਵੋਟ ਆਫ਼ ਥੈਂਕਸ ਨਾਲ ਹੋਈ ਅਤੇ ਵਿਦਿਆਰਥੀਆਂ ਨੇ ਇਸ ਮਹੱਤਵਪੂਰਨ ਸਿੱਖਿਆਤਮਕ ਲੈਕਚਰ ਦੀ ਖੂਬ ਪ੍ਰਸ਼ੰਸਾ ਕੀਤੀ।

# ਗੁਰੂ ਤੇ.ਗ ਬਹਾਦਰ ਸਾਹਿਬ ਦਾ ਸ਼ਹੀਦੀ ਦਿਹਾੜਾ ਮਨਾਉਣ ਲਈ ਕਿਸਾਨ ਜਥੇਬੰਦੀ ਵੱਲੋਂ ਮੀਟਿੰਗ



**ਪੱਟੀ, (ਬਲਦੇਵ ਸਿੰਘ ਸੰਧੂ)**

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਸਬੰਧੀ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੀ ਅਹਿਮ ਮੀਟਿੰਗ ਪਿੰਡ ਪਰਿੰਗੜੀ ਵਿਖੇ ਧੰਨ-ਧੰਨ ਬਾਬਾ ਹਰਨਾਮ ਸਿੰਘ ਗੁਰਦੁਆਰਾ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਿਕ ਭਾਰਤ ਦੇ ਸੱਦੇ ਤੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੀ ਮੀਟਿੰਗ ਹੋਈ। ਮੀਟਿੰਗ ਵਿੱਚ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਸੂਬਾ ਪ੍ਰਧਾਨ ਇੰਦਰਜੀਤ ਸਿੰਘ ਨੇ ਕਿਹਾ ਕਿ 11 ਦਸੰਬਰ ਨੂੰ ਗੁਰਦੁਆਰਾ ਬਾਬਾ ਬੁਕਾਲਾ ਵਿਖੇ 350 ਸਾਲ ਗੁਰੂ ਤੇਗ ਬਹਾਦਰ ਅਤੇ ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲਾ ਜੀ ਦੀ ਸ਼ਹਾਦਤ ਨੂੰ ਸਮਰਪਿਤ ਹੋ ਕੇ ਯਾਦ ਨੂੰ ਤਾਜ਼ਾ ਕੀਤਾ ਜਾਵੇਗਾ ਅਤੇ ਸੁਖਮਨੀ ਸਾਹਿਬ ਦਾ ਪਾਠ ਕਰਵਾ ਕੇ ਕਥਾਵਾਚਕ ਕਥਾ ਕਰਕੇ ਅਤੇ ਸੁਖਦੇਵ ਸਿੰਘ ਮੰਡ ਕਵੀਸ਼ਰੀ ਰਾਹੀਂ ਗੁਰੂ ਸਾਹਿਬ ਦੇ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਜਾਵੇਗਾ ਅਤੇ ਗੈਰ-ਰਾਜਨੀਤਿਕ ਮੋਰਚਾ ਭਾਰਤ ਵੱਲੋਂ ਵੱਖ-ਵੱਖ ਬੁਲਾਰੇ ਸੰਬੋਧਨ ਕਰਕੇ ਕਿਸਾਨਾਂ ਅਤੇ ਨੌਜਵਾਨਾਂ ਨੂੰ ਗੁਰੂ ਸਾਹਿਬ ਦੇ ਸਿਰਜੇ ਹੋਏ ਇਤਿਹਾਸ ਤੋਂ ਜਾਣੂ ਕਰਵਾਉਣਗੇ। ਕੋਟ ਬੁੱਢਾ ਨੇ ਕਿਸਾਨਾਂ ਨੂੰ ਪਰਿਵਾਰਾਂ ਸਮੇਤ ਪਹੁੰਚ ਲਈ ਅਪੀਲ ਕੀਤੀ ਗਈ ।ਵੱਖ-ਵੱਖ ਮੁੱਦਿਆਂ 'ਤੇ ਵੀ ਵਿਚਾਰ ਚਰਚਾ ਕੀਤੀ ਗਈ ਅਤੇ ਮੀਟਿੰਗ ਵਿੱਚ ਬਾਬਾ ਪ੍ਰਗਟ ਸਿੰਘ ਪਿੰਰਗੜੀ, ਸੁਖਵੰਤ ਸਿੰਘ ਦੁਬਲੀ, ਸੁੱਚਾ ਸਿੰਘ ਲੱਦੂ ਸਾਹਿਬ ਸਿੰਘ ਸੱਭਰਾ, ਪ੍ਰਗਟ ਸਿੰਘ ਚੰਬਾ, ਹਰਜੀਤ ਸਿੰਘ ਜੌਹਲ, ਕਾਵਲ ਸਿੰਘ ਵਰਿਆਂ, ਦੀਦਾਰ ਸਿੰਘ, ਹਰਭਾਲ ਸਿੰਘ ਘਰਿਆਲਾ, ਲਾਖਣਾ, ਸੁਖਦੇਵ ਸਿੰਘ ਸੀਤੋ, ਜੁਗਿੰਦਰ ਸਿੰਘ ਤੂਤ, ਰਾਜ ਸਿੰਘ, ਮੁਖਤਿਆਰ ਸਿੰਘ ਤਲਵੰਡੀ, ਗੁਰਦੇਵ ਸਿੰਘ ਤਲਵੰਡੀ ਬੁਧ ਸਿੰਘ, ਸੁਖਜਿੰਦਰ ਸਿੰਘ ਮਾਸਟਰ ਰੂੜੀ ਵਾਲਾ, ਮਨਦੀਪ ਸਿੰਘ ਸਰਹਾਲੀ ਮੰਡ, ਅਵਤਾਰ ਸਿੰਘ, ਰਾਜ ਸਿੰਘ ਨੰਬਰਦਾਰ ਕੋਟ ਬੁੱਢਾ ਹਾਜ਼ਰ ਸਨ।

# ਸ੍ਰੀ ਗੁਰੂ ਹਰਿਕ੍ਰਿਸ਼ਨ ਸਕੂਲ 'ਚ ਨਵਾਂ ਵਿੱਦਿਅਕ ਸੈਸ਼ਨ ਸ਼ੁਰੂ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ ਸ਼ਨੀਵਾਰ ਨੂੰ ਸਕੂਲ ਦੇ ਸਮੂਹ ਅਧਿਆਪਕ ਸਾਹਿਬਾਨ ਦੁਆਰਾ ਮਿਲ ਕੇ ਸੰਗਤੀ ਰੂਪ ਵਿੱਚ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ ਅਤੇ ਹਰ-ਜਸ ਕੀਰਤਨ ਗਾਇਨ ਕੀਤਾ ਗਿਆ। ਉਪਰੰਤ ਸਕੂਲ ਦੇ ਸਮੂਹ ਅਧਿਆਪਕ ਸਾਹਿਬਾਨ, ਮੈਨੇਜਮੈਂਟ, ਪ੍ਰਿੰਸੀਪਲ ਅਨੁਰੀਤ ਬਾਵਾ ਦੁਆਰਾ ਮਿਲ ਕੇ ਸਕੂਲ ਦੇ ਨਵੇਂ ਸੈਸ਼ਨ ਦੀ ਆਰੰਭਤਾ, ਸਕੂਲ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।

# ਅੰਗਰੇਜ਼ਾਂ ਦੇ ਵੇਲੇ ਦੀ ਮਨਜ਼ੂਰ ਹੋਈ ਕਾਦੀਆਂ ਰੇਲਵੇ ਲਾਈਨ ਦਾ ਪ੍ਰਾਜੈਕਟ ਦੁਬਾਰਾ ਪਾਸ : ਬਾਜਵਾ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਕੇਂਦਰ ਸਰਕਾਰ ਨੇ ਪੰਜਾਬ ਵਿੱਚ ਅੰਗਰੇਜ਼ਾਂ ਵੇਲੇ ਸ਼ੁਰੂ ਕੀਤੇ ਗਏ ਰੇਲ ਪ੍ਰਾਜੈਕਟ ਨੂੰ ਮੁੜ ਸ਼ੁਰੂ ਕਰਨ ਦਾ ਫ਼ੈਸਲਾ ਲਿਆ ਹੈ।ਇਸ ਮੌਕੇ ਸੀਨੀਅਰ ਨੇਤਾ ਫਤਿਹਜੰਗ ਸਿੰਘ ਬਾਜਵਾ ਵੱਲੋਂ ਬਹੁਤ ਦੇਰ ਤੋਂ ਇਸ ਰੇਲਵੇ ਲਾਈਨ ਦੇ ਮਸਲੇ 'ਤੇ ਆਵਾਜ਼ ਉਠਾਈ ਜਾ ਰਹੀ ਸੀ ਜਿਸ ਨੂੰ ਕੇਂਦਰ ਸਰਕਾਰ ਵੱਲੋਂ ਪਹਿਲ ਦੇ ਆਧਾਰ 'ਤੇ ਮਨਜ਼ੂਰੀ ਦੇ ਦਿੱਤੀ ਹੈ।ਇਸ ਮੌਕੇ ਫਤਿਹਜੰਗ ਸਿੰਘ ਬਾਜਵਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰੇਲ ਮੰਤਰੀ ਵੈਸ਼ਨਵ ਅਤੇ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਧੰਨਵਾਦ ਕੀਤਾ ਹੈ ਜਿਨ੍ਹਾਂ ਵੱਲੋਂ ਇਹ ਰੇਲਵੇ ਲਾਈਨ ਨੂੰ ਬਣਾਉਣ ਲਈ ਰੁਚੀ ਦਿਖਾਈ ਗਈ ਹੈ। ਇਸ ਮੌਕੇ ਨੇਤਾ ਸ. ਬਾਜਵਾ ਨੇ ਕਿਹਾ ਕਿ ਉਨ੍ਹਾਂ ਅਹਿਮਦੀਆ ਜਮਾਤ ਦੇ ਡੈਲੀਗੇਟ ਨੂੰ ਨਾਲ ਲੈ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ ਸੀ ਅਤੇ ਇਸ ਰੇਲਵੇ ਲਾਈਨ ਦਾ ਮੁੱਦਾ ਚੁੱਕਿਆ ਸੀ ਜਿਸ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕਾਦੀਆਂ ਵਾਸੀਆਂ ਦੀ ਇਸ ਵੱਡੀ ਮੰਗ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਗਿਆ ਹੈ।ਇਸ ਮੌਕੇ ਬਾਜਵਾ ਨੇ ਕਿਹਾ ਕਿ ਕਾਦੀਆਂ ਮੁਸਲਿਮ ਅਹਿਮਦੀਆ ਜਮਾਤ ਇੰਡੀਆ ਦਾ ਕੇਂਦਰ ਹੈ ਅਤੇ ਕਾਦੀਆਂ ਵਿੱਚ ਹਰ ਸਾਲ ਜਲਸਾ ਸਾਲਾਨਾ ਮਨਾਇਆ ਜਾਂਦਾ ਹੈ ਜਿਸ ਵਿੱਚ ਦੇਸ਼-ਵਿਦੇਸ਼ ਤੋਂ ਲੋਕ ਇਥੇ ਜਲਸਾ ਵਿੱਚ ਸ਼ਾਮਿਲ ਹੋਣ ਲਈ ਆਉਂਦੇ ਹਨ। ਇਸ ਲਈ ਲੋਕਾਂ ਦੀ ਮੰਗ ਸੀ ਕਿ ਕਾਦੀਆਂ ਰੇਲਵੇ ਲਾਈਨ ਦਾ ਕੰਮ ਸ਼ੁਰੂ ਹੋਣਾ ਚਾਹੀਦਾ ਹੈ ਤਾਂ ਜੋ ਲੋਕ ਹੋਰ ਜ਼ਿਲ੍ਹਿਆਂ ਨਾਲ ਰੇਲਾਂ ਰਾਹੀਂ ਆਉਣ ਜਾਣ ਅਤੇ ਵਪਾਰ ਕਰ ਸਕਣ।ਇਸ ਮੌਕੇ ਫਤਿਹ ਜੰਗ ਸਿੰਘ ਬਾਜਵਾ ਅਤੇ ਨਰਿੰਦਰ ਮੋਦੀ ਦਾ ਧੰਨਵਾਦ ਕੀਤਾ ਜਾ ਰਿਹਾ ਹੈ ਜਿਨਾਂ ਵੱਲੋਂ ਅੰਗਰੇਜ਼ਾਂ ਦੇ ਜ਼ਮਾਨੇ ਤੋਂ ਬੰਦ ਹੋਇਆ ਪ੍ਰੋਜੈਕਟ ਫਿਰ ਤੋਂ ਸ਼ੁਰੂ ਕਰਨ ਦਾ ਫੈਸਲਾ ਕੀਤਾ ਗਿਆ ਹੈ।ਸ. ਬਾਜਵਾ ਨੇ ਦੱਸਿਆ ਕਿ ਇਹ ਪ੍ਰਾਜੈਕਟ ਬਹੁਤ ਪੁਰਾਣਾ ਹੈ।ਇਸ ਨੂੰ ਸਭ ਤੋਂ ਪਹਿਲਾਂ 1929 ਵਿਚ ਬ੍ਰਿਟਿਸ਼ ਸਰਕਾਰ ਨੇ ਮਨਜ਼ੂਰੀ ਦਿੱਤੀ ਸੀ ਅਤੇ ਨਾਰਥ-ਵੈਸਟਰਨ ਰੇਲਵੇ ਨੇ ਇਸ 'ਤੇ ਕੰਮ ਸ਼ੁਰੂ ਕੀਤਾ ਸੀ। 1932 ਤੱਕ ਲਗਭਗ ਇਕ-ਤਿਹਾਈ ਕੰਮ ਪੂਰਾ ਹੋ ਚੁੱਕਾ ਸੀ, ਪਰ ਅਚਾਨਕ ਇਹ ਪ੍ਰਾਜੈਕਟ ਬੰਦ ਕਰ ਦਿੱਤਾ ਗਿਆ ਸੀ।ਰੇਲਵੇ ਨੇ 2010 ਦੇ ਰੇਲ ਬਜਟ ਵਿਚ ਵੀ ਇਸ ਨੂੰ ਮੁੜ ਤੋਂ ਸ਼ਾਮਲ ਕੀਤਾ ਸੀ, ਪਰ ਯੋਜਨਾ ਕਮਿਸ਼ਨ ਦੀਆਂ ਵਿੱਤੀ ਚਿੰਤਾਵਾਂ ਕਾਰਨ ਕੰਮ ਇਕ ਵਾਰ ਫਿਰ ਰੁਕ ਗਿਆ ਸੀ ਪਰ ਹੁਣ ਅਹਿਮਦੀਆ ਜਮਾਤ ਵੱਲੋਂ ਇਸ ਪ੍ਰੋਜੈਕਟ ਨੂੰ ਹੁਲਾਰਾ ਦਿੱਤਾ ਗਿਆ ਅਤੇ ਜਿਸ ਕਾਰਨ ਇਹ ਪ੍ਰੋਜੈਕਟ ਹੁਣ ਮੁੜ ਸ਼ੁਰੂ ਹੋ ਰਿਹਾ ਹੈ।

# ਆਜ਼ਾਦੀ ਘੁਲਾਟੀਏ ਪੰਜਾਬ ਸਿੰਘ ਦੀ ਧਰਮ ਪਤਨੀ ਦਾ ਸਨਮਾਨ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**

ਦੀਨਾਨਗਰ ਦੇ ਪੰਜਾਬ ਨੈਸ਼ਨਲ ਬੈਂਕ ਦੇ ਸੀਨੀਅਰ ਮੈਨੇਜਰ ਵਿਵੇਕਾਨੰਦ ਕੁਮਾਰ ਵੱਲੋਂ ਪਿੰਡ ਜੰਡੀ ਡਾਕਖਾਨਾ ਚੌਂਤਾ ਦੇ ਆਜ਼ਾਦੀ ਘੁਲਾਟੀਏ ਪੰਜਾਬ ਸਿੰਘ ਦੀ ਧਰਮ ਪਤਨੀ ਸ਼੍ਰੀਮਤੀ ਕ੍ਰਿਸ਼ਨਾ ਦੇਵੀ ਨੂੰ ਸ਼ਾਲ ਅਤੇ ਮਠਿਆਈ ਦਾ ਡੱਬਾ ਦੇ ਕੇ ਸਨਮਾਨਿਆ ਗਿਆ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਵਾਸਤੇ ਇਨ੍ਹਾਂ ਦਾ ਬਹੁਤ ਅਹਿਮ ਰੋਲ ਸੀ ਜਿਸ ਕਾਰਨ ਸਾਡਾ ਦੇਸ਼ ਆਜ਼ਾਦ ਹੋਇਆ ਅਤੇ ਅੱਜ ਅਸੀਂ ਬਿਨਾਂ ਬਾਹਰੀ ਤਾਕਤਾਂ ਦੀ ਦਖਲਅੰਦਾਜ਼ੀ ਦੇ ਜੀਅ ਰਹੇ ਹਾਂ। ਜ਼ਿਕਰਯੋਗ ਹੈ ਕਿ ਦੇਸ਼ ਲਈ ਜਾਨਾਂ ਕੁਰਬਾਨ ਕਰ ਗਏ ਸ਼ਹੀਦ ਅਤੇ ਪਿੱਛੇ ਰਾਹ ਗਏ ਉਨ੍ਹਾਂ ਦੇ ਪਰਿਵਾਰ ਸਾਡੇ ਸਮਾਜ ਲਈ ਸਦਾ ਸਤਿਕਾਰਯੋਗ ਹਨ ਅਤੇ ਰਹਿਣਗੇ ਵੀ। ਸਨਮਾਨਿਤ ਕਰਨ ਵਾਲਿਆਂ 'ਚ ਇਸ ਮੌਕੇ ਵਿਸ਼ੇਸ਼ ਸਹਾਇਕ ਨਿਤਿਨ ਕੁਮਾਰ ਅਤੇ ਗੰਨਮੈਨ ਹਰਪਾਲ ਸਿੰਘ ਆਦਿ ਮੌਜੂਦ ਸਨ।

# ਆਰ. ਡੀ. ਖੋਸਲਾ ਸਕੂਲ 'ਚ 43ਵਾਂ ਇਨਾਮ ਵੰਡ ਤੇ ਸੱਭਿਆਚਾਰਕ ਪ੍ਰੋਗਰਾਮ ਸ਼ਾਨੋ-ਸ਼ੌਕਤ ਨਾਲ ਸੰਪੰਨ

**ਬਟਾਲਾ (ਡਾ. ਮਲਵਿੰਦਰ ਸਿੰਘ)**

ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ 'ਚ 43ਵਾਂ ਇਨਾਮ ਵੰਡ ਅਤੇ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ।ਪ੍ਰੋਗਰਾਮ ਦੇ ਮੁੱਖ ਮਹਿਮਾਨ ਬਟਾਲਾ ਦੇ ਵਿਧਾਇਕ ਅਮਨ ਸ਼ੇਰ ਸਿੰਘ ਕਲਸੀ ਅਤੇ ਗੈਸਟ ਆਫ ਆਨਰ ਮੰਨੀ ਪ੍ਰਮੰਨੀ ਕਥਕ ਨਰਤਕੀ ਅਤੇ ਸੱਭਿਆਚਾਰਕ ਸਕਾਲਰ ਡਾ. ਰਸ਼ਮੀ ਨੰਦਾ ਸਨ।ਇਸ ਮੌਕੇ ਸਕੂਲ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ, ਪ੍ਰਿੰ. ਡਾ: ਬਿੰਦੂ ਭੱਲਾ, ਪ੍ਰਬੰਧਕੀ ਕਮੇਟੀ ਮੈਂਬਰ ਭੁਪਿੰਦਰ ਸਿੰਘ, ਵਰਿੰਦਰ ਕਾਂਸਰਾ, ਕਮਲ ਅਰੋੜਾ ਅਤੇ ਮੋਨਿਕਾ ਖੋਸਲਾ ਤੇ ਮਨੀਸ਼ਾ ਖੋਸਲਾ ਨੇ ਜੋਤੀ ਜਗਾ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ।ਇਸ ਮੌਕੇ ਡਾ. ਨਿੱਜਰ, ਪਵਨ ਭੱਲਾ, ਬ੍ਰਿਜ ਭੂਸ਼ਨ, ਰਾਜੇਸ਼ ਅਗਰਵਾਲ, ਰਾਜੇਸ਼ ਸ਼ਰਮਾ ਮੌਜੂਦ ਸਨ।ਪ੍ਰੋਗਰਾਮ ਦਾ ਵਿਸ਼ਾ 'ਸੁਰਾਂ ਦਾ ਸੰਗਮ' ਸੀ ਜਿਸ ਵਿੱਚ ਦਰਸਾਇਆ ਗਿਆ ਕਿ ਇਨਸਾਨ ਦੀ ਜ਼ਿੰਦਗੀ ਵਿੱਚ ਸੰਗੀਤ ਦੇ ਸੱਤ ਸੁਰਾਂ ਦਾ ਬਹੁਤ ਮਹੱਤਵ ਹੈ। ਇਨ੍ਹਾਂ ਤੋਂ ਬਗੈਰ ਜ਼ਿੰਦਗੀ ਬਿਲਕੁਲ ਅਧੂਰੀ ਹੈ।ਸੰਗੀਤ ਦੇ ਸੱਤ ਸੁਰ ਮਨੁੱਖ ਨੂੰ ਮਾਨਵਤਾ ਦਾ ਪਾਠ ਪੜ੍ਹਾਉਣ ਦਾ ਸਬਕ ਦਿੰਦੇ ਹਨ।ਇਸ ਮੌਕੇ ਮਹਾਨ ਸੰਗੀਤਕਾਰ ਪੰਡਿਤ ਰਵੀ ਸ਼ੰਕਰ, ਬਿਸਮਿਲਾ ਖਾਨ, ਵੱਡੇ ਗੁਲਾਮ ਅਲੀ ਖਾਨ, ਸ਼੍ਰੀ ਵਿਸ਼ਨੂ ਨਾਰਾਇਣ ਬਾਤਖੰਡੇ, ਲਤਾ ਮੰਗੇਸ਼ਕਰ, ਆਸ਼ਾ ਭੌਂਸਲੇ, ਏ. ਆਰ. ਰਹਿਮਾਨ, ਕਵਿਤਾ ਕ੍ਰਿਸ਼ਨਾ ਮੂਰਤੀ, ਸ਼ਿਵ ਕੁਮਾਰ ਬਟਾਲਵੀ ਦਾ ਜ਼ਿਕਰ ਕੀਤਾ। ਸਕੂਲ ਪ੍ਰਿੰ. ਡਾ: ਬਿੰਦੂ ਭੱਲਾ ਨੇ ਸਮੂਹ ਮਹਿਮਾਨਾਂ, ਪ੍ਰਬੰਧਕ ਕਮੇਟੀ ਮੈਂਬਰਾਂ, ਮਾਪਿਆਂ, ਮੀਡੀਆ ਨੂੰ ਜੀ ਆਇਆਂ



ਕਹਿੰਦੇ ਹੋਏ ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹਦਿਆਂ ਉਨ੍ਹਾਂ ਅਕਾਦਮਿਕ ਖੇਤਰ ਨਾਲ ਸਬੰਧਿਤ ਵਿਦਿਆਰਥੀਆਂ ਦੀਆਂ ਸਮੂਹਿਕ ਪ੍ਰਾਪਤੀਆਂ ਤੋਂ ਜਾਣੂ ਕਰਵਾਇਆ। ਯੋਗਾ ਅਤੇ ਖੇਡਾਂ ਬਾਰੇ ਵੀ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਜਿੱਥੇ ਇੱਕ ਪਾਸੇ ਇਹ ਸਕੂਲ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸਕੂਲ ਹੈ, ਉਥੇ ਹੀ ਦੂਜੇ ਪਾਸੇ ਖੇਡਾਂ ਦੇ ਖੇਤਰ ਵਿੱਚ ਵੀ ਵਿਸ਼ੇਸ਼ ਭੂਮਿਕਾ ਨਿਭਾ ਰਿਹਾ ਹੈ।ਸਕੂਲ ਦੇ ਲੜਕੇ-ਲੜਕੀਆਂ ਨੇ ਕ੍ਰਿਕਟ, ਕੁਸ਼ਤੀ, ਟੇਬਲ ਟੈਨਿਸ, ਹੈਂਡਬਾਲ, ਬੈਡਮਿੰਟਨ, ਵਾਲੀਬਾਲ ਵਿੱਚ ਰਾਜ ਅਤੇ ਰਾਸ਼ਟਰੀ ਪੱਧਰ 'ਤੇ ਵਿਸ਼ੇਸ਼ ਪੁਜ਼ੀਸ਼ਨਾਂ ਹਾਸਲ ਕੀਤੀਆਂ ਹਨ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਪ੍ਰੋਗਰਾਮ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਦੱਸਿਆ ਕਿ ਜੀਵਨ ਇੱਕ ਰੰਗ ਮੰਚ ਹੈ। ਉਮੀਦ, ਉਤਸ਼ਾਹ ਤੇ ਦ੍ਰਿੜ ਨਿਸ਼ਚੇ ਨਾਲ ਜੀਵਨ ਵਿੱਚ ਹਰ ਮੁਕਾਮ ਹਾਸਿਲ ਕੀਤਾ ਜਾ ਸਕਦਾ ਹੈ। ਸਕੂਲ ਦੇ ਪ੍ਰਧਾਨ ਅਜੇ ਖੋਸਲਾ ਨੇ ਸਕੂਲ ਵਿੱਚ ਆਏ ਸਾਰੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਮੁੱਖ ਮਹਿਮਾਨ ਅਮਨ ਸ਼ੇਰ ਸਿੰਘ ਕਲਸੀ ਨੇ ਕਿਹਾ ਕਿ ਉਨ੍ਹਾਂ ਨੂੰ ਸਕੂਲ ਆਉਣ 'ਤੇ ਬੜੀ ਖੁਸ਼ੀ ਮਹਿਸੂਸ ਹੋ ਰਹੀ ਹੈ ਅਤੇ ਹਲਕੇ ਦਾ ਵਿਧਾਇਕ ਹੋਣ ਦੇ ਨਾਤੇ ਉਹ ਆਪਣੀ ਜ਼ਿੰਮੇਵਾਰੀ ਨੂੰ ਨਿਭਾਉਂਦੇ ਹੋਏ ਸਕੂਲ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਕਰਨਗੇ। ਗੈਸਟ ਆਫ ਆਨਰ ਡਾਕਟਰ ਰਸ਼ਮੀ ਨੰਦਾ ਨੇ ਸੱਭਿਆਚਾਰਕ ਪ੍ਰੋਗਰਾਮ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਮੈਂ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋ ਕੇ ਆਪਣੇ ਆਪ 'ਤੇ ਮਾਣ ਮਹਿਸੂਸ ਕਰ ਰਹੀ ਹਾਂ। ਪ੍ਰੋਗਰਾਮ ਦੇ ਅੰਤ ਵਿੱਚ ਮੁੱਖ ਮਹਿਮਾਨ ਵੱਲੋਂ ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਭੰਗੜੇ ਦੀ ਪੇਸ਼ਕਾਰੀ ਨੇ ਹਰ ਇੱਕ ਦਾ ਮਨ ਮੋਹ ਲਿਆ। ਸਕੂਲ ਦੀ ਪ੍ਰਬੰਧਕੀ ਕਮੇਟੀ ਵੱਲੋਂ ਮੁੱਖ ਮਹਿਮਾਨ ਅਮਨ ਸ਼ੇਰ ਸਿੰਘ ਕਲਸੀ ਅਤੇ ਗੈਸਟ ਆਫ ਆਨਰ ਡਾਕਟਰ ਰਸ਼ਮੀ ਨੰਦਾ ਨੂੰ ਸ਼ਾਲ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

# ਹਾਕਮ ਧਿਰਾਂ ਲੋਕਤੰਤਰ ਨੂੰ ਬਦਨਾਮ ਕਰਕੇ ਖਤਮ ਕਰਨਾ ਚਾਹੁੰਦੀਆਂ : ਦੁਧਾਲਾ

**ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)**

ਭਾਰਤੀ ਕਮਿਊਨਿਸਟ ਪਾਰਟੀ ਬਲਾਕ ਮਜੀਠਾ ਦੀ ਕਾਨਫਰੰਸ ਕਾਮਰੇਡ ਜੋਗਿੰਦਰ ਸਿੰਘ ਚਵਿੰਡਾ ਦੇਵੀ, ਕੁਲਵਿੰਦਰ ਕੌਰ ਕੋਟਲਾ ਤੇ ਪ੍ਰਕਾਸ਼ ਸਿੰਘ ਕੈਰੋਨੰਗਲ ਦੀ ਪ੍ਰਧਾਨਗੀ ਤੇ ਮੰਗਲ ਸਿੰਘ ਖੁਜਾਲਾ ਦੀ ਨਿਗਰਾਨੀ ਹੇਠ ਸੰਪਨ ਹੋਈ। ਕਾਮਰੇਡ ਬਲਕਾਰ ਸਿੰਘ ਸੈਕਟਰੀ ਸੀਪੀਆਈ ਨੇ ਪਿਛਲੇ ਤਿੰਨ ਸਾਲਾਂ ਦੀ ਵਿਸਥਾਰਿਤ ਰਿਪੋਰਟ ਪੇਸ਼ ਕੀਤੀ ਜੋ ਕਿ ਹਾਜ਼ਰ ਆਏ ਮੈਂਬਰਾਂ ਨੇ ਰਿਪੋਰਟ ਨੂੰ ਸਰਬਸੰਮਤੀ ਨਾਲ ਪ੍ਰਵਾਨ ਕੀਤਾ। ਇਸ ਤੋਂ ਬਾਅਦ ਪੁਰਾਣੀ ਏਰੀਆ ਕਮੇਟੀ ਨੇ ਮੀਟਿੰਗ ਕਰਕੇ ਤੇਈ ਮੈਂਬਰੀ ਇਲਾਕਾ ਕਮੇਟੀ ਬਨਾਉਣ ਦਾ ਫੈਸਲਾ ਕੀਤਾ। ਇਸ ਤੋਂ ਬਾਅਦ ਕਾਮਰੇਡ ਬਲਕਾਰ ਦੁਧਾਲਾ ਨੇ ਤੇਈ ਮੈਂਬਰ ਇਲਾਕਾ ਕਮੇਟੀ ਬਣਾਉਣ ਦਾ ਪੈਨਲ ਪੁਰਾਣੀ ਏਰੀਆ ਕਮੇਟੀ ਸਾਹਮਣੇ ਰੱਖਿਆ, ਜੋ ਸਰਬਸੰਮਤੀ ਨਾਲ ਪ੍ਰਵਾਨ ਕਰ ਲਿਆ ਗਿਆ, ਜਿਸ ਤੋਂ ਬਾਅਦ ਇਨਕਲਾਬ ਜ਼ਿੰਦਾਬਾਦ ਦੇ ਨਾਹਰਿਆਂ ਨਾਲ ਹਾਲ ਗੂੰਜ ਉਠਿਆ। ਉਸ ਤੋਂ ਬਾਅਦ ਨਵੀਂ ਇਲਾਕਾ ਕਮੇਟੀ ਦੀ ਮੀਟਿੰਗ ਕਾਮਰੇਡ ਸੁਖਵਿੰਦਰ ਸਿੰਘ ਚਵਿੰਡਾ ਦੇਵੀ ਦੀ ਪ੍ਰਧਾਨਗੀ ਵਿਚ ਕੀਤੀ ਗਈ ਜਿਸ ਵਿਚ ਕਾਮਰੇਡ ਧਰਮ ਸਿੰਘ ਨੇ ਬਲਕਾਰ ਸਿੰਘ ਦੁਧਾਲਾ ਦਾ ਨਾਮ ਸੈਕਟਰੀ ਵਾਸਤੇ ਪੇਸ਼ ਕੀਤਾ ਜਿਸ ਦੀ ਤਾਈਦ ਗੁਰਦੀਪ ਸਿੰਘ ਹਦਾਇਤਪੁਰਾ ਤੇ ਜੋਗਿੰਦਰ ਸਿੰਘ ਚਵਿੰਡਾ ਦੇਵੀ ਨੇ ਕੀਤੀ। ਬਲਕਾਰ



ਸਿੰਘ ਦੁਧਾਲਾ ਨੂੰ ਸਰਬਸੰਮਤੀ ਨਾਲ ਮਜੀਠਾ ਦਾ ਗਿਆਰਵੀਂ ਦਫਾ ਸੈਕਟਰੀ ਚੁਣ ਲਿਆ ਗਿਆ। ਇਸ ਕਾਨਫਰੰਸ ਵਿਚ ਸੱਠ ਤੋਂ ਵੱਧ ਸਾਥੀਆਂ ਨੇ ਹਿੱਸਾ ਲਿਆ ਜਿਸ ਵਿਚ ਮੱਖਣ ਸਿੰਘ ਲੈਹਰਕਾ, ਮੇਜਰ ਸਿੰਘ ਵਕੀਲ, ਜੋਗਿੰਦਰ ਸਿੰਘ, ਸੁਖਵਿੰਦਰ ਸਿੰਘ ਚਵਿੰਡਾ ਦੇਵੀ, ਹਰਵਿੰਦਰ ਸਿੰਘ ਹੀਰਾ, ਜਗਦੀਸ਼ ਲੈਹਰਕਾ, ਗੁਰਨਾਮ ਸਿੰਘ ਕੋਟ, ਹਿਰਦੇ ਰਾਮ, ਧਰਮ ਸਿੰਘ, ਬਲਵਿੰਦਰ ਸਿੰਘ ਦੁਧਾਲਾ, ਗੁਰਦੀਪ ਹਦਾਇਤਪੁਰ, ਸੁਖਵਿੰਦਰ ਸਿੰਘ ਮੈਣੀਆਂ, ਗੁਰਜੀਤ ਸਿੰਘ, ਰਣਜੀਤ, ਮੋਨਿਕਾ ਕੌਰ ਜੇਠੂਵਾਲ, ਰਛਪਾਲ ਸਿੰਘ ਤਲਵੰਡੀ ਦਸੌਂਧਾ ਸਿੰਘ, ਲਵਪ੍ਰੀਤ ਸਿੰਘ ਸੈਹਣੇਵਾਲੀ, ਰਣਜੀਤ ਸਿੰਘ ਰੂਪੋਵਾਲੀ, ਮੇਜਰ ਸਿੰਘ ਅਬਦਾਲ, ਸ਼ਿੰਗਾਰਾ ਸਿੰਘ, ਬਾਬਾ ਜਸਵੰਤ ਸਿੰਘ ਮੁੱਗੋਸੋਹੀ, ਦਰਿੰਦਰ ਸਿੰਘ ਦੁਧਾਲਾ, ਕੁਲਵਿੰਦਰ ਕੌਰ, ਬਲਵਿੰਦਰ ਕੌਰ ਕੋਟਲਾ, ਸਤਨਾਮ ਸਿੰਘ ਗੁਰਪ੍ਰੀਤ ਕੌਰ ਤੇ ਮੇਵਾ ਸਿੰਘ ਭੰਗਾਲੀ ਸਾਮਿਲ ਹੋਏ। ਇਸ ਕਾਨਫਰੰਸ ਨੂੰ ਬਲਵਿੰਦਰ ਸਿੰਘ ਦੁਧਾਲਾ ਨੇ ਕਿਹਾ ਕਿ ਇਸ ਵੇਲੇ ਦੀਆਂ ਹਾਕਮ ਧਿਰਾਂ ਲੋਕਤੰਤਰ ਨੂੰ ਬਦਨਾਮ ਕਰਕੇ ਖਤਮ ਕਰਨਾ ਚਾਹੁੰਦੀਆਂ ਹਨ ਜੋਕਿ ਪੰਜਾਬ ਦੇ ਲੋਕ ਕਦੇ ਹੋਣ ਨਹੀਂ ਦੇਣਗੇ। ਇਸ ਮੌਕੇ ਜ਼ਿਲ੍ਹੇ ਵੱਲੋਂ ਆਏ ਹੋਏ ਨਿਗਰਾਨ ਮੰਗਲ ਸਿੰਘ ਨੇ ਵੀ ਸੰਬੋਧਨ ਕੀਤਾ। ਆਏ ਹੋਏ ਸਾਰੇ ਸਾਥੀਆਂ ਦਾ ਸਾਥੀ ਪਰਕਾਸ਼ ਸਿੰਘ ਨੇ ਧੰਨਵਾਦ ਕਰਦਿਆਂ ਕਿਹਾ ਕਿ ਅੱਠ ਦਸੰਬਰ ਨੂੰ ਬਿਜਲੀ ਦਫਤਰਾਂ ਦੇ ਸਾਹਮਣੇ ਹੋਣ ਵਾਲੇ ਮੁਜ਼ਾਹਰਿਆਂ ਵਿਚ ਵਧ-ਚੜ੍ਹ ਕੇ ਹਿੱਸਾ ਲਿਆ ਜਾਵੇਗਾ। ਸਾਥੀਆਂ ਨੂੰ ਜ਼ਿਲ੍ਹਾ ਕਾਨਫਰੰਸ ਵਿਚ ਹਿੱਸਾ ਲੈਣ ਦਾ ਵੀ ਸੁਨੇਹਾ ਦਿੱਤਾ ਗਿਆ।

ਨਵਾਂ ਜ਼ਮਾਨਾ
ਸੋਮਵਾਰ, 8 ਦਸੰਬਰ 2025

# ਸ਼ਾਹੀ ਖਰਚ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲੰਘੇ 8 ਨਵੰਬਰ ਨੂੰ ਆਪਣੇ ਲੋਕ ਸਭਾ ਹਲਕੇ ਵਾਰਾਣਸੀ ’ਚ ਚਾਰ ਵੰਦੇ ਭਾਰਤ ਟਰੇਨਾਂ ਦਾ ਉਦਘਾਟਨ ਕੀਤਾ ਸੀ, ਜਿਸ ’ਤੇ ਉੱਤਰ-ਪੂਰਬੀ ਰੇਲਵੇ ਦੀ ਵਾਰਾਣਸੀ ਡਵੀਜ਼ਨ ਨੇ 3 ਕਰੋੜ 37 ਲੱਖ 93 ਹਜ਼ਾਰ 351 ਰੁਪਏ ਖਰਚ ਕੀਤੇ। ਡਵੀਜ਼ਨ ਨੇ ਆਰ ਟੀ ਆਈ ਕਾਰਕੁੰਨ ਅਜੈ ਬਸੁਦੇਵ ਬੋਸ ਦੀ ਅਰਜ਼ੀ ਦੇ ਜਵਾਬ ਵਿੱਚ ਦੱਸਿਆ ਕਿ ਇਹ ਸਾਰੀ ਰਕਮ ਉਦਘਾਟਨ ਪ੍ਰੋਗਰਾਮ ’ਤੇ ਖਰਚ ਕੀਤੀ ਗਈ। ਪ੍ਰਧਾਨ ਮੰਤਰੀ ਨੇ ਜਦੋਂ 15 ਫਰਵਰੀ 2019 ਨੂੰ ਦਿੱਲੀ ਤੋਂ ਵਾਰਾਣਸੀ ਲਈ ਪਹਿਲੀ ਵੰਦੇ ਭਾਰਤ ਟਰੇਨ ਨੂੰ ਹਰੀ ਝੰਡੀ ਦਿਖਾਈ ਸੀ ਤਾਂ ਉਦਘਾਟਨ ਪ੍ਰੋਗਰਾਮ ’ਤੇ ਸਰਕਾਰ ਨੇ 52 ਲੱਖ ਰੁਪਏ ਖਰਚ ਕੀਤੇ ਸਨ। ਛੇ ਸਾਲ ਬਾਅਦ ਇਹ ਖਰਚ ਸਾਢੇ ਛੇ ਗੁਣਾ ਵਧ ਗਿਆ ਹੈ।

ਆਰ ਟੀ ਆਈ ਦੇ ਜਵਾਬ ਵਿੱਚ ਖਰਚ ਦਾ ਕੋਈ ਵਿਸਤ੍ਰਿਤ ਵੇਰਵਾ ਨਹੀਂ ਦੱਸਿਆ ਗਿਆ। ਸਿਰਫ ਕੁੱਲ ਖਰਚ ਦੀ ਰਕਮ ਹੀ ਦੱਸੀ ਗਈ ਹੈ। ਇਹ ਨਹੀਂ ਦੱਸਿਆ ਕਿ ਸਾਜ-ਸਜਾਵਟ ਲਈ ਕਿਹੜੀ ਕੰਪਨੀ ਨੂੰ ਕੰਮ ਦਿੱਤਾ ਗਿਆ? ਸੁਰੱਖਿਆ ’ਤੇ ਕਿੰਨਾ ਖਰਚ ਹੋਇਆ? ਮੀਡੀਆ, ਲਾਜਿਸਟਿਕਸ ਤੇ ਹੋਰ ਵਿਵਸਥਾਵਾਂ ’ਤੇ ਕਿੰਨਾ ਖਰਚ ਹੋਇਆ? ਪਰ 8 ਅਪ੍ਰੈਲ 2023 ਨੂੰ ਦੱਖਣੀ ਰੇਲਵੇ ਦੀ ਚੇਨੱਈ ਡਵੀਜ਼ਨ ਨੇ ਜਿਹੜੇ ਅੰਕੜੇ ਦਿੱਤੇ ਸਨ, ਉਸ ਤੋਂ ਅੰਦਾਜ਼ਾ ਲਾਇਆ ਜਾ ਸਕਦਾ ਹੈ ਕਿ ਇਸ ਤਰ੍ਹਾਂ ਦੇ ਪ੍ਰੋਗਰਾਮਾਂ ਵਿੱਚ ਕਿਹੜੀ ਚੀਜ਼ ’ਤੇ ਕਿੰਨਾ ਖਰਚ ਹੁੰਦਾ ਹੈ। ਪ੍ਰਧਾਨ ਮੰਤਰੀ ਨੇ 8 ਅਪ੍ਰੈਲ 2023 ਨੂੰ ਚੇਨੱਈ-ਕੋਇੰਬਟੂਰ ਵੰਦੇ ਭਾਰਤ ਐਕਸਪ੍ਰੈੱਸ ਦਾ ਉਦਘਾਟਨ ਕੀਤਾ ਸੀ, ਜਿਸ ’ਤੇ 1.14 ਕਰੋੜ ਰੁਪਏ ਖਰਚ ਹੋਏ ਸਨ। ਇਸ ਵਿੱਚੋਂ 1.05 ਕਰੋੜ ਰੁਪਏ ਇਕੱਲੀ ਇਵੋਕ ਮੀਡੀਆ ਨਾਮੀ ਇੱਕ ਨਿੱਜੀ ਈਵੈਂਟ ਮੈਨੇਜਮੈਂਟ ਕੰਪਨੀ ਨੂੰ ਦਿੱਤੇ ਗਏ ਸਨ। ਯਾਨੀ ਕੁਲ ਖਰਚ ਦਾ 92 ਫੀਸਦੀ ਸਿਰਫ ਈਵੈਂਟ ਮੈਨੇਜਮੈਂਟ ਵਿੱਚ ਚਲੇ ਗਿਆ ਸੀ। ਜੇ ਵਾਰਾਣਸੀ ਵਿੱਚ ਵੀ ਇਸੇ ਅਨੁਪਾਤ ਨਾਲ ਖਰਚ ਹੋਇਆ ਤਾਂ ਤਿੰਨ ਕਰੋੜ ਰੁਪਏ ਤੋਂ ਵੱਧ ਸਿਰਫ ਈਵੈਂਟ ਮੈਨੇਜਮੈਂਟ ’ਤੇ ਖਰਚ ਹੋਇਆ ਹੋਵੇਗਾ। ਇੱਥੇ ਅਹਿਮ ਗੱਲ ਇਹ ਹੈ ਕਿ 3.38 ਕਰੋੜ ਰੁਪਏ ਸਿਰਫ ‘ਉਦਘਾਟਨ’ ਉੱਤੇ ਖਰਚ ਕੀਤੇ ਗਏ। ਇਸ ਦਾ ਮਤਲਬ ਹੈ ਕਿ ਇਹ ਰਕਮ ਸਿਰਫ ਸਮਾਰੋਹ ਕਰਨ ਲਈ ਸੀ, ਜਿਸ ਵਿੱਚ ਸਜਾਵਟ, ਮੰਚ, ਪ੍ਰਾਹੁਣਾਚਾਰੀ ਆਦਿ ਸ਼ਾਮਲ ਹਨ। ਪ੍ਰਧਾਨ ਮੰਤਰੀ ਦੀ ਯਾਤਰਾ ਦਾ ਖਰਚ ਇਸ ਵਿੱਚ ਸ਼ਾਮਲ ਨਹੀਂ ਹੈ। ਪ੍ਰਧਾਨ ਮੰਤਰੀ ਦਫਤਰ ਉਂਜ ਵੀ ਪ੍ਰਧਾਨ ਮੰਤਰੀ ਦੀਆਂ ਘਰੇਲੂ ਯਾਤਰਾਵਾਂ ਦਾ ਰਿਕਾਰਡ ਨਹੀਂ ਰੱਖਦਾ। ਉਸ ਦੀ ਦਲੀਲ ਹੈ ਕਿ ਅਜਿਹੀਆਂ ਯਾਤਰਾਵਾਂ ਦਾ ਖਰਚ ਵੱਖ-ਵੱਖ ਸਰਕਾਰੀ ਵਿਭਾਗ/ਏਜੰਸੀਆਂ ਕਰਦੀਆਂ ਹਨ। ਹਰ ਕੋਈ ਜਾਣਦਾ ਹੈ ਕਿ ਪ੍ਰਧਾਨ ਮੰਤਰੀ ਜਦੋਂ ਕਿਤੇ ਜਾਂਦੇ ਹਨ ਤਾਂ ਉਸ ਤੋਂ ਕਈ ਦਿਨ ਪਹਿਲਾਂ ਸੁਰੱਖਿਆ ਏਜੰਸੀਆਂ ਸਰਗਰਮ ਹੋ ਜਾਂਦੀਆਂ ਹਨ। ਉਹ ਜਾਂਦੇ ਵੀ ਵਿਸ਼ੇਸ਼ ਜਹਾਜ਼ ਤੇ ਹੈਲੀਕਾਪਟਰ ਵਿੱਚ ਹਨ। ਇਸ ਸਭ ਦਾ ਖਰਚ ਵੱਖਰਾ ਹੁੰਦਾ ਹੈ। ਲੋਕਾਂ ਨੂੰ ਰੁਜ਼ਗਾਰ ਮਿਲੇ ਜਾਂ ਨਾ ਮਿਲੇ, ਦੋ ਵਕਤ ਦੀ ਰੋਟੀ ਮਿਲੇ ਜਾਂ ਨਾ ਮਿਲੇ, ਪ੍ਰਧਾਨ ਮੰਤਰੀ ਦੇ ਪ੍ਰੋਗਰਾਮ ਹਮੇਸ਼ਾ ਸ਼ਾਹੀ ਹੁੰਦੇ ਹਨ। ਵਾਰਾਣਸੀ ਵਿੱਚ ਰੇਲਵੇ ਦਾ ਆਮ ਮੁਲਾਜ਼ਮ ਵੀ ਹਰੀ ਝੰਡੀ ਦਿਖਾ ਕੇ ਟਰੇਨਾਂ ਨੂੰ ਰਵਾਨਾ ਕਰ ਸਕਦਾ ਸੀ, ਪਰ ਫਿਰ ਉਹ ਟਰੇਨਾਂ ਪ੍ਰਧਾਨ ਮੰਤਰੀ ਦੇ ਖਾਤੇ ਨਹੀਂ ਪੈਣੀਆਂ ਸਨ। ਗੋਦੀ ਮੀਡੀਆ ਨੇ ਇਹ ਖਬਰ ਨਹੀਂ ਚਲਾਉਣੀ ਸੀ ਕਿ ਪ੍ਰਧਾਨ ਮੰਤਰੀ ਨੇ ਦੇਸ਼ਵਾਸੀਆਂ ਨੂੰ ਸੌਗਾਤ ਦਿੱਤੀ ਹੈ। ਇਸ ਦੀ ਕਿਸੇ ਨੂੰ ਕੋਈ ਚਿੰਤਾ ਨਹੀਂ ਕਿ ਟੈਕਸਦਾਤਿਆਂ ਦੇ ਕਰੋੜਾਂ ਰੁਪਏ ਪ੍ਰਧਾਨ ਮੰਤਰੀ ਦੀ ਬਹਿਜਾ-ਬਹਿਜਾ ਕਰਾਉਣ ਲਈ ਖਰਚ ਦਿੱਤੇ ਗਏ।

## ...ਬੰਦੇ !

ਪਿੱਛੇ ਸੁੱਟ ਕੇ ਲੱਖ ਸਿਆਣਪਾਂ ਨੂੰ,
ਸਫਲ ਹੁੰਦੇ ਨੇ ਚੁਸਤ ਚਲਾਕ ਬੰਦੇ।
ਕਾਲੇ ਬਾਗ ਦੇ ਵਿੱਚ ਬੇਖ਼ੌਫ ਵੜਕੇ,
ਜੀਭ ਮਾਲੀ ਦੀ ਦਿੰਦੇ ਨੇ ਠਾਕ ਬੰਦੇ।
ਲੁੱਟ ਪੁੱਟ ਕੇ ਪੱਤ ਨਿਤਾਣਿਆਂ ਦੀ,
ਮੁਨਸਿਫ ਬਣਦੇ ਸਾਫ਼ ਤੇ ਪਾਕ ਬੰਦੇ।
ਤੁਰੇ ਫਿਰਦੇ ਜੋ ਸੋਨੇ ਦੇ ਨਾਲ ਲੱਦੇ,
ਹੋ ਜਾਂਦੇ ਨੇ ਇੱਕ ਦਿਨ ਖ਼ਾਕ ਬੰਦੇ।
ਸੱਤ ਅੱਠ ਸਮੁੰਦਰੋਂ ਦੂਰ ਬਹਿ ਕੇ,
ਇੱਕ ਦੂਜੇ ਨੂੰ ਕਰਨ ਬਲਾਕ ਬੰਦੇ,
ਨਹੀਂ ਸਰਦਾ ਹੈ ਤੋੜ ਵਿਛੋੜ ਕਰਕੇ।
ਹੁੰਦੇ ਬੰਦੇ ਦਾ ਅੰਗ ਤੇ ਸਾਕ ਬੰਦੇ,
ਚੰਗਾ ਚਾਹੁੰਦੇ ਤਾਂ ਗੁੱਸੇ ਨੂੰ ਥੁੱਕ ਦੇਵੋ।
ਦੁਨੀਆਂ ਦਾਰੀ ਦਾ ਮਾਮਲਾ ਹੈ,
ਇਸ ਜੰਗਲ ’ਚ ਬੋਚ ਕੇ ਪੈਰ ਪੁੱਟੋ।
ਖ਼ੂੰਖਾਰ ਸ਼ਿਕਾਰੀ ਦਾ ਮਾਮਲਾ ਹੈ।

-ਗੁਲਪੁਰ

# ਕਿੱਤਾਮੁਖੀ ਕੋਡ-2020 ਕਾਮਿਆਂ ਦੀ ਸਿਹਤ ਨੂੰ ਨਜ਼ਰ-ਅੰਦਾਜ਼ ਕਰਦਾ



ਡਾ. ਅਰੁਣ ਮਿੱਤਰਾ

ਕਿੱਤਾਮੁਖੀ ਸਿਹਤ ਅਤੇ ਸੁਰੱਖਿਆ ਲੰਮੇ ਸਮੇਂ ਤੋਂ ਸਿਹਤ ਕਰਮੀਆਂ ਦੇ ਨਾਲ-ਨਾਲ ਕਾਮਿਆਂ ਦੇ ਸੰਗਠਨਾਂ ਲਈ ਗੰਭੀਰ ਚਿੰਤਾ ਦਾ ਮੁੱਦਾ ਰਿਹਾ ਹੈ। ਇੰਗਲੈਂਡ ਵਿੱਚ ਉਦਯੋਗਿਕ ਕ੍ਰਾਂਤੀ ਦੌਰਾਨ ਬੱਚਿਆਂ ਨੂੰ ਵੀ ਚਿਮਨੀਆਂ ਸਾਫ਼ ਕਰਨ ਅਤੇ ਖਤਰਨਾਕ ਉਦਯੋਗ ਵਿੱਚ ਕੰਮ ਕਰਨ ਲਈ ਮਜਬੂਰ ਕੀਤਾ ਗਿਆ ਸੀ। ਨਤੀਜੇ ਵਜੋਂ ਬਹੁਤ ਸਾਰੇ ਗੰਭੀਰ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਸਨ ਅਤੇ ਅੰਤ ਵਿੱਚ ਜਲਦੀ ਮੌਤ ਹੋ ਜਾਂਦੀ ਸੀ, ਪਰ ਉਦੋਂ ਤੋਂ ਇੰਗਲੈਂਡ ਬਹੁਤ ਅੱਗੇ ਵਧ ਗਿਆ ਹੈ। ਸਾਰੇ ਬੱਚੇ ਸਕੂਲ ਜਾਂਦੇ ਹਨ, ਉਨ੍ਹਾਂ ਨੂੰ ਸਹੀ ਪੋਸ਼ਣ ਅਤੇ ਲੋੜੀਂਦੀ ਸਿਹਤ ਸੰਭਾਲ ਮਿਲਦੀ ਹੈ। ਅਸੀਂ ਆਪਣੇ ਦੇਸ਼ ਵਿੱਚ ਅਜੇ ਵੀ ਇਸ ਨੂੰ ਪ੍ਰਾਪਤ ਕਰਨ ਤੋਂ ਬਹੁਤ ਦੂਰ ਹਾਂ!

2007 ਵਿੱਚ ਜਨੇਵਾ ਵਿੱਚ ਹੋਈ 60ਵੀਂ ਵਿਸ਼ਵ ਸਿਹਤ ਅਸੈਂਬਲੀ ਨੇ ਕਾਮਿਆਂ ਦੀ ਸਿਹਤ: ਗਲੋਬਲ ਪਲਾਨ ਆਫ਼ ਐਕਸ਼ਨ ਤਿਆਰ ਕੀਤਾ ਸੀ। ਇਸ ਮੁਤਾਬਕ ਕਾਮੇ ਦੁਨੀਆ ਦੀ ਅੱਧੀ ਆਬਾਦੀ ਦੀ ਨੁਮਾਇੰਦਗੀ ਕਰਦੇ ਹਨ ਅਤੇ ਆਰਥਿਕ ਅਤੇ ਸਮਾਜਿਕ ਵਿਕਾਸ ਵਿੱਚ ਪ੍ਰਮੁੱਖ ਯੋਗਦਾਨ ਪਾਉਂਦੇ ਹਨ, ਪਰ ਉਨ੍ਹਾਂ ਵਿੱਚੋਂ ਬਹੁਤ ਘੱਟ ਗਿਣਤੀ ਕੋਲ ਕਿੱਤਾਮੁਖੀ ਸਿਹਤ ਸੇਵਾਵਾਂ ਤੱਕ ਪਹੁੰਚ ਹੈ।

ਅੰਤਰਰਾਸ਼ਟਰੀ ਕਿਰਤ ਸੰਗਠਨ (9*®) ਦੇ ਅਨੁਮਾਨ ਅਨੁਸਾਰ ਵਿਸ਼ਵ ਪੱਧਰ ’ਤੇ ਹਰ ਸਾਲ 20 ਲੱਖ ਯਾਨੀ ਕੁੱਲ ਮੌਤਾਂ ਦਾ 3.6 ਫੀਸਦੀ ਕੰਮ ਨਾਲ ਸੰਬੰਧਤ ਹਾਦਸਿਆਂ ਜਾਂ ਬਿਮਾਰੀਆਂ ਕਾਰਨ ਹੁੰਦਾ ਹੈ ਅਤੇ ਦੁਨੀਆ ਦੇ ਸਾਲਾਨਾ GDP ਦਾ 4 ਫੀਸਦੀ ਕਿੱਤਾਮੁਖੀ ਬਿਮਾਰੀਆਂ ਅਤੇ ਹਾਦਸਿਆਂ ਦੇ ਨਤੀਜੇ ਵਜੋਂ ਖਤਮ ਹੋ ਜਾਂਦਾ ਹੈ।

ਸਾਡੇ ਦੇਸ਼ ਵਿੱਚ ‘ਭਾਰਤੀ ਆਬਾਦੀ ਘੜੀ’ ਦੇ ਅਨੁਸਾਰ ਹਰ ਸਾਲ 97 ਲੱਖ ਮੌਤਾਂ ਹੁੰਦੀਆਂ ਹਨ। ਇਸ ਵਿੱਚੋਂ ਲਗਭਗ 48000 ਕਾਮੇ, ਯਾਨੀ ਕਿ ਕੁੱਲ ਮੌਤਾਂ ਦਾ 4.8 ਫੀਸਦੀ ਕਿੱਤਾਮੁਖੀ ਹਾਦਸਿਆਂ ਕਾਰਨ ਹੁੰਦੀਆਂ ਹਨ। ਉਸਾਰੀ ਖੇਤਰ ਮੌਤਾਂ ਦਾ 24.20 ਪ੍ਰਤੀਸ਼ਤ ਯੋਗਦਾਨ ਪਾਉਂਦਾ ਹੈ। ਇਨ੍ਹਾਂ ਵਿੱਚੋਂ ਬਹੁਤ ਸਾਰੇ ਦੁਖਾਂਤਾਂ ਨੂੰ ਠੋਸ ਰੋਕਥਾਮ, ਰਿਪੋਰਟਿੰਗ ਅਤੇ ਨਿਰੀਖਣ ਅਭਿਆਸਾਂ ਦੇ ਲਾਗੂ ਕਰਨ ਦੁਆਰਾ ਰੋਕਿਆ ਜਾ ਸਕਦਾ ਹੈ।

ਭਾਰਤ ਵਿੱਚ ਲਗਭਗ 54 ਕਰੋੜ ਲੋਕਾਂ ਦੀ ਕਾਰਜ ਸ਼ਕਤੀ ਹੈ। ਉਨ੍ਹਾਂ ਵਿੱਚੋਂ ਲਗਭਗ 3 ਫੀਸਦੀ ਸਰਕਾਰੀ ਵਿਭਾਗਾਂ ਅਤੇ ਜਨਤਕ ਖੇਤਰ ਦੇ ਉੱਦਮਾਂ ਵਿੱਚ ਹਨ। ਸਿਰਫ਼ ਉਹ ਸਮਾਜਿਕ ਸੁਰੱਖਿਆ ਦੇ ਅਧੀਨ ਹਨ। ਬਾਕੀ ਕਾਰਜ ਸ਼ਕਤੀ ਵਿੱਚੋਂ ਸਿਰਫ਼ ਥੋੜ੍ਹੀ ਜਿਹੀ ਗਿਣਤੀ ਰਸਮੀ ਅਰਥ ਵਿਵਸਥਾ ਵਿੱਚ ਹੈ, ਜਦੋਂ ਕਿ ਵੱਡੀ ਬਹੁਗਿਣਤੀ, 93 ਫੀਸਦੀ, ਗੈਰ-ਰਸਮੀ ਅਰਥ ਵਿਵਸਥਾ ਵਿੱਚ ਹੈ। ਸਰਕਾਰੀ ਅਤੇ ਜਨਤਕ ਖੇਤਰ ਦੇ ਕਰਮਚਾਰੀਆਂ ਤੋਂ ਇਲਾਵਾ ਕੁੱਲ ਕਾਰਜ ਸ਼ਕਤੀ ਦਾ ਸਿਰਫ਼ 11 ਫੀਸਦੀ ਸਮਾਜਿਕ ਸੁਰੱਖਿਆ ਯੋਜਨਾਵਾਂ ਦੇ ਅਧੀਨ ਹੈ। ਇਸ ਤਰ੍ਹਾਂ ਕਿੱਤਾਮੁਖੀ ਸੁਰੱਖਿਆ ਬਹੁਤ ਮਹੱਤਵਪੂਰਨ ਮੁੱਦਾ ਹੈ।

ਵਿਸ਼ਵ ਸਿਹਤ ਸੰਗਠਨ ➡8® ਨੇ ਸੁਝਾਅ ਦਿੱਤਾ ਸੀ ਕਿ ਗਤੀਵਿਧੀਆਂ ਦੇ ਅੰਤਰ-ਖੇਤਰੀ ਤਾਲਮੇਲ ਲਈ ਵਿਧੀਆਂ ਵਿਕਸਤ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਇਹ ਮਹੱਤਵਪੂਰਨ ਹੈ; ਕਿਉਂਕਿ ਵੱਖ-ਵੱਖ ਖੇਤਰਾਂ ਵਿੱਚ ਸਿਹਤ ’ਤੇ ਪ੍ਰਭਾਵ ਵੱਖ-ਵੱਖ ਹੁੰਦਾ ਹੈ। ਜਿਹੜੇ ਲੋਕ ਖਾਨਾਂ ਦੇ ਖੇਤਰ ਵਿੱਚ ਲੱਗੇ ਹੋਏ ਹਨ, ਉਨ੍ਹਾਂ ਨੂੰ ਉਨ੍ਹਾਂ ਖਾਸ ਪਦਾਰਥਾਂ ਦੇ ਸੰਪਰਕ ਨਾਲ ਸੰਬੰਧਤ ਬਿਮਾਰੀਆਂ ਦਾ ਜ਼ਿਆਦਾ ਖ਼ਤਰਾ ਹੁੰਦਾ ਹੈ, ਜਿਨ੍ਹਾਂ ਨਾਲ ਉਹ ਘਿਰੇ ਹੋਏ ਹਨ। ਪ੍ਰਮਾਣੂ ਉਦਯੋਗ ਵਿੱਚ ਕੰਮ ਕਰਨ ਵਾਲਿਆਂ ਨੂੰ ਰੇਡੀਏਸ਼ਨ ਦੇ ਖਤਰੇ ਦਾ ਸਾਹਮਣਾ ਕਰਨਾ ਪੈਂਦਾ ਹੈ। ਹਸਪਤਾਲ ਦੇ ਕਾਮੇ ਛੂਤ ਦੀਆਂ ਬਿਮਾਰੀਆਂ ਦੇ ਸੰਪਰਕ ਵਿੱਚ ਆਉਂਦੇ ਹਨ। ਉਸਾਰੀ ਕਾਮਿਆਂ ਨੂੰ ਦੁਖਦਾਈ ਸੱਟਾਂ ਲੱਗਣ ਦੀ ਜ਼ਿਆਦਾ ਸੰਭਾਵਨਾ ਹੁੰਦੀ ਹੈ। ਸੀਵਰੇਜ ਦੇ ਕੰਮ ਕਰਨ ਵਾਲੇ ਲੋਕ ਰਹਿੰਦ-ਖੂੰਹਦ ਅਤੇ ਜ਼ਹਿਰੀਲੀਆਂ ਗੈਸਾਂ ਦੇ ਸੰਪਰਕ ਵਿੱਚ ਆਉਂਦੇ ਹਨ। ਰੋਕਥਾਮ, ਇਲਾਜ ਅਤੇ ਮੁਆਵਜ਼ੇ ਦੇ ਤਰੀਕੇ ਵੀ ਇਸ ਅਨੁਸਾਰ ਬਦਲਦੇ ਹਨ। ਆਰਥਿਕ ਗਤੀਵਿਧੀਆਂ ਦੇ ਉੱਚ-ਜੋਖਮ ਵਾਲੇ ਖੇਤਰਾਂ ਅਤੇ ਘੱਟ ਸੇਵਾ ਵਾਲੇ ਅਤੇ ਕਮਜ਼ੋਰ ਕੰਮ ਕਰਨ ਵਾਲੇ ਖੇਤਰਾਂ ਵੱਲ, ਜਿਵੇਂ ਕਿ ਛੋਟੇ ਅਤੇ ਵੱਡੇ ਕਾਮੇ, ਅਪਾਹਜ ਵਿਅਕਤੀ ਅਤੇ ਪ੍ਰਵਾਸੀ ਕਾਮੇ, ਲਿੰਗ ਪਹਿਲੂਆਂ ਨੂੰ ਧਿਆਨ ਵਿੱਚ ਰੱਖਦੇ ਹੋਏ, ਵੱਲ ਖਾਸ ਧਿਆਨ ਦੇਣਾ ਚਾਹੀਦਾ ਹੈ।

21 ਨਵੰਬਰ ਨੂੰ ਨੋਟੀਫਾਈ ਕੀਤੇ ਗਏ ਕਿੱਤਾਮੁਖੀ ਸੁਰੱਖਿਆ ਸਿਹਤ ਅਤੇ ਕੰਮ ਕਰਨ ਦੀਆਂ ਸਥਿਤੀਆਂ (OSH ਅਤੇ ➡3) 2020 ’ਤੇ ਲੇਬਰ ਕੋਡ ਨੇ ਕਾਮਿਆਂ ਦੀ ਸੁਰੱਖਿਆ ਲਈ ਵੱਖ-ਵੱਖ ਧਾਰਾਵਾਂ ਨੂੰ ਪੂਰੀ ਤਰ੍ਹਾਂ ਨਕਾਰ ਦਿੱਤਾ ਹੈ। ਇਹ ਪ੍ਰਭਾਵਸ਼ਾਲੀ ਲਾਗੂ ਕਰਨ ਦੇ ਮੁੱਖ ਮੁੱਦਿਆਂ ਦੇ ਨਾਲ-ਨਾਲ ਭਾਰਤੀ ਕਾਰਜਬਲ ਦੇ ਵੱਡੇ ਵਰਗਾਂ ਨੂੰ ਕਵਰ ਕਰਨ ਵਿੱਚ ਵੀ ਅਸਫਲ ਰਿਹਾ ਹੈ। ਇਹ ਕੋਡ 13 ਕੇਂਦਰੀ ਕਾਨੂੰਨਾਂ ਨੂੰ ਇਕਜੁੱਟ ਕਰਦਾ ਹੈ, ਜੋ ਪਹਿਲਾਂ ਫੈਕਟਰੀਆਂ, ਖਾਣਾਂ, ਬੰਦਰਗਾਹ, ਨਿਰਮਾਣ, ਆਵਾਜਾਈ, ਬਾਗਬਾਨੀ, ਠੇਕਾ ਮਜ਼ਦੂਰੀ ਅਤੇ ਪ੍ਰਵਾਸੀ ਮਜ਼ਦੂਰੀ ਵਰਗੇ ਖੇਤਰਾਂ ਵਿੱਚ ਕਾਮਿਆਂ ਦੀ ਸੁਰੱਖਿਆ, ਸਿਹਤ ਅਤੇ ਕੰਮ ਕਰਨ ਦੀਆਂ ਸਥਿਤੀਆਂ ਨੂੰ ਨਿਯੰਤਰਿਤ ਕਰਦੇ ਸਨ। ਇਸ ਨਵੇਂ ਕੋਡ ਮੁਤਾਬਕ ਹਰੇਕ ਖੇਤਰ ਦੀਆਂ ਵਿਸ਼ੇਸ਼ਤਾਵਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ।

ਕੋਡ ਨੂੰ ਰੁਜ਼ਗਾਰ ਦੀ ਪ੍ਰਕਿਰਤੀ, ਅਪ੍ਰੈਂਟਿਸ /ਸਿਖਲਾਈ ਪ੍ਰਾਪਤ ਕਰਨ ਵਾਲੇ ਸਾਰੇ ਕਾਮਿਆਂ ਨੂੰ ਕਵਰ ਕਰਨਾ ਚਾਹੀਦਾ ਹੈ, ਕਿਉਂਕਿ ਉਹ ਕਈ ਤਰ੍ਹਾਂ ਦੇ ਜੋਖਮਾਂ ਦਾ ਸਾਹਮਣਾ ਵੀ ਕਰਦੇ ਹਨ, ਕਈ ਵਾਰ ਉਹ ਤਜਰਬੇ ਦੀ ਘਾਟ ਕਾਰਨ ਨਿਯਮਤ ਕਰਮਚਾਰੀਆਂ ਨਾਲੋਂ ਵੀ ਵੱਧ ਜੋਖਮ ਵਿੱਚ ਹੁੰਦੇ ਹਨ।

ਖੇਤੀਬਾੜੀ ਕਾਮੇ, ਘਰੇਲੂ ਕਾਮੇ, ਸੀਵਰੇਜ ਕਾਮੇ, ਨਮਕ ਕਾਮੇ, ਸੁਰੱਖਿਆ ਗਾਰਡ, ਜੰਗਲਾਤ ਕਾਮੇ, ਸੂਚਨਾ ਤਕਨਾਲੋਜੀ (ਆਈ.ਟੀ.) ਕਾਮੇ, ਕੋਰੀਅਰ ਕਾਮੇ, ਆਂਗਨਵਾੜੀ ਵਰਕਰ ਆਦਿ ਵਰਗੇ ਕਾਮਿਆਂ ਦੀਆਂ ਹੋਰ ਸ਼੍ਰੇਣੀਆਂ ਦੇ ਹਿੱਤਾਂ ਨੂੰ ਵੱਡੇ ਪੱਧਰ ’ਤੇ ਨਜ਼ਰਅੰਦਾਜ਼ ਕੀਤਾ ਗਿਆ ਹੈ। ਸਪੱਸ਼ਟ ਕਾਰਨਾਂ ਕਰਕੇ ਮਹਿਲਾ ਕਾਰਜਬਲ ਦੇ ਹਿੱਤਾਂ ਨੂੰ ਪਹਿਲ ਦਿੱਤੀ ਜਾਣੀ ਚਾਹੀਦੀ ਹੈ।

OSH ਕੋਡ ਕਈ ਕਾਨੂੰਨੀ ਸੁਰੱਖਿਆ ਉਪਾਵਾਂ ਨੂੰ ਕਮਜ਼ੋਰ ਕਰਦਾ ਹੈ, ਜੋ ਪਹਿਲਾਂ ਦੇ ਸੈਕਟਰ-ਵਿਸ਼ੇਸ਼ ਕਾਨੂੰਨਾਂ, ਜਿਵੇਂ ਕਿ ਫੈਕਟਰੀ ਐਕਟ, ਮਾਈਨਜ਼ ਐਕਟ, ਕੰਟਰੈਕਟ ਲੇਬਰ ਐਕਟ ਅਤੇ ਇੰਟਰ-ਸਟੇਟ ਮਾਈਗ੍ਰੇਟ ਵਰਕਰ ਐਕਟ ਦੇ ਅਧੀਨ ਮੌਜੂਦ ਸਨ। ਇਹਨਾਂ ਵਿੱਚੋਂ ਬਹੁਤ ਸਾਰੇ ਪੁਰਾਣੇ ਕਾਨੂੰਨਾਂ ਵਿੱਚ ਵਿਸਤ੍ਰਿਤ ਅਧਿਆਇ ਵਿਸ਼ੇਸ਼ ਤੌਰ ’ਤੇ ਉੱਚ-ਜੋਖਮ ਵਾਲੇ ਖੇਤਰਾਂ ਲਈ ਤਿਆਰ ਕੀਤੇ ਗਏ ਸਨ। ਨਵਾਂ ਢਾਂਚਾ ਮਾਲਕਾਂ ਅਤੇ ਸਰਕਾਰਾਂ ਨੂੰ ਬਹੁਤ ਜ਼ਿਆਦਾ ਲਚਕਤਾ ਦਿੰਦਾ ਹੈ, ਜਦੋਂ ਕਿ ਕਾਮਿਆਂ ਨੂੰ ਸਪੱਸ਼ਟ ਲਾਗੂ ਕਰਨ ਯੋਗ ਅਧਿਕਾਰਾਂ ਤੋਂ ਵਾਂਝਾ ਕਰਦਾ ਹੈ।

ਇਸ ਤੋਂ ਇਲਾਵਾ ਕੋਡ ਸਿਰਫ 10 ਜਾਂ ਵੱਧ ਕਾਮਿਆਂ ਵਾਲੀਆਂ ਸੰਸਥਾਵਾਂ ’ਤੇ ਲਾਗੂ ਹੁੰਦਾ ਹੈ, ਖ਼ਤਰਨਾਕ ਕਿੱਤਿਆਂ ਲਈ ਕੁਝ ਅਪਵਾਦਾਂ ਦੇ ਨਾਲ। ਬਹੁਤ ਸਾਰੇ ਨਿਯਮਾਂ ਨੇ ਫੈਕਟਰੀ ਨੂੰ ਮੁੜ ਪਰਿਭਾਸ਼ਿਤ ਕਰਨ ਦਾ ਪ੍ਰਸਤਾਵ ਰੱਖਿਆ ਹੈ, ਜਿਸ ਵਿੱਚ ਕ੍ਰਮਵਾਰ 10 ਅਤੇ 20 ਦੇ ਪੁਰਾਣੇ ਥ੍ਰੈਸ਼ਹੋਲਡ ਦੇ ਮੁਕਾਬਲੇ 20 ਬਿਜਲੀ ਵਾਲੇ ਅਤੇ 40 ਬਿਜਲੀ ਤੋਂ ਬਿਨਾਂ ਕਾਮਿਆਂ ਦੀ ਲੋੜ ਹੁੰਦੀ ਹੈ। ਭਾਰਤ ਦਾ ਨਿਰਮਾਣ ਖੇਤਰ, ਖਾਸ ਕਰਕੇ ਟੈਕਸਟਾਈਲ, ਕੱਪੜਾ, ਧਾਤ, ਹੌਜ਼ਰੀ ਅਤੇ ਫੂਡ-ਪ੍ਰੋਸੈਸਿੰਗ ਕਲੱਸਟਰਾਂ ਵਿੱਚ, ਛੋਟੀਆਂ ਇਕਾਈਆਂ ਦਾ ਦਬਦਬਾ ਹੈ, ਜੋ 10 ਜਾਂ 20 ਤੋਂ ਘੱਟ ਕਾਮਿਆਂ ਨੂੰ ਰੁਜ਼ਗਾਰ ਦਿੰਦੀਆਂ ਹਨ। ਸੀਮਾ ਵਧਾਉਣ ਦੇ ਨਤੀਜੇ ਵਜੋਂ ਛੋਟੇ ਪੈਮਾਨੇ ਅਤੇ ਸੂਖਮ-ਉਦਯੋਗਿਕ ਇਕਾਈਆਂ ਵਿੱਚ ਲੱਖਾਂ ਕਾਮੇ ਕੋਡ ਦੀ ਸੁਰੱਖਿਆ ਤੋਂ ਬਾਹਰ ਰੱਖੇ ਗਏ ਹਨ। ਇਨ੍ਹਾਂ ਯੂਨਿਟਾਂ ਵਿੱਚ ਕੰਮ ਕਰਨ ਵਾਲੇ ਕਾਮਿਆਂ ਨੂੰ ਅਸੁਰੱਖਿਅਤ ਮਸ਼ੀਨਰੀ, ਮਾੜੀ ਹਵਾਦਾਰੀ, ਲੰਮੇ ਕੰਮ ਦੇ ਘੰਟੇ ਅਤੇ ਭਲਾਈ ਸਹੂਲਤਾਂ ਦੀ ਘਾਟ ਕਾਰਨ ਸਭ ਤੋਂ ਵੱਧ ਜੋਖਮਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਠੇਕੇ ਅਤੇ ਪ੍ਰਵਾਸੀ ਕਾਮਿਆਂ ਲਈ ਸੁਰੱਖਿਆ ਦੀ ਘਾਟ ਹੈ। ਅੰਤਰ-ਰਾਜੀ ਪ੍ਰਵਾਸੀ ਕਾਮੇ ਐਕਟ, 1979, ਜਿਸ ਨੇ ਵਿਸਥਾਪਨ ਭੱਤਾ, ਯਾਤਰਾ ਭੱਤਾ, ਅਤੇ ਠੇਕੇਦਾਰਾਂ ਦੀ ਲਾਜ਼ਮੀ ਰਜਿਸਟ੍ਰੇਸ਼ਨ ਨੂੰ ਯਕੀਨੀ ਬਣਾਇਆ, ਨੂੰ ਰੱਦ ਕਰ ਦਿੱਤਾ ਗਿਆ ਹੈ। ਇਸ ਦੇ ਮਜ਼ਬੂਤ ਸੁਰੱਖਿਆ ਉਪਾਅ OSH ਕੋਡ ਵਿੱਚ ਪੂਰੀ ਤਰ੍ਹਾਂ ਅੱਗੇ ਨਹੀਂ ਵਧੇ।ਇਸੇ ਤਰ੍ਹਾਂ ਠੇਕੇਦਾਰਾਂ ਲਈ ਲਾਗੂ ਹੋਣ ਲਈ ਉੱਚ ਸੀਮਾਵਾਂ ਅਤੇ ਸਰਲ ਲਾਇਸੈਂਸਿੰਗ ਦੇ ਕਾਰਨ ਠੇਕੇ ’ਤੇ ਮਜ਼ਦੂਰੀ ਲਈ ਕਵਰੇਜ ਕਮਜ਼ੋਰ ਹੋ ਗਈ ਹੈ। ਆਲੋਚਕਾਂ ਦਾ ਤਰਕ ਹੈ ਕਿ ਇਹ ਮਾਲਕਾਂ ਨੂੰ ਠੇਕੇ ’ਤੇ ਕੰਮ ਕਰਨ ਵਾਲੇ ਕਾਮਿਆਂ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਘਟਾਉਣ ਦੀ ਆਗਿਆ ਦਿੰਦਾ ਹੈ, ਜੋ ਅਕਸਰ ਸਭ ਤੋਂ ਜੋਖਮ ਭਰੇ ਕੰਮਾਂ ਦਾ ਸਾਹਮਣਾ ਕਰਦੇ ਹਨ, ਪਰ ਸਭ ਤੋਂ ਘੱਟ ਸੁਰੱਖਿਆ ਪ੍ਰਾਪਤ ਕਰਦੇ ਹਨ।

ਸੈਕਟਰ-ਵਿਸ਼ੇਸ਼ ਸੁਰੱਖਿਆ ਦਾ ਖਾਤਮਾ ਹੋ ਗਿਆ ਹੈ। ਪਹਿਲਾਂ, ਪਲਾਂਟੇਸ਼ਨ ਲੇਬਰ ਐਕਟ, ਬੀੜੀ ਅਤੇ ਸਿਗਾਰ ਵਰਕਰਜ਼ ਐਕਟ, ਮੋਟਰ ਟ੍ਰਾਂਸਪੋਰਟ ਵਰਕਰਜ਼ ਐਕਟ ਅਤੇ ਡੌਕ ਵਰਕਰਜ਼ ਐਕਟ ਵਰਗੇ ਕਾਨੂੰਨਾਂ ਵਿੱਚ ਕੰਮ ਕਰਨ ਦੇ ਘੰਟਿਆਂ, ਭਲਾਈ ਸਹੂਲਤਾਂ, ਰਿਹਾਇਸ਼, ਡਾਕਟਰੀ ਦੇਖਭਾਲ ਅਤੇ ਸੁਰੱਖਿਆ ਬਾਰੇ ਵਿਸਤ੍ਰਿਤ, ਸੰਦਰਭ-ਵਿਸ਼ੇਸ਼ ਉਪਬੰਧ ਸਨ। OSH ਕੋਡ ਇਹਨਾਂ ਨੂੰ ਇੱਕ ਆਮ ਢਾਂਚੇ ਵਿੱਚ ਮਿਲਾ ਦਿੰਦਾ ਹੈ, ਜੋ ਹਰੇਕ ਸੈਕਟਰ ਦੇ ਵਿਲੱਖਣ ਜੋਖਮਾਂ ਅਤੇ ਹਾਲਤਾਂ ਨੂੰ ਨਜ਼ਰਅੰਦਾਜ਼ ਕਰਦਾ ਹੈ।

ਸ਼ਿਕਾਇਤ ਨਿਵਾਰਨ ਵਿਧੀਆਂ ਨੂੰ ਕਮਜ਼ੋਰ ਬਣਾਇਆ ਗਿਆ ਹੈ। ਕੋਡ ਕਰਮਚਾਰੀਆਂ ਲਈ ਸ਼ਿਕਾਇਤਾਂ ਦਰਜ ਕਰਨ ਜਾਂ ਅਸੁਰੱਖਿਅਤ ਕੰਮ ਕਰਨ ਦੀਆਂ ਸਥਿਤੀਆਂ ਲਈ ਉਪਚਾਰਾਂ ਦੀ ਪੈਰਵੀ ਕਰਨ ਲਈ ਮਜ਼ਬੂਤ ਰਸਤੇ ਨਹੀਂ ਬਣਾਉਂਦਾ। ਸੁਰੱਖਿਆ ਵਿਵਾਦਾਂ ਲਈ ਕੋਈ ਸੁਤੰਤਰ ਅਥਾਰਟੀ ਨਹੀਂ ਅਤੇ ਕਰਮਚਾਰੀਆਂ ਨੂੰ ਇੱਕ ਕਮਜ਼ੋਰ ਨਿਰੀਖਣ ਪ੍ਰਣਾਲੀ ’ਤੇ ਭਰੋਸਾ ਕਰਨਾ ਪੈਂਦਾ ਹੈ। ਇਹ ਉਲੰਘਣਾਵਾਂ ਦੀ ਰਿਪੋਰਟਿੰਗ ਨੂੰ ਨਿਰਾਸ਼ ਕਰਦਾ ਹੈ, ਖਾਸ ਕਰਕੇ ਠੇਕੇ ਅਤੇ ਪ੍ਰਵਾਸੀ ਕਾਮਿਆਂ ਵਿੱਚ ਜੋ ਬਦਲੇ ਤੋਂ ਡਰਦੇ ਹਨ।

ਕੰਮ ਦੇ ਘੰਟਿਆਂ ਵਿੱਚ ਲੰਮੇ ਸਮੇਂ ਅਤੇ ਲਚਕਦਾਰ ਕੰਮ ਦੀਆਂ ਸ਼ਿਫਟਾਂ ਦਾ ਮਜ਼ਬੂਤ ਪ੍ਰਬੰਧ ਹੈ। OSH ਕੋਡ ਕੰਮ ਦੇ ਘੰਟਿਆਂ ਵਿੱਚ ਮਹੱਤਵਪੂਰਨ ਲਚਕਤਾ ਦੀ ਆਗਿਆ ਦਿੰਦਾ ਹੈ। ਹਾਲਾਂਕਿ ਇਹ ਨਾਮਾਤਰ ਤੌਰ ’ਤੇ 48-ਘੰਟੇ ਦੇ ਕੰਮ ਦੇ ਹਫ਼ਤੇ ਨੂੰ ਬਰਕਰਾਰ ਰੱਖਦਾ ਹੈ, ਰਾਜ ਦੇ ਡਰਾਫਟ ਅਤੇ ਨਿਯਮ 12-ਘੰਟੇ ਰੋਜ਼ਾਨਾ ਸ਼ਿਫਟਾਂ ਦੀ ਆਗਿਆ ਦਿੰਦੇ ਹਨ। ਇਹ ਦਹਾਕਿਆਂ ਤੋਂ ਪ੍ਰਾਪਤ ਮਿਹਨਤ ਨਾਲ ਪ੍ਰਾਪਤ ਕੀਤੇ ਗਏ ਕਿਰਤ ਅਧਿਕਾਰਾਂ ਦਾ ਇੱਕ ਖਾਤਮਾ ਹੈ, ਖਾਸ ਕਰਕੇ 20ਵੀਂ ਸਦੀ ਦੇ ਸ਼ੁਰੂ ਤੋਂ ਅੱਠ ਘੰਟੇ ਦੇ ਕੰਮ ਦੇ ਸਿਧਾਂਤ ਨੂੰ।

ਕੋਈ ਹੈਰਾਨੀ ਨਹੀਂ ਕਿ ਇਨਫੋਸਿਸ ਦੇ ਚੇਅਰਮੈਨ ਨਾਰਾਇਣ ਮੂਰਤੀ ਨੇ ਹਫ਼ਤੇ ਵਿੱਚ 70 ਘੰਟੇ ਕੰਮ ਕਰਨ ਦੀ ਰਾਏ ਦਿੱਤੀ ਸੀ (ਸੰਭਾਵਤ ਤੌਰ ’ਤੇ ਸਰਕਾਰ ਦੇ ਕਹਿਣ ’ਤੇ)। ਸੁਬਰਾਮਨੀਅਮ ਹਫ਼ਤੇ ਵਿੱਚ 90 ਘੰਟੇ ਕੰਮ ਕਰਨ ਦੀ ਮੰਗ ਕਰਦੇ ਹੋਏ ਹੋਰ ਅੱਗੇ ਵਧ ਗਏ। ਖੋਜਾਂ ਰਾਹੀਂ ਡਾਕਟਰੀ ਵਿਗਿਆਨ ਇਸ ਸਿੱਟੇ ’ਤੇ ਪਹੁੰਚਿਆ ਹੈ ਕਿ ਸਾਡਾ ਜੀਵ ਲਗਾਤਾਰ 8 ਘੰਟੇ ਵੀ ਉਤਪਾਦਕ ਨਹੀਂ ਹੋ ਸਕਦਾ, ਖਾਸ ਤੌਰ ’ਤੇ ਸਰਕੇਡੀਅਨ ਰਿਦਮ ਦੇ ਕਾਰਨ, ਯਾਨੀ ਕਿ ਸਾਡੇ ਰੋਜ਼ਾਨਾ ਜੈਵਿਕ ਚੱਕਰਾਂ ਦੇ ਕਾਰਨ। ਵਿਗਿਆਨੀ ਆਮ ਤੌਰ ’ਤੇ ਇਸ ਗੱਲ ਨਾਲ ਸਹਿਮਤ ਹਨ ਕਿ ਆਦਰਸ਼ ਕੰਮ ਕਰਨ ਦਾ ਸਮਾਂ ਲਗਭਗ 6 ਘੰਟੇ ਹੈ ਅਤੇ ਸਵੇਰੇ ਵਧੇਰੇ ਕੇਂਦ੍ਰਿਤ ਹੈ।

ਸਾਫ਼, ਸਾਫ਼-ਸੁਥਰੇ ਵਾਤਾਵਰਣ, ਪੀਣ ਵਾਲੇ ਪਾਣੀ ਅਤੇ ਹੋਰ ਅਜਿਹੀਆਂ ਸਹੂਲਤਾਂ ਦੀ ਘਾਟ ਕਾਰਨ ਮਜ਼ਦੂਰਾਂ ਦੇ ਸਿਹਤਮੰਦ ਹੋਣ ਅਤੇ ਆਪਣੀ ਸਰਵੋਤਮ ਸਮਰੱਥਾ ਵਿੱਚ ਯੋਗਦਾਨ ਪਾਉਣ ਦੀ ਸੰਭਾਵਨਾ ਘੱਟ ਹੈ।

ਹੁਣ ਸਮਾਂ ਆ ਗਿਆ ਹੈ ਕਿ ਮਜ਼ਦੂਰ ਯੂਨੀਅਨਾਂ, ਸਮਾਜਿਕ ਕਾਰਕੁਨ, ਸਬੰਧਤ ਨਾਗਰਿਕ ਅਤੇ ਸਿਆਸੀ ਪਾਰਟੀਆਂ ਤੰਦਰੁਸਤ ਜੀਵਨ ਲਈ ਮਜ਼ਦੂਰਾਂ ਦੇ ਅਧਿਕਾਰ ਦੀ ਰੱਖਿਆ ਵਿੱਚ ਖੜ੍ਹੇ ਹੋਣ ਅਤੇ ਸਰਕਾਰ ਨੂੰ OSH ਅਤੇ ➡3 ਕੋਡ ਵਾਪਸ ਲੈਣ ਲਈ ਮਜਬੂਰ ਕਰਨ।

# ਸੰਪਰਕ : 94170-00360

# ਪੇਮੀ ਦੇ ਨਿਆਣੇ-2



ਜਗਦੇਵ ਸ਼ਰਮਾ ਬੁਗਰਾ

ਗੱਲ 1970 ਦੀ ਹੈ। ਮੈਂ ਅੱਠਵੀਂ ਪਾਸ ਕਰ ਗਿਆ ਸਾਂ। ਅੱਠਵੀਂ ਤੱਕ ਤਾਂ ਮੇਰੇ ਪਿੰਡ ਤੋਂ ਕੋਈ ਢਾਈ-ਤਿੰਨ ਕਿਲੋਮੀਟਰ ਦੀ ਦੂਰੀ ’ਤੇ ਲਾਗਲੇ ਪਿੰਡ ਹੀ ਮਿਡਲ ਸਕੂਲ ਸੀ। ਕੱਚੇ ਪਹੇ, ਪੈਦਲ ਹੀ ਨੰਗੇ ਪੈਰੀਂ ਆਉਣਾ-ਜਾਣਾ ਹੁੰਦਾ ਸੀ। ਅੱਠਵੀਂ ਪਾਸ ਕਰਕੇ ਅਗਲੀ ਜਮਾਤ ਲਈ ਪਿੰਡੋਂ ਕੋਈ ਪੰਜ ਕਿਲੋਮੀਟਰ ਦੂਰ ਹਾਈ ਸਕੂਲ ਵਿੱਚ ਦਾਖਲਾ ਲੈਣਾ ਪਿਆ। ਪੈਦਲ ਆਉਣਾ-ਜਾਣਾ ਤਾਂ ਮੁਸ਼ਕਿਲ ਸੀ। ਕਈ ਸਹਿਪਾਠੀਆਂ ਦੇ ਮਾਪਿਆਂ ਨੇ ਬੱਚਿਆਂ ਨੂੰ ਨਵੀਆਂ ਕਿਤਾਬਾਂ ਦੇ ਨਾਲ-ਨਾਲ ਸਾਈਕਲ ਵੀ ਨਵੇਂ ਲੈ ਦਿੱਤੇ ਸਨ ਅਤੇ ਮੇਰੇ ਸਮੇਤ ਕਈਆਂ ਨੇ ਪੁਰਾਣੇ ਸਾਈਕਲਾਂ ਦਾ ਹੀ ਜੁਗਾੜ ਕੀਤਾ।

ਸਾਡੇ ਪਰਵਾਰ ਦਾ ਪਿਤਾ-ਪੁਰਖੀ ਕਿੱਤਾ ਖੇਤੀਬਾੜੀ ਸੀ। ਸਾਡੇ ਨਾਲ ਕਈ ਸਾਲਾਂ ਤੋਂ ਇੱਕ ਸੀਰੀ ਰਲਿਆ ਹੋਇਆ ਸੀ। ਉਸ ਕੋਲ ਇੱਕ ਅੱਧੋਰਾਣਾ ਤਾਂ ਨਹੀਂ ਕਹਿ ਸਕਦੇ, ਸਗੋਂ ਪੂਰਾ ਹੀ ਪੁਰਾਣਾ ਖੁੰਢ ਸਾਈਕਲ ਸੀ। ਮੇਰੇ ਪਿਤਾ ਜੀ ਨੇ ਉਸ ਕੋਲੋਂ ਇਹ ਸਾਈਕਲ 50 ਰੁਪਏ ਵਿੱਚ ਲੈ ਕੇ ਮੇਰੇ ਲਈ ਸੌਦਾ ਮਾਰ ਲਿਆ ਅਤੇ ਅਜੀਬੋ-ਗਰੀਬ ਸ਼ਕਲ-ਸੂਰਤ ਵਾਲਾ ਇਹ ਸਾਈਕਲ ਅੱਜ ਤੋਂ ਮੇਰੀ ਨਿਰ -ਵਿਵਾਦਿਤ ਜਾਇਦਾਦ ਬਣ ਗਿਆ ਸੀ। ਅਜਾਇਬਘਰ ਵਿੱਚ ਰੱਖਣਯੋਗ ਇੱਕ ਐਂਟੀਕ ਪੀਸ। ਉਸ ਦੇ ਹਾਜ਼ਰ ਪੁਰਜ਼ਿਆਂ ਨਾਲੋਂ ਗਾਇਬ ਪੁਰਜ਼ਿਆਂ ਦੀਆਂ ਵੋਟਾਂ ਵੱਧ ਸਨ। ਹੈਂਡਲ ਕੋਲ ਹੱਥ ਨਾਲ ਦੱਬ ਕੇ ਬ੍ਰੇਕ ਲਾਉਣ ਵਾਲੀਆਂ ਕਿੱਲੀਆਂ ਹੀ ਨਹੀਂ ਸਨ। ਭੱਜੀ ਜਾਂਦੀ ਗੱਡੀ ਦੇ ਅਗਲੇ ਪਹੀਏ ਉੱਪਰ ਪੈਰ ਲਾ ਕੇ ਰੋਕਣਾ ਪੈਂਦਾ ਸੀ। ਦੋਵੇਂ ਮਡਗਾਰਡ ਸਵਰਗ ਸੁਧਾਰ ਚੁੱਕੇ ਸਨ। ਕੈਰੀਅਰ ਦਾ ਨਾਮੋ-ਨਿਸ਼ਾਨ ਪਤਾ ਨਹੀਂ ਕਦੋਂ ਦਾ ਮਿਟ ਚੁੱਕਾ ਸੀ। ਸਟੈਂਡ ਦੀ ਗੈਰ-ਹਾਜ਼ਰੀ ਵਿੱਚ ਆਪਣੇ ਪੈਰਾਂ ਸਿਰ ਖੜ੍ਹਾ ਨਹੀਂ ਸੀ ਹੋ ਸਕਦਾ ਵਿਚਾਰਾ। ਸਕੂਲ ਵਿੱਚ ਬਿਨਾਂ ਚਾਰ-ਦਵਾਰੀ ਵਾਲੇ ਸਾਈਕਲ ਸਟੈਂਡ ਵਿੱਚ ਮੈਂ ਉਸ ਦਾ ਹੈਂਡਲ ਦੋ ਗਵਾਂਢੀ ਸਾਈਕਲਾਂ ਦੇ ਹੈਂਡਲਾਂ ਵਿੱਚ ਅਟਕਾ ਦਿੰਦਾ। ਸਾਈਕਲ ਦੀ ਚੇਨ ਵਿਚਾਰੀ ਨੰਗੀ ਹੀ ਘੁੰਮਦੀ ਸੀ, ਬਗੈਰ ਚੈਨ ਕਵਰ ਦੇ। ‘ਪਾਸੇ ਹਟ ਜਾ ਜ਼ਾਲਮਾਂ’ ਕਹਿਣ ਲਈ ਟੱਲੀ-ਨੁਮਾ ਵਾਜਾ ਮਿੱਸਿੰਗ ਸੀ। ਉਸ ਦੀ ਇੱਕੋ ਇੱਕ ਦਰਸ਼ਨੀ ਚੀਜ਼ ਸੀ, ਉਹ ਸੀ ਉਸ ਦੀ ਕਾਠੀ, ਮੇਰੀ ਮਾਂ ਦੁਆਰਾ ਖਿੱਦੋ ਵਾਂਗ ਮੜ੍ਹੀ ਹੋਈ। ਇੱਕਲੇ ਇੱਕ ਦੋ ਸਪਰਿੰਗਾਂ ਵਾਲੀ ਕਾਠੀ ਉੱਪਰ ਹੋਰ ਕੁੱਛ ਵੀ ਨਹੀਂ ਸੀ। ਮੇਰੀ ਮਾਂ ਨੇ ਇੱਕ ਫੁੱਲ-ਬੂਟੀਆਂ ਵਾਲੇ ਕੱਪੜੇ ਦੀ ਕਾਠੀ ਸਿਉਂ ਕੇ ਉਸ ਵਿੱਚ ਰੂੰ ਭਰ ਦਿੱਤੀ ਸੀ।ਕੱਸਣ ਲਈ ਕਾਠੀ ਉੱਪਰ ਅੱਗੇ-ਪਿੱਛੇ ਤਣੀਆਂ ਲਗਾ ਦਿੱਤੀਆਂ ਸਨ। ਹੁਣ ਮੇਰਾ ਸਾਈਕਲ ਵੱਖਰੀ ਹੀ ਨੁਹਾਰ ਪੇਸ਼ ਕਰਦਾ ਸੀ। ਪੈਡਲਾਂ ਦੀਆਂ ਕਿੱਲੀਆਂ ਇਸ ਤਰਾਂ ਦੀ ਆਵਾਜ਼ ਕੱਢਦੀਆਂ ਸਨ, ਜਿਵੇਂ ਨਵ-ਵਿਆਹੀ ਵਹੁਟੀ ਵਿਹੜੇ ਵਿੱਚ ਝਾਂਜਰਾਂ ਖੜਕਾਉਂਦੀ ਫਿਰਦੀ ਹੋਵੇ। ਅਜਿਹੀ ਆਵਾਜ਼ ਨੂੰ ਯਾਦ ਕਰਕੇ ਸਾਈਕਲ ਨੂੰ ਵੀ ਆਪਣੀ ਜਵਾਨੀ ਦੇ ਦਿਨ ਯਾਦ ਆ ਜਾਂਦੇ ਹੋਣਗੇ। ਮੈਂ ਤੇ ਮੇਰਾ ਇਹ ਸਾਈਕਲ ਇੱਕ-ਦੂਜੇ ਦੇ ਸਾਹ ਵਿੱਚ ਸਾਹ ਲੈਂਦੇ ਸਾਂ। ਇੱਕ-ਦੂਜੇ ਦੇ ਦੁੱਖ-ਸੁੱਖ ਦੇ ਸਾਥੀ।‘ਤੇਰੀ ਮੇਰੀ ਇੱਕ ਜਿੰਦੜੀ, ਤੈਨੂੰ ਤਾਪ ਚੜ੍ਹੇ ਮੈਂ ਹੂੰਗਾਂ’ ਵਾਲਾ ਰਿਸ਼ਤਾ ਸੀ ਸਾਡਾ। ਕਦੇ ਉਹ ਮੈਨੂੰ ਆਪਣੀ ਸਵਾਰੀ ਕਰਵਾਉਂਦਾ ਅਤੇ ਕਦੇ ਮੈਂ ਉਸ ਨੂੰ ਮੋਢੇ ਲਾ ਕੇ ਲਿਆਉਂਦਾ। ਉਂਜ ਇਹ ਵੱਖਰੀ ਗੱਲ ਸੀ ਕਿ ਉਸ ਨੂੰ ਸਵਾਰੀ ਕਰਵਾਉਣ ਦਾ ਸੁਨਹਿਰੀ ਅਵਸਰ ਕਦੇ ਹੀ ਮਿਲਦਾ ਸੀ, ਜ਼ਿਆਦਾਤਰ ਮੈਂ ਹੀ ਉਸ ਦੇ ਬੁਢਾਪੇ ਦੀ ਡੰਗੋਰੀ ਬਣਦਾ ਸਾਂ। ਅਫਸੋਸ ਰਹੇਗਾ ਕਿ ਮੈਂ ਆਪਣੀ ਸਾਰੀ ਜ਼ਿੰਦਗੀ ਉਸ ਨਾਲ ਕਿਉਂ ਨਾ ਗੁਜ਼ਾਰੀ। ਪਤਾ ਨਹੀਂ ਵਿਚਾਰਾ ਕਿਨ੍ਹਾਂ ਹਾਲਤਾਂ ਵਿਚੋਂ ਲੰਘ ਕੇ ਸੇਵਾ-ਮੁਕਤ ਹੋਇਆ ਹੋਵੇਗਾ।

ਖ਼ੈਰ ! ਦੁੱਖ ਸੁੱਖ ਤਾਂ ਆਉਣੀ-ਜਾਣੀ ਚੀਜ਼ ਹੁੰਦੀ ਹੈ। ਭਾਵੇਂ ਕਿ ਉਸ ਵਿਚਾਰੇ ਦੇ ਕਰਮਾਂ ਵਿੱਚ ਤਾਂ ਜਿਵੇਂ ਦੁੱਖ ਸਿਰਫ ਆਉਣ-ਆਉਣ ਵਾਲੀ ਚੀਜ਼ ਹੀ ਹੋਵੇ, ਆ ਕੇ ਜਾਣ ਵਾਲੀ ਨਹੀਂ। ਉਸ ਦੀ ਗਿਣਤੀ ਦੀਆਂ ਚੂਲਾਂ ਵਿੱਚੋਂ ਵੀ ਕੋਈ ਨਾ ਕੋਈ ਚੂਲ ਵਿੰਗੀ ਹੀ ਰਹਿੰਦੀ ਸੀ। ਜੇਕਰ ਹੋਰ ਕੁਝ ਨਹੀਂ ਤਾਂ ਪੈਂਚਰ ਤਾਂ ਵੱਟ ’ਤੇ ਹੀ ਪਿਆ ਸੀ। ਅਜਿਹੇ ਹੀ ਇੱਕ ਦਿਨ ਮੇਰੀ ਪੈਂਚਰ ਯੁਕਤ ਸਵਾਰੀ ਨੂੰ ਰੋੜ੍ਹ ਕੇ ਮੈਂ ਸਾਈਕਲ ਮੁਰੰਮਤ ਕਾਰਨ ਵਾਲੇ ਦੇ ਟਰੌਮਾ ਸੈਂਟਰ ਪਹੁੰਚਾਇਆ। ਦਸ ਕੁ ਮਿੰਟ ਵਿੱਚ ਪੈਂਚਰ ਲਾ ਕੇ ਉਸ ਨੇ ਸਾਈਕਲ ਮੇਰੇ ਹੱਥ ਫੜਾਇਆ, ਕਿਉਂਕਿ ਸਟੈਂਡ ਰਹਿਤ ਦੁਪਹੀਆ ਵਾਹਨ ਨੂੰ ਹੋਰ ਉਹ ਖੜ੍ਹਾਉਂਦਾ ਵੀ ਭਲਾ ਕਿਵੇਂ? ਨਾਲ ਹੀ ਆਪਣਾ ਮਿਹਨਤਾਨਾ ਚਾਰ ਆਨੇ ਲੈਣ ਲਈ ਉਸ ਨੇ ਹੱਥ ਅੱਗੇ ਵਧਾਇਆ।

ਮੇਰੇ ਕੋਲ ਚਾਰ ਆਨੇ ਤਾਂ ਹੈਨੀ, ਮੇਰਾ ਨਿਰਛਲ ਉੱਤਰ ਸੀ।

ਕੀ ਮਤਲਬ ?

ਅੱਜ ਤਾਂ ਚਾਰ ਆਨੇ ਹੈ ਨਹੀਂ, ਮੈਂ ਕੱਲ੍ਹ ਨੂੰ ਦੇ ਜਾਵਾਂਗਾ, ਕਹਿੰਦਿਆਂ ਮੈਂ ਸਾਈਕਲ ਨੂੰ ਆਪਣੇ ਵੱਲ ਖਿੱਚਾਂ ਅਤੇ ਉਹ ਆਪਦੇ ਵੱਲ।

ਗੱਲ ਮੁਕਾਈਏ, ਮੇਰੇ ਕੋਲ ਚਾਰ ਆਨੇ ਨਹੀਂ ਸਨ ਅਤੇ ਬਿਨਾਂ ਚਵੰਨੀ ਲਏ ਅੱਜ ਨਕਦ ਕੱਲ੍ਹ ਉਧਾਰ ਦਾ ਪੱਕਾ ਧਾਰਨੀ ਦੁਕਾਨਦਾਰ ਮੈਨੂੰ ਨਾ ਜਾਣ ਦੇਣ ਲਈ ਬਜ਼ਿੱਦ ਸੀ। ਕੋਈ ਵਾਹ ਜਾਂਦੀ ਨਾ ਦੇਖ ਕੇ ਮੈਂ ਕਿਹਾ-ਮੈਂ ਬੁਗਰੇ ਆਲੇ ਰਾਮਜੀ ਦਾਸ ਦਾ ਪੋਤਾ ਹਾਂ, ਐਥੇ ਹੀ ਨੌਵੀਂ ਵਿੱਚ ਪੜ੍ਹਦਾ ਹਾਂ, ਭੱਜਿਆ ਤਾਂ ਨਹੀਂ ਜਾਂਦਾ, ਦੇ ਜਾਵਾਂਗਾ ਤੇਰੇ ਚਾਰ ਆਨੇ, ਕੱਲ੍ਹ ਨੂੰ।

ਪਤਾ ਨਹੀਂ ਕਿਉਂ, ਰਾਮਜੀ ਦਾਸ ਦਾ ਨਾਂਅ ਸੁਣਦਿਆਂ ਹੀ ਉਸ ਨੇ ਮੈਨੂੰ ਜਾਣ ਦਿੱਤਾ ਸੀ।

ਸਾਰੀ ਘਟਨਾ ਨੂੰ ਯਾਦ ਕਰਕੇ ਅੱਜ ਵੀ ਮੈਨੂੰ ਅੱਠਵੀਂ ਵਿੱਚ ਪੜ੍ਹੀ ਕਹਾਣੀ ‘ਪੇਮੀ ਦੇ ਨਿਆਣੇ’ ਯਾਦ ਆ ਜਾਂਦੀ ਹੈ, ਜਿਸ ਅਨੁਸਾਰ ਮਾੜੇ ਹਾਲਾਤ ਵਿੱਚ ਦੋ ਬੱਚੇ ਸੜਕ ਪਾਰ ਕਰਨ ਤੋਂ ਡਰਦੇ ਹਨ ਅਤੇ ਅੰਤ ਨੂੰ ਉਹ ਤੋਤਲੇ ਬੱਚੇ ਇਹ ਕਹਿ ਕੇ ਸੜਕ ਪਾਰ ਕਰ ਜਾਂਦੇ ਹਨ ਕਿ ਅਸੀਂ ਤਾਂ ਪੇਮੀ (ਪ੍ਰੇਮੀ) ਦੇ ਨਿਆਣੇ ਹਾਂ। ਸੱਚਮੁੱਚ ਉਸ ਦਿਨ ਮੇਰੇ ਦਾਦਾ ਰਾਮਜੀ ਦਾਸ ਜੀ, ਰੱਬ ਉਸ ਦਾ ਸਵਰਗਾਂ ਵਿੱਚ ਵਾਸਾ ਕਰੇ, ਮੇਰੇ ਲਈ ਪੇਮੀ ਬਣ ਕੇ ਹੀ ਬਹੁੜੇ ਸਨ।

# ਸੰਪਰਕ : 98727-87243

# ਬੀ ਐੱਲ ਓਜ਼ ਦੀ ‘ਜਾਨ ਦਾ ਦੁਸ਼ਮਣ’ ਬਣ ਰਿਹੈ ਭਾਰਤੀ ਚੋਣ ਕਮਿਸ਼ਨ ?

ਪ੍ਰੋ.ਪਰਮਜੀਤ ਸਿੰਘ ਨਿੱਕੇ ਘੁੰਮਣ

ਇਸ ਵਿਚ ਕੋਈ ਸ਼ੱਕ ਨਹੀਂ ਕਿ ਦੁਨੀਆ ਦੀ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਹੋਣ ਦੇ ਨਾਲ-ਨਾਲ ਵੋਟਰਾਂ ਦੀ ਸਭ ਤੋਂ ਵੱਧ ਸੰਖਿਆ ਵਾਲਾ ਦੇਸ਼ ਹੋਣ ਦੇ ਨਾਤੇ ਭਾਰਤ ਨੂੰ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਵੀ ਆਖਿਆ ਜਾਂਦਾ ਹੈ। ਇਥੋਂ ਦੀ ਕੁੱਲ ਆਬਾਦੀ ਜਨਵਰੀ 2025 ਵਿਚ 146 ਕਰੋੜ ਸੀ ਤੇ ਉਸ ਵੇਲੇ ਕੁੱਲ ਵੋਟਰਾਂ ਦੀ ਸੰਖਿਆ 99.10 ਕਰੋੜ ਸੀ। ਸਾਲ 2024 ਦੇ ਅੰਕੜਿਆਂ ਅਨੁਸਾਰ ਦੇਸ਼ ਵਿਚ 10.5 ਲੱਖ ਪੋਲਿੰਗ ਸਟੇਸ਼ਨ ਮੌਜੂਦ ਸਨ। ਨਵੰਬਰ 2025 ਦੇ ਅੰਕੜਿਆਂ ਅਨੁਸਾਰ ਦੇਸ਼ ਵਿਚ 5.3 ਲੱਖ ਬੀ ਐੱਲ ਓ ਭਾਵ ਬੂਥ ਲੈਵਲ ਅਫ਼ਸਰ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ‘ਐੱਸ.ਆਈ.ਆਰ.-ਫ਼ੇਜ਼ 2’ ਭਾਵ ‘ਵਿਸ਼ੇਸ਼ ਗਹਿਰੀ ਦੁਹਰਾਈ’ ਦੇ ਮਹੱਤਵਪੂਰਨ ਕੰਮ ਵਿਚ ਲੱਗੇ ਹੋਏ ਹਨ। ਇਨ੍ਹਾਂ ਬੂਥ ਲੈਵਲ ਅਫ਼ਸਰਾਂ ਵਿੱਚੋਂ ਅਧਿਕਤਰ ਤਾਂ ਸਰਕਾਰੀ ਸਕੂਲਾਂ ਦੇ ਅਧਿਆਪਕ ਹਨ ਤੇ ਬਾਕੀ ਵੱਖ-ਵੱਖ ਸਰਕਾਰੀ ਵਿਭਾਗਾਂ ਨਾਲ ਜੁੜੇ ਕਰਮਚਾਰੀ।

ਇਹ ਬੜੇ ਹੀ ਦੁੱਖ ਅਤੇ ਅਫ਼ਸੋਸ ਦੀ ਗੱਲ ਹੈ ਕਿ ਸੰਨ 1950 ਵਿਚ ਹੋਂਦ ਵਿਚ ਆਇਆ ‘ਭਾਰਤੀ ਚੋਣ ਕਮਿਸ਼ਨ’ ਅੱਜ ਡੂੰਘੇ ਸਵਾਲਾਂ ਦੇ ਘੇਰੇ ’ਚ ਹੈ ਤੇ ਉਸ ਦੀ ਭਰੋਸੇਯੋਗਤਾ ’ਤੇ ਵਾਰ-ਵਾਰ ਪ੍ਰਸ਼ਨ ਚਿੰਨ੍ਹ ਲੱਗ ਰਹੇ ਹਨ। ਉਸ ਤੋਂ ਵੀ ਕਿਤੇ ਜ਼ਿਆਦਾ ਦੁੱਖ ਦੀ ਗੱਲ ਇਹ ਹੈ ਕਿ ਭਾਰਤੀ ਚੋਣ ਕਮਿਸ਼ਨ ਅਤੇ ਮੁੱਖ ਚੋਣ ਕਮਿਸ਼ਨਰ ਦੀ ਕਾਰਗੁਜ਼ਾਰੀ ’ਤੇ ਉਠ ਰਹੇ ਸਵਾਲਾਂ ਅਤੇ ਲੱਗ ਰਹੇ ਇਲਜ਼ਾਮਾਂ ਦੇ ਸੰਤੁਸ਼ਟੀਜਨਕ ਅਤੇ ਤਰਕਸੰਗਤ ਜਵਾਬ ਚੋਣ ਕਮਿਸ਼ਨ ਵੱਲੋਂ ਤੇ ਵਿਸ਼ੇਸ਼ ਕਰਕੇ ਮੁੱਖ ਚੋਣ ਕਮਿਸ਼ਨਰ ਵੱਲੋਂ ਨਹੀਂ ਦਿੱਤੇ ਜਾ ਰਹੇ, ਜਿਸ ਕਰਕੇ ਚੋਣ ਕਮਿਸ਼ਨ ਦੀ ਸਾਖ਼ ਦਿਨੋ-ਦਿਨ ਡਿੱਗ ਰਹੀ ਹੈ। ਆਪਣੇ ਗਿਰੇਬਾਨ ਅੰਦਰ ਝਾਕ ਕੇ ਆਪਣੀ ਖ਼ੁਦ ਦੀ ਕਾਰਗੁਜ਼ਾਰੀ ਦੀ ‘ਐੱਸ.ਆਈ.ਆਰ.’ ਭਾਵ ‘ਸਵੈ-ਪੜਚੋਲ’ ਕਰਨ ਦੀ ਥਾਂ ਕੇਂਦਰੀ ਚੋਣ ਕਮਿਸ਼ਨ ਤਾਂ ਮੌਜੂਦਾ ਕੇਂਦਰ ਸਰਕਾਰ ਅਤੇ ਭਾਰਤੀ ਜਨਤਾ ਪਾਰਟੀ ਦੇ ਬੁਲਾਰਿਆਂ ਵਾਂਗ ਉਲਟਾ ਵਿਰੋਧੀ ਧਿਰ ’ਤੇ ਹੀ ਇਲਜ਼ਾਮਤਰਾਸ਼ੀ ਕਰੀ ਜਾ ਰਿਹਾ ਹੈ ਤੇ ‘ਸਹੀ ਸਵਾਲ’ ਦਾ ‘ਸਹੀ ਜਵਾਬ’ ਦੇਣ ਤੋਂ ਬਚ ਰਿਹਾ ਹੈ। ਆਹ ਹੁਣੇ ਜਿਹੇ ਬਿਹਾਰ ਵਿਚ ਹੋ ਕੇ ਹਟੀਆਂ ਚੋਣਾਂ ਦੀ ਗੱਲ ਜੇ ਕਰ ਲਈ ਜਾਵੇ ਤਾਂ ਪਹਿਲੇ ਗੇੜ ਦੀਆਂ ਚੋਣਾਂ ਵੇਲੇ ਕੁੱਲ ਵੋਟਰ ਸੰਖਿਆ 7 ਕਰੋੜ 42 ਲੱਖ ਦੱਸਣ ਵਾਲਾ ਭਾਰਤੀ ਚੋਣ ਕਮਿਸ਼ਨ, ਦੂਜੇ ਗੇੜ ਤੋਂ ਪਹਿਲਾਂ ਇਸ ਸੰਖਿਆ ਨੂੰ 7 ਕਰੋੜ 45 ਲੱਖ ਦੱਸ ਰਿਹਾ ਸੀ, ਭਾਵ ਦੂਜੇ ਗੇੜ ਦੀ ਵੋਟਿੰਗ ਤੋਂ ਪਹਿਲਾਂ ਅਚਾਨਕ ਹੀ ਤਿੰਨ ਲੱਖ ਵੋਟਰ ਨਵੇਂ ਸ਼ਾਮਲ ਹੋ ਗਏ ਸਨ। ਬਿਹਾਰ ਵਿਚ ਲੱਗੇ ਚੋਣ ਜ਼ਾਬਤੇ ਦੇ ਦੌਰਾਨ ਇਕ ਕਰੋੜ ਦੇ ਕਰੀਬ ਮਹਿਲਾਵਾਂ ਦੇ ਬੈਂਕ ਖਾਤਿਆਂ ਵਿਚ ਦਸ-ਦਸ ਹਜ਼ਾਰ ਰੁਪਏ ਪਾਉਣਾ ਜਾਂ ਹਰਿਆਣਾ ਤੋਂ ਬਿਹਾਰ ਵਾਸੀਆਂ ਲਈ ਵਿਸ਼ੇਸ਼ ਅਤੇ ਮੁਫ਼ਤ ਰੇਲ ਗੱਡੀਆਂ ਚਲਾਉਣਾ ਭਾਰਤੀ ਚੋਣ ਕਮਿਸ਼ਨ ਨੂੰ ਜ਼ਰਾ ਜਿੰਨਾ ਵੀ ‘ਗ਼ਲਤ’ ਜਾਂ ‘ਚੋਣ ਜ਼ਾਬਤੇ ਦੀ ਉਲੰਘਣਾ’ ਨਹੀਂ ਜਾਪਿਆ, ਜਦੋਂ ਕਿ ਅੱਜ ਤੋਂ ਕਈ ਸਾਲ ਪਹਿਲਾਂ ਚੋਣ ਕਮਿਸ਼ਨਰ ਦੇ ਅਹੁਦੇ ’ਤੇ ਬਿਰਾਜਮਾਨ ਰਹੇ ਟੀ.ਐੱਨ.ਸੇਸ਼ਨ ਨੇ ਆਪਣੇ ਕੰਮਾਂ ਰਾਹੀਂ ਇਹ ਦਰਸਾ ਦਿੱਤਾ ਸੀ ਕਿ ਚੋਣ ਜ਼ਾਬਤਾ ਕੀ ਹੁੰਦਾ ਹੈ ਤੇ ਇਸ ਨੂੰ ਲਾਗੂ ਕਿਵੇਂ ਕੀਤਾ ਜਾਂਦਾ ਹੈ। ਵਰਤਮਾਨ ਚੋਣ ਕਮਿਸ਼ਨ ’ਤੇ ਤਾਂ ਸਰਕਾਰ ਅਤੇ ਸੱਤਾਧਾਰੀ ਦਲ ਦੀ ‘ਚਾਕਰੀ ’ ਕਰਨ ਜਿਹੇ ਘਟੀਆ ਇਲਜ਼ਾਮ ਲੱਗ ਰਹੇ ਹਨ। ਇਹ ਵਰਤਾਰਾ ਬਹੁਤ ਹੀ ਦੁਖਦਾਇਕ ਅਤੇ ਚਿੰਤਾਜਨਕ ਹੈ।

ਭਾਰਤੀ ਚੋਣ ਕਮਿਸ਼ਨ ਇਸ ਵੇਲੇ ਭਾਰਤ ਦੇ ਲਗਭਗ ਇਕ ਦਰਜਨ ਰਾਜਾਂ ਵਿਚ ‘ਐੱਸ.ਆਈ.ਆਰ.’ ਦੀ ਪ੍ਰਕਿਰਿਆ ਸ਼ੁਰੂ ਕਰੀ ਬੈਠਾ ਹੈ ਤੇ ਇਨ੍ਹਾਂ ਰਾਜਾਂ ਵਿਚ ਪੱਛਮੀ ਬੰਗਾਲ ਸਮੇਤ ਅਧਿਕਤਰ ਅਜਿਹੇ ਰਾਜ ਹਨ, ਜਿਨ੍ਹਾਂ ਵਿਚ ਆਗਾਮੀ ਵਰ੍ਹਿਆਂ ਵਿਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ। ‘ਗੋਦੀ ਮੀਡੀਆ’ ਦਿਨ-ਰਾਤ ਇਹ ਕੁਪ੍ਰਚਾਰ ਕਰ ਰਿਹਾ ਹੈ ਕਿ ਸੱਤਾ ਵਿਰੋਧੀ ਧਿਰਾਂ ‘ਐੱਸ.ਆਈ.ਆਰ.’ ਦੀ ਖ਼ਿਲਾਫ਼ਤ ਕਰ ਰਹੀਆਂ ਹਨ, ਜਦੋਂ ਕਿ ਹਕੀਕਤ ਇਹ ਹੈ ਕਿ ਵਿਰੋਧੀ ਧਿਰਾਂ ਇਸ ਐੱਸ ਆਈ ਆਰ ਦਾ ਵਿਰੋਧ ਨਹੀਂ ਕਰ ਰਹੀਆਂ ਹਨ, ਸਗੋਂ ‘ਕਾਹਲੀ’ ਵਿਚ ਕਰਾਈ ਜਾ ਰਹੀ ਵਰਤਮਾਨ ਐੱਸ.ਆਈ.ਆਰ. ਦਾ ਵਿਰੋਧ ਕਰ ਰਹੀਆਂ ਹਨ। ਪੱਛਮੀ ਬੰਗਾਲ ਵਰਗੇ ਵੱਡੇ ਰਾਜ ਵਿਚ ਵੀ 45 ਤੋਂ 90 ਦਿਨਾਂ ਦੇ ਅੰਦਰ ਇਹ ਪ੍ਰਕਿਰਿਆ ਪੂਰੀ ਕਰਨ ਲਈ ਚੋਣ ਕਮਿਸ਼ਨ ‘ਬਜ਼ਿਦ’ ਹੈ। ਜਿਵੇਂ ਕਿ ਪਹਿਲਾਂ ਦੱਸਿਆ ਜਾ ਚੁੱਕਾ ਹੈ ਕਿ ਬੀ ਐਲ ਓ ਦੀ ਡਿਊਟੀ ਕਰ ਰਹੇ ਜ਼ਿਆਦਾਤਰ ਕਰਮਚਾਰੀ ਤਾਂ ਸਰਕਾਰੀ ਅਧਿਆਪਕ ਹਨ। ਉਨ੍ਹਾਂ ਨੂੰ ਸਵੇਰੇ 9 ਵਜੇ ਤੋਂ ਸ਼ਾਮ ਦੇ 3.30 ਵਜੇ ਤੱਕ ਪਹਿਲਾਂ ਆਪਣੇ ਸਕੂਲਾਂ ਵਿਚ ਡਿਊਟੀ ਕਰਨੀ ਪੈਂਦੀ ਹੈ ਤੇ ਫਿਰ ਆਪਣੇ ਸੰਬੰਧਤ ਬੂਥਾਂ ’ਤੇ ਜਾ ਕੇ ਹਰੇਕ ਵੋਟਰ ਦੇ ਘਰ ਐੱਸ.ਆਈ.ਆਰ. ਦੇ ਫ਼ਾਰਮ ਦੇਣੇ ਪੈਂਦੇ ਹਨ ’ਤੇ ਫਿਰ ਉਨ੍ਹਾਂ ਫ਼ਾਰਮਾ ਨੂੰ ਭਰਵਾ ਕੇ ਇਕੱਠੇ ਕਰਨ ਅਤੇ ਉਨ੍ਹਾ ਫ਼ਾਰਮਾਂ ਦੇ ਨਾਲ ਲੋੜੀਂਦੇ ਦਸਤਾਵੇਜ਼ ਜਮ੍ਹਾਂ ਕਰਨ ਹਿਤ ਅਧਿਕਤਰ ਵੋਟਰਾਂ ਦੇ ਘਰਾਂ ਵਿਚ ਕਈ-ਕਈ ਗੇੜੇ ਮਾਰਨੇ ਪੈਂਦੇ ਹਨ। ਗੱਲ ਫਿਰ ਵੀ ਕਿਸੇ ਤਣ-ਪੱਤਣ ਨਹੀਂ ਲੱਗਦੀ ਤੇ ਉਪਰੋਂ ਚੋਣ ਕਮਿਸ਼ਨ ਦੇ ਅਧਿਕਾਰੀ ਰੋਜ਼ਾਨਾ ਦੇ ਹਿਸਾਬ ਨਾਲ ਪੂਰੇ ਕੀਤੇ ਕੰਮ ਦੇ ਅੰਕੜੇ ਮੰਗਦੇ ਹਨ ਤੇ ਅੰਕੜੇ ਪੂਰੇ ਨਾ ਮਿਲਣ ’ਤੇ ਨਾ ਕੇਵਲ ਨੌਕਰੀ ਤੋਂ ਮੁਅੱਤਲ ਕਰਨ ਦੀਆਂ ਧਮਕੀਆਂ ਅਤੇ ਬੇਇੱਜ਼ਤੀ ਭਰੇ ਕਈ ਹੋਰ ਅਲਫ਼ਾਜ਼ ਬੋਲਦੇ ਹਨ, ਸਗੋਂ ਕਈਆਂ ਨੂੰ ਤਾਂ ਸੱਚਮੁੱਚ ਹੀ ਨੌਕਰੀ ਤੋਂ ਮੁਅੱਤਲ ਕਰ ਵੀ ਦਿੰਦੇ ਹਨ। ਭਾਰੀ ਤਣਾਅ ਅਤੇ ਦਬਾਅ ਹੇਠ ਕੰਮ ਕਰ ਰਹੇ ਕਈ ਬੀ ਐੱਲ ਓਜ਼ ਤਾਂ ਤਣਾਅ ਤੇ ਦਬਾਅ ਬਰਦਾਸ਼ਤ ਨਹੀਂ ਕਰ ਪਾ ਰਹੇ ਹਨ ਤੇ ਸਰੀਰਕ ਜਾਂ ਮਾਨਸਿਕ ਰੋਗਾਂ ਦੇ ਸ਼ਿਕਾਰ ਬਣ ਰਹੇ ਹਨ ਹੱਦ ਤਾਂ ਇਥੋਂ ਤੱਕ ਹੋ ਗਈ ਹੈ ਕਿ ਇਨ੍ਹਾਂ ਬੀ ਐੱਲ ਓਜ਼ ਨੂੰ ਹੁਣ ਖ਼ੁਦਕੁਸ਼ੀ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ।

ਕੇਰਲਾ,ਰਾਜਸਥਾਨ,ਪੱਛਮੀ ਬੰਗਾਲ ਅਤੇ ਗੁਜਰਾਤ ਤੋਂ ਤਾਂ ਬੀ ਐੱਲ ਓਜ਼ ਵੱਲੋਂ ਖ਼ੁਦਕੁਸ਼ੀ ਕਰ ਲਏ ਜਾਣ ਦੀਆਂ ਖ਼ਬਰਾਂ ਸਾਹਮਣੇ ਵੀ ਆ ਚੁੱਕੀਆਂ ਹਨ। ਪੱਛਮੀ ਬੰਗਾਲ ਦੇ ਰਿੰਕੂ ਤਰਫ਼ਦਾਰ, ਕੇਰਲਾ ਦੇ ਅਨੀਸ਼ ਜਾਰਜ, ਰਾਜਸਥਾਨ ਦੇ ਮੁਕੇਸ਼ ਜਾਂਗੜ ਅਤੇ ਗੁਜਰਾਤ ਦੇ ਅਰਵਿੰਦ ਵਾਡੇਰਾ ਨਾਮਕ ਬੀ ਐੱਲ ਓਜ਼ ਵੱਲੋਂ ਕੰਮ ਦਾ ਬੋਝ ਬਰਦਾਸ਼ਤ ਨਾ ਕਰਦਿਆਂ ਹੋਇਆਂ ਆਤਮਹੱਤਿਆਵਾਂ ਕਰ ਲਈਆਂ ਗਈਆਂ ਹਨ ਤੇ ਕੰਮ ਦੇ ਤਣਾਅ ਕਰਕੇ ਦੇਸ਼ ਭਰ ਵਿੱਚ 20 ਤੋਂ ਵੱਧ ਹੋਰ ਬੀ ਐੱਲ ਓ ਆਪਣੀਆਂ ਜਾਨਾਂ ਤੋਂ ਹੱਥ ਧੋ ਚੁੱਕੇ ਹਨ, ਪਰ ‘ਨਿਰਦਈ’ ਬਣ ਕੇ ਚੋਣ ਕਮਿਸ਼ਨ ਇਨ੍ਹਾਂ ਸਭ ਦੀ ਮੌਤ ਦਾ ‘ਤਮਾਸ਼ਾ’ ਵੇਖ ਰਿਹਾ ਹੈ ਤੇ ਐੱਸ ਆਈ ਆਰ ਦੀ ਸਮਾਂ ਅਵਧੀ ਵਧਾ ਕੇ ਸੰਬੰਧਤ ਬੀ ਐੱਲ ਓਜ਼ ਦਾ ਬੋਝ ਅਤੇ ਤਣਾਅ ਘੱਟ ਕਰਨ ਲਈ ਬਿਲਕੁਲ ਵੀ ਤਿਆਰ ਨਹੀਂ ਹੈ। ਚੋਣ ਕਮਿਸ਼ਨ ਅਤੇ ਮੁੱਖ ਚੋਣ ਕਮਿਸ਼ਨਰ ਦੀਆਂ ਨਜ਼ਰਾਂ ਵਿਚ ਸ਼ਾਇਦ ਮਨੁੱਖੀ ਜਾਨ ਦੀ ਕੋਈ ਕੀਮਤ ਨਹੀਂ ਭਾਰਤੀ ਚੋਣ ਕਮਿਸ਼ਨ ਆਪਣੀ ਜ਼ਿਦ ਛੱਡਣ ਲਈ ਤਿਆਰ ਨਹੀਂ ਤੇ ਇਹ ਨਹੀਂ ਦੱਸ ਪਾ ਰਿਹਾ ਕਿ ਜੇਕਰ ਐੱਸ ਆਈ ਆਰ ਤਿੰਨ ਦੀ ਥਾਂ ਛੇ ਮਹੀਨੇ ਵਿਚ ਹੋ ਜਾਏਗੀ ਤਾਂ ਕਿਹੜਾ ਪਹਾੜ ਟੁੱਟ ਪਵੇਗਾ?

# ਸੰਪਰਕ : 97816-46008

8 Dec Page 5.qxd 12/7/2025 9:20 PM Page 1



# ਸ਼ਹਿਰ 'ਚ ਗੰਦਗੀ ਫੈਲਾਉਣ ਵਾਲੀਆਂ ਡੇਅਰੀਆਂ 'ਤੇ ਹੋਵੇਗੀ ਕਾਰਵਾਈ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਸ਼ਹਿਰ 'ਚ ਸਫ਼ਾਈ ਪ੍ਰਣਾਲੀ ਨੂੰ ਮਜ਼ਬੂਤ ਕਰਨ ਤੇ ਡੇਅਰੀਆਂ ਕਾਰਨ ਪੈਦਾ ਹੋ ਰਹੀਆਂ ਗੰਦਗੀ ਦੀਆਂ ਸਮੱਸਿਆਵਾਂ ਨੂੰ ਦੂਰ ਕਰਨ ਲਈ ਮੇਅਰ ਕੁੰਦਨ ਗੋਗੀਆ ਤੇ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਵੱਲੋਂ ਅਬਲੋਵਾਲ ਵਿਖੇ 21.26 ਏਕੜ ਜ਼ਮੀਨ 'ਤੇ ਤਿਆਰ ਕੀਤਾ ਡੇਅਰੀ ਪ੍ਰੋਜੈਕਟ ਫਾਰਮ ਤੇ ਉਸ ਦੀ ਸਾਫ਼-ਸਫ਼ਾਈ ਆਦਿ ਦੇ ਕੰਮਾਂ ਤੋਂ ਇਲਾਵਾ ਹੋਰ ਕੰਮਾਂ ਦਾ ਮੁਆਇਨਾ ਕੀਤਾ।ਮੇਅਰ ਤੇ ਕਮਿਸ਼ਨਰ ਨੇ ਕਿਹਾ ਕਿ ਸ਼ਹਿਰ 'ਚ ਜਿੱਥੇ-ਜਿੱਥੇ ਡੇਅਰੀਆਂ ਕਾਰਨ ਗੰਦਗੀ ਫੈਲ ਰਹੀ ਹੈ, ਉੱਥੇ ਤੁਰੰਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਗੋਬਰ ਖੁੱਲ੍ਹੇ 'ਚ ਸੁੱਟਣਾ, ਸੜਕਾਂ 'ਤੇ ਬੇਤਰਤੀਬ ਪਾਣੀ ਛੱਡਣਾ ਤੇ ਨਿਕਾਸੀ ਪ੍ਰਣਾਲੀ ਨੂੰ ਬੰਦ ਕਰਨਾ ਸਖ਼ਤ ਮਨਾਹੀ ਹੈ।ਜੇਕਰ ਕੋਈ ਡੇਅਰੀ ਮਾਲਕ ਨਿਰਦੇਸ਼ਾਂ ਦੀ ਉਲੰਘਣਾ ਕਰਦਾ ਮਿਲਿਆ ਤਾਂ ਉਸ ਖ਼ਿਲਾਫ਼ ਜੁਰਮਾਨਾ ਤੇ ਹੋਰ ਕਾਰਵਾਈ ਕੀਤੀ ਜਾਵੇਗੀ। ਮੇਅਰ ਤੇ ਕਮਿਸ਼ਨਰ ਨੇ ਕਿਹਾ ਕਿ ਸਫ਼ਾਈ ਸਿਰਫ਼ ਨਗਰ ਨਿਗਮ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸ਼ਹਿਰ ਦੇ ਹਰ ਨਾਗਰਿਕ ਅਤੇ ਡੇਅਰੀ



ਮਾਲਕਾਂ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਡੇਅਰੀ ਮਾਲਕਾਂ ਨੂੰ ਕਿਹਾ ਕਿ ਉਨ੍ਹਾਂ ਦੀ ਥੋੜ੍ਹੀ ਜਿਹੀ ਜ਼ਿੰਮੇਵਾਰੀ ਸ਼ਹਿਰ ਨੂੰ ਗੰਦਗੀ ਤੋਂ ਮੁਕਤ ਬਣਾਉਣ 'ਚ ਵੱਡੀ ਭੂਮਿਕਾ ਨਿਭਾਅ ਸਕਦੀ ਹੈ।ਉਨ੍ਹਾਂ ਕਿਹਾ ਕਿ ਡੇਅਰੀ ਪ੍ਰਾਜੈਕਟ ਨੂੰ ਬਣਾਉਣ 'ਚ 12 ਕਰੋੜ ਦੇ ਕਰੀਬ ਲਾਗਤ ਆ ਚੁੱਕੀ ਹੈ ਤੇ ਇਸੇ ਪ੍ਰੋਜੈਕਟ ਲਈ 6 ਤੋਂ 8 ਕਰੋੜ ਦਾ ਹੋਰ ਬਜਟ ਰੱਖਿਆ ਗਿਆ ਹੈ।ਮੇਅਰ ਤੇ ਕਮਿਸ਼ਨਰ ਨੇ ਮੀਡੀਆ ਰਾਹੀਂ ਡੇਅਰੀ ਮਾਲਕਾਂ ਨੂੰ ਜਲਦ ਇਸ ਪ੍ਰੋਜੈਕਟ ਵਿਖੇ ਸ਼ਿਫ਼ਟ ਹੋਣ ਦੀ ਅਪੀਲ ਵੀ ਕੀਤੀ। ਮੇਅਰ ਕੁੰਦਨ ਗੋਗੀਆ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਲਗਾਤਾਰ ਮਿਲੀਆਂ ਸ਼ਿਕਾਇਤਾਂ ਤੋਂ ਬਾਅਦ ਕਈ ਥਾਵਾਂ 'ਤੇ ਚੈਕਿੰਗ ਦੌਰਾਨ ਸ਼ਹਿਰ 'ਚ ਖੁੱਲ੍ਹੇ 'ਚ ਗੋਬਰ ਪਿਆ ਦੇਖਿਆ, ਜਿਸ ਕਾਰਨ ਨੇੜੇ ਦੇ ਰਹਿਣ ਵਾਲਿਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਵੀ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸੁੰਦਰਤਾ ਤੇ ਸਿਹਤਮੰਦ ਵਾਤਾਵਰਣ ਬਣਾਈ ਰੱਖਣ ਲਈ ਡੇਅਰੀ ਮਾਲਕਾਂ ਦੀ ਭੂਮਿਕਾ ਬਹੁਤ ਅਹਿਮ ਹੈ।ਮੇਅਰ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਨਗਰ ਨਿਗਮ ਸਫ਼ਾਈ ਪ੍ਰਣਾਲੀ ਨੂੰ ਸੁਧਾਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਪਰ ਇਸ ਮਿਸ਼ਨ ਵਿੱਚ ਡੇਅਰੀ ਮਾਲਕਾਂ ਦਾ ਸਹਿਯੋਗ ਲਾਜ਼ਮੀ ਹੈ। ਕਮਿਸ਼ਨਰ ਪਰਮਜੀਤ ਸਿੰਘ ਨੇ ਕਿਹਾ ਕਿ ਨਗਰ ਨਿਗਮ ਵੱਲੋਂ ਜਲਦ ਹੀ ਲਾਗੂ ਕੀਤਾ ਜਾ ਰਿਹਾ ਨਵਾਂ ਡੇਅਰੀ ਪ੍ਰੋਜੈਕਟ ਡੇਅਰੀ ਮਾਲਕਾਂ ਲਈ ਇੱਕ ਵਰਦਾਨ ਸਾਬਤ ਹੋਵੇਗਾ।ਇਸ ਪ੍ਰੋਜੈਕਟ ਹੇਠ ਡੇਅਰੀਆਂ ਨੂੰ ਸੁਚੱਜੇ, ਸਫ਼ਾਈ ਵਾਲੇ ਤੇ ਸਹੂਲਤ ਸੰਪੰਨ ਥਾਂਵਾਂ 'ਤੇ ਸਥਾਪਤ ਕੀਤਾ ਜਾਵੇਗਾ, ਜਿਸ ਨਾਲ ਇੱਕ ਪਾਸੇ ਡੇਅਰੀ ਮਾਲਕਾਂ ਦੇ ਕਾਰੋਬਾਰ ਨੂੰ ਫਾਇਦਾ ਹੋਵੇਗਾ ਤੇ ਦੂਜੇ ਪਾਸੇ ਸ਼ਹਿਰ ਦੀ ਸਫ਼ਾਈ ਵਿੱਚ ਵੱਡਾ ਸੁਧਾਰ ਆਵੇਗਾ। ਉਨ੍ਹਾਂ ਕਿਹਾ ਕਿ ਨਵੇਂ ਪ੍ਰੋਜੈਕਟ 'ਚ ਡੇਅਰੀ ਕੰਪਲੈਕਸ ਵਿੱਚ ਪਾਣੀ, ਨਿਕਾਸੀ ਪ੍ਰਣਾਲੀ ਤੇ ਬਿਜਲੀ ਦੀਆਂ ਸੁਵਿਧਾਵਾਂ ਬਿਹਤਰ ਤਰੀਕੇ ਨਾਲ ਮੁਹੱਈਆ ਕਰਵਾਈਆਂ ਜਾਣਗੀਆਂ।ਇਸ ਮੌਕੇ ਐੱਸ ਈ ਰਾਜਿੰਦਰ ਚੋਪੜਾ, ਐੱਸ.ਈ.ਜੀ.ਪੀ.ਸਿੰਘ, ਐਕਸੀਅਨ ਨਰਾਇਣ ਦਾਸ, ਹੈਲਥ ਅਫਸਰ ਡਾ. ਨਵਿੰਦਰ ਸਿੰਘ, ਸੈਨੇਟਰੀ ਇੰਸਪੈਕਟਰ ਰਿਸ਼ਵ ਗੁਪਤਾ ਤੇ ਨਿਗਮ ਦੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ।

# ਮਾਨਵ ਸੇਵਾ ਨੂੰ ਸਮਰਪਿਤ ਗੁਰਦੀਪ ਸਿੰਘ ਰਿੰਪਲ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਬਾਂਸਲ)-** ਨੇੜਲੇ ਪਿੰਡ ਲਖਮੀਰਵਾਲਾ ਦਾ ਰਹਿਣ ਵਾਲਾ ਗੁਰਦੀਪ ਸਿੰਘ (ਰਿੰਪਲ) ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਹਰ ਸਮੇਂ ਮਾਨਵ ਸੇਵਾ ਲਈ ਸਮਰਪਿਤ ਹੈ । ਨਸ਼ਿਆਂ ਦੀ ਦਲ -ਦਲ ਵਿੱਚੋਂ ਕਈ ਨੌਜਵਾਨਾਂ ਦੀਆਂ ਅਨਮੋਲ ਜ਼ਿੰਦਗੀਆਂ ਬਚਾਉਣ ਵਿੱਚ ਗੁਰਦੀਪ ਸਿੰਘ (ਰਿੰਪਲ) ਦਾ ਬਹੁਤ ਵੱਡਾ ਰੋਲ ਹੈ । ਇੱਕ ਨੌਜਵਾਨ ਨੇ ਦੱਸਿਆ ਕਿ ਕਿਸ ਤਰ੍ਹਾਂ ਉਹ ਗੁਰਦੀਪ ਸਿੰਘ (ਰਿੰਪਲ) ਦੀ ਕੌਂਸਲਿੰਗ ਤੋਂ ਪ੍ਰਭਾਵਿਤ ਹੋ ਕੇ ਨਸ਼ੇ ਦੀ ਦਲ-ਦਲ ਵਿੱਚੋਂ ਨਿਕਲ ਚੁੱਕਿਆ ਹੈ । ਅੱਜ ਸਾਡੇ ਸਮਾਜ ਨੂੰ ਲੋੜ ਹੈ ਇਹੋ ਜਿਹੇ ਨੌਜਵਾਨਾਂ ਦੀ ਜੋ ਸੱਚੇ ਦਿਲ ਨਾਲ ਕਿਸੇ ਵੀ ਤਰ੍ਹਾਂ ਦੀ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਅੱਜ ਦੀ ਜਵਾਨੀ ਨੂੰ ਸਿੱਧੇ ਰਾਹ ਪਾ ਰਹੇ ਹਨ।



# ਮਨੁੱਖੀ ਅਧਿਕਾਰਾਂ ਬਾਰੇ ਸੈਮੀਨਾਰ ਸਮਾਜ ਚਿੰਤਕ ਅੰਮ੍ਰਿਤਪਾਲ ਨੂੰ ਸਮਰਪਿਤ

**ਲੁਧਿਆਣਾ (ਰੈਕਟਰ ਕਥੂਰੀਆ)-** ਜਮਹੂਰੀ ਅਧਿਕਾਰ ਸਭਾ ਪੰਜਾਬ ਅਤੇ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਲੁਧਿਆਣਾ ਵੱਲੋਂ ਉੱਘੇ ਸਮਾਜ ਚਿੰਤਕ ਅੰਮ੍ਰਿਤਪਾਲ ਦੀ ਯਾਦ 'ਚ 'ਭਾਰਤ ਵਿੱਚ ਮਨੁੱਖੀ ਅਧਿਕਾਰਾਂ ਦਾ ਕਤਲੇਆਮ ਅਤੇ ਕਾਰਜ' ਵਿਸ਼ੇ ਤੇ ਸੈਮੀਨਾਰ ਕਰਵਾਇਆ ਗਿਆ। ਸਥਾਨਕ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਵਿਖੇ ਪ੍ਰੋ ਜਗਮੋਹਨ ਸਿੰਘ, ਰਮੇਸ਼ ਕੁਮਾਰ ਅਤੇ ਮੈਡਮ ਮਧੂ ਦੀ ਪ੍ਰਧਾਨਗੀ ਹੇਠ ਹੋਏ ਇਸ ਸੈਮੀਨਾਰ ਦੇ ਮੁੱਖ ਬੁਲਾਰੇ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਪ੍ਰੋ ਜਗਮੋਹਨ ਸਿੰਘ ਨੇ ਦੇਸ਼ ਅੰਦਰ ਮਨੁੱਖੀ ਅਧਿਕਾਰਾਂ ਦੇ ਹੋ ਰਹੇ ਘਾਣ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਉਹਨਾਂ ਦੱਸਿਆ ਕਿ ਮੌਜੂਦਾ ਸਮੇਂ ਵਿੱਚ ਸਾਮਰਾਜ ਪੱਖੀ ਰਾਜ ਪ੍ਰਬੰਧ ਦੀ ਸਥਾਪਤੀ ਬਰਕਰਾਰ ਰੱਖਣ ਲਈ ਦੁਨੀਆਂ ਦੇ ਅੰਤਰ ਰਾਸ਼ਟਰੀ ਮੁਨੁੱਖੀ ਅਧਿਕਾਰਾਂ ਦੇ ਕਾਨੂੰਨ ਦੀ ਵੀ ਸਰਕਾਰਾਂ ਪਾਲਣਾ ਨਹੀਂ ਕਰ ਰਹੀਆਂ।ਭਾਰਤ ਵਿੱਚ ਇਸ ਦੀ ਉਲੰਘਣਾ ਦੀਆਂ ਸਾਰੀਆਂ ਹੱਦਾਂ ਟੁੱਟ ਚੁੱਕੀਆਂ ਹਨ। ਇੱਥੇ ਮਨੁੱਖੀ ਜੀਵਨ ਜਿਊਣ ਦੇ ਮੁੱਢਲੇ ਅਧਿਕਾਰਾਂ ਦੀ ਪੂਰਤੀ ਕਰਨ ਤੋਂ ਨਾਕਾਮ ਸਾਬਤ ਹੋ ਰਹੀਆਂ ਸਰਕਾਰਾਂ ਉਲਟਾ ਮਨੁੱਖ ਦੇ ਜਿਊਣ ਦਾ ਅਧਿਕਾਰ ਵੀ ਖਤਮ ਕਰਕੇ ,ਸਾਰੇ ਦੇਸ਼ ਨੂੰ ਪੂੰਜੀਪਤੀਆਂ / ਕਾਰਪੋਰੇਟਾਂ ਦੇ ਹਿੱਤ ਵਿੱਚ ਭੁਗਤਾ ਕੇ ਲੋਕਾਂ ਦੇ ਸਾਰੇ ਅਧਿਕਾਰ ਖਤਮ ਕਰ ਰਹੀਆਂ ਹਨ। ਜਸਵੰਤ ਜ਼ੀਰਖ ਦੀ ਸਟੇਜ ਸੰਚਾਲਨਾ ਹੇਠ ਪ੍ਰੋ ਭੱਟੀ ਵੱਲੋਂ ਪ੍ਰਿੰਸੀਪਲ ਅਜਮੇਰ ਦਾਖਾ ਦੀ ਕਵਿਤਾ ਰਾਹੀਂ ਅਤੇ ਸਵਰਨ ਜੀਤ ਸਿੰਘ ਸੰਗਰੂਰ, ਕਾ. ਸੁਰਿੰਦਰ, ਡਾ ਮੋਹਨ ਸਿੰਘ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਅੰਮ੍ਰਿਤਪਾਲ ਦੀ ਬੇਟੀ ਮੀਨੂੰ ਨੇ ਪਿਤਾ ਦੀਆਂ ਯਾਦਾਂ ਨੂੰ ਤਾਜ਼ਾ ਕੀਤਾ । ਇਸ ਸਮਾਗਮ ਦਾ ਸਮੁੱਚਾ ਪ੍ਰਬੰਧ ਉਪਰੋਕਤ ਨੌਜਵਾਨ ਸਭਾ ਦੇ ਐਡਵੋਕੇਟ ਹਰਪ੍ਰੀਤ ਜ਼ੀਰਖ, ਰਾਕੇਸ਼ ਆਜ਼ਾਦ, ਤਜਿੰਦਰ ਕੁਮਾਰ, ਅਰੁਣ ਕੁਮਾਰ, ਪ੍ਰਤਾਪ ਸਿੰਘ, ਜਗਜੀਤ ਸਿੰਘ ਤੇ ਹੋਰਾਂ ਵੱਲੋਂ ਸੁਚੱਜੇ ਢੰਗ ਨਾਲ ਕੀਤਾ ਗਿਆ। ਸਮਾਗਮ ਵਿੱਚ ਮਰਹੂਮ ਅੰਮ੍ਰਿਤਪਾਲ ਦੀਆਂ ਬੇਟੀਆਂ, ਮੀਨੂੰ ਅਤੇ ਨਿਸ਼ਾ, ਭਰਾ ਰਮੇਸ਼ ਕੁਮਾਰ ਸਮੇਤ ਵੱਡੀ ਗਿਣਤੀ ਮਿੱਤਰ ਅਤੇ ਸਬੰਧੀ ਹਾਜ਼ਰ ਸਨ।



# ਸੇਵਾ ਸਦਭਾਵਨਾ ਸੰਮੇਲਨ 9 ਨੂੰ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)** ਧਾਲੀਵਾਲ ਫਾਊਂਡੇਸ਼ਨ ਵੱਲੋਂ ਹਲਕੇ ਦੇ ਸੈਦੋਕੇ ਵਿਖੇ 9 ਦਸੰਬਰ ਨੂੰ ਸੇਵਾ ਸਦਭਾਵਨਾ ਸੰਮੇਲਨ ਕਰਾਇਆ ਜਾ ਰਿਹਾ ਹੈ, ਜਿਸ ਵਿੱਚ ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਤੇ ਜੈਨ ਧਰਮ ਦੇ ਆਚਾਰੀਆਂ ਲੰਕੇਸ਼ ਮੁਨੀ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਪਹੁੰਚਣਗੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨਿਊਯਾਰਕ ਦੇ ਵਪਾਰੀ ਤੇ ਮਾਲਵੇ ਦੀ ਨਾਮਵਰ ਸਮਾਜ ਸੇਵੀ ਸ਼ਖ਼ਸੀਅਤ ਕਰਮਜੀਤ ਸਿੰਘ ਧਾਲੀਵਾਲ ਨੇ ਆਪਣੇ ਗ੍ਰਹਿ ਪਿੰਡ ਸੈਦੋਕੇ ਵਿਖੇ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਅੱਗੇ ਦੱਸਿਆ ਕਿ ਇਹ ਸੰਮੇਲਨ ਸੇਵਾਮੁਕਤ ਆਈ ਪੀ ਐਸ ਸੀ ਜਤਿੰਦਰ ਸਿੰਘ ਔਲਖ ਸਾਬਕਾ ਚੇਅਰਮੈਨ ਪੀ ਪੀ ਐਸ ਸੀ ਦੀ ਦੇਖ ਰੇਖ ਹੇਠ ਕਰਾਇਆ ਜਾ ਰਿਹਾ ਹੈ, ਜਿਸ ਵਿੱਚ ਸਮਾਜ ਭਲਾਈ ਦੇ ਵਿਸ਼ੇਸ਼ ਪ੍ਰੋਗਰਾਮ ਉਲੀਕੇ ਜਾਣਗੇ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੂਬਾ ਆਗੂ ਮੁਖਤਿਆਰ ਸਿੰਘ ਦੀਨਾਂ ਪ੍ਰਵਾਸੀ ਭਾਰਤੀ ਮਨਪ੍ਰੀਤ ਸਿੰਘ ਧਾਲੀਵਾਲ, ਰਾਜਵੀਰ ਸਿੰਘ ਰਾਜਾ ਸੈਦੋਕੇ, ਪੀ ਐਸ ਓ ਜਗਸੀਰ ਸਿੰਘ ਮਾਛੀਕੇ ਆਦਿ ਹਾਜ਼ਰ ਸਨ।



ਜ਼ਿਲਾ ਪ੍ਰੀਸ਼ਦ ਜੰਡੂ ਸਿੰਘਾ ਜੋਨ ਨੰਬਰ ਤਿੰਨ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ, ਬਸਪਾ (ਅੰਬੇਡਕਰ) ਡੈਮੋਕ੍ਰੇਟਿਕ ਭਾਰਤੀਆ ਸਮਾਜ ਪਾਰਟੀ ਦੇ ਸਾਂਝੇ ਉਮੀਦਵਾਰ ਧਰਮਪਾਲ ਲੇਸੜੀਵਾਲ ਨੂੰ ਸਨਮਾਨਤ ਕਰਦੇ ਹੋਏ ਹਰਿੰਦਰ ਸਿੰਘ ਢੀਂਡਸਾ, ਗੁਰਮੀਤ ਸਿੰਘ ਦਾਦੂਵਾਲ, ਗੁਰਦਿਆਲ ਸਿੰਘ ਨਿੱਝਰ, ਤੀਰਥ ਰਾਮ ਪੰਡੋਰੀ, ਕੁਲਦੀਪ ਸਿੰਘ ਖੁਰਦਪੁਰ, ਤਰਲੋਚਨ ਸਿੰਘ ਚੋਮੋ, ਦਲਜੀਤ ਸਿੰਘ ਭੱਟੀ, ਗੁਰਮੇਲ ਸਿੰਘ ਆਦਮਪੁਰ, ਦਲਵੀਰ ਸਿੰਘ ਖੋਜਕੀਪੁਰ, ਅਵਤਾਰ ਸਿੰਘ ਚੋਮੋ ਤੇ ਹੋਰ। **(ਫੋਟੋ ਤੇ ਵੇਰਵਾ : ਪਰਮਜੀਤ ਸਿੰਘ ਆਦਮਪੁਰ)**

# 68 ਉਮੀਦਵਾਰਾਂ ਵਿਚਕਾਰ ਹੋਵੇਗਾ ਮੁਕਾਬਲਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ 2025 ਲਈ ਨਾਮਜ਼ਦਗੀਆਂ ਵਾਪਸ ਲੈਣ ਉਪਰੰਤ ਰਿਟਰਨਿੰਗ ਅਧਿਕਾਰੀ ਦਫ਼ਤਰ ਵਿੱਚ ਹੋਈ ਕਾਰਵਾਈ ਤੋਂ ਬਾਅਦ ਚੋਣ ਤਸਵੀਰ ਪੂਰੀ ਤਰ੍ਹਾਂ ਸਪੱਸ਼ਟ ਹੋ ਗਈ ਹੈ, ਜਿਸ ਅਨੁਸਾਰ ਹੁਣ 25 ਵਿੱਚੋਂ 23 ਜ਼ੋਨਾਂ ਵਿੱਚ ਸਖ਼ਤ ਮੁਕਾਬਲਾ ਦੇਖਣ ਨੂੰ ਮਿਲੇਗਾ, ਜਦਕਿ ਦੋ ਜ਼ੋਨਾਂ ਤੋਂ ਉਮੀਦਵਾਰ ਬਿਨਾਂ ਮੁਕਾਬਲੇ ਹੀ ਜੇਤੂ ਐਲਾਨੇ ਗਏ ਹਨ।ਜ਼ੋਨ ਨੰਬਰ 7 ਗਹਿਲ ਤੋਂ ਇਕ ਉਮੀਦਵਾਰ ਵੱਲੋਂ ਨਾਮਜ਼ਦਗੀ ਵਾਪਸ ਲੈਣ ਮਗਰੋਂ ਕਾਂਗਰਸ ਦੇ ਗੋਰਖਾ ਸਿੰਘ ਨਿਰਵਿਰੋਧ ਜੇਤੂ ਬਣੇ ਹਨ, ਇਸੇ ਤਰ੍ਹਾਂ ਜ਼ੋਨ ਨੰਬਰ 15 ਮਹਿਲ ਕਲਾਂ ਤੋਂ ਆਮ ਆਦਮੀ ਪਾਰਟੀ ਦੇ ਰਛਪਾਲ ਸਿੰਘ ਬੱਟੀ ਇਕਲੌਤੇ ਉਮੀਦਵਾਰ ਰਹਿ ਜਾਣ ਕਾਰਨ ਬਿਨਾਂ ਮੁਕਾਬਲੇ ਚੁਣੇ ਗਏ ਹਨ।ਹੁਣ ਚੋਣ ਮੈਦਾਨ ਵਿੱਚ ਕੁੱਲ 68 ਉਮੀਦਵਾਰ ਬਾਕੀ ਹਨ, ਜਿਨ੍ਹਾਂ ਵਿੱਚ ਆਮ ਆਦਮੀ ਪਾਰਟੀ ਦੇ 23, ਕਾਂਗਰਸ ਦੇ 19, ਸ਼੍ਰੋਮਣੀ ਅਕਾਲੀ ਦਲ ਦੇ 13, ਭਾਜਪਾ ਦੇ 4, ਬਹੁਜਨ ਸਮਾਜ ਪਾਰਟੀ (ਬਸਪਾ) ਦੇ 2 ਤੇ 7 ਆਜ਼ਾਦ ਉਮੀਦਵਾਰ ਸ਼ਾਮਲ ਹਨ।ਚੋਣ ਲੜ ਰਹੇ ਸਾਰੇ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਅਲਾਟ ਕਰ ਦਿੱਤੇ ਗਏ ਹਨ।

# ਸ਼੍ਰੀ ਰਾਮ ਭਵਨ 'ਚ ਸ੍ਰੀ ਹਨੂੰਮਾਨ ਚਾਲੀਸਾ ਪਾਠਾਂ ਨੂੰ ਹੋਏ ਦੋ ਸਾਲ ਪੂਰੇ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਸ਼੍ਰੀ ਕਲਿਆਣ ਕਮਲ ਆਸ਼ਰਮ ਹਰਿਦੁਆਰ ਦੇ ਅਨੰਤ ਸ੍ਰੀ ਵਿਭੂਸ਼ਤ 1008 ਮਹਾਂਮੰਡਲੇਸ਼ਵਰ ਸਵਾਮੀ ਸ਼੍ਰੀ ਕਮਲਾਨੰਦ ਗਿਰੀ ਜੀ ਮਹਾਰਾਜ ਦੀ ਪ੍ਰੇਰਣਾ ਤੇ ਆਸ਼ੀਰਵਾਦ ਨਾਲ ਟਿੱਬੀ ਸਾਹਿਬ ਰੋਡ 'ਤੇ ਸਥਿਤ ਸ਼੍ਰੀ ਰਾਮ ਭਵਨ ਵਿਖੇ ਹੋ ਰਹੇ ਸ੍ਰੀ ਹਨੂੰਮਾਨ ਚਾਲੀਸਾ ਦੇ ਪਾਠਾਂ ਨੂੰ ਦੋ ਸਾਲ ਪੂਰੇ ਹੋ ਗਏ ਹਨ । ਐਤਵਾਰ ਨੂੰ ਸ੍ਰੀ ਹਨੂੰਮਾਨ ਚਾਲੀਸਾ ਮੰਡਲ ਵੱਲੋਂ ਪਾਠ ਦੇ ਦੋ ਸਾਲ ਪੂਰੇ ਹੋਣ ਤੇ ਹਵਨ ਕਰਾਇਆ ਗਿਆ।ਮੰਡਲ ਦੇ ਚੇਅਰਮੈਨ ਡਾ. ਸੁਭਾਸ਼ ਖੁਰਾਣਾ, ਪ੍ਰਧਾਨ ਅਨਿਲ ਵਾਟਸ, ਖਜ਼ਾਨਚੀ ਦਵਿੰਦਰ ਤਾਇਲ, ਪ੍ਰੈਸ ਅਤੇ ਪ੍ਰਚਾਰ ਸਕੱਤਰ ਜਗਦੀਸ਼ ਜੋਸ਼ੀ ਸਮੇਤ ਹੋਰ ਅਹੁਦੇਦਾਰਾਂ ਤੇ ਮੈਂਬਰਾਂ ਨੇ ਬਤੌਰ ਯਜ਼ਮਾਨ ਹਿੱਸਾ ਲਿਆ, ਜਦਕਿ ਹਵਨ ਮੰਦਰ ਦੇ ਪੁਜਾਰੀ ਪੰਡਿਤ ਰਣਜੀਤ ਸ਼ਰਮਾ ਨੇ ਕਰਾਇਆ।ਇਸ ਮਗਰੋਂ ਮੰਡਲ ਦੇ ਅਹੁਦੇਦਾਰਾਂ ਨੇ ਵੀਰ ਬਜਰੰਗ ਬਲੀ ਦੇ ਦਰਬਾਰ ਮੂਹਰੇ ਮੱਥਾ ਟੇਕਿਆ ਤੇ ਵੀਰ ਹਨੂੰਮਾਨ ਜੀ ਅੱਗੇ ਪ੍ਰਾਰਥਨਾ ਕੀਤੀ ਕਿ ਮੰਡਲ ਦੇ ਸਿਰ ਤੇ ਉਨਾਂ ਦਾ ਅਸ਼ੀਰਵਾਦ ਇਸੇ ਤਰਾਂ ਬਣਿਆ ਰਹੇ।ਇਸ ਮੌਕੇ ਮੰਦਰ ਦਾ ਵਿਹੜਾ ਵੀਰ ਬਜਰੰਗ ਬਲੀ, ਸ਼ਿਵ ਪਰਵਾਰ ਤੇ ਰਾਧਾ-ਮਾਧਵ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਮੰਡਲ ਦੇ ਸਰਪਰਸਤ ਰਾਜ ਖੁਰਾਣਾ ਨੇ ਖੁਸ਼ੀ ਪ੍ਰਗਟ ਕਰਦੇ ਹੋਏ ਕਿਹਾ ਕਿ ਪਿਛਲੇ ਦੋ ਸਾਲਾਂ ਤੋਂ ਸਵਾਮੀ ਸ਼੍ਰੀ ਕਮਲਾਨੰਦ ਗਿਰੀ ਜੀ ਮਹਾਰਾਜ ਦੇ ਆਸ਼ੀਰਵਾਦ ਨਾਲ ਮੰਡਲ ਵੱਲੋਂ ਸੋਮਵਾਰ ਤੋਂ ਸ਼ਨੀਵਾਰ ਰਾਤ 8:20 ਤੋਂ 9:00 ਵਜੇ ਤੱਕ ਅਤੇ ਐਤਵਾਰ ਨੂੰ ਰਾਤ 7:30 ਤੋਂ 8:00 ਵਜੇ ਤੱਕ ਸ਼੍ਰੀ ਹਨੂੰਮਾਨ ਚਾਲੀਸਾ ਦਾ ਪਾਠ ਕੀਤਾ ਜਾ ਰਿਹਾ ਹੈ, ਜੋ ਸ਼ਲਾਘਾਯੋਗ ਕੰਮ ਹੈ।ਮੰਡਲ ਦੇ ਮੈਂਬਰ ਇਸ ਲਈ ਪ੍ਰਸ਼ੰਸਾ ਦੇ ਪੱਤਰ ਨੇ। ਮੰਦਿਰ ਦੇ ਸੀਨੀਅਰ ਅਧਿਕਾਰੀ ਨੱਥੂ ਰਾਮ ਗੋਇਲ ਨੇ ਕਿਹਾ ਕਿ ਸ਼੍ਰੀ ਹਨੂੰਮਾਨ ਚਾਲੀਸਾ ਮੰਡਲ ਨੇ ਸ਼੍ਰੀ ਹਨੂੰਮਾਨ ਚਾਲੀਸਾ ਦੇ ਪਾਠਾਂ ਦੇ ਦੋ ਸਾਲ ਪੂਰੇ ਹੋਣ 'ਤੇ ਹਵਨ ਕਰਾਇਆ।ਨਾਲ ਹੀ ਭੋਜਨ ਭੰਡਾਰੇ ਦਾ ਆਯੋਜਨ ਕੀਤਾ।ਹੁਣ ਪਾਠਾਂ ਦੀ ਲੜੀ ਆਪਣੇ ਤੀਜੇ ਸਾਲ ਵਿੱਚ ਦਾਖਲ ਹੋ ਗਈ ਹੈ।ਉਹ ਵੀਰ ਬਜਰੰਗੀ ਅੱਗੇ ਪ੍ਰਾਰਥਨਾ ਕਰਦੇ ਹਨ ਕਿ ਉਨ੍ਹਾਂ ਦਾ ਆਸ਼ੀਰਵਾਦ ਮੰਡਲ ਦੇ ਮੈਂਬਰਾਂ 'ਤੇ ਬਣਿਆ ਰਹੇ ਅਤੇ ਮੈਂਬਰ ਰੋਜ਼ਾਨਾ ਸ਼੍ਰੀ ਹਨੂੰਮਾਨ ਚਾਲੀਸਾ ਦਾ ਪਾਠ ਕਰਕੇ ਨੇਕ ਕਮਾਈ ਕਰਦੇ ਰਹਿਣ।



# ਸਰਕਾਰ ਨੇ ਧੱਕੇਸ਼ਾਹੀ ਦੇ ਰਿਕਾਰਡ ਤੋੜੇ : ਹਰਦਿਆਲ ਕੰਬੋਜ

**ਰਾਜਪੁਰਾ (ਰਮੇਸ਼ ਕਟਾਰੀਆ)** ਪੰਜਾਬ 'ਚ ਹੋ ਰਹੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਲਈ ਨਾਮਜ਼ਦਗੀ ਦਾਖ਼ਲ ਕਰਨ ਵਾਲ਼ੇ ਦਿਨ ਹੋਈ ਧੱਕੇਸ਼ਾਹੀ ਨੂੰ ਲੈ ਕੇ ਕਾਂਗਰਸ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੀ ਗਈ ਧੱਕੇਸ਼ਾਹੀ ਵਿਰੁੱਧ ਗੱਲਬਾਤ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਕੀਤੀ ਗਈ ਧੱਕੇਸ਼ਾਹੀ ਨੇ ਸਾਰੇ ਰਿਕਾਰਡ ਤੋੜ ਦਿੱਤੇ ਹਨ। ਉਨ੍ਹਾਂ ਕਿਹਾ ਕਿ ਏਅਰਫੋਰਸ ਤੋਂ ਸੇਵਾਮੁਕਤ 87 ਸਾਲ ਦੇ ਪ੍ਰੇਮ ਸਿੰਘ ਜੋ ਚੋਣ ਲੜ ਕੇ ਕੁੱਝ ਕਰਨਾ ਚਾਹੁੰਦੇ ਸਨ, ਦੇ ਕਾਗਜ਼ ਦਾਖ਼ਲ ਨਹੀਂ ਹੋਣ ਦਿੱਤੇ। ਇਸੇ ਤਰ੍ਹਾਂ ਇੱਕ ਹੋਰ ਉਮੀਦਵਾਰ ਨੂੰ ਪੁਲਿਸ ਵੱਲੋਂ ਕਮਰੇ 'ਚ ਬੰਦ ਕਰ ਦਿੱਤਾ। ਜੇਕਰ ਸਰਕਾਰ ਨੇ ਧੱਕੇਸ਼ਾਹੀ ਕਰਨੀ ਸੀ ਤਾਂ ਇਲੈਕਸ਼ਨ ਕਰਾਉਣ ਦੀ ਕੀ ਜ਼ਰੂਰਤ ਸੀ।ਉਨ੍ਹਾਂ ਕਿਹਾ ਕਿ ਨਾਮਜ਼ਦਗੀ ਦੇ ਆਖਰੀ ਦਿਨ ਸਰਕਾਰ ਤੇ ਪੁਲਿਸ ਵੱਲੋਂ ਡਰ ਦਾ ਮਾਹੌਲ ਪੈਦਾ ਕੀਤਾ ਹੋਇਆ ਸੀ ।



# ਮਾਤਾ ਗੁਜਰ ਕੌਰ ਅਕੈਡਮੀ ਵੱਲੋਂ ਸ਼ਬਦ ਗਾਇਨ ਤੇ ਧਾਰਮਿਕ ਸਮਾਗਮ ਸੰਪੰਨ

**ਜਗਰਾਉਂ (ਸੰਜੀਵ ਅਰੋੜਾ)-** ਮਾਤਾ ਗੁਜਰ ਕੌਰ ਗੁਰਮਤਿ ਸੰਗਤੀ ਅਕੈਡਮੀ ਯੂ ਐਸ ਏ ਦੇ ਸਹਿਯੋਗ ਸਦਕਾ ਸੇਂਟ ਸੰਤ ਰਾਮ ਗੁਰੂਕੁਲ ਬਜ਼ੁਰਗ ਵਿਖੇ ਪਿੱਛਲੇ ਦਿਨੀਂ ਸਕੂਲ ਵਿਚ ਸ਼ਬਦ ਗਾਇਨ ਅਤੇ ਧਾਰਮਿਕ ਸਮਾਗਮ ਕਰਵਾਏ ਗਏ। ਇਹ ਸਮਾਗਮ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ ਸਨ। ਇੰਨ੍ਹਾਂ ਸਮਾਗਮਾਂ ਦੌਰਾਨ ਸ਼ਬਦ ਗਾਇਨ ਮੁਕਾਬਲੇ ਦੇ ਪਹਿਲੇ ਵਰਗ 'ਚੋਂ ਸੇਂਟ ਸੰਤ ਰਾਮ ਗੁਰੂਕੁਲ ਬਜ਼ੁਰਗ ਨੇ ਪਹਿਲਾ ਸਥਾਨ, ਸਰਕਾਰੀ ਹਾਈ ਸਕੂਲ ਚੀਮਨਾ ਨੇ ਦੂਸਰਾ ਸਥਾਨ ਤੇ ਗੁਰਮਤਿ ਸੰਗੀਤ ਅਕੈਡਮੀ ਕਮਾਲਪੁਰਾ ਨੇ ਤੀਸਰਾ ਸਥਾਨ ਹਾਸਲ ਕੀਤਾ। ਦੂਸਰੇ ਵਰਗ 'ਚੋਂ ਗੁਰਮਤਿ ਸੰਗੀਤ ਅਕੈਡਮੀ ਮਲਕ ਨੇ ਪਹਿਲਾ, ਸੇਂਟ ਸੰਤ ਰਾਮ ਗੁਰੂਕੁਲ ਬਜ਼ੁਰਗ ਨੇ ਦੂਸਰਾ ਅਤੇ ਮਹੰਤ ਲਛਮਣ ਦਾਸ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਨੇ ਤੀਸਰਾ ਸਥਾਨ ਹਾਸਲ ਕੀਤਾ। ਤੀਸਰੇ ਵਰਗ 'ਚੋਂ ਮਹੰਤ ਲਛਮਣ ਦਾਸ ਸੀ: ਸੈ: ਸਕੂਲ ਤਲਵੰਡੀ ਖੁਰਦ ਨੇ ਪਹਿਲਾ, ਗੁਰੂ ਹਰਿਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸਿੱਧਵਾਂ ਖੁਰਦ ਨੇ ਦੂਸਰਾ ਅਤੇ ਗੁਰਮਤਿ ਸੰਗੀਤ ਅਕੈਡਮੀ ਸਿੱਧਵਾਂ ਬੇਟ ਨੇ ਤੀਸਰਾ ਸਥਾਨ ਹਾਸਲ ਕੀਤਾ। ਜੇਤੂ ਜੱਥਿਆਂ ਨੇ ਕ੍ਰਮਵਾਰ 3100/-, 2100/- ਅਤੇ 1100/- ਦੀ ਨਕਦ ਰਾਸ਼ੀ ਪ੍ਰਾਪਤ ਕੀਤੀ। ਇਸ ਤੋਂ ਇਲਾਵਾ ਪਹੁੰਚੇ ਹੋਏ ਸਾਰੇ ਕੀਰਤਨੀ ਜੱਥਿਆਂ ਨੂੰ ਸਨਮਾਨ ਚਿੰਨ੍ਹ ਅਤੇ ਸਰਟੀਫਿਕੇਟ ਵੰਡੇ ਗਏ। ਭਾਸ਼ਣ ਪ੍ਰਤੀਯੋਗਤਾ 'ਚੋਂ ਤੇਜਸ ਪਬਲਿਕ ਸਕੂਲ ਤੋਂ ਹੇਜ਼ਲ ਕੌਰ ਸੰਘਾ, ਸੇਂਟ ਸੰਤ ਰਾਮ ਗੁਰੂਕੁਲ ਤੋਂ ਹਰਲੀਨ ਕੌਰ, ਹਰਮੀਤ ਕੌਰ ਨੂੰ ਪ੍ਰਮੁੱਖ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇੰਨ੍ਹਾਂ ਤੋਂ ਇਲਾਵਾ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸਿੱਧਵਾਂ ਖੁਰਦ ਵੱਨੋਂ ਗੁਰਲੀਨ ਕੌਰ, ਵਰਿੰਦਰ ਕੌਰ, ਉਰਮਲਦੀਪ ਕੌਰ, ਸਨਮਤੀ ਵਿਮਲ ਜੈਨ ਸੀ: ਸੈ: ਸਕੂਲ ਜਗਰਾਉਂ ਵੱਲੋਂ ਤਰਨਪ੍ਰੀਤ ਕੌਰ, ਗੁਰਮਤ ਸੰਗੀਤ ਅਕੈਡਮੀ ਕਮਾਲਪੁਰਾ ਵੱਲੋਂ ਨਵਜੋਤ ਕੌਰ ਆਦਿ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਦੂਸਰੇ ਦਿਨ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਉਪਰੰਤ ਭਾਈ ਸਰੂਪ ਸਿੰਘ ਕੰਡਿਆਣਾ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਦੀ ਜਾਣਕਾਰੀ ਵਿਦਿਆਰਥੀਆਂ ਅਤੇ ਪਹੁੰਚੀ ਹੋਈ ਸੰਗਤ ਨਾਲ ਸਾਂਝੀ ਕੀਤੀ। ਸਮਾਗਮ 'ਚ ਜਗਰੂਪ ਸਿੰਘ, ਭਾਈ ਮਨਜੀਤ ਸਿੰਘ ਕਪੂਰਥਲੇ ਵਾਲੇ ਅਤੇ ਭਾਈ ਮੇਜਰ ਸਿੰਘ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।



# ਕਾਦੀਆਂ-ਬਿਆਸ ਰੇਲਵੇ ਲਾਈਨ ਦੇ ਕੰਮ ਨੂੰ "ਡੀਫਰੀਜ਼" ਕਰਨ ਦੇ ਆਦੇਸ਼

**ਫਿਰੋਜ਼ਪੁਰ (ਅਸ਼ੋਕ ਸ਼ਰਮਾ)-** ਰੇਲਵੇ ਨੇ ਲੰਮੇ ਸਮੇਂ ਤੋਂ ਲਟਕਦੇ 40 ਕਿਲੋਮੀਟਰ ਲੰਬੇ ਕਾਦੀਆਂ-ਬਿਆਸ ਰੇਲ ਮਾਰਗ 'ਤੇ ਕੰਮ ਮੁੜ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ। ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅਧਿਕਾਰੀਆਂ ਨੂੰ ਇਸ ਪ੍ਰੋਜੈਕਟ ਨੂੰ "ਡੀਫਰੀਜ਼" ਕਰਨ ਦੇ ਨਿਰਦੇਸ਼ ਦਿੱਤੇ ਹਨ। ਪਹਿਲਾਂ ਇਹ ਪ੍ਰੋਜੈਕਟ ਸੰਰੇਖਣ ਦੀਆਂ ਚੁਣੌਤੀਆਂ, ਜ਼ਮੀਨ ਹਾਸਲ ਕਰਨ ਵਿੱਚ ਰੁਕਾਵਟਾਂ ਅਤੇ ਸਥਾਨਕ ਪੱਧਰ ਦੀਆਂ ਰਾਜਨੀਤਿਕ ਗੁੰਝਲਾਂ ਕਾਰਨ "ਫਰੀਜ਼" ਸ਼੍ਰੇਣੀ ਵਿਚ ਪਾ ਦਿੱਤਾ ਗਿਆ ਸੀ। ਰੇਲਵੇ ਦੀ ਭਾਸ਼ਾ ਵਿਚ ਕਿਸੇ ਪ੍ਰੋਜੈਕਟ ਨੂੰ "ਫਰੋਜ਼ਨ" ਕਰਨ ਦਾ ਮਤਲਬ ਹੈ ਉਸ ਨੂੰ ਠੰਢੇ ਬਸਤੇ ਵਿਚ ਪਾ ਦੇਣਾ, ਕਿਉਂਕਿ ਵੱਖ-ਵੱਖ ਕਾਰਨਾਂ ਕਰਕੇ ਅੱਗੇ ਵਧਣਾ ਸੰਭਵ ਨਹੀਂ ਰਹਿੰਦਾ। "ਡੀਫਰੀਜ਼" ਕਰਨ ਦਾ ਮਤਲਬ ਹੈ ਪ੍ਰੋਜੈਕਟ ਨੂੰ ਮੁੜ ਜੀਵੰਤ ਕਰਨਾ-ਸਾਰੀਆਂ ਰੁਕਾਵਟਾਂ ਦੂਰ ਕਰਨ ਤੋਂ ਬਾਅਦ ਕੰਮ ਫਿਰ ਸ਼ੁਰੂ ਹੋ ਜਾਂਦਾ ਹੈ। ਬਿੱਟੂ ਨੇ ਕਿਹਾ ਕਿ ਸਾਡੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਰੇਲ ਮੰਤਰੀ ਅਸ਼ਵਿਨੀ ਵੈਸ਼ਨਵ ਨੇ ਪਹਿਲਾ ਹੀ ਸਪੱਸ਼ਟ ਕਰ ਦਿੱਤਾ ਹੈ ਕਿ ਪੰਜਾਬ ਦੇ ਰੇਲਵੇ ਪ੍ਰੋਜੈਕਟਾਂ ਲਈ ਪੈਸੇ ਦੀ ਕੋਈ ਕਮੀ ਨਹੀਂ ਹੈ। ਮੋਹਾਲੀ-ਰਾਜਪੁਰਾ, ਫਿਰੋਜ਼ਪੁਰ-ਪੱਟੀ ਅਤੇ ਹੁਣ ਕਾਦੀਆਂ-ਬਿਆਸ ।

# 'ਮੇਰਾ ਪਟਿਆਲਾ ਮੈਂ ਹੀ ਸੰਵਾਰਾਂ' ਟੀਮ ਨੇ ਸਫਾਈ ਮੁਹਿੰਮ ਚਲਾਈ, 500 ਕਿਲੋਗ੍ਰਾਮ ਕੂੜਾ ਇਕੱਠਾ ਕੀਤਾ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** 'ਮੇਰਾ ਪਟਿਆਲਾ ਮੈਂ ਹੀ ਸੰਵਾਰਾ' ਐਮਪੀਐਮਐਚਐਸ ਦੀ 17 ਮੈਂਬਰੀ ਟੀਮ ਨੇ ਮਾਈਲਸਟੋਨ ਸਕੂਲ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਸਫਾਈ ਮੁਹਿੰਮ ਚਲਾਈ, ਜਿਸ ਵਿੱਚ ਸਕੂਲ ਦੀ ਪ੍ਰੀਫੈਕਚਰਲ ਬਾਡੀ ਤੇ ਈਕੋਲੋਜੀਕਲ ਕਲੱਬ ਦੇ ਮੈਂਬਰਾਂ ਸਮੇਤ 4ਵੀਂ ਤੋਂ 9ਵੀਂ ਜਮਾਤ ਦੇ 50 ਤੋਂ ਵੱਧ ਵਿਦਿਆਰਥੀਆਂ ਸਮੇਤ ਸਕੂਲ ਦੇ ਵਾਈਸ ਪ੍ਰਿੰਸੀਪਲ ਤੇ ਪੰਜ ਅਧਿਆਪਕਾਂ ਨੇ ਵੀ ਇਸ ਪਹਿਲਕਦਮੀ ਵਿੱਚ ਹਿੱਸਾ ਲਿਆ। ਇਸ ਮੁਹਿੰਮ ਨੂੰ ਸੁਚਾਰੂ ਢੰਗ ਨਾਲ ਚਲਾ ਕੇ ਪਲਾਸਟਿਕ ਵੇਸਟ ਚੁਕਣਾ ਯਕੀਨੀ ਬਣਾਉਣ ਲਈ, ਸਾਰੇ ਵਿਦਿਆਰਥੀਆਂ ਨੂੰ ਪੰਜ ਸਮੂਹਾਂ ਵਿੱਚ ਵੰਡ ਕੇ, ਹਰੇਕ ਸਮੂਹ ਦੀ ਅਗਵਾਈ 3-4 ਐਮਪੀਐਮਐਚਐਸ ਮੈਂਬਰਾਂ ਦੇ ਨਾਲ ਇੱਕ ਸਕੂਲ ਅਧਿਆਪਕ ਨੇ ਕੀਤੀ।ਸਾਰੀਆਂ ਟੀਮਾਂ ਨੂੰ ਸੁਰੱਖਿਅਤ ਢੰਗ ਨਾਲ ਪਲਾਸਟਿਕ ਤੇ ਹੋਰ ਕੂੜਾ ਇਕੱਠਾ ਕਰਨ ਲਈ ਦਸਤਾਨੇ, ਕੂੜਾ ਪਾਉਣ ਲਈ ਬੈਗ ਤੇ ਲੋਹੇ ਦੀਆਂ ਰਾਡਾਂ ਦਿੱਤੀਆਂ ਗਈਆਂ। ਟੀਮਾਂ ਨੇ ਸਕੂਲ ਦੇ ਨੇੜੇ ਦੀਆਂ ਗਲੀਆਂ, ਪਾਰਕਾਂ ਤੇ ਆਲੇ-ਦੁਆਲੇ ਦੇ ਖੇਤਰਾਂ ਨੂੰ ਕਵਰ ਕੀਤਾ ਤੇ ਸਿਰਫ਼ 45 ਮਿੰਟਾਂ ਵਿੱਚ, ਲਗਭਗ 500 ਕਿਲੋਗ੍ਰਾਮ ਕੂੜਾ ਇਕੱਠਾ ਕੀਤਾ ਗਿਆ।ਵਿਦਿਆਰਥੀ ਇਹ ਦੇਖ ਕੇ ਹੈਰਾਨ ਰਹਿ ਗਏ ਕਿ ਸਾਫ਼-ਸੁਥਰੀਆਂ ਥਾਂਵਾਂ 'ਤੇ ਵੀ ਵੱਡੀ ਮਾਤਰਾ ਵਿੱਚ ਲੁਕਿਆ ਹੋਇਆ ਕੂੜਾ ਸੀ, ਜਿਸ ਵਿੱਚ ਸਕੂਲ ਦੀ ਕੰਧ ਦੇ ਸਿਰਫ਼ ਇੱਕ ਪਾਸੇ ਤੋਂ ਇਕੱਠਾ ਕੀਤਾ ਗਿਆ 25 ਕਿਲੋਗ੍ਰਾਮ ਕੂੜਾ ਵੀ ਸ਼ਾਮਲ ਸੀ। ਵਿਦਿਆਰਥੀਆਂ ਦੀ ਉਤਸ਼ਾਹ ਨਾਲ ਇਸ ਡਰਾਈਵ ਦੌਰਾਨ ਸ਼ਮੂਲੀਅਤ ਨੇ ਟੀਮ ਨੂੰ ਸੰਤੁਸ਼ਟੀ ਦਿੱਤੀ। ਇਸ ਮੁਹਿੰਮ ਤੋਂ ਬਾਅਦ ਵਿਦਿਆਰਥੀ ਸਕੂਲ ਵਾਪਸ ਪਰਤੇ, ਜਿੱਥੇ ਉਨ੍ਹਾਂ ਨੇ ਭਾਵੀਸ਼ਾ ਦੁਆਰਾ ਤਿਆਰ ਕੀਤੀ ਇੱਕ ਪ੍ਰਤੀਬਿੰਬਤ ਵਰਕਸ਼ੀਟ ਪੂਰੀ ਕੀਤੀ, ਜਿਸ ਵਿੱਚ ਉਨ੍ਹਾਂ ਦੇ ਨਿਰੀਖਣ, ਇਕੱਠੇ ਕੀਤੇ ਗਏ ਕੂੜੇ ਦੀ ਕਿਸਮ, ਉਨ੍ਹਾਂ ਦੀਆਂ ਭਾਵਨਾਵਾਂ ਤੇ ਅਨੁਭਵ ਤੋਂ ਮੁੱਖ ਸਿੱਟੇ ਨੋਟ ਕੀਤੇ ਗਏ। ਵਿਦਿਆਰਥੀਆਂ ਨੂੰ ਜ਼ਿੰਮੇਵਾਰ ਆਦਤਾਂ ਅਪਣਾਉਣ, ਕੂੜਾ ਸੁੱਟਣ ਤੋਂ ਬਚਣ ਤੇ ਆਪਣੀਆਂ ਸਿੱਖਿਆਵਾਂ ਦੋਸਤਾਂ ਅਤੇ ਪਰਵਾਰ ਨਾਲ ਸਾਂਝੀਆਂ ਕਰਨ ਲਈ ਉਤਸ਼ਾਹਤ ਕੀਤਾ ਗਿਆ। ਵਿਦਿਆਰਥੀਆਂ ਨੇ ਪ੍ਰਣ ਕੀਤਾ ਕਿ ਉਹ ਜਾਗਰੂਕਤਾ ਫੈਲਾਉਣ ਲਈ ਆਪਣੀਆਂ ਕਲਾਸਾਂ 'ਚ ਵੀ ਗੱਲਬਾਤ ਕਰਨਗੇ।ਮਾਪਿਆਂ ਨਾਲ ਇੱਕ ਸੁਨੇਹਾ ਸਾਂਝਾ ਕੀਤਾ ਜਾਵੇਗਾ, ਅਤੇ ਸਵੇਰ ਦੀ ਸਭਾ ਦੌਰਾਨ ਗਤੀਵਿਧੀ ਬਾਰੇ ਇੱਕ ਸੰਖੇਪ ਪੇਸ਼ਕਾਰੀ ਦਿੱਤੀ ਜਾਵੇਗੀ ਪ੍ਰਿੰਸੀਪਲ ਸ਼੍ਰੀਮਤੀ ਮਨਵੀਨ ਔਜਲਾ ਨੇ ਮੇਰਾ ਪਟਿਆਲਾ ਮੈਂ ਹੀ ਸਵਾਰਾ ਟੀਮ ਦਾ ਇਸ ਪਹਿਲਕਦਮੀ ਲਈ ਧੰਨਵਾਦ ਕੀਤਾ ਤੇ ਅਜਿਹੀਆਂ ਜਾਗਰੂਕਤਾ ਗਤੀਵਿਧੀਆਂ ਨੂੰ ਜਾਰੀ ਰੱਖਣ ਲਈ ਸਕੂਲ ਦੀ ਵਚਨਬੱਧਤਾ ਪ੍ਰਗਟ ਕੀਤੀ।



# ਪੰਚਾਇਤ ਸੰਮਤੀ ਧੂਰੀ ਦੇ 11 ਜ਼ੋਨਾਂ ਲਈ 29 ਉਮੀਦਵਾਰ ਚੋਣ ਮੈਦਾਨ 'ਚ

**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)-** ਪੰਚਾਇਤ ਸੰਮਤੀ ਧੂਰੀ ਦੀਆਂ 14 ਦਸੰਬਰ ਨੂੰ ਹੋਣ ਵਾਲੀਆਂ ਚੋਣਾਂ ਲਈ ਸ਼ਨੀਵਾਰ ਨਾਮਜਦਗੀ ਵਾਪਸ ਲੈਣ ਦੇ ਆਖਰੀ ਦਿਨ ਤੋਂ ਬਾਅਦ ਹੁਣ ਪੰਚਾਇਤ ਸੰਮਤੀ ਦੇ 11 ਜੋਨਾਂ 'ਚ 29 ਉਮੀਦਵਾਰ ਚੋਣ ਮੈਦਾਨ 'ਚ ਆਪਣੀ ਕਿਸਮਤ ਅਜਮਾਉਣਗੇ, ਜਦ ਕਿ 7 ਜੋਨਾਂ 'ਚ ਉਮੀਦਵਾਰਾਂ ਨੂੰ ਬਿਨਾ ਮੁਕਾਬਲਾ ਜੇਤੂ ਕਰਾਰ ਦੇ ਦਿੱਤਾ ਗਿਆ। ਨਾਮਜਦਗੀ ਵਾਪਸ ਲੈਣ ਦੀ ਮਿਤੀ ਦੇ ਆਖਰੀ ਦਿਨ ਪੰਚਾਇਤ ਸੰਮਤੀ ਦੇ ਜੋਨ ਨੱਤ ਤੋਂ ਜਸਵੀਰ ਕੌਰ, ਕੱਕੜਵਾਲ ਤੋਂ ਜਸਪਾਲ ਕੌਰ, ਈਸੜਾ ਤੋਂ ਰਣਜੀਤ ਸਿੰਘ, ਧਾਂਦਰਾ ਤੋਂ ਅਮਰਦੀਪ ਸਿੰਘ, ਢਢੋਗਲ ਤੋਂ ਮਨਪ੍ਰੀਤ ਕੌਰ, ਮੀਮਸਾ ਤੋਂ ਸੁਖਮਨਵੀਰ ਸਿੰਘ ਅਤੇ ਭੁੱਲਰਹੇੜੀ ਤੋਂ ਜਸਵਿੰਦਰ ਕੌਰ ਨੂੰ ਬਿਨਾਂ ਮੁਕਾਬਲਾ ਜੇਤੂ ਕਰਾਰ ਦਿੱਤਾ ਗਿਆ, ਜਦ ਕਿ ਰਹਿੰਦੇ 11 ਜੋਨਾਂ 'ਚ ਕਾਂਝਲਾ 'ਚ -3 ਸੁਵਿੰਦਰ ਸਿੰਘ, ਮਹਿੰਦਰ ਕੌਰ ਅਤੇ ਰਣਜੋਧ ਸਿੰਘ, ਪੁੰਨਾਂਵਾਲ 'ਚ 2 ਸਵਰਨਜੀਤ ਕੌਰ ਅਤੇ ਜਗਦੀਪ ਕੌਰ, ਜਹਾਂਗੀਰ-2 ਹਰਜਿੰਦਰ ਕੌਰ ਅਤੇ ਭੁਪਿੰਦਰ ਕੌਰ, ਲੱਡਾ-3 ਜਸਕੀਰਤ ਸਿੰਘ, ਜਗਸੀਰ ਸਿੰਘ ਅਤੇ ਗੁਰਚਰਨ ਸਿੰਘ, ਬੇਨੜਾ-3 ਅਵਤਾਰ ਸਿੰਘ ਦਿਓਲ, ਕੁਲਵੰਤ ਸਿੰਘ ਅਤੇ ਕੁਲਵਿੰਦਰ ਸਿੰਘ, ਬਮਾਲ-2 ਅਮਨਦੀਪ ਕੌਰ ਅਤੇ ਜਸਪ੍ਰੀਤ ਕੌਰ, ਬੱਬਨਪੁਰ-3 ਕੁਰਸ਼ੈਦ, ਬਲਜੀਤ ਕੌਰ ਅਤੇ ਬਲਵਿੰਦਰ ਕੌਰ, ਬਰੜ੍ਹਵਾਲ-3 ਅਮਰੀਕ ਸਿੰਘ, ਜਸਵੀਰ ਸਿੰਘ ਅਤੇ ਬਲਵਿੰਦਰ ਸਿੰਘ, ਭੋਜੋਵਾਲੀ ਰਣਜੀਤ ਕੌਰ ਅਤੇ ਰਾਣੋ, ਭਲਵਾਨ-2 ਹਰਪ੍ਰੀਤ ਸਿੰਘ ਅਤੇ ਕੁਲਵੰਤ ਸਿੰਘ, ਧੂਰਾ ਤੋਂ 4 ਅਮਰਜੀਤ ਸਿੰਘ, ਜਸਪ੍ਰੀਤ ਕੌਰ, ਜੋਗਿੰਦਰ ਸਿੰਘ ਅਤੇ ਰਮਨਜੀਤ ਕੌਰ ਉਮੀਦਵਾਰਾਂ ਸਮੇਤ 29 ਉਮੀਦਵਾਰ ਚੋਣ ਮੈਦਾਨ 'ਚ ਹਨ।

# ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ ਪੈਨਸ਼ਨਰ ਦਿਵਸ ਮਨਾਉਣ ਦਾ ਫੈਸਲਾ

**ਕੋਟਕਪੂਰਾ (ਰਛਪਾਲ ਭੁੱਲਰ)** ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫ਼ਰੀਦਕੋਟ ਸਬੰਧਤ ਏਟਕ ਵੱਲੋਂ 17 ਦਸੰਬਰ ਨੂੰ ਸਵੇਰੇ ਠੀਕ 10-30 ਵਜੇ ਸ਼ਹੀਦ ਭਗਤ ਸਿੰਘ ਪਾਰਕ, ਸਾਹਮਣੇ ਸਰਕਾਰੀ ਮਿਡਲ ਸਕੂਲ ਪੁਰਾਣਾ ਕਿਲ੍ਹਾ ਕੋਟਕਪੂਰਾ ਵਿਖੇ ਪੈਨਸ਼ਨਰ ਦਿਵਸ ਮਨਾਉਣ, ਸੀਨੀਅਰ ਪੈਨਸ਼ਨਰਾਂ ਨੂੰ ਸਨਮਾਨਤ ਕਰਨ, 10 ਦਸੰਬਰ ਨੂੰ ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ 28 ਨਵੰਬਰ ਨੂੰ ਜਾਰੀ ਪੈਨਸ਼ਨਰ ਵਿਰੋਧੀ ਪੱਤਰ ਦੀਆਂ ਕਾਪੀਆਂ, ਕੇਂਦਰ ਸਰਕਾਰ ਵੱਲੋਂ ਤਜਵੀਜ਼ ਬਿਜਲੀ ਸੋਧ ਐਕਟ 2025 ਦੀਆਂ ਕਾਪੀਆਂ ਤੇ ਪਿਛਲੇ ਸਮੇਂ ਦੌਰਾਨ ਮੋਦੀ ਸਰਕਾਰ ਵੱਲੋਂ ਮਜ਼ਦੂਰ ਪੱਖੀ 29 ਕੇਂਦਰੀ ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਪਾਸ ਕੀਤੇ ਗਏ ਚਾਰ ਲੇਬਰ ਕੋਡਾਂ ਦੀਆਂ ਕਾਪੀਆਂ ਲਾਲਾ ਲਾਜਪਤ ਰਾਏ ਮਿਊਂਸਪਲ ਪਾਰਕ ਸਾਹਮਣੇ ਐਸ ਡੀ ਐਮ ਦਫਤਰ ਵਿਖੇ ਫੂਕਣ ਦੇ ਫੈਸਲੇ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਤੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਚਾਨੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਲਏ ਗਏ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪੈਨਸ਼ਨਰ ਆਗੂ ਅਸ਼ੋਕ ਕੌਸ਼ਲ, ਸੋਮ ਨਾਥ ਅਰੋੜਾ, ਮੁਖ਼ਤਿਆਰ ਸਿੰਘ ਮੱਤਾ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ ਤੇ ਜਸਵਿੰਦਰ ਸਿੰਘ ਬਰਾੜ ਨੇ ਭਗਵੰਤ ਮਾਨ ਸਰਕਾਰ ਤੇ ਦੋਸ਼ ਲਾਇਆ ਕਿ ਪੰਜਾਬ ਵਿੱਚ ਪਿਛਲੇ ਲਗਭਗ ਪੌਣੇ ਚਾਰ ਸਾਲਾਂ ਤੋਂ ਲਗਾਤਾਰ ਕੀਤੇ ਜਾ ਰਹੇ ਨਜਾਇਜ਼ ਖਰਚਿਆਂ ਤੇ ਮੀਡੀਏ ਵਿੱਚ ਫੋਕੀ ਇਸ਼ਤਿਹਾਰਬਾਜ਼ੀ ਕਾਰਨ ਪੰਜਾਬ ਦੇ ਸਰਕਾਰੀ ਖਜ਼ਾਨੇ ਦਾ ਦੀਵਾਲਾ ਕੱਢ ਕੇ ਰੱਖ ਦਿੱਤਾ ਹੈ।ਪੰਜਾਬ ਸਿਰ ਕਰਜ਼ੇ ਦੀ ਪੰਡ ਬਹੁਤ ਭਾਰੀ ਹੋ ਗਈ ਹੈ। ਇਹਨਾਂ ਮਾੜੇ ਹਾਲਤਾਂ ਕਾਰਨ ਹੁਣ ਪੰਜਾਬ ਸਰਕਾਰ ਨੇ ਲੁਧਿਆਣਾ, ਪਟਿਆਲਾ ਤੇ ਕਈ ਹੋਰ ਸ਼ਹਿਰਾਂ ਵਿੱਚ ਪੰਜਾਬ ਰਾਜ ਬਿਜਲੀ ਬੋਰਡ, ਪਾਵਰ ਕਾਰਪੋਰੇਸ਼ਨ ਤੇ ਕਈ ਹੋਰ ਅਦਾਰਿਆਂ ਦੀ ਬਹੁਕੀਮਤੀ ਜਾਇਦਾਦਾਂ ਨੂੰ ਵੇਚਣ ਦੇ ਕੁਰਾਹੇ ਪੈ ਗਈ ਹੈ।ਮੀਟਿੰਗ ਦੌਰਾਨ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੰਜਾਬ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ 16 ਫੀਸਦੀ ਦੀ ਦਰ ਨਾਲ ਡੀ ਏ ਦੀਆਂ ਬਕਾਇਆ ਪਈਆਂ ਪੰਜ ਕਿਸਤਾਂ ਤੁਰੰਤ ਦਿੱਤੀਆਂ ਜਾਣ, ਤਨਖਾਹ ਕਮਿਸ਼ਨ ਦਾ ਬਣਦਾ ਬਕਾਇਆ ਤੁਰੰਤ ਦਿੱਤਾ ਜਾਵੇ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਤੁਰੰਤ ਲਾਗੂ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕੀਤੀ ਜਾਵੇ, ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦਾ ਤੁਰੰਤ ਗਠਨ ਕੀਤਾ ਜਾਵੇ, ਠੇਕਾ ਅਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਤੁਰੰਤ ਰੈਗੂਲਰ ਕੀਤਾ ਜਾਵੇ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਹੋਏ ਵੱਖ ਵੱਖ ਅਦਾਲਤੀ ਫੈਸਲੇ ਤੁਰੰਤ ਲਾਗੂ ਕੀਤੇ ਜਾਣ, ਮੁੱਖ ਮੰਤਰੀ ਪੰਜਾਬ ਸਰਕਾਰ ਵੱਲੋਂ ਤੁਰੰਤ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝੇ ਫਰੰਟ ਦੀ ਲੀਡਰਸ਼ਿਪ ਨਾਲ ਮੀਟਿੰਗ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਲਮਕ ਅਵਸਥਾ ਵਿੱਚ ਪਏ ਸਾਰੇ ਮਸਲੇ ਹੱਲ ਕੀਤੇ ਜਾਣ। ਮੀਟਿੰਗ ਨੇ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਵੱਲੋਂ ਸੰਸਦ ਦੇ ਮੌਜੂਦਾ ਸੈਸ਼ਨ 'ਚ ਲਿਆਂਦੇ ਜਾ ਰਹੇ ਬਿਜਲੀ ਸੋਧ ਐਕਟ 2025 ਤੇ ਪਿਛਲੇ ਸਮੇਂ ਦੌਰਾਨ ਮਜ਼ਦੂਰ ਪੱਖੀ 29 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਲਿਆਂਦੇ ਗਏ ਚਾਰ ਲੇਬਰ ਕੋਡਾਂ ਦੀ ਸਖਤ ਸ਼ਬਦਾਂ 'ਚ ਨਿੰਦਾ ਕਰਦੇ ਹੋਏ ਇਨ੍ਹਾਂ ਲੋਕ ਵਿਰੋਧੀ ਫੈਸਲਿਆਂ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਗਈ ਹੈ।



# ਸ਼੍ਰੀ ਬਾਲਾ ਜੀ ਮਹਾਰਾਜ ਨੂੰ ਨਵਾਂ ਚੋਲਾ ਚੜ੍ਹਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਸ਼੍ਰੀ ਬਾਲਾ ਜੀ ਮੰਦਰ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਸ਼੍ਰੀ ਬਾਲਾ ਜੀ ਖਾਟੂ ਸ਼ਿਆਮ ਮੰਦਰ ਵਿੱਚ ਪੂਰਨਮਾਸ਼ੀ ਦੇ ਸ਼ੁਭ ਮੌਕੇ 'ਤੇ ਸਵੇਰੇ ਸ਼੍ਰੀ ਬਾਲਾ ਜੀ ਮਹਾਰਾਜ ਨੂੰ ਨਵਾਂ ਚੋਲਾ ਚੜ੍ਹਾਇਆ ਗਿਆ। ਚੋਲਾ ਚੜ੍ਹਾਉਣ ਦੀ ਰਸਮ ਸੰਜੀਵ ਗੋਇਲ ਨਾਗਰੇ ਵਾਲਿਆਂ ਨੇ ਆਪਣੇ ਪਰਵਾਰ ਸਮੇਤ ਅਦਾ ਕੀਤੀ। ਇਸ ਉਪਰੰਤ ਰਾਤ ਨੂੰ ਸ਼੍ਰੀ ਸੁੰਦਰਕਾਂਡ ਜੀ ਦਾ ਪਾਠ ਤੇ ਤਾੜੀ ਸੰਕੀਰਤਨ ਕੀਤਾ ਗਿਆ। ਸ਼੍ਰੀ ਬਾਲਾਜੀ ਮਹਾਰਾਜ ਦੀ ਆਰਤੀ ਤੋਂ ਬਾਅਦ ਸਵਾਮਣੀ ਲੱਡੂਆਂ ਦਾ ਭੋਗ ਲਾਇਆ ਗਿਆ।ਸ਼੍ਰੀ ਬਾਲਾ ਜੀ ਚੈਰੀਟੇਬਲ ਟਰੱਸਟ ਰਜਿਸਟਰਡ ਵੱਲੋਂ ਭੰਡਾਰਾ ਲਾਇਆ ਗਿਆ। ਜਨਾਲੀਆ ਨੇ ਦੱਸਿਆ ਕਿ ਸ਼੍ਰੀ ਹਨੂੰਮਾਨ ਜੀ ਕਲਯੁੱਗ 'ਚ ਪ੍ਰਧਾਨ ਦੇਵ ਦੇ ਰੂਪ ਵਿੱਚ ਪੂਜੇ ਜਾਂਦੇ ਹਨ।ਬਜਰੰਗ ਬਲੀ ਬਹੁਤ ਜਲਦੀ ਪ੍ਰਸੰਨ ਹੋਣ ਵਾਲੇ ਦੇਵਤਾ ਹਨ।ਸ਼ਾਸ਼ਤਰਾਂ ਅਨੁਸਾਰ ਸੁੰਦਰਕਾਂਡ ਦਾ ਪਾਠ ਕਰਨ ਵਾਲੇ ਵਿਅਕਤੀ ਦੇ ਜੀਵਨ ਵਿੱਚ ਖੁਸ਼ੀਆਂ ਦਾ ਸੰਚਾਰ ਹੋਣ ਲੱਗਦਾ ਹੈ। ਉਨ੍ਹਾਂ ਦੱਸਿਆ ਕਿ ਹਰ ਪੂਰਨਮਾਸ਼ੀ ਨੂੰ ਸ਼੍ਰੀ ਬਾਲਾਜੀ ਖਾਟੂਸ਼ਾਮ ਮੰਦਰ ਵਿੱਚ ਰਾਤ ਨੂੰ 7:00 ਵਜੇ ਤੋਂ 9:00 ਵਜੇ ਤੱਕ ਸ਼੍ਰੀ ਸੁੰਦਰਕਾਂਡ ਜੀ ਦਾ ਪਾਠ ਕੀਤਾ ਜਾਂਦਾ ਹੈ।

# ਲੋਕ 'ਆਪ' ਵੱਲੋਂ ਕੀਤੀਆਂ ਵਧੀਕੀਆਂ ਦਾ ਜਵਾਬ ਵੋਟ ਦੀ ਤਾਕਤ ਰਾਹੀਂ ਦੇਣਗੇ : ਗਿੱਲ ਬੇਰਕਲਾਂ

**ਦੋਰਾਹਾ (ਹਰਮਿੰਦਰ ਸੇਠ)-** ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਜ਼ਿਲ੍ਹਾ ਪ੍ਰੀਸ਼ਦ ਦੀ ਚੋਣ ਲੜ ਰਹੇ ਕਾਂਗਰਸੀ ਉਮੀਦਵਾਰ ਅਵਤਾਰ ਸਿੰਘ ਤਾਰੀ ਅਤੇ ਜ਼ੋਨ ਬੇਰਕਲਾਂ ਅਤੇ ਚੋਮੋ ਤੋਂ ਚੋਣ ਲੜ ਰਹੇ ਕਾਂਗਰਸੀ ਉਮੀਦਵਾਰ ਲਾਭ ਸਿੰਘ ਦੇ ਹੱਕ ਵਿੱਚ ਚੋਣ ਪ੍ਰਚਾਰ ਦੌਰਾਨ ਕਿਹਾ ਕਿ ਕਾਂਗਰਸ ਪਾਰਟੀ ਦੇ ਉਮੀਦਵਾਰ ਅਵਤਾਰ ਸਿੰਘ ਤਾਰੀ ਅਤੇ ਲਾਭ ਸਿੰਘ ਬੇਰਕਲਾਂ ਲੋਕਾਂ ਦੇ ਪਹਿਲਾਂ ਹੀ ਪਰਖੇ ਹੋਏ ਅਤੇ ਅਜ਼ਮਾਏ ਹੋਏ ਉਮੀਦਵਾਰ ਹਨ। ਹਰ ਵਕਤ ਲੋਕਾਂ ਦੇ ਕੰਮਾਂ ਨੂੰ ਪਹਿਲ ਦੇਣਾ ਇਨ੍ਹਾਂ ਦੇ ਹਿੱਸੇ ਆਉਂਦਾ ਹੈ। ਪ੍ਰਧਾਨ ਗਿੱਲ ਬੇਰਕਲਾਂ ਨੇ ਕਿਹਾ ਕਿ ਵਿਧਾਇਕ ਸਾਹਿਬ ਕਾਂਗਰਸ ਪਾਰਟੀ ਦੇ ਵਰਕਰਾਂ ਨੂੰ ਡਰਾ ਰਹੇ ਹਨ ਅਤੇ ਅੱਖਾਂ ਕੱਢਣ ਦੀਆਂ ਧਮਕੀਆਂ ਦੇ ਰਹੇ ਹਨ ਜਦੋਂਕਿ ਵਿਧਾਇਕ ਸਾਹਿਬ ਨੂੰ ਪਾਇਲ ਹਲਕੇ ਦੇ ਲੋਕਾਂ ਬਾਰੇ ਜਾਣਕਾਰੀ ਨਹੀਂ। ਪਾਇਲ ਹਲਕੇ ਦੇ ਲੋਕਾਂ ਨੇ ਹੰਕਾਰ ਅਤੇ ਧੱਕੇਸ਼ਾਹੀ ਦਾ ਹਮੇਸ਼ਾ ਮੂੰਹਤੋੜ ਜਵਾਬ ਦਿੱਤਾ ਹੈ। ਹੁਣ ਵੀ ਲੋਕ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾ ਕੇ ਆਮ ਆਦਮੀ ਪਾਰਟੀ ਨੂੰ ਨਕਾਰ ਦੇਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ੋਨ ਰਾਮਗੜ੍ਹ ਸਰਦਾਰਾਂ ਤੋਂ ਕਾਂਗਰਸ ਪਾਰਟੀ ਦੀ ਚੋਣ ਲੜ ਰਹੇ ਅਵਤਾਰ ਸਿੰਘ ਤਾਰੀ, ਜਗਪਾਲ ਸਿੰਘ ਜੱਗੀ ਰਾਮਗੜ੍ਹ ਸਰਦਾਰਾ ਸੀਨੀਅਰ ਕਾਗਰਸੀ ਆਗੂ, ਬੂਟਾ ਸਿੰਘ ਸਾਬਕਾ ਪੰਚ, ਨਿਰਭੈ ਸਿੰਘ ਗਿੱਲ ਬੇਰਕਲਾਂ ਜਰਨਲ ਸਕੱਤਰ, ਮੰਗਤ ਰਾਮ ਸਿੰਘ ਸਾਬਕਾ ਪੰਚ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।



# 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਮਤਿ ਸਮਾਗਮ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)-** ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਜਿੱਥੇ ਗੁਰੂ ਘਰ ਦੇ ਹਜ਼ੂਰੀ ਕਥਾਵਾਚਕ ਅਤੇ ਹਜ਼ੂਰੀ ਰਾਗੀ ਜੱਥੇ

## ● ਸਿੱਖ ਸ਼ਹਾਦਤਾਂ ਸੋਗਮਈ ਨਹੀਂ ਸਗੋਂ ਚੜ੍ਹਦੀਕਲਾ ਦਾ ਪ੍ਰਤੀਕ : ਬਾਬਾ ਬੰਤਾ ਸਿੰਘ

ਵਲੋਂ ਸੇਵਾ ਨਿਭਾਈ ਗਈ ਉੱਥੇ ਪੰਥ ਦੇ ਪ੍ਰਸਿੱਧ ਵਿਦਵਾਨ ਬਾਬਾ ਬੰਤਾ ਸਿੰਘ ਵਲੋਂ ਵੀ ਕਥਾ ਦਾ ਪ੍ਰਵਾਹ ਚਲਾਇਆ ਗਿਆ। ਗੁਰਮਤਿ ਸਮਾਗਮ ਬਾਰੇ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਦੱਸਿਆ ਕਿ ਸ਼ਾਮ ਨੂੰ ਕਰਵਾਏ ਗਏ ਇਸ ਗੁਰਮਤਿ ਸਮਾਗਮ ਵਿਚ ਪਹਿਲਾਂ ਕਥਾਵਾਚਕ ਭਾਈ ਇਕਨਾਮ ਸਿੰਘ ਵਲੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਜੀਵਨੀ ਨਾਲ ਸਬੰਧਿਤ ਕਥਾ ਕੀਤੀ ਗਈ ਉਪਰੰਤ ਹਜ਼ੂਰੀ ਰਾਗੀ ਭਾਈ ਜਸਦੇਵ ਸਿੰਘ, ਭਾਈ ਸੁਖਵੀਰ ਸਿੰਘ ਅਤੇ ਭਾਈ ਗੁਰਵਿੰਦਰ ਸਿੰਘ ਵਲੋਂ ਰਸਭਿੰਨਾ ਕੀਰਤਨ ਕੀਤਾ ਗਿਆ। ਇਸ ਉਪਰੰਤ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਥ ਦੇ ਪ੍ਰਸਿੱਧ ਵਿਦਵਾਨ ਬਾਬਾ ਬੰਤਾ ਸਿੰਘ ਨੇ ਦੀਵਾਨ ਹਾਲ ਵਿਚ ਜੁੜੀਆਂ ਹਜ਼ਾਰਾਂ ਸੰਗਤਾਂ ਦੀ ਹਾਜ਼ਰੀ ਵਿਚ ਕਥਾ ਪ੍ਰਵਾਹ ਚਲਾਇਆ ਅਤੇ ਉਨ੍ਹਾਂ ਗੁਰੂ ਸਾਹਿਬ ਜੀ ਦੀ ਜੀਵਨੀ ਤੋਂ ਲੈ ਕੇ ਸ਼ਹੀਦੀ ਤੱਕ ਕਈ ਇਤਿਹਾਸਕ ਪ੍ਰਸੰਗ ਸਰਵਣ ਕਰਵਾਏ। ਉਨ੍ਹਾਂ ਵਲੋਂ ਆਪਣੇ ਫਾਰਸੀ ਵਿਚ ਲਿਖੇ ਸ਼ੇਅਰਾਂ ਦੀ ਵਰਤੋ ਵੀ ਕੀਤੀ। ਉਨ੍ਹਾਂ ਦੱਸਿਆ ਕਿ ਗੁਰੂ ਸਾਹਿਬ ਬਾਬਾ ਬਕਾਲਾ ਸਾਹਿਬ ਵਿਖੇ ਇਤਿਹਾਸਕ ਜਾਣਕਾਰੀ ਅਨੁਸਾਰ 26 ਸਾਲ ਭੌਰੇ ਵਿਚ ਰਹੇ ਅਤੇ ਨਾਮ, ਬਾਣੀ ਦਾ ਜਾਪ ਕਰਦੇ ਰਹੇ। ਉਨ੍ਹਾਂ ਅੱਜਕੱਲ੍ਹ ਦੇ ਕੁਝ ਵਿਦਵਾਨਾਂ ਵਲੋਂ ਭੌਰਾ ਸਾਹਿਬ ਲਈ ਨੁਕਤਾਚੀਨੀ ਕਰਨ ਵਾਲਿਆਂ ਨੂੰ ਵੀ ਲੰਮੇ ਹੱਥੀਂ ਲਿਆ। ਉਨ੍ਹਾਂ ਗੁਰੂ ਸਾਹਿਬ ਨੂੰ ਪ੍ਰਗਟ ਕਰਨ ਵਾਲੇ ਭਾਈ ਮੱਖਣ ਸ਼ਾਹ ਲੁਬਾਣਾ ਬਾਰੇ ਵੀ ਖੁੱਲ੍ਹ ਕੇ ਵਿਚਾਰ ਪੇਸ਼ ਕੀਤੇ। ਬਾਬਾ ਬੰਤਾ ਸਿੰਘ ਵਲੋਂ ਸਿੱਖ ਧਰਮ ਅਤੇ ਦੂਸਰੇ ਧਰਮਾਂ ਵਿਚ ਹੋਈਆਂ ਸ਼ਹੀਦੀਆਂ ਦੀ ਤੁਲਨਾਤਮਕ ਢੰਗ ਨਾਲ ਵਿਆਖਿਆ ਕਰਦਿਆਂ ਦੱਸਿਆ ਕਿ ਸਿੱਖ ਧਰਮ ਵਿਚ ਜਿੱਥੇ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵਲੋਂ ਧਰਮ ਦੀ ਖਾਤਿਰ ਆਪਣਾ ਬਲਿਦਾਨ ਦਿੱਤਾ ਉੱਥੇ ਉਨ੍ਹਾਂ ਦੇ ਨਾਲ ਗਏ ਅਨਿੰਨ ਸੇਵਕਾਂ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਤੋਂ ਇਲਾਵਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਲੋਂ ਵਾਰਿਆ ਗਿਆ ਸਰਬੰਸ ਅਤੇ ਹੋਰ ਅਨੇਕਾਂ ਸਿੱਖਾਂ ਵੱਲੋਂ ਦਿੱਤੀਆਂ ਗਈਆਂ ਕੁਰਬਾਨੀਆਂ ਕਿਸੇ ਡਰ, ਭੈਅ ਵਿਚ ਨਹੀਂ ਸਗੋਂ ਧਰਮ ਦੀ ਖਾਤਿਰ ਜਾਂ ਦੂਸਰਿਆਂ ਦੀ ਖਾਤਿਰ ਹੀ ਕੁਰਬਾਨੀਆਂ ਦਿੱਤੀਆਂ ਗਈਆਂ। ਉਨ੍ਹਾਂ ਗੁਰੂ ਜੀ ਦਾ ਸੀਸ ਭਾਈ ਜੈਤਾ ਜੀ ਵਲੋਂ ਸ੍ਰੀ ਆਨੰਦਪੁਰ ਸਾਹਿਬ ਵਿਖੇ ਲਿਆਉਣ ਅਤੇ ਉਨ੍ਹਾਂ ਦੇ ਧੜ ਦਾ ਸਸਕਾਰ ਭਾਈ ਲੱਖੀ ਵਣਜਾਰਾ ਵਲੋਂ ਕਰਨ ਦਾ ਵੀ ਜ਼ਿਕਰ ਕੀਤਾ। ਅਖੀਰ ਵਿਚ ਉਨ੍ਹਾਂ ਕਿਹਾ ਕਿ ਸਿੱਖੀ ਵਿਚ ਸ਼ਹਾਦਤ ਢਹਿੰਦੀ ਕਲਾ ਦਾ ਪ੍ਰਤੀਕ ਨਹੀਂ ਸਗੋਂ ਚੜ੍ਹਦੀਕਲਾ ਦਾ ਪ੍ਰਤੀਕ ਹੈ ਪਰ ਅੱਜਕੱਲ੍ਹ ਸਾਡੇ ਸ਼ਹੀਦਾਂ ਦੇ ਦਿਹਾੜਿਆਂ ਮੌਕੇ ਦੂਸਰੇ ਧਰਮਾਂ ਦੀ ਤਰ੍ਹਾਂ ਇਨ੍ਹਾਂ ਨੂੰ ਸੋਗ ਦਿਹਾੜੇ ਸਮਝਣ ਲੱਗ ਪਏ ਹਨ। ਇਸ ਮੌਕੇ ਹਲਕਾ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ, ਸੀਨੀਅਰ ਅਕਾਲੀ ਆਗੂ ਹਰਜਤਿੰਦਰ ਸਿੰਘ ਬਾਜਵਾ, ਬਾਬਾ ਮੋਹਣ ਸਿੰਘ, ਬਾਬਾ ਬੇਅੰਤ ਸਿੰਘ ਕਾਰ ਸੇਵਾ ਵਾਲੇ, ਚਿੱਤਰਕਾਰ ਜਗਦੀਸ਼ ਸਿੰਘ ਬਰਾੜ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਗੁਰਨਾਮ ਸਿੰਘ ਖਾਲਸਾ, ਸੁਖਵੀਰ ਸਿੰਘ ਅਕਾਲਗੜ੍ਹ, ਹਰਦੀਪ ਸਿੰਘ ਗੁਰੂਗੜ੍ਹ, ਜਗਦੀਪ ਸਿੰਘ ਝੱਜ, ਜਗਦੀਪ ਸਿੰਘ ਗਿੱਲ, ਬਾਬਾ ਬਲਜੀਤ ਸਿੰਘ ਬੁਰਜ, ਹੈੱਡ ਗ੍ਰੰਥੀ ਹਰਪਾਲ ਸਿੰਘ ਗੁਰਮੁਖ, ਬਲਜਿੰਦਰ ਸਿੰਘ ਤੂਰ, ਜਸਵੀਰ ਸਿੰਘ ਗਿੱਲ, ਸੁਰਜੀਤ ਸਿੰਘ ਰਾਜੂ, ਜੋਗਿੰਦਰ ਸਿੰਘ ਪੱਪੀ, ਸ਼ੇਰ ਸਿੰਘ ਸੇਰਾ, ਨਿਰਮਲ ਸਿੰਘ ਜੇ.ਈ, ਸਿਮਰਨਜੀਤ ਗੋਗੀਆ ਵੀ ਮੌਜੂਦ ਸਨ।





## ਕਿਰਤੀ ਕਿਸਾਨ ਯੂਨੀਅਨ ਪਿੰਡ ਬੂੜਾ ਗੁੱਜਰ ਦੀ ਚੋਣ, ਸੁਖਮੰਦਰ ਸਿੰਘ ਇਕਾਈ ਪ੍ਰਧਾਨ ਤੇ ਗੁਰਮੇਲ ਸਿੰਘ ਫੌਜੀ ਸਕੱਤਰ ਚੁਣੇ ਗਏ

ਮੁਕਤਸਰ(ਸ਼ਮਿੰਦਰਪਾਲ/ਪੂਜਾ)-ਕਿਰਤੀ ਕਿਸਾਨ ਯੂਨੀਅਨ ਪਿੰਡ ਬੂੜਾ ਗੁਜਰ ਇਕਾਈ ਦੀ ਚੋਣ ਕੀਤੀ ਗਈ ਜਿਸ ਵਿੱਚ ਸਰਬ ਸੰਮਤੀ ਨਾਲ ਸੁਖਮਿੰਦਰ ਸਿੰਘ ਨੂੰ ਪ੍ਰਧਾਨ ਸੁਰਿੰਦਰ ਪਾਲ ਸਿੰਘ ਮੀਤ ਪ੍ਰਧਾਨ ਬਲਵਿੰਦਰ ਸਿੰਘ ਖਜ਼ਾਨਚੀ ਧਰਮਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ ਗੁਰਮੇਲ ਸਿੰਘ ਪ੍ਰੈੱਸ ਸਕੱਤਰ ਗੁਰਮੇਲ ਸਿੰਘ ਸਲਾਹਕਾਰ ਚੁਣੇ ਗਏ। ਇਸ ਤੋਂ ਇਲਾਵਾ ਸੁਖਵਿੰਦਰ ਸਿੰਘ, ਹਰਭਜਨ ਸਿੰਘ, ਰਾਜਦੀਪ ਸਿੰਘ, ਵਿਸਾਖਾ ਸਿੰਘ, ਜਸਪਾਲ ਸਿੰਘ, ਬਲਵਿੰਦਰ ਸਿੰਘ,



ਗੁਰਤੇਜ ਸਿੰਘ, ਜਸਵੀਰ ਸਿੰਘ, ਚਾਨਣ ਸਿੰਘ ਨੂੰ ਮੈਂਬਰ ਚੁਣਿਆ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੋਹੇ ਰੋੜੇ ਜ਼ਿਲਾ ਆਗੂ ਦਵਿੰਦਰ ਸਿੰਘ ਲੁਬਾਣੇ ਵਾਲੀ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਪਿਛਲੇ ਦਿਨੀ ਬਿਜਲੀ ਸੋਧ ਬਿਲ 2025 ਲਿਆਂਦਾ ਗਿਆ ਜੇਕਰ ਇਹ ਕਾਨੂੰਨ ਬਣ ਜਾਂਦਾ ਹੈ ਤਾਂ ਇਸ ਦਾ ਮਾਰੂ ਅਸਰ ਸਮੁੱਚੇ ਸਮਾਜ ਦੇ ਲੋਕਾਂ ਤੇ ਪਵੇਗਾ ਕਿਉਂਕਿ ਨਿੱਜੀ ਕੰਪਨੀਆਂ ਉੱਚੀਆਂ ਦਰਾਂ ਤੇ ਬਿਜਲੀ ਵੇਚ ਕੇ ਲੋਕਾਂ ਦੀ ਅਥਾਹ ਲੁੱਟ ਕਰਨਗੀਆ। ਬਿਜਲੀ ਦਾ ਬਿੱਲ ਚੁਕਾਉਣਾ ਆਮ ਲੋਕਾਂ ਦੇ ਵੱਸ ਦਾ ਰੋਗ ਨਹੀਂ ਰਹਿ ਜਾਵੇਗਾ। 1948 ਦੇ ਕਾਨੂੰਨ ਮੁਤਾਬਿਕ ਆਮ ਲੋਕਾਂ ਨੂੰ ਮਿਲਦੀ ਕਰੋਸ ਸਬਸਿਡੀ ਅਤੇ 300 ਯੂਨਿਟ ਤੱਕ ਮਿਲਦੀ ਸਬਸਿਡੀ ਬੰਦ ਹੋ ਜਾਵੇਗੀ। ਬਿਜਲੀ ਮੀਟਰ ਨੂੰ ਰੀਚਾਰਜ ਕਰਾਉਣਾ ਆਮ ਲੋਕਾਂ ਦੇ ਵੱਸ ਦਾ ਰੋਗ ਨਹੀਂ ਰਹਿ ਜਾਵੇਗਾ। ਉਹਨਾਂ ਕਿਹਾ ਕਿ ਬਿਜਲੀ ਸੋਧ ਬਿਲ 2025 ਨੂੰ ਰੱਦ ਕਰਾਉਣ ਲਈ ਸਾਰੇ ਵਰਗਾਂ ਦੇ ਲੋਕਾਂ ਨੂੰ ਇਕੱਠੇ ਹੋ ਕੇ ਤਿੰਨ ਕਾਨੂੰਨ ਰੱਦ ਕਰਾਉਣ ਵਾਂਗ ਵੱਡਾ ਅੰਦੋਲਨ ਖੜਾ ਕਰਨਾ ਪਵੇਗਾ। ਆਗੂਆਂ ਨੇ ਕਿਹਾ ਕਿ 8 ਦਸੰਬਰ ਨੂੰ ਬਿਜਲੀ ਸੋਧ ਬਿਲ 2025 ਤੇ ਬੀਜ ਬਿੱਲ ਦੀਆਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਕਾਪੀਆਂ ਸਾੜੀਆਂ ਜਾਣਗੀਆਂ।

## ਯੂਰਪੀ ਪੰਜਾਬੀ ਸਾਹਿਤ ਅਕਾਦਮੀ ਵੱਲੋਂ ਆਨਲਾਈਨ ਕਵੀ ਦਰਬਾਰ

ਮੋਗਾ, (ਇਕਬਾਲ ਸਿੰਘ ਖਹਿਰਾ) ਯੂਰਪੀ ਪੰਜਾਬੀ ਸਾਹਿਤ ਅਕਾਦਮੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ 350ਵੇਂ ਵਰ੍ਹੇ ਨੂੰ ਸਮਰਪਤ ਆਨਲਾਈਨ ਕਵੀ ਦਰਬਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ ਵੱਖ ਦੇਸ਼ਾਂ ਤੋਂ ਸਾਹਿਤ ਤੇ ਸਮਾਜਿਕ ਸ਼ਖ਼ਸੀਅਤਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚ ਪੰਜਾਬ ਕਲਾ ਪ੍ਰੀਸ਼ਦ ਦੇ ਚੇਅਰਮੈਨ ਪ੍ਰਸਿੱਧ ਕਵੀ ਤੇ ਚਿੱਤਰਕਾਰ ਸਵਰਨਜੀਤ ਸਿੰਘ ਸਵੀ ਨੇ ਬਤੌਰ ਵਿਸ਼ੇਸ਼ ਮਹਿਮਾਨ ਹਾਜ਼ਰੀ ਲਾਈ।ਇਸ ਤੋਂ ਇਲਾਵਾ ਇੰਗਲੈਂਡ ਤੋਂ ਪ੍ਰਸਿੱਧ ਕਵੀ ਤੇ ਅਲੋਚਕ ਦਰਸ਼ਨ ਬੁਲੰਦਵੀ, ਕਵਿਤਰੀ ਗੁਰਮੇਲ ਕੌਰ ਸੰਘਾ, ਬੈਲਜੀਅਮ ਤੋਂ ਗ਼ਜ਼ਲਗੋ ਜੀਤ ਸੁਰਜੀਤ, ਜਰਮਨੀ ਤੋਂ ਨੀਲੂ ਜਰਮਨੀ, ਇਟਲੀ ਤੋਂ ਗੀਤਕਾਰ ਸਿੱਕੀ ਝੱਜੀ ਪਿੰਡ ਵਾਲਾ, ਕਵਿਤਰੀ ਜਸਵਿੰਦਰ ਕੌਰ ਮਿੰਟੂ ਤੇ ਪ੍ਰੋ ਜਸਪਾਲ ਸਿੰਘ ਇਟਲੀ ਆਦਿ ਹਾਜ਼ਰ ਹੋਏ। ਸਵਾਗਤੀ ਭਾਸ਼ਣ ਵਿੱਚ ਬਲਵਿੰਦਰ ਸਿੰਘ ਚਾਹਲ ਨੇ ਸਭ ਨੂੰ ਜੀ ਆਇਆਂ ਆਖਿਆ।ਗ਼ਜ਼ਲਗੋ ਤੇ ਕਵੀ ਪਰਮਜੀਤ ਸਿੰਘ ਨੇ ਗੁਰੂ ਜੀ ਦੇ ਜੀਵਨ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।ਸਵਰਨਜੀਤ ਸਿੰਘ ਸਵੀ ਨੇ ਆਪਣੀ ਇੱਕ ਕਵਿਤਾ ਰਾਹੀਂ ਹਾਜ਼ਰੀ ਲਾਈ ਤੇ ਪੰਜਾਬ ਕਲਾ ਪ੍ਰੀਸ਼ਦ ਵੱਲੋਂ ਸਾਹਿਤ ਪ੍ਰਤੀ ਕੀਤੇ ਜਾਂਦੇ ਕਾਰਜਾਂ ਬਾਰੇ ਜਾਣਕਾਰੀ ਵੀ ਦਿੱਤੀ ਤੇ ਪੰਜਾਬ ਤੋਂ ਬਾਹਰ ਸਮੁੱਚੇ ਵਿਸ਼ਵ ਵਿੱਚ ਵੱਸਦੇ ਪੰਜਾਬੀ ਲੇਖਕਾਂ ਨੂੰ ਖੁੱਲਾ ਸੱਦਾ ਦਿੰਦਿਆਂ ਕਿਹਾ ਕਿ ਸਾਡੇ ਨਾਲ ਸੰਪਰਕ ਕਰੋ, ਅਸੀਂ ਤੁਹਾਡੀਆਂ ਕਿਤਾਬਾਂ, ਪ੍ਰਵਾਸ ਦੇ ਮਸਲਿਆਂ ਅਤੇ ਪੰਜਾਬੀਆਂ ਦੇ ਗਲੋਬਲੀਕਰਨ ਬਾਰੇ ਸਮਾਗਮ ਰਚਾ ਕੇ ਸੰਵਾਦ ਅਤੇ ਵਿਚਾਰ ਚਰਚਾ ਨੂੰ ਅੱਗੇ ਵਧਾਉਣ ਦੇ ਯਤਨ ਕਰਾਂਗੇ, ਜਿਸ ਦੇ ਬਾਅਦ ਦਰਸ਼ਨ ਬੁਲੰਦਵੀ ਨੇ ਬਹੁਤ ਭਾਵਪੂਰਤ ਕਵਿਤਾਵਾਂ ਰਾਹੀਂ ਹਾਜ਼ਰੀ ਲਗਵਾਈ ਜਿਨ੍ਹਾਂ ਵਿੱਚ ਗੁਰੂ ਸ਼ਹੀਦ ਤੇ ਸ਼ਹਾਦਤ ਦੀ ਪੇਸ਼ਕਾਰੀ ਨੂੰ ਬਹੁਤ ਸਹਿਜ ਪਰ ਕਾਵਿਕ ਰੂਪ ਵਿੱਚ ਸਭ ਨੂੰ ਪ੍ਰਭਾਵਤ ਕਰਨ ਵਾਲੇ ਅੰਦਾਜ਼ ਪੇਸ਼ ਕੀਤਾ।ਜੀਤ ਸੁਰਜੀਤ ਨੇ ਆਪਣੀ ਇੱਕ ਗ਼ਜ਼ਲ ਰਾਹੀਂ ਗੁਰੂ ਜੀ ਸ਼ਬਦ ਦੇ ਰੂਪ ਭੇਟ ਕੀਤੇ।ਗੁਰਮੇਲ ਕੌਰ ਸੰਘਾ ਨੇ ਤਰੰਨਮ ਵਿੱਚ ਗਾ ਕੇ ਸੋਮੀ ਹੇਕ ਨਾਲ ਗੁਰੂ ਜੀ ਨੂੰ ਸਮਰਪਿਤ ਰਚਨਾ ਪੇਸ਼ ਕੀਤੀ।ਸਿੱਕੀ ਝੱਜੀ ਪਿੰਡ ਵਾਲਾ ਨੇ ਰਵਿੰਦਰ ਉਹਰਪੁਰੀ ਦਾ ਲਿਖਿਆ ਧਾਰਮਿਕ ਗੀਤ ਗਾ ਕੇ ਸਮਾਂ ਬੰਨ੍ਹ ਦਿੱਤਾ।ਜਸਵਿੰਦਰ ਕੌਰ ਮਿੰਟੂ ਨੇ ਵੀ ਇੱਕ ਕਵਿਤਾ ਰਾਹੀਂ ਹਾਜ਼ਰੀ ਲਾਈ। ਅਕਾਦਮੀ ਦੇ ਮੈਂਬਰਾਂ ਵਿੱਚ ਸੁਖ ਰਵਿੰਦਰ ਕੌਰ, ਗੁਰਪ੍ਰੀਤ ਕੌਰ ਗਾਇਦੂ ਨੇ ਇੱਕ ਇੱਕ ਕਵਿਤਾ ਰਾਹੀਂ ਹਾਜ਼ਰੀ ਲਗਾਈ।ਹੋਰ ਮੈਂਬਰਾਂ ਵਿੱਚ ਦਲਜਿੰਦਰ ਸਿੰਘ ਰਹਿਲ ਨੇ ਜਿੱਥੇ ਇੱਕ ਕਵਿਤਾ ਪੇਸ਼ ਕੀਤੀ, ਉੱਥੇ ਸਮੁੱਚੇ ਪ੍ਰੋਗਰਾਮ ਦਾ ਸੰਚਾਲਨ ਵੀ ਬਹੁਤ ਵਧੀਆ ਅੰਦਾਜ਼ ਵਿੱਚ ਪੇਸ਼ ਕੀਤਾ।

## ਰੋਹਿਤ ਕਾਲੜਾ ਦੀ ਕਿਤਾਬ ਵਿਮਲ ਸੇਤੀਆ ਆਈ ਏ ਐੱਸ ਨੇ ਰਿਲੀਜ਼ ਕੀਤੀ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਓਮ ਪ੍ਰਕਾਸ਼ ਸ਼ੇਖੂ/ਪੂਜਾ) ਲੇਖਕ ਰੋਹਿਤ ਕਾਲੜਾ ਦੀ 17ਵੀਂ ਕਿਤਾਬ 'ਪੰਨੇ ਮਲੋਟ ਦੇ' ਦੀ ਘੁੰਡ ਚੁਕਾਈ ਲੋਕ ਸੰਪਰਕ ਵਿਭਾਗ ਦੇ ਡਾਇਰੈਕਟਰ ਸ੍ਰੀ ਵਿਮਲ ਸੇਤੀਆ ਆਈ.ਏ.ਐੱਸ ਨੇ ਕੀਤੀ। ਇਸ ਮੌਕੇ ਉਨ੍ਹਾਂ ਦੀ ਧਰਮਪਤਨੀ ਸ੍ਰੀਮਤੀ ਅਨੁਰਾਧਾ ਸੇਤੀਆ ਤੇ ਉਨ੍ਹਾਂ ਦੇ ਸਪੁੱਤਰ ਮਾਧਵ ਸੇਤੀਆ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸ੍ਰੀ ਵਿਮਲ ਸੇਤੀਆ ਨੇ ਰੋਹਿਤ ਕਾਲੜਾ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ 2009 ਤੋਂ ਹਰ ਸਾਲ ਮਲੋਟ ਦੇ ਵੱਖ-ਵੱਖ ਵਿਸ਼ਿਆਂ ਅਤੇ ਮੁੱਦਿਆਂ 'ਤੇ ਕਿਤਾਬ ਪ੍ਰਕਾਸ਼ਤ ਕਰ ਰਹੇ ਹਨ।ਰੋਹਿਤ ਕਾਲੜਾ ਨੇ ਛੋਟੀ ਉਮਰ ਵਿੱਚ ਇਲਾਕਾ ਵਾਸੀਆਂ ਨੂੰ ਇਕ ਸੌਗਾਤ ਦਿੱਤੀ ਹੈ, ਜਿਸ ਤੋਂ ਨੌਜਵਾਨ ਪੀੜ੍ਹੀ ਨੂੰ ਸੇਧ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਰੋਹਿਤ ਕਾਲੜਾ ਨਾਲ ਉਨ੍ਹਾਂ ਦਾ ਸੰਬੰਧ 2009 ਤੋਂ ਉਸ ਸਮੇਂ ਤੋਂ ਹੈ ਜਦੋਂ ਉਹ ਮਲੋਟ ਸ਼ਹਿਰ ਦੇ ਇਤਿਹਾਸ 'ਤੇ ਖੋਜ ਕਰ ਰਹੇ ਸਨ ਤੇ ਹਰ ਸਾਲ ਉਹ ਮਲੋਟ ਨੂੰ ਆਪਣੀ ਕਿਤਾਬ ਰਾਹੀਂ ਵੱਖਰੇ ਢੰਗ ਨਾਲ ਜੋੜ ਰਹੇ ਹਨ, ਇਸਦੇ ਨਾਲ ਹੀ ਸ੍ਰੀ ਸੇਤੀਆ ਨੇ ਆਪਣੇ ਸਫਲ ਜੀਵਨ ਦਾ ਸਿਹਰਾ ਮਲੋਟ ਵਾਸੀਆਂ ਖਾਸਕਰ ਆਪਣੇ ਬਜ਼ੁਰਗਾਂ ਨੂੰ ਦਿੰਦੇ ਹੋਏ ਨੌਜਵਾਨਾਂ ਨੂੰ ਮਿਹਨਤ ਨਾਲ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ। ਰੋਹਿਤ ਕਾਲੜਾ ਨੇ ਦੱਸਿਆ ਕਿ ਕਿਤਾਬ ਵਿੱਚ 2023-25 ਦੇ ਮਲੋਟ ਸ਼ਹਿਰ ਦੇ ਹਾਲਾਤ, ਸਮੱਸਿਆਵਾਂ ਤੇ ਉਨ੍ਹਾਂ ਸ਼ਖ਼ਸੀਅਤਾਂ ਦੀ ਜੀਵਨੀ ਪ੍ਰਕਾਸ਼ਿਤ ਕੀਤੀ ਗਈ ਹੈ, ਜਿਨ੍ਹਾਂ ਨੇ ਇਸ ਇਲਾਕੇ ਦਾ ਨਾਂਅ ਵੱਖ-ਵੱਖ ਖੇਤਰਾਂ ਵਿਚ ਰੌਸ਼ਨ ਕੀਤਾ ਹੈ।



## ਜ਼ਿਲ੍ਹਾ ਪ੍ਰੀਸ਼ਦ ਦੇ ਤਿੰਨ ਜ਼ੋਨਾਂ ਲਈ 12 ਉਮੀਦਵਾਰ ਮੈਦਾਨ 'ਚ

ਧੂਰੀ (ਮਨੋਹਰ ਸਿੰਘ ਸੱਗੂ)- ਵਿਧਾਨ ਸਭਾ ਹਲਕਾ ਧੂਰੀ ਅਧੀਨ ਆਉਂਦੇ ਜ਼ਿਲ੍ਹਾ ਪ੍ਰੀਸ਼ਦ ਦੇ ਤਿੰਨ ਜ਼ੋਨਾਂ ਲਈ ਨਾਮਜ਼ਦਗੀਆਂ ਵਾਪਸ ਲੈਣ ਉਪਰੰਤ ਹੁਣ 12 ਉਮੀਦਵਾਰ ਚੋਣ ਮੈਦਾਨ 'ਚ ਆਪਣੀ ਕਿਸਮਤ ਅਜ਼ਮਾਈ ਕਰਨਗੇ। ਮਿਲੀ ਜਾਣਕਾਰੀ ਅਨੁਸਾਰ ਹਲਕੇ ਦੇ ਜ਼ਿਲ੍ਹਾ ਪ੍ਰੀਸ਼ਦ ਬਾਲੀਆਂ ਜ਼ੋਨ 'ਚ ਠੇਕੇਦਾਰ ਹਰਜਿੰਦਰ ਸਿੰਘ (ਆਪ), ਚਮਕੌਰ ਸਿੰਘ ਘੁੰਨਸਵਾਲ (ਕਾਂਗਰਸ), ਰਮਨਦੀਪ ਸਿੰਘ ਖਹਿਰਾ (ਭਾਜਪਾ) ਤੇ ਕੁਲਵਿੰਦਰ ਸਿੰਘ (ਆਜ਼ਾਦ) ਉਮੀਦਵਾਰ ਵਜੋਂ, ਮੀਮਸਾ ਜ਼ੋਨ 'ਚ ਰਛਪਾਲ ਸਿੰਘ ਭੁੱਲਰਹੇੜੀ (ਆਪ), ਗੁਰਪਿਆਰ ਸਿੰਘ ਧੂਰਾ (ਕਾਂਗਰਸ), ਗੁਰਦੀਪ ਸਿੰਘ (ਭਾਜਪਾ), ਹਰਚਰਨ ਸਿੰਘ (ਆਜ਼ਾਦ) ਤੇ ਰਵਿੰਦਰ ਸਿੰਘ ਰਵੀ ਈਸੜਾ ਸ਼੍ਰੋਮਣੀ ਅਕਾਲੀ ਦਲ(ਬਾਦਲ) ਦੇ ਉਮੀਦਵਾਰ ਵਜੋਂ ਅਤੇ ਘਨੌਰੀ ਕਲਾਂ ਜੋਨ 'ਚ ਜਸਮੀਤ ਕੌਰ (ਆਪ) , ਗੁਰਮੀਤ ਕੌਰ (ਕਾਂਗਰਸ) ਅਤੇ ਹਰਜੀਤ ਕੌਰ (ਭਾਜਪਾ) ਦੇ ਉਮੀਦਵਾਰ ਵਜੋਂ ਚੋਣ ਮੈਦਾਨ 'ਚ ਹਨ।

## ਭਾਜਪਾ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਸਬੰਧੀ ਮੀਟਿੰਗ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ) ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਰਾਜੇਸ਼ ਗੋਰਾ ਪਠੇਲਾ ਦੀ ਅਗਵਾਈ ਹੇਠ ਸਿਟੀ ਹੋਟਲ ਵਿਖੇ ਜਿਲਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਨੂੰ ਲੈ ਕੇ ਮੀਟਿੰਗ ਹੋਈ, ਜਿਸ 'ਚ ਚੋਣਾਂ ਨੂੰ ਲੈ ਕੇ ਵਰਕਰਾਂ ਚ ਜਿੱਥੇ ਜੋਸ਼ ਭਰਿਆ ਗਿਆ।ਉੱਥੇ ਹੀ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਉਮੀਦਵਾਰਾਂ ਨੂੰ ਸਿਰੋਪਾਓ ਭੇਟ ਕਰਦਿਆਂ ਸਨਮਾਨਤ ਕੀਤਾ ਗਿਆ।ਮੀਟਿੰਗ 'ਚ ਪੰਜਾਬ ਭਾਜਪਾ ਵੱਲੋ ਬਲਾਕ ਮੁਕਤਸਰ ਦੇ ਚੋਣ ਪ੍ਰਭਾਰੀ ਅਸ਼ੋਕ ਭਾਰਤੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਚੋਣ ਪ੍ਰਚਾਰ ਦੀਆਂ ਗਤੀਵਿਧੀਆਂ ਬਾਰੇ ਵਿਸਥਾਪੂਰਵਕ ਚਰਚਾ ਕੀਤੀ ਗਈ । ਸਾਬਕਾ ਜ਼ਿਲ੍ਹਾ ਪ੍ਰਧਾਨ ਰਾਜੇਸ਼ ਗੋਰਾ ਪਠੇਲਾ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਚੋਣਾਂ 'ਚ ਕਾਨਿਆਂਵਾਲੀ ਤੋਂ ਪਰਮਿੰਦਰ ਕੌਰ ਤੇ ਉਦੇਕਰਨ ਤੋਂ ਸਰਬਜੀਤ ਸਿੰਘ ਚੋਣ ਉਮੀਦਵਾਰ ਨੇ, ਜਦਕਿ ਬਲਾਕ ਸੰਮਤੀ ਚੋਣਾਂ ਲਈ ਮੁਕਤਸਰ ਦਿਹਾਤੀ ਤੋਂ ਸੁਰਜੀਤ ਸਿੰਘ, ਗੋਨੀਆਨਾ ਤੋਂ ਮਨਪ੍ਰੀਤ ਕੌਰ, ਬਧਾਈ ਤੋਂ ਕੁਲਦੀਪ ਕੌਰ, ਚੱਕ ਜਵਾਹਰੇਵਾਲਾ ਤੋਂ ਰਾਜਕਰਨ ਸਿੰਘ, ਰਣਜੀਤਗੜ੍ਹ ਤੋਂ ਧਿਆਨ ਸਿੰਘ, ਗੁਲਬੇਵਾਲਾ ਤੋਂ ਭੀਮ ਸਿੰਘ, ਲੰਬੀ ਢਾਬ ਤੋਂ ਨੀਲਾ ਰਾਮ, ਕੋਟਲੀ ਸੰਘਰ ਤੋਂ ਗੁਰਜੀਤ ਸਿੰਘ, ਸਰਾਏਨਾਗਾ ਤੋਂ ਤੇਜਾ ਸਿੰਘ, ਵੜਿੰਗ ਤੋਂ ਪਰਮਜੀਤ ਕੌਰ, ਮਰਾੜ ਕਲਾਂ ਤੋਂ ਜਸਵੰਤ ਸਿੰਘ, ਸੀਰਵਾਲੀ ਤੋਂ ਗਗਨਦੀਪ ਕੌਰ, ਕਾਨਿਆਂਵਾਲੀ ਤੋਂ ਸਰਬਜੀਤ ਕੌਰ ਉਮੀਦਵਾਰ ਨੇ, ਜਿਨ੍ਹਾਂ ਨੂੰ ਮੀਟਿੰਗ ਦੌਰਾਨ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।

## ਅਧਿਆਪਕਾਂ ਦੀਆਂ ਡਿਊਟੀਆਂ ਦੂਰ-ਦੁਰਾਡੇ ਲਾਉਣ ਦੀ ਸਖਤ ਨਿੰਦਾ

ਚੌਂਕੀਮਾਨ (ਇੰਜ. ਬਲਬੀਰ ਸਿੰਘ ਮਾਨ) ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਪਰਮਿੰਦਰ ਪਾਲ ਸਿੰਘ ਕਾਲੀਆ, ਜਨਰਲ ਸਕੱਤਰ ਪਰਵੀਨ ਕੁਮਾਰ ਲੁਧਿਆਣਾ, ਸਰਪ੍ਰਸਤ ਚਰਨ ਸਿੰਘ ਸਰਾਭਾ, ਮਨੀਸ਼ ਸ਼ਰਮਾ, ਸੰਜੀਵ ਸ਼ਰਮਾ, ਟਹਿਲ ਸਿੰਘ ਸਰਾਭਾ ਆਗੂਆਂ ਵੱਲੋਂ ਜ਼ਿਲ੍ਹਾ ਚੋਣ ਅਧਿਕਾਰੀ ਵੱਲੋਂ ਅਧਿਆਪਕਾਂ ਦੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਡਿਊਟੀਆਂ ਦੂਰ ਦੁਰਾਡੇ ਲਾਉਣ ਦੀ ਸਖਤ ਨਿੰਦਾ ਕੀਤੀ ਗਈ। ਆਗੂਆਂ ਵੱਲੋਂ ਦੱਸਿਆ ਗਿਆ ਕਿ ਲੁਧਿਆਣਾ ਜ਼ਿਲ੍ਹੇ ਦੇ ਵੱਖ-ਵੱਖ ਸਿੱਖਿਆ ਬਲਾਕਾਂ ਵਿੱਚ ਡਿਊਟੀ ਨਿਭਾਅ ਰਹੇ ਅਧਿਆਪਕਾਂ ਨੂੰ ਉਨ੍ਹਾਂ ਦੇ ਬਲਾਕਾਂ ਵਿੱਚੋਂ ਦੂਸਰੇ ਦੂਰ ਦੁਰਾਡੇ ਦੇ ਬਲਾਕਾਂ ਵਿੱਚ ਚੋਣ ਪ੍ਰਕਿਰਿਆ ਲਈ ਨਿਯੁਕਤ ਕੀਤਾ ਗਿਆ, ਜਿਸ ਨਾਲ ਚੋਣ ਅਮਲੇ ਨੂੰ ਆਉਣ ਜਾਣ ਤੇ ਚੋਣ ਪ੍ਰਕਿਰਿਆ ਨੂੰ ਪੂਰਾ ਕਰਨ ਲਈ ਵਿਵਾਰਕ ਰੂਪ ਵਿੱਚ ਬਹੁਤ ਵੱਡੀਆਂ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਵੇਗਾ।ਜ਼ਿਲ੍ਹਾ ਚੋਣ ਅਧਿਕਾਰੀ ਵੱਲੋਂ ਮਹਿਲਾ ਅਧਿਆਪਕਾਂਵਾਂ ਨੂੰ ਵੀ ਨਹੀਂ ਬਖਸ਼ਿਆ ਗਿਆ।ਉਨਾਂ ਦੀਆਂ ਡਿਊਟੀਆਂ ਵੀ ਦੂਰ ਦੁਰਾਡੇ ਬਲਾਕਾਂ ਵਿੱਚ ਲਾ ਦਿੱਤੀਆਂ ਗਈਆਂ ਹਨ।ਚੋਣਾਂ ਵਾਲੇ ਦਿਨ ਚੋਣ ਅਮਲੇ ਨੂੰ ਆਪਣਾ ਸਾਰਾ ਚੋਣ ਸਬੰਧੀ ਸਮਾਨ ਜਮ੍ਹਾਂ ਕਰਾਉਣ ਸਮੇਂ ਲਗਭਗ ਰਾਤ ਦੇ 10 ਤੋਂ 12 ਵੱਜ ਜਾਂਦੇ ਹਨ।ਬਹੁਤ ਸਾਰੇ



ਅਧਿਆਪਕਾਂਵਾਂ ਖਾਸ ਕਰਕੇ ਮਹਿਲਾ ਅਧਿਆਪਕਾਂ ਨੂੰ ਰਾਤ ਸਮੇਂ ਬਹੁਤ ਸਾਰੀਆਂ ਸਮੱਸਿਆਵਾਂ ਨਾਲ ਸਾਹਮਣਾ ਕਰਨਾ ਪੈਂਦਾ ਹੈ। ਜਥੇਬੰਦੀ ਜ਼ਿਲਾ ਚੋਣ ਅਧਿਕਾਰੀ ਤੋਂ ਮੰਗ ਕਰਦੀ ਹੈ ਕਿ ਅਧਿਆਪਕਾਂ ਦੀਆਂ ਇਹ ਡਿਊਟੀਆਂ ਰੱਦ ਕਰਕੇ ਉਨ੍ਹਾਂ ਦੇ ਪਿੱਤਰੀ ਬਲਾਕਾਂ ਵਿੱਚ ਹੀ ਡਿਊਟੀਆਂ ਲਾਈਆਂ ਜਾਣ, ਜਿਸ ਨਾਲ ਬਹੁਤ ਸਾਰੀਆਂ ਸਮੱਸਿਆਵਾਂ ਤੋਂ ਬਚਿਆ ਜਾ ਸਕਦਾ ਹੈ।

## ਕੋਈ ਪ੍ਰਵਾਨਗੀ ਨਹੀਂ, ਕੋਈ ਜ਼ੈਡ ਐੱਲ ਡੀ ਨਹੀਂ, ਫਿਰ ਵੀ ਕਈ ਸਾਲ ਬੁੱਢੇ ਦਰਿਆ 'ਚ ਛੱਡਿਆ ਗੰਦਾ ਪਾਣੀ

ਮੋਗਾ, (ਇਕਬਾਲ ਸਿੰਘ ਖਹਿਰਾ) ਵਾਤਾਵਰਣ, ਜੰਗਲਾਤ ਤੇ ਜਲਵਾਯੂ ਪਰਿਵਰਤਨ ਮੰਤਰਾਲੇ ਵੱਲੋਂ ਬੁਲਾਈ ਮੀਟਿੰਗ ਨੇ ਲੁਧਿਆਣਾ ਦੇ ਤਿੰਨ ਕਾਮਨ ਐਫਲੂਐਂਟ ਟ੍ਰੀਟਮੈਂਟ ਪਲਾਂਟਾਂ ਦੁਆਰਾ ਦਿੱਤੇ ਗਏ ਸਪੱਸ਼ਟੀਕਰਨਾਂ ਵਿੱਚ ਵੱਡੀਆਂ ਅਸੰਗਤੀਆਂ ਦਾ ਪਰਦਾਫਾਸ਼ ਕੀਤਾ।ਬੁੱਢਾ ਦਰਿਆ ਵਿੱਚ ਡਾਇੰਗ ਉਦਯੋਗ ਦੇ ਗੰਦੇ ਪਾਣੀ ਦੇ ਲੰਮੇ ਸਮੇਂ ਤੋਂ ਚੱਲ ਰਹੇ ਡਿਸਚਾਰਜ ਦੇ ਸੰਬੰਧ ਵਿੱਚ ਵਾਤਾਵਰਣ ਸੰਬੰਧੀ ਜੋ ਕੇਂਦਰ ਸਰਕਾਰ ਦੀਆਂ ਪ੍ਰਵਾਨਗੀਆਂ ਸਨ, ਉਨ੍ਹਾਂ ਵਿੱਚ ਜਾਂ ਤਾਂ ਜ਼ੀਰੋ ਲਿਕਵਿਡ ਡਿਸਚਾਰਜ (ਜੈਡ ਐਲ ਡੀ) ਦੀ ਲੋੜ ਸੀ ਜਾਂ ਸਪੱਸ਼ਟ ਤੌਰ 'ਤੇ ਬੁੱਢੇ ਦਰਿਆ ਵਿੱਚ ਕਿਸੇ ਵੀ ਡਿਸਚਾਰਜ 'ਤੇ ਪਾਬੰਦੀ ਸੀ। ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਜਦੋਂ ਉਨ੍ਹਾਂ 2018 ਵਿੱਚ ਉਸਾਰੀ ਸ਼ੁਰੂ ਕੀਤੀ, ਸੀਈਟੀਪੀਜ਼ ਨੂੰ ਈਸੀ ਦੀ ਲੋੜ ਹੀ ਨਹੀਂ ਸੀ।ਹਾਲਾਂਕਿ, ਮਿਨਿਸਟ੍ਰੀ ਦੇ ਆਪਣੇ ਨਿਰੀਖਣ ਵਿੱਚ ਪਾਇਆ ਗਿਆ ਕਿ 117 ਐਮਐਲਡੀ ਪ੍ਰੋਜੈਕਟ ਨੂੰ ਬਿਨਾਂ ਕਿਸੇ ਨਵੀਂ ਪ੍ਰਵਾਨਗੀ ਦੇ 40 ਤੇ 50 ਐਮ.ਐਲ.ਡੀ ਸੀ.ਈ.ਟੀ.ਪੀਜ਼ ਵਿੱਚ ਵੰਡਿਆ ਗਿਆ ਸੀ, ਜੋ ਕੰਪਨੀ ਦੇ ਦਾਅਵੇ ਦਾ ਸਿੱਧਾ ਖੰਡਨ ਕਰਦਾ ਹੈ। 50 ਐਮ.ਐਲ.ਡੀ ਸੀ.ਈ.ਟੀ.ਪੀ ਨੇ ਇਸਦੇ ਉਲਟ ਸਵੀਕਾਰ ਕੀਤਾ ਕਿ ਈ.ਸੀ ਉਨ੍ਹਾਂ ਦੀ ਹੀ ਸੀ, ਪਰ ਇਸ ਆਧਾਰ 'ਤੇ ਇਸ ਦੇ ਡਿਸਚਾਰਜ ਨੂੰ ਜਾਇਜ਼ ਠਹਿਰਾਉਣ ਦੀ ਕੋਸ਼ਿਸ਼ ਕੀਤੀ ਕਿ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀ.ਪੀ.ਸੀ.ਬੀ) ਨੇ ਸਪੱਸ਼ਟ ਤੌਰ 'ਤੇ ਸੰਚਾਲਨ ਲਈ ਸਹਿਮਤੀ ਰਾਹੀਂ ਇਸ ਨੂੰ ਇਜਾਜ਼ਤ ਦਿੱਤੀ ਸੀ, ਈ.ਸੀ ਵਲੋਂ ਬੁੱਢਾ ਦਰਿਆ ਵਿੱਚ ਗੰਦੇ



ਪਾਣੀ ਨੂੰ ਛੱਡਣ 'ਤੇ ਪੂਰੀ ਤਰ੍ਹਾਂ ਪਾਬੰਦੀ ਦੇ ਬਾਵਜੂਦ। ਦੋਵਾਂ ਸੀ.ਈ.ਟੀ.ਪੀਜ਼ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਸੀ ਕਿ ਸੀ.ਈ.ਟੀ.ਪੀ ਗੰਦੇ ਪਾਣੀ ਨੂੰ ਮਿਊਂਸੀਪਲ ਐਸ.ਟੀ.ਪੀ ਦੇ ਪ੍ਰਵਾਹ ਵਿੱਚ ਮਿਲਾਇਆ ਜਾਵੇਗਾ ਤੇ ਇਸ ਸਾਰੇ ਪਾਣੀ ਨੂੰ ਸਿੰਚਾਈ ਲਈ ਚੁੱਕਿਆ ਜਾਵੇਗਾ।ਉਨ੍ਹਾਂ ਨੇ ਇੱਕ ਛੋਟੀ ਵੀਡੀਓ ਕਲਿੱਪ ਪ੍ਰਦਰਸ਼ਿਤ ਕੀਤੀ, ਜਿਸ ਵਿੱਚ ਬੁੱਢੇ ਦਰਿਆ ਦੇ ਵਿੱਚ ਸਾਫ਼ ਪਾਣੀ ਦਿਖਾਉਣ ਦਾ ਦਾਅਵਾ ਕੀਤਾ ਗਿਆ ਸੀ। 15 ਐਮ.ਐਲ.ਡੀ ਸੀ.ਈ.ਟੀ.ਪੀ ਨੇ ਕਿਹਾ ਕਿ ਉਹ ਬੈਂਕਾਂ ਤੋਂ ਵਿੱਤ ਦੀ ਘਾਟ ਕਾਰਨ ਆਪਣੇ 2014 ਈ.ਸੀ ਵੱਲੋਂ ਲੋੜੀਂਦੇ ਜੈਡ ਐਲ ਡੀ ਨੂੰ ਲਾਗੂ ਨਹੀਂ ਕਰ ਸਕੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਨੂੰ ਦੋ ਪੜਾਵਾਂ ਵਿੱਚ ਪ੍ਰੋਜੈਕਟ ਬਣਾਉਣ ਦੀ ਇਜਾਜ਼ਤ ਦਿੱਤੀ, ਇੱਕ ਗੈਰ-ਜੈਡ.ਐਲ.ਡੀ ਸਿਸਟਮ ਨਾਲ ਸ਼ੁਰੂ ਕਰਦੇ ਹੋਏ ਜੈਡ.ਐਲ.ਡੀ. ਵਿੱਚ ਬਦਲਣ ਲਈ ਤੇ ਕੋਈ ਨਿਰਧਾਰਤ ਸਮਾਂ ਸੀਮਾ ਦੇ ਬਿਨਾਂ। ਜਸਕੀਰਤ ਸਿੰਘ ਅਤੇ ਕੁਲਦੀਪ ਸਿੰਘ ਖਹਿਰਾ ਨੇ ਕਿਹਾ ਕਿ ਸੀ.ਈ.ਟੀ.ਪੀ ਵੱਲੋਂ ਦਿਖਾਏ ਗਏ ਡਾਊਨਸਟ੍ਰੀਮ ਵੀਡੀਓਜ਼ ਦਾ ਕੋਈ ਸਬੂਤ ਮੁੱਲ ਨਹੀਂ ਹੈ।ਨਦੀ ਦੀ ਗੁਣਵੱਤਾ ਹਰ ਘੰਟੇ ਬਦਲਦੀ ਹੈ ਤੇ ਕੈਮਰੇ ਲਈ ਸੀ.ਈ.ਟੀ.ਪੀ ਵੱਲੋਂ ਵਹਾਅ ਦੀ ਗੁਣਵੱਤਾ ਵਿੱਚ ਆਸਾਨੀ ਨਾਲ ਹੇਰਾਫੇਰੀ ਕੀਤੀ ਜਾ ਸਕਦੀ ਹੈ।ਜ਼ਿਲ੍ਹਾ ਪ੍ਰਸ਼ਾਸਨ ਪਹਿਲਾਂ ਹੀ ਐਨ.ਜੀ.ਟੀ ਨੂੰ ਦੱਸ ਚੁੱਕਾ ਹੈ ਕਿ ਇਹ ਪਾਣੀ ਸਿੰਚਾਈ ਲਈ ਸੁਰੱਖਿਅਤ ਨਹੀਂ ਹੈ ਤੇ ਸਿਹਤ ਅਧਿਕਾਰੀਆਂ ਨੇ ਇਸਨੂੰ ਭੋਜਨ ਲੜੀ ਲਈ ਸੁਰੱਖਿਅਤ ਪ੍ਰਮਾਣਿਤ ਕਰਨ ਤੋਂ ਇਨਕਾਰ ਕਰ ਦਿੱਤਾ ਹੈ।ਜੇਕਰ ਇਹ ਫਸਲਾਂ ਲਈ ਅਸੁਰੱਖਿਅਤ ਹੈ ਤਾਂ ਇਸ ਨੂੰ ਸਤਲੁਜ ਵਿੱਚ ਕਿਵੇਂ ਦਾਖਲ ਹੋਣ ਦਿੱਤਾ ਜਾ ਸਕਦਾ ਹੈ, ਜੋ ਪੰਜਾਬ ਤੇ ਰਾਜਸਥਾਨ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਕਰਦਾ ਹੈ।

## ਪਿੰਡ ਬੁੱਘੀਪੁਰਾ 'ਚ ਸਰਬਸੰਮਤੀ ਨਾਲ ਬਲਾਕ ਸੰਮਤੀ ਦੀ ਚੋਣ, ਨਿਰਮਲ ਪਾਲ ਕੌਰ ਬਿਨਾਂ ਮੁਕਾਬਲਾ ਜੇਤੂ

ਮੋਗਾ (ਇਕਬਾਲ ਸਿੰਘ ਖਹਿਰ) ਪਿੰਡ ਬੁੱਘੀਪੁਰਾ ਵਿੱਚ ਭਾਈਚਾਰਕ ਸਾਂਝ ਨੂੰ ਮਜ਼ਬੂਤ ਬਣਾਉਂਦੇ ਹੋਏ ਪੰਚਾਇਤ ਵੱਲੋਂ ਇੱਕ ਮਹੱਤਵਪੂਰਨ ਤੇ ਕਾਬਿਲ-ਤਾਰੀਫ਼ ਕਦਮ ਚੁੱਕਿਆ ਗਿਆ ਹੈ।ਸਰਪੰਚ ਮਨਜੀਤ ਸਿੰਘ ਗਿੱਲ ਦੀ ਅਗਵਾਈ ਹੇਠ ਸਰਬਸੰਮਤੀ ਨਾਲ ਬਲਾਕ ਸੰਮਤੀ ਉਮੀਦਵਾਰ ਦੀ ਬਿਨਾਂ ਮੁਕਾਬਲਾ ਕਰਾਈ ਗਈ ਚੋਣ, ਜਿਸ ਵਿੱਚ ਨਿਰਮਲਪਾਲ ਕੌਰ ਬਿਨਾਂ ਮੁਕਾਬਲਾ ਜੇਤੂ ਐਲਾਨਿਆ ਗਿਆ।ਸਰਪੰਚ ਮਨਜੀਤ ਸਿੰਘ ਗਿੱਲ ਨੇ ਦੱਸਿਆ ਕਿ ਪਿੰਡ ਦੀ ਏਕਤਾ ਅਤੇ ਸਾਂਝ ਇਸ ਗੱਲ ਦੀ ਗਵਾਹ ਹੈ ਕਿ ਆਉਣ ਵਾਲੀ14 ਦਸੰਬਰ ਨੂੰ ਜ਼ਿਲ੍ਹਾ ਪ੍ਰੀਸਦ ਚੋਣ ਸਮੇਂ ਵੀ ਪਿੰਡ ਵਿੱਚ ਸਾਰੀਆਂ ਪਾਰਟੀਆਂ ਵੱਲੋਂ ਇੱਕੋ ਬੂਥ ਲਗਾਇਆ ਜਾਵੇਗਾ, ਤਾਂ ਜੁ ਚੋਣ ਪ੍ਰਕ੍ਰਿਆ ਸ਼ਾਂਤੀਪੂਰਵਕ ਅਤੇ ਭਾਈਚਾਰਕ ਰੂਪ ਵਿੱਚ ਪੂਰੀ ਹੋ ਸਕੇ। ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਵੀ ਪਿੰਡ ਵਾਸੀਆਂ ਦੀ ਇਸ ਪਹਿਲ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਬੁੱਘੀਪੁਰਾ ਪਿੰਡ ਨੇ ਸਰਬ ਸੰਮਤੀ ਨਾਲ ਬਲਾਕ ਸੰਮਤੀ ਦੀ ਚੋਣ ਕਰਾ ਕੇ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਦੌਰਾਨ ਸਾਰੀਆਂ ਪਾਰਟੀਆਂ ਵਲੋਂ ਇੱਕੋ ਜਗਾ ਸਾਂਝਾ ਬੂਥ ਲਾਉਣ ਦਾ ਫ਼ੈਸਲਾ ਕਰਕੇ ਪੰਜਾਬ ਦੇ ਪਿੰਡਾਂ ਲਈ ਇਕ ਮਿਸਾਲ ਕਾਇਮ ਕੀਤੀ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਸੋਚ ਅਤੇ ਇਕੱਠ ਸਾਡੇ ਪਿੰਡਾਂ ਦੀ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ।ਪਿੰਡ ਵਾਸੀਆਂ ਦੀ ਇਹ ਇਕਜੁਟਤਾ ਹੋਰਨਾਂ ਪਿੰਡਾਂ ਲਈ ਵੀ ਪ੍ਰੇਰਨਾ ਹੈ ਕਿ ਲੋਕਤੰਤਰਿਕ ਪ੍ਰਕਿਰਿਆ ਨੂੰ ਸਾਂਝ ਅਤੇ ਭਰੋਸੇ ਨਾਲ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ। ਬਿਨਾਂ ਮੁਕਾਬਲਾ ਜੇਤੂ ਰਹੀ ਨਿਰਮਲ ਪਾਲ ਕੌਰ ਨੇ ਕਿਹਾ ਕਿ ਉਹ ਸਭ ਤੋਂ ਪਹਿਲਾਂ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਟੋਸ ਤੇ ਪਿੰਡ ਦੇ ਸਰਪੰਚ ਸਾਹਿਬਾਨ ਅਤੇ ਸਮੁੱਚੀ ਪੰਚਾਇਤ ਦਾ ਤਹਿ ਦਿਲ ਤੋਂ ਸ਼ੁਕਰ ਗੁਜ਼ਾਰ ਕਰਦੀ ਹੈ, ਜਿਨ੍ਹਾਂ ਨੇ ਉਸ 'ਤੇ ਮਾਣ ਕਰਕੇ ਉਸ ਨੂੰ ਸਰਬਸੰਮਤੀ ਦੇ ਨਾਲ ਬਿਨਾਂ ਮੁਕਾਬਲਾ ਬਲਾਕ ਸੰਮਤੀ ਮੈਂਬਰ ਚੁਣਿਆ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਨਾਲ ਚੋਣ ਕਰਾਉਣਾ ਭਾਈਵਾਲ ਸਾਂਝ ਨੂੰ ਮਜ਼ਬੂਤ ਕਰਦੀ ਹੈ।



## ਮਾਨਸਾ ਵਿੱਚ ਕੁੱਲ 298 ਉਮੀਦਵਾਰ ਚੋਣ ਮੈਦਾਨ 'ਚ

ਮਾਨਸਾ (ਆਤਮਾ ਸਿੰਘ ਪਮਾਰ)- ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਟੀ ਬੈਨਿਥ (ਵਾਧੂ ਚਾਰਜ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰੀਸ਼ਦ ਮਾਨਸਾ ਲਈ ਦਲੇਲ ਸਿੰਘ ਵਾਲਾ 01, ਬੋੜਾਵਾਲ 02, ਬੱਛੋਆਣਾ 01, ਅੱਕਾਂਵਾਲੀ 02, ਭੈਣੀ ਬਾਘਾ 01, ਨੰਗਲ ਕਲਾਂ 01, ਰਾਏਪੁਰ 02, ਝੁਨੀਰ 01 ਅਤੇ ਝੰਡਾ ਕਲਾਂ ਲਈ 06 ਨਾਮਜ਼ਦਗੀ ਪੱਤਰ ਵਾਪਸ ਲਏ ਗਏ। ਨਾਮਜ਼ਦਗੀਆਂ ਦੀ ਵਾਪਸੀ ਉਪਰੰਤ ਚੋਣ ਲੜ ਰਹੇ ਉਮੀਦਵਾਰਾਂ ਦੀ ਗਿਣਤੀ 42 ਹੈ। ਉਨ੍ਹਾਂ ਅੱਗੇ ਦੱਸਿਆ ਕਿ ਪੰਚਾਇਤ ਸੰਮਤੀ ਮਾਨਸਾ ਲਈ ਬੁਰਜ ਢਿੱਲਵਾਂ 01, ਤਾਮਕੋਟ 01, ਚਕੇਰੀਆਂ 01, ਮਾਨਬੀਬੜੀਆਂ 01, ਫਫੜੇ ਭਾਈ ਕੇ 01, ਕਿਸ਼ਨਗੜ੍ਹ ਫਰਵਾਹੀ 01, ਧਲੇਵਾਂ 03, ਹੋਡਲਾ ਕਲਾਂ 02, ਖੀਵਾ ਕਲਾਂ 01, ਹੀਰੋ ਕਲਾਂ 01, ਸਮਾਓਂ 01, ਭੁਪਾਲ ਕਲਾਂ 01 ਤੇ ਅਕਲੀਆ 01 ਨਾਮਜ਼ਦਗੀ ਪੱਤਰ ਵਾਪਸ ਲਏ ਗਏ। ਨਾਮਜ਼ਦਗੀਆਂ ਵਾਪਸ ਲੈਣ ਉਪਰੰਤ ਚੋਣ ਲੜ ਰਹੇ ਉਮੀਦਵਾਰਾਂ ਦੀ ਗਿਣਤੀ 81 ਹੈ।ਇਸੇ ਤਰ੍ਹਾਂ ਪੰਚਾਇਤ ਸੰਮਤੀ ਬੁਢਲਾਡਾ ਲਈ ਕਣਕਵਾਲ ਚਹਿਲਾਂ 01, ਗੁੜੱਦੀ 01, ਦੋਦੜਾ 03, ਚੱਕ ਭਾਈਕੇ 01, ਗੁਰਨੇ ਕਲਾਂ 01, ਬੱਛੋਆਣਾ 01, ਅਹਿਮਦਪੁਰ 01, ਬਰ੍ਹੇ 01, ਮਲਕੋਂ 01, ਹਾਕਮਵਾਲਾ 01, ਬਹਾਦਰਪੁਰ 02, ਚੱਕ ਅਲੀਸ਼ੇਰ 02, ਮੱਲ ਸਿੰਘ ਵਾਲਾ 01, ਧਰਮਪੁਰਾ ਲਈ 01 ਨਾਮਜ਼ਦਗੀ ਪੱਤਰ ਵਾਪਸ ਲਿਆ ਗਿਆ। ਨਾਮਜ਼ਦਗੀਆਂ ਵਾਪਸ ਲੈਣ ਉਪਰੰਤ ਚੋਣ ਲੜ ਰਹੇ ਉਮੀਦਵਾਰਾਂ ਦੀ ਗਿਣਤੀ 65 ਹੈ। ਇਸ ਤੋਂ ਇਲਾਵਾ ਪੰਚਾਇਤ ਸੰਮਤੀ ਸਰਦੂਲਗੜ੍ਹ ਲਈ ਫੱਤਾ ਮਾਲੋਕਾ 02, ਝੰਡੂਕੇ 02, ਜਟਾਣਾ ਕਲਾਂ 04, ਕਰੰਡੀ 01, ਝੰਡਾ ਕਲਾਂ 02, ਹੀਂਗਣਾ ਉਰਫ ਭਗਵਾਨਪੁਰ 03, ਹੀਰਕੇ 01, ਮੀਰਪੁਰ ਕਲਾਂ 04, ਕੁਸਲਾ 04 ਤੇ ਸੰਘਾ 03 ਨਾਮਜ਼ਦਗੀਆਂ ਵਾਪਸ ਹੋਈਆਂ ਹਨ। ਨਾਮਜ਼ਦਗੀਆਂ ਵਾਪਸੀ ਉਪਰੰਤ ਚੋਣ ਲੜ ਰਹੇ ਉਮੀਦਵਾਰਾਂ ਦੀ ਗਿਣਤੀ 39 ਰਹਿ ਗਈ ਹੈ। ਉਹਨਾਂ ਦੱਸਿਆ ਕਿ ਪੰਚਾਇਤ ਸੰਮਤੀ ਝੁਨੀਰ ਲਈ ਧਿੰਗੜ 01, ਦਲੀਏਵਾਲੀ 01, ਰਾਏਪੁਰ 02, ਮਾਖਾ 01, ਟਾਂਡੀਆਂ 01, ਉੱਲਕ 01, ਬਾਜੇਵਾਲਾ 02, ਕੋਟ ਧਰਮੂ 03, ਕੋਰਵਾਲਾ 02, ਖਿਆਲੀ ਚਹਿਲਾਂਵਾਲੀ 01, ਝੁਨੀਰ 02, ਮਾਖੇਵਾਲਾ 01, ਨੰਗਲ ਕਲਾਂ 02, ਜਵਾਹਰਕੇ 01, ਦੂਲੋਵਾਲ 01, ਘਰਾਂਗਣਾ 01 ਅਤੇ ਮੂਸਾ 01 ਨਾਮਜ਼ਦਗੀ ਪੱਤਰ ਵਾਪਸ ਲਏ ਗਏ।ਨਾਮਜ਼ਦਗੀ ਪੱਤਰ ਵਾਪਸ ਲੈਣ ਉਪਰੰਤ ਚੋਣ ਲੜ ਰਹੇ ਉਮੀਦਵਾਰਾਂ ਦੀ ਗਿਣਤੀ 71ਹੈ, ਜੋ ਚੋਣ ਮੈਦਾਨ 'ਚ ਡਟੇ ਹੋਏ ਹਨ।

## ਵਿਧਾਇਕ ਵੱਲੋਂ ਬੀਬੀ ਕੁਲਦੀਪ ਕੌਰ ਦੇ ਚੋਣ ਦਫ਼ਤਰ ਦਾ ਉਦਘਾਟਨ



ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ) ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਤੋਂ ਪਾਰਟੀ ਉਮੀਦਵਾਰ ਬੀਬੀ ਕੁਲਦੀਪ ਕੌਰ ਖੜਕੇ ਕੇ ਪਤਨੀ ਸਰਪੰਚ ਸਰਬਜੀਤ ਸਿੰਘ ਸੰਭੂ ਦੇ ਮਹਿਲ ਕਲਾਂ ਮੁੱਖ ਚੋਣ ਦਫ਼ਤਰ ਦਾ ਉਦਘਾਟਨ ਕਰਕੇ ਸਰਬਸੰਮਤੀ ਚੁਣੇ ਗਏ ਬਲਾਕ ਸੰਮਤੀ ਮੈਂਬਰ ਰਛਪਾਲ ਸਿੰਘ ਬੱਟੀ ਤੇ ਮੇਲਾ ਸਿੰਘ ਮਾਹਮਦਪੁਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਵਿਧਾਇਕ ਪੰਡੋਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਾਢੇ ਤਿੰਨ ਸਾਲ ਦੇ ਕਾਰਜਕਾਲ ਦੌਰਾਨ ਕੀਤੀਆਂ ਸ਼ਾਨਦਾਰ ਪ੍ਰਾਪਤੀਆਂ, ਜੰਗੀ ਪੱਧਰ 'ਤੇ ਚੱਲ ਰਹੇ ਵਿਕਾਸ ਕਾਰਜਾਂ ਦੇ ਬਲਬੂਤੇ ਸਾਰੇ ਜ਼ੋਨਾਂ ਤੋਂ 'ਆਪ' ਉਮੀਦਵਾਰ ਸ਼ਾਨਦਾਰ ਫਤਹਿ ਹਾਸਲ ਕਰਨਗੇ। ਵਿਧਾਇਕ ਨੇ ਸ਼ਪੱਸ਼ਟ ਕਿਹਾ ਕਿ ਕਿਸੇ ਵੀ ਉਮੀਦਵਾਰ ਨਾਲ ਕੋਈ ਬੇਇਨਸਾਫੀ ਨਹੀਂ ਹੋਣ ਦਿੱਤੀ ਜਾਵੇਗੀ।ਉਹ ਹਲਕੇ ਦੇ ਸਾਰੇ ਲੋਕਾਂ ਦੇ ਚੁਣੇ ਹੋਏ ਨੁਮਾਇੰਦੇ ਹੋਣ ਦੇ ਨਾਤੇ ਹਰ ਇਕ ਦਾ ਮਾਣ ਸਤਿਕਾਰ ਕਰਦੇ ਹਨ।ਕਿਸੇ ਵੀ ਉਮੀਦਵਾਰ ਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿਆਂਗੇ।ਉਨ੍ਹਾਂ ਦਾਅਵੇ ਨਾਲ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ 'ਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ਼ਾਨ ਨਾਲ ਜਿੱਤ ਕੇ ਵਿਧਾਨ ਸਭਾ ਚੋਣਾਂ 2027 'ਚ ਦੁਬਾਰਾ ਭਗਵੰਤ ਮਾਨ ਦੀ ਅਗਵਾਈ ਹੇਠ 'ਆਪ' ਸਰਕਾਰ ਬਨਾਉਣ ਦਾ ਮੁੱਢ ਬੰਨਣਗੇ। ਵਿਧਾਇਕ ਪੰਡੋਰੀ ਨੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ 14 ਦਸੰਬਰ ਨੂੰ ਝਾੜੂ ਨਿਸ਼ਾਨ 'ਤੇ ਮੋਹਰ ਲਾ ਕੇ ਸਮੂਹ ਆਪ ਉਮੀਦਵਾਰਾਂ ਨੂੰ ਭਾਰੀ ਵੋਟਾਂ ਨਾਲ ਸਫਲ ਬਣਾਉਣ।

## ਅੱਜ ਦੇ ਧਰਨਿਆਂ ਵਿੱਚ ਸ਼ਮੂਲੀਅਤ ਦਾ ਐਲਾਨ




ਜਗਰਾਉਂ (ਸੰਜੀਵ ਅਰੋੜਾ)- ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਬਿਜਲੀ ਸੋਧ ਕਾਨੂੰਨ 2025 ਨੂੰ ਵਾਪਸ ਕਰਵਾਉਣ ਲਈ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਤਹਿਤ 8 ਦਸੰਬਰ ਨੂੰ ਪਾਵਰਕਾਮ ਦੀਆਂ ਸਬ ਡਵੀਜਨਾਂ 'ਤੇ ਇਸ ਕਾਨੂੰਨ ਦੀਆਂ ਕਾਪੀਆਂ ਸਾੜਨ ਦੇ ਐਕਸ਼ਨ ਵਿੱਚ ਮਜ਼ਦੂਰਾਂ ਨੂੰ ਵੱਧ ਚੜ੍ਹਕੇ ਸ਼ਮੂਲੀਅਤ ਦਾ ਪੈਗਾਮ ਦਿੱਤਾ ਹੈ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਅਵਤਾਰ ਸਿੰਘ ਰਸੂਲਪੁਰ ਅਤੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਮਾਣੂੰਕੇ ਨੇ ਦੱਸਿਆ ਕਿ ਜੱਥੇਬੰਦੀ, ਸਾਂਝੇ ਮਜ਼ਦੂਰ ਮੋਰਚੇ ਦੇ ਪ੍ਰੋਗਰਾਮ ਮੁਤਾਬਕ 8 ਦਸੰਬਰ ਨੂੰ ਲੁਧਿਆਣਾ ਦਿਹਾਤੀ ਨਾਲ ਸਬੰਧਤ ਸਬ ਡਵੀਜਨਾਂ ਉਪਰ ਲੱਗ ਰਹੇ ਧਰਨਿਆਂ ਵਿੱਚ ਆਪਣੀ ਸਮਰਥਾ ਅਨੁਸਾਰ ਵੱਧ ਤੋਂ ਵੱਧ ਸ਼ਮੂਲੀਅਤ ਕਰੇਗੀ। ਉਕਤ ਆਗੂਆਂ ਨੇ ਅੱਜ ਜਗਰਾਉਂ ਸ਼ਹਿਰ ਅਤੇ ਵੱਖ-ਵੱਖ ਪਿੰਡਾਂ ਵਿੱਚ ਮਜ਼ਦੂਰਾਂ ਨੂੰ ਬਿਜਲੀ ਸੋਧ ਬਿੱਲ 2025 ਦੇ ਵਿਰੋਧ ਵਿੱਚ 8 ਦਸੰਬਰ ਦੇ ਧਰਨਿਆਂ ਵਿੱਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ।

## ਚੋਣ ਅਬਜ਼ਰਵਰ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਸਬੰਧੀ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ

ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸਮਿਤੀ ਚੋਣਾਂ ਨੂੰ ਸ਼ਾਂਤਮਈ, ਪਾਰਦਰਸ਼ੀ ਤੇ ਸੁਰੱਖਿਅਤ ਮਾਹੌਲ 'ਚ ਨੇਪਰੇ ਚਾੜ੍ਹਨ ਲਈ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਤਾਇਨਾਤ ਚੋਣ ਅਬਜ਼ਰਵਰ ਜਗਜੀਤ ਸਿੰਘ ਨੇ ਪ੍ਰਸ਼ਾਸਨ ਤੇ ਪੁਲਸ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ।ਉਨ੍ਹਾਂ ਦੱਸਿਆ ਕਿ 14 ਦਸੰਬਰ ਨੂੰ ਵੋਟਾਂ ਪੈਣਗੀਆਂ ਤੇ ਇਸ ਤੋਂ ਪਹਿਲਾਂ ਹਰ ਪੱਖੋਂ ਪੁਖਤਾ ਪ੍ਰਬੰਧ ਯਕੀਨੀ ਬਣਾਏ ਜਾਣ। ਜਗਜੀਤ ਸਿੰਘ ਨੇ ਦੱਸਿਆ ਕਿ ਚੋਣਾਂ ਦੌਰਾਨ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣਾ ਤੇ ਵੋਟਿੰਗ ਪ੍ਰਕਿਰਿਆ ਨੂੰ ਨਿਰਪੱਖ ਅਤੇ ਸ਼ਾਂਤੀਪੂਰਵਕ ਢੰਗ ਨਾਲ ਨੇਪਰੇ ਚਾੜ੍ਹਨ ਲਈ ਠੋਸ ਰਣਨੀਤੀ ਤਿਆਰ ਕਰਨਾ, ਚੋਣਾਂ ਲਈ ਤਾਇਨਾਤ ਹਰੇਕ ਅਧਿਕਾਰੀ ਅਤੇ ਕ੍ਰਮਚਾਰੀ ਦੀ ਨੈਤਿਕ ਜ਼ਿੰਮੇਵਾਰੀ ਹੈ, ਜਿਸ ਨੂੰ ਨਿਭਾਉਣ ਵਿਚ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਸਾਡਾ ਮੁੱਖ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਹਰ ਵੋਟਰ ਬਿਨਾਂ ਕਿਸੇ ਡਰ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰ ਸਕੇ ਅਤੇ ਸੁਰੱਖਿਆ ਦੇ ਮਾਮਲੇ ਵਿੱਚ ਕੋਈ ਵੀ ਢਿੱਲ ਬਰਦਾਸ਼ਤ ਨਹੀਂ




ਕੀਤੀ ਜਾਵੇਗੀ। ਮੀਟਿੰਗ ਦੌਰਾਨ ਸੁਰੱਖਿਆ ਪ੍ਰਬੰਧਾਂ 'ਤੇ ਜ਼ੋਰ ਦਿੰਦਿਆਂ ਚੋਣ ਅਬਜ਼ਰਵਰ ਜਗਜੀਤ ਸਿੰਘ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਾਰੇ ਪੋਲਿੰਗ ਬੂਥਾਂ 'ਤੇ ਲੋੜੀਂਦੇ ਸੁਰੱਖਿਆ ਪ੍ਰਬੰਧ ਯਕੀਨੀ ਬਣਾਉਣ।ਉਨ੍ਹਾਂ ਖਾਸ ਤੌਰ 'ਤੇ ਸੈਂਸਟਿਵ ਤੇ ਹਾਈਪਰ ਸੈਂਸਟਿਵ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਧਿਆਨ ਦੇਣ ਲਈ ਕਿਹਾ, ਜਿੱਥੇ ਕਿਸੇ ਵੀ ਤਰ੍ਹਾਂ ਦੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਸਖ਼ਤ ਨਿਗਰਾਨੀ ਤੇ ਵਾਧੂ ਸੁਰੱਖਿਆ ਤਾਇਨਾਤੀ ਕੀਤੀ ਜਾਵੇ। ਅਬਜ਼ਰਵਰ ਨੇ ਹਾਈਪਰ ਸੈਂਸਟਿਵ ਬੂਥਾਂ 'ਤੇ ਸੀ.ਸੀ.ਟੀ.ਵੀ. ਕੈਮਰਿਆਂ ਰਾਹੀਂ ਲਾਈਵ ਨਿਗਰਾਨੀ ਰੱਖਣ ਤੇ ਵੀਡੀਓਗ੍ਰਾਫੀ ਕਰਾਉਣ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਅਧਿਕਾਰੀਆਂ ਨੂੰ ਸੰਵੇਦਨਸ਼ੀਲ ਇਲਾਕਿਆਂ ਦੀ ਪਛਾਣ ਕਰਕੇ ਗਸ਼ਤ ਵਧਾਉਣ ਲਈ ਵੀ ਕਿਹਾ।ਉਨ੍ਹਾਂ ਸ਼ਰਾਰਤੀ ਅਨਸਰਾਂ ਤੇ ਚੋਣਾਂ ਵਿੱਚ ਗੜਬੜ ਕਰਨ ਦੀ ਕੋਸ਼ਿਸ਼ ਕਰਨ ਵਾਲਿਆਂ ਨਾਲ ਸਖ਼ਤੀ ਨਾਲ ਨਿਪਟਣ ਦੀ ਹਦਾਇਤ ਦਿੱਤੀ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਤੇ ਸੁਪਰਡੈਂਟ ਆਫ਼ ਪੁਲਿਸ ਹਰਵੰਤ ਕੌਰ ਸਮੇਤ ਹੋਰ ਚੋਣ ਅਧਿਕਾਰੀ ਮੌਜੂਦ ਸਨ। ਜਗਜੀਤ ਸਿੰਘ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਚੋਣ ਪ੍ਰਕਿਰਿਆ ਦੌਰਾਨ ਪਾਰਦਰਸ਼ਤਾ ਤੇ ਜਵਾਬਦੇਹੀ ਬਣਾਈ ਰੱਖਣ ਦੀ ਹਦਾਇਤ ਕੀਤੀ।ਉਨ੍ਹਾਂ ਕਿਹਾ ਕਿ ਸਾਰੇ ਅਧਿਕਾਰੀ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਉਣ।

## ਭਾਰਤ ਸਕਾਊਟ ਤੇ ਗਾਈਡ 3 ਰੋਜ਼ਾ ਕੈਂਪ ਲਾਇਆ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ) ਬਾਬਾ ਫ਼ਰੀਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਵਿਖੇ ਓਕਾਰ ਸਿੰਘ ਐਸ ਓ ਸੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਕੂਲ ਦੇ ਪ੍ਰਿੰਸੀਪਲ ਮੈਡਮ ਪਰਮਜੀਤ ਕੌਰ ਦੀ ਅਗਵਾਈ ਵਿੱਚ ਭਾਰਤ ਸਕਾਊਟ ਤੇ ਗਾਈਡ ਦਾ ਤ੍ਰਿਤਿਆ ਸੁਪਾਨ 3 ਰੋਜ਼ਾ ਕੈਂਪ ਲਾਇਆ ਗਿਆ।ਕੈਂਪ ਸਬੰਧੀ ਸਕਾਊਟ ਮਾਸਟਰ ਗੁਰਜੋਤ ਸਿੰਘ ਸਕਾਟ ਗੁਰਪ੍ਰੀਤ ਕੌਰ ਨੇ ਦੱਸਿਆ ਕਿ ਕੈਂਪ ਵਿੱਚ 150 ਸਕਾਊਟ ਤੇ ਗਾਈਡਜ਼ ਨੇ ਹਿੱਸਾ ਲਿਆ।ਕੈਂਪ ਦੌਰਾਨ ਵਿਦਿਆਰਥੀਆਂ ਨੂੰ ਟੀਮ ਦੀ ਅਗਵਾਈ ਕਿਵੇਂ ਕਰਨੀ ਹੈ, ਸ਼ਾਸਨ ਵਿੱਚ ਰਹਿਣਾ, ਮੁਸ਼ਕਲਾਂ ਦਾ ਸਾਹਮਣਾ ਕਰਨਾ, ਸਾਹਸੀ ਕਿਰਿਆਵਾਂ ਟੀਮ ਵਰਕ ਸਮਾਜ ਦੀ ਸੇਵਾ ਕਰਨ ਲਈ ਪਹਿਲਕਦਮੀ ਕਰਨੀ ਦੇ ਨਾਲ-ਨਾਲ ਚਰਿੱਤਰ ਨਿਰਮਾਣ ਦੇ ਕਈ ਅਨੇਕਾਂ ਪਹਿਲੂਆਂ ਤੋਂ ਦਰਸ਼ਨ ਸਿੰਘ, ਨਵੀਨ ਰੋਵਰ ਨੇ ਜਾਣੂ ਕਰਾਇਆ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਜੀਤ ਸਿੰਘ ਬਰਾੜ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਅਜਿਹੇ ਕੈਂਪਾਂ ਤੋਂ ਪ੍ਰੇਰਨਾ ਲੈਣ ਲਈ ਪ੍ਰੇਰਿਤ ਕੀਤਾ।ਕੈਂਪ ਦੀ ਸਫਲਤਾ ਲਈ ਨਵਨੀਤ ਕੌਰ ਗੁਰਵੀਰ ਕੌਰ, ਲਵਪ੍ਰੀਤ ਕੌਰ ਤੋਂ ਇਲਾਵਾ ਸਮੂਹ ਸਟਾਫ ਦਾ ਸਹਿਯੋਗ ਰਿਹਾ।

## ਜ਼ੋਨ ਧਾਂਦਰਾ ਤੋਂ 'ਆਪ' ਆਗੂ ਅਮਰਦੀਪ ਸਿੰਘ ਧਾਂਦਰਾ ਬਿਨਾਂ ਮੁਕਾਬਲਾ ਜਿੱਤੇ

ਧੂਰੀ : (ਮਨੋਹਰ ਸਿੰਘ ਸੱਗੂ, ਮੋਹਿਤ ਗਰਗ, ਬਿੰਨੀ ਗਰਗ)- ਪੰਚਾਇਤ ਸੰਮਤੀ ਧੂਰੀ ਦੀਆਂ 14 ਦਸੰਬਰ ਨੂੰ ਹੋਣ ਜਾ ਰਹੀਆਂ ਚੋਣਾਂ 'ਚ ਧਾਂਦਰਾ ਜੋਨ 'ਤੋਂ ਆਮ ਆਦਮੀ ਪਾਰਟੀ ਦੇ ਆਗੂ ਅਮਰਦੀਪ ਸਿੰਘ ਧਾਂਦਰਾ ਬਿਨਾਂ ਮੁਕਾਬਲਾ ਜੇਤੂ ਕਰਾਰ ਦਿੱਤੇ ਗਏ। ਅਮਰਦੀਪ ਸਿੰਘ ਧਾਂਦਰਾ ਨੇ ਜੇਤੂ ਕਰਾਰ ਦਿੱਤੇ ਜਾਣ ਤੋਂ ਬਾਅਦ ਜਿੱਥੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ, ਉਥੇ ਓ.ਐਸ.ਡੀ. ਸੁਖਵੀਰ ਸਿੰਘ ਤੇ ਰਾਜਵੀਰ ਸਿੰਘ ਘੁੰਮਣ, ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ ਤੇ ਰਾਜਵੰਤ ਸਿੰਘ ਘੁੱਲੀ, ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਫੂਡ ਕਮਿਸ਼ਨ ਪੰਜਾਬ ਦੇ ਮੈਂਬਰ ਜਸਵੀਰ ਸਿੰਘ ਜੱਸੀ ਸੇਖੋਂ, ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਪਾਰਟੀ ਦੇ ਸੂਬਾਈ ਆਗੂ ਸਤਿੰਦਰ ਸਿੰਘ ਚੱਠਾ ਸਮੇਤ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡਾਂ ਦੇ ਸਮੁੱਚੇ ਵਿਕਾਸ ਲਈ ਉਹ ਹਮੇਸ਼ਾਂ ਯਤਨਸ਼ੀਲ ਰਹਿਣਗੇ।



## ਸ਼੍ਰੋਮਣੀ ਅਕਾਲੀ ਦਲ ਸਾਰੀਆਂ ਸੀਟਾਂ ਜਿੱਤੇਗਾ : ਕਲੇਰ

ਜਗਰਾਉਂ (ਸੰਜੀਵ ਅਰੋੜਾ)- ਸ਼੍ਰੋਮਣੀ ਅਕਾਲੀ ਦਲ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਦੇ 3 ਅਤੇ ਬਲਾਕ ਸੰਮਤੀ ਦੇ 24 ਉਮੀਦਵਾਰਾਂ ਨੇ ਚੋਣ ਮੈਦਾਨ ਵਿਚ ਉਤਰਕੇ ਮੋਰਚੇ ਮੱਲ ਲਏ ਹਨ। ਇਸ ਸਬੰਧੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਐੱਸ. ਆਰ. ਕਲੇਰ ਦੀ ਅਗਵਾਈ ਹੇਠ ਹੋਈ ਬੈਠਕ ਦੌਰਾਨ ਕਲੇਰ ਨੇ ਸਮੂਹ ਉਮੀਦਵਾਰਾਂ ਨੂੰ ਤਕੜੇ ਹੋ ਕੇ ਚੋਣ ਲੜਨ ਦਾ ਸੱਦਾ ਦਿੱਤਾ। ਹਲਕਾ ਇੰਚਾਰਜ ਐਸ. ਆਰ. ਕਲੇਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜ਼ਿਲ੍ਹਾ ਦਿਹਾਤੀ ਪ੍ਰਧਾਨ ਚੰਦ ਸਿੰਘ ਡੱਲਾ ਸਮੇਤ ਸਮੁੱਚੀ ਲੀਡਰਸ਼ਿਪ ਨੇ ਸਾਰੇ ਉਮੀਦਵਾਰਾਂ ਨੂੰ ਥਾਪੜਾ ਦਿੱਤਾ। ਇਸ ਮੌਕੇ ਪਾਰਟੀ ਵਰਕਰਾਂ ਤੇ ਉਮੀਦਵਾਰਾਂ ਵਿੱਚ ਜੋਸ਼ ਉਤਸ਼ਾਹ ਦੇਖਣ ਵਾਲਾ ਸੀ। ਕਲੇਰ ਨੇ ਆਖਿਆ ਕਿ ਸਾਰੀਆਂ ਸੀਟਾਂ 'ਤੇ ਜਿੱਤ ਪ੍ਰਾਪਤ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਲੇ ਕਰਵਾਏ ਵਿਕਾਸ ਕਾਰਜ ਅਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣਾ ਬੇਹੱਦ ਲਾਜ਼ਮੀ ਹੈ। ਇਸ ਮੌਕੇ ਭਾਈ ਗੁਰਚਰਨ ਸਿੰਘ ਗਰੇਵਾਲ ਤੇ ਚੰਦ ਸਿੰਘ ਡੱਲਾ ਨੇ ਕਿਹਾ ਕਿ ਪੰਜਾਬ ਦੇ ਲੋਕ ਸੱਤਾਧਾਰੀ ਧਿਰ ਦੀ ਕਾਰਗੁਜ਼ਾਰੀ ਤੋਂ ਬੇਹੱਦ ਨਿਰਾਸ਼ ਹਨ ਤੇ ਹੁਣ ਲੋਕਾਂ ਦੀ ਉਮੀਦ ਸਿਰਫ ਤੇ ਸਿਰਫ ਸ਼੍ਰੋਮਣੀ ਅਕਾਲੀ ਦਲ ਵੱਲ ਹੈ। ਸ੍ਰੀ ਕਲੇਰ ਵੱਲੋਂ ਚੋਣ ਮੈਦਾਨ ਵਿੱਚ ਉਤਾਰੇ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਗਾਲਿਬ ਕਲਾ ਜੋਨ ਤੋਂ ਦੀਦਾਰ ਸਿੰਘ ਮਲਕ ਸਾਬਕਾ ਚੇਅਰਮੈਨ, ਸਿੱਧਵਾਂ ਕਲਾਂ ਜੋਨ ਤੋਂ ਹਰਮੀਤ ਕੌਰ, ਮਾਣੂੰਕੇ ਜੋਨ ਤੋਂ ਮਨਜੀਤ ਕੌਰ ਅਤੇ ਬਲਾਕ ਸੰਮਤੀ ਦੇ ਉਮੀਦਵਾਰ ਕੇਵਲ ਸਿੰਘ, ਭਗਵਾਨ ਸਿੰਘ, ਜੋਗਿੰਦਰ ਸਿੰਘ, ਅਮਰਜੀਤ ਕੌਰ, ਗੁਰਪ੍ਰੀਤ ਸਿੰਘ ਬਿੱਟੂ, ਸੁਖਵਿੰਦਰ ਸਿੰਘ ਸੇਠੀ, ਪਰਮਜੀਤ ਕੌਰ, ਰਸਪਾਲ ਸਿੰਘ, ਸੁਖਦੇਵ ਸਿੰਘ ਸੇਖੋਂ, ਸੁਰਿੰਦਰ ਸਿੰਘ, ਮਨਜੀਤ ਸਿੰਘ ਬਿੱਟੂ, ਪਰਮਜੀਤ ਕੌਰ, ਜਸਕਰਨ ਕੌਰ, ਜਸਵੀਰ ਕੌਰ, ਚਮਕੌਰ ਸਿੰਘ ਸਾਬਕਾ ਸਰਪੰਚ, ਹਰਜੀਤ ਕੌਰ, ਮਨਿੰਦਰ ਕੌਰ, ਕੁਲਵਿੰਦਰ ਸਿੰਘ, ਗੁਰਮੀਤ ਕੌਰ, ਸਤਪਾਲ ਕੌਰ ਗਰੇਵਾਲ, ਕਰਮਜੀਤ ਕੌਰ, ਪਰਮਜੀਤ ਕੌਰ, ਹਰਪ੍ਰੀਤ ਕੌਰ ਨੂੰ ਸਰੋਪਾ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਚਰਨਜੀਤ ਸਿੰਘ ਜਗਰਾਉਂ, ਸਰਕਲ ਪ੍ਰਧਾਨ ਤੇਜਿੰਦਰਪਾਲ ਸਿੰਘ ਕੰਨਿਆ, ਸਾਬਕਾ ਸਿਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਦਵਿੰਦਰਜੀਤ ਸਿੰਘ ਸਿੱਧੂ, ਆਈ. ਟੀ. ਵਿੰਗ ਹਲਕਾ ਪ੍ਰਧਾਨ ਸੁਖਦੇਵ ਸਿੰਘ ਜੱਗਾ ਕਾਉਂਕੇ, ਆਈ. ਟੀ. ਵਿੰਗ ਹਲਕਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਬੱਸੂਵਾਲ, ਐਸ. ਸੀ. ਵਿੰਗ ਹਲਕਾ ਇੰਚਾਰਜ ਰੇਸਮ ਸਿੰਘ ਮਾਣੂੰਕੇ, ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਸਾਬਕਾ ਸਰਪੰਚ ਬੂਟਾ ਸਿੰਘ ਬੁਰਜ਼ ਕੁਲਾਰਾਂ, ਪਰਮਿੰਦਰ ਸਿੰਘ ਹਠੂਰ, ਬਲਜੀਤ ਸਿੰਘ ਹਠੂਰ, ਸੁਖਵਿੰਦਰ ਸਿੰਘ ਹਠੂਰ, ਸਰਵੇਸ਼ ਕੁਮਾਰ ਮਾਣੂੰਕੇ, ਸਾਬਕਾ ਸਰਪੰਚ ਜਸਦੇਵ ਸਿੰਘ ਲੀਲਾ, ਸਾਬਕਾ ਸਰਪੰਚ ਏਕਮ ਸਿੰਘ ਫਤਿਹਗੜ੍ਹ ਸਿਬੀਆ, ਸਾਬਕਾ ਸਰਪੰਚ ਨਿਰਭੈ ਸਿੰਘ ਅਲੀਗੜ੍ਹ, ਭਾਵਖੰਡਨ ਸਿੰਘ ਗਿੱਦੜਵਿੰਡੀ, ਸਾਬਕਾ ਸਰਪੰਚ ਸੁਰਿੰਦਰਪਾਲ ਸਿੰਘ ਬਾਘੀਆ, ਗੁਰਦੀਪ ਸਿੰਘ ਬੁਜਰਗ, ਗੁਰਵਿੰਦਰ ਤਰਫ ਕੋਟਲੀ, ਜਸਵੰਤ ਸਿੰਘ ਪੱਤੀ ਮੁਲਤਾਨੀ, ਯੂਥ ਪ੍ਰਧਾਨ ਜਤਿੰਦਰ ਸਿੰਘ ਰਿੰਕੂ ਅਤਰਗੜ੍ਹ ਕਲੇਰ, ਬਲਰਾਜ ਸਿੰਘ ਲੀਲਾ, ਪਿਆਰਾ ਸਿੰਘ ਕਾਉਂਕੇ ਕਲਾਂ , ਸਰਪੰਚ ਜਸਵੀਰ ਸਿੰਘ ਦੇਹੜਕਾ, ਭਜਨ ਸਿੰਘ ਦੇਹੜਕਾ, ਸੁਖਦੇਵ ਸਿੰਘ ਦੇਹੜਕਾ, ਸਾਬਕਾ ਸਰਪੰਚ ਬਲਦੇਵ ਸਿੰਘ ਬਾਰਦੇਕੇ, ਸਾਬਕਾ ਸਰਪੰਚ ਕਰਮਜੀਤ ਸਿੰਘ ਕੋਠੇ ਸ਼ੇਰਜੰਗ, ਸਰਪੰਚ ਗੁਰਚਰਨ ਸਿੰਘ ਕੰਨੀਆ, ਡਾਕਟਰ ਬਲਦੇਵ ਸਿੰਘ ਅਖਾੜਾ, ਗੁਰਪ੍ਰੀਤ ਸਿੰਘ ਕਾਉਂਕੇ, ਮਨਦੀਪ ਸਿੰਘ ਸਿੱਧਵਾਂ, ਹਰਦੇਵ ਸਿੰਘ ਸਿੱਧਵਾਂ, ਸਾਬਕਾ ਸਰਪੰਚ ਕਰਨੈਲ ਸਿੰਘ ਜਨੇਤਪੁਰਾ, ਹਰਜੀਤ ਸਿੰਘ ਜੌਹਲ, ਵਿਕੀ ਗਾਲਿਬ,ਪੰਚ ਸਾਧੂ ਸਿੰਘ ਮਾਣੂੰਕੇ , ਹਰਮਨ ਸ਼ੇਖਦੌਲਤ, ਨੰਬਰਦਾਰ ਜਗਦੇਵ ਸਿੰਘ ਲੰਮੇ, ਸਾਬਕਾ ਸਰਪੰਚ ਪਰਮਿੰਦਰ ਸਿੰਘ ਕੋਠੇ ਫਤਿਹਦੀਨ ਤੇ ਹੋਰ ਹਾਜ਼ਰ ਸਨ।



## ਪੰਜਾਬ ਪੈਨਸ਼ਨਰਜ਼ ਯੂਨੀਅਨ ਬ੍ਰਾਂਚ ਮੋਗਾ ਦਾ ਚੋਣ ਇਜਲਾਸ 11 ਨੂੰ

ਮੋਗਾ (ਇਕਬਾਲ ਸਿੰਘ ਖਹਿਰਾ) ਪੰਜਾਬ ਪੈਨਸ਼ਨਰਜ਼ ਯੂਨੀਅਨ (ਏਟਕ) ਬ੍ਰਾਂਚ ਮੋਗਾ ਦਾ ਚੋਣ ਇਜਲਾਸ 11 ਦਸੰਬਰ ਨੂੰ ਹੋਵੇਗਾ।ਪੈਨਸ਼ਨਰਾਂ ਦੇ ਹੋਰ ਮਸਲਿਆਂ 'ਤੇ ਵਿਚਾਰ ਚਰਚਾ ਕਰਨ ਦੇ ਨਾਲ ਉਨ੍ਹਾਂ ਪੈਨਸ਼ਨਰਾਂ ਸਨਮਾਨਤ ਵੀ ਕੀਤਾ ਜਾਵੇਗਾ, ਜਿਨ੍ਹਾਂ ਨੇ ਜਥੇਬੰਦੀ ਵਿੱਚ 70, 75, 80, 85 ਸਾਲ ਦੀ ਉਮਰ ਤੱਕ ਲਗਾਤਾਰ ਸਰਗਰਮੀ ਨਾਲ ਕੰਮ ਕੀਤਾ।ਸਨਮਾਨਤ ਕਰਨ ਵੇਲੇ ਮੋਮੈਂਟੋ ਤੇ ਲੋਈ ਭੇਟ ਕੀਤੀ ਜਾਵੇਗੀ।ਇਹ ਸੂਚਨਾ ਬ੍ਰਾਂਚ ਦੇ ਪ੍ਰਧਾਨ ਬਚਿੱਤਰ ਸਿੰਘ ਧੋਥੜ, ਅਜਮੇਰ ਸਿੰਘ ਐਕਟਿੰਗ ਪ੍ਰਧਾਨ, ਪੋਹਲਾ ਸਿੰਘ ਬਰਾੜ, ਭੁਪਿੰਦਰ ਸਿੰਘ ਸੇਖੋਂ, ਨਿਰੰਜਣ ਸਿੰਘ, ਚਮਕੌਰ ਸਿੰਘ ਲੰਗੇਆਣਾ, ਅਜਮੇਰ ਸਿੰਘ ਕੈਸ਼ੀਅਰ, ਸਤਪਾਲ ਸਹਿਗਲ, ਚਮਕੌਰ ਸਿੰਘ ਡਗਰੂ ਨੇ ਦਿੱਤੀ।ਇਸ ਮੌਕੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਸਰਪਰਸਤ ਗੁਰਦੀਪ ਸਿੰਘ ਮੋਤੀ, ਅਵਤਾਰ ਸਿੰਘ ਗਗੜਾ ਵੀ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਆਗੂਆਂ ਨੇ ਇਹ ਵੀ ਕਿਹਾ ਕਿ ਟਰੇਡ ਯੂਨੀਅਨਾਂ, ਕਿਸਾਨ ਮਜ਼ਦੂਰ ਜਥੇਬੰਦੀਆਂ ਤੇ ਹੋਰ ਕਿਰਤੀ ਜਥੇਬੰਦੀਆਂ ਵੱਲੋਂ ਬਿਜਲੀ ਐਕਟ 2025, ਬੀਜ ਐਕਟ 2025 ਦੇ ਵਿਰੋਧ ਵਿੱਚ ਬਾਘਾਪੁਰਾਣਾ, ਸਮਾਲਸਰ, ਨਿਹਾਲ ਸਿੰਘ ਵਾਲਾ, ਬੱਧਣੀ ਕਲਾਂ, ਅਜੀਤਵਾਲ, ਮੋਗਾ, ਧਰਮਕੋਟ ਆਦਿ ਥਾਂਵਾਂ 'ਤੇ 8 ਦਸੰਬਰ ਨੂੰ 12 ਵਜੇ ਤੋਂ ਤਿੰਨ ਵਜੇ ਤੱਕ ਧਰਨੇ ਦਿੱਤੇ ਜਾ ਰਹੇ ਹਨ।ਇਹ ਐਕਟ ਆਮ ਲੋਕਾਂ ਦੇ ਹੱਕਾਂ ਤੇ ਡਾਕਾ ਮਾਰਨ ਦੀ ਤਿਆਰੀ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ ਵੀ ਫੈਸਲਾ ਕੀਤਾ ਗਿਆ ਹੈ ਕਿ ਆਪੋ ਆਪਣੇ ਨੇੜੇ ਪੈਂਦੇ ਬਿਜਲੀ ਦਫ਼ਤਰਾਂ ਦੇ ਗੇਟਾਂ ਤੇ ਇਹਨਾਂ ਧਰਨਿਆਂ ਵਿੱਚ ਸ਼ਾਮਲ ਜ਼ਰੂਰ ਹੋਣ ਤੇ ਚੋਣ ਇਜਲਾਸ ਆਪਣੇ ਨਾਲ ਹੋਰ ਸਾਥੀਆਂ ਨੂੰ ਵੀ ਨਾਲ ਲੈ ਕੇ ਆਉਣ ਦੀ ਖੇਚਲ ਕਰਨ।

## ਮਾਤਾ ਸ਼ਾਂਤੀ ਦੇਵੀ ਨੂੰ ਹਜ਼ਾਰਾਂ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ

ਬਾਘਾ ਪੁਰਾਣਾ (ਮਨੀ ਸਿੰਗਲਾ) ਬਾਸਮਤੀ ਰਾਈਸ ਐਸੋਸੀਏਸ਼ਨ ਪੰਜਾਬ ਪ੍ਰਧਾਨ ਤੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਬਾਲ ਕ੍ਰਿਸ਼ਨ ਬਾਲੀ, ਕੇਵਲ ਕ੍ਰਿਸ਼ਨ ਗਰਗ ਦੀ ਮਾਤਾ ਤੇ ਬਾਘਾਪੁਰਾਣਾ ਧਰਮਸ਼ਾਲਾ ਮਾਤਾ ਚਿੰਤਪੁਰਨੀ ਦੇ ਪ੍ਰਧਾਨ ਬਾਊ ਰਜਿੰਦਰ ਗਰਗ, ਭਾਜਪਾ ਆਗੂ ਸੁਖਨੰਦਨ ਅਗਰਵਾਲ ਦੀ ਭਰਜਾਈ ਮਾਤਾ ਸ਼ਾਂਤੀ ਦੇਵੀ ਗਰਗ (ਧਰਮ ਪਤਨੀ ਸਵ: ਜਗਦੀਸ਼ ਰਾਏ ਗਰਗ) ਆਪਣੇ ਸਵਾਸਾਂ ਦੀ ਮਾਲਾ ਨੂੰ ਭੋਗਦੇ ਹੋਏ ਪ੍ਰਮਾਤਮਾ ਦੇ ਚਰਨਾਂ ਵਿਚ ਜਾ ਬਿਰਾਜੇ ਹਨ। ਮਾਤਾ ਸ਼ਾਂਤੀ ਦੇਵੀ ਜੀ ਨੂੰ ਪੰਜਾਬ ਭਰ ਤੋ ਰਾਜਨੀਤਕ ਪਾਰਟੀਆਂ, ਸਮਾਜ ਸੇਵੀ ਸੰਸਥਾਵਾਂ, ਧਾਰਮਿਕ ਸੰਸਥਾਵਾਂ, ਸ਼ੈਲਰ ਐਸੋਸੀਏਸ਼ਨ, ਆੜ੍ਹਤੀਆਂ ਐਸੋਸੀਏਸ਼ਨ, ਰਾਜਸ਼ੀ, ਸ਼ਹਿਰ ਵਾਸੀਆਂ, ਗ਼ੈਰ ਰਾਜਸੀ, ਸਮਾਜਿਕ ਸੰਸਥਾਵਾਂ ਦੇ ਆਗੂਆਂ ਨੇ ਸ਼ਾਮਲ ਹੋ ਕੇ ਹਜ਼ਾਰਾਂ ਸੇਜਲ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ ਦਿੱਤੀ।ਗਰਗ ਪਰਵਾਰ ਨਾਲ ਦੁੱਖ ਪ੍ਰਗਟ ਕਰਨ ਵਾਲਿਆਂ 'ਚ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ, ਸਾਬਕਾ ਮੰਤਰੀ ਦਰਸ਼ਨ ਸਿੰਘ ਬਰਾੜ, ਜਗਤਾਰ ਸਿੰਘ ਰਾਜੇਆਣਾ, ਗੁਰਬਚਨ ਸਿੰਘ ਬਰਾੜ,ਜਗਸੀਰ ਸਿੰਘ ਕਾਲੇਕੇ, ਸਾਬਕਾ ਜਿਲ੍ਹਾ ਪ੍ਰਧਾਨ ਵਿਜੇ ਸ਼ਰਮਾ, ਸਾਬਕਾ ਚੇਅਰਮੈਨ ਅਮਰਜੀਤ ਸਿੰਘ ਮਾਣੂੰਕੇ, ਭੋਲਾ ਸਿੰਘ ਬਰਾੜ, ਰਜਿੰਦਰ ਬੰਸੀ, ਕਮਲਜੀਤ ਬਰਾੜ ਘੋਟੇ ਤੇ ਹੋਰ ਸ਼ਾਮਲ ਸਨ।



# ਡਾ. ਅੰਬੇਡਕਰ ਦੇ ਪ੍ਰੀਨਿਰਵਾਣ ਦਿਵਸ 'ਤੇ ਦਲਿਤ ਜਥੇਬੰਦੀਆਂ ਦੇ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਸ਼ਹਿਰ ਨਾਲ ਸਬੰਧਤ ਵੱਖ ਵੱਖ ਜੱਥੇਬੰਦੀਆਂ ਦੇ ਆਗੂਆਂ ਨੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਪ੍ਰੀਨਿਰਵਾਣ ਦਿਵਸ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਾਨਸਾ ਵਿਖੇ ਸਥਿਤ ਉਨ੍ਹਾਂ ਦੇ ਬੁੱਤ 'ਤੇ ਜਾ ਕੇ ਸਾਫ਼ ਸਫ਼ਾਈ ਕਰਨ ਉਪਰੰਤ ਫੁੱਲ ਮਾਲਾਵਾਂ ਪਹਿਨਾਈਆਂ ਅਤੇ ਸ਼ਰਧਾਂਜਲੀਆਂ ਵੀ ਅਰਪਿਤ ਕੀਤੀਆਂ। ਇਸ ਸਮੇਂ ਬੋਲਦਿਆਂ ਵੱਖ ਵੱਖ ਬੁਲਾਰਿਆਂ ਨੇ ਡਾਕਟਰ ਸਾਹਿਬ ਵੱਲੋਂ ਭਾਰਤ ਦੇ ਸੰਵਿਧਾਨ ਦਾ ਨਿਰਮਾਣ ਕਰਨ ਤੋਂ ਇਲਾਵਾ ਵੱਖ ਵੱਖ ਵਰਗਾਂ ਲਈ ਕੀਤੇ ਗਏ ਭਲਾਈ ਕਾਰਜਾਂ ਨੂੰ ਯਾਦ ਕੀਤਾ। ਆਗੂਆਂ ਨੇ ਸਪੱਸ਼ਟ ਕੀਤਾ ਕਿ ਡਾ.ਸਾਹਿਬ ਨੇ ਸਿਰਫ਼ ਦਲਿਤਾਂ ਨੂੰ ਨਹੀਂ ਸਗੋਂ ਸਮਾਜ ਦੇ ਹਰ ਵਰਗ ਦੀ ਬਿਹਤਰੀ ਲਈ ਸਿਰਫ ਸਿਧਾਂਤਕ ਹੀ ਨਹੀਂ ਸਗੋਂ ਉਨ੍ਹਾਂ ਦੇ ਮੁੱਢਲੇ ਅਧਿਕਾਰਾਂ ਨੂੰ ਕਾਨੂੰਨੀ ਤੌਰ 'ਤੇ ਸੰਵਿਧਾਨ 'ਚ ਦਰਜ ਕੀਤਾ। ਔਰਤਾਂ ਭਾਵੇਂ ਕਿਸੇ ਵੀ ਵਰਗ ਦੀਆਂ ਹੋਣ ਮਰਦਾਂ ਦੇ ਬਰਾਬਰ ਅਧਿਕਾਰ ਦੇਣ ਦਾ ਵਿਲੱਖਣ ਕਾਰਜ ਕਰ ਦਿਖਾਇਆ। ਇਸੇ ਤਰ੍ਹਾਂ ਮਜ਼ਦੂਰਾਂ, ਕਿਸਾਨਾਂ ਆਦਿ ਤੋਂ ਇਲਾਵਾ ਪਸ਼ੂ ਪੰਛੀਆਂ ਅਤੇ ਬਨਸਪਤੀ ਆਦਿ ਦਾ ਵੀ ਸੰਵਿਧਾਨ ਦਾ ਨਿਰਮਾਣ ਕਰਦਿਆਂ ਵਿਸ਼ੇਸ਼ ਤੌਰ 'ਤੇ ਖਿਆਲ ਰੱਖਿਆ ਗਿਆ।ਇਹੀ ਕਾਰਨ ਹੈ ਕਿ ਔਰਤਾਂ ਅੱਜ ਉੱਚ ਪ੍ਰਸ਼ਾਸਕੀ ਅਹੁਦਿਆਂ ਤੋਂ ਇਲਾਵਾ ਰਾਜਨੀਤਕ ਖੇਤਰ 'ਚ ਵੀ ਰਾਸ਼ਟਰਪਤੀ,ਐੱਮ ਪੀ, ਮੁੱਖ ਮੰਤਰੀ ਅਤੇ ਵਿਧਾਇਕ ਆਦਿ ਤੋਂ ਇਲਾਵਾ ਪੰਚੀ ਸਰਪੰਚੀ ਅਤੇ ਜ਼ਿਲ੍ਹਾ ਪ੍ਰੀਸ਼ਦਾਂ ਦੇ ਚੇਅਰਮੈਨ ਵਜੋਂ ਵੀ ਸੁਸ਼ੋਭਿਤ ਹੋਣ ਦਾ ਮੌਕਾ ਵੀ ਉਨ੍ਹਾਂ ਨੂੰ ਮਿਲਿਆ। ਇਸ ਸਮੇਂ ਆਗੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ 'ਤੇ ਬਾਬਾ ਸਾਹਿਬ ਵਰਗੀ ਮਹਾਨ ਸ਼ਖ਼ਸੀਅਤ ਅਤੇ ਉਨ੍ਹਾਂ ਦੇ ਕੱਦ ਬੁੱਤ ਨੂੰ ਅਣਗੌਲਿਆਂ ਕਰਨ ਦੇ ਦੋਸ਼ ਵੀ ਲਗਾਏ। ਉਹਨਾਂ ਆਪਣੇ ਸੰਖੇਪ ਪ੍ਰੋਗਰਾਮ ਉਪਰੰਤ ਡਿਪਟੀ ਕਮਿਸ਼ਨਰ ਮਾਨਸਾ ਨੂੰ ਮਿਲਣ ਦਾ ਯਤਨ ਵੀ ਕੀਤਾ ਪ੍ਰੰਤੂ ਪਤਾ ਲੱਗਾ ਕਿ ਉਹ ਛੁੱਟੀ 'ਤੇ ਚੱਲ ਰਹੇ ਹਨ। ਇਸ ਸਮੇਂ ਉਹਨਾਂ ਦਫ਼ਤਰੀ ਸਟਾਫ ਕੋਲ ਰੋਸ ਵੀ ਦਰਜ ਕਰਵਾਇਆ ਅਤੇ ਭਵਿੱਖ 'ਚ ਅਜਿਹਾ ਨਾ ਹੋਣ ਦੀ ਉਮੀਦ ਵੀ ਪ੍ਰਗਟਾਈ। ਸ਼ਰਧਾਂਜਲੀ ਅਰਪਿਤ ਕਰਨ ਵਾਲਿਆਂ 'ਚ ਹਰਪਾਲ ਕੌਰ ਮਾਨਸਾ, ਗੁਰਚਰਨ ਸਿੰਘ ਝੰਡੂਕੇ,ਰੰਗੀ ਰਾਮ ਕੋਹਲੀ,ਗੁਰਮੇਲ ਸਿੰਘ ਗਿੱਲ, ਸ਼ਿੰਗਾਰਾ ਸਿੰਘ, ਸਿਮਰਜੀਤ ਸਿੰਘ ਖੋਖਰ,ਪਵਨ ਕੁਮਾਰ, ਜਗਰੂਪ ਸਿੰਘ ਭਾਰਤੀ,ਪਵਨ ਕੁਮਾਰ ਆਦਿ ਵੀ ਸ਼ਾਮਲ ਸਨ।

# ਪੈਨਸ਼ਨ ਰਿਟਾਇਰਡ ਮੁਲਾਜ਼ਮ ਦਾ ਸੰਵਿਧਾਨਕ ਹੱਕ, ਕੋਈ ਖੈਰਾਤ ਜਾਂ ਭੀਖ ਨਹੀਂ - ਅਰੋੜਾ

**ਸੰਗਰੂਰ (ਪ੍ਰਵੀਨ ਸਿੰਘ)**-ਕਿਸੇ ਵੀ ਸੇਵਾ ਮੁਕਤ ਮੁਲਾਜ਼ਮ ਲਈ ਪੈਨਸ਼ਨ ਕੋਈ ਖੈਰਾਤ ਨਹੀਂ ਬਲਕਿ ਇਹ ਉਸਦਾ ਹੱਕ ਬਣਦਾ ਹੈ। ਇਸ ਲਈ ਸੇਵਾ ਮੁਕਤੀ ਉਪਰੰਤ ਪੈਨਸ਼ਨ ਲੈਣਾ ਪੈਨਸ਼ਨਰ ਦਾ ਸੰਵਿਧਾਨਿਕ ਹੱਕ ਹੈ। ਇਹ ਵਿਚਾਰ ਇੱਥੇ ਸਾਂਝੇ ਕਰਦੇ ਹੋਏ ਪੰਜਾਬ ਸਟੇਟ ਪੈਨਸ਼ਨਰ ਕੰਨਫੈਡਰੇਸ਼ਨ ਦੇ ਸੂਬਾਈ ਮੁੱਖ ਬੁਲਾਰੇ ਅਤੇ ਸੀਨੀਅਰ ਮੀਤ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ ਨੇ 17 ਦਸੰਬਰ ਨੂੰ ਮਨਾਏ ਜਾ ਰਹੇ ਇਤਿਹਾਸਕ ਪੈਨਸ਼ਨਰਜ਼ ਦਿਹਾੜੇ ਦੇ ਸੰਬੰਧ ਵਿੱਚ ਕਹੇ ਸੂਬਾਈ ਪੈਨਸ਼ਨਰ ਆਗੂ ਸ੍ਰੀ ਅਰੋੜਾ ਨੇ ਕਿਹਾ ਕਿ ਦੇਸ਼ ਭਰ ਵਿੱਚ ਹਰ ਸਾਲ 17 ਦਸੰਬਰ ਨੂੰ ਇਤਿਹਾਸਿਕ ਪੈਨਸ਼ਨਰ ਦਿਹਾੜਾ ਪੈਨਸ਼ਨਰਜ਼ ਦਿਵਸ ਵਜੋਂ ਮਨਾਇਆ ਜਾਂਦਾ ਹੈ। ਇਸ ਸਾਲ ਵੀ ਇਹ ਦਿਹਾੜਾ ਬੜੇ ਉਤਸ਼ਾਹ ਅਤੇ ਸ਼ਾਨੋਸ਼ੌਕਤ ਨਾਲ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦੇਸ ਭਰ ਦੇ ਸਮੂਹ ਪੈਨਸ਼ਨਰਾਂ, ਬੁਢਾਪਾ ਪੈਨਸ਼ਨਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਸ ਦਿਵਸ ਤੇ ਮੁਬਾਰਕਬਾਦ ਦਿੰਦੇ ਹੋਏ ਸ਼ੁਭਕਾਮਨਾਵਾਂ ਦਿੱਤੀਆਂ।ਸ੍ਰੀ ਰਾਜ ਕੁਮਾਰ ਅਰੋੜਾ ਜੋ ਕੇ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਦੇ ਵੀ ਜ਼ਿਲ੍ਹਾ ਪ੍ਰਧਾਨ ਹਨ ਨੇ ਇਹ ਵੀ ਦੱਸਿਆ ਕਿ ਪੈਨਸ਼ਨਰ ਵੈਲਫੇਅਰ ਐਸਸੀਏਸ਼ਨ ਨਾਲ ਸੰਬੰਧਤ ਜ਼ਿਲ੍ਹਾ ਸੰਗਰੂਰ ਦੀਆਂ 9 ਯੂਨਿਟਾਂ ਜਿਨ੍ਹਾਂ ਵਿੱਚ ਸੰਗਰੂਰ ਦੇ ਪ੍ਰਧਾਨ ਭੁਪਿੰਦਰ ਸਿੰਘ ਜੱਸੀ ਜਨਰਲ ਸਕੱਤਰ ਅਵਿਨਾਸ਼ ਸ਼ਰਮਾ, ਧੂਰੀ ਦੇ ਪ੍ਰਧਾਨ ਜਸਦੇਵ ਸਿੰਘ, ਜਨਰਲ ਸਕੱਤਰ ਡਾ. ਅਮਰਜੀਤ ਸਿੰਘ, ਸੁਨਾਮ ਦੇ ਪ੍ਰਧਾਨ ਪ੍ਰੇਮ ਅਗਰਵਾਲ, ਜਨਰਲ ਸਕੱਤਰ ਚੇਤ ਰਾਮ ਢਿੱਲੋਂ, ਲਹਿਰਾਗਾਗਾ ਦੇ ਪ੍ਰਧਾਨ ਜਰਨੈਲ ਸਿੰਘ, ਜਨਰਲ ਸਕੱਤਰ ਮਦਨ ਲਾਲ, ਸ਼ੇਰਪੁਰ ਦੇ ਪ੍ਰਧਾਨ ਵੇਦ ਸਿੰਘ ਸਿੱਧੂ, ਜਨਰਲ ਸਕੱਤਰ ਦਿਵਾਨ ਸਿੰਘ ਮਾਮਦਪੁਰ, ਮੂਨਕ ਦੇ ਪ੍ਰਧਾਨ ਮੇਘ ਸਿੰਘ, ਜਨਰਲ ਸਕੱਤਰ ਤੇਜਾ ਸਿੰਘ, ਭਵਾਨੀਗੜ੍ਹ ਦੇ ਪ੍ਰਧਾਨ ਸਤਨਾਮ ਸਿੰਘ ਸੰਧੂ ਜਨਰਲ ਸਕੱਤਰ ਕੇਵਲ ਸਿੰਘ ਸਿੱਧੂ ਦੀ ਅਗਵਾਈ ਵਿੱਚ 17 ਦਸੰਬਰ ਨੂੰ ਆਪਣੇ ਆਪਣੇ ਯੂਨਿਟਾਂ ਵਿੱਚ ਪੈਨਸ਼ਨਰ ਦਿਵਸ ਮਨਾਏ ਜਾਣਗੇ ਅਤੇ ਪੈਨਸ਼ਨਰ ਮੰਗਾਂ ਤੇ ਵਿਚਾਰ ਕੀਤੀਆਂ ਜਾਣਗੀਆਂ। ਇਸੇ ਤਰ੍ਹਾਂ ਦਿੜ੍ਹਬਾ ਵਿਖੇ ਪ੍ਰਧਾਨ ਦਰਸ਼ਨ ਸਿੰਘ ਰੋਗਲਾ, ਜਨਰਲ ਸਕੱਤਰ ਕਸ਼ਮੀਰ ਸਿੰਘ ਰੋੜੇਵਾਲ ਦੀ ਅਗਵਾਈ ਵਿੱਚ 16 ਨੂੰ ਅਤੇ ਅਮਰਗੜ੍ਹ ਵਿਖੇ ਪ੍ਰਧਾਨ ਰਜਿੰਦਰ ਸਿੰਘ ਸਲਾਰ, ਜਨਰਲ ਸਕੱਤਰ ਦਰਸ਼ਸ਼ ਸਿੰਘ ਬਨਭੌਰਾ ਦੀ ਅਗਵਾਈ ਵਿੱਚ 20 ਦਸੰਬਰ, ਨੂੰ ਪੈਨਸ਼ਨਰ ਦਿਹਾੜਾ ਮਨਾਇਆ ਜਾ ਰਿਹਾ ਹੈ।

# ਜਲ ਸਰੋਤ ਮੰਤਰੀ ਦੇ ਘਰ ਅੱਗੇ ਧਰਨਾ 11 ਨੂੰ



**ਮੂਣਕ (ਰਾਜਪਾਲ ਸਿੰਗਲਾ)**-ਖੇਤ ਮਜ਼ਦੂਰਾਂ ਦੇ ਅਹਿਮ ਤੇ ਭਖਦੇ ਮਸਲਿਆਂ ਨੂੰ ਲੈ ਕੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ 11 ਦਸੰਬਰ ਨੂੰ ਇਸ ਜਲ ਸਰੋਤ ਮੰਤਰੀ ਵਰਿੰਦਰ ਗੋਇਲ ਲਹਿਰਾ ਗਾਗਾ ਦੇ ਘਰ ਅੱਗੇ ਦਿੱਤੇ ਜਾ ਰਹੇ ਧਰਨੇ ਸਬੰਧੀ ਯੂਨੀਅਨ ਵੱਲੋਂ ਮੁਹਿੰਮ ਭਖਾ ਦਿੱਤੀ ਹੈ। ਯੂਨੀਅਨ ਦੇ ਇਲਾਕਾ ਕਮੇਟੀ ਆਗੂ ਗੁਰਜੰਟ ਸਿੰਘ ਲੇਹਿਲ ਕਲਾ ਬਲਵਿੰਦਰ ਸਿੰਘ ਕੱਲਰਭੈਣੀ ਨੇ ਦੱਸਿਆ ਕਿ ਧਰਨੇ ਦੀ ਲਾਮਬੰਦੀ ਲਈ ਪਿੰਡ ਸ਼ੇਰਗੜ੍ਹ ਭੂੰਦੜਭੈਣੀ ਸਲੇਮਗੜ੍ਹ ਗੋਬਿੰਦਪੁਰਾ ਪਾਪੜਾ ਲੇਹਿਲ ਕਲਾਂ ਢੀਂਡਸਾ ਚੰਗਾਲੀਵਾਲਾ ਸੰਗਤਪੁਰਾ ਗੰਢੂਆ ਲੇਹਿਲਕੋਟਲਾ ਛਾਹੜ 'ਚ ਭਰਵੀਆਂ ਜਨਤਕ ਮੀਟਿੰਗਾਂ ਕੀਤੀਆਂ ਗਈਆਂ। ਮੀਟਿੰਗਾਂ ਨੂੰ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਹਰ ਭਗਵਾਨ ਸਿੰਘ ਮੂਨਕ ਗੋਪੀ ਗਿਰ ਕਲਰ ਭੈਣੀ ਲੀਲਾ ਸਿੰਘ ਢੀਂਡਸਾ ਨਿਰਭੈ ਸਿੰਘ ਗੋਬਿੰਦਪੁਰਾ ਪਾਪੜਾ ਨੇ ਸੰਬੋਧਨ ਕੀਤਾ। ਉਹਨਾਂ ਮਜ਼ਦੂਰਾਂ ਨੂੰ ਸੱਦਾ ਦਿੱਤਾ ਕਿ ਮਜ਼ਦੂਰਾਂ ਦੇ ਪੱਕੇ ਰੁਜ਼ਗਾਰ ਦੀ ਗਰੰਟੀ ਕਰਾਉਣ , ਔਰਤਾਂ ਨੂੰ ਪ੍ਰਤੀ ਮਹੀਨਾ ਹਜ਼ਾਰ ਰੁਪਏ ਦੇਣ ਸਮੇਤ ਸਰਕਾਰ ਵੱਲੋਂ ਐਲਾਨੀਆਂ ਚੋਣ ਗਰੰਟੀਆਂ ਲਾਗੂ ਕਰਵਾਉਣ, ਅੰਦੋਲਨਾਂ ਦੌਰਾਨ ਮਜ਼ਦੂਰਾਂ ਕਿਸਾਨਾਂ 'ਤੇ ਦਰਜ ਕੇਸ ਰੱਦ ਕਰਾਉਣ , ਮਜ਼ਦੂਰ ਕਿਸਾਨ ਤੇ ਵਾਤਾਵਰਨ ਪੱਖੀ ਖੇਤੀ ਨੀਤੀ ਲਾਗੂ ਕਰਾਉਣ , ਜ਼ਮੀਨੀ ਹੱਦਬੰਦੀ ਸੁਧਾਰ ਕਾਨੂੰਨ ਲਾਗੂ ਕਰਨ, ਬਿਜਲੀ ਸੋਧ ਬਿੱਲ 2025 ਤੇ ਮਜ਼ਦੂਰ ਵਿਰੋਧੀ ਕਿਰਤ ਕੋਡ ਅਤੇ ਨਿੱਜੀਕਰਨ ਦੀਆਂ ਨੀਤੀਆਂ ਰੱਦ ਕਰਨ ਵਰਗੀਆਂ ਮੰਗਾਂ ਨੂੰ ਲੈ ਕੇ 11 ਦਸੰਬਰ ਨੂੰ ਜਲ ਸਰੋਤ ਮੰਤਰੀ ਵਰਿੰਦਰ ਗੋਲ ਲਹਿਰਾ ਗਾਗਾ ਦੇ ਘਰ ਅੱਗੇ ਦਿੱਤੇ ਜਾ ਰਹੇ ਧਰਨੇ ਚ ਪਰਿਵਾਰਾਂ ਸਮੇਤ ਸ਼ਾਮਲ ਹੋਣ। ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਸਬੰਧੀ ਟਿੱਪਣੀ ਕਰਦਿਆਂ ਖੇਤ ਮਜ਼ਦੂਰ ਆਗੂਆਂ ਨੇ ਆਖਿਆ ਕਿ ਹਰ ਕਿਸਮ ਦੀਆਂ ਚੋਣਾਂ ਕਿਰਤੀ ਲੋਕਾਂ 'ਚ ਵੰਡੀਆਂ ਪਾਉਣ ਤੇ ਲੋਕਾਂ ਦੇ ਮਸਲੇ ਰੋਲਣ ਦਾ ਕੰਮ ਕਰਦੀਆਂ ਹਨ ।

ਉਹਨਾਂ ਮਜ਼ਦੂਰਾਂ ਨੂੰ ਇਹਨਾਂ ਚੋਣਾਂ ਤੋਂ ਭਲੇ ਦੀ ਝਾਕ ਛੱਡ ਕੇ ਸੰਘਰਸ਼ਾਂ ਦੇ ਰਾਹ ਪੈਣ ਦਾ ਸੱਦਾ ਦਿੱਤਾ। ਖੇਤ ਮਜ਼ਦੂਰ ਆਗੂਆਂ ਨੇ ਐਲਾਨ ਕੀਤਾ ਕਿ ਕੇਂਦਰ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025 ਲਿਆ ਕੇ ਗਰੀਬ ਲੋਕਾਂ ਤੋਂ ਬਿਜਲੀ ਖੋਹਣ ਦੀਆਂ ਚਾਲਾਂ ਨੂੰ ਸਫ਼ਲ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਬਿਜਲੀ ਬੋਰਡ ਦੇ ਦਫ਼ਤਰਾਂ ਅੱਗੇ 8 ਦਸੰਬਰ ਨੂੰ ਦਿੱਤੇ ਜਾ ਰਹੇ ਧਰਨਿਆਂ ਚ ਵੀ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।

# ਬਲਾਕ ਸੰਮਤੀ ਉਮੀਦਵਾਰ ਸਤਿੰਦਰ ਕੌਰ ਕਾਹਲੋਂ ਦੇ ਹੱਕ 'ਚ ਰਾਜਾ ਗਿੱਲ ਨੇ ਕੀਤਾ ਚੋਣ ਪ੍ਰਚਾਰ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**-ਬਲਾਕ ਸਮਿਤੀ ਜ਼ੋਨ ਹਿਯਾਤਪੁਰ ਤੋਂ ਕਾਂਗਰਸੀ ਉਮੀਦਵਾਰ ਸਤਿੰਦਰ ਕੌਰ ਕਾਹਲੋਂ ਦੇ ਹੱਕ ਵਿਚ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਵਲੋਂ ਚੋਣ ਪ੍ਰਚਾਰ ਕੀਤਾ ਗਿਆ। ਰਾਜਾ ਗਿੱਲ ਵਲੋਂ ਵੱਖ-ਵੱਖ ਪਿੰਡਾਂ 'ਚ ਚੋਣ ਸਭਾਵਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਤਿੰਦਰ ਕੌਰ ਕਾਹਲੋਂ ਇੱਕ ਪੜ੍ਹੇ ਲਿਖੇ ਉਮੀਦਵਾਰ ਹਨ ਜਿਨ੍ਹਾਂ ਨੂੰ ਪਾਰਟੀ ਨੇ ਬਲਾਕ ਸੰਮਤੀ ਉਮੀਦਵਾਰ ਵਜੋਂ ਚੋਣ ਮੈਦਾਨ ਵਿਚ ਉਤਾਰਿਆ ਹੈ। ਉਨ੍ਹਾਂ ਦਾ ਪਰਿਵਾਰ ਵੀ ਹਮੇਸ਼ਾ ਲੋਕ ਸੇਵਾ ਵਿਚ ਡਟਿਆ ਰਹਿੰਦਾ ਹੈ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋ ਚੁੱਕਾ ਹੈ ਅਤੇ ਹੁਣ ਸੂਬੇ ਦੇ ਲੋਕ ਕਾਂਗਰਸ ਦੀ ਸਰਕਾਰ ਦੇਖਣਾ ਚਾਹੁੰਦੇ ਹਨ। ਇਸ ਮੌਕੇ ਬਲਾਕ ਕਾਂਗਰਸ ਪ੍ਰਧਾਨ ਪਰਮਿੰਦਰ ਤਿਵਾੜੀ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਦਲਜੀਤ ਸਿੰਘ ਗਿੱਲ, ਯੂਥ ਦਿਹਾਤੀ ਪ੍ਰਧਾਨ ਜਸਪ੍ਰੀਤ ਸਿੰਘ ਸਹਿਜੋ ਮਾਜਰਾ, ਬਲਾਕ ਮੀਡੀਆ ਇੰਚਾਰਜ ਵਿਨੀਤ ਕੁਮਾਰ ਝੜੌਦੀ, ਭੁਪਿੰਦਰ ਸਿੰਘ ਕਾਹਲੋਂ, ਬਲਵਿੰਦਰ ਸਿੰਘ ਸਰਪੰਚ ਝੜੌਦੀ, ਗੁਰਦੀਪ ਸਿੰਘ ਕਾਹਲੋਂ ਸਾਬਕਾ ਸਰਪੰਚ, ਹਾਕਮ ਸਿੰਘ ਸਰਪੰਚ, ਹਾਕਮ ਸਿੰਘ ਟਾਂਡਾ ਕਾਲੀਆ, ਅਜੀਤ ਸਿੰਘ ਸਾਬਕਾ ਸਰਪੰਚ, ਮਲੂਕ ਸਿੰਘ, ਸੁਖਦੇਵ ਸਿੰਘ, ਸੂਬੇਦਾਰ ਬਲਦੇਵ ਸਿੰਘ, ਗੁਰਕੀਰਤ ਸਿੰਘ, ਲਾਲੀ ਚੰਦ, ਨੀਰਜ ਕੁਮਾਰ, ਵਿਕਰਮ ਸਿੰਘ, ਸੁੱਚਾ ਸਿੰਘ ਪੰਚ ਵੀ ਮੌਜੂਦ ਸਨ।

# ਪਾਵਰ ਵਰਕਰ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ ਹੋਈ



**ਮੋਗਾ, (ਇਕਬਾਲ ਸਿੰਘ ਖਹਿਰਾ)** ਪਾਵਰ ਵਰਕਸ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਏ.ਆਈ.ਟੀ.ਯੂ.ਸੀ. ਦੀ ਮਾਸਿਕ ਮੀਟਿੰਗ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਇਮਾਰਤ ਵਿੱਚ ਕਾਮਰੇਡ ਸਤੀਸ਼ ਲੂੰਬਾ ਭਵਨ ਵਿਖੇ ਪੈਨਸ਼ਨਰਜ਼ ਯੂਨੀਅਨ ਏ.ਆਈ.ਟੀ.ਯੂ.ਸੀ. ਦੇ ਆਗੂਆਂ ਗੁਰਮੇਲ ਸਿੰਘ ਨਾਹਰ ਪ੍ਰਧਾਨ ਤੇ ਗੁਰਨਾਮ ਸਿੰਘ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਪੈਨਸ਼ਨਰਜ਼ ਯੂਨੀਅਨ ਏ.ਆਈ.ਟੀ.ਯੂ.ਸੀ. ਦੇ ਸੂਬਾਈ ਜਨਰਲ ਸਕੱਤਰ ਅਮਰੀਕ ਸਿੰਘ ਮਾਸਿਤਾਨ ਵੀ ਮੌਜੂਦ ਸਨ।ਸੰਬੋਧਨ ਵਿੱਚ ਪੈਨਸ਼ਨਰਜ਼ ਆਗੂਆਂ ਅਮਰੀਕ ਸਿੰਘ ਮਾਸਿਤਾਨ, ਗੁਰਮੇਲ ਸਿੰਘ ਨਾਹਰ, ਪ੍ਰਿਯਵਰਤ ਗੁਪਤਾ, ਸਵਰਨ ਸਿੰਘ ਖੋਸਾ, ਵੀ.ਪੀ. ਸੇਠੀ, ਤੇਜਾ ਸਿੰਘ ਬਰਾੜ ਅਤੇ ਹੋਰ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਪਾਵਰ ਵਰਕਸ ਅਤੇ ਹੋਰ ਵਿਭਾਗਾਂ ਦੀਆਂ ਜਾਇਦਾਦਾਂ ਨੂੰ ਮਾਮੂਲੀ ਕੀਮਤ 'ਤੇ ਵੇਚਣ ਦੀਆਂ ਯੋਜਨਾਵਾਂ 'ਤੇ ਤੇਜ਼ੀ ਨਾਲ ਕੰਮ ਕਰ ਰਹੀ ਹੈ, ਜਿਸ ਵਿੱਚ ਲੁਧਿਆਣਾ ਦੇ ਆਲੀਸ਼ਾਨ ਇਲਾਕਿਆਂ ਵਿੱਚ ਲਗਭਗ ਦਸ ਅਰਬ ਰੁਪਏ ਦੀਆਂ ਜਾਇਦਾਦਾਂ ਮੁਫ਼ਤ ਵਿੱਚ ਵੇਚੀਆਂ ਜਾ ਰਹੀਆਂ ਹਨ।ਹਾਲ ਹੀ ਵਿੱਚ ਕੇਂਦਰ ਸਰਕਾਰ ਨੇ 29 ਕਿਰਤ ਕਾਨੂੰਨਾਂ ਨੂੰ ਖਤਮ ਕਰ ਦਿੱਤਾ ਅਤੇ ਚਾਰ ਕਿਰਤ ਕੋਡ ਬਣਾਏ, ਨਵੰਬਰ 2025 ਵਿੱਚ ਗੁਪਤ ਰੂਪ ਵਿੱਚ ਬਿੱਲ ਪਾਸ ਕੀਤਾ, ਅਤੇ ਉਹਨਾਂ ਨੂੰ 1 ਦਸੰਬਰ, 2025 ਤੋਂ ਲਾਗੂ ਕੀਤਾ। ਕੇਂਦਰ ਸਰਕਾਰ ਸਰਕਾਰੀ ਇਸ਼ਤਿਹਾਰਾਂ ਰਾਹੀਂ ਇਹਨਾਂ ਕਾਨੂੰਨਾਂ ਦਾ ਪ੍ਰਚਾਰ ਕਰ ਰਹੀ ਹੈ, ਪੈਨਸ਼ਨਰਾਂ, ਮਜ਼ਦੂਰਾਂ, ਠੇਕਾ ਕ੍ਰਮਚਾਰੀਆਂ ਤੇ ਆਊਟਸੋਰਸਿੰਗ ਕਰਮਚਾਰੀਆਂ ਲਈ ਇਹਨਾਂ ਕਾਨੂੰਨਾਂ ਦੇ ਲਾਭਾਂ ਨੂੰ ਉਜਾਗਰ ਕਰ ਰਹੀ ਹੈ।ਅਸਲ ਵਿੱਚ ਇਨ੍ਹਾਂ ਕਾਨੂੰਨਾਂ ਨੇ ਮਜ਼ਦੂਰਾਂ ਦੇ ਕੰਮ ਦੇ ਘੰਟੇ ਅੱਠ ਤੋਂ ਵਧਾ ਕੇ ਬਾਰਾਂ ਕਰ ਦਿੱਤੇ ਹਨ।ਨਵੇਂ ਕਿਰਤ ਕਾਨੂੰਨਾਂ ਰਾਹੀਂ, ਕੇਂਦਰ ਸਰਕਾਰ ਕਿਰਤ ਅਦਾਲਤਾਂ ਨੂੰ ਖਤਮ ਕਰ ਰਹੀ ਹੈ ਤੇ ਉਨ੍ਹਾਂ ਦੀ ਥਾਂ ਟ੍ਰਿਬਿਊਨਲ ਬਣਾ ਰਹੀ ਹੈ, ਘੱਟੋ-ਘੱਟ ਉਜਰਤ ਸ਼ਡਿਊਲ ਨੂੰ ਖਤਮ ਕਰ ਰਹੀ ਹੈ ਤੇ ਸਮਾਜਿਕ ਸੁਰੱਖਿਆ, ਸਿਹਤ ਤੇ ਹੋਰ ਕਿਰਤ ਅਧਿਕਾਰਾਂ ਨੂੰ ਖਤਰੇ ਵਿੱਚ ਪਾ ਰਹੀ ਹੈ।ਫੈਕਟਰੀ ਐਕਟ ਵਿੱਚ ਬਦਲਾਅ ਵੱਡੀ ਗਿਣਤੀ ਵਿੱਚ ਕਾਮਿਆਂ ਨੂੰ ਕਾਨੂੰਨੀ ਸੁਰੱਖਿਆ ਤੋਂ ਬਾਹਰ ਕਰ ਦੇਣਗੇ। ਟ੍ਰੇਡ ਯੂਨੀਅਨ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਨੂੰ ਗੁੰਝਲਦਾਰ ਬਣਾਇਆ ਜਾ ਰਿਹਾ ਹੈ, ਯੂਨੀਅਨ ਰਜਿਸਟ੍ਰੇਸ਼ਨ ਰੱਦ ਕਰਨ ਦੀ ਪ੍ਰਕਿਰਿਆ ਨੂੰ ਸਰਲ ਬਣਾਇਆ ਜਾ ਰਿਹਾ ਹੈ ਤੇ ਸਲਾਹ-ਮਸ਼ਵਰੇ ਰਾਹੀਂ ਸੁਲ੍ਹਾ ਦੀ ਪ੍ਰਕਿਰਿਆ ਨੂੰ ਗੁੰਝਲਦਾਰ ਬਣਾਇਆ ਜਾ ਰਿਹਾ ਹੈ। ਕਿਰਤ ਵਿਰੋਧੀ ਕਾਨੂੰਨ ਹੜਤਾਲ ਦੇ ਅਧਿਕਾਰ ਨੂੰ ਖਤਮ ਕਰ ਰਹੇ ਹਨ।ਇਹ ਕਿਰਤ ਵਿਰੋਧੀ ਕਾਨੂੰਨ 150 ਸਾਲ ਪਹਿਲਾਂ ਪ੍ਰਾਪਤ ਅਧਿਕਾਰਾਂ ਨੂੰ ਖਤਮ ਕਰ ਦੇਣਗੇ।ਇਸ ਤੋਂ ਇਲਾਵਾ ਇਨ੍ਹਾਂ ਕਿਰਤ ਕਾਨੂੰਨਾਂ ਨੇ ਕ੍ਰਮਚਾਰੀ ਸੰਗਠਨਾਂ 'ਤੇ ਕਈ ਪਾਬੰਦੀਆਂ ਲਾਈਆਂ ਹਨ।ਫੈਕਟਰੀ ਐਕਟ ਵਿੱਚ ਸੋਧਾਂ ਨਾਲ 300 ਤੱਕ ਕਾਮਿਆਂ ਨੂੰ ਨੌਕਰੀ ਦੇਣ ਵਾਲੇ ਫੈਕਟਰੀ ਮਾਲਕ ਆਪਣੀ ਮਰਜ਼ੀ ਨਾਲ ਆਪਣੀਆਂ ਫੈਕਟਰੀਆਂ ਬੰਦ ਕਰ ਸਕਣਗੇ ਤੇ ਸਰਕਾਰੀ ਪ੍ਰਵਾਨਗੀ ਤੋਂ ਬਿਨਾਂ ਕਾਮਿਆਂ ਨੂੰ ਛਾਂਟੀ ਕਰ ਸਕਣਗੇ। ਭਵਿੱਖ ਵਿੱਚ ਹੋਰ ਪਾਬੰਦੀਆਂ ਲਾਏ ਜਾਣ ਦੀ ਸੰਭਾਵਨਾ ਹੈ।ਵਿਰੋਧ ਵਿੱਚ ਪਾਵਰਕਾਮ ਟ੍ਰਾਂਸਕੋ ਦੇ ਇੰਜੀਨੀਅਰ, ਪੈਨਸ਼ਨਰ, ਕਈ ਕਰਮਚਾਰੀ ਸੰਗਠਨ ਤੇ ਭਾਰਤੀ ਕਿਸਾਨ ਯੂਨੀਅਨ ਦੇ ਸਾਰੇ ਸੰਗਠਨ 8 ਦਸੰਬਰ ਨੂੰ ਪਾਵਰ ਕਾਮ ਟ੍ਰਾਂਸਕੋ ਦੇ ਸਾਰੇ ਸਬ-ਡਵੀਜ਼ਨਾਂ ਤੇ ਡਿਵੀਜ਼ਨ ਦਫਤਰਾਂ ਵਿੱਚ ਕੇਂਦਰ ਅਤੇ ਪੰਜਾਬ ਸਰਕਾਰਾਂ ਅਤੇ ਪਾਵਰ ਕਾਮ ਪ੍ਰਬੰਧਨ ਦੀਆਂ ਗਲਤ ਨੀਤੀਆਂ ਦੇ ਵਿਰੋਧ ਵਿੱਚ ਧਰਨਾ ਤੇ ਵਿਰੋਧ ਪ੍ਰਦਰਸ਼ਨ ਕਰਨ ਦੀ ਯੋਜਨਾ ਬਣਾ ਰਹੇ ਹਨ।ਪੈਨਸ਼ਨਰ ਯੂਨੀਅਨ ਨੇ ਸਰਕਾਰਾਂ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਉਹ ਇਨ੍ਹਾਂ ਮਨਮਾਨੇ ਫ਼ਰਮਾਨਾਂ ਨੂੰ ਰੱਦ ਨਹੀਂ ਕਰਦੇ ਹਨ, ਤਾਂ ਉਨ੍ਹਾਂ ਨੂੰ ਗੰਭੀਰ ਨਤੀਜੇ ਭੁਗਤਣ ਲਈ ਤਿਆਰ ਰਹਿਣਾ ਚਾਹੀਦਾ ਹੈ।ਇਸ ਦੀ ਜ਼ਿੰਮੇਵਾਰੀ ਕੇਂਦਰ, ਰਾਜ ਅਤੇ ਬਿਜਲੀ ਕੰਪਨੀ ਪ੍ਰਬੰਧਨ 'ਤੇ ਆਵੇਗੀ।ਇਸ ਤੋਂ ਇਲਾਵਾ ਕੇਂਦਰ ਸਰਕਾਰ ਨੇ ਬਿਜਲੀ ਐਕਟ 2025 ਦੇ ਖਰੜੇ ਬਾਰੇ ਵਿਆਪਕ ਚਰਚਾ ਕੀਤੀ ਹੈ।

# ਬੱਚੀ ਦੇ ਅਗਵਾ ਤੇ ਕਤਲ ਦੀ ਗੁੱਥੀ ਸੁਲਝਾਈ, ਦੋਸ਼ੀ ਗ੍ਰਿਫ਼ਤਾਰ



**ਸ਼੍ਰੀ ਮੁਕਤਸਰ ਸਾਹਿਬ ਪੁਲਿਸ (ਸ਼ਮਿੰਦਰਪਾਲ/ਪੂਜਾ)** ਪੁਲਸ ਵੱਲੋਂ ਕੁੱਝ ਹੀ ਘੰਟਿਆਂ ਵਿੱਚ ਨਾਬਾਲਗ ਲੜਕੀ ਦੇ ਅਪਹਰਣ ਤੇ ਕਤਲ ਦੀ ਗੁੱਥੀ ਨੂੰ ਸੁਲਝਾ ਕੇ ਦੋਸ਼ੀ ਨੂੰ ਕਾਬੂ ਕਰਨ 'ਚ ਸਫ਼ਲਤਾ ਹਾਸਲ ਕੀਤੀ ਹੈ। ਜਾਣਕਾਰੀ ਅਨੁਸਾਰ 05/12/2025 ਨੂੰ ਇੱਕ ਨਾ-ਬਾਲਗ ਬੱਚੀ ਦੇ ਗੁੰਮ ਹੋਣ ਸਬੰਧੀ ਸੂਚਨਾ ਪ੍ਰਾਪਤ ਹੋਈ, ਜਿਸ 'ਤੇ ਤੁਰੰਤ ਮੁਕੱਦਮਾ ਬੀ.ਐਨ.ਐਸ. ਥਾਣਾ ਵਿੱਚ ਦਰਜ ਕੀਤਾ ਗਿਆ । ਐਸ.ਐਸ.ਪੀ. ਦੇ ਦਿਸ਼ਾ-ਨਿਰਦੇਸ਼ ਹੇਠ ਵੱਖ-ਵੱਖ ਟੀਮਾਂ ਤਿਆਰ ਕਰਕੇ ਬੱਚੀ ਦੀ ਤਲਾਸ਼ ਤੇਜ਼ੀ ਨਾਲ ਸ਼ੁਰੂ ਕਰ ਦਿੱਤੀ ਗਈ।ਤਲਾਸ਼ ਦੌਰਾਨ 06/12/2025 ਨੂੰ ਨਾ-ਬਾਲਗ ਬੱਚੀ ਦੀ ਲਾਸ਼ ਮਿਲੀ। ਥਾਣਾ ਸਿਟੀ ਸ਼੍ਰੀ ਮੁਕਤਸਰ ਸਾਹਿਬ ਦੀ ਟੀਮ ਵੱਲੋਂ ਮੌਕਾ ਪਰ ਐਫ.ਐਸ.ਐਲ ਦੀ ਟੀਮ ਨੂੰ ਬੁਲਾ ਕੇ ਮੌਕੇ ਦੀ ਜਾਂਚ ਕਰਕੇ ਮ੍ਰਿਤਕ ਦੇਹ ਨੂੰ ਸਿਵਲ ਹਸਪਤਾਲ ਸ਼੍ਰੀ ਮੁਕਤਸਰ ਸਾਹਿਬ ਵਿਖੇ ਦਾਖਲ ਕਰਾਇਆ ਗਿਆ ਤੇ ਮੁਕੱਦਮਾ ਵਿੱਚ ਵਾਧਾ ਜੁਰਮ 103 (1) ਬੀ.ਐਨ.ਐਸ. ਕੀਤਾ ਗਿਆ।ਦੋਸ਼ੀ ਦੀ ਗ੍ਰਿਫਤਾਰੀ ਲਈ ਟੀਮਾਂ ਬਣਾ ਕੇ ਸਰਚ ਸ਼ੁਰੂ ਕੀਤੀ ਗਈ। ਜ਼ਿਲ੍ਹਾ ਪੁਲਸ ਵੱਲੋਂ ਗੁਪਤ ਜਾਣਕਾਰੀਆਂ ਦੇ ਆਧਾਰ 'ਤੇ ਕੁੱਝ ਹੀ ਘੰਟਿਆਂ ਵਿੱਚ ਦੋਸ਼ੀ ਤੱਕ ਪਹੁੰਚ ਕੀਤੀ ਗਈ।ਦੋਸ਼ੀ ਨੂੰ ਕਾਬੂ ਕਰਨ ਦੌਰਾਨ ਉਸ ਨੇ ਪੁਲਿਸ ਪਾਰਟੀ ਉੱਤੇ ਫਾਇਰ ਕਰਕੇ ਭੱਜਣ ਦੀ ਕੋਸ਼ਿਸ਼ ਕੀਤੀ, ਜਿਸ 'ਤੇ ਪੁਲਸ ਵੱਲੋਂ ਕ੍ਰਾਸ ਫਾਇਰਿੰਗ ਕੀਤੀ ਗਈ।ਸਵੈ-ਰੱਖਿਆ ਵਿੱਚ ਕੀਤੀ ਫਾਇਰਿੰਗ ਦੌਰਾਨ ਦੋਸ਼ੀ ਦੀ ਲੱਤ ਪਰ ਗੋਲੀ ਲੱਗੀ ਤੇ ਉਸ ਨੂੰ ਕਾਬੂ ਕਰ ਲਿਆ ਗਿਆ, ਜੋ ਹੁਣ ਤੱਕ ਦੀ ਜਾਣਕਾਰੀ ਅਨੁਸਾਰ ਇਹ ਦੋਸ਼ੀ ਕਤਲ ਦੇ ਦੋਸ਼ ਵਿੱਚ ਸਜ਼ਾ ਕੱਟ ਰਿਹਾ ਸੀ ਤੇ 29/11/2022 ਨੂੰ ਜੇਲ੍ਹ ਵਿੱਚੋਂ ਬਾਹਰ ਆਇਆ ਹੈ।

# ਦਿਆਲਪੁਰਾ ਤੇ ਖੀਰਨੀਆਂ ਨੇ 'ਆਪ' ਉਮੀਦਵਾਰ ਭੁਪਿੰਦਰ ਸਿੰਘ ਦੇ ਹੱਕ ਵਿਚ ਕੀਤਾ ਚੋਣ ਪ੍ਰਚਾਰ




**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਆਮ ਆਦਮੀ ਪਾਰਟੀ ਦੇ ਜ਼ਿਲਾ ਪ੍ਰੀਸ਼ਦ ਜ਼ੋਨ ਨੀਲੋਂ ਕਲਾਂ ਤੋਂ ਉਮੀਦਵਾਰ ਭੁਪਿੰਦਰ ਸਿੰਘ ਦੇ ਹੱਕ ਵਿਚ ਵਿਧਾਨ ਸਭਾ ਹਲਕਾ ਸਮਰਾਲਾ ਤੋਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਅਤੇ ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ ਵਲੋਂ ਚੋਣ ਪ੍ਰਚਾਰ ਕੀਤਾ। ਵੱਖ-ਵੱਖ ਪਿੰਡਾਂ 'ਚ ਚੋਣ ਸਭਾਵਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਅਤੇ ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ ਨੇ ਕਿਹਾ ਕਿ ਲੋਕ ਸਰਕਾਰ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿਚ ਜਿਨ੍ਹਾਂ ਲੋਕਾਂ ਨੂੰ ਪਿਛਲੀਆਂ ਸਰਕਾਰਾਂ ਸਮੇਂ ਹਜ਼ਾਰਾਂ ਰੁਪਏ ਬਿੱਲ ਆਉਂਦਾ ਸੀ ਅੱਜ ਉਹ ਜ਼ੀਰੋ ਬਿੱਲ ਆਉਣ ਕਾਰਨ ਬੇਹੱਦ ਖੁਸ਼ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੁਫ਼ਤ ਬਿਜਲੀ ਦੇਣ ਦਾ ਵਾਅਦਾ ਪੂਰਾ ਕਰਕੇ ਦਿਖਾਇਆ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਨੇ ਪੇਂਡੂ ਲੋਕਾਂ ਨੂੰ ਮੁਫ਼ਤ ਸਿਹਤ ਸੁਵਿਧਾਵਾਂ ਦੇਣ ਲਈ ਮੁਹੱਲਾ ਕਲੀਨਿਕ ਖੋਲ੍ਹੇ ਜਿਨ੍ਹਾਂ ਤੋਂ ਰੋਜ਼ਾਨਾ ਹਜ਼ਾਰਾਂ ਲੋਕਾਂ ਨੂੰ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਲਦ ਹੀ ਜੋ ਔਰਤਾਂ ਨੂੰ 1100-1100 ਰੁਪਏ ਮਾਸਿਕ ਭੱਤਾ ਦੇਣ ਦਾ ਵਾਅਦਾ ਕੀਤਾ ਸੀ ਉਸ ਤਹਿਤ ਰਾਸ਼ੀ ਜਾਰੀ ਕਰਨਗੇ। ਇਸ ਮੌਕੇ ਉਨ੍ਹਾਂ ਨਾਲ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ, ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਜਗਮੀਤ ਸਿੰਘ ਮੱਕੜ, ਸਾਬਕਾ ਚੇਅਰਮੈਨ ਸੁਖਵੀਰ ਸਿੰਘ ਪੱਪੀ, ਗੁਰਵੀਰ ਸਿੰਘ ਖੇੜਾ, ਸਰਪੰਚ ਵਿਨੋਦ ਭਾਟੀਆ, ਪੰਚ ਪਰਦੀਪ, ਰਵਿੰਦਰ ਸਿੰਘ, ਗੁਰਿੰਦਰ ਸਿੰਘ, ਸੁਖਵਿੰਦਰ ਸਿੰਘ, ਗਗਨਦੀਪ ਸਿੰਘ, ਮੁਲਖਾ ਸਿੰਘ ਵੀ ਮੌਜੂਦ ਸਨ।

# ਕਾਂਗਰਸੀ ਉਮੀਦਵਾਰ ਜਸਬੀਰ ਕੌਰ ਮਸਤੇਵਾਲਾ, ਗੁਰਬੰਤ ਸਿੰਘ ਫੌਜੀ ਤੇ ਸੰਘੇੜਾ ਦੇ ਹੱਕ 'ਚ ਪ੍ਰਚਾਰ

ਕੋਟ ਈਸੇ ਖਾਂ (ਅਰੋੜਾ) ਜ਼ਿਲ੍ਹਾ ਪ੍ਰੀਸ਼ਦ ਜ਼ੋਨ ਕੜਾਹੇਵਾਲਾ ਤੋਂ ਕਾਂਗਰਸੀ ਉਮੀਦਵਾਰ ਸ਼੍ਰੀਮਤੀ ਜਸਬੀਰ ਕੌਰ ਮਸਤੇਵਾਲਾ, ਬਲਾਕ ਸੰਮਤੀ ਦੀ ਚੋਣ ਲੜ ਰਹੇ ਗੁਰਬੰਤ ਸਿੰਘ ਫੌਜੀ ਤੇ ਸੁਰਜੀਤ ਸਿੰਘ ਸੰਘੇੜਾ ਦੇ ਹੱਕ 'ਚ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਜ਼ੋਰਦਾਰ ਚੋਣ ਪ੍ਰਚਾਰ ਕਰਦਿਆਂ ਕਿਹਾ ਕਿ ਲੋਕ ਇਨ੍ਹਾਂ ਚੋਣਾਂ ਵਿੱਚ ਕਾਂਗਰਸੀ ਉਮੀਦਵਾਰਾਂ ਨੂੰ ਜਿਤਾਉਣਗੇ, ਕਿਉਂਕਿ ਇਹ ਉਹ ਉਮੀਦਵਾਰ ਹਨ, ਜੋ ਹਮੇਸ਼ਾ ਲੋਕਾਂ ਦੇ ਦੁੱਖ-ਸੁੱਖ ਵਿੱਚ ਖੜਦੇ ਹਨ ਅਤੇ ਹਮੇਸ਼ਾ ਸੇਵਾ ਨੂੰ ਸਮਰਪਤ ਰਹਿੰਦੇ ਹਨ ਤੇ ਬਹੁਤ ਮਿਹਨਤੀ ਉਮੀਦਵਾਰ ਹਨ। ਆਗੂਆਂ ਨੇ ਕਿਹਾ ਕਿ ਸਾਬਕਾ ਵਿਧਾਇਕ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਦੀ ਅਗਵਾਈ ਹੇਠ ਸਮੂਹ ਕਾਂਗਰਸੀ ਆਗੂਆਂ ਵੱਲੋਂ ਲੋਕਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ ਤੇ ਲੋਕਾਂ ਤੱਕ ਕਾਂਗਰਸ ਪਾਰਟੀ ਦੀਆਂ ਗਤੀਵਿਧੀਆ ਨੂੰ ਪੁਚਾਇਆ ਜਾ ਰਿਹਾ ਹੈ ਤੇ ਲੋਕਾਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਕਾਂਗਰਸੀ ਉਮੀਦਵਾਰਾ ਨੂੰ ਆਪਣਾ ਸਹਿਯੋਗ ਦੇਣ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਜੋ ਕਿ ਪੰਜਾਬ ਵਾਸੀਆਂ ਨੇ ਬਦਲਾਅ ਲਿਆਉਣ ਲਈ ਲਿਆਂਦੀ ਸੀ, ਪਰ ਬਦਲਾਅ ਲਿਆਉਂਦੇ-ਲਿਆਉਂਦੇ ਪੰਜਾਬ ਵਾਸੀ ਹੁਣ ਪਛਤਾ ਰਹੇ ਹਨ, ਕਿਉਂਕਿ ਆਪ ਪਾਰਟੀ ਸਿਰਫ ਝੂਠੇ ਲਾਰੇ ਲਾ ਕੇ ਲੋਕਾਂ ਨੂੰ ਗੁੰਮਰਾਹ ਕਰਦੀ ਆ ਰਹੀ ਹੈ ਤੇ ਹੁਣ ਲੋਕ ਵਿਰੋਧੀ ਪਾਰਟੀਆਂ ਨੂੰ ਮੂੰਹ ਨਹੀਂ ਲਾਉਣਗੇ।

# ਕੈਨੇਡਾ 'ਚ ਹਰਮਨ ਸਿੰਘ ਜੋਸਨ 'ਨਿੰਜਾ ਮਾਸਟਰ ਐਵਾਰਡ' ਨਾਲ ਸਨਮਾਨਤ




**ਮਮਦੋਟ (ਜਸਬੀਰ ਸਿੰਘ ਕੰਬੋਜ)** ਪਿੰਡ ਕਿਲ੍ਹਾ ਜੀਵਨ ਸਿੰਘ ਦੇ ਹਰਮਨ ਸਿੰਘ ਜੋਸਨ ਜੋ ਹੁਣ ਕੈਨੇਡਾ ਦੇ ਸ਼ਹਿਰ ਵਿਨੀਪੈਗ ਵਿੱਚ ਰਹਿੰਦੇ ਹਨ, ਨੂੰ ਉਸਦੇ ਉੱਤਮ ਦਰਜੇ ਦੇ ਕੰਮ ਅਤੇ ਕੰਪਨੀ ਨੂੰ ਦਿਤੀਆਂ ਮਾਣ ਮੱਤੀਆਂ ਸੇਵਾਵਾਂ ਬਦਲੇ 'ਨਿੰਜਾ ਮਾਸਟਰ ਐਵਾਰਡ' ਨਾਲ ਸਨਮਾਨਤ ਕੀਤਾ ਗਿਆ।ਸ਼੍ਰੀ ਜੋਸਨ ਦੁਨੀਆ ਭਰ ਵਿੱਚ ਵਸਦੀ ਮਿਹਨਤੀ ਤੇ ਗੌਰਵਸ਼ਾਲੀ ਕੌਮ ਕੰਬੋਜ ਭਾਈਚਾਰੇ ਨਾਲ ਸਬੰਧਤ ਹਨ ਤੇ ਹੁਣ ਸ਼ਹੀਦ ਊਧਮ ਸਿੰਘ ਦੇ ਨਾਂਅ 'ਤੇ ਇਹ ਦੇਸ਼ਾਂ-ਵਿਦੇਸ਼ਾਂ 'ਚ ਵਸਦਾ ਸਮੁੱਚਾ ਕੰਬੋਜ ਭਾਈਚਾਰਾ ਲੁਧਿਆਣਾ ਵਿਖੇ ਵਰਲਡ ਕਲਾਸ ਦੀ ਸ਼ਹੀਦ ਊਧਮ ਸਿੰਘ ਸਕਿਲ ਐਂਡ ਡਿਵੈਲਪਮੈਂਟ ਯੂਨੀਵਰਸਿਟੀ ਦਾ ਨਿਰਮਾਣ ਕਰਨ ਜਾ ਰਿਹਾ ਹੈ, ਜਿਸਦੀ ਅਗਵਾਈ ਇਸ ਭਾਈਚਾਰੇ ਦੇ ਸਿਰਕੱਢ ਆਗੂ ਸ਼੍ਰੀ ਸੰਦੀਪ ਕੌੜਾ ਕਰ ਰਹੇ ਹਨ, ਜਿਸ ਵਾਸਤੇ ਲੁਧਿਆਣਾ ਸ਼ਹਿਰ ਦੇ ਹੈਬੋਵਾਲ ਇਲਾਕੇ ਵਿਖ਼ੇ ਬੇਸ਼ਕੀਮਤੀ 50 ਏਕੜ ਜ਼ਮੀਨ ਕੰਬੋਜ ਭਾਈਚਾਰੇ ਦੇ ਹੀਰੇ ਸ਼੍ਰੀ ਗੱਜਣ ਸਿੰਘ ਥਿੰਦ ਵੱਲੋਂ ਦਾਨ ਵਿੱਚ ਦਿੱਤੀ ਗਈ ਹੈ। ਹਰਮਨ ਸਿੰਘ ਜੋਸਨ ਨੂੰ ਇਹ ਸਨਮਾਨ ਕੰਪਨੀ ਵੱਲੋਂ ਉੱਤਮ ਦਰਜੇ ਦੇ ਕੰਮ ਦੀ ਸ਼ਲਾਘਾ ਕਰਦਿਆਂ ਦਿੱਤਾ ਗਿਆ।ਕੰਪਨੀ ਨੇ ਸਨਮਾਨ ਦਿੰਦਿਆਂ ਹਰਮਨ ਦੇ ਕੰਮ ਦੀ ਤੁਲਨਾ ਕਨੈਡਾ ਦੇ ਇੱਕ ਉਸ ਵਿਸ਼ੇਸ ਵਿਅਕਤੀ ਨਿੰਜਾ ਨਾਲ਼ ਕੀਤੀ, ਜੋ ਬਹੁਤ ਹੀ ਸਹਿਜ ਤੋਂ ਕੰਮ ਲੈਂਦਿਆਂ, ਚੁੱਪ-ਚਾਪ ਹਰ ਮੁਸ਼ਕਿਲ ਦਾ ਹੱਲ ਕੱਢਣ ਲਈ ਤਿਆਰ-ਬਰ-ਤਿਆਰ ਰਹਿੰਦਾ ਹੈ ਅਤੇ ਜਦੋਂ ਵੀ ਕਿਸੇ ਨੂੰ ਮਦਦ ਦੀ ਲੋੜ ਹੁੰਦੀ ਹੈ, ਝੱਟ ਮਦਦ ਕਰਦਾ ਹੈ।

# ਅਮਨਦੀਪ ਹਸਪਤਾਲ ਨੇ ਫਿਰੋਜ਼ਪੁਰ 'ਚ ਰੇਲ ਮਹਿਕਮੇ ਲਈ ਖੋਲ੍ਹਿਆ ਇਕ ਮੁਫ਼ਤ ਬਾਲ ਰੋਗ ਓ ਪੀ ਡੀ

**ਫਿਰੋਜ਼ਪੁਰ : (ਅਸ਼ੋਕ ਸ਼ਰਮਾ)**-ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਗੱਠਬੰਦਨ 'ਚ ਰੇਲ ਵਿਭਾਗ ਦੇ ਨਾਲ ਇਕ ਬਾਲਰੋਗ ਓ ਪੀ ਡੀ ਦਾ ਆਜੋਯਨ ਕਰਨ ਜਾ ਰਹੇ ਹਨ। ਇਹ ਓ ਪੀ ਡੀ ਫ਼ਿਰੋਜ਼ਪੁਰ ਦੇ ਰੇਲਵੇ ਹਸਪਤਾਲ ਵਿਖੇ ਹਰ ਮਹੀਨੇ ਦੇ ਪਹਿਲੇ ਅਤੇ ਤੀਜੇ ਸ਼ਨੀਵਾਰ ਨੂੰ ਆਯੋਜਿਤ ਹੋਇਆ ਕਰੇਗੀ । ਡਾ. ਅਮਨਦੀਪ ਡਾਇਰੈਕਟਰ ਅਮਨਦੀਪ ਹਸਪਤਾਲ ਨੇ ਕਿਹਾ ਕੇ ਅਸੀਂ ਸਮਾਜ ਨੂੰ ਵਧੀਆ ਤੋਂ ਵਧੀਆ ਸੇਵਾਂਵਾਂ ਦੇਣ ਲਈ ਸਦਾ ਵਚਨਬੱਧ ਹਾਂ ਅਤੇ ਇਹ ਉਪਰਾਲਾ ਉਸ ਟੀਚੇ ਨੂੰ ਪ੍ਰਾਪਤ ਕਰਨ ਲਈ ਇਕ ਕਦਮ ਹੈ। ਡਾ. ਡੇਵਿਡ ਔਗਸਟਿਨ ਦਾ ਕਹਿਣਾ ਹੈ ਕਿ ਸਾਨੂੰ ਆਪਣੇ ਸਮਾਜ ਦੀ ਸੇਵਾ ਕਰਕੇ ਬਹੁਤ ਖੁਸ਼ੀ ਹੁੰਦੀ ਹੈ। ਅਸੀਂ ਬਾਲ ਰੋਗਾਂ ਦੇ ਮਰੀਜ਼ਾਂ ਨੂੰ ਬਹੁਤ ਵਧੀਆ ਸੇਵਾਵਾ ਪ੍ਰਦਾਨ ਕਰਨਾ ਚਾਹੁੰਦੇ ਹਾਂ। ਇਹ ਓ ਪੀ ਡੀ ਅਮਨਦੀਪ ਹਸਪਤਾਲ ਦੇ ਉਨ੍ਹਾਂ ਉਪਰਾਲਿਆਂ ਦਾ ਹਿੱਸਾ ਹੈ ਜਿਸ ਵਿਚ ਸਮਾਜ ਨੂੰ ਘੱਟ ਕੀਮਤ 'ਤੇ ਵਧੀਆ ਤੋਂ ਵਧੀਆ ਇਲਾਜ ਪ੍ਰਦਾਨ ਕਰਨਾ ਹੈ ।


**PUBLIC NOTICE**

I Piari w/o Gurmit Ram R/o Samundra, Teh. Garhshankar, Distt Hoshiarpur declares that I have lost original link deed (Vasika No. 1948 Bahi No. 1 dated 24-09-2007) of my property at ward No. 11 Garhshankar. Punjab Gramin Bank Rampur Bilron intends to create EM in respect to above mentioned property any person claiming any interest or title in the property or otherwise heaving any objection can make representation to the bank within seven days of such notice.

**COURT NOTICE**

(U/o 5 Rule 20 CPC)
In the Court of
Sh. Balkar Singh
Additional Civil Judge (Senior Division), Budhlada
CNR No. PBMNA0-000282-2025
Next Date :- 21-01-2026
Vishal Kumar
Vs.
General Public
Publication Issued to :
General Public
:- General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 21.01.2026 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Senior Division), Budhlada
Dated this day of 05-12-2025

**PUBLIC NOTICE**

The General Public is informed that an original Transfer Deed No. 1827 dated 04.08.2016 executed by Ashok Kumar S/o Bhagwan Dass R/o Dhuri in favour of Baldev Krishan S/o Bhagwan Dass R/o Dhuri has been lost at Bhalwan Wala Adda, Dhuri on 05.12.2025. Lost Information Report No. 655761/2025 dated 06.12.2025 with Sewa Kendra, AP Enclave, Dhuri has been lodged.

Sh. Butta Khan S/o Ibrahim R/o Gujjran Wala Mohalla, Dhuri (Sangrur) being current owner of the said property is equitably mortgaging the said property with Punjab National Bank, Main Branch, MK Road, Dhuri. If any person has any objection in this regard, he should contact the Manager, Punjab National Bank, Main Branch, MK Road, Dhuri, District Sangrur in writing with the supporting documents within 7 days. If no claim is received within 7 days of notice, it shall be presumed that no person has any claim of any nature in respect of the said property and any subsequent claim shall not bind our clients. Sd/- & Seal Manager, Punjab National Bank, Main Branch, MK Road, Dhuri (Sangrur) Sd/- & Seal, Manager


# ਪਰਮਜੀਤ ਢਿੱਲੋਂ ਨੇ ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਹਰਜੋਤ ਮਾਂਗਟ ਤੇ ਬਲਾਕ ਸੰਮਤੀ ਉਮੀਦਵਾਰਾਂ ਦੇ ਹੱਕ 'ਚ ਕੀਤਾ ਚੋਣ ਪ੍ਰਚਾਰ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**-ਬੇਟ ਖੇਤਰ ਦੇ ਪਿੰਡਾਂ ਵਿਚ ਹਲਕਾ ਸਮਰਾਲਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ ਵਲੋਂ ਜ਼ਿਲਾ ਪ੍ਰੀਸ਼ਦ ਜ਼ੋਨ ਨੀਲੋਂ ਕਲਾਂ ਤੋਂ ਉਮੀਦਵਾਰ ਹਰਜੋਤ ਸਿੰਘ ਮਾਂਗਟ ਅਤੇ ਬਲਾਕ ਸਮਿਤੀ ਉਮੀਦਵਾਰਾਂ ਦੇ ਹੱਕ ਵਿਚ ਚੋਣ ਪ੍ਰਚਾਰ ਕੀਤਾ। ਪਰਮਜੀਤ ਢਿੱਲੋਂ ਵਲੋਂ ਅੱਜ ਪਿੰਡ ਬੈਰਸਾਲ ਖੁਰਦ, ਪੰਜਗਰਾਈਆਂ, ਸ਼ੇਰਪੁਰ ਬੇਟ, ਹੇਡੋਂ ਬੇਟ ਆਦਿ ਪਿੰਡਾਂ ਵਿਚ ਚੋਣ ਸਭਾਵਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਪਿੰਡਾਂ ਦੇ ਲੋਕ ਅਕਾਲੀ ਦਲ ਵਲੋਂ ਕੀਤੇ ਕੰਮਾਂ ਅਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ ਹੜ੍ਹਾਂ ਦੌਰਾਨ ਦਿੱਤੇ ਸਾਥ ਦੀ ਸ਼ਲਾਘਾ ਕਰਦੇ ਹੋਏ ਆਪ ਮੁਹਾਰੇ ਨਾਲ ਜੁੜ ਰਹੇ ਹਨ। ਪਰਮਜੀਤ ਢਿੱਲੋਂ ਨੇ ਕਿਹਾ ਕਿ ਜ਼ਿਲਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿਚ ਅਕਾਲੀ ਦਲ ਦੇ ਉਮੀਦਵਾਰਾਂ ਦੀ ਜਿੱਤ ਇਹ ਯਕੀਨੀ ਬਣਾਏਗੀ ਕਿ ਹੁਣ ਲੋਕ 'ਆਪ' ਸਰਕਾਰ ਨੂੰ ਲਾਂਭੇ ਕਰਨਾ ਚਾਹੁੰਦੇ ਹਨ। ਜ਼ਿਲਾ ਪ੍ਰੀਸ਼ਦ ਜ਼ੋਨ ਨੀਲੋਂ ਕਲਾਂ ਤੋਂ ਉਮੀਦਵਾਰ ਹਰਜੋਤ ਸਿੰਘ ਮਾਂਗਟ ਨੇ ਸੰਬੋਧਨ ਵਿਚ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇੱਕ ਖੇਤਰੀ ਪਾਰਟੀ ਹੈ ਜੋ ਕਿ ਪੰਜਾਬ ਦੇ ਹਿੱਤਾਂ 'ਤੇ ਪਹਿਰਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਨੂੰ ਕਰਜੇ ਤੋਂ ਬਚਾ ਕੇ ਖੁਸ਼ਹਾਲ ਬਣਾਉਣਾ ਹੈ ਤਾਂ ਕਾਂਗਰਸ ਤੇ 'ਆਪ' ਉਮੀਦਵਾਰਾਂ ਨੂੰ ਹਰਾ ਕੇ 2027 ਵਿਚ ਅਕਾਲੀ ਦਲ ਦੀ ਜਿੱਤ ਦਾ ਮੁੱਢ ਬੰਨ੍ਹਣਾ ਪਵੇਗਾ। ਇਸ ਮੌਕੇ ਜਥੇਦਾਰ ਕੁਲਦੀਪ ਸਿੰਘ ਜਾਤੀਵਾਲ, ਹਰਜਤਿੰਦਰ ਸਿੰਘ ਪਵਾਤ, ਜਥੇਦਾਰ ਹਰਜੀਤ ਸਿੰਘ ਸ਼ੇਰੀਆਂ, ਦਰਸ਼ਨ ਸਿੰਘ ਮਿੱਠੇਵਾਲ, ਜਸਪਾਲ ਸਿੰਘ ਜੱਜ, ਕੁਲਜਿੰਦਰ ਸਿੰਘ ਖੇੜਾ, ਗੁਰਜੀਤ ਸਿੰਘ ਮਿੱਠੇਵਾਲ, ਸੁਰਮੁਖ ਸਿੰਘ ਵੀ ਮੌਜੂਦ ਸਨ।

# ਖ਼ੂਨਦਾਨ ਕੈਂਪ 'ਚ 51 ਯੂਨਿਟ ਖ਼ੂਨ ਹੋਇਆ ਇਕੱਠਾ



**ਬੁਢਲਾਡਾ (ਅਸ਼ੋਕ ਲਾਕੜਾ)**-ਸ੍ਰੀ ਜੈਨ ਸਵੈਤਾਂਬਰ ਤੇਰਾਪੰਥ ਸਭਾ ਬੁਢਲਾਡਾ ਦੇ ਸਹਿਯੋਗ ਨਾਲ ਸਮਾਜ ਸੇਵੀ ਸੰਸਥਾ ਨੇਕੀ ਫਾਊਂਡੇਸ਼ਨ ਵੱਲੋਂ ਜੈਨ ਸਭਾ ਭਵਨ, ਬੁਢਲਾਡਾ ਵਿਖੇ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਕੁੱਲ 51 ਯੂਨਿਟ ਖ਼ੂਨ ਇਕੱਠਾ ਹੋਇਆ, ਜੋ ਕਿ ਥੈਲੇਸਿਮਿਆ ਪੀੜਤ ਬੱਚਿਆਂ ਅਤੇ ਹੋਰ ਮਰੀਜ਼ਾਂ ਦੀ ਜ਼ਿੰਦਗੀ ਬਚਾਉਣ ਲਈ ਵਰਤਿਆ ਜਾਵੇਗਾ।ਕੈਂਪ ਦੌਰਾਨ ਸੰਸਥਾ ਵੱਲੋਂ ਸਭ ਖ਼ੂਨਦਾਨੀਆਂ ਨੂੰ ਸਨਮਾਨਤ ਕੀਤਾ ਅਤੇ ਉਨ੍ਹਾਂ ਨੂੰ ਗਿਫ਼ਟ ਅਤੇ ਸਰਟੀਫਿਕੇਟ ਭੇਂਟ ਕਰਕੇ ਹੌਸਲਾ ਅਫਜਾਈ ਕੀਤੀ। ਇਸ ਮੌਕੇ ਬਲੱਡ ਡੋਨਰ ਕਾਰਡ ਵੀ ਬਣਾਏ ਗਏ ਤਾਂ ਜੋ ਲੋੜ ਪੈਣ ਉੱਤੇ ਖ਼ੂਨ ਮੁਹੱਈਆ ਕਰਵਾਇਆ ਜਾ ਸਕੇ।ਇਸ ਮੌਕੇ ਨੇਕੀ ਫਾਊਂਡੇਸ਼ਨ ਦੀ ਟੀਮ ਅਤੇ ਸਰਕਾਰੀ ਬਲੱਡ ਬੈਂਕ ਟੀਮ, ਮਾਨਸਾ ਵੱਲੋਂ ਸੇਵਾਵਾਂ ਨਿਭਾਈਆਂ ਗਈਆਂ। ਨੇਕੀ ਫਾਊਂਡੇਸ਼ਨ ਵੱਲੋਂ ਕਿਹਾ ਗਿਆ ਕਿ ਖ਼ੂਨਦਾਨ ਸਭ ਤੋਂ ਵੱਡੀ ਨੇਕੀ ਹੈ ਕਿਉਂਕਿ ਇਸ ਨਾਲ ਕਿਸੇ ਦੀ ਜ਼ਿੰਦਗੀ ਬਚ ਸਕਦੀ ਹੈ।ਸਭਾ ਪ੍ਰਧਾਨ ਸਤੀਸ਼ ਕੁਮਾਰ, ਨਰਿੰਦਰ ਨੇਵਟੀਆ, ਸੰਦੀਪ ਕ੍ਰਿਪਾਲੂ, ਡਾ. ਕਪਲਾਸ਼ ਗਰਗ, ਸੰਜੇ ਕੁਮਾਰ ਸਿੰਗਲਾ, ਸੰਜੀਵ ਸਿੰਗਲਾ, ਚਲਤੀ ਸਿੰਗਲਾ, ਪ੍ਰਭਜੋਤ ਸਾਹਨੀ ਅਤੇ ਸਮੂਹ ਮੈਂਬਰਾਂ ਨੇ ਪਹੁੰਚੇ ਖ਼ੂਨਦਾਨੀਆਂ ਦਾ ਧੰਨਵਾਦ ਕੀਤਾ।

# ਵਿਧਾਇਕ ਕਾਕਾ ਬਰਾੜ ਨੇ ਸੀਵਰੇਜ ਦਾ ਕੰਮ ਸ਼ੁਰੂ ਕਰਾਇਆ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਪਿਛਲੇ ਲੰਮੇ ਸਮੇਂ ਤੋਂ ਸੀਵਰੇਜ ਸਿਸਟਮ ਦੀ ਨਾਜ਼ੁਕ ਹਾਲਤ ਕਾਰਨ ਸੰਤਾਪ ਹੰਢਾ ਰਹੇ ਪਵਿੱਤਰ ਸ਼ਹਿਰ ਵਿੱਚ ਨਵਾਂ ਸੀਵਰੇਜ਼ ਸਿਸਟਮ ਪਾਉਣ ਦੀ ਸ਼ੁਰੂਆਤ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਬੂੜਾ ਗੁੱਜਰ ਰੋਡ ਸਥਿਤ ਗਾਰਡਨ ਕਲੋਨੀ (ਰੈਨੂ ਪੈਲੇਸ ਦੇ ਪਿਛਲੇ ਪਾਸੇ) ਦੀਆਂ ਗਲੀਆਂ ਵਿੱਚ ਰਿਬਨ ਕੱਟ ਕੇ ਕੀਤਾ ਗਿਆ।ਮੁਹੱਲੇ ਦੇ ਲੋਕਾਂ ਵੱਲੋਂ ਖੁਸ਼ੀ ਵਿੱਚ ਲੱਡੂ ਵੰਡਕੇ ਇੱਕ ਦੂਜੇ ਨੂੰ ਵਧਾਈਆਂ ਦਿੱਤੀਆਂ ਤੇ ਵਿਧਾਇਕ ਕਾਕਾ ਬਰਾੜ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਵਿਧਾਇਕ ਕਾਕਾ ਬਰਾੜ ਨੇ ਕਿਹਾ ਕਿ ਸ਼ਹਿਰ ਦੇ ਵਿਕਾਸ ਲਈ ਉਹ ਹਮੇਸ਼ਾ ਤਤਪਰ ਹਨ ਤੇ ਸ਼ਹਿਰ ਵਾਸੀਆਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਉਹ ਲਗਾਤਾਰ ਯਤਨ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਸੀਵਰੇਜ ਸਿਸਟਮ ਦੀ ਖਸਤਾ ਹਾਲਤ ਕਾਰਨ ਮੁਹੱਲਾ ਵਾਸੀਆਂ ਨੂੰ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਨਵੇਂ ਸੀਵਰੇਜ ਸਿਸਟਮ ਦੀ ਸ਼ੁਰੂਆਤ ਕੀਤੀ ਗਈ ਹੈ।ਵਿਧਾਇਕ ਕਾਕਾ ਬਰਾੜ ਨੇ ਆਖਿਆ ਕਿ ਜਦੋਂ 2022 ਦੀਆਂ ਚੋਣਾਂ ਦੌਰਾਨ ਉਹ ਉਨ੍ਹਾਂ ਦੇ ਮੁਹੱਲੇ ਵਿੱਚ ਆਏ ਸਨ ਤਾਂ ਸਾਰਿਆਂ ਦੀ ਇਹੀ ਮੰਗ ਸੀ ਕਿ ਸੀਵਰੇਜ਼ ਸਿਸਟਮ ਪਾਇਆ ਜਾਵੇ, ਕਿਉਂਕਿ ਪਿਛਲੇ ਲੰਬੇ ਸਮੇਂ ਤੋਂ ਉਨ੍ਹਾਂ ਦੇ ਮੁਹੱਲੇ ਵਿੱਚ ਸੀਵਰੇਜ਼ ਨਹੀਂ ਹੈ, ਜਿਸ ਕਾਰਨ ਉਨ੍ਹਾਂ ਨੂੰ ਵੱਡੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੁਹੱਲਾ ਵਾਸੀਆਂ ਦੀ ਮੰਗ ਨੂੰ ਬੂਰ ਪਾਉਂਦਿਆਂ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਵਿੱਤਰ ਸ਼ਹਿਰ ਨੂੰ 138 ਕਰੋੜ ਦਾ ਪੈਕੇਜ ਦਿੰਦਿਆਂ ਇਹ ਰਾਹਤ ਪੁਚਾਈ, ਜਿਸ ਦੇ ਪਹਿਲੇ ਕੰਮ ਦੀ ਸ਼ੁਰੂਆਤ ਇਸ ਮੁਹੱਲੇ ਤੋਂ ਕੀਤੀ ਗਈ।ਉਨ੍ਹਾਂ ਕਿਹਾ ਕਿ ਇਹ ਕੰਮ ਅੱਗੇ ਵੀ ਜਾਰੀ ਰਹਿਣਗੇ ਤੇ ਬਹੁਤ ਜਲਦ ਨਵੇਂ ਮੁਹੱਲਿਆਂ ਵਿੱਚ ਸੀਵਰੇਜ਼ ਸਿਸਟਮ ਜੋੜ ਦਿੱਤਾ ਜਾਵੇਗਾ।ਇਸ ਖੁਸ਼ੀ ਵਿੱਚ ਮੁਹੱਲੇ ਦੇ ਲੋਕਾਂ ਨੇ ਲੱਡੂ ਵੰਡੇ ਅਤੇ ਵਿਧਾਇਕ ਕਾਕਾ ਬਰਾੜ ਦਾ ਧੰਨਵਾਦ ਕਰਦਿਆਂ ਆਖਿਆ ਕਿ ਉਨ੍ਹਾਂ ਬੜੇ ਲੀਡਰਾਂ ਨੂੰ ਇਸ ਕੰਮ ਲਈ ਵੋਟਾ ਪਾਈਆਂ ਪ੍ਰੰਤੂ ਉਨ੍ਹਾਂ ਦੀ ਕਿਸੇ ਨੇ ਸਾਰ ਨਹੀਂ ਲਈ।ਆਖਰ ਮਾਨ ਸਰਕਾਰ ਦੇ ਐਮਐਲਏ ਕਾਕਾ ਬਰਾੜ ਨੇ ਉਨ੍ਹਾਂ ਦੀ ਵੱਡੀ ਮੰਗ ਨੂੰ ਪੂਰਾ ਕੀਤਾ।


# ਕਲਾਸੀਫਾਈਡ ਇਸ਼ਤਿਹਾਰ

**Change of Name**

I, Jaspreet Kumar s/o Mohan Lal r/o Vill. Partappura, Po. Lohar, distt.Jalandhar declare that Given name as Jaspreet & Surname as Kumar. All Please Note.

I, Bhawana Sareen w/o Pershant Sareen r/o H.No.7, Police Line Road, New Rajinder Nagar, Jalandhar have changed my name from Bhawna Sareen to Bhawana Sareen. All Please Note.

I, Rachna w/o Ashok Kumar Behal r/o 137, Inder Gali, W.No.7, Mohalla Behlan, Vpo.Urmar, Distt.Hoshiarpur have changed my name from Rachna to Rachna Behl. All Please Note.

I, Ranjeet Kaur Alias Sukhjit Kaur W/o Gurbachan Singh R/o VPO. Bhabiana, Tehsil Phagwara, Distt. Kapurthala-144407, Punjab have changed my name to Sukhjit Kaur. All Please Note.

I, Rupinder Singh S/o Gurnam Singh R/o Vill. Khera Bet, Po. Surkhpur, Distt. Kapurthala, Punjab have changed my name from Rupinder Singh to Singh Rupinder (Surname as Singh) All Please Note.

I, Bhupinder Kumar Son Of Sh.Om Lal R/O VPO. Bilga Distt. Jalandhar, Punjab Have Changed My Name Bhupinder As Given Name And Kumar As Surname. All Concerned May Note.

I Harbans Singh Chahal S/o Jeet Singh R/o VPO Bhudan, Distt. Malerkotla-148023, Punjab, certified that my father true and correct name/spelling is Jeet Singh instead of Jit Singh. (Both names belongs to one and same person). All please note.

I, Balviro W/o Paramjit Singh R/o H.No.17, New Anand Nagar, Maqsudan, Jalandhar, have changed my name from Balviro to Balvir Kaur. All concerned please note.

I, Naresh Rani alias Sonia Gotra W/o Satvinder Kumar R/o H.No. 1070-A, Rajput Nagar, Model House, Jalandhar, have changed my name to Sonia.

**Change of Name**

I, Satvinder Kumar Gotra S/o Harbans Lal R/o H.No. 1070-A, Rajput Nagar, Model House, Jalandhar, have changed my name to Satvinder Kumar.

I, Sushil Aggerwal S/o Parshotam Dass R/o H.No. B22/177, Mohabbat Nagar, Distt. Kapurthala, Punjab have changed may name from Sushil Aggerwal to Sushil Aggarwal.

I, Rachna Jaiswal W/o Amit Verma R/o H.No.N.C 28, Old Railway Road, Adda Hoshiarpur Chowk, Distt. Jalandhar have changed may name from Rachna Jaiswal to Rachna Verma.

I Sat Pal Kainth S/O Mehar Chand, R/O-473, Vpo Chugitti, Jalandhar, Punjab-144009, Have Changed My Name Satpal To Sat Pal Kainth In Which Sat Pal As Given Name And Kainth As Surname. All Note.

I Simran Kaur D/O Kamal Kumar R/O - 487, Vpo Dakoha, Jalandhar, Punjab-144023, Have Changed My Name Simran To Simran Kaur In Which Simran As Given Name And Kaur As Surname. All Note.

I, Gurjaswant Singh S/o Rachhpal Singh R/o VPO Devi Dasspura, Amritsar have declare that Gurjaswant is my Given name and Singh is my Surname

I, Kuldip Kaur W/o Hardeep Singh R/o Vill Cheemabath Tehsil Baba Bakala Distt Amritsar have changed my name from Kuldip Singh to Kuldeep Kaur.

I, Hardip Singh Bath S/o Thakur Singh R/o Vill Cheemabath Tehsil Baba Bakala Distt Amritsar have changed my name from Hardip Singh Bath to Hardeep Singh.

**ਬੇਦਖਲੀ ਨੋਟਿਸ**

ਮੈਂ ਤਰਸੇਮ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਪਿੰਡ ਕੋਟ ਮੌਲਵੀ ਤਹਿਸੀਲ ਡੇਰਾ ਬਾਬਾ ਨਾਨਕ ਜ਼ਿਲ੍ਹਾ ਗੁਰਦਾਸਪੁਰ ਬਿਆਨ ਹਲਫੀਆ ਕਰਦਾ ਹਾਂ ਕਿ ਮੇਰਾ ਲੜਕਾ ਜਗਜੀਤ ਸਿੰਘ ਤੇ ਮੇਰੀ ਨੂੰਹ ਸੰਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ । ਮੈਂ ਆਪਣੇ ਲੜਕੇ ਜਗਜੀਤ ਸਿੰਘ ਅਤੇ ਨੂੰਹ ਸੰਦੀਪ ਕੌਰ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ,ਇੰਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ਸੰਬੰਧਤ ਨੋਟ ਕਰਨ ।

ਮੈਂ, ਪਰਮਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ ਅਤੇ ਗਗਨਦੀਪ ਕੌਰ ਪਤਨੀ ਪਰਮਿੰਦਰ ਸਿੰਘ, ਵਾਸੀਆਨ ਪਿੰਡ ਫਤਿਹਗੜ੍ਹ ਕੋਰੋਟਾਣਾ, ਜ਼ਿਲ੍ਹਾ ਮੋਗਾ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਜਸਕਰਨਜੀਤ ਕੌਰ ਸਾਡੇ ਕਹਿਣੇ ਤੋਂ ਬਾਹਰ ਹੈ। ਸਾਡਾ ਇਸ ਨਾਲ ਕੋਈ ਸੰਬਧ ਨਹੀਂ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ ਬਾਂਕੇ ਬਿਹਾਰੀ ਪੁੱਤਰ ਪਿਆਰੇ ਲਾਲ ਵਾਸੀ ਮਕਾਨ ਨੰਬਰ 230 , ਰਾਜ ਇਨਕਲੇਵ , ਘਾਹ ਮੰਡੀ ਚੁੰਗੀ , ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਿਤ ਸ਼ਰਮਾ ਅਤੇ ਉਸਦੀ ਪਤਨੀ ਭਾਵਨਾ ਮੇਰੇ ਕਹਿਣੇ ਤੋਂ ਬਾਹਰ ਹਨ । ਇਸ ਲਈ ਮੈ ਇਹਨਾਂ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰਕ ਮੈਂਬਰਾਂ ਦਾ ਇਹਨਾਂ ਨਾਲ ਕੋਈ ਸੰਬਧ ਨਹੀਂ ਹੈ। ਇਹਨਾਂ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

**ਨਾਂਅ ਦੀ ਬਦਲੀ**

ਮੈਂ, ਇੰਦਰਜੀਤ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਪਧਿਆਣਾ-1, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਇੰਦਰਜੀਤ ਸਿੰਘ ਉਰਫ ਪਰਮਜੀਤ ਸਿੰਘ ਦੋਵੇਂ ਨਾਮ ਮੇਰੇ ਅਤੇ ਇੱਕੋ ਹੀ ਵਿਅਕਤੀ ਦੇ ਹਨ। ਸੰਬੰਧਿਤ ਨੋਟ ਕਰਨ।

ਮੈਂ, ਜਸਵੀਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ 204, ਗੰਡਾ ਸਿੰਘ ਕਲੋਨੀ, ਰਾਮਾ ਮੰਡੀ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਨਾਬਾਲਗ ਲੜਕੇ ਦਾ ਨਾਮ ਲਵਪ੍ਰੀਤ ਤੋਂ ਬਦਲ ਕੇ ਲਵਪ੍ਰੀਤ ਸਿੰਘ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

**PUBLIC NOTICE**

I, Semarjit Kaur Wife of Chuhar Dass R/o Village Buray Jattan, PO. Pandori Bawa Dass, Tehsil & District Hoshiarpur, Punjab, India, declare That Semarjit Kaur and Simro are the names of only one and the same person.

**ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ**

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

**ਦਫ਼ਤਰ ਵਸੂਲੀ ਅਫਸਰ-I/II**
**ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3)**
**ਗਰਾਊਂਡ ਫਲੋਰ, ਐੱਸ ਸੀ ਓ ਨੰ: 33-34-35, ਸੈਕਟਰ-17-ਏ, ਚੰਡੀਗੜ੍ਹ-160017**

**ਆਮਦਨ ਟੈਕਸ ਐਕਟ, 1961 ਨਾਲ ਪੜ੍ਹਿਆ ਜਾਵੇ ਕਰਜ਼ਾ ਵਸੂਲੀ ਅਤੇ ਦੀਵਾਲੀਆਪਨ ਐਕਟ, 1993, ਦੀ ਦੂਜੀ ਅਨੁਸੂਚੀ ਦੇ ਰੂਲ 53 ਤਹਿਤ ਇਕ ਵਿਕਰੀ ਪ੍ਰੋਕਲੇਮੇਸ਼ਨ ਦੇ ਨਿਪਟਾਰੇ ਲਈ ਨੋਟਿਸ**

ਈ ਐੱਕਸ ਐੱਚ ਨੰ. 1116
ਆਰ ਸੀ/559/2023 ਮਿਤੀ : 03.11.2025

ਇੰਡੀਅਨ ਬੈਂਕ (ਪਹਿਲਾਂ ਅਲਾਹਾਬਾਦ ਬੈਂਕ)
ਬਨਾਮ
ਸ੍ਰੀ ਪਰਮਿੰਦਰ ਸਿੰਘ

ਸੇਵਾ 'ਚ
(ਸੀ ਡੀ 1) ਸ੍ਰੀ ਪਰਮਿੰਦਰ ਸਿੰਘ ਪੁੱਤਰ ਸ੍ਰੀ ਗੁਰਨਾਮ ਸਿੰਘ, ਵਾਸੀ ਪਿੰਡ ਕੱਕੜ, ਤਹਿ. ਜਗਰਾਉਂ, ਜ਼ਿਲ੍ਹਾ ਲੁਧਿਆਣਾ ਜਦਕਿ ਪ੍ਰੀਜ਼ਾਈਡਿੰਗ ਅਫਸਰ ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਨੇ 28/7/2023 ਨੂੰ ਓ ਏ/1118/2021 'ਚ ਵਸੂਲੀ ਸਰਟੀਫਿਕੇਟ ਜਾਰੀ ਕੀਤਾ ਸੀ ਕਿ ਐਪਲੀਕੈਂਟ ਬੈਂਕ (ਐੱਸ) ਫਾਇਨਾਂਸ਼ੀਅਲ ਇਂਸਟੀਚਿਊਸ਼ਨ (ਐੱਸ) ਦਰਖਾਸਤ ਕਰਤਾ ਦੇ ਨਾਂਅ, **ਰੁਪਏ** 1,01,44,663.00 (**ਇਕ ਕਰੋੜ ਇਕ ਲੱਖ ਚੌਤਾਲੀ ਹਜ਼ਾਰ ਛੇ ਸੌ ਤਰੇਹਟ ਰੁਪਏ ਕੇਵਲ**) ਸਮੇਤ ਸਧਾਰਨ ਵਿਆਜ 10%, 25/06/2021 ਤੋਂ ਲਾਗੂ, ਵਸੂਲੀ ਤੱਕ ਅਤੇ ਲਾਗਤਾਂ **ਰੁਪਏ** 1,04,000/- (**ਇਕ ਲੱਖ ਚਾਰ ਹਜ਼ਾਰ ਕੇਵਲ**) ਸਮੇਤ ਅਦਾਇਗੀ ਕੀਤੀ ਜਾਵੇ ਅਤੇ ਜਦਕਿ ਦੱਸੀ ਅਦਾਇਗੀ ਨਹੀਂ ਕੀਤੀ ਗਈ। ਨਿਮਨਹਸਤਾਖਰੀ ਨੇ ਹੇਠਾਂ ਦਿੱਤੀ ਅਚੱਲ ਜਾਇਦਾਦ ਵੇਚਣ ਦਾ ਹੁਕਮ ਦਿੱਤਾ ਹੈ।

2. ਤੁਹਾਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਵਿਕਰੀ ਪ੍ਰੋਕਲੇਮੇਸ਼ਨ ਤੇ ਸ਼ਰਤਾਂ ਜੋ ਵੀ ਹੋਣ, ਦੇ ਨਿਪਟਾਰੇ ਲਈ 12/01/2026 ਨੂੰ 10.30 **ਵਜੇ ਸਵੇਰੇ ਦਾ ਸਮਾਂ** ਮਿਥਿਆ ਗਿਆ ਹੈ। ਤੁਹਾਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਦੱਸੀ ਜਾਇਦਾਦ ਜਾਂ ਉਸ ਦੇ ਕਿਸੇ ਹਿੱਸੇ ਨਾਲ ਸੰਬੰਧਤ ਜੇਕਰ ਕੋਈ ਝੰਜਟ, ਚਾਰਜਿਜ਼, ਕਲੇਮਜ਼ ਜਾਂ ਦੇਣਦਾਰੀ ਹੈ ਤਾਂ ਉਹ ਨਿਮਨਹਸਤਾਖਰੀ ਦੇ ਧਿਆਨ ਵਿਚ ਲਿਆਂਦੀ ਜਾਵੇ।

**ਜਾਇਦਾਦ ਦਾ ਵੇਰਵਾ**

**ਸ੍ਰੀ ਪਰਮਿੰਦਰ ਸਿੰਘ ਪੁੱਤਰ ਸ੍ਰੀ ਗੁਰਨਾਮ ਸਿੰਘ ਪੁੱਤਰ ਸਰਵਨ ਸਿੰਘ** ਮਾਲਕ ਕੁੱਲ ਜ਼ਮੀਨ 19 ਕਨਾਲ-0 ਮਰਲਾ, ਵੇਰਵਾ 5 ਕਨਾਲ-15 ਮਰਲਾ, 115/827 ਹਿੱਸਾ ਜ਼ਮੀਨ 41 ਕਨਾਲ-7 ਮਰਲਾ ਖਾਤਾ ਨੰ: 131/180 ਖਸਰਾ ਨੰ: 115//3, 5, 6, 15, 16, 25, 2511 ਅਤੇ ਜ਼ਮੀਨ 0 ਕਨਾਲ-17 ਮਰਲਾ 17/1730, ਹਿੱਸਾ ਜ਼ਮੀਨ 86 ਕਨਾਲ-10 ਮਰਲਾ ਖਾਤਾ ਨੰ: 132/181 ਖਸਰਾ ਨੰ: 114/11, 2, 3, 4, 7, 8, 9, 10, 11, 15, 20, 21/1, 117//3/1 ਅਤੇ ਜ਼ਮੀਨ 12 ਕਨਾਲ-8 ਮਰਲਾ, ਜੋ ਕਿ 1/3 ਹਿੱਸਾ 37 ਕਨਾਲ-4 ਮਰਲਾ, ਖਾਤਾ ਨੰ: 133/182, ਖਸਰਾ ਨੰ: 114//5, 6, 12, 13, 17, 18, 24, 115//2, 117//2/1 ਜਮ੍ਹਾਂਬੰਦੀ ਸਾਲ 2008-09 ਅਨੁਸਾਰ। ਪਤਾ ਪਿੰਡ ਕੱਕੜ, ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ।

**ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ : 03.11.2025 ਨੂੰ ਜਾਰੀ ਕੀਤਾ ਗਿਆ।**

ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3)

8-Dec-PAGE--8.qxd 12/7/2025 10:12 PM Page 1



# ਅੱਖਰਾਂ ਦਾ ਗਿਆਨ ਵੰਡਣਾ ਬਹੁਤ ਵੱਡਾ ਪੁੰਨ : ਜਥੇਦਾਰ ਧਾਮੀ



**ਕਪੂਰਥਲਾ, (ਹਨੀ)**

ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ 20ਵਾਂ ਸਾਲਾਨਾ ਇਨਾਮ ਵੰਡ ਅਤੇ ਸੱਭਿਆਚਾਰਕ ਸਮਾਗਮ ਬੜੀ ਧੂਮਧਾਮ ਨਾਲ ਆਯੋਜਿਤ ਕੀਤਾ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਹਰਜਿੰਦਰ ਸਿੰਘ ਧਾਮੀ ਸਮਾਗਮ ਵਿਚ ਬਤੌਰ ਮੁੱਖ ਮਹਿਮਾਨ ਵੱਜੋਂ ਸ਼ਾਮਲ ਹੋਏ। ਸਮਾਗਮ ਦੀ ਪ੍ਰਧਾਨਗੀ ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਵੱਲੋਂ ਕੀਤੀ ਗਈ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਰੂਹੀ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ, ਪ੍ਰਿੰਸੀਪਲ ਡਿੰਪਲ ਸ਼ਰਮਾ, ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ।ਜਥੇਦਾਰ ਧਾਮੀ ਅਤੇ ਪਹੁੰਚੇ ਮਹਿਮਾਨਾਂ ਸ਼ਮਾ ਰੌਸ਼ਨ ਕਰਦਿਆਂ ਸਮਾਗਮ ਦਾ ਰਸਮੀ ਆਗਾਜ਼ ਕੀਤਾ।

ਇਸ ਦੌਰਾਨ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ 'ਮੈਂ ਪੰਜਾਬ ਬੋਲਦਾ ਹਾਂ' ਪੇਸ਼ ਕੀਤਾ ਗਿਆ, ਜਿਸ ਦਾ ਆਗਾਜ਼ ਸ਼ਬਦ ਗਾਇਨ ਨਾਲ ਕੀਤਾ ਗਿਆ।ਵਿਦਿਅਕ ਸੰਸਥਾਵਾਂ ਦੇ ਬਾਨੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਸਵ. ਆਤਮਾ ਸਿੰਘ ਦਾ ਜ਼ਿਕਰ ਕਰਦਿਆਂ ਬੀਬੀ ਗੁਰਪ੍ਰੀਤ ਕੌਰ ਨੇ ਸਮਾਗਮ 'ਚ ਬਤੌਰ ਮੁੱਖ ਮਹਿਮਾਨ ਵੱਜੋਂ ਪਹੁੰਚੇ ਜਥੇਦਾਰ ਹਰਜਿੰਦਰ ਸਿੰਘ ਧਾਮੀ ਅਤੇ ਵਿਦਿਆਰਥੀਆਂ ਦੇ ਮਾਪਿਆਂ ਦਾ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਨ ਲਈ ਧੰਨਵਾਦ ਕੀਤਾ। ਪ੍ਰਿੰਸੀਪਲ ਡਿੰਪਲ ਸ਼ਰਮਾ ਨੇ ਸਕੂਲ ਦੀ ਸਲਾਨਾ ਰਿਪੋਰਟ ਪੇਸ਼ ਕਰਦਿਆਂ ਵਿਦਿਆਰਥੀਆਂ ਵੱਲੋਂ ਅਕਾਦਮਿਕ, ਸਪੋਰਟਸ, ਧਾਰਮਿਕ ਅਤੇ ਸੱਭਿਆਚਾਰਕ ਖੇਤਰ ਵਿੱਚ ਮਾਰੀਆਂ ਮੱਲਾਂ ਸਬੰਧੀ ਚਾਨਣਾ ਪਾਇਆ। ਸਮਾਗਮ ਨੂੰ ਸੰਬੋਧਨ ਕਰਦਿਆਂ ਜਥੇਦਾਰ ਹਰਜਿੰਦਰ ਸਿੰਘ ਧਾਮੀ ਨੇ ਵਿਦਿਆਰਥੀਆਂ ਵਲੋਂ ਪੇਸ਼ ਕੀਤੇ ਸੱਭਿਆਚਾਰਕ ਪ੍ਰੋਗਰਾਮ ਦੀ ਪ੍ਰਸ਼ੰਸਾ ਕੀਤੀ। ਸਟਾਫ਼ ਮੈਂਬਰਾਂ ਦੇ ਰੂਬਰੂ ਹੁੰਦਿਆਂ ਉਨ੍ਹਾਂ ਕਿਹਾ ਕਿ ਸਮਾਜ ਦੀ ਤਰੱਕੀ ਲਈ ਅੱਖਰਾਂ ਦਾ ਗਿਆਨ ਵੰਡਣਾ ਬਹੁਤ ਜਰੂਰੀ ਹੈ, ਜੋ ਇੱਕ ਵੱਡਾ ਪੁੰਨ ਵੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਕੰਪਿਊਟਰ ਯੁੱਗ ਵਿੱਚ ਜ਼ਰੂਰ ਪ੍ਰਵੇਸ਼ ਕਰਨਾ ਚਾਹੀਦਾ ਹੈ, ਪਰ ਇਸ ਤੋਂ ਸੁਚੇਤ ਰਹਿਣਾ ਵੀ ਬਹੁਤ ਜਰੂਰੀ ਹੈ। ਇਸ ਦੌਰਾਨ ਅਕਾਦਮਿਕ, ਸਪੋਰਟਸ, ਧਾਰਮਿਕ ਅਤੇ ਸੱਭਿਆਚਾਰਕ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਇੰਜੀਨੀਅਰ ਮਨਪ੍ਰੀਤ ਸਿੰਘ ਥਿੰਦ, ਸਵਰਨ ਚੰਦ ਗੁਰਾਇਆ, ਨੰਦ ਸਿੰਘ ਬਿਧੀਪੁਰ, ਰਣਜੀਤ ਸਿੰਘ ਬਿਧੀਪੁਰ, ਸਤਨਾਮ ਸਿੰਘ ਬਾਜਵਾ, ਅਵਤਾਰ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਬੇਰ ਸਾਹਿਬ, ਗੁਰਦਿਆਲ ਸਿੰਘ ਨਾਨਕਪੁਰ, ਬੀਬੀ ਬਲਬੀਰ ਕੌਰ ਨਾਨਕਪੁਰ, ਕਮਲਜੀਤ ਸਿੰਘ ਹੈਬਤਪੁਰ, ਗੁਰਦਿਆਲ ਸਿੰਘ ਬੂਹ, ਬੀਬੀ ਪ੍ਰਕਾਸ਼ ਕੌਰ ਜਿਲਾ ਪਰਿਸ਼ਦ, ਬੀਬੀ ਬਲਜੀਤ ਕੌਰ ਕਮਾਲਪੁਰ, ਬੀਬੀ ਗੁਰਮੀਤ ਕੌਰ ਦਰੀਏਵਾਲ, ਭਗਵਾਨ ਸਿੰਘ ਮੈਰੀਪੁਰ, ਹਰਜੀਤ ਸਿੰਘ ਕਥਾਵਾਚਕ, ਭਾਈ ਸਤਨਾਮ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਬੇਰ ਸਾਹਿਬ, ਜਸਪਾਲ ਸਿੰਘ ਸੇਖੋਂ, ਬੀਬੀ ਮਹਿੰਦਰ ਕੌਰ ਸਾਬੂਵਾਲ, ਚੰਚਲ ਸਿੰਘ, ਗੁਰਪ੍ਰੀਤ ਸਿੰਘ, ਪਰਗਟ ਸਿੰਘ ਸ਼ਾਲਾਪੁਰ ਬੇਟ, ਭਾਈ ਦਿਆਲ ਸਿੰਘ ਮੁੱਲਾਕਾਲਾ, ਅਰਸ਼ਦੀਪ ਸਿੰਘ ਕਿਸ਼ਨ ਸਿੰਘ ਵਾਲਾ, ਰੂਪ ਸਿੰਘ, ਸੁਖਦੇਵ ਸਿੰਘ ਸਤਾਬਗੜ੍ਹ, ਸੁਖਵਿੰਦਰ ਸਿੰਘ, ਬਲਦੇਵ ਸਿੰਘ, ਗੁਰਨੇਜ ਸਿੰਘ, ਗੁਰਦੇਵ ਸਿੰਘ, ਗੁਰਮੀਤ ਸਿੰਘ ( ਸਾਰੇ ਫੱਤੂ ਢੀਂਗਾ, ਜਗੀਰ ਸਿੰਘ ਮਿਆਣੀ, ਜਸਬੀਰ ਕੌਰ ਪ੍ਰਿੰਸੀਪਲ ਗੁਰੂ ਨਾਨਕ ਖਾਲਸਾ ਕਾਲਜ ਆਦਿ ਸਟਾਫ਼ ਮੈਂਬਰ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ।

# ਯਿਸੂ ਮਸੀਹ ਦਾ ਜਨਮ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ : ਪਾਸਟਰ ਦਿਓਲ

**ਕਪੂਰਥਲਾ (ਪ੍ਰੀਤ ਸੰਗੋਜਲਾ)**

ਦ ਓਪਨ ਡੋਰ ਚਰਚ ਖੋਜੇਵਾਲਾ ਦੇ ਮੁੱਖ ਪਾਸਟਰ ਹਰਪ੍ਰੀਤ ਦਿਓਲ ਖੋਜੇਵਾਲਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪ੍ਰਭੂ ਯਿਸੂ ਮਸੀਹ ਦੇ ਜਨਮ ਦਿਹਾੜੇ ਦੀਆਂ ਖੋਜੇਵਾਲ ਚਰਚ ਵਿਖੇ ਤਿਆਰੀਆਂ ਚਲ ਰਹੀਆਂ ਹਨ ਅਤੇ ਸ਼ਾਨਦਾਰ ਢੰਗ ਨਾਲ ਪ੍ਰਭੂ ਯਿਸੂ ਮਸੀਹ ਦਾ ਜਨਮ ਦਿਹਾੜਾ ਮਨਾਇਆ ਜਾਵੇਗਾ। 25 ਦਿਸੰਬਰ ਨੂੰ ਕ੍ਰਿਸਮਿਸ ਮਨਾਉਣ ਤੋਂ ਪਹਿਲਾ ਇਨਾ ਖੁਸ਼ੀਆਂ ਦੇ ਅੰਦਰ ਕਪੂਰਥਲਾ ਸ਼ਹਿਰ ਵਾਸੀਆਂ ਨੂੰ ਵਧਾਈ ਸੰਦੇਸ਼ ਦਿੱਤਾ ਜਾਵੇਗਾ ਤੇ ਇੱਕ ਬਹੁਤ ਹੀ ਸ਼ਾਨਦਾਰ ਸ਼ੋਭਾ ਯਾਤਰਾ ਸਜਾਈ ਜਾਵੇਗੀ ਜਿਸ ਦੀ ਤਰੀਕ 18 ਦਸੰਬਰ ਦਿਨ ਵੀਰਵਾਰ ਤੈਅ ਕੀਤੀ ਗਈ ਹੈ। ਸ਼ੋਭਾ ਯਾਤਰਾ ਪਿੰਡ ਖੋਜੇਵਾਲ ਤੋਂ ਸ਼ੁਰੂ ਹੋ ਕੇ ਡੀ ਸੀ ਚੌਂਕ, ਕਪੂਰਥਲਾ ਬੱਸ ਸਟੈਂਡ, ਭਗਤ ਸਿੰਘ ਚੌਂਕ, ਜਲੋ ਖਾਨਾ, ਸ਼ਾਲੀਮਾਰ ਬਾਗ ਤੋਂ ਡੀ ਸੀ ਚੌਂਕ ਹੁੰਦੀ ਹੋਈ ਸਮਾਪਤ ਹੋਵੇਗੀ। ਵੱਖ ਵੱਖ ਚਰਚਾਂ ਵੱਲੋਂ ਖਾਸ ਜਿੰਮੇਵਾਰੀਆਂ ਨਿਭਾਈਆਂ ਜਾਣਗੀਆਂ ਸ਼ਹਿਰ ਵਾਸੀਆਂ ਨੂੰ ਸ਼ਾਂਤੀ ਦਾ ਸੰਦੇਸ਼ ਦਿੱਤਾ ਜਾਵੇਗਾ। ਸ਼ੋਭਾ ਯਾਤਰਾ ਦੌਰਾਨ ਵੱਖ ਵੱਖ ਪਕਵਾਨਾਂ ਦੇ ਲੰਗਰ ਲਗਾਏ ਜਾਣਗੇ। ਇਸ ਮੌਕੇ ਪਾਸਟਰ ਐਸੋਸੀਏਸ਼ਨ ਦੇ ਪ੍ਰਧਾਨ ਪਾਸਟਰ ਬਲਦੇਵ ਮਸੀਹ,ਪ੍ਰਧਾਨ ਵਿਲੀਅਮ ਬਿੱਟੂ, ਪਾਸਟਰ ਜੌਲੀ ਮਸੀਹ, ਪਾਸਟਰ ਬਲਵਿੰਦਰ ਕੁਮਾਰ, ਪਾਸਟਰ ਪ੍ਰਦੀਪ, ਪਾਸਟਰ ਮੈਨੂਅਲ, ਪਾਸਟਰ ਸਲੀਮ, ਪਾਸਟਰ ਪਰਮਜੀਤ, ਪਾਸਟਰ ਜਰਨੈਲ ਸਿੰਘ, ਪਾਸਟਰ ਰਜੀਵ ਪਾਸਟਰ ਬਲਵੀਰ ਧੰਮ ਪਾਸਟਰ ਅਮਰਜੀਤ ਪਾਸਟਰ ਕਰਤਾਰ ਪਾਸਟਰ ਵਿਜੇ ਪਾਸਟਰ ਸੁਖਵਿੰਦਰ ਪਾਸਟਰ ਮਹਿੰਦਰ ਪਾਸਟਰ ਮੱਤੀ ਪਾਸਟਰ ਮਹਿੰਦਰ ਪਾਲ ਪਾਸਟਰ ਜੋਰਜ ਪਾਸਟਰ ਜਸਵਿੰਦਰ ਸਿੰਘ ਚੇਅਰਮੈਨ ਸਟੀਫਨ ਹੰਸ ਪ੍ਰਧਾਨ ਮਲਕੀਤ ਮਸੀਹ ਯੂਥ ਲੀਡਰ ਕਪੂਰਥਲਾ ਰਾਜਵਿੰਦਰ ਝੰਡ ਪ੍ਰਧਾਨ ਸੁਖਦੇਵ ਪਹਾੜੀਪੁਰ ਸੈਕਟਰੀ ਕਰਮਜੀਤ ਦਾਊਦ ਸੈਨਾ ਪ੍ਰਧਾਨ ਜਸਵਿੰਦਰ ਬਿੱਟਾ ਪ੍ਰਧਾਨ ਰਕੇਸ਼ ਮਹਿਤਪੁਰ ਪਾਸਟਰ ਸੋਨੂ ਮਹਿਤਾਬਪੁਰ ਪਾਸਟਰ ਕੁਲਦੀਪ ਹਮੀਰਾ ਪਾਸਟ ਸੋਹਣ ਲਾਲ ਪਾਸਟਰ ਮਹਿੰਦਰ ਪਾਲ ਤੇ ਯੂਥ ਦੇ ਬਹੁਤ ਸਾਰੇ ਨੌਜਵਾਨ ਤੇ ਲੀਡਰ ਸਾਹਿਬਾਨ ਇਸ ਮੀਟਿੰਗ ਦੇ ਵਿੱਚ ਪਹੁੰਚੇ। 18 ਦਸੰਬਰ ਨੂੰ ਸਾਰੇ ਸ਼ਹਿਰ ਵਿੱਚ ਸ਼ਾਂਤੀ ਦਾ ਸੰਦੇਸ਼ ਵੱਖ-ਵੱਖ ਪਾਸਟਰ ਸਾਹਿਬ ਵੱਲੋਂ ਦਿੱਤਾ ਜਾਵੇਗਾ।



# ਹੈਰੋਇਨ ਤੇ 2,05,000 ਡਰੱਗ ਮਨੀ ਸਮੇਤ 2 ਕਾਬੂ

**ਜਲੰਧਰ, (ਸੁਰਿੰਦਰ ਕੁਮਾਰ)**-ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਕਾਰਵਾਈ ਕਰਦਿਆਂ ਕਮਿਸ਼ਨਰੇਟ ਪੁਲਿਸ ਜਲੰਧਰ ਨੇ ਵੱਡੀ ਕਾਮਯਾਬੀ ਹਾਸਲ ਕੀਤੀ ਹੈ।ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਦੀ ਨਿਗਰਾਨੀ ਅਤੇ ਡੀ.ਸੀ.ਪੀ. (ਇਨਵੈਸਟੀਗੇਸ਼ਨ) ਮਨਪ੍ਰੀਤ ਸਿੰਘ ਢਿੱਲੋਂ, ਏ.ਡੀ.ਸੀ.ਪੀ. (ਇਨਵੈਸਟੀਗੇਸ਼ਨ) ਜੇਅੰਤ ਪੁਰੀ ਅਤੇ ਏ.ਸੀ.ਪੀ. (ਡੀ) ਅਮਰਬੀਰ ਸਿੰਘ ਦੀ ਅਗਵਾਈ ਹੇਠ ਸੀ.ਆਈ.ਏ. ਸਟਾਫ਼ ਜਲੰਧਰ ਇੰਚਾਰਜ ਇੰਸਪੈਕਟਰ ਸੁਰਿੰਦਰ ਕੁਮਾਰ ਦੀ ਟੀਮ ਨੇ ਕਾਰਵਾਈ ਕਰਦਿਆਂ 2 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ 80 ਗ੍ਰਾਮ ਹੈਰੋਇਨ ਅਤੇ 2,05,000 ਦੀ ਡਰੱਗ ਮਨੀ ਬਰਾਮਦ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ।ਪੁਲਸ ਕਮਿਸ਼ਨਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ 4 ਦਸੰਬਰ ਨੂੰ ਸੀ.ਆਈ.ਏ. ਸਟਾਫ਼ ਦੀ ਪੁਲਿਸ ਟੀਮ ਨੇ ਕਾਰਵਾਈ ਕਰਦਿਆਂ ਫੋਕਲ ਪੁਆਇੰਟ ਜਲੰਧਰ ਤੋਂ ਦੋ ਵਿਅਕਤੀਆਂ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ। ਇਨ੍ਹਾਂ ਦੀ ਪਛਾਣ ਗੁਰਪ੍ਰੀਤ ਸਿੰਘ ਉਰਫ਼ ਸਾਜਨ ਪੁੱਤਰ ਗੁਰਜੀਤ ਸਿੰਘ ਵਾਸੀ ਪ੍ਰੀਤ ਨਗਰ ਸੋਡਲ ਰੋਡ ਥਾਣਾ ਡਵੀਜ਼ਨ ਨੰਬਰ 8 ਜਲੰਧਰ ਤੇ ਪ੍ਰਭਜੋਤ ਉਰਫ਼ ਪ੍ਰਭ ਪੁੱਤਰ ਜਸਪਾਲ ਵਾਸੀ ਪ੍ਰੀਤ ਨਗਰ ਸੋਡਲ ਰੋਡ, ਜਲੰਧਰ ਵਜੋਂ ਹੋਈ।ਉਕਤ ਵਿਅਕਤੀਆਂ ਦੇ ਕਬਜ਼ੇ ਵਿੱਚੋਂ ਕੁੱਲ 80 ਗ੍ਰਾਮ ਹੈਰੋਇਨ ਸਮੇਤ 2 ਲੱਖ 5 ਹਜ਼ਾਰ ਰੁਪਏ ਬਰਾਮਦ ਕੀਤੀ ਗਈ। ਮੁਲਜ਼ਮਾਂ ਖ਼ਿਲਾਫ਼ ਮੁਕੱਦਮਾ ਥਾਣਾ ਡਵੀਜ਼ਨ ਨੰਬਰ 8 ਜਲੰਧਰ ਵਿੱਚ ਦਰਜ ਕੀਤਾ ਗਿਆ ਹੈ।ਮੁਲਜ਼ਮ ਗੁਰਪ੍ਰੀਤ ਸਿੰਘ ਉਰਫ ਸਾਜਨ ਖ਼ਿਲਾਫ਼ ਪਹਿਲਾਂ ਵੀ ਮੁਕੱਦਮਾ ਨੰਬਰ 133 ਮਿਤੀ 08.05.2022 ਧਾਰਾ 21, 61-85 ਐਨ.ਡੀ.ਪੀ.ਐਸ. ਐਕਟ ਥਾਣਾ ਡਵੀਜ਼ਨ ਨੰਬਰ 8 ਜਲੰਧਰ ਵਿੱਚ ਦਰਜ ਹੈ।ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਤੋਂ ਫਾਰਵਰਡ ਅਤੇ ਬੈਕਵਰਡ ਲਿੰਕਾਂ ਬਾਰੇ ਪੁੱਛਗਿੱਛ ਜਾਰੀ ਹੈ।

# ਪਿੰਡਾਂ-ਸ਼ਹਿਰਾਂ 'ਚ ਵਿਕਾਸ ਕਾਰਜਾਂ ਨਾਲ ਨਵਾਂ ਯੁੱਗ ਸ਼ੁਰੂ : ਰੰਧਾਵਾ



**ਲਾਲੜੂ (ਵਿਨੈ ਕੁਮਾਰ ਜੈਨ)**

ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਬਲਾਕ ਸੰਮਤੀ ਚੋਣ ਪ੍ਰਚਾਰ ਦੌਰਾਨ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿਛਲੇ ਕਰੀਬ ਚਾਰ ਸਾਲਾਂ ਦੌਰਾਨ ਪੰਜਾਬ ਦੀਆਂ ਪਿੱਛੜੀਆਂ ਥਾਵਾਂ ਵਿੱਚ ਵਿਕਾਸ ਨੂੰ ਪਹਿਲ ਮਿਲੀ ਹੈ। ਉਹ ਆਮ ਆਦਮੀ ਪਾਰਟੀ ਵੱਲੋਂ ਬਲਾਕ ਸੰਮਤੀ ਚੋਣ ਮੈਦਾਨ ਵਿੱਚ ਉਤਾਰੇ ਉਮੀਦਵਾਰਾਂ- ਨਰਿੰਦਰ ਪਾਲ ਰਾਣਾ, ਧਰਮਵੀਰ ਸਿੰਘ ਧਰਮਾ, ਹਰਵਿੰਦਰ ਸਿੰਘ ਭੂਰਾ, ਨਵਨੀਤ ਸਿੰਘ, ਸੁਨੀਲ ਕੁਮਾਰ ਅਤੇ ਬਲਬੀਰ ਸਿੰਘ—ਦੇ ਹੱਕ ਵਿੱਚ ਪਿੰਡ ਸਾਰੰਗਪੁਰ ,ਖੇਲਣ ,ਮਾਲਣ ,ਰਾਜਾਪੁਰ, ਜੋਧਪੁਰ ,ਹੰਡੇਸਰਾ, ਅੰਟਾਲਾ, ਨਗਲਾ, ਤਸਿੰਬਲੀ, ਹਮਾਯੂਪੁਰ, ਜੌਲਾ ਖੁਰਦ, ਜੌਲਾ ਕਲਾਂ,ਕਸੌਲੀ ,ਬਸੋਲੀ, ਬੜਾਣਾ, ਬਰਟਾਨਾ, ਸਹਿਪੁਰ, ਰਾਣੀਮਾਜਰਾ, ਅੰਬਛੱਪਾ, ਜੰਡਲੀ, ਜਿਓਲੀ,ਆਯੋਜਿਤ ਜਲਸਿਆਂ ਨੂੰ ਸੰਬੋਧਨ ਕਰ ਰਹੇ ਸਨ। ਰੰਧਾਵਾ ਨੇ ਦਾਅਵਾ ਕੀਤਾ ਕਿ ਸਰਕਾਰ ਨੇ ਪਿੰਡਾਂ-ਸ਼ਹਿਰਾਂ ਦੇ ਢਾਂਚਾਗਤ ਸਹੂਲਤਾਂ ਵਿੱਚ ਵਿਸਥਾਰ ਕੀਤਾ ਹੈ। ਨਵੀਆਂ ਸੜਕਾਂ, ਗਲੀਆਂ-ਨਾਂਲੀਆਂ ਦੀ ਤਾਮੀਰ, ਇੰਟਰਲੌਕਿੰਗ ਟਾਇਲਾਂ, ਸਫਾਈ ਪ੍ਰਬੰਧ ਅਤੇ ਭਾਈਚਾਰੇ ਲਈ ਖੇਡ ਮੈਦਾਨ, ਜਿੰਮ ਅਤੇ ਸਿਹਤ ਸਹੂਲਤਾਂ ਉਪਲਬਧ ਕਰਵਾਈਆਂ ਗਈਆਂ ਹਨ। ਪਿੰਡਾਂ ਵਿਚ ਆਧੁਨਿਕ ਸਹੂਲਤਾਂ ਨਾਲ ਲੈਂਸ ਲਾਇਬ੍ਰੇਰੀਆਂ ਬਣਾਉਣਾ ਵਿਦਿਆਰਥੀ ਜਨਤਾ ਲਈ ਮਹੱਤਵਪੂਰਨ ਕਦਮ ਦੱਸਿਆ ਗਿਆ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਪੰਜਾਬ ਵੱਲ ਸਰਕਾਰ ਵੱਡੇ ਪੱਧਰ ਤੇ ਮੁਹਿੰਮ ਚਲਾ ਰਹੀ ਹੈ ਅਤੇ ਇਸ ਵਿੱਚ ਲੋਕਾਂ ਦਾ ਸਹਿਯੋਗ ਲਾਜ਼ਮੀ ਹੈ। ਉਮੀਦਵਾਰਾਂ ਨੇ ਭਰੋਸਾ ਦਿੱਤਾ ਕਿ ਲੋਕਾਂ ਦੇ ਵਿਸ਼ਵਾਸ 'ਤੇ ਖਰਾ ਉਤਰਦੇ ਹੋਏ ਵਿਕਾਸ ਦੇ ਕੰਮ ਤੇਜ਼ੀ ਨਾਲ ਅੱਗੇ ਵਧਾਏ ਜਾਣਗੇ। ਇਸ ਮੌਕੇ ਕਈ ਪਿੰਡ ਵਾਸੀਆਂ ਨੇ ਭਾਰੀ ਬਹੁਮਤ ਨਾਲ ਜਤਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਸਰਪੰਚ ਸਾਹਿਬਾਨ,ਪੰਚਾਇਤ ਮੈਂਬਰ , ਸਮੇਤ ਸਮੁੱਚੀ ਪਾਰਟੀ ਦੀ ਟੀਮ ਮੌਜੂਦ ਰਹੀ।

# ਵਿਗਿਆਨ ਸਿਰਫ ਕਰੀਅਰ ਨਹੀਂ , ਰਾਸ਼ਟਰ ਨਿਰਮਾਣ ਦਾ ਮਾਧਿਅਮ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਵਿਗਿਆਨਕਾਂ ਨੂੰ ਅਪੀਲ ਕੀਤੀ ਕਿ ਉਹ ਵਿਗਿਆਨ ਨੂੰ ਲੈਬਸ ਦੀ ਦੀਵਾਰਾਂ ਤੋਂ ਬਾਹਰ ਕੱਢ ਕੇ ਉਨ੍ਹਾਂ ਦਾ ਲਾਭ ਸਮਾਜ ਦੇ ਆਖੀਰੀ ਵਿਅਕਤੀ ਤੱਕ ਪਹੁੰਚਾਉਣ। ਜਦੋਂ ਉਨ੍ਹਾਂ ਦਾ ਗਿਆਨ ਇੱਕ ਕਿਸਾਨ ਦੀ ਫਸਲ ਵਧਾਉਂਦਾ ਹੈ, ਜਦੋਂ ਖੋਜ ਇੱਕ ਮਰੀਜ ਦੀ ਬੀਮਾਰੀ ਠੀਕ ਕਰਦੀ ਹੈ, ਜਦੋਂ ਨਵਾਚਾਰ ਇੱਕ ਉਦਮੀ ਨੂੰ ਮਜਬੂਤ ਕਰਦਾ ਹੈ, ਤਾਂ ਹੀ ਵਿਗਿਆਨ ਸਹੀ ਮਾਇਨੇ ਵਿੱਚ ਖੁਸ਼ਹਾਲੀ ਲਿਆਉਂਦਾ ਹੈ।ਮੁੱਖ ਮੰਤਰੀ ਪੰਚਕੂਲਾ ਦੇ ਸੈਕਟਰ-5 ਵਿੱਚ ਆਯੋਜਿਤ ਚਾਰ ਦਿਨਾਂ ਦੇ 11ਵੇਂ ਇੰਡੀਆ ਇੰਟਰਨੈਸ਼ਨਲ ਸਾਇੰਸ ਫੇਸਟੀਵਲ ਦੇ ਦੂਜੇ ਦਿਨ ਮੁੱਖ ਮਹਿਮਾਨ ਵਜੋ ਸੰਬੋਧਿਤ ਕਰ ਰਹੇ ਸਨ।ਸ੍ਰੀ ਨਾਇਬ ਸਿੰਘ ਸੈਣੀ ਨੇ ਸਮਾਰੋਹ ਵਿੱਚ ਸਟੂਡੇਂਟਸ ਸਾਇੰਸ ਐਂਡ ਟੈਕਨੋਲੋਜੀ ਵਿਲੇਜ ਦਾ ਉਦਘਾਟਨ ਕੀਤਾ। ਇਸ ਵਿਲੇਜ਼ ਨੂੰ ਆਧੁਨਿਕ ਭਾਰਤ ਦਾ ਨਵਾਂ ਨਾਲੰਦਾ ਦੀ ਸੰਗਿਆ ਦਿੱਤੀ ਗਈ ਹੈ। ਇਸ ਮੌਕੇ 'ਤੇ ਮੁੱਖ ਮੰਤਰੀ ਨੇ ਵਿਗਿਆਨ ਪ੍ਰਦਰਸ਼ਨੀ ਦਾ ਉਦਘਾਟਨ ਵੀ ਕੀਤਾ ਤੇ ਵਿਗਿਆਨ ਅਤੇ ਨਵਾਚਾਰ ਦੇ ਖੇਤਰ ਵਿੱਚ ਨਵੀਨਤਮ ਤਕਨੀਕਾਂ ਵਿੱਚ ਡੂੰਘੀ ਦਿਲਚਸਪੀ ਦਿਖਾਈ।

# ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰ ਦਾ ਕੀਤਾ ਦੌਰਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਜਿੰਦਰ ਅਗਰਵਾਲ ਤੇ ਸੀ ਜੇ ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੀਰਜ ਗੋਇਲ ਨੇ ਨਸ਼ਾ ਛੁਡਾਊ ਕੇਂਦਰ ਤੇ ਮੁੜ ਵਸੇਬਾ ਕੇਂਦਰ ਹੁਸ਼ਿਆਰਪੁਰ ਦਾ ਦੌਰਾ ਕੀਤਾ।ਇਸ ਦੌਰਾਨ ਕੇਂਦਰ ਵਿੱਚ ਦਾਖ਼ਲ ਮਰੀਜ਼ਾਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਨੂੰ ਜਾਣੂ ਕਰਵਾਇਆ ਗਿਆ ਕਿ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ ਏ ਐੱਸ ਨਗਰ (ਮੋਹਾਲੀ) ਦੇ ਨਿਰਦੇਸ਼ਾਂ ਅਨੁਸਾਰ, 'ਯੂਥ ਅਗੇਂਸਟ ਡਰੱਗਜ਼' ਨਾਮਕ ਇਕ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ 6 ਦਸੰਬਰ ਤੋਂ 6 ਜਨਵਰੀ ਤੱਕ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਨਸ਼ਾ ਛੱਡਣ ਅਤੇ ਰੌਸ਼ਨ ਭਵਿੱਖ ਵੱਲ ਵਧਣ ਲਈ ਪ੍ਰੇਰਿਤ ਕਰਨਾ ਅਤੇ ਸਮਾਜ ਨੂੰ ਨਸ਼ਾ ਮੁਕਤ ਬਣਾਉਣਾ ਹੈ। ਇਸ ਮੌਕੇ ਚੀਫ਼ ਲੀਗਲ ਏਡ ਡਿਫੈਂਸ ਕੌਂਸਲ ਵਿਸ਼ਾਲ ਕੁਮਾਰ ਨੇ ਕੇਂਦਰ ਦੇ ਮਰੀਜ਼ਾਂ ਨੂੰ ਨਾਲਸਾ ਦੀ 'ਡਰੱਗਜ਼ ਅਵੇਅਰਨੈੱਸ ਐਂਡ ਵੈਲਨੈੱਸ ਨੈਵੀਗੇਸ਼ਨ-ਫਾਰ ਏ ਡਰੱਗ ਫ੍ਰੀ ਇੰਡੀਆ ਯੋਜਨਾ-2025, ਨਸ਼ੇ ਦੇ ਸਿਹਤ, ਪਰਿਵਾਰਕ ਅਤੇ ਸਮਾਜਿਕ ਜੀਵਨ 'ਤੇ ਮਾੜੇ ਪ੍ਰਭਾਵਾਂ ਅਤੇ ਐੱਨ ਡੀ ਪੀ ਸੀ ਐਕਟ ਦੇ ਕਾਨੂੰਨੀ ਉਪਬੰਧਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ 13 ਦਸੰਬਰ ਨੂੰ ਲੱਗਣ ਵਾਲੀ ਰਾਸ਼ਟਰੀ ਲੋਕ ਅਦਾਲਤ ਬਾਰੇ ਦੱਸਿਆ ਗਿਆ ਕਿ ਇਸ ਲੋਕ ਅਦਾਲਤ ਵਿੱਚ ਲੰਬਿਤ ਅਤੇ ਮੁਕੱਦਮੇਬਾਜ਼ੀ ਤੋਂ ਪਹਿਲਾਂ ਦੇ ਮਾਮਲਿਆਂ ਦਾ ਨਿਪਟਾਰਾ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਕੀਤਾ ਜਾਂਦਾ ਹੈ। ਲੋਕ ਅਦਾਲਤ ਦੇ ਫ਼ੈਸਲੇ ਵਿਰੁੱਧ ਕੋਈ ਅਪੀਲ ਨਹੀਂ ਹੁੰਦੀ ਅਤੇ ਇਸ ਨਾਲ ਸਮਾਂ ਅਤੇ ਪੈਸਾ ਦੋਵਾਂ ਦੀ ਬੱਚਤ ਹੁੰਦੀ ਹੈ।

# ਸੰਤ ਬਾਬਾ ਭਾਗ ਸਿੰਘ 'ਵਰਸਿਟੀ ਵਿਖੇ ਖ਼ੂਨਦਾਨ ਕੈਂਪ ਲਗਾਇਆ




**ਆਦਮਪੁਰ (ਪਰਮਜੀਤ ਸਿੰਘ)**

ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ, ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਦੀ ਪ੍ਰੇਰਨਾ ਨਾਲ ਅਤੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ ਤੇ ਸ. ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਵਿਚ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਜੀਵਨ ਵਿਗਿਆਨ ਅਤੇ ਸਿਹਤ ਵਿਗਿਆਨ ਵਿਭਾਗ, ਆਈ ਕਿਊ ਏ ਸੀ, ਆਈ ਆਈ ਸੀ ਵੱਲੋਂ ਡੇਰਾ ਸੰਤਪੁਰਾ ਜੱਬੜ, ਮਾਣਕੋ ਵਿਖੇ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਭਾਈ ਘਨੱਈਆ ਜੀ ਚੈਰੀਟੇਬਲ ਬਲੱਡ ਬੈਂਕ ਅਤੇ ਹਸਪਤਾਲ, ਹੁਸ਼ਿਆਰਪੁਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਇਹ ਕੈਂਪ ਸੰਸਥਾਪਕ ਚਾਂਸਲਰ ਸੰਤ ਬਾਬਾ ਮਲਕੀਤ ਸਿੰਘ ਜੀ (ਐਸਬੀਬੀਐਸਯੂ) ਦੀ ਯਾਦ ਵਿੱਚ ਆਯੋਜਿਤ ਕੀਤਾ ਗਿਆ।ਕੈਂਪ ਦਾ ਉਦਘਾਟਨ ਡਾ. ਧਰਮਜੀਤ ਸਿੰਘ ਪਰਮਾਰ (ਵਾਈਸ ਚਾਂਸਲਰ ) ਨੇ ਕੀਤਾ। ਇਸ ਮੌਕੇ ਡਿਪਟੀ ਰਜਿਸਟਰਾਰ, ਸ. ਰੂਪ ਸਿੰਘ, ਡੀਨ ਯੂਆਈਐਸ, ਡਾ. ਸ਼ਵੇਤਾ ਸਿੰਘ, ਵਿਭਾਗ ਦੇ ਕੋਆਰਡੀਨੇਟਰ, ਡਾ. ਅਕਸ਼ ਸ਼ਰਮਾ ਸਮੇਤ ਜੀਵਨ ਵਿਗਿਆਨ ਅਤੇ ਸਿਹਤ ਵਿਗਿਆਨ ਵਿਭਾਗ ਦੇ ਫੈਕਲਟੀ ਮੈਂਬਰ ਵੀ ਮੌਜੂਦ ਸਨ। ਕੈਂਪ ਦੀ ਸ਼ੁਰੂਆਤ ਅਰਦਾਸ ਨਾਲ ਹੋਈ ਜਿਸ ਤੋਂ ਬਾਅਦ ਭਾਈ ਘਨੱਈਆ ਜੀ ਚੈਰੀਟੇਬਲ ਬਲੱਡ ਬੈਂਕ ਅਤੇ ਹਸਪਤਾਲ ਹੁਸ਼ਿਆਰਪੁਰ ਤੋਂ ਮੈਡੀਕਲ ਟੀਮ ਦਾ ਰਸਮੀ ਸਵਾਗਤ ਕੀਤਾ ਗਿਆ।ਇਸ ਕੈਂਪ ਵਿੱਚ 30 ਤੋਂ ਵੱਧ ਵਲੰਟੀਅਰਾਂ ਨੇ ਉਤਸ਼ਾਹ ਨਾਲ ਖ਼ੂਨਦਾਨ ਕੀਤਾ, ਜਿਨ੍ਹਾਂ ਵਿੱਚੋਂ 17 ਵਲੰਟੀਅਰ ਪਹਿਲੀ ਵਾਰ ਖ਼ੂਨਦਾਨ ਕਰਨ ਵਾਲੇ ਸਨ। ਵਲੰਟੀਅਰਾਂ ਵਿੱਚੋਂ ਬਹੁਤ ਸਾਰੇ ਯੂਨੀਵਰਸਿਟੀ ਦੇ ਵਿਦਿਆਰਥੀ ਅਤੇ ਸਟਾਫ ਸਨ। ਨੇੜਲੇ ਪਿੰਡਾਂ ਦੇ ਨੌਜਵਾਨਾਂ ਨੇ ਵੀ ਕੈਂਪ ਵਿੱਚ ਵਲੰਟੀਅਰ ਵਜੋਂ ਹਿੱਸਾ ਲਿਆ।ਮੈਡੀਕਲ ਸਟਾਫ ਮੈਂਬਰ ਨੇ ਭਾਗ ਲੈਣ ਵਾਲੇ ਵਲੰਟੀਅਰਾਂ ਦੇ ਮਨੁੱਖਤਾ ਦੀ ਸੇਵਾ ਕਰਨ ਦੇ ਉਤਸ਼ਾਹ ਅਤੇ ਜਨੂੰਨ ਨੂੰ ਦੇਖ ਕੇ ਬਹੁਤ ਖੁਸ਼ ਹੋਏ।

# ਸੁਖਵਿੰਦਰ ਪੰਛੀ ਦਾ ਨਵਾਂ ਧਾਰਮਿਕ ਗੀਤ 'ਤੇਗਾ ਅਜੀਤ ਜੁਝਾਰ ਦੀਆਂ' ਰਿਲੀਜ਼



**ਬਸਤੀ ਸ਼ੇਖ (ਜਲੰਧਰ) (ਲਖਵਿੰਦਰ ਸਿੰਘ)**-ਇੰਟਰਨੈਸ਼ਨਲ ਪੰਜਾਬੀ ਗਾਇਕ ਸੁਖਵਿੰਦਰ ਪੰਛੀ ਦਾ ਸ਼ਹੀਦੀ ਦਿਹਾੜਿਆਂ ਨੂੰ ਸਮਰਪਿਤ ਨਵਾਂ ਧਾਰਮਿਕ ਗੀਤ 'ਤੇਗਾ ਅਜੀਤ ਜੁਝਾਰ ਦੀਆਂ' ਵਿਸ਼ਵ ਪੱਧਰ ਤੇ ਰਿਲੀਜ਼ ਕੀਤਾ ਗਿਆ। ਇਹਨਾਂ ਬਾਕਮਾਲ ਸ਼ਬਦਾ ਨੂੰ ਲੜੀ 'ਚ ਪ੍ਰੋਇਆ ਲੇਖਕ ਡਾ. ਗੁਰਦਿਆਲ ਸਿੰਘ ਸੰਧੂ (ਗੰਧਰਾ ਵਾਲੇ) ਯੂ ਐਸ ਏ ਨੇ ਅਤੇ ਮਿਊਜ਼ਿਕ ਕੰਪਨੀ ਐਸ ਪੀ ਟਰੈਕ ਚੰਡੀਗੜ੍ਹ ਵਾਲੇ ਜੋਅ ਵੀ ਨੇ ਬਾਕਮਾਲ ਮਿਊਜ਼ਿਕ ਤਿਆਰ ਕੀਤਾ ਹੈ ਅਤੇ ਵੀਡੀਓ ਮੂਮਿੰਟ ਮੇਕਰ ਫਿਲਮ ਅਰਸ਼, ਦੀਪਕ ਅਤੇ ਲਵਲੀ ਨੇ ਵੱਖ ਵੱਖ ਥਾਵਾਂ ਤੇ ਸ਼ੂਟ ਕੀਤਾ। ਐੱਨ ਆਰ ਆਈ ਪਰਮਿੰਦਰ ਸਿੰਘ ਦੂੜੇ ਯੂ ਐਸ ਏ, ਕੇਵਲ ਸਿੰਘ ਸਿੱਧੂ ਯੂ ਐਸ ਏ, ਕਸ਼ਮੀਰ ਸਿੰਘ ਧੁੱਗਾ ਯੂ ਐਸ ਏ, ਸਤਵਿੰਦਰ ਸਿੰਘ ਸੰਧਰ ਯੂ ਐਸ ਏ, ਜਸਵਿੰਦਰ ਸਿੰਘ ਸ਼ੇਰਗਿੱਲ ਯੂ ਐਸ ਏ ਆਦਿ ਵੀਰਾਂ ਨੇ ਸਹਿਯੋਗ ਦਿੱਤਾ।

# ਮਿਡ-ਡੇ-ਮੀਲ ਵਰਕਰਜ਼ ਯੂਨੀਅਨ ਦੀ ਕਾਨਫਰੰਸ ਸੰਪੰਨ



**ਜਲੰਧਰ (ਰਾਜੇਸ਼ ਥਾਪਾ)**

ਪੰਜਾਬ ਦੇ ਵੱਖ-ਵੱਖ ਸਕੂਲਾਂ ਵਿੱਚ ਨਿਗੂਣੇ ਜਿਹੇ ਮਾਣ ਭੱਤੇ 'ਤੇ ਕੰਮ ਕਰਦੀਆਂ ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਜ਼ਿਲ੍ਹਾ ਜਲੰਧਰ ਦੀ ਜਥੇਬੰਦਕ ਕਨਵੈਂਨਸ਼ਨ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਅਮਰਜੀਤ ਕੌਰ ਨਗਰ, ਊਸ਼ਾ ਰਾਣੀ ਨੂਰਮਹਿਲ, ਜਸਬੀਰ ਕੌਰ ਬੰਡਾਲਾ ਅਤੇ ਸੁਖਵਿੰਦਰ ਕੌਰ ਗੁਰਾਇਆ ਤੇ ਆਧਾਰਤ ਪ੍ਰਧਾਨਗੀ ਮੰਡਲ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ। ਇਸ ਜਥੇਬੰਦਕ ਕਨਵੈਂਨਸ਼ਨ ਦਾ ਉਦਘਾਟਨ ਕਰਦਿਆਂ ਤੇ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰਾਂ ਵਿਸ਼ਵ ਬੈਂਕ ਅਤੇ ਸਰਮਾਏਦਾਰਾਂ ਦੇ ਦਬਾਅ ਹੇਠ ਜਨਤਕ ਅਦਾਰਿਆਂ ਨੂੰ ਖਤਮ ਕਰੀ ਜਾ ਰਹੀਆਂ ਹਨ। ਸਰਕਾਰੀ ਮਹਿਕਮਿਆਂ ਅੰਦਰ ਰੈਗੂਲਰ ਅਤੇ ਪੂਰੇ ਸਕੇਲਾਂ ਤੇ ਮੁਲਾਜ਼ਮਾਂ ਦੀ ਭਰਤੀ ਕਰਨ ਦੀ ਬਜਾਏ ਠੇਕੇ ਅਤੇ ਨਿਗੂਣੇ ਜਿਹੇ ਮਾਣ ਭੱਤਿਆਂ 'ਤੇ ਭਰਤੀ ਕਰਕੇ ਇਹਨਾਂ ਮੁਲਾਜ਼ਮਾਂ ਦਾ ਆਰਥਿਕ ਅਤੇ ਸਮਾਜਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ। ਉਹਨਾਂ ਮਿੱਡ-ਡੇ-ਮੀਲ ਵਰਕਰਾਂ ਨੂੰ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਲਗਾਤਾਰ ਸੰਘਰਸ਼ ਕਰਨ ਲਈ ਪ੍ਰੇਰਿਆ।ਸਟੇਜ ਦੀ ਕਾਰਵਾਈ ਚਲਾਉਂਦਿਆਂ ਜਥੇਬੰਦੀ ਦੀ ਜਿਲ੍ਹਾ ਜਨਰਲ ਸਕੱਤਰ ਸਿਮਰਨਜੀਤ ਕੌਰ ਪਾਸਲਾ ਨੇ ਪਿਛਲੀ ਟਰਮ ਦੌਰਾਨ ਕੀਤੀਆਂ ਜਥੇਬੰਦੀ ਦੀਆਂ ਗਤੀਵਿਧੀਆਂ ਦੀ ਰਿਪੋਰਟ ਪੇਸ਼ ਕੀਤੀ।ਜਿਸ ਰਿਪੋਰਟ ਉੱਪਰ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਤੋਂ 8 ਡੈਲੀਗੇਟਾਂ ਨੇ ਆਪਣੇ ਵਿਚਾਰ ਪੇਸ਼ ਕੀਤੇ।ਇਸ ਕਨਵੈਂਨਸ਼ਨ ਨੂੰ ਭਰਾਤਰੀ ਤੌਰ 'ਤੇ ਪੁਸਪਿੰਦਰ ਕੁਮਾਰ ਵਿਰਦੀ, ਕਰਨੈਲ ਫਿਲੌਰ,ਜਗੀਰ ਸਿੰਘ,ਰਤਨ ਸਿੰਘ, ਬਲਵੀਰ ਸਿੰਘ, ਸੁਖਵਿੰਦਰ ਰਾਮ ਗੁਰਾਇਆ, ਕੁਲਦੀਪ ਸਿੰਘ ਕੌੜਾ, ਕੁਲਦੀਪ ਵਾਲੀਆ ਆਦਿ ਨੇ ਵੀ ਸੰਬੋਧਨ ਕੀਤਾ। ਕਨਵੈਨਸ਼ਨ ਦੇ ਅਖੀਰ ਵਿੱਚ ਪ ਸ ਸ ਫ ਦੇ ਜਿਲ੍ਹਾ ਜਨਰਲ ਸਕੱਤਰ ਮਨੋਜ ਕੁਮਾਰ ਸਰੋਏ ਨੇ ਅਗਲੀ ਟਰਮ ਲਈ 25 ਮੈਂਬਰੀ ਕਮੇਟੀ ਦਾ ਪੈਨਲ ਪੇਸ਼ ਕੀਤਾ। ਜਿਸ ਅਨੁਸਾਰ ਪ੍ਰਧਾਨ ਚਰਨਜੀਤ ਕੌਰ ਮਾਹਲ, ਸੀਨੀਅਰ ਮੀਤ ਪ੍ਰਧਾਨ ਊਸ਼ਾ ਰਾਣੀ ਨੂਰਮਹਿਲ, ਮੀਤ ਪ੍ਰਧਾਨ ਜਸਬੀਰ ਕੌਰ ਬੰਡਾਲਾ, ਪ੍ਰਦੀਪ ਕੌਰ ਬੱਪਾਰਾਏ, ਰਾਜਵਿੰਦਰ ਕੌਰ ਭੋਗਪੁਰ, ਕਰਮਜੀਤ ਕੌਰ ਬਘੇਲਾ, ਜੀਵਨ ਕੁਮਾਰੀ ਆਦਮਪੁਰ ਜਨਰਲ ਸਕੱਤਰ ਸਿਮਰਨਜੀਤ ਕੋਰ ਪਾਸਲਾ, ਜੁਆਇੰਟ ਸਕੱਤਰ ਸੁਖਵਿੰਦਰ ਕੌਰ, ਕੈਸ਼ੀਅਰ ਅਮਰਜੀਤ ਕੋਰ ਨਗਰ, ਸਹਾਇਕ ਕੈਸ਼ੀਅਰ ਨਿਰਮਲਜੀਤ ਕੌਰ ਪ੍ਰੈਸ ਸਕੱਤਰ ਕਸ਼ਮੀਰ ਕੌਰ ਢੇਸੀ, ਸਹਾਇਕ ਪ੍ਰੈਸ ਸਕੱਤਰ ਕਿਰਨ ਬਾਲਾ,ਪ੍ਰਚਾਰ ਸਕੱਤਰ ਸਰਬਜੀਤ ਕੌਰ ਸਹਾਇਕ ਸਕੱਤਰ ਸੋਨੀਆ,ਰਾਜ ਰਾਣੀ ਆਦਮਪੁਰ ਜਸਵੀਰ ਕੌਰ ਨੂਰਮਹਿਲ, ਸਸੀ ਬਾਲਾ ਭੋਗਪੁਰ ਮਨਜੀਤ ਕੌਰ ਸਾਹਕੋਟ,ਅਤੇ ਮੁੱਖ ਸਲਾਹਕਾਰ ਸੁਖਵਿੰਦਰ ਰਾਮ ਸਮੇਤ 25 ਮੈਂਬਰੀ ਕਮੇਟੀ ਚੁਣੀ।

# ਨੇਕੀ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ ਦੇ ਮੈਡੀਕਲ ਸਲਾਹਕਾਰ ਨਿਯੁਕਤ



**ਜਲੰਧਰ (ਰਾਜੇਸ਼ ਥਾਪਾ)**-ਮੈਡੀਕਲ ਖੇਤਰ ਦੀ ਜਾਣੀ ਪਛਾਣੀ ਸ਼ਖ਼ਸੀਅਤ, ਡਾਕਟਰ ਨਿਰੰਕਾਰ ਸਿੰਘ ਨੇਕੀ (ਐਸੋਸੀਏਟ ਡੀਨ, ਅਕਾਦਮਿਕ, ਪ੍ਰਿੰਸੀਪਲ, ਪਿਮਸ ਜਲੰਧਰ) ਨੂੰ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ ਦਾ ਮੈਡੀਕਲ ਸਲਾਹਕਾਰ ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਲਿਖਤੀ ਸੂਚਨਾ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ ਦਫ਼ਤਰ ਦਿੱਲੀ ਵੱਲੋਂ ਡਾਕਟਰ ਨੇਕੀ ਨੂੰ ਭੇਜੀ ਗਈ ਹੈ।ਇੱਥੇ ਇਹ ਵਰਣਨਯੋਗ ਹੈ ਕਿ ਡਾਕਟਰ ਨੇਕੀ ਨੂੰ ਪਹਿਲਾਂ ਵੀ ਕਈ ਰਾਸ਼ਟਰੀ/ਅੰਤਰਰਾਸ਼ਟਰੀ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ, ਜਿਨ੍ਹਾਂ ਵਿੱਚ 'ਰਾਜੀਵ ਗਾਂਧੀ ਗੋਲਡ ਸਟਾਰ ਮੇਡ ਇੰਡੀਆ' ਵੱਲੋਂ ਲਾਈਫ ਟਾਈਮ ਅਚੀਵਮੈਂਟ ਪੁਰਸਕਾਰ, ਇੰਡੀਅਨ ਮੈਡੀਕਲ ਐਸੋਸੀਏਸ਼ਨ ਵੱਲੋਂ ਬੈਸਟ ਮੈਡੀਕਲ ਟੀਚਰ ਪੁਰਸਕਾਰ ਸ਼ਾਮਲ ਹਨ।ਇਸ ਤੋਂ ਇਲਾਵਾ, ਉਹਨਾਂ ਨੂੰ ਐਸ.ਜੀ.ਪੀ.ਸੀ. ਅੰਮ੍ਰਿਤਸਰ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ ਬਾਰ ਐਸੋਸੀਏਸ਼ਨ ਅਤੇ ਅਨੇਕਾਂ ਹੋਰ ਐਨ.ਜੀ.ਓਜ਼ ਵੱਲੋਂ ਸਨਮਾਨਿਤ ਕੀਤਾ ਜਾ ਚੁੱਕਾ ਹੈ।ਡਾਕਟਰ ਨੇਕੀ ਕਈ ਮੈਡੀਕਲ ਸੁਸਾਇਟੀਆਂ ਦੇ ਪ੍ਰਧਾਨ ਅਤੇ ਕਈ ਮੈਡੀਕਲ ਰਸਾਲਿਆਂ ਦੇ ਐਡੀਟਰ ਵੀ ਰਹਿ ਚੁੱਕੇ ਹਨ। ਉਹ 51 ਵਾਰ ਖ਼ੂਨ ਦਾਨ ਵੀ ਕਰ ਚੁੱਕੇ ਹਨ।

# ਡਾ. ਅੰਬੇਡਕਰ ਦੇ ਪ੍ਰੀ-ਨਿਰਵਾਣ ਦਿਵਸ ਮੌਕੇ ਸਮਾਗਮ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਡਾ. ਭੀਮ ਰਾਓ ਅੰਬੇਡਕਰ ਦੇ ਪ੍ਰੀ ਨਿਰਵਾਣ ਦਿਵਸ ਮੌਕੇ ਇੱਕ ਵਿਸ਼ੇਸ਼ ਸਮਾਗਮ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਮਾਹਿਲਪੁਰ ਵੱਲੋਂ ਗੁਰਦੁਆਰਾ ਸਤਿਗੁਰੂ ਰਵਿਦਾਸ ਮਹਾਰਾਜ ਬੀ ਡੀ ਓ ਕਾਲੋਨੀ ਨੇੜੇ ਸਬ ਤਹਿਸੀਲ ਕੰਪਲੈਕਸ ਮਾਹਿਲਪੁਰ ਵਿਖੇ ਕੀਤਾ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਬਾਬਾ ਸਾਹਿਬ ਜੀ ਦੀ ਤਸਵੀਰ ਅੱਗੇ ਮੋਮਬੱਤੀ ਜਗਾਈ ਗਈ ਅਤੇ ਫੁੱਲ ਮਾਲਾਵਾਂ ਅਰਪਿਤ ਕੀਤੀਆਂ ਗਈਆਂ। ਇਸ ਮੌਕੇ ਰੇਖਾ ਰਾਣੀ ਪ੍ਰਧਾਨ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ, ਸੁਸਾਇਟੀ ਦੀ ਸੀਨੀਅਰ ਮਿਸ਼ਨਰੀ ਆਗੂ ਨਿਰਮਲ ਕੌਰ ਬੋਧ, ਲੈਕਚਰਾਰ ਦਵਿੰਦਰ ਕੌਰ, ਕੁਲਦੀਪ ਕੌਰ, ਸ਼ਸ਼ੀ ਬੰਗੜ ਸੀਨੀਅਰ ਮੀਤ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ, ਸੋਨੀਆ, ਅਮਰਜੀਤ ਕੌਰ, ਸੁਮੀਤਾ, ਗਗਨਦੀਪ ਕੌਰ, ਮਾਸਟਰ ਜੈ ਰਾਮ ਬਾੜੀਆ, ਡਾਕਟਰ ਪਰਮਿੰਦਰ ਸਿੰਘ, ਪ੍ਰਵੀਨ, ਦੀਆ ਰਾਣੀ, ਪ੍ਰਭਜੋਤ, ਕਾਜਲ, ਸੀਮਾ, ਰਣਜੀਤ ਕੌਰ, ਮਾਨਵ, ਦਿਵਿਆਂਸ਼ੂ, ਸਮੀਰ, ਗੁਰਪਾਲ ਕੌਰ, ਤ੍ਰਿਸ਼ਾ, ਪਰੀ, ਬਾਣੀ, ਕਮਲਦੀਪ, ਸੀਮਾ, ਜਸਮੀਨ, ਰਿਟਾਇਰ ਥਾਣੇਦਾਰ ਸੁਖਦੇਵ ਸਿੰਘ, ਮਾਸਟਰ ਜੈ ਰਾਮ ਬਾੜੀਆਂ ਸਮੇਤ ਸੁਸਾਇਟੀ ਦੇ ਮੈਂਬਰ ਅਤੇ ਸਮਰਥਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਵੱਲੋ ਸਮੁੱਚੀ ਮਾਨਵ ਜਾਤੀ ਨੂੰ ਦਿੱਤੀਆਂ ਸੇਵਾਵਾਂ ਦਾ ਜ਼ਿਕਰ ਕੀਤਾ। ਸੋਸਾਇਟੀ ਦੀ ਪ੍ਰਧਾਨ ਰੇਖਾ ਰਾਣੀ ਅਤੇ ਨਿਰਮਲ ਕੌਰ ਬੋਧ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਦੀ ਬਦੌਲਤ ਹੀ ਸੰਵਿਧਾਨ ਦੇ ਮਾਧਿਅਮ ਰਾਹੀਂ ਔਰਤ ਜਾਤੀ ਨੂੰ ਬਰਾਬਰਤਾ ਦੇ ਅਧਿਕਾਰ ਮਿਲੇ, ਜਿਸ ਕਾਰਨ ਉਹ ਅੱਜ ਜ਼ਿੰਦਗੀ ਦੇ ਹਰ ਖੇਤਰ ਵਿੱਚ ਅੱਗੇ ਵਧ ਰਹੀ ਹੈ। ਇਸ ਮੌਕੇ ਸੋਸਾਇਟੀ ਵੱਲੋਂ ਡਾਕਟਰ ਅੰਬੇਡਕਰ ਦੇ ਮਿਸ਼ਨ ਤੇ ਕੰਮ ਕਰਦੇ 16 ਬੱਚਿਆਂ ਨੂੰ ਪੰਜ-ਪੰਜ ਸੌ ਰੁਪਏ ਨਗਦ ਦੇ ਕੇ ਲਈ ਸਨਮਾਨਤ ਕੀਤਾ ਗਿਆ। ਇਸ ਤੋਂ ਬਾਅਦ ਰੇਖਾ ਰਾਣੀ, ਨਿਰਮਲ ਕੌਰ ਬੋਧ, ਮਾਸਟਰ ਜੈ ਰਾਮ ਬਾੜੀਆਂ, ਸੁਮੀਤਾ, ਕੁਲਦੀਪ ਕੌਰ, ਗਗਨਦੀਪ ਕੌਰ, ਸੀਮਾ ਅਤੇ ਸੁਸਾਇਟੀ ਦੇ ਹੋਰ ਮੈਂਬਰ ਨਿਰਵਾਣੂ ਕੁਟੀਆ ਮਾਹਿਲਪੁਰ ਵਿਖੇ ਗਏ। ਇੱਥੇ ਉਹਨਾਂ ਨੇ ਬੁੱਧ ਮਹਾਂਪੁਰਸ਼ਾਂ ਦੀਆਂ ਤਸਵੀਰਾਂ ਅੱਗੇ ਮੋਮਬੱਤੀਆਂ ਜਗਾਈਆਂ ਅਤੇ ਬਾਬਾ ਸਾਹਿਬ ਨੂੰ ਯਾਦ ਕਰਦੇ ਹੋਏ ਉਹਨਾਂ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਸੰਕਲਪ ਕੀਤਾ।

# 52 ਉਮੀਦਵਾਰਾਂ 'ਚੋਂ 10 ਵੱਲੋਂ ਨਾਮਜ਼ਦਗੀਆਂ ਵਾਪਸ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**-ਸ੍ਰੀ ਚਮਕੌਰ ਸਾਹਿਬ ਬਲਾਕ ਸੰਮਤੀ ਦੇ 15 ਜ਼ੋਨਾਂ ਦੀ ਚੋਣ ਲਈ ਵੱਖ ਵੱਖ ਪਾਰਟੀਆਂ ਦੇ 54 ਚੋਣ ਲੜਨ ਦੇ ਚਾਹਵਾਨ ਉਮੀਦਵਾਰਾਂ ਵੱਲੋਂ ਪੇਪਰ ਦਾਖ਼ਲ ਕਰਵਾਏ ਗਏ ਸਨ। ਇਨ੍ਹਾਂ ਵਿੱਚੋਂ ਪੜਤਾਲ ਕਰਨ ਤੇ ਦੋ ਜਣਿਆਂ, ਜਿਨ੍ਹਾਂ ਵਿੱਚ ਜ਼ੋਨ ਨੰਬਰ 2 ਪਿੰਡ ਬਾਲਸੰਡਾ ਤੋਂ ਇੱਕ ਉਮੀਦਵਾਰ ਅਤੇ ਜ਼ੋਨ ਨੰਬਰ 6 ਪਿੰਡ ਸੰਧੂਆਂ ਤੋਂ ਇੱਕ ਉਮੀਦਵਾਰ ਦੇ ਪੇਪਰ ਰੱਦ ਹੋ ਗਏ ਸਨ, ਜਿਸ ਕਾਰਨ ਚੋਣ ਮੈਦਾਨ ਵਿੱਚ 42 ਉਮੀਦਵਾਰ ਰਹਿ ਗਏ ਸਨ। ਐਸ ਡੀ ਐਮ ਕਮ ਰਿਟਰਨਿੰਗ ਅਫਸਰ ਅਮਰੀਕ ਸਿੰਘ ਸਿੱਧੂ ਨੇ ਦੱਸਿਆ ਕਿ ਉਕਤ ਉਮੀਦਵਾਰਾਂ ਵਿੱਚੋਂ 11 ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੇਪਰ ਵਾਪਸ ਲੈ ਲਏ ਹਨ। ਉਨ੍ਹਾਂ ਦੱਸਿਆ ਕਿ ਇੰਨ੍ਹਾਂ ਵਿੱਚ ਜ਼ੋਨ ਨੰਬਰ 2 ਪਿੰਡ ਬਾਲਸੰਡਾ ਤੋਂ ਗੁਰਪ੍ਰੀਤ ਕੌਰ, ਜ਼ੋਨ ਨੰਬਰ 4 ਪਿੱਪਲ ਮਾਜਰਾ ਤੋਂ ਸੁਖਜਿੰਦਰ ਸਿੰਘ, ਜ਼ੋਨ ਨੰਬਰ 5 ਬਰਸਾਲਪੁਰ ਤੋਂ ਮਨਜੀਤ ਕੌਰ, ਜ਼ੋਨ ਨੰਬਰ 7 ਰਸੀਦਪੁਰ ਤੋਂ ਲਵਪ੍ਰੀਤ ਕੈਂਥ, ਜ਼ੋਨ ਨੰਬਰ 8 ਖੋਖਰ ਤੋਂ ਅਵਤਾਰ ਸਿੰਘ, ਜ਼ੋਨ ਨੰਬਰ 9 ਬਹਿਰਾਮਪੁਰ ਬੇਟ ਤੋਂ ਦਰਸ਼ਨ ਸਿੰਘ, ਜ਼ੋਨ ਨੰਬਰ 9 ਬਹਿਰਾਮਪੁਰ ਬੇਟ ਤੋਂ ਹਰਨੇਕ ਸਿੰਘ, ਜ਼ੋਨ ਨੰਬਰ 10 ਮਹਿਤੋਤ ਤੋਂ ਮਨਦੀਪ ਕੌਰ, ਜ਼ੋਨ ਨੰਬਰ 11 ਬੇਲਾ ਤੋਂ ਸੁਰਜੀਤ ਕੌਰ, ਜ਼ੋਨ ਨੰਬਰ 13 ਹਾਫਿਜ਼ਾਬਾਦ ਤੋਂ ਜਸਵੀਰ ਸਿੰਘ, ਜ਼ੋਨ ਨੰਬਰ 14 ਭਲਿਆਣ ਤੋਂ ਜਸਪਾਲ ਕੌਰ ਨੇ ਆਪਣੇ ਨਾਮਜ਼ਦਗੀ ਪੇਪਰ ਵਾਪਸ ਲੈ ਲਏ ਹਨ, ਜਿਸ ਕਾਰਨ ਹੁਣ ਚੋਣ ਮੈਦਾਨ ਵਿੱਚ 41 ਉਮੀਦਵਾਰ ਰਹਿ ਗਏ ਹਨ।

# ਪੰਚਾਇਤ ਸੰਮਤੀ ਚੋਣਾਂ : 104 ਉਮੀਦਵਾਰਾਂ ਨੇ ਨਾਮਜ਼ਦਗੀਆਂ ਵਾਪਸ ਲਈਆਂ

**ਮੋਹਾਲੀ (ਗੁਰਜੀਤ ਬਿੱਲਾ)**

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਧਿਕਾਰੀ ਕੋਮਲ ਮਿੱਤਲ ਨੇ ਦੱਸਿਆ ਕਿ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ 14 ਦਸੰਬਰ ਨੂੰ ਹੋਣ ਵਾਲੀਆਂ ਪੰਚਾਇਤ ਸੰਮਤੀ ਚੋਣਾਂ ਲਈ ਨਾਮਜ਼ਦਗੀ ਪੱਤਰਾਂ ਦੀ ਵਾਪਸੀ ਦੀ ਪ੍ਰਕਿਰਿਆ ਸ਼ਨੀਵਾਰ ਸੁਚਾਰੂ ਢੰਗ ਨਾਲ ਸਮਾਪਤ ਹੋਈ। ਕੱਲ੍ਹ ਪੜਤਾਲ ਤੋਂ ਬਾਅਦ ਯੋਗ ਪਾਏ ਗਏ 310 ਉਮੀਦਵਾਰਾਂ ਵਿੱਚੋਂ ਅੱਜ 104 ਉਮੀਦਵਾਰਾਂ ਨੇ ਆਪਣੀਆਂ ਨਾਮਜ਼ਦਗੀਆਂ ਵਾਪਸ ਲੈ ਲਈਆਂ, ਜਿਸ ਨਾਲ ਖਰੜ, ਮਾਜਰੀ ਅਤੇ ਡੇਰਾਬੱਸੀ ਦੀਆਂ ਤਿੰਨਾਂ ਪੰਚਾਇਤ ਸੰਮਤੀਆਂ ਵਿੱਚ 206 ਉਮੀਦਵਾਰ ਚੋਣ ਮੈਦਾਨ ਵਿੱਚ ਰਹਿ ਗਏ ਹਨ। ਸੰਮਤੀ-ਵਾਰ ਵੇਰਵੇ ਦਿੰਦੇ ਹੋਏ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਖਰੜ ਪੰਚਾਇਤ ਸੰਮਤੀ ਵਿੱਚ 73 ਯੋਗ ਨਾਮਜ਼ਦਗੀਆਂ ਵਿੱਚੋਂ 24 ਉਮੀਦਵਾਰਾਂ ਨੇ ਆਪਣੇ ਨਾਂਅ ਵਾਪਸ ਲੈ ਲਏ, ਜਿਸ ਨਾਲ 49 ਉਮੀਦਵਾਰ ਚੋਣ ਮੈਦਾਨ ਵਿੱਚ ਰਹਿ ਗਏ ਹਨ।ਇਸੇ ਤਰ੍ਹਾਂ ਮਾਜਰੀ ਪੰਚਾਇਤ ਸੰਮਤੀ ਵਿੱਚ 94 ਯੋਗ ਨਾਮਜ਼ਦਗੀਆਂ ਵਿੱਚੋਂ 31 ਉਮੀਦਵਾਰਾਂ ਨੇ ਆਪਣੇ ਨਾਂਅ ਵਾਪਸ ਲੈ ਲਏ, ਜਿਸ ਨਾਲ 63 ਉਮੀਦਵਾਰ ਚੋਣ ਮੈਦਾਨ ਵਿੱਚ ਰਹਿ ਗਏ।ਡੇਰਾਬੱਸੀ ਪੰਚਾਇਤ ਸੰਮਤੀ ਲਈ 143 ਯੋਗ ਨਾਮਜ਼ਦਗੀਆਂ ਵਿੱਚੋਂ 49 ਉਮੀਦਵਾਰਾਂ ਨੇ ਨਾਂਅ ਵਾਪਸ ਲੈ ਲਿਆ, ਜਿਸ ਨਾਲ 94 ਉਮੀਦਵਾਰ ਚੋਣ ਲੜਨਗੇ।ਡੀ ਸੀ ਮਿੱਤਲ ਨੇ ਕਿਹਾ ਕਿ ਨਾਮਜ਼ਦਗੀ ਵਾਪਸੀ ਦੀਆਂ ਸਾਰੀਆਂ ਅਰਜ਼ੀਆਂ 'ਤੇ ਰਾਜ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਾਰਵਾਈ ਕੀਤੀ ਗਈ, ਜਿਸ ਨਾਲ ਪੂਰੀ ਪਾਰਦਰਸ਼ਤਾ ਅਤੇ ਚੋਣ ਜ਼ਾਬਤੇ ਦੀ ਪਾਲਣਾ ਨੂੰ ਯਕੀਨੀ ਬਣਾਇਆ ਗਿਆ।ਉਨ੍ਹਾਂ ਅੱਗੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਚੋਣ ਪ੍ਰਕਿਰਿਆ ਦੇ ਅਗਲੇ ਪੜਾਵਾਂ ਲਈ ਪੂਰੀ ਸਾਵਧਾਨੀ ਨਾਲ ਤਿਆਰੀਆਂ ਕੀਤੀਆਂ ਹਨ ਅਤੇ ਪ੍ਰਸ਼ਾਸਨ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਚੋਣਾਂ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।


# ਸਰਕਾਰੀ ਵਿਭਾਗਾਂ ਦੇ ਨਿੱਜੀਕਰਨ ਦੀ ਨੀਤੀ ਨੂੰ ਰੱਦ ਕਰਕੇ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰੇ ਸਰਕਾਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ (ਪੰਜਾਬ) ਦੇ ਬੈਨਰ ਹੇਠ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਵੱਲੋਂ ਵਿਭਾਗਾਂ ਦੇ ਨਿੱਜੀਕਰਨ ਦੀ ਨੀਤੀ ਨੂੰ ਰੱਦ ਕਰਕੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਕਰਨ ਦੀ ਮੰਗ ਨੂੰ ਲੈ ਕੇ ਕੀਤੀ ਜਾ ਰਹੀ ਤਿੰਨ ਰੋਜ਼ਾ ਹੜਤਾਲ ਦੇ ਪਹਿਲੇ ਦਿਨ ਜਲ ਸਪਲਾਈ ਸੈਨੀਟੇਸ਼ਨ ਕੰਟੈਕਟ ਵਰਕਰ ਯੂਨੀਅਨ ਰਜਿਸਟਰ ਨੰ ਮਿੰਨੀ ਸਕੱਤਰੇਤ ਹੁਸ਼ਿਆਰਪੁਰ ਅੱਗੇ ਧਰਨਾ ਦਿੱਤਾ ਗਿਆ ਤੇ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਬਧਣ, ਓਂਕਾਰ ਸਿੰਘ ਢਾਡਾ ਦਫਤਰੀ ਸਕੱਤਰ ਪੰਜਾਬ ਜਲ ਸਪਲਾਈ ਸੈਨੀਟੇਸ਼ਨ ਕੰਟੈਕਟ ਯੂਨੀਅਨ ਤੇ ਜਗਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਵੇਰਕਾ ਨੇ ਕਿਹਾ ਪਾਵਰ ਕੌਮ ਤੋਂ ਐਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਸਰਕਲ ਪ੍ਰਧਾਨ ਇੰਦਰਪ੍ਰੀਤ ਸਿੰਘ ਸਬ ਡਵੀਜ਼ਨ ਪ੍ਰਧਾਨ ਗੁਰਜੀਤ ਸਿੰਘ ਤੇ ਵੇਰਕਾ ਮਿਲਕ ਪਲਾਂਟ ਯੂਨੀਅਨ, ਸਮੂਹ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਮਰਜ ਕਰਕੇ ਪੱਕਾ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਆਪ ਸਰਕਾਰ ਨੇ ਆਪਣੇ ਕਾਰਜਕਾਲ ਦੇ ਪੌਣੇ ਚਾਰ ਸਾਲਾਂ ਵਿੱਚ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਸੰਬੰਧੀ ਅਜੇ ਤੱਕ ਕੋਈ ਵੀ ਨੀਤੀ ਨਹੀਂ ਬਣਾਈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਦੀ ਕਿਰਤ ਦੀ ਕੀਤੀ ਜਾ ਰਹੀ ਅੰਨ੍ਹੀ ਲੁੱਟ ਨੂੰ ਬੰਦ ਕਰਨ ਦੇ ਐਲਾਨ ਮਗਰੋਂ ਵੀ ਠੇਕਾ ਮੁਲਾਜ਼ਮਾਂ ਨੂੰ ਠੇਕਾ ਪ੍ਰਨਾਲੀ ਦੀ ਚੱਕੀ ਵਿੱਚ ਪਿਸਣ ਲਈ ਮਜਬੂਰ ਕੀਤਾ ਹੋਇਆ ਹੈ ਅਤੇ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਨਹੀਂ ਕੀਤਾ ਜਾ ਰਿਹਾ, ਜਿਸ ਤੋਂ ਸਿੱਧ ਹੁੰਦਾ ਹੈ ਕਿ ਆਪ ਸਰਕਾਰ ਵੀ ਪਿਛਲੀਆਂ ਸਰਕਾਰਾਂ ਦੀ ਤਰਾਂ ਆਊਟਸੋਰਸਡ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨਾਲ ਨੰਗਾ-ਚਿੱਟਾ ਧੋਖਾ ਕਰ ਰਹੀ ਹੈ ਅਤੇ ਨਿੱਜੀਕਰਨ ਦੇ ਇਸ ਹੱਲੇ ਤਹਿਤ ਸਮੂਹ ਸਰਕਾਰੀ ਵਿਭਾਗਾਂ ਵਿੱਚੋਂ ਕੰਮ-ਭਾਰ ਨੀਤੀ ਮੁਤਾਬਿਕ ਤੈਅ ਕੀਤੀਆਂ ਪੱਕੀਆਂ ਅਸਾਮੀਆਂ ਦਾ ਖਾਤਮਾ ਕੀਤਾ ਜਾ ਰਿਹਾ ਹੈ ਅਤੇ ਸਰਕਾਰੀ ਵਿਭਾਗਾਂ ਦੀਆਂ ਜਮੀਨਾਂ ਨੂੰ ਵੇਚਿਆ ਜਾ ਰਿਹਾ ਹੈ ਅਤੇ ਨਿੱਜੀਕਰਨ ਦੇ ਇਸ ਹੱਲੇ ਤਹਿਤ ਹੀ ਆਊਟਸੋਰਸਡ/ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਨਹੀਂ ਕੀਤਾ ਜਾ ਰਿਹਾ, ਜਿਸ ਦੇ ਵਿਰੋਧ ਵਜੋਂ ਸਮੁੱਚੇ ਪੰਜਾਬ ਵਿੱਚ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮ ਤਿੰਨ ਰੋਜਾ ਹੜਤਾਲ਼ ਕਰਕੇ ਆਪਣੇ-ਆਪਣੇ ਵਿਭਾਗਾਂ ਦੇ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਕਰਨ ਦੇ ਉਲੀਕੇ ਸੰਘਰਸ਼ ਤਹਿਤ 3 ਦਿਨ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰੀ ਵਿਭਾਗਾਂ ਦੇ ਨਿੱਜੀਕਰਨ ਦੀ ਨੀਤੀ ਨੂੰ ਰੱਦ ਕੀਤਾ ਜਾਵੇ, ਨਵੇਂ ਕਿਰਤ ਅਤੇ ਬਿਜਲੀ ਕਾਨੂੰਨਾਂ ਨੂੰ ਰੱਦ ਕੀਤਾ ਜਾਵੇ, ਸਰਕਾਰੀ ਵਿਭਾਗਾਂ ਦੇ ਆਊਟਸੋਰਸਡ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਪਹਿਲ ਅਤੇ ਤਜਰਬੇ ਦੇ ਆਧਾਰ ਤੇ ਵਿਭਾਗਾਂ ਵਿੱਚ ਪੱਕਾ ਕੀਤਾ ਜਾਵੇ, ਘੱਟੋ-ਘੱਟ ਉਜਰਤਾਂ ਦੇ ਕਾਨੂੰਨ 1948 / ਪੰਦਰ੍ਹਵੀਂ ਲੇਬਰ ਕਾਨਫ਼ਰੰਸ ਦੇ ਫਾਰਮੂਲੇ ਮੁਤਾਬਿਕ ਠੇਕਾ ਮੁਲਾਜ਼ਮਾਂ ਦੀ ਗੁਜ਼ਾਰੇਯੋਗ ਤਨਖ਼ਾਹ ਨਿਸ਼ਚਿਤ ਕੀਤੀ ਜਾਵੇ,ਸੇਵਾ ਕਾਲ ਦੌਰਾਨ ਮੌਤ/ਨਕਾਰਾ ਹੋਣ ਤੇ ਪਰਵਾਰਕ ਮੈਂਬਰ ਨੂੰ ਸਰਕਾਰੀ ਨੌਕਰੀ,ਪੈਨਸ਼ਨ ਅਤੇ ਯੋਗ ਮੁਆਵਜ਼ਾ ਦਿੱਤਾ ਜਾਵੇ,ਠੇਕਾ ਮੁਲਾਜ਼ਮਾਂ ਦੇ ਸੇਵਾ ਮੁਕਤ ਹੋਣ ਉਪਰੰਤ ਪੈਨਸ਼ਨ ਅਤੇ ਗੁਜ਼ਾਰਾ ਫੰਡ ਦਿੱਤਾ ਜਾਵੇ ਪਾਵਰ ਕਾਮ ਦੇ ਠੇਕਾ ਮੁਲਾਜ਼ਮਾਂ ਵੱਲੋਂ ਹੁਸ਼ਿਆਰਪੁਰ ਦੇ ਬਾਜ਼ਾਰ ਵਿੱਚ ਰੋਸ ਰੈਲੀ ਕਰਦੇ ਆਂ ਹੁਸ਼ਿਆਰਪੁਰ ਦੇ ਮਿੰਨੀ ਸਕੱਤਰੇਤ ਤੱਕ ਰੈਲੀ ਕੀਤੀ ਗਈ। ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਬੈਨਰ ਹੇਠ ਹੁਸ਼ਿਆਰਪੁਰ ਦੀ ਏ ਡੀ ਸੀ ਉਇਸ਼ੀ ਮੰਡਲ ਨੂੰ ਮੰਗ ਪੱਤਰ ਦਿੱਤਾ ਗਿਆ।

# ਸਿਹਤ ਵਿਭਾਗ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ : ਸਿਵਲ ਸਰਜਨ



**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਮਾਣਯੋਗ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਜ਼ਿਲ੍ਹਾ ਹਸਪਤਾਲ ਨਵਾਂਸ਼ਹਿਰ ਵਿਖੇ ਆਮ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਪਰਵਾਰ ਭਲਾਈ ਅਫਸਰ ਡਾ ਹਰੀਸ਼ ਕਿਰਪਾਲ ਤੇ ਜ਼ਿਲ੍ਹਾ ਹਸਪਤਾਲ, ਨਵਾਂਸਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਮੌਜੂਦ ਸਨ।ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਜ਼ਿਲ੍ਹਾ ਪਰਵਾਰ ਭਲਾਈ ਅਫਸਰ ਡਾ ਹਰੀਸ਼ ਕਿਰਪਾਲ ਤੇ ਜ਼ਿਲ੍ਹਾ ਹਸਪਤਾਲ ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਨਾਲ ਸਿਹਤ ਸਹੂਲਤਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਵਿਚਾਰ-ਵਟਾਂਦਰਾ ਕਰਦੇ ਹੋਏ ਜ਼ਰੂਰੀ ਸੁਝਾਅ ਸਾਂਝੇ ਕੀਤੇ ਤਾਂ ਜੋ ਕਿਸੇ ਵੀ ਮਰੀਜ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਡਾ. ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਜ਼ਿਲ੍ਹੇ ਵਿੱਚ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਨੂੰ ਯਕੀਨੀ ਬਣਾਉਣ ਲਈ ਹਮੇਸ਼ਾ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਮਰੀਜ਼ਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਐਕਸਟੈਂਸ਼ਨ ਐਜੂਕੇਟਰ ਵਿਕਾਸ ਵਿਰਦੀ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

# ਕਿਸਾਨ ਮੇਲੇ ਦੀਆਂ ਤਿਆਰੀਆਂ ਮੁਕੰਮਲ

**ਨਕੋਦਰ ( ਮਨਜੀਤ ਮਾਨ)**- ਜਲੰਧਰ ਪੋਟੈਟੋ ਗ੍ਰੋਵਰਸ ਐਸੋਸੀਏਸ਼ਨ ਵੱਲੋ 10 ਵਾਂ ਕਿਸਾਨ ਮੇਲਾ 8,9 ਦਸੰਬਰ ਨੂੰ ਨਵੀਂ ਦਾਣਾ ਮੰਡੀ ਨਕੋਦਰ ਵਿਖੇ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਪ੍ਰੈੱਸ ਨੂੰ ਇਹ ਜਾਣਕਾਰੀ ਇਕਬਾਲ ਸਿੰਘ ਐਂਡ ਕੋਲਡ ਸਟੋਰ ਦੇ ਮਾਲਕ ਇਕਬਾਲ ਸਿੰਘ ਮਾਲੂ ਪੁਰ, ਪ੍ਰਿਤਪਾਲ ਸਿੰਘ ਸੈਕਟਰੀ, ਅਸ਼ਵਿੰਦਰ ਪਾਲ ਸਿੰਘ ਖਹਿਰਾ ਵਾਇਸ ਪ੍ਰਧਾਨ,ਰਾਜ ਸਿੰਘ ਨਿੱਝਰ, ਬਲਰਾਜ ਸਿੰਘ ਖਹਿਰਾ ਨੇ ਸਾਂਝੇ ਤੌਰ ਤੇ ਦਿੰਦੇ ਹੋਏ ਦੱਸਿਆ ਕਿ ਇਸ ਕਿਸਾਨ ਮੇਲੇ ਵਿੱਚ 150 ਤੋਂ ਵੱਧ ਵੱਖ ਵੱਖ ਕੰਪਨੀਆਂ ਦੀਆਂ ਪ੍ਰਦਰਸ਼ਨੀਆਂ,150 ਤੋਂ ਵੱਧ ਖੇਤੀ ਦੀਆਂ ਮਸ਼ੀਨਾਂ ਦੀਆਂ ਪ੍ਰਦਰਸ਼ਨੀਆਂ ਲੱਗਣੀਆਂ ਤੇ ਇਸ ਕਿਸਾਨ ਮੇਲੇ ਵਿੱਚ 20 ਹਜ਼ਾਰ ਤੋਂ ਵੱਧ ਕਿਸਾਨ ਸ਼ਮੂਲੀਅਤ ਕਰਨਗੇ। ਉਕਤ ਆਗੂਆਂ ਨੇ ਕਿਹਾ ਕਿ ਇਸ ਕਿਸਾਨ ਮੇਲੇ ਨੂੰ ਸਫਲ ਬਣਾਉਣ ਲਈ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀਆਂ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਇਸ ਕਿਸਾਨ ਮੇਲੇ ਦਾ ਲਾਹਾ ਲੈਣ ਲਈ ਵੱਧ ਤੋਂ ਵੱਧ ਸ਼ਿਰਕਤ ਕਰਨ।



8-Dec-PAGE-9.qxd 12/7/2025 10:11 PM Page 1



# ਕੰਗ ਦਾ ਕਾਂਗਰਸ 'ਤੇ ਹਮਲਾ; ਕਿਹਾ, ਰਾਵਤ ਦੀ ਟਿੱਪਣੀ ਕਾਂਗਰਸ ਦੀ ਸਿੱਖ ਵਿਰੋਧੀ ਮਾਨਸਿਕਤਾ ਨੂੰ ਦਰਸਾਉਂਦੀ

**ਚੰਡੀਗੜ੍ਹ (ਗੁਰਜੀਤ ਬਿੱਲਾ)**
ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਉੱਤਰਾਖੰਡ ਵਿੱਚ ਇੱਕ ਮੀਟਿੰਗ ਵਿੱਚ ਸਿੱਖ ਭਾਈਚਾਰੇ ਵਿਰੁੱਧ ਬੇਹੱਦ ਇਤਰਾਜ਼ਯੋਗ ਅਤੇ ਅਪਮਾਨਜਨਕ ਟਿੱਪਣੀਆਂ ਕਰਨ ਲਈ ਕਾਂਗਰਸ ਆਗੂ ਹਰਕ ਸਿੰਘ ਰਾਵਤ ਦੀ ਸਖ਼ਤ ਨਿੰਦਾ ਕੀਤੀ ਹੈ। ਕੰਗ ਨੇ ਕਿਹਾ ਕਿ ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਮੰਤਰੀ ਰਾਵਤ ਨੇ 12 ਵੱਜ ਗਏ ਸ਼ਬਦ ਦੁਹਰਾ ਕੇ ਇੱਕ ਸਿੱਖ ਵਿਅਕਤੀ ਦਾ ਮਜ਼ਾਕ ਉਡਾਇਆ, ਜੋ ਕਾਂਗਰਸ ਪਾਰਟੀ ਦੀ ਸਿੱਖਾਂ ਨੂੰ ਨੀਵਾਂ ਦਿਖਾਉਣ ਅਤੇ ਉਨ੍ਹਾਂ 'ਤੇ ਹਮਲਾ ਕਰਨ ਦੀ ਪੁਰਾਣੀ ਮਾਨਸਿਕਤਾ ਨੂੰ ਦਰਸਾਉਂਦਾ ਹੈ।ਕੰਗ ਨੇ ਕਿਹਾ ਕਿ ਸਿੱਖਾਂ ਦਾ ਮਜ਼ਾਕ ਉਡਾਉਣਾ ਕਾਂਗਰਸ ਪਾਰਟੀ ਲਈ ਕੋਈ ਨਵੀਂ ਗੱਲ ਨਹੀਂ ਹੈ। ਉਨ੍ਹਾਂ ਕਿਹਾ ਕਿ ਭਾਵੇਂ ਉਹ ਸਾਡੇ ਇਤਿਹਾਸਕ ਗੁਰਦੁਆਰਿਆਂ 'ਤੇ ਤੋਪਾਂ ਅਤੇ ਟੈਂਕਾਂ ਨਾਲ ਗੋਲੀਬਾਰੀ ਕਰਨਾ ਹੋਵੇ, ਸਿੱਖ ਬੱਚਿਆਂ ਦਾ ਅਪਮਾਨ ਕਰਨਾ ਹੋਵੇ, ਪੰਜਾਬ ਕਾਂਗਰਸ ਦੇ ਆਗੂਆਂ ਦਾ ਸ਼ਰਮਨਾਕ ਵਿਹਾਰ ਹੋਵੇ, ਜਾਂ ਹਾਲੀਆ ਤਰਨ ਤਾਰਨ ਜ਼ਿਮਨੀ ਚੋਣ ਹੋਵੇ, ਜਿੱਥੇ ਕਾਂਗਰਸ ਆਗੂਆਂ ਨੇ ਗੁਰੂ ਤੇਗ ਬਹਾਦਰ ਸਾਹਿਬ ਦੀ ਤਸਵੀਰ ਦੇ ਉੱਪਰ ਆਪਣੀਆਂ ਤਸਵੀਰਾਂ ਲਗਾ ਦਿੱਤੀਆਂ, ਕਾਂਗਰਸ ਨੇ ਲਗਾਤਾਰ ਸਿੱਖ ਭਾਵਨਾਵਾਂ ਦਾ ਅਪਮਾਨ ਕੀਤਾ ਹੈ।ਸੰਸਦ ਮੈਂਬਰ ਨੇ ਹਰਕ ਸਿੰਘ ਰਾਵਤ ਅਤੇ ਕਾਂਗਰਸ ਲੀਡਰਸ਼ਿਪ ਨੂੰ 12 ਵਜੇ ਦੇ ਪਿੱਛੇ ਦੇ ਅਸਲੀ ਇਤਿਹਾਸ ਦੀ ਯਾਦ ਦਿਵਾਈ, ਉਹ ਸਮਾਂ ਜਦੋਂ ਸਿੱਖ ਯੋਧੇ ਅਬਦਾਲੀ ਵਰਗੇ ਹਮਲਾਵਰਾਂ ਦੁਆਰਾ ਕਾਬੂ ਵਿੱਚ ਅਗਵਾ ਕੀਤੀਆਂ ਅਤੇ ਵੇਚੀਆਂ ਜਾ ਰਹੀਆਂ ਹਿੰਦੂ ਧੀਆਂ ਨੂੰ ਬਚਾਉਣ ਲਈ ਜੁਟਦੇ ਸਨ। ਕੰਗ ਨੇ ਕਿਹਾ ਕਿ ਸਿੱਖਾਂ ਨੇ ਇਸ ਕੌਮ ਦੀਆਂ ਧੀਆਂ ਦੀ ਇੱਜ਼ਤ ਬਚਾਉਣ ਲਈ ਸਭ ਕੁਝ ਦਾਅ 'ਤੇ ਲਗਾ ਦਿੱਤਾ। ਇਸ ਮਹਾਨ ਇਤਿਹਾਸ ਦਾ ਸਤਿਕਾਰ ਕਰਨ ਦੀ ਬਜਾਏ, ਕਾਂਗਰਸੀ ਆਗੂ ਅਗਿਆਨਤਾ ਅਤੇ ਹੰਕਾਰ ਕਾਰਨ ਇਸ ਦਾ ਮਜ਼ਾਕ ਉਡਾਉਂਦੇ ਹਨ।ਉਨ੍ਹਾਂ ਅੱਗੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਦਾ 350ਵਾਂ ਸ਼ਹੀਦੀ ਸਾਲ ਮਨਾਇਆ ਜਾ ਰਿਹਾ ਹੈ, ਫਿਰ ਵੀ ਕਾਂਗਰਸ ਇਸ ਮੌਕੇ ਸਿੱਖਾਂ ਦਾ ਅਪਮਾਨ ਕਰਨ ਦੀ ਚੋਣ ਕਰਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਦਿੱਲੀ ਤੋਂ ਪੰਜਾਬ ਤੱਕ ਕਾਂਗਰਸ ਬੇਈਮਾਨੀ, ਨਫ਼ਰਤ ਅਤੇ ਸਿੱਖ ਵਿਰੋਧੀ ਪੱਖਪਾਤ ਵਿੱਚ ਜੜ੍ਹੀ ਹੋਈ ਹੈ।ਕੰਗ ਨੇ ਕਿਹਾ ਕਿ ਰਾਹੁਲ ਗਾਂਧੀ ਨੂੰ ਮਾਫ਼ੀ ਮੰਗਣੀ ਚਾਹੀਦੀ ਹੈ। ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਨੂੰ ਮਾਫ਼ੀ ਮੰਗਣੀ ਚਾਹੀਦੀ ਹੈ। ਵਿਰੋਧੀ ਧਿਰ ਦੇ ਆਗੂ ਪ੍ਰਤਾਪ ਬਾਜਵਾ ਨੂੰ ਮਾਫ਼ੀ ਮੰਗਣੀ ਚਾਹੀਦੀ ਹੈ ਅਤੇ ਹਰਕ ਸਿੰਘ ਰਾਵਤ ਨੂੰ ਤੁਰੰਤ ਕਾਂਗਰਸ ਵਿੱਚੋਂ ਬਾਹਰ ਕੱਢਣਾ ਚਾਹੀਦਾ ਹੈ।

# ਬਲਾਕ ਸੰਮਤੀ ਚੋਣਾਂ ਸਬੰਧੀ ਨਾਮਜ਼ਦਗੀ ਪੱਤਰ ਸਹੀ ਪਾਏ ਗਏ : ਰਿਟਰਨਿੰਗ ਅਫ਼ਸਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-** ਬਲਾਕ ਸੰਮਤੀ ਚੋਣਾਂ ਸਬੰਧੀ ਦਾਖਲ ਕੀਤੇ ਗਏ ਸਾਰੇ ਨਾਮਜ਼ਦਗੀ ਪੱਤਰਾਂ ਦੀ ਜਾਂਚ ਪ੍ਰਕਾਸ਼ਸ਼ਾਲੀ ਢੰਗ ਨਾਲ ਮੁਕੰਮਲ ਹੋ ਗਈ ਹੈ। ਇਸ ਜਾਣਕਾਰੀ ਰਿਟਰਨਿੰਗ ਅਫ਼ਸਰ ਜਸਪ੍ਰੀਤ ਸਿੰਘ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਚੋਣ ਪ੍ਰਕਿਰਿਆ ਦੇ ਤਹਿਤ ਨਿਰਧਾਰਤ ਸਮੇਂ ਅੰਦਰ ਉਮੀਦਵਾਰਾਂ ਵੱਲੋਂ ਦਾਖਲ ਕੀਤੇ ਗਏ ਕਾਗਜ਼ਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ ਅਤੇ ਸਾਰੇ ਪੱਤਰ ਸਹੀ ਪਾਏ ਗਏ ਹਨ। ਕਿਸੇ ਵੀ ਉਮੀਦਵਾਰ ਦੇ ਦਸਤਾਵੇਜ਼ ਵਿੱਚ ਕੋਈ ਤਕਨੀਕੀ ਕਮੀ ਜਾਂ ਅਧੂਰਾ ਪੱਖ ਨਹੀਂ ਮਿਲਿਆ।ਰਿਟਰਨਿੰਗ ਅਫ਼ਸਰ ਨੇ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਪੂਰੀ ਪਾਰਦਰਸ਼ਤਾ ਅਤੇ ਨਿਰਪੱਖਤਾ ਨਾਲ ਅੱਗੇ ਵਧਾਇਆ ਜਾ ਰਿਹਾ ਹੈ ਤਾਂ ਜੋ ਲੋਕਤੰਤਰਕ ਮਰਿਆਦਾ ਦੀ ਪਾਲਣਾ ਹੋ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਨਾਮਜ਼ਦਗੀ ਪੱਤਰਾਂ ਦੀ ਜਾਂਚ ਮਗਰੋਂ ਅਗਲੇ ਪੜਾਅ ਵਜੋਂ ਉਮੀਦਵਾਰਾਂ ਦੀ ਅੰਤਿਮ ਲਿਸਟ ਜਲਦੀ ਜਾਰੀ ਕਰ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਉਮੀਦਵਾਰ ਜੇ ਚਾਹੁਣ ਤਾਂ ਨਿਰਧਾਰਤ ਸਮੇਂ ਦੇ ਅੰਦਰ ਅਪੀਲ ਕਰ ਸਕਦੇ ਹਨ।ਇਸ ਮੌਕੇ ਰਿਟਰਨਿੰਗ ਅਫ਼ਸਰ ਨੇ ਸਥਾਨਕ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਚੋਣ ਪ੍ਰਕਿਰਿਆ ਵਿੱਚ ਰੁਚੀ ਲੈਣ ਤੇ ਸ਼ਾਂਤੀ ਅਤੇ ਭਾਈਚਾਰੇ ਦੇ ਮਾਹੌਲ ਵਿੱਚ ਚੋਣਾਂ ਨੂੰ ਸਫ਼ਲ ਬਣਾਉਣ ਵਿਚ ਆਪਣਾ ਯੋਗਦਾਨ ਪਾਉਣ।

# ਡਾ. ਚੱਬੇਵਾਲ ਨੇ ਲੋਕ ਸਭਾ ਵਿੱਚ ਉਠਾਈ ਮੰਗ, ਆਦਮਪੁਰ ਏਅਰਪੋਰਟ ਦਾ ਨਾਂਅ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਨਾਂਅ 'ਤੇ ਰੱਖਿਆ ਜਾਵੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਲੋਕ ਸਭਾ ਦੇ ਚੱਲ ਰਹੇ ਸਰਦ ਰੁੱਤ ਦੇ ਸੈਸ਼ਨ ਦੌਰਾਨ ਹੁਸ਼ਿਆਰਪੁਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਅੰਤਰਰਾਸ਼ਟਰੀ ਏਅਰਪੋਰਟ ਆਦਮਪੁਰ ਦਾ ਨਾਂਅ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਨਾਂਅ ਉੱਪਰ ਰੱਖਣ ਦੀ ਮੰਗ ਉਠਾਈ ਗਈ ਅਤੇ ਦੱਸਿਆ ਕਿ ਇਸ ਸਬੰਧ ਵਿੱਚ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਪੰਜਾਬ ਵਿਧਾਨ ਸਭਾ ਵਿੱਚ ਪਹਿਲਾ ਹੀ ਪ੍ਰਸਤਾਵ ਪਾਸ ਕਰਕੇ ਕੇਂਦਰ ਸਰਕਾਰ ਨੂੰ ਭੇਜੇ ਜਾ ਚੁੱਕੇ ਹਨ ਅਤੇ ਹੁਣ ਇਸ ਮਾਮਲੇ ਵਿੱਚ ਕੇਂਦਰ ਸਰਕਾਰ ਨੂੰ ਅੱਗੇ ਦੀ ਕਾਰਵਾਈ ਅਮਲ ਵਿੱਚ ਲਿਆਉਣੀ ਚਾਹੀਦੀ ਹੈ। ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਕਿਉਂਕਿ ਸਾਲ 2026 ਤੋਂ 2027 ਤੱਕ ਪੂਰਾ ਸਾਲ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਸੰਗਤਾਂ ਮਨਾਉਣ ਜਾ ਰਹੀਆਂ ਹਨ, ਇਸ ਲਈ ਕੇਂਦਰ ਸਰਕਾਰ ਨੂੰ ਵੀ ਇਨ੍ਹਾਂ ਖੁਸ਼ੀਆਂ ਵਿੱਚ ਵਾਧਾ ਕਰਨ ਲਈ ਆਪਣਾ ਫਰਜ਼ ਨਿਭਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਿਵੇਂ ਹੀ ਕੇਂਦਰ ਸਰਕਾਰ ਵੱਲੋਂ ਇਸ ਸਬੰਧੀ ਫੈਸਲਾ ਲੈ ਲਿਆ ਜਾਵੇਗਾ, ਉਸ ਉਪਰੰਤ ਸਾਡੇ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਨਾਂਅ ਨੂੰ ਏਅਰਪੋਰਟ ਵਿਖੇ ਸੋਨੇ ਦੇ ਅੱਖਰਾਂ ਵਿੱਚ ਅੰਕਿਤ ਕਰਕੇ ਸ਼ਰਧਾ ਪ੍ਰਗਟ ਕੀਤੀ ਜਾਵੇਗੀ।ਡਾ. ਰਾਜ ਕੁਮਾਰ ਚੱਬੇਵਾਲ ਨੇ ਇਸ ਦੇ ਨਾਲ ਹੀ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਆਦਮਪੁਰ ਏਅਰਪੋਰਟ ਨੂੰ ਅੰਤਰਰਾਸ਼ਟਰੀ ਪੱਧਰ ਦਾ ਏਅਰਪੋਰਟ ਬਣਾਇਆ ਜਾਵੇ। ਉਨ੍ਹਾਂ ਤਰਕ ਦਿੰਦਿਆ ਕਿਹਾ ਕਿ ਕਿਉਂਕਿ ਦੋਆਬੇ ਨਾਲ ਸੰਬੰਧਤ ਵੱਡੀ ਗਿਣਤੀ ਵਿੱਚ ਲੋਕ ਵਿਦੇਸ਼ਾਂ ਵਿੱਚ ਵੱਸਦੇ ਹਨ, ਇਸ ਲਈ ਜੇਕਰ ਆਦਮਪੁਰ ਦਾ ਏਅਰਪੋਰਟ ਅੰਤਰਰਾਸ਼ਟਰੀ ਪੱਧਰ ਦਾ ਹੋਵੇਗਾ ਤਾਂ ਐਨ ਆਰ ਆਈਜ਼ ਨੂੰ ਸਹੂਲਤ ਮਿਲੇਗੀ । ਇਸਦੇ ਨਾਲ ਹੀ ਇਸ ਇਲਾਕੇ ਵਿੱਚ ਛੋਟੀ-ਵੱਡੀ ਇੰਡਸਟਰੀ ਨੂੰ ਵੀ ਅੰਤਰਰਾਸ਼ਟਰੀ ਏਅਰਪੋਰਟ ਦੀ ਜ਼ਰੂਰਤ ਹੈ, ਅੰਤਰਰਾਸ਼ਟਰੀ ਏਅਰਪੋਰਟ ਬਣਨ ਨਾਲ ਜਿੱਥੇ ਲੋਕਾਂ ਨੂੰ ਸਹੂਲਤ ਮਿਲੇਗੀ ਉੱਥੇ ਹੀ ਇਸ ਇਲਾਕੇ ਦੇ ਵਿਕਾਸ ਨੂੰ ਵੀ ਨਵੀਂ ਦਿਸ਼ਾ ਮਿਲੇਗੀ। ਪੱਤਰਕਾਰਾਂ ਨਾਲ ਗੱਲ ਕਰਦਿਆਂ ਡਾ ਰਾਜ ਨੇ ਕਿਹਾ ਕਿ ਸਦੀਆਂ ਤੋਂ ਗੁਰੂ ਸਾਹਿਬ ਜੀ ਦਾ ਪਿਆਰ, ਸਮਾਨਤਾ, ਦਇਆ ਅਤੇ ਮਨੁੱਖਤਾ ਦਾ ਸੰਦੇਸ਼ ਲੱਖਾਂ ਲੋਕਾਂ ਦੀ ਜ਼ਿੰਦਗੀ ਨੂੰ ਰੌਸ਼ਨ ਕਰਦਾ ਆਇਆ ਹੈ। ਮੈਂ ਵਿਸ਼ਵਾਸ ਰੱਖਦਾ ਹਾਂ ਕਿ ਇਸ ਮਹੱਤਵਪੂਰਨ ਸਥਾਨ ਨੂੰ ਗੁਰੂ ਸਾਹਿਬ ਜੀ ਦੇ ਨਾਂਅ ਨਾਲ ਜੋੜਨਾ ਭਵਿੱਖੀ ਪੀੜ੍ਹੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਬਣੇਗਾ। ਉਹਨਾਂ ਕਿਹਾ ਕਿ ਇਹ ਸਿਰਫ਼ ਸੰਸਦ ਵਿੱਚ ਰੱਖੀ ਗਈ ਮੰਗ ਨਹੀਂ, ਇਹ ਸਾਡੇ ਲੋਕਾਂ ਦੀ ਆਵਾਜ਼ ਹੈ, ਕੌਮ ਦੀ ਭਾਵਨਾ ਹੈ ਅਤੇ ਇਹ ਸਾਡੇ ਗੁਰੂ ਸਾਹਿਬ ਨੂੰ ਨਿਮਰ ਸ਼ਰਧਾਂਜਲੀ ਹੈ ।



# ਨੌਜਵਾਨਾਂ ਨੂੰ ਡਾ.ਅੰਬੇਡਕਰ ਦੇ ਜੀਵਨ ਤੇ ਆਦਰਸ਼ਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ : ਮੋਹਿੰਦਰ ਭਗਤ



**ਜਲੰਧਰ (ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ)**
ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ, ਪੰਜਾਬ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ, ਮੇਅਰ ਵਿਨੀਤ ਧੀਰ, ਚੇਅਰਮੈਨ ਪੰਜਾਬ ਮੁਸਲਿਮ ਵੈੱਲਫੇਅਰ ਡਿਵੈਲਪਮੈਂਟ ਬੋਰਡ ਅਬਦੁਲ ਬਾਹਰੀ ਸਲਮਾਨੀ ਅਤੇ ਸੀਨੀਅਰ 'ਆਪ' ਆਗੂ ਨਿਤਿਨ ਕੋਹਲੀ ਵੱਲੋਂ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਨੂੰ ਉਨ੍ਹਾਂ ਦੇ ਮਹਾ ਪ੍ਰੀ ਨਿਰਵਾਣ ਦਿਵਸ 'ਤੇ ਡਾ. ਬੀ.ਆਰ. ਅੰਬੇਡਕਰ ਚੌਂਕ ਵਿਖੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਲੋਕਾਂ ਖਾਸ ਕਰ ਨੌਜਵਾਨਾਂ ਨੂੰ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੇ ਜੀਵਨ ਅਤੇ ਇਨਕਲਾਬੀ ਦ੍ਰਿਸ਼ਟੀਕੋਣ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਦਾ ਫਲਸਫਾ ਮੌਜੂਦਾ ਸਮੇਂ ਵਿੱਚ ਹੋਰ ਵੀ ਸਾਰਥਕ ਹੋ ਗਿਆ ਹੈ, ਜੋ ਵਧੇਰੇ ਨਿਆਂਪੂਰਨ ਅਤੇ ਮਨੁੱਖੀ ਸਮਾਜ ਲਈ ਮਾਰਗਦਰਸ਼ਨ ਪ੍ਰਦਾਨ ਕਰਦਾ ਹੈ। ਡਾ. ਅੰਬੇਡਕਰ ਦੇ ਯੋਗਦਾਨਾਂ 'ਤੇ ਚਾਨਣਾ ਪਾਉਂਦਿਆਂ ਮੋਹਿੰਦਰ ਭਗਤ ਨੇ ਕਿਹਾ ਕਿ ਉਨ੍ਹਾਂ ਵੱਲੋਂ ਦਿੱਤੇ ਗਏ ਸਮਾਨਤਾ, ਸਮਾਜਿਕ ਨਿਆਂ ਅਤੇ ਮਹਿਲਾ ਸਸ਼ਕਤੀਕਰਨ ਦੇ ਸਿਧਾਂਤਾਂ ਨੇ ਭਾਰਤ ਦੀ ਤਕਦੀਰ ਨੂੰ ਗਹਿਰਾਈ ਨਾਲ ਆਕਾਰ ਦਿੱਤਾ ਹੈ ਅਤੇ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਵਜੋਂ ਇਸ ਦੀ ਨੀਂਹ ਮਜ਼ਬੂਤ ਕੀਤੀ। ਡਾ. ਅੰਬੇਡਕਰ ਨੂੰ ਇੱਕ ਮਹਾਨ ਦੂਰਦਰਸ਼ੀ ਦੱਸਦਿਆਂ ਕੈਬਨਿਟ ਮੰਤਰੀ, ਚੇਅਰਮੈਨਾਂ ਅਤੇ ਮੇਅਰ ਨੇ ਕਿਹਾ ਕਿ ਇਹ ਉਨ੍ਹਾਂ ਦੀ ਦੂਰਅੰਦੇਸ਼ੀ ਸੀ, ਜਿਸ ਨੇ ਭਾਰਤ ਨੂੰ ਗਤੀਸ਼ੀਲ ਅਤੇ ਪ੍ਰਗਤੀਸ਼ੀਲ ਸੰਵਿਧਾਨ ਦਿੱਤਾ, ਜੋ ਕਿ ਹਰੇਕ ਨਾਗਰਿਕ ਦੇ ਅਧਿਕਾਰਾਂ ਅਤੇ ਮਾਣ ਦੀ ਰੱਖਿਆ ਕਰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸਾਰੇ ਨਾਗਰਿਕਾਂ ਨੂੰ ਵੋਟ ਪਾਉਣ ਦਾ ਅਧਿਕਾਰ ਦੇਣਾ ਇੱਕ ਹੋਰ ਇਤਿਹਾਸਕ ਮੀਲ ਪੱਥਰ ਸੀ, ਜਿਸਨੇ ਬ੍ਰਿਟਿਸ਼ ਸ਼ਾਸਨ ਤੋਂ ਆਜ਼ਾਦੀ ਮਿਲਣ ਤੋਂ ਬਾਅਦ ਸਾਰੇ ਭਾਰਤੀਆਂ ਨੂੰ ਸਸ਼ਕਤ ਬਣਾਇਆ। ਉਨ੍ਹਾਂ ਅੱਗੇ ਕਿਹਾ ਕਿ ਡਾ. ਅੰਬੇਡਕਰ ਨੇ ਇੱਕ ਅਜਿਹੇ ਸੰਵਿਧਾਨ ਦਾ ਨਿਰਮਾਣ ਕੀਤਾ, ਜੋ ਸਮਾਜ ਦੇ ਹਰ ਵਰਗ ਨੂੰ ਅਪਣਾਉਂਦਾ ਹੈ ਅਤੇ ਸਦਭਾਵਨਾ, ਭਾਈਚਾਰਾ ਅਤੇ ਰਾਸ਼ਟਰੀ ਏਕਤਾ ਨੂੰ ਉਤਸ਼ਾਹਿਤ ਕਰਦਾ ਹੈ। ਉਨ੍ਹਾਂ ਨਾਗਰਿਕਾਂ ਨੂੰ ਰੋਜ਼ਾਨਾ ਦੇ ਜੀਵਨ ਵਿੱਚ ਬਾਬਾ ਸਾਹਿਬ ਦੇ ਆਦਰਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਿਧਾਂਤਾਂ ਅਨੁਸਾਰ ਜੀਣਾ ਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

# ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ ਨੇ ਐਫ ਏ ਪੀ ਰਾਸ਼ਟਰੀ ਪੁਰਸਕਾਰ-2025 ਕੀਤਾ ਹਾਸਲ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ ਨੇ ਆਪਣੀ ਅਕਾਦਮਿਕ ਉੱਤਮਤਾ ਦਾ ਪ੍ਰਦਰਸ਼ਨ ਕਰਦੇ ਹੋਏ ਐਫ ਏ ਪੀ ਰਾਸ਼ਟਰੀ ਪੁਰਸਕਾਰ 2025 ਵਿੱਚ 'ਪ੍ਰਾਈਡ ਆਫ਼ ਸਕੂਲ ਅਵਾਰਡ' ਹਾਸਲ ਕੀਤਾ। ਇਹ ਪ੍ਰਾਪਤੀ ਸੰਸਥਾ ਦੀ ਉੱਚ ਅਕਾਦਮਿਕ ਗੁਣਵੱਤਾ, ਦੂਰਦਰਸ਼ੀ ਪ੍ਰਬੰਧਨ ਅਤੇ ਇਸ ਦੇ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਲਈ ਨਿਰੰਤਰ ਯਤਨਾਂ ਦਾ ਪ੍ਰਮਾਣ ਹੈ। ਇਹ ਪੁਰਸਕਾਰ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਆਯੋਜਿਤ ਇੱਕ ਸਮਾਰੋਹ ਵਿੱਚ ਪੇਸ਼ ਕੀਤਾ ਗਿਆ ਅਤੇ ਸਕੂਲ ਦੀ ਪ੍ਰਿੰਸੀਪਲ ਰਸ਼ਮੀ ਸ਼ਰਮਾ ਦੁਆਰਾ ਪ੍ਰਾਪਤ ਕੀਤਾ ਗਿਆ। ਇਸ ਪ੍ਰਾਪਤੀ 'ਤੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਅਤੇ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਚੰਦਰ ਮੋਹਨ ਨੇ ਪ੍ਰਿੰਸੀਪਲ ਰਸ਼ਮੀ ਸ਼ਰਮਾ ਅਤੇ ਸਕੂਲ ਦੇ ਅਧਿਆਪਕਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਸਨਮਾਨ ਟੀਮ ਵਰਕ, ਸਮਰਪਣ ਅਤੇ ਗੁਣਵੱਤਾਪੂਰਨ ਸਿੱਖਿਆ ਦਾ ਪ੍ਰਮਾਣ ਹੈ। ਪ੍ਰਿੰਸੀਪਲ ਰਸ਼ਮੀ ਸ਼ਰਮਾ ਨੇ ਕਿਹਾ ਕਿ ਇਹ ਪੁਰਸਕਾਰ ਸਟਾਫ, ਵਿਦਿਆਰਥੀਆਂ ਅਤੇ ਮਾਪਿਆਂ ਦੀ ਸਮੂਹਿਕ ਮਿਹਨਤ ਦਾ ਨਤੀਜਾ ਹੈ।

# ਵਿਧਾਇਕ ਜਿੰਪਾ ਨੇ ਆਵਾਸ ਯੋਜਨਾ ਦੇ ਪ੍ਰਵਾਨਗੀ ਪੱਤਰ ਸੌਂਪੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਪ੍ਰਧਾਨ ਮੰਤਰੀ ਆਵਾਸ ਯੋਜਨਾ (ਸ਼ਹਿਰੀ) 2.0 ਦੇ ਤਹਿਤ ਹੁਸ਼ਿਆਰਪੁਰ ਦੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸ਼ਨੀਵਾਰ ਨਗਰ ਨਿਗਮ ਕੰਪਲੈਕਸ ਵਿੱਚ ਆਯੋਜਿਤ ਇਕ ਸਮਾਗਮ ਦੌਰਾਨ 251 ਲਾਭਪਾਤਰੀਆਂ ਨੂੰ ਪ੍ਰਵਾਨਗੀ ਪੱਤਰ ਵੰਡੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲਾਭਪਾਤਰੀਆਂ ਲਈ 6 ਕਰੋੜ 27 ਲੱਖ 50 ਹਜ਼ਾਰ ਰੁਪਏ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਅਤੇ ਸੰਵੇਦਨਸ਼ੀਲ ਅਗਵਾਈ ਸਦਕਾ ਸੂਬੇ ਦਾ ਹਿੱਸਾ ਵਧਿਆ ਹੈ, ਜਿਸ ਕਾਰਨ ਲੋੜਵੰਦ ਪਰਵਾਰਾਂ ਨੂੰ ਅਸਲ ਲਾਭ ਮਿਲ ਰਿਹਾ ਹੈ।ਵਿਧਾਇਕ ਜਿੰਪਾ ਨੇ ਕਿਹਾ ਕਿ ਇਕ ਜਨਤਕ ਪ੍ਰਤੀਨਿਧੀ ਹੋਣ ਦੇ ਨਾਤੇ ਉਨ੍ਹਾਂ ਦੀ ਹਮੇਸ਼ਾ ਇਹ ਕੋਸ਼ਿਸ਼ ਰਹੀ ਹੈ ਕਿ ਸਰਕਾਰੀ ਯੋਜਨਾਵਾਂ ਦਾ ਪੂਰਾ ਲਾਭ ਯੋਗ ਲਾਭਪਾਤਰੀਆਂ ਤੱਕ ਸਮੇਂ ਸਿਰ ਪਹੁੰਚੇ। ਉਨ੍ਹਾਂ ਸਪੱਸ਼ਟ ਕੀਤਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ ਦਾ ਉਦੇਸ਼ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਸੁਰੱਖਿਅਤ ਅਤੇ ਸਨਮਾਨਜਨਕ ਰਿਹਾਇਸ਼ ਪ੍ਰਦਾਨ ਕਰਨਾ ਹੈ ਅਤੇ ਹੁਸ਼ਿਆਰਪੁਰ ਨਗਰ ਨਿਗਮ ਵੱਲੋਂ ਇਸ ਦਿਸ਼ਾ ਵਿੱਚ ਕੀਤੇ ਜਾ ਰਹੇ ਯਤਨ ਸ਼ਲਾਘਾਯੋਗ ਹਨ। ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਬੇਘਰੇ ਲੋਕਾਂ ਜਿਨ੍ਹਾਂ ਕੋਲ ਆਪਣਾ ਪੱਕਾ ਘਰ ਨਹੀਂ ਹੈ ਜਾਂ ਜਿਨ੍ਹਾਂ ਕੋਲ ਘਾਹ-ਫੂਸ ਦੀ ਛੱਤ ਵਾਲਾ ਘਰ ਹੈ, ਨੂੰ ਪੱਕਾ ਘਰ ਬਣਾਉਣ ਵਿੱਚ ਮਦਦ ਕੀਤੀ ਜਾਂਦੀ ਹੈ।ਮੇਅਰ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਸਰਕਾਰ ਵੱਲੋਂ ਪਹਿਲੀ ਕਿਸ਼ਤ ਵਜੋਂ 2 ਕਰੋੜ 51 ਲੱਖ ਰੁਪਏ ਦੀ ਸੀਮਾ ਨਗਰ ਨਿਗਮ ਦੇ ਖਾਤੇ ਵਿੱਚ ਜਮ੍ਹਾ ਕਰ ਦਿੱਤੀ ਗਈ ਹੈ। ਨਗਰ ਨਿਗਮ ਵੱਲੋਂ ਲਾਭਪਾਤਰੀਆਂ ਦੇ ਘਰ ਦਾ ਕੰਮ ਪੂਰਾ ਹੋਣ ਤੋਂ ਬਾਅਦ, ਰਕਮ ਉਨ੍ਹਾਂ ਦੇ ਖਾਤਿਆਂ ਵਿੱਚ ਕਿਸ਼ਤਾਂ ਵਿੱਚ ਜਾਰੀ ਕੀਤੀ ਜਾਵੇਗੀ।ਇਸ ਪ੍ਰੋਗਰਾਮ ਵਿੱਚ ਨਗਰ ਨਿਗਮ ਕਮਿਸ਼ਨਰ ਜਯੋਤੀ ਬਾਲਾ ਮੱਟੂ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਸੰਯੁਕਤ ਕਮਿਸ਼ਨਰ ਸੰਦੀਪ, ਸਹਾਇਕ ਕਮਿਸ਼ਨਰ ਅਜੇ ਕੁਮਾਰ, ਐਸ.ਈ ਸਤੀਸ਼ ਸੈਣੀ, ਐਮ.ਟੀ.ਪੀ ਲਖਵੀਰ, ਕਾਰਜਕਾਰੀ ਕੁਲਦੀਪ ਸਿੰਘ, ਹਰਪ੍ਰੀਤ ਸਿੰਘ, ਕੌਂਸਲਰ ਜਸਵਿੰਦਰ ਕਾਲਾ, ਗੁਰਪ੍ਰੀਤ ਕੌਰ, ਮਨਜੀਤ ਕੌਰ, ਪਰਮਜੀਤ ਕੌਰ, ਮੁਕੇਸ਼ ਮੱਲ, ਜਤਿੰਦਰ ਕੌਰ, ਮੀਨਾ ਕੁਮਾਰੀ ਤੋਂ ਇਲਾਵਾ ਹੋਰ ਵੀ ਪਤਵੰਤੇ ਹਾਜ਼ਰ ਸਨ।



# ਮਿੱਡ ਡੇ ਮੀਲ ਜਾਂਚ ਦੌਰਾਨ ਪਾਈਆਂ ਗਈਆਂ ਊਣਤਾਈਆਂ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)—** ਪੰਜਾਬ ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਰੀਵਾਲ ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਪੁਰਹੀਰਾਂ, ਹੁਸ਼ਿਆਰਪੁਰ ਦਾ ਅਚਾਨਕ ਦੌਰਾ ਕੀਤਾ ਗਿਆ, ਜਿਸ ਦੌਰਾਨ ਸਕੂਲ ਵਿੱਚ ਚੱਲ ਰਹੀ ਮਿਡ ਡੇ ਮੀਲ ਯੋਜਨਾ ਦੀ ਵਿਸ਼ੇਸ਼ ਜਾਂਚ ਕੀਤੀ ਗਈ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਐਲੀਮੈਂਟਰੀ ਸਿੱਖਿਆ ਹਰਜਿੰਦਰ ਕੌਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਦੌਰੇ ਦੌਰਾਨ ਸਕੂਲ ਦੀਆਂ ਮਿਡ ਡੇ ਮੀਲ ਸੇਵਾਵਾਂ ਬਾਰੇ ਕਈ ਗੰਭੀਰ ਖਾਮੀਆਂ ਸਾਹਮਣੇ ਆਈਆਂ, ਜਿਨ੍ਹਾਂ ਨੇ ਫੂਡ ਕਮਿਸ਼ਨ ਦੇ ਮੈਂਬਰ ਅਤੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੋਵਾਂ ਨੇ ਗੰਭੀਰ ਨੋਟਿਸ ਲਿਆ।ਜਾਂਚ ਦੌਰਾਨ ਇਹ ਪਾਇਆ ਗਿਆ ਕਿ ਸਕੂਲ ਵਿੱਚ ਵਿਦਿਆਰਥੀਆਂ ਨੂੰ ਮਿਡ ਡੇ ਮੀਲ ਸਮੇਂ 'ਤੇ ਪ੍ਰਦਾਨ ਨਹੀਂ ਕੀਤਾ ਜਾ ਰਿਹਾ ਸੀ, ਜਿਸ ਨਾਲ ਸਪਸ਼ਟ ਹੁੰਦਾ ਹੈ ਕਿ ਭੋਜਨ ਦੀ ਵਿਵਸਥਾ ਵਿਚ ਲਾਪਰਵਾਹੀ ਕੀਤੀ ਜਾ ਰਹੀ ਸੀ। ਇਸ ਤੋਂ ਇਲਾਵਾ, ਮਿਡ ਡੇ ਮੀਲ ਪ੍ਰੋਸ਼ਣ ਪ੍ਰਣਾਲੀ ਵੀ ਅਸੰਤੋਸ਼ਜਨਕ ਮਿਲੀ। ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਰੀਵਾਲ ਨੇ ਵਿਸ਼ੇਸ਼ ਤੌਰ ਤੇ ਬਰਤਨਾ ਦੀ ਸਫਾਈ ਵਿਵਸਥਾ ਨੂੰ ਲੈ ਕੇ ਵੀ ਕੜੀ ਨਾਰਾਜ਼ਗੀ ਪ੍ਰਗਟ ਕੀਤੀ। ਰਸੋਈ ਅਤੇ ਭੋਜਨ ਪਰੋਸਣ ਖੇਤਰ ਵਿੱਚ ਮਾਪਦੰਡਾਂ ਅਨੁਸਾਰ ਸਫਾਈ ਨਹੀਂ ਸੀ, ਜਿਸਨੂੰ ਬੱਚਿਆਂ ਦੀ ਸਿਹਤ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ।ਜ਼ਿਲ੍ਹਾ ਸਿੱਖਿਆ ਅਫਸਰ ਹਰਜਿੰਦਰ ਕੌਰ ਨੇ ਵੀ ਸਕੂਲ ਪ੍ਰਬੰਧਕਾਂ ਨੂੰ ਤੁਰੰਤ ਮਿਡ ਡੇ ਮੀਲ ਦੇ ਪ੍ਰਬੰਧਾਂ ਨੂੰ ਸੁਧਾਰਨ ਅਤੇ ਮਿਆਰੀ ਹਦਾਇਤਾਂ ਅਨੁਸਾਰ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਨੇ ਕਿਹਾ ਕਿ ਮਿਡ ਡੇ ਮੀਲ ਯੋਜਨਾ ਬੱਚਿਆਂ ਦੇ ਪੋਸ਼ਣ ਅਤੇ ਸਿਹਤ ਨਾਲ ਜੁੜੀ ਸਭ ਤੋਂ ਮਹੱਤਵਪੂਰਨ ਸਕੀਮਾਂ ਵਿੱਚੋਂ ਇਕ ਹੈ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਦੌਰੇ ਦੌਰਾਨ ਜ਼ਿਲ੍ਹਾ ਮਿਡ ਡੇ ਮੀਲ ਇੰਚਾਰਜ ਅਨਿਰੁੱਧ ਮੌਡਗਿਲ ਵੀ ਮੌਜੂਦ ਸਨ, ਜਿਨ੍ਹਾਂ ਨੇ ਕਮਿਸ਼ਨ ਦੇ ਮੈਂਬਰ ਨੂੰ ਸਾਰੇ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ ਅਤੇ ਮੌਜੂਦਾ ਕਮੀਆਂ ਨੂੰ ਤੁਰੰਤ ਦੂਰ ਕਰਨ ਦਾ ਭਰੋਸਾ ਦਿੱਤਾ।ਫੂਡ ਕਮਿਸ਼ਨ ਵਲੋਂ ਇਹ ਸਖ਼ਤ ਰਵੱਈਆ ਸਪਸ਼ਟ ਕਰਦਾ ਹੈ ਕਿ ਸਰਕਾਰ ਬੱਚਿਆਂ ਦੀ ਸਿਹਤ ਨੂੰ ਲੈ ਕੇ ਗੰਭੀਰ ਹੈ ਅਤੇ ਮਿਡ ਡੇ ਮੀਲ ਸਕੀਮ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਸਹਿਣਯੋਗ ਨਹੀਂ ਹੈ। ਦੌਰੇ ਤੋਂ ਬਾਅਦ ਸਕੂਲ ਪ੍ਰਬੰਧਕਾਂ ਨੂੰ ਲਿਖਤੀ ਨਿਰਦੇਸ਼ ਜਾਰੀ ਕੀਤੇ ਗਏ ਹਨ ਅਤੇ ਅਗਲੀ ਜਾਂਚ ਤੱਕ ਪੂਰੀ ਵਿਵਸਥਾ ਸੁਧਾਰਨ ਦੇ ਆਦੇਸ਼ ਦਿੱਤੇ ਗਏ ਹਨ।ਇਸ ਜਾਂਚ ਨੇ ਇੱਕ ਵਾਰ ਫਿਰ ਯਾਦ ਦਵਾਇਆ ਹੈ ਕਿ ਮਿਡ ਡੇ ਮੀਲ ਸਕੀਮ ਬੱਚਿਆਂ ਦੀ ਪੋਸ਼ਣ, ਸਿਹਤ ਅਤੇ ਪੜ੍ਹਾਈ ਤੇ ਸਿੱਧਾ ਪ੍ਰਭਾਵ ਪਾਉਂਦੀ ਹੈ ਅਤੇ ਇਸਦੀ ਨਿਗਰਾਨੀ ਵਿੱਚ ਬਿਲਕੁਲ ਵੀ ਕਮੀ ਨਹੀਂ ਹੋਣੀ ਚਾਹੀਦੀ।



# ਏਡਿਡ ਕਾਲਜ ਅਧਿਆਪਕਾਂ ਵੱਲੋਂ ਚੀਮਾ ਦੇ ਹਲਕਾ 'ਚ ਰੋਸ ਪ੍ਰਦਰਸ਼ਨ ਦਾ ਐਲਾਨ

**ਫਗਵਾੜਾ (ਡਾ. ਰਮਨ)** ਇੱਥੇ ਪੰਜਾਬ ਐਂਡ ਚੰਡੀਗੜ੍ਹ ਕਾਲਜ ਟੀਚਰਜ਼ ਯੂਨੀਅਨ ਦੀ ਕਾਰਜਕਾਰਨੀ ਦੀ ਹੰਗਾਮੀ ਮੀਟਿੰਗ ਵਿੱਚ ਵਿੱਤ ਵਿਭਾਗ ਵੱਲੋਂ ਸੂਬੇ ਦੇ 136 ਏਡਿਡ ਕਾਲਜ ਅਧਿਆਪਕਾਂ ਦੀ ਮਾਰਚ ਮਹੀਨੇ ਤੋਂ ਪੈਂਡਿੰਗ ਸੈਲਰੀ ਗ੍ਰਾਂਟ ਜਾਰੀ ਨਾ ਕਾਰਨ ਵਿੱਤ ਮੰਤਰੀ ਹਰਪਾਲ ਚੀਮਾ ਦੇ ਹਲਕਾ ਦਿੜ੍ਹਬਾ ਵਿੱਚ ਜ਼ੋਰਦਾਰ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ। ਪੀਸੀਸੀਟੀਯੂ ਦੇ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਡੇ 38 ਕਾਲਜਾਂ ਦੇ ਸੈਲਰੀ ਗ੍ਰਾਂਟ ਦੇ ਬਿਲ ਮਾਰਚ ਮਹੀਨੇ ਤੋਂ ਅਤੇ 93 ਕਾਲਜਾਂ ਦੀ ਸੈਲਰੀ ਗ੍ਰਾਂਟ ਦੇ ਬਿੱਲ ਅਗਸਤ ਮਹੀਨੇ ਤੋਂ ਵਿੱਤ ਵਿਭਾਗ ਵਿੱਚ ਪੈਂਡਿੰਗ ਪਏ ਹਨ, ਜਿਸ ਕਾਰਨ ਸਾਡੇ 38 ਕਾਲਜਾਂ ਦੇ ਅਧਿਆਪਕ ਪਿਛਲੇ 9 ਮਹੀਨਿਆਂ ਤੋਂ ਅਤੇ 93 ਕਾਲਜਾਂ ਦੇ ਅਧਿਆਪਕ ਪਿਛਲੇ 4 ਮਹੀਨਿਆਂ ਤੋਂ ਤਨਖਾਹ ਨੂੰ ਤਰਸ ਰਹੇ ਹਨ। ਡਾ. ਵਿਨੇ ਸੋਫਤ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਥੇਬੰਦੀ ਵੱਲੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਫਾਈਨਾਂਸ ਸੈਕਟਰੀ, ਸੈਕਟਰੀ ਐਜੂਕੇਸ਼ਨ ਅਤੇ ਹੋਰ ਉੱਚ ਅਧਿਕਾਰੀਆਂ ਨਾਲ ਪਿਛਲੇ ਕਈ ਹਫਤਿਆਂ ਤੋਂ ਲਗਾਤਾਰ ਗੱਲਬਾਤ ਹੋ ਰਹੀ ਹੈ ਪਰ ਸਰਕਾਰੀ ਅਮਲੇ ਵੱਲੋਂ ਇਸ ਸੰਬੰਧੀ ਕੋਈ ਪੁਖ਼ਤਾ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਜਾ ਰਹੀ। ਕਪੂਰਥਲਾ ਜ਼ਿਲ੍ਹੇ ਦੇ ਕਾਲਜ ਪ੍ਰੋਫੈਸਰਾਂ ਨੂੰ ਧਰਨੇ ਲਈ ਪ੍ਰੇਰਿਤ ਕਰਦੇ ਹੋਏ ਪੀ ਸੀ ਸੀ ਟੀ ਯੂ ਦੇ ਕਪੂਰਥਲਾ ਜ਼ਿਲ੍ਹੇ ਦੇ ਪ੍ਰਧਾਨ ਡਾ. ਯੋਗੇਸ਼ ਸ਼ਰਮਾ ਨੇ ਆਖਿਆ ਕਿ ਕਾਲਜ ਦੇ ਅਧਿਆਪਕ ਆਪ ਸਰਕਾਰ ਦੀ ਕਾਰਗੁਜ਼ਾਰੀ ਤੋਂ ਬੇਹੱਦ ਨਿਰਾਸ਼ ਹਨ ਅਤੇ ਆਪਣੀਆਂ ਤਨਖਾਹਾਂ ਦਾ ਭੁਗਤਾਨ ਮਹੀਨਾਵਾਰ ਪੱਧਰ ਉੱਤੇ ਰੈਗੂਲਰ ਕਰਵਾਉਣ ਲਈ ਇਸ ਰੋਸ ਪ੍ਰਦਰਸ਼ਨ ਵਿੱਚ ਸੌ ਫੀਸਦੀ ਹਾਜ਼ਰੀ ਨਾਲ ਸ਼ਮੂਲੀਅਤ ਕਰਨਗੇ।



# ਡੀ ਐਸ ਪੀ ਨੇ ਕੀਤੀ ਪੱਤਰਕਾਰਾਂ ਨਾਲ ਮੀਟਿੰਗ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-** ਬੀਤੇ ਦਿਨੀ ਡੀ ਐਸ ਪੀ ਨਕੋਦਰ ਉਂਕਾਰ ਸਿੰਘ ਬਰਾੜ ਵੱਲੋਂ ਨੂਰਮਹਿਲ ਦੇ ਪੱਤਰਕਾਰਾਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਹਾਜ਼ਰ ਪੱਤਰਕਾਰਾਂ ਵੱਲੋਂ ਉਨ੍ਹਾਂ ਅਤੇ ਆਮ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਡੀ ਐਸ ਪੀ ਬਰਾੜ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ।ਲੋਕ ਹਿੱਤ ਕਾਰਨ ਕਈ ਅਣਸੁਲਝੇ ਮਸਲੇ, ਸ਼ਹਿਰ ਦੀ ਟ੍ਰੈਫਿਕ ਸਮੱਸਿਆ ਅਤੇ ਹੋਰ ਕਈ ਮਾਮਲੇ ਵੀ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੇ ਗਏ।ਡੀ ਐਸ ਪੀ ਉਂਕਾਰ ਸਿੰਘ ਬਰਾੜ ਨੇ ਕਿਹਾ ਕਿ ਉਹ ਮੁਲਾਜ਼ਮਾਂ ਵੱਲੋਂ ਡਿਊਟੀ 'ਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ।ਉਨ੍ਹਾਂ ਨੂਰਮਹਿਲ ਥਾਣੇ ਅਧੀਨ ਜੁਰਮ ਨੂੰ ਠੱਲ੍ਹ ਪਾਉਣ ਲਈ ਪੱਤਰਕਾਰ ਭਾਈਚਾਰੇ ਕੋਲੋਂ ਸਹਿਯੋਗ ਮੰਗਿਆ ਅਤੇ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਸੁਣਵਾਈ ਨਾ ਹੋਣ 'ਤੇ ਉਹ ਉਨ੍ਹਾਂ ਦੇ ਨਿੱਜੀ ਮੋਬਾਈਲ 'ਤੇ ਧਿਆਨ ਵਿੱਚ ਲਿਆ ਸਕਦੇ ਹਨ।ਇਸ ਮੌਕੇ ਥਾਣਾ ਮੁਖੀ ਪਲਵਿੰਦਰ ਸਿੰਘ ਇੰਸਪੈਕਟਰ, ਦਿਲਬਾਗ ਸਿੰਘ, ਗੋਪਾਲ ਸ਼ਰਮਾਂ, ਨਰਿੰਦਰ ਭੰਡਾਲ, ਸੁਰਜੀਤ ਸਿੰਘ ਜੰਡਿਆਲਾ, ਜਸਵਿੰਦਰ ਸਿੰਘ ਲਾਂਬਾ ਅਤੇ ਹੋਰ ਪੱਤਰਕਾਰ ਹਾਜ਼ਰ ਸਨ।

# ਭਾਰਤੀ ਫੌਜ ਨੇ ਡੀ ਬੀ ਐੱਨ ਦਿਵਸ 'ਤੇ 'ਆਪ੍ਰੇਸ਼ਨ ਅਕਾਲ' ਮਨਾਇਆ



**ਜਲੰਧਰ (ਰਾਜੇਸ਼ ਥਾਪਾ)-**ਭਾਰਤੀ ਫੌਜ ਨੇ 54ਵੇਂ ਡੀ ਬੀ ਐੱਨ ਦਿਹਾੜੇ ਦੇ ਮੌਕੇ ਪੰਜਾਬ ਦੇ ਡੇਰਾ ਬਾਬਾ ਨਾਨਕ ਵਿਖੇ 1971 ਦੇ 'ਓਪਰੇਸ਼ਨ ਅਕਾਲ' ਵਿੱਚ ਭਾਗ ਲੈਣ ਵਾਲੇ ਡੋਗਰਾਈ ਬ੍ਰਿਗੇਡ ਦੇ ਵੀਰ ਯੋਧਿਆਂ ਦੀ ਬਹਾਦਰੀ ਨੂੰ ਨਮਨ ਕਰਦੇ ਹੋਏ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਓਪਰੇਸ਼ਨ ਅਕਾਲ ਪੱਛਮੀ ਮੋਰਚੇ 'ਤੇ ਵਜਰਾ ਕੋਰ ਵੱਲੋਂ ਚਲਾਇਆ ਗਿਆ ਇੱਕ ਮਹੱਤਵਪੂਰਨ ਆਕਰਮਕ ਅਭਿਆਨ ਸੀ, ਜਿਸ ਦਾ ਮਕਸਦ ਸ਼ਕਰਗੜ੍ਹ ਸੈਕਟਰ ਵਿੱਚ ਪਾਕਿਸਤਾਨ ਦੀ 1 ਕੋਰ ਨੂੰ ਰੋਕਣਾ ਸੀ, ਤਾਂ ਜੋ ਦੁਸ਼ਮਣ ਫੌਜਾਂ ਦੀ ਮੁੜ ਤਾਇਨਾਤੀ ਨੂੰ ਅਸੰਭਵ ਬਣਾਇਆ ਜਾ ਸਕੇ।ਸਮਾਰੋਹ ਦੀ ਸ਼ੁਰੂਆਤ ਇੱਕ ਪੁਸ਼ਪਾਂਜਲੀ ਅਰਪਣ ਸਮਾਰੋਹ ਨਾਲ ਹੋਈ, ਜਿਸ ਵਿੱਚ ਸੀਨੀਅਰ ਫੌਜੀ ਅਧਿਕਾਰੀਆਂ, ਵੈਟਰਨਜ਼ ਅਤੇ ਨਾਗਰਿਕ ਪ੍ਰਸ਼ਾਸਨ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਉਨ੍ਹਾਂ ਬਹਾਦੁਰ ਸੈਨਿਕਾਂ ਦੀ ਬਹਾਦਰੀ, ਉੱਚ ਪੇਸ਼ਾਵਰਾਨਾ ਮਿਆਰ ਅਤੇ ਸਰਵੋਚ ਕੁਰਬਾਨੀ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ, ਜਿਨ੍ਹਾਂ ਨੇ ਦੇਸ਼ ਦੀ ਸੁਰੱਖਿਆ ਲਈ ਭਾਰਤੀ ਫੌਜ ਦੀਆਂ ਉੱਚਤਮ ਪਰੰਪਰਾਵਾਂ ਨੂੰ ਨਿਭਾਇਆ।ਸਭਾ ਨੂੰ ਸੰਬੋਧਨ ਕਰਦਿਆਂ ਮੇਜਰ ਜਨਰਲ ਕਾਰਤਿਕ ਸੀ. ਸੇਸ਼ਾਦ੍ਰੀ, ਵੀ ਐੱਸ ਐੱਮ ਨੇ ਓਪਰੇਸ਼ਨ ਅਕਾਲ ਦੀ ਅਟੱਲ ਵਿਰਾਸਤ ਅਤੇ ਇਸ ਦੀ ਓਪਰੇਸ਼ਨਲ ਮਹੱਤਤਾ 'ਤੇ ਰੋਸ਼ਨੀ ਪਾਈ ਅਤੇ ਪੱਛਮੀ ਸਰਹੱਦ 'ਤੇ ਉੱਚਤਮ ਓਪਰੇਸ਼ਨਲ ਤਿਆਰੀਆਂ ਕਾਇਮ ਰੱਖਣ ਅਤੇ ਦੇਸ਼ ਦੀ ਰੱਖਿਆ ਲਈ ਸਦਾ ਚੌਕਸ ਰਹਿਣ ਪ੍ਰਤੀ ਭਾਰਤੀ ਫੌਜ ਦੀ ਅਟੱਲ ਵਚਨਬੱਧਤਾ ਨੂੰ ਦੁਹਰਾਇਆ।

# ਬਸਪਾ ਨੇ ਬਡੇਸਰੋਂ 'ਚ ਡਾ. ਅੰਬੇਡਕਰ ਪ੍ਰੀ- ਨਿਰਵਾਣ ਦਿਵਸ ਮੌਕੇ ਕੀਤੀ ਚੋਣ ਮੁਹਿੰਮ ਸ਼ੁਰੂ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਬਹੁਜਨ ਸਮਾਜ ਪਾਰਟੀ ਵੱਲੋਂ ਪਿੰਡ ਬਡੇਸਰੋਂ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਵਿਖੇ ਭਾਰਤੀ ਸੰਵਿਧਾਨ ਨਿਰਮਾਤਾ, ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਪ੍ਰੀਨਿਰਮਾਣ ਦਿਵਸ ਬਹੁਤ ਸ਼ਰਧਾ ਪੂਰਵਕ ਮਨਾਇਆ ਅਤੇ ਬਾਬਾ ਸਾਹਿਬ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਅਤੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਉਮੀਦਵਾਰਾਂ ਦੀ ਚੋਣ ਮੁਹਿੰਮ ਸ਼ੁਰੂ ਕੀਤੀ।ਇਸ ਮੌਕੇ ਮੁੱਖ ਮਹਿਮਾਨ ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਨੇ ਕਿਹਾ ਕਿ ਡਾ. ਅੰਬੇਡਕਰ ਸਾਹਿਬ ਨੂੰ ਸੱਚੀ ਸ਼ਰਧਾਂਜਲੀ ਇਹ ਹੀ ਹੋਵੇਗੀ ਕਿ ਬਹੁਜਨ ਸਮਾਜ ਨੂੰ ਦੇਸ਼ ਅੰਦਰ ਰਾਜ ਭਾਗ ਦੇ ਮਾਲਕ ਬਣਾਉਣ ਲਈ ਪੜ੍ਹੋ, ਜੁੜੋ ਤੇ ਸੰਘਰਸ਼ ਕਰੋ ਦੀ ਮੁਹਿੰਮ ਤਹਿਤ ਪੰਜਾਬ ਅੰਦਰ 'ਪੰਜਾਬ ਸੰਭਾਲੋ ਮੁਹਿੰਮ' ਨੂੰ ਜਨ ਜਨ ਤੱਕ ਪਹੁੰਚਾਇਆ ਜਾਵੇ ਅਤੇ ਬਸਪਾ ਦੇ ਜ਼ਿਲ੍ਹਾ ਪ੍ਰੀਸ਼ਦ ਬਲਾਕ ਸੰਮਤੀ ਉਮੀਦਵਾਰਾਂ ਦੀ ਜਿੱਤ ਯਕੀਨੀ ਬਣਾਈ ਜਾਵੇ।ਉਨ੍ਹਾ ਬਸਪਾ ਵਰਕਰਾਂ ਨੂੰ ਡੱਟ ਜਾਣ ਦਾ ਸੱਦਾ ਦਿੱਤਾ ਅਤੇ ਚੋਣ ਮੁਹਿੰਮ ਲਈ ਜਿੰਮੇਵਾਰੀਆਂ ਸੌਂਪੀਆਂ। ਕਰੀਮਪੁਰੀ ਨੇ ਕਿਹਾ ਕਿ ਇਹ ਪਹਿਲੀ ਬਾਰ ਹੋਇਆ ਕਿ ਚੋਣਾਂ ਸਮੇਂ ਪੇਪਰ ਖੋਹ ਮੁਹਿੰਮ ਚਲਾਈ ਗਈ ਹੈ ਜੋ ਕਿ ਆਮ ਸਰਕਾਰ ਦੀ ਨਲਾਇਕੀ ਅਤੇ ਵੱਡੀ ਹਾਰ ਦੇ ਸੰਕੇਤ ਹਨ। ਇਸ ਮੌਕੇ ਬਸਪਾ ਪੰਜਾਬ ਦੇ ਇੰਚਾਰਜ ਗੁਰਨਾਮ ਸਿੰਘ ਚੌਧਰੀ, ਸਟੇਟ ਸੈਕਟਰੀ ਵਿਧਾਨ ਸਭਾ ਇੰਚਾਰਜ ਰਣਵੀਰ ਬੱਬਰ, ਜ਼ਿਲ੍ਹਾ ਕੁਆਰਡੀਨੇਟਰ ਵਿਧਾਨ ਸਭਾ ਇੰਚਾਰਜ ਬਖਸ਼ੀਸ਼ ਭੀਮ, ਗੜ੍ਹਸ਼ੰਕਰ ਵਿਧਾਨ ਸਭਾ ਦੇ ਇੰਚਾਰਜ ਨੌਜਵਾਨ ਅਸ਼ੋਕ ਬਡੇਸਰੋ, ਵਿਧਾਨ ਸਭਾ ਹਲਕੇ ਦੇ ਪ੍ਰਧਾਨ ਮਲਕੀਤ ਸਿੰਘ, ਸਰਪੰਚ ਚਰਨਜੀਤ ਸਿੰਘ ਮਜਾਰਾ ਡੀਗਰੀਆਂ, ਜਿਲ੍ਹਾ ਬਸਪਾ ਆਗੂ ਪਿੰਡ ਭਾਰਟਾ ਤੋਂ ਸਰਪੰਚ ਰਸਪਾਲ ਲਾਲੀ, ਸਾਬਕਾ ਸਰਪੰਚ ਗੁਰਦਿਆਲ, ਬਸਪਾ ਦੇ ਸ਼ਹਿਰੀ ਕਮੇਟੀ ਜਿਲ੍ਹਾ ਪ੍ਰੀਸ਼ਦ ਬੇਨੇਵਾਲ ਦੇ ਉਮੀਦਵਾਰ ਰਵਿੰਦਰ ਕੁਮਾਰ, ਜ਼ਿਲ੍ਹਾ ਪ੍ਰੀਸ਼ਦ ਸੈਲਾ ਖੁਰਦ ਦੇ ਉਮੀਦਵਾਰ ਡਾਕਟਰ ਮੋਹਨ ਲਾਲ, ਕੁੰਦਨ ਲਾਲ ਬਰੇਸਰੋ, ਵਿਜੇ ਬੜੇਸਰੋਂ, ਬਾਬਾ ਪਦਰਾਣਾ, ਸਰਪੰਚ ਬਡੇਸਰੋ, ਬਸਪਾ ਸ਼ਹਿਰੀ ਦੇ ਪ੍ਰਧਾਨ ਠੇਕੇਦਾਰ ਪ੍ਰਕਾਸ਼, ਗੜ੍ਹੀ ਮੱਟੋ ਬਲੋਕ ਸੰਮਤੀ ਤੋਂ ਉਮੀਦਵਾਰ ਕਸ਼ਮੀਰ ਤੋਂ ਇਲਾਵਾ ਬਲਾਕ ਸੰਮਤੀਆਂ ਦੇ ਉਮੀਦਵਾਰ ਅਤੇ ਪੰਚ ਸਰਪੰਚ ਵੱਡੀ ਗਿਣਤੀ ਵਿੱਚ ਬਸਪਾ ਆਗੂ ਹਾਜਰ ਸਨ।





# ਸੀ ਟੀ ਗਰੁੱਪ ਸ਼ਾਹਪੁਰ ਨੇ ਕੀਤਾ ਕ੍ਰਿਸਮਸ ਸੀਜ਼ਨ ਦਾ ਸੁਆਗਤ

**ਜਲੰਧਰ (ਸ਼ੈਲੀ ਐਲਬਰਟ)** ਸ਼ਾਹਪੁਰ ਕੈਂਪਸ 'ਚ ਸਥਿਤ ਸੀ.ਟੀ. ਇੰਸਟੀਚਿਊਟ ਆਫ ਹਾਸਪਿਟੈਲਿਟੀ ਮੈਨੇਜਮੈਂਟ ਵੱਲੋਂ ਪ੍ਰੰਪਰਾਗਤ ਕੇਕ ਮਿਕਸਿੰਗ ਸਮਾਰੋਹ ਵੱਡੇ ਉਤਸ਼ਾਹ ਤੇ ਤਿਉਹਾਰੀ ਰੌਣਕ ਨਾਲ ਆਯੋਜਿਤ ਕੀਤਾ ਗਿਆ। ਹਰ ਸਾਲ ਮਨਾਇਆ ਜਾਂਦਾ ਇਹ ਪ੍ਰਾਚੀਨ ਕੁਲਿਨਰੀ ਰਿਵਾਜ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਹਾਸਪਿਟੈਲਿਟੀ ਉਦਯੋਗ ਦਾ ਅਟੁਟ ਹਿੱਸਾ ਰਹੀਆਂ ਬੇਕਰੀ ਪ੍ਰੰਪਰਾਵਾਂ ਦਾ ਤਜਰਬਾ ਦਿਵਾਉਂਦਾ ਹੈ।ਇਹ ਸਮਾਰੋਹ ਕਰਿਸਮਸ ਮੌਸਮ ਦੀ ਸ਼ੁਰੂਆਤ ਦਾ ਪ੍ਰਤੀਕ ਹੋਣ ਦੇ ਨਾਲ ਸੀ.ਟੀ. ਇੰਸਟੀਚਿਊਟ ਆਫ ਹਾਸਪਿਟੈਲਿਟੀ ਮੈਨੇਜਮੈਂਟ ਦੀ ਖਾਣੇ-ਪੀਣੇ ਦੀ ਸੰਸਕ੍ਰਿਤੀ ਦੇ ਸੰਰੱਖਣ ਪ੍ਰਤੀ ਵਚਨਬੱਧਤਾ ਨੂੰ ਵੀ ਦਰਸਾਉਂਦਾ ਹੈ।ਸਮਾਰੋਹ ਦੌਰਾਨ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਬਾਦਾਮ, ਕਾਜੂ, ਅਖਰੋਟ, ਕੈਂਡੀਡ ਅਦਰਕ, ਪ੍ਰੂਨ, ਕਿਸਮਿਸ਼, ਟੱਟੀ-ਫਰੂਟੀ ਅਤੇ ਗਲੇਜ਼ਡ ਚੈਰੀ ਵਰਗੀਆਂ ਚੀਜ਼ਾਂ ਨੂੰ ਖ਼ਾਸ ਕਰਿਸਮਸ ਕੇਕ ਮਿਸ਼ਰਣ ਵਿੱਚ ਸ਼ਾਮਲ ਕੀਤਾ। ਇਹ ਸਮੱਗਰੀ ਵਾਈਨ, ਬ੍ਰੈਂਡੀ ਅਤੇ ਰਮ ਵਿੱਚ ਕਰੀਬ ਪੰਦਰਾਂ ਦਿਨਾਂ ਲਈ ਭਿਉਂਈ ਜਾਵੇਗੀ, ਜਿਸ ਤੋਂ ਬਾਅਦ ਇਨ੍ਹਾਂ ਨਾਲ ਰਵਾਇਤੀ ਪਲਮ ਕੇਕ ਤਿਆਰ ਕੀਤੇ ਜਾਣਗੇ, ਜੋ ਯਿਸੂ ਮਸੀਹ ਦੇ ਜਨਮ ਨਾਲ ਜੁੜੀ ਖੁਸ਼ੀ ਅਤੇ ਪਿਆਰ ਦਾ ਪ੍ਰਤੀਕ ਹਨ। ਕੈਂਪਸ ਦਾ ਸਾਰਾ ਮਾਹੌਲ ਕ੍ਰਿਸਮਸ ਦੀ ਚਮਕ ਨਾਲ ਰੌਸ਼ਨ ਦਿਖਾਈ ਦਿੱਤਾ।ਸਮਾਰੋਹ ਵਿੱਚ ਵਿਸ਼ੇਸ਼ ਮਹਿਮਾਨਾਂ ਵਜੋਂ ਸੰਸਥਾਪਕ, ਜੋਏ ਆਫ ਕੁਕਿੰਗ ਕੁਲੀਨਰੀ ਅਕੈਡਮੀ ਹਰਕਿਰਨ ਜਨੇਜਾ, ਬੇਕਰ ਐਮ ਮਾਨਿਆ, ਐਚ.ਆਰ ਮੈਨੇਜਰ ਵਿਕਾਸ ਅਤੇ ਸੌਸ ਸ਼ੈੱਫ, ਪਾਰਕ ਇਨ ਜਲੰਧਰ, ਸ਼ੈੱਫ ਮਨੋਜ ਕੁਮਾਰ ਦਲਾਈ ਨੇ ਹਾਜ਼ਰੀ ਭਰੀ ਅਤੇ ਵਿਦਿਆਰਥੀਆਂ ਨਾਲ ਰਸੋਈ ਦੀਆਂ ਤਿਉਹਾਰੀ ਤਿਆਰੀਆਂ ਵਿੱਚ ਭਾਗ ਲਿਆ।ਸੀ.ਟੀ. ਇੰਸਟੀਚਿਊਟ ਆਫ ਹਾਸਪਿਟੈਲਿਟੀ ਮੈਨੇਜਮੈਂਟ ਦੇ ਪ੍ਰਿੰਸੀਪਲ ਦਿਵੋਇ ਛਾਬੜਾ ਨੇ ਬੋਲਦੇ ਹੋਏ ਕੇਕ ਮਿਕਸਿੰਗ ਦੀ ਪ੍ਰੰਪਰਾ ਦੀ ਮਹੱਤਾ ਅਤੇ ਹਾਸਪਿਟੈਲਿਟੀ ਖੇਤਰ ਵਿੱਚ ਇਸ ਦੀ ਲੋੜ ਬਾਰੇ ਜਾਣਕਾਰੀ ਦਿੱਤੀ। ਸਿਟੀ ਗਰੁੱਪ ਸ਼ਾਹਪੁਰ ਦੇ ਪ੍ਰਬੰਧਕ ਨਿਰਦੇਸ਼ਕ ਡਾ. ਮਨਬੀਰ ਸਿੰਘ ਅਤੇ ਸੰਯੁਕਤ ਪ੍ਰਬੰਧਕ ਨਿਰਦੇਸ਼ਕ ਤਾਨਿਕਾ ਚੰਨੀ, ਸੀ.ਟੀ. ਗਰੁੱਪ ਨੇ ਵਿਦਿਆਰਥੀਆਂ ਨੂੰ ਤਰਲ ਅਤੇ ਰਚਨਾਤਮਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਡਾ. ਮਨਬੀਰ ਸਿੰਘ ਨੇ ਕਿਹਾ ਕੇਕ ਮਿਕਸਿੰਗ ਸਿਰਫ਼ ਰਸਮ ਨਹੀਂ ਇਹ ਟੀਮ ਦੇ ਸਹਿਯੋਗ , ਰਚਨਾਤਮਕਤਾ ਅਤੇ ਹੁਨਰਮੰਦੀ ਦਾ ਤਿਉਹਾਰ ਹੈ।



# ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਿਜਦਾ ਕਰਨ ਲਈ ਸਕੂਲਾਂ 'ਚ 3-ਰੋਜ਼ਾ ਵਿਦਿਅਕ ਪ੍ਰੋਗਰਾਮ

**ਚੰਡੀਗੜ੍ਹ, (ਗੁਰਜੀਤ ਬਿੱਲਾ)**
ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ- ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ, ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫਤਿਹ ਸਿੰਘ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਿਜਦਾ ਕਰਨ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੂਬੇ ਭਰ ਦੇ ਸਕੂਲਾਂ ਵਿੱਚ ਤਿੰਨ-ਰੋਜ਼ਾ ਵਿਦਿਅਕ ਸੈਸ਼ਨ ਕਰਵਾਏ ਜਾਣਗੇ ਤਾਂ ਜੋ ਵਿਦਿਆਰਥੀਆਂ ਨੂੰ ਸ਼ਾਨਾਮੱਤੇ ਸਿੱਖ ਇਤਿਹਾਸ ਅਤੇ ਬਹਾਦਰੀ ਵਾਲੀ ਅਮੀਰ ਵਿਰਾਸਤ ਬਾਰੇ ਜਾਣੂ ਕਰਵਾਇਆ ਜਾ ਸਕੇ।

ਉਨ੍ਹਾਂ ਕਿਹਾ ਕਿ ਚਾਰ ਸਾਹਿਬਜ਼ਾਦਿਆਂ ਦੇ ਜੀਵਨ ਅਤੇ ਸ਼ਹਾਦਤ ਬਾਰੇ ਵਿਸ਼ੇਸ਼ ਤੌਰ 'ਤੇ ਵਿਦਿਅਕ ਪ੍ਰੋਗਰਾਮ ਤਿਆਰ ਕੀਤਾ ਜਾ ਰਿਹਾ ਹੈ ਅਤੇ ਪੰਜਾਬ ਦੇ ਸਾਰੇ ਸਕੂਲਾਂ (ਸਰਕਾਰੀ, ਪ੍ਰਾਈਵੇਟ ਤੇ ਏਡਿਡ) ਵਿੱਚ 22 ਤੋਂ 24 ਦਸੰਬਰ, 2025 ਤੱਕ ਸਵੇਰ ਦੀ ਸਭਾ ਵਿੱਚ 15 ਮਿੰਟ ਦਾ ਵਿਸ਼ੇਸ਼ ਸੈਸ਼ਨ ਕਰਵਾਇਆ ਜਾਵੇਗਾ।ਸ. ਹਰਜੋਤ ਸਿੰਘ ਬੈਂਸ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਇਨ੍ਹਾਂ ਸੈਸ਼ਨਾਂ ਵਿੱਚ ਵਰਤੀ ਜਾਣ ਵਾਲੀ ਵਿਦਿਅਕ ਸਮੱਗਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਤੋਂ ਪ੍ਰਮਾਣਿਤ ਹੋਵੇ ਤਾਂ ਜੋ ਇਸ ਦੀ ਇਤਿਹਾਸਕ ਸ਼ੁੱਧਤਾ , ਮਰਿਆਦਾ ਤੇ ਸਤਿਕਾਰ ਨੂੰ ਬਰਕਰਾਰ ਰੱਖਿਆ ਜਾ ਸਕੇ।ਉਨ੍ਹਾਂ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਹੈੱਡਕੁਆਰਟਰ ਵਿਖੇ 22 ਤੋਂ 24 ਦਸੰਬਰ, 2025 ਤੱਕ ਸਕੂਲੀ ਵਿਦਿਆਰਥੀਆਂ ਦੁਆਰਾ ਕੀਰਤਨ ਦਰਬਾਰ (ਸ਼ਾਮ 4:00 ਵਜੇ ਤੋਂ ਸ਼ਾਮ 6:00 ਵਜੇ ਤੱਕ) ਸਜਾਉਣ ਤੋਂ ਇਲਾਵਾ ਸਿੱਖ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਧਾਰਮਿਕ ਅਤੇ ਇਤਿਹਾਸਕ ਸਮਾਰੋਹ ਵੀ ਕਰਵਾਏ ਜਾਣਗੇ। ਇਨ੍ਹਾਂ ਸਮਾਗਮਾਂ ਦਾ ਉਦੇਸ਼ ਸਿੱਖ ਸ਼ਹੀਦਾਂ ਦੇ ਅਡੋਲ ਸਿਦਕ ਅਤੇ ਦ੍ਰਿੜ੍ਹ ਨਿਸ਼ਚੇ ਨੂੰ ਉਜਾਗਰ ਕਰਦਿਆਂ ਪੰਜਾਬ ਦੇ ਇਤਿਹਾਸ ਅਤੇ ਸਿੱਖ ਯੋਧਿਆਂ ਦੀ ਬਹਾਦਰੀ ਨਾਲ ਵਿਦਿਆਰਥੀਆਂ ਦੀ ਡੂੰਘੀ ਭਾਵਨਾਤਮਕ ਸਾਂਝ ਬਣਾਉਣਾ ਹੈ।

# ਅੰਤਰ-ਵਰਸਿਟੀ ਯੁਵਕ ਮੇਲੇ 'ਚ ਸਰਕਾਰੀ ਕਾਲਜ ਡੇਰਾ ਬੱਸੀ ਦੇ ਵਿਦਿਆਰਥੀਆਂ ਹਾਸਲ ਕੀਤਾ ਪਹਿਲਾ ਸਥਾਨ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)-** ਸਰਕਾਰੀ ਕਾਲਜ ਡੇਰਾ ਬੱਸੀ ਦੇ ਵਿਦਿਆਰਥੀਆਂ ਦੀ ਮਾਈਮ ਟੀਮ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਹੋਏ ਪੰਜਾਬ ਰਾਜ ਅੰਤਰ-ਵਰਸਿਟੀ ਯੁਵਕ ਮੇਲੇ ਦੇ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਕਾਲਜ ਅਤੇ ਡੇਰਾ ਬੱਸੀ ਇਲਾਕੇ ਦਾ ਨਾਮ ਰੌਸ਼ਨ ਕੀਤਾ। ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਟੀਮ ਵਜੋਂ ਪੰਜਾਬ ਰਾਜ ਅੰਤਰ ਵਰਸਿਟੀ ਯੁਵਕ ਮੇਲੇ ਵਿਚ ਭਾਗ ਲੈਣ ਵਾਲੇ ਇਹਨਾਂ ਵਿਦਿਆਰਥੀਆਂ ਨੇ ਆਪਣੀ ਸਖ਼ਤ ਮਿਹਨਤ, ਲਗਨ ਅਤੇ ਲਗਾਤਾਰ ਅਭਿਆਸ ਨਾਲ ਇਹ ਪ੍ਰਾਪਤੀ ਹਾਸਲ ਕੀਤੀ ਹੈ। ਕਾਲਜ ਦੀ ਮਾਈਮ ਟੀਮ ਨੇ ਇਸ ਤੋਂ ਪਹਿਲਾਂ ਰੋਪੜ ਫਤਿਹਗੜ੍ਹ ਸਾਹਿਬ ਖੇਤਰ ਦੇ ਖ਼ੇਤਰੀ ਯੁਵਕ ਅਤੇ ਲੋਕ ਮੇਲੇ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਤਰ ਖ਼ੇਤਰੀ ਯੁਵਕ ਅਤੇ ਲੋਕ ਮੇਲੇ ਵਿੱਚ ਵੀ ਪਹਿਲਾ ਸਥਾਨ ਹਾਸਲ ਕੀਤਾ ਸੀ। ਪ੍ਰਿੰਸੀਪਲ ਗਿਤਾਂਜਲੀ ਕਾਲੜਾ ਨੇ ਦੱਸਿਆ ਕਿ ਪੰਜਾਬ ਰਾਜ ਅੰਤਰ-ਵਰਸਿਟੀ ਯੁਵਕ ਮੇਲੇ ਵਿਚ ਸੂਬੇ ਦੀਆਂ ਕੁੱਲ 20 ਯੂਨੀਵਰਸਿਟੀਆਂ ਨੇ ਭਾਗ ਲਿਆ ਜਿਹਨਾਂ ਵਿਚੋਂ ਸਰਕਾਰੀ ਕਾਲਜ ਡੇਰਾ ਬੱਸੀ ਦੇ ਵਿਦਿਆਰਥੀਆਂ ਦੀ ਮਾਈਮ ਟੀਮ ਨੇ ਪਹਿਲਾ ਸਥਾਨ ਹਾਸਲ ਕਰਕੇ ਸਰਕਾਰੀ ਕਾਲਜ ਡੇਰਾ ਬੱਸੀ, ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਪ੍ਰਿੰਸੀਪਲ ਨੇ ਮਾਈਮ ਟੀਮ ਦੇ ਮੈਂਬਰ ਵਿਦਿਆਰਥੀਆਂ ਕਰਮਜੀਤ ਸਿੰਘ, ਅਜੇ, ਗੁੱਡੀ ਕੁਮਾਰੀ, ਪ੍ਰਭਾਤ ਯਾਦਵ, ਚੇਤਨਾ, ਆਸਥਾ ਅਤੇ ਸ਼ਾਲੂ ਨੂੰ ਮੁਬਾਰਕਬਾਦ ਦਿੱਤੀ।



# ਆਪ ਨੇ ਚੱਬੇਵਾਲ 'ਚ 13 ਬਲਾਕ ਸੰਮਤੀ ਸੀਟਾਂ ਬਿਨਾਂ ਮੁਕਾਬਲਾ ਜਿੱਤੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਚੱਬੇਵਾਲ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਤੋਂ ਪਹਿਲਾਂ ਹੀ ਇੱਕ ਮਜ਼ਬੂਤ ਲਹਿਰ ਦਾ ਕੇਂਦਰ ਬਣ ਗਿਆ ਹੈ। ਨਾਮਜ਼ਦਗੀ ਪੜਾਅ ਵਿੱਚ ਸੰਮਤੀ ਦੀਆਂ 44 ਵਿੱਚੋਂ 13 ਸੀਟਾਂ ਦੀ ਨਿਰਵਿਰੋਧ ਜਿੱਤ ਆਪਣੇ ਆਪ ਵਿੱਚ ਚੋਣ ਨਤੀਜਿਆਂ ਵੱਲ ਇਸ਼ਾਰਾ ਕਰਦੀ ਹੈ। ਵਿਰੋਧੀ ਧਿਰ ਦੁਆਰਾ, ਖਾਸ ਕਰਕੇ ਕਾਂਗਰਸ ਜਾਂ ਅਕਾਲੀ ਦਲ, ਇਨ੍ਹਾਂ 13 ਤੋਂ ਇਲਾਵਾ ਕਈ ਹੋਰ ਸੀਟਾਂ 'ਤੇ ਮੈਦਾਨ ਖਾਲੀ ਛੱਡ ਕੇ, ਇਹ ਦਰਸਾਉਂਦੀ ਹੈ ਕਿ ਵਿਰੋਧੀ ਧਿਰ ਚੱਬੇਵਾਲ ਵਿੱਚ ਜਨਤਕ ਭਾਵਨਾ ਤੋਂ ਜਾਣੂ ਹੈ। ਹੁਸ਼ਿਆਰਪੁਰ ਵਿੱਚ ਹੋਰ ਕਿਤੇ ਵੀ ਕਿਸੇ ਵੀ ਪਾਰਟੀ ਦਾ ਕੋਈ ਉਮੀਦਵਾਰ ਬਿਨਾਂ ਮੁਕਾਬਲੇ ਜਿੱਤਿਆ ਨਹੀਂ। ਚੱਬੇਵਾਲ ਹਲਕੇ ਵਿੱਚ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਡਾ. ਇਸ਼ਾਂਕ ਕੁਮਾਰ ਦੀ ਸਖ਼ਤ ਮਿਹਨਤ ਸਾਫ਼ ਦਿਖਾਈ ਦੇ ਰਹੀ ਹੈ। ਉਨ੍ਹਾਂ ਦੀ ਮਜ਼ਬੂਤ ਜਨਤਕ ਮੌਜੂਦਗੀ ਅਤੇ ਨਿਰੰਤਰ ਯਤਨਾਂ ਨੇ ਪਾਰਟੀ ਨੂੰ ਹਰ ਖੇਤਰ ਵਿੱਚ ਲਾਭ ਪਹੁੰਚਾਇਆ ਹੈ।ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਦੀ ਰਣਨੀਤਕ ਸੋਚ ਅਤੇ ਅਗਵਾਈ ਨੇ ਵੀ ਪਾਰਟੀ ਦੀ ਸਥਿਤੀ ਨੂੰ ਮਜ਼ਬੂਤ ਕੀਤਾ ਹੈ। ਉਨ੍ਹਾਂ ਦਾ ਮਾਰਗਦਰਸ਼ਨ ਅਤੇ ਸਥਾਨਕ ਮੁੱਦਿਆਂ ਦੀ ਡੂੰਘੀ ਸਮਝ ਇਨ੍ਹਾਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਕਮੇਟੀ ਚੋਣਾਂ ਵਿੱਚ ਫੈਸਲਾਕੁੰਨ ਸਾਬਤ ਹੋਵੇਗੀ। ਉਨ੍ਹਾਂ ਦੇ ਨਕਸ਼ੇ ਕਦਮ 'ਤੇ ਚੱਲਦੇ ਹੋਏ ਵਿਧਾਇਕ ਡਾ. ਇਸ਼ਾਂਕ ਕੁਮਾਰ ਵੀ ਆਪਣੇ ਹਲਕੇ ਵਿਚ ਲਗਾਤਾਰ ਵਿਚਰਦੇ ਰਹੇ ਹਨ ਅਤੇ ਜ਼ਮੀਨੀ ਪੱਧਰ 'ਤੇ ਆਪਣੇ ਲੋਕਾਂ ਨਾਲ ਜੁੜ ਰਹੇ ਹਨ। ਜਿਸ ਤਰ੍ਹਾਂ ਆਮ ਆਦਮੀ ਪਾਰਟੀ ਨੇ ਇਲਾਕੇ ਵਿੱਚ ਜ਼ਮੀਨੀ ਪੱਧਰ ਤੇ ਆਪਣੀ ਮੌਜੂਦਗੀ ਅਤੇ ਕੰਮ ਨੂੰ ਮਹਿਸੂਸ ਕਰਵਾਇਆ ਹੈ, ਉਹ ਆਉਣ ਵਾਲੀਆਂ ਚੋਣਾਂ ਵਿੱਚ ਵੀ ਫੈਸਲਾਕੁੰਨ ਸਾਬਤ ਹੋਵੇਗਾ। ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ, ਅਸੀਂ ਜਨਤਾ ਨੂੰ ਅਪੀਲ ਕਰਦੇ ਹਾਂ ਕਿ ਉਹ ਇਸ ਚੋਣ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਸਮਾਜ ਅਤੇ ਖੇਤਰ ਦੇ ਵਿਕਾਸ ਲਈ ਆਪਣੀਆਂ ਵੋਟਾਂ ਦੀ ਵਰਤੋਂ ਕਰਨ। ਅਸੀਂ ਪੂਰੀ ਮਿਹਨਤ ਅਤੇ ਇਮਾਨਦਾਰੀ ਨਾਲ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਵਚਨਬੱਧ ਹਾਂ। ਡਾ. ਇਸ਼ਾਂਕ ਕੁਮਾਰ ਦਾ ਕਹਿਣਾ ਹੈ, ਮੈਂ ਆਪਣੇ ਸਾਰੇ ਸਮਰਥਕਾਂ ਅਤੇ ਵਰਕਰਾਂ ਦਾ ਆਉਣ ਵਾਲੀਆਂ ਚੋਣਾਂ ਲਈ ਕੀਤੀ ਜਾ ਰਹੀ ਸਖ਼ਤ ਮਿਹਨਤ ਲਈ ਦਿਲੋਂ ਧੰਨਵਾਦ ਕਰਦਾ ਹਾਂ। ਸਾਡੇ ਯਤਨ ਹਮੇਸ਼ਾ ਲੋਕਾਂ ਦੀ ਭਲਾਈ ਅਤੇ ਪਿੰਡਾਂ ਦੇ ਵਿਕਾਸ ਲਈ ਰਹੇ ਹਨ। ਮੈਂ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਹਰ ਖੇਤਰ ਵਿੱਚ ਜਨਤਾ ਦੀਆਂ ਉਮੀਦਾਂ ਨੂੰ ਪੂਰਾ ਕਰਨ ਲਈ ਵਚਨਬੱਧ ਹਾਂ।



# 'ਆਪ' ਸਰਕਾਰ ਦੀਆਂ ਧੱਕੇਸ਼ਾਹੀਆਂ ਨੂੰ ਲੋਕਾਂ ਦੀ ਕਚਹਿਰੀ 'ਚ ਰੱਖਾਂਗੇ : ਹਰਜੋਤ ਮਾਂਗਟ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲਾ ਪ੍ਰੀਸ਼ਦ ਜ਼ੋਨ ਨੀਲੋਂ ਕਲਾਂ ਤੋਂ ਉਮੀਦਵਾਰ ਹਰਜੋਤ ਸਿੰਘ ਮਾਂਗਟ ਨੇ ਕਿਹਾ ਕਿ ਮੇਰੇ ਨਾਮਜ਼ਦਗੀ ਪੱਤਰ ਰੱਦ ਕਰਵਾਉਣ ਲਈ 'ਆਪ' ਨੇ ਅਫ਼ਸਰਸ਼ਾਹੀ 'ਤੇ ਦਬਾਅ ਪਾ ਕੇ ਅੱਡੀ ਚੋਟੀ ਦਾ ਜ਼ੋਰ ਲਗਾਇਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਜੋਤ ਸਿੰਘ ਮਾਂਗਟ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਹਲਕਾ ਸਮਰਾਲਾ ਤੋਂ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ ਜੋ ਕਿ ਅਕਾਲੀ ਆਗੂਆਂ ਤੇ ਵਰਕਰਾਂ ਨਾਲ ਚੱਟਾਨ ਵਾਂਗ ਖੜ੍ਹਦੇ ਹਨ ਉਨ੍ਹਾਂ ਨੇ ਅਫ਼ਸਰਸ਼ਾਹੀ ਨੂੰ ਕਿਹ ਕਿ ਕਿਸੇ ਵੀ ਵਰਕਰ ਨਾਲ ਧੱਕੇਸ਼ਾਹੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਨੀਲੋਂ ਕਲਾਂ ਜ਼ੋਨ ਦੇ 70 ਪਿੰਡਾਂ ਵਿਚ ਉਹ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਮਰਹੂਮ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਵਲੋਂ ਕਰਵਾਏ ਗਏ ਵਿਕਾਸ ਕਾਰਜਾਂ ਨੂੰ ਅੱਗੇ ਰੱਖ ਕੇ ਚੋਣ ਲੜਨਗੇ ਅਤੇ ਨਾਲ ਹੀ 'ਆਪ' ਸਰਕਾਰ ਦੀਆਂ ਧੱਕੇਸ਼ਾਹੀਆਂ ਅਤੇ ਝੂਠੇ ਵਾਅਦਿਆਂ ਨੂੰ ਵੀ ਲੋਕਾਂ ਅੱਗੇ ਜਾਗਰੂਕ ਕਰਨਗੇ। ਇਸ ਮੌਕੇ ਉਨ੍ਹਾਂ ਨਾਲ ਹਰਜਤਿੰਦਰ ਸਿੰਘ ਬਾਜਵਾ, ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਨਗਿੰਦਰ ਸਿੰਘ ਮਾਂਗਟ, ਕੁਲਜਿੰਦਰ ਸਿੰਘ ਖੇੜਾ, ਹਰਿੰਦਰ ਸਿੰਘ ਪੱਪੀ, ਦਰਸ਼ਨ ਸਿੰਘ ਮਿੱਠੇਵਾਲ, ਸੁਰਮੁਖ ਸਿੰਘ, ਸਰਪੰਚ ਗੁਰਨਾਮ ਸਿੰਘ, ਸੱਤਪਾਲ ਸਿੰਘ, ਹਰਵਿੰਦਰ ਸਿੰਘ, ਸਰਪੰਚ ਭਗਤ ਸਿੰਘ, ਜਥੇਦਾਰ ਹਰਜੀਤ ਸਿੰਘ ਸ਼ੇਰੀਆਂ, ਸਰਪੰਚ ਹਰਜਿੰਦਰ ਸਿੰਘ, ਕੁਲਜਿੰਦਰ ਸਿੰਘ ਘੁਮਾਣ, ਪ੍ਰਿੰਸੀਪਲ ਪ੍ਰਿਤਪਾਲ ਸਿੰਘ ਗਰੇਵਾਲ, ਸੁਰਿੰਦਰ ਸਿੰਘ, ਹਰਪਿਲ ਸਿੰਘ, ਰਮੇਸ਼ ਕੁਮਾਰ, ਗੋਬਿੰਦਾ ਖੇੜਾ, ਨਸੀਬ ਚੰਦ, ਪਰਮਜੀਤ ਸਿੰਘ ਪੰਮਾ, ਰਾਹੁਲ ਕੁਮਾਰ, ਕੁਲਦੀਪ ਸਿੰਘ, ਕਪਿਲ ਸਿੰਘ, ਮੁਖਤਿਆਰ ਲਾਲ, ਸੁਰਿੰਦਰ ਸਿੰਘ ਛਿੰਦਾ, ਕਸ਼ਮੀਰ ਸਿੰਘ ਵੀ ਮੌਜੂਦ ਸਨ।



# ਮਹਾਂਪ੍ਰੀਨਿਰਵਾਣ ਦਿਵਸ ਮੌਕੇ ਡਾ. ਬੀ. ਆਰ. ਅੰਬੇਡਕਰ ਨੂੰ ਅਕੀਦਤ ਦੇ ਫੁੱਲ ਭੇਟ

**ਲੁਧਿਆਣਾ (ਰੈਕਟਰ ਕਥੂਰੀਆ)**- ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮਰਾਓ ਅੰਬੇਡਕਰ ਦੇ ਮਹਾਂਪ੍ਰੀਨਿਰਵਾਣ ਦਿਵਸ ਮੌਕੇ ਸਰਾਭਾ ਨਗਰ ਵਿਖੇ ਅਯੋਜਿਤ ਸਮਾਗਮ ਦੌਰਾਨ ਕਾਂਗਰਸ ਪਾਰਟੀ ਵੱਲੋਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਸੰਬੋਧਨ ਕਰਦਿਆਂ ਸੀਨੀਅਰ ਕਾਂਗਰਸੀ ਆਗੂ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਪਵਨ ਦੀਵਾਨ ਨੇ ਕਿਹਾ ਹੈ ਕਿ ਡਾ. ਬੀ. ਆਰ. ਅੰਬੇਡਕਰ ਵੱਲੋਂ ਰਚਿਆ ਗਿਆ ਸੰਵਿਧਾਨ ਅੱਜ ਦੇਸ਼ ਦੇ ਲੋਕਾਂ ਨੂੰ ਉਨ੍ਹਾਂ ਦੇ ਹੱਕ ਲਈ ਲੜਨ ਦੀ ਆਜ਼ਾਦੀ ਦੇ ਰਿਹਾ ਹੈ। ਉਨ੍ਹਾਂ ਦੀ ਮਹਾਨ ਸ਼ਖ਼ਸੀਅਤ ਨੂੰ ਸ਼ਬਦਾਂ ਨਾਲ ਬਿਆਨ ਨਹੀਂ ਕੀਤਾ ਜਾ ਸਕਦਾ ਹੈ। ਇਸ ਮੌਕੇ ਉਨ੍ਹਾਂ ਨੇ ਪਾਰਟੀ ਵਰਕਰਾਂ ਨੂੰ ਡਾ. ਅੰਬੇਡਕਰ ਵੱਲੋਂ ਦਿਖਾਏ ਗਏ ਰਾਹ ਉਪਰ ਚੱਲਣ ਅਤੇ ਲੋੜਵੰਦਾਂ ਦੀ ਮਦਦ ਕਰਨ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਨੀਅਰ ਕਾਂਗਰਸੀ ਆਗੂ ਇੰਦਰਜੀਤ ਕਪੂਰ, ਪੀਸੀਸੀ ਮੈਂਬਰ ਸੁਸ਼ੀਲ ਮਲਹੋਤਰਾ, ਰੋਹਿਤ ਪਾਹਵਾ, ਨੀਰਜ ਬਿਰਲਾ, ਰਜਨੀਸ਼ ਸਿੰਗਲਾ, ਦੀਪਕ ਹੰਸ, ਵਰੁਨ ਸ਼ਰਮਾ, ਸੰਤੋਸ਼ ਗਰਗ, ਰਾਜ ਗਿੱਲ ਵੀ ਮੌਜੂਦ ਰਹੇ।

# 'ਆਪ' ਦੀ ਕਕਰਾਲਾ ਕਲਾਂ ਜ਼ੋਨ ਤੋਂ ਉਮੀਦਵਾਰ ਕਮਲਜੀਤ ਕੌਰ ਬਿਨਾਂ ਮੁਕਾਬਲਾ ਜੇਤੂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਮਾਛੀਵਾੜਾ ਬਲਾਕ ਸਮਿਤੀ ਦੇ 16 ਜ਼ੋਨਾਂ ਲਈ 89 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ। ਚੋਣ ਅਧਿਕਾਰੀ ਕੁਲਦੀਪ ਬਾਵਾ ਅਨੁਸਾਰ ਨਾਮਜ਼ਦਗੀ ਪੱਤਰਾਂ ਦੀ ਜਾਂਚ ਤੇ ਇਤਰਾਜ਼ਾਂ ਤੋਂ ਬਾਅਦ 7 ਵਿਅਕਤੀਆਂ ਦੇ ਨਾਮਜ਼ਦਗੀ ਪੱਤਰ ਰੱਦ ਕੀਤੇ ਗਏ ਅਤੇ 28 ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਵਾਪਸ ਲੈ ਲਏ। ਚੋਣ ਅਧਿਕਾਰੀ ਅਨੁਸਾਰ ਬਲਾਕ ਸਮਿਤੀ ਜ਼ੋਨ ਕਕਰਾਲਾ ਕਲਾਂ ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਕਮਲਜੀਤ ਕੌਰ ਬਿਨਾਂ ਮੁਕਾਬਲਾ ਜੇਤੂ ਕਰਾਰ ਦਿੱਤੀ ਗਈ ਕਿਉਂਕਿ ਉਨ੍ਹਾਂ ਦੇ ਮੁਕਾਬਲੇ ਖੜ੍ਹੇ ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਰੱਦ ਪਾਏ ਗਏ। ਮਾਛੀਵਾੜਾ ਬਲਾਕ ਸਮਿਤੀ ਦੇ ਹੁਣ 15 ਜ਼ੋਨਾਂ 'ਚੋਂ ਚੋਣ ਮੁਕਾਬਲਾ ਹੋਵੇਗਾ ਜਿਸ ਵਿਚ ਸਾਰੀਆਂ ਸਿਆਸੀ ਪਾਰਟੀਆਂ ਦੇ 54 ਉਮੀਦਵਾਰ ਚੋਣ ਮੈਦਾਨ ਵਿਚ ਹਨ। ਚੋਣ ਅਧਿਕਾਰੀ ਵੱਲੋਂ ਜਾਰੀ ਸੂਚੀ ਅਨੁਸਾਰ ਜ਼ੋਨ ਨੰਬਰ 1 ਪੰਜਗਰਾਈਆਂ ਤੋਂ ਸਤਨਾਮ ਕੌਰ ਭਾਜਪਾ, ਕੁਲਵਿੰਦਰ ਸਿੰਘ ਅਕਾਲੀ ਦਲ, ਮਲਕੀਤ ਕੌਰ 'ਆਪ' ਅਤੇ ਰਾਜਨ ਕੁਮਾਰ ਕਾਂਗਰਸ ਦੇ ਉਮੀਦਵਾਰ ਹਨ, ਵਾਰਡ ਨੰਬਰ 2 ਜਾਤੀਵਾਲ ਤੋਂ ਅਜੈ ਕੁਮਾਰ ਕਾਂਗਰਸ, ਕੁਲਦੀਪ ਸਿੰਘ ਜਾਤੀਵਾਲ ਅਕਾਲੀ ਦਲ, ਜਗਤਾਰ ਸਿੰਘ 'ਆਪ' ਅਤੇ ਜਤਿੰਦਰ ਕੁਮਾਰ ਭਾਜਪਾ ਦੇ ਉਮੀਦਵਾਰ ਹਨ, ਜ਼ੋਨ ਨੰਬਰ 3 ਚਕਲੀ ਆਦਲ ਤੋਂ ਅੰਮ੍ਰਿਤਪਾਲ ਕੌਰ ਅਕਾਲੀ ਦਲ, ਜਸਵਿੰਦਰ ਕੌਰ 'ਆਪ', ਭਿੰਦਰ ਕੌਰ ਕਾਂਗਰਸ ਦੇ ਉਮੀਦਵਾਰ ਹਨ, ਜ਼ੋਨ ਨੰਬਰ 4

**● ਬਲਾਕ ਸਮਿਤੀ ਦੇ 15 ਜ਼ੋਨਾਂ ਤੋਂ 54 ਉਮੀਦਵਾਰ ਚੋਣ ਮੈਦਾਨ 'ਚ**

ਹਿਯਾਤਪੁਰ ਤੋਂ ਜਤਿੰਦਰ ਕੌਰ ਕਾਂਗਰਸ, ਹਰਪ੍ਰੀਤ ਕੌਰ ਭਾਜਪਾ, ਕੁਲਦੀਪ ਕੌਰ ਅਕਾਲੀ ਦਲ, ਜਸਵਿੰਦਰ ਕੌਰ 'ਆਪ' ਦੇ ਉਮੀਦਵਾਰ ਹਨ, ਜ਼ੋਨ ਨੰਬਰ 5 ਮਾਛੀਵਾੜਾ ਖਾਮ ਤੋਂ ਸੁਰਿੰਦਰ ਕੌਰ ਭਾਜਪਾ, ਗੁਰਵਿੰਦਰ ਕੌਰ ਅਕਾਲੀ ਦਲ, ਜਸਪਾਲ ਕੌਰ ਕਾਂਗਰਸ ਅਤੇ ਰੀਨਾ ਰੰਗੀ 'ਆਪ' ਦੇ ਉਮੀਦਵਾਰ ਹਨ, ਜ਼ੋਨ ਨੰਬਰ 6 ਸ਼ੇਰਪੁਰ ਬੇਟ ਤੋਂ ਗੁਰਪ੍ਰੀਤ ਸਿੰਘ 'ਆਪ', ਰਛਪਾਲ ਸਿੰਘ ਕਾਂਗਰਸ, ਰੁਪਿੰਦਰ ਸਿੰਘ ਢੀਂਡਸਾ ਅਕਾਲੀ ਦਲ ਦੇ ਉਮੀਦਵਾਰ ਹਨ, ਜ਼ੋਨ ਨੰਬਰ 7 ਬਹਿਲੋਲਪੁਰ ਤੋਂ ਮਨਜੀਤ ਸਿੰਘ ਅਕਾਲੀ ਦਲ, ਰਮਨਦੀਪ ਸਿੰਘ ਕਾਂਗਰਸ ਅਤੇ ਰਜਿੰਦਰ ਸਿੰਘ 'ਆਪ' ਉਮੀਦਵਾਰ ਹਨ, ਜ਼ੋਨ ਨੰਬਰ 8 ਰਤੀਪੁਰ ਤੋਂ ਸੁਰਿੰਦਰ ਕੌਰ 'ਆਪ', ਕੁਲਵਿੰਦਰ ਕੌਰ ਕਾਂਗਰਸ, ਜਸਵੀਰ ਕੌਰ ਅਕਾਲੀ ਦਲ ਅਤੇ ਮਨਦੀਪ ਕੌਰ ਭਾਜਪਾ ਉਮੀਦਵਾਰ ਹਨ, ਜ਼ੋਨ ਨੰਬਰ 9 ਗਹਿਲੇਵਾਲ ਤੋਂ ਜਗਜੀਤ ਸਿੰਘ ਅਕਾਲੀ ਦਲ, ਜਸਪ੍ਰੀਤ ਸਿੰਘ ਭੱਟੀ ਭਾਜਪਾ, ਨਛੱਤਰ ਸਿੰਘ 'ਆਪ' ਅਤੇ ਮਨਜੀਤ ਸਿੰਘ ਕਾਂਗਰਸ ਉਮੀਦਵਾਰ ਹਨ, ਜ਼ੋਨ ਨੰਬਰ 11 ਹੇਡੋਂ ਢਾਹਾ ਤੋਂ ਬਬਲੀ ਰਾਣੀ ਭਾਜਪਾ, ਮਨਦੀਪ ਕੌਰ 'ਆਪ' ਦੇ ਉਮੀਦਵਾਰ ਹਨ, ਜ਼ੋਨ ਨੰਬਰ 12 ਖੀਰਨੀਆਂ ਤੋਂ ਅਮਰਦੀਪ ਸਿੰਘ ਭਾਜਪਾ, ਕੇਸਰ ਸਿੰਘ ਅਕਾਲੀ ਦਲ, ਜਸਪ੍ਰੀਤ ਸਿੰਘ ਕਾਂਗਰਸ, ਜਸਵੀਰ ਸਿੰਘ 'ਆਪ' ਦੇ ਉਮੀਦਵਾਰ ਹੋਣਗੇ, ਜ਼ੋਨ ਨੰਬਰ 13 ਭਰਥਲਾ ਤੋਂ ਅਮਨਪ੍ਰੀਤ ਸਿੰਘ ਅਕਾਲੀ ਦਲ, ਤੇਜਪਾਲ ਸਿੰਘ 'ਆਪ', ਦਵਿੰਦਰ ਕੁਮਾਰ ਭਾਜਪਾ ਅਤੇ ਰਿਤਿਕਾ ਕਾਂਗਰਸ ਉਮੀਦਵਾਰ ਹੋਵੇਗੀ, ਜ਼ੋਨ ਨੰਬਰ 14 ਤੱਖਰਾਂ ਤੋਂ ਕਮਲਜੀਤ ਕੌਰ ਕਾਂਗਰਸ, ਕੁਲਦੀਪ ਕੌਰ 'ਆਪ', ਪਰਮਜੀਤ ਕੌਰ ਭਾਜਪਾ, ਮਨਜੀਤ ਕੌਰ ਅਕਾਲੀ ਦਲ ਦੇ ਉਮੀਦਵਾਰ ਹੋਣਗੇ, ਜ਼ੋਨ ਨੰਬਰ 15 ਮਾਣੇਵਾਲ ਤੋਂ ਹਰਜੀਤ ਸਿੰਘ ਅਕਾਲੀ ਦਲ, ਕਸ਼ਮੀਰ ਸਿੰਘ 'ਆਪ', ਗੁਰਪ੍ਰੀਤ ਸਿੰਘ ਭਾਜਪਾ ਅਤੇ ਲਖਵੀਰ ਸਿੰਘ ਕਾਂਗਰਸ ਦੇ ਉਮੀਦਵਾਰ ਹਨ, ਜ਼ੋਨ ਨੰਬਰ 16 ਹੇਡੋਂ ਬੇਟ ਤੋਂ ਮਹਿੰਦਰ ਕੌਰ ਅਕਾਲੀ ਅਤੇ ਰੀਨਾ ਰਾਣੀ 'ਆਪ' ਉਮੀਦਵਾਰ ਹੋਣਗੇ।



ਰਾਜਪੁਰਾ ਦੇ ਆਰੀਆ ਸਮਾਜ ਮੰਦਰ ਰੋਡ 'ਤੇ ਨਵੇਂ ਬਣੇ ਖਾਟੂ ਸ਼ਾਮ ਮੰਦਰ ਵਿਖੇ ਮਸ਼ਹੂਰ ਭਜਨ ਗਾਇਕ ਕਨ੍ਹੱਈਆ ਮਿੱਤਲ ਨੇ ਖਾਟੂ ਸ਼ਾਮ ਬਾਬਾ ਦੇ ਦਰਸ਼ਨ ਕੀਤੇ। ਇਸ ਮੌਕੇ ਮੰਦਰ ਦੇ ਪ੍ਰਧਾਨ ਸ਼ੰਮੀ, ਕੰਵਲ ਨੈਨ, ਜਗਦੀਸ਼, ਕੇ. ਬੀ. ਸ਼ੌਰਵ, ਅਨਿਲ, ਰਜਿੰਦਰ ਕਟਾਰੀਆ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਭਗਤ ਜਨ ਹਾਜ਼ਰ ਸਨ। (ਫੋਟੋ ਤੇ ਵੇਰਵਾ : ਰਮੇਸ਼ ਕਟਾਰੀਆ)

# ਡੀ ਏ ਵੀ ਹਾਈ ਸਕੂਲ ਨਾਭਾ ਦੇ ਸਾਲਾਨਾ ਦਿਵਸ ਮੌਕੇ 'ਉਡਾਣ' ਸਮਾਗਮ

**ਨਾਭਾ (ਵਰਿੰਦਰ ਵਰਮਾ)** ਡੀ ਏ ਵੀ ਹਾਈ ਸਕੂਲ ਨਾਭਾ ਵਿਖੇ ਸਾਲਾਨਾ ਦਿਵਸ ਮੌਕੇ ਉਡਾਣ 2025 ਸਮਾਗਮ ਸ਼ਾਨੋ-ਸ਼ੌਕਤ ਨਾਲ ਮਨਾਇਆ, ਜੋ ਕਿ ਸ਼ਾਨ, ਖੁਸ਼ੀ ਅਤੇ ਉਤਸ਼ਾਹ ਨਾਲ ਭਰਿਆ ਹੋਇਆ ਸੀ। ਸਮਾਗਮ ਵਿੱਚ ਮਾਣਯੋਗ ਸ. ਕਰਨਵੀਰ ਸਿੰਘ ਸਿਬੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਡਾ. ਅਰਵਿੰਦ ਮੋਹਨ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਸਮਾਗਮ ਦੀ ਸ਼ੁਰੂਆਤ ਮਹਿਮਾਨਾਂ ਦੇ ਨਿੱਘੇ ਸਵਾਗਤ ਨਾਲ ਹੋਈ, ਜਿਸ ਤੋਂ ਬਾਅਦ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨਾਂ ਦੁਆਰਾ ਦੀਵੇ ਜਗਾਉਣ ਦੀ ਰਸਮ ਨਿਭਾਈ ਗਈ, ਜਿਸ ਵਿੱਚ ਸਕੂਲ ਚੇਅਰਮੈਨ, ਸਕੂਲ ਮੈਨੇਜਰ, ਪ੍ਰਿੰਸੀਪਲ, ਵਾਇਸ ਪ੍ਰਿੰਸੀਪਲ ਅਤੇ ਹੋਰ ਉੱਘੇ ਪਤਵੰਤੇ ਸ਼ਾਮਲ ਸਨ। ਪ੍ਰਿੰਸੀਪਲ ਪ੍ਰਿੰਸ ਢੰਡ ਨੇ ਸਾਰੇ ਹਾਜ਼ਰੀਨ ਦਾ ਸਵਾਗਤ ਕੀਤਾ ਅਤੇ ਪਿਛਲੇ ਸੈਸ਼ਨ ਵਿੱਚ ਸਕੂਲ ਦੀਆਂ ਪ੍ਰਾਪਤੀਆਂ ਨੂੰ ਦਰਸਾਉਂਦੀ ਸਾਲਾਨਾ ਰਿਪੋਰਟ ਸਾਂਝੀ ਕੀਤੀ ਗਈ। ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਬੇਮਿਸਾਲ ਵਿਦਵਤਾਪੂਰਨ ਅਤੇ ਐਥਲੈਟਿਕ ਯਤਨਾਂ ਲਈ ਇਨਾਮ ਦਿੱਤੇ ਗਏ। ਸੱਭਿਆਚਾਰਕ ਪ੍ਰੋਗਰਾਮ ਹੋਇਆ। ਹਰੇਕ ਪੇਸ਼ਕਾਰੀ ਰੰਗ ਅਤੇ ਊਰਜਾ ਨਾਲ ਭਰੀ ਹੋਈ ਸੀ, ਆਪਣੇ ਤਾਲਬੱਧ ਪ੍ਰਦਰਸ਼ਨਾਂ ਨਾਲ ਦਰਸ਼ਕਾਂ ਨੂੰ ਮੋਹਿਤ ਕਰਦੀ ਸੀ। ਇਸ ਮੌਕੇ ਛੋਟੇ ਬੱਚਿਆਂ ਨੇ ਆਪਣੇ ਪ੍ਰਦਰਸ਼ਨ ਸ਼ਾਨਦਾਰ ਨਿਪੁੰਨਤਾ ਨਾਲ ਪੇਸ਼ ਕੀਤੇ, ਦਰਸ਼ਕਾਂ ਤੋਂ ਤਾੜੀਆਂ ਦੀ ਗੂੰਜ ਪ੍ਰਾਪਤ ਕੀਤੀ।



ਕਰਨਵੀਰ ਸਿੰਘ ਸਿਬੀਆ ਨੇ ਸਕੂਲ ਵਿੱਚ ਵਾਸ਼ਰੂਮ ਦੇ ਪ੍ਰੋਜੈਕਟ ਲਈ ਸਕੂਲ ਨੂੰ 2 ਲੱਖ ਰੁਪਏ ਦੀ ਗਰਾਂਟ ਦਿੱਤੀ ਅਤੇ 1 ਲੱਖ 50 ਹਜ਼ਾਰ ਰੁਪਏ ਦੇ ਉੱਚ ਵਿਸ਼ੇਸ਼ਤਾ ਵਾਲੇ ਤਕਨਾਲੋਜੀ ਵਾਲੇ ਕੰਪਿਊਟਰ ਵੀ ਭੇਟ ਕੀਤੇ। ਉਨ੍ਹਾਂ ਦਰਸ਼ਕਾਂ ਨੂੰ ਸੰਬੋਧਨ ਕਰਦੇ ਹੋਏ ਡੀ.ਏ.ਵੀ. ਹਾਈ ਸਕੂਲ, ਨਾਭਾ ਦੀ ਪ੍ਰਸ਼ੰਸਾ ਕੀਤੀ। ਸਮਾਗਮ ਸਾਰਿਆਂ ਦਾ ਦਿਲੋਂ ਧੰਨਵਾਦ ਕਰਨ ਨਾਲ ਸਮਾਪਤ ਹੋਇਆ। ਇਸ ਮੌਕੇ ਵੇਦ ਪ੍ਰਕਾਸ਼ ਡੱਲਾ, ਸੁਨੀਲ ਗੁਪਤਾ, ਵਿਕਾਸ ਮਿੱਤਲ, ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਉਨਾਂ ਦੇ ਮਾਤਾ ਪਿਤਾ ਹਾਜ਼ਰ ਸਨ।

# ਹਰਦੀਪ ਪੁਰੀ ਨੂੰ ਕੇਂਦਰੀ ਵਜ਼ਾਰਤ 'ਚੋਂ ਕੱਢਿਆ ਜਾਵੇ : ਲਿਬਰੇਸ਼ਨ

**ਮਾਨਸਾ (ਆਤਮਾ ਸਿੰਘ ਪਮਾਰ)**- ਸੀ ਪੀ ਆਈ ਐਮ ਐਲ ਲਿਬਰੇਸ਼ਨ ਨੇ ਮੰਗ ਕੀਤੀ ਹੈ ਕਿ ਕੇਂਦਰ ਸਰਕਾਰ ਪੈਟਰੋਲੀਅਮ ਮੰਤਰੀ ਹਰਦੀਪ ਸਿੰਘ ਪੁਰੀ ਵਲੋਂ ਅਮਰੀਕਾ 'ਚ ਭਾਰਤ ਦਾ ਰਾਜਦੂਤ ਹੁੰਦੇ ਹੋਏ ਨਾਬਾਲਗ ਬੱਚੇ ਬੱਚੀਆਂ ਦਾ ਜਿਨਸੀ ਸ਼ੋਸ਼ਣ ਰੈਕੇਟ ਚਲਾਉਣ ਲਈ ਬਦਨਾਮ ਜੈਫਰੀ ਅਪਸਟੀਨ ਨਾਲ ਮੁਲਾਕਾਤਾਂ ਕਰਨ ਬਾਰੇ ਕੌਮਾਂਤਰੀ ਪੱਧਰ 'ਤੇ ਚੱਲ ਰਹੀ ਚਰਚਾ ਬਾਰੇ ਅਪਣਾ ਪੱਖ ਸਪੱਸ਼ਟ ਕਰੇ। ਲਿਬਰੇਸ਼ਨ ਦੇ ਸੂਬਾਈ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ ਅਤੇ ਸੂਬਾ ਪਾਰਟੀ ਦੇ ਬੁਲਾਰੇ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਵਲੋਂ ਇਸ ਸਬੰਧੀ ਜਾਰੀ ਬਿਆਨ 'ਚ ਕਿਹਾ ਗਿਆ ਹੈ ਕਿ ਮੀਡੀਆ 'ਚ ਵੱਡੀ ਚਰਚਾ ਹੈ ਕਿ ਵਿਸ਼ਵ ਸੈਕਸ ਰੈਕੇਟ ਚਲਾਉਣ ਦੇ ਨਾਲ ਨਾਲ ਜੈਫਰੀ ਅਪਸਟੀਨ ਇੱਕ ਡੀਪ ਸਟੇਟ ਲਾਬੀਇਸਟ ਵੀ ਸੀ ਅਤੇ ਉਸ ਨੇ ਭਾਰਤ ਤੇ ਇਜ਼ਰਾਈਲ ਵਿਚਕਾਰ ਪਹਿਲੀ ਵਾਰ ਹਥਿਆਰਾਂ ਦਾ ਇੱਕ ਵੱਡਾ ਸੌਦਾ ਕਰਵਾਉਣ ਲਈ ਅਤੇ ਗੌਤਮ ਅਡਾਨੀ ਦੀ ਕੰਪਨੀ ਅਦਾਨੀ ਪੋਰਟਸ ਨੂੰ ਇਜ਼ਰਾਈਲ ਦੀ ਹਾਇਫਾ ਬੰਦਰਗਾਹ ਨੂੰ ਚਲਾਉਣ ਅਤੇ ਵਿਕਸਿਤ ਕਰਨ ਲਈ ਕਰੀਬ 9,800 ਕਰੋੜ ਰੁਪਏ ਦਾ ਇੱਕ ਕੰਟਰੈਕਟ ਹਾਸਲ ਕਰਨ ਲਈ ਵੀ ਲਾਬਿੰਗ ਕੀਤੀ ਸੀ। ਅਜਿਹੇ ਬਦਨਾਮ ਅਪਰਾਧੀ ਨਾਲ ਅਮਰੀਕਾ 'ਚ ਭਾਰਤ ਦੇ ਰਾਜਦੂਤ ਪੁਰੀ ਵਲੋਂ ਕਈ ਮੀਟਿੰਗਾਂ ਕਰਨ ਦਾ ਭੇਤ ਖੁੱਲ੍ਹਣ ਨਾਲ ਦੇਸ਼ ਦੀ ਸ਼ਾਖ ਨੂੰ ਭਾਰੀ ਸੱਟ ਵੱਜੀ ਹੈ। ਇਸ ਲਈ ਹਰਦੀਪ ਪੁਰੀ ਨੂੰ ਫੌਰੀ ਤੌਰ 'ਤੇ ਕੇਂਦਰੀ ਵਜ਼ਾਰਤ ਵਿਚੋਂ ਬਾਹਰ ਕਰਕੇ ਇਸ ਕੌਮਾਂਤਰੀ ਮਾਮਲੇ ਦੀ ਲਾਜ਼ਮੀ ਤੌਰ 'ਤੇ ਉੱਚ ਪੱਧਰੀ ਜਾਂਚ ਕਰਵਾਏ ਜਾਣ ਦੀ ਜ਼ਰੂਰਤ ਹੈ।

# ਝਾੜ ਸਾਹਿਬ ਵਿਖੇ ਕਾਲਜ ਫਾਰ ਵਿਮੈਨ ਨੇ ਮਨਾਇਆ ਭਾਈ ਵੀਰ ਸਿੰਘ ਦਾ ਜਨਮ ਦਿਹਾੜਾ



**ਸਮਰਾਲਾ (ਸੁਰਜੀਤ ਸਿੰਘ)**- ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਹੇਠ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੇ ਮੁੱਖੀ ਡਾ. ਮਹੀਪਿੰਦਰ ਕੌਰ ਅਤੇ ਪੰਜਾਬੀ ਸਾਹਿਤ ਸਭਾ ਦੇ ਇੰਚਾਰਜ ਪ੍ਰੋ. ਜਸਵੀਰ ਕੌਰ ਦੇ ਸਾਂਝੇ ਯਤਨਾਂ ਸਦਕਾ ਆਧੁਨਿਕ ਪੰਜਾਬੀ ਕਵਿਤਾ ਦੇ ਮੋਢੀ ਅਤੇ ਕੁਦਰਤ ਪ੍ਰੇਮੀ ਭਾਈ ਵੀਰ ਸਿੰਘ ਦੇ ਜਨਮ ਦਿਵਸ ਨੂੰ ਸਮਰਪਿਤ ਵਿਦਿਆਰਥਣਾਂ ਦੇ ਕਵਿਤਾ ਉਚਾਰਨ ਮੁਕਾਬਲੇ ਕਰਵਾਏ ਗਏ। ਮੁਕਾਬਲੇ ਵਿੱਚ ਪੇਸ਼ ਕੀਤੀਆਂ ਗਈਆਂ ਕਵਿਤਾਵਾਂ ਭਾਈ ਸਾਹਿਬ ਦੇ ਕਾਵਿ ਸੰਗ੍ਰਹਿ ਵਿੱਚੋਂ ਹੀ ਲਈਆਂ ਗਈਆਂ ਸਨ। ਇਸ ਮੌਕੇ ਜੱਜ ਦੀ ਭੂਮਿਕਾ ਅਸਿ. ਪ੍ਰੋ. ਸੰਦੀਪ ਸਿੰਘ (ਵਿਭਾਗ ਅੰਗਰੇਜ਼ੀ) ਵੱਲੋਂ ਬਾਖੂਬੀ ਨਿਭਾਈ ਗਈ। ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥਣ ਗੁਰਲੀਨ ਕੌਰ ਨੇ ਪਹਿਲਾ ਸਥਾਨ, ਦਿਲਪ੍ਰੀਤ ਕੌਰ ਨੇ ਦੂਜਾ ਸਥਾਨ, ਸੋਨੀਆ ਨੇ ਤੀਜਾ ਸਥਾਨ ਅਤੇ ਦਮਨਪ੍ਰੀਤ ਕੌਰ ਨੇ ਹੌਂਸਲਾ ਵਧਾਊ ਇਨਾਮ ਪ੍ਰਾਪਤ ਕੀਤੇ। ਕਾਲਜ ਪ੍ਰਿੰਸੀਪਲ ਨੇ ਵਿਭਾਗ ਵੱਲੋਂ ਆਯੋਜਿਤ ਕੀਤੇ ਗਏ ਇਸ ਪ੍ਰੋਗਰਾਮ ਦੀ ਸ਼ਲਾਘਾ ਕੀਤੀ ਅਤੇ ਭਾਈ ਸਾਹਿਬ ਦੇ ਜਨਮ ਦਿਵਸ ਤੇ ਵਧਾਈ ਦਿੰਦੇ ਹੋਏ ਕਿਹਾ ਕਿ ਕਿਸੇ ਵੀ ਸਾਹਿਤਕਾਰ ਦੇ ਸਾਹਿਤ ਨਿਰਮਾਣ ਲਈ ਭਾਸ਼ਾ ਦਾ ਗਿਆਨ ਹੋਣਾ ਜ਼ਰੂਰੀ ਹੈ। ਭਾਸ਼ਾ ਦੇ ਮਾਧਿਅਮ ਨਾਲ ਹੀ ਸਾਹਿਤਕਾਰ ਪਾਠਕ/ਸਰੋਤੇ ਨੂੰ ਇਕਸੁਰ ਹੋ ਕਿ ਸੰਚਾਰ ਪ੍ਰਬੰਧ ਨੂੰ ਕਾਇਮ ਕਰ ਸਕਦਾ ਹੈ। ਭਾਈ ਵੀਰ ਸਿੰਘ ਦੀ ਸਮੁੱਚੀ ਕਵਿਤਾ ਪੰਜਾਬੀ ਭਾਸ਼ਾ ਵਿੱਚ ਮਿਲਦੀ ਹੈ। ਉਨ੍ਹਾਂ ਨੂੰ ਆਧੁਨਿਕ ਕਵਿਤਾ ਦਾ ਮੋਢੀ ਅਤੇ ਨਿੱਕੀਆਂ ਕਵਿਤਾਵਾਂ ਦਾ ਵੱਡਾ ਕਵੀ ਹੋਣ ਦਾ ਮਾਣ ਹਾਸਲ ਹੈ। ਪ੍ਰੋਗਰਾਮ ਦੇ ਅੰਤ ਵਿੱਚ ਵਿਦਿਆਰਥਣਾਂ ਨੂੰ ਇਨਾਮ ਵੀ ਵੰਡੇ ਗਏ।

# ਮੁਲਾਜ਼ਮਾਂ ਦੀਆਂ ਰੁਕੀਆਂ ਤਨਖਾਹਾਂ ਤੁਰੰਤ ਜਾਰੀ ਕੀਤੀਆਂ ਜਾਣ : ਡੀ ਟੀ ਐੱਫ

**ਮੋਗਾ (ਇਕਬਾਲ ਸਿੰਘ ਖਹਿਰਾ)**- ਸਿੱਖਿਆ ਸਿਹਤ ਤੋਂ ਇਲਾਵਾ ਹਰ ਖੇਤਰ ਵਿੱਚ ਕ੍ਰਾਂਤੀ ਦੀਆਂ ਟਾਹਰਾਂ ਮਾਰਨ ਵਾਲੀ ਆਪ ਸਰਕਾਰ ਇੱਕ ਵਾਰ ਫਿਰ ਪੰਜਾਬ ਦੇ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਜਾਰੀ ਕਰਨ ਤੋਂ ਹੱਥ ਖੜ੍ਹੇ ਕਰ ਗਈ ਹੈ। ਪ੍ਰਤੀਨਿੱਧ ਅਧਿਆਪਕ ਜਥੇਬੰਦੀ ਡੈਮੋਕ੍ਰੈਟਿਕ ਟੀਚਰਜ਼ ਫਰੰਟ ਜ਼ਿਲ੍ਹਾ ਇਕਾਈ ਮੋਗਾ ਦੇ ਜਿਲ੍ਹਾ ਪ੍ਰਧਾਨ ਸੁਖਪਾਲਜੀਤ ਸਿੰਘ, ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਤੇ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਘੋਲੀਆ ਨੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਫੋਕੀ ਇਸ਼ਤਿਹਾਰਬਾਜ਼ੀ ਦੇ ਆਸਰੇ ਲੋਕਾਂ ਨੂੰ ਭਰਮਾਉਣ ਵਾਲੀ ਆਪ ਸਰਕਾਰ ਦਾ ਲੋਕ ਵਿਰੋਧੀ ਚਿਹਰਾ ਪੂਰੀ ਤਰ੍ਹਾਂ ਬੇਨਕਾਬ ਹੋ ਚੁੱਕਾ ਹੈ। ਜਥੇਬੰਦੀ ਦੇ ਜ਼ਿਲ੍ਹਾ ਮੀਤ ਪ੍ਰਧਾਨ ਸਵਰਨ ਦਾਸ, ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਮੀਤ ਸਿੰਘ ਝੋਰੜਾ, ਵਿੱਤ ਸਕੱਤਰ ਗੁਰਸ਼ਰਨ ਸਿੰਘ, ਸਯੁੰਕਤ ਸਕੱਤਰ ਅਮਨਦੀਪ ਮਾਛੀਕੇ ਨੇ ਦੱਸਿਆ ਕਿ ਇਸ ਵਾਰ ਵੀ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਤਨਖ਼ਾਹਾਂ 'ਤੇ ਜ਼ੁਬਾਨੀ ਰੋਕ ਲਗਾ ਦਿੱਤੀ ਹੈ, ਜਿਸ ਕਾਰਨ ਅਧਿਆਪਕ ਵਰਗ ਲਈ ਪ੍ਰੇਸ਼ਾਨੀਆਂ ਖੜ੍ਹੀਆਂ ਹੋ ਗਈਆਂ ਹਨ। ਉਨ੍ਹਾਂ ਕਿਹਾ ਕਿ ਇਹ ਵਰਤਾਰਾ ਪਿਛਲੇ ਲੰਬੇ ਸਮੇਂ ਤੋਂ ਲਗਾਤਾਰ ਜਾਰੀ ਹੈ। ਜਦੋਂ ਵੀ ਅਧਿਆਪਕ ਆਗੂਆਂ ਵੱਲੋਂ ਖਜ਼ਾਨਾ ਦਫ਼ਤਰ ਤੋਂ ਤਨਖਾਹਾਂ ਸਬੰਧੀ ਪੁੱਛਿਆ ਜਾਂਦਾ ਹੈ ਤਾਂ ਜ਼ੁਬਾਨੀ ਹੁਕਮਾਂ ਅਨੁਸਾਰ ਰੋਕ ਲੱਗੀ ਹੋਣ ਦਾ ਜੁਆਬ ਮਿਲਦਾ ਹੈ। ਸੂਬਾ ਪ੍ਰਧਾਨ ਦਿੱਗਵਿਜੇ ਪਾਲ ਸ਼ਰਮਾ ਸਿੰਘ ਨੇ ਕਿਹਾ ਕਿ ਜ਼ੁਬਾਨੀ ਹੁਕਮਾਂ ਅਨੁਸਾਰ ਕਿਸੇ ਵੀ ਮੁਲਾਜ਼ਮ ਦੀ ਤਨਖਾਹ ਰੋਕੀ ਨਹੀਂ ਜਾ ਸਕਦੀ। ਇਸ ਤਰ੍ਹਾਂ ਸਰਕਾਰ ਨਿਰੋਲ਼ ਧੱਕੇਸ਼ਾਹੀ ਤੇ ਉਤਾਰੂ ਹੈ। ਉਨ੍ਹਾਂ ਕਿਹਾ ਕਿ ਆਪ ਸਰਕਾਰ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਦੇ 37 ਤਰ੍ਹਾਂ ਦੇ ਭੱਤਿਆਂ ਦੀ ਕਟੌਤੀ ਕਰਕੇ ਜੁਲਾਈ 2020 ਤੋਂ ਬਾਅਦ ਭਰਤੀ ਕੀਤੇ ਮੁਲਾਜ਼ਮਾਂ 'ਤੇ ਅਧੂਰਾ ਕੇਂਦਰੀ ਤਨਖਾਹ ਕਮਿਸ਼ਨ ਲਾਗੂ ਕਰਕੇ ਪੁਰਾਣੀ ਪੈਨਸ਼ਨ ਬਹਾਲੀ ਤੋਂ ਆਨਾਕਾਨੀ ਕਰਕੇ ਆਪਣੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦਾ ਪ੍ਰਗਟਾਵਾ ਨੰਗੇ ਚਿੱਟੇ ਰੂਪ ਵਿੱਚ ਕਰ ਦਿੱਤਾ ਹੈ। ਅਧਿਆਪਕ ਆਗੂਆਂ ਨੇ ਰੁਕੀਆਂ ਤਨਖਾਹਾਂ ਤੁਰੰਤ ਜਾਰੀ ਕਰਨ ਦੀ ਮੰਗ ਕਰਦਿਆਂ ਚੇਤਾਵਨੀ ਦਿੱਤੀ ਕਿ ਸੋਮਵਾਰ ਤੱਕ ਤਨਖਾਹਾਂ ਜਾਰੀ ਨਾ ਹੋਣ ਤੇ ਖਜ਼ਾਨਾ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਹਰ ਤਰ੍ਹਾਂ ਦੇ ਕੱਟੇ ਹੋਏ ਭੱਤੇ ਬਹਾਲ ਕਰਨ ਸਮੇਤ ਬਾਕੀ ਵਿੱਤੀ ਮੰਗਾਂ ਦੀ ਪ੍ਰਾਪਤੀ ਲਈ ਲਗਾਤਾਰ ਸੰਘਰਸ਼ ਕੀਤਾ ਜਾਵੇਗਾ। ਇਸ ਸਮੇਂ ਜਗਜੀਤ ਸਿੰਘ ਰਣੀਆਂ, ਅਮਰਦੀਪ ਸਿੰਘ ਬੁੱਟਰ, ਦੀਪਕ ਮਿੱਤਲ, ਨਰਿੰਦਰ ਸਿੰਘ, ਸਵਰਨਜੀਤ ਭਗਤਾ, ਮਧੂ ਬਾਲਾ, ਮਮਤਾ ਕੌਸ਼ਲ ਆਦਿ ਜ਼ਿਲ੍ਹਾ ਕਮੇਟੀ ਮੈਂਬਰ ਹਾਜ਼ਰ ਸਨ।



# ਸ਼ਹੀਦ ਭਗਤ ਸਿੰਘ ਕਾਲਜ ਦੇ ਬੀ ਐੱਸ ਸੀ ਨਰਸਿੰਗ ਤੀਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਸੋਢੇਵਾਲਾ ਫਿਰੋਜ਼ਪੁਰ ਦੇ ਬੀਐੱਸਸੀ ਨਰਸਿੰਗ (2023-27) ਤੀਜੇ ਸਮੈਸਟਰ ਦੇ ਵਿਦਿਆਰਥੀਆਂ ਦਾ ਨਤੀਜਾ ਬੇਹੱਦ ਸ਼ਾਨਦਾਰ ਰਿਹਾ ਹੈ। ਵਿਦਿਆਰਥੀਆਂ ਨੇ ਆਪਣੀ ਸਖ਼ਤ ਮਿਹਨਤ ਸਦਕਾ ਕਾਲਜ ਦਾ ਨਾਮ ਰੌਸ਼ਨ ਕੀਤਾ। ਇਸ ਨਤੀਜੇ ਵਿੱਚ ਸੰਚੇਤਨਾ ਸਪੁੱਤਰੀ ਸੁਖਚੈਨ ਕੁਮਾਰ ਨੇ ਪਹਿਲਾ ਦਰਜਾ ਹਾਸਲ ਕੀਤਾ, ਜਦਕਿ ਨਵਨੀਤ ਕੌਰ ਸਪੁੱਤਰੀ ਸਤਪਾਲ ਸਿੰਘ ਨੇ ਦੂਜਾ ਦਰਜਾ ਤੇ ਕੋਮਲਪ੍ਰੀਤ ਕੌਰ ਸਪੁੱਤਰੀ ਹਿੰਦਪਾਲ ਸਿੰਘ ਨੇ ਤੀਜਾ ਦਰਜਾ ਪ੍ਰਾਪਤ ਕਰਕੇ ਪ੍ਰੀਖਿਆ ਪਾਸ ਕੀਤੀ। ਧਰਮਪਾਲ ਬਾਂਸਲ (ਸੰਸਥਾਪਕ ਭਗਤੀ ਭਜਨ ਗਰੁੱਪ, ਹਾਰਮਨੀ ਵਨਿਅਮ, ਹਾਰਮਨੀ ਆਯੂਰਵੈਦਿਕ ਕਾਲਜ ਤੇ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ) ਨੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਇਸ ਸ਼ਾਨਦਾਰ ਸਫਲਤਾ ਲਈ ਵਧਾਈ ਦਿੱਤੀ। ਬਾਂਸਲ ਨੇ ਕਿਹਾ ਕਿ ਪੜ੍ਹਾਈ ਮਨੁੱਖ ਦਾ ਤੀਸਰਾ ਨੇਤਰ ਹੈ। ਉਨ੍ਹਾਂ ਦੱਸਿਆ ਕਿ ਪੜ੍ਹਾਈ ਦੁਨੀਆ ਵਿਚ ਅੱਗੇ ਵਧਣ ਤੇ ਗਿਆਨਵਾਨ ਬਣਾ ਕੇ ਜ਼ਿੰਦਗੀ ਵਿੱਚ ਸਫਲ ਹੋਣ ਦੇ ਕਾਬਲ ਬਣਾਉਂਦੀ ਹੈ। ਪ੍ਰਿੰਸੀਪਲ ਸੁਖਦੀਪ ਕੌਰ ਨੇ ਬੱਚਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਕਾਲਜ ਸਟਾਫ ਤੇ ਬੱਚਿਆਂ ਦੀ ਸਖਤ ਮਿਹਨਤ ਦਾ ਨਤੀਜਾ ਹੈ। ਉਨ੍ਹਾਂ ਸਟਾਫ ਤੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਵਧੀਆ ਨਤੀਜੇ ਲਿਆਉਣ ਲਈ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਆ ਤੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਵਧਾਈ ਮੌਕੇ ਸਮੂਹ ਕਾਲਜ ਸਟਾਫ ਡਾ. ਸੰਜੀਵ ਮਾਨਕਟਾਲਾ, ਸ਼ਰਨਜੀਤ ਕੌਰ, ਸੁਖਵਿੰਦਰ ਕੌਰ, ਗੁਰਦੀਪ ਕੌਰ, ਜਗਦੇਵ ਸਿੰਘ, ਅਮਨਦੀਪ ਕੌਰ, ਕੋਮਲਪ੍ਰੀਤ ਕੌਰ, ਰਬਿਕਾ, ਸੰਗੀਤਾ ਹਾਂਡਾ, ਗੁਰਮੀਤ ਕੌਰ, ਖੁਸ਼ਪਾਲ ਕੌਰ, ਪ੍ਰਿੰਯਕਾ, ਗੁਰਪ੍ਰੀਤ ਕੌਰ, ਰਮਨਦੀਪ ਕੌਰ, ਸੁਖਮਨਦੀਪ ਕੌਰ, ਗੀਤਾਂਜਲੀ, ਅਰਸ਼ਦੀਪ ਕੌਰ, ਪੂਨਮ, ਪੂਜਾ, ਅਮਨਦੀਪ ਕੌਰ, ਕੋਮਲਜੀਤ ਕੌਰ, ਅਮਨਦੀਪ ਕੌਰ, ਬਲਵਿੰਦਰ ਕੌਰ, ਗਗਨਦੀਪ ਕੌਰ, ਕੋਮਲਪ੍ਰੀਤ ਕੌਰ, ਸੁਖਵੀਰ ਕੌਰ, ਅਮਨਦੀਪ ਕੌਰ, ਮਨਪ੍ਰੀਤ ਕੌਰ ਆਂਚਲ ਆਦਿ ਸ਼ਾਮਲ ਸਨ।



# ਸ਼੍ਰੋ ਅ ਦ ਉਮੀਦਵਾਰਾਂ ਦੇ ਚੋਣ ਦਫਤਰ ਦਾ ਉਦਘਾਟਨ

**ਦਿੜ੍ਹਬਾ (ਜਸਵੀਰ ਲਾਡੀ)**- ਇੱਥੋਂ ਨਾਲ ਦੇ ਪਿੰਡ ਛਾਜਲੀ ਵਿਖੇ ਜ਼ਿਲ੍ਹਾ ਪ੍ਰੀਸ਼ਦ (ਜ਼ੋਨ ਛਾਜਲੀ) ਤੋਂ ਸ਼੍ਰੋ.ਅ.ਦ. ਦੀ ਉਮੀਦਵਾਰ ਬੀਬੀ ਹਰਜਿੰਦਰ ਕੌਰ ਧਰਮ ਪਤਨੀ ਸ੍ ਜਗਸੀਰ ਸਿੰਘ (ਜੱਗਾ ਸਾਬਕਾ ਸਰਪੰਚ) ਛਾਜਲਾ ਤੇ ਨਿਰਮਲ ਸਿੰਘ (ਕਾਲਾ ਖੰਗੂੜਾ) ਬਲਾਕ ਸੰਮਤੀ ਮੈਂਬਰ ਦੇ ਉਮੀਦਵਾਰਾਂ ਦੇ ਚੋਣ ਦਫਤਰ ਦਾ ਉਦਘਾਟਨ ਪਿੰਡ ਛਾਜਲੀ ਵਿਖੇ ਸ੍ ਉਪਿੰਦਰ ਹਨੀ (ਸਰਕਲ ਪ੍ਰਧਾਨ ਛਾਜਲੀ) ਦੇ ਨਿਵਾਸ 'ਤੇ ਸਾਬਕਾ ਕੈਬਨਿਟ ਮੰਤਰੀ ਬਲਦੇਵ ਸਿੰਘ ਮਾਨ ਵੱਲੋਂ ਕੀਤਾ ਗਿਆ। ਇਸ ਉਦਘਾਟਨੀ ਸਮਾਰੋਹ ਵਿੱਚ ਤੇਜਿੰਦਰ ਸਿੰਘ ਸੰਘਰੇੜੀ ਸਾਹਿਬ (ਜ਼ਿਲ੍ਹਾ ਪ੍ਰਧਾਨ ਸ਼੍ਰੋ.ਅ.ਦ), ਇਕਬਾਲਜੀਤ ਸਿੰਘ ਪੂਨੀਆ (ਉੱਪ ਪ੍ਰਧਾਨ), ਹਰਪਾਲ ਸਿੰਘ ਖਡਿਆਲ (ਜ਼ਿਲ੍ਹਾ ਯੂਥ ਪ੍ਰਧਾਨ) ਨੇ ਸੰਬੋਧਨ ਕਰਦਿਆਂ ਕਿਹਾ ਕਿ ਜੋ ਲੋਕ ਇਹ ਕਹਿੰਦੇ ਸੀ ਹੁਣ ਅਕਾਲੀ ਦਲ ਕਦੇ ਪੈਰਾਂ ਸਿਰ ਨਹੀਂ ਹੋ ਸਕਦਾ, ਅੱਜ ਦੇ ਇਸ ਇਕੱਠ ਨੇ ਦਰਸਾ ਦਿੱਤਾ ਹੈ ਕਿ ਅਕਾਲੀ ਦਲ ਇਸ ਚੋਣਾਂ ਵਿੱਚ ਵੱਡੀ ਜਿੱਤ ਪ੍ਰਾਪਤ ਕਰੇਗਾ। ਇਸ ਤੋਂ ਬਿਨਾਂ ਕੁਲਵਿੰਦਰ ਸਿੰਘ ਸੂਚ ਐਡਵੋਕੇਟ ਹਾਈਕੋਰਟ ਪੰਜਾਬ ਹਰਿਆਣਾ ਚੰਡੀਗੜ੍ਹ, ਹਰਪਾਲ ਪਾਲੀ ਸਾਬਕਾ ਸਰਪੰਚ ਨੀਲੋਵਾਲ, ਪਰਮਿੰਦਰ ਸਿੰਘ ਗੰਡੂਆ, ਬਲਵਿੰਦਰ ਸਿੰਘ ਬਿੱਲਾ, ਗੁਰਮਿਲਾਪ ਸਿੰਘ ਜੱਸੜ, ਅਵਤਾਰ ਸਿੰਘ ਬਾਰੀਆ, ਹੁੱਸੀ ਚਾਹਲ, ਬੱਬਲੀ ਲਾਹੜ ਆਦਿ ਹਾਜ਼ਰ ਸਨ।



# ਡਾ. ਬੀ ਆਰ ਅੰਬੇਡਕਰ ਦੀ 69ਵੀਂ ਬਰਸੀ ਕਾਂਗਰਸ ਦਫ਼ਤਰ ਪਾਇਲ ਵਿਖੇ ਮਨਾਈ

**ਦੋਰਾਹਾ (ਹਰਮਿੰਦਰ ਸੇਠ)**- ਭਾਰਤ ਦੇ ਸੰਵਿਧਾਨ ਦੇ ਨਿਰਮਾਤਾ, ਸਮਾਜਿਕ ਨਿਆਂ ਦੇ ਮਹਾਨ ਯੋਧੇ ਅਤੇ ਭਾਰਤ ਰਤਨ ਡਾ. ਬੀ. ਆਰ. ਅੰਬੇਡਕਰ ਦੀ 69ਵੀਂ ਬਰਸੀ ਡਿਸਟ੍ਰਿਕਟ ਕਾਂਗਰਸ ਕਮੇਟੀ ਖੰਨਾ ਵੱਲੋਂ ਕਾਂਗਰਸ ਦਫ਼ਤਰ ਪਾਇਲ ਵਿੱਚ ਸ਼ਰਧਾਂਜਲੀ ਸਮਾਰੋਹ ਦੇ ਰੂਪ ਵਿੱਚ ਮਨਾਈ ਗਈ। ਇਸ ਸਮਾਰੋਹ ਦੀ ਅਗਵਾਈ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਪ੍ਰਧਾਨ ਲਖਵੀਰ ਸਿੰਘ ਲੱਖਾ ਨੇ ਕੀਤੀ। ਸਮਾਰੋਹ ਦੌਰਾਨ ਕਈ ਕਾਂਗਰਸ ਆਗੂਆਂ ਅਤੇ ਵਰਕਰਾਂ ਨੇ ਡਾ. ਅੰਬੇਡਕਰ ਦੇ ਚਰਨਾਂ ਵਿੱਚ ਫੁੱਲ ਭੇਟ ਕਰਕੇ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ। ਇਸ ਮੌਕੇ ਸਾਬਕਾ ਚੇਅਰਮੈਨ ਬੰਤ ਸਿੰਘ ਦੋਬੁਰਜੀ, ਸਾਬਕਾ ਚੇਅਰਮੈਨ ਯਾਦਵਿੰਦਰ ਸਿੰਘ ਜੰਡਾਲੀ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਸਿਆੜ੍ਹ, ਬਲਾਕ ਪ੍ਰਧਾਨ ਮਲੌਦ ਗੁਰਮੇਲ ਸਿੰਘ ਗਿੱਲ, ਬਲਾਕ ਪ੍ਰਧਾਨ ਦੋਰਾਹਾ ਗੁਰਵਿੰਦਰ ਸਿੰਘ ਗਿੱਲ, ਗਗਨਦੀਪ ਸਿੰਘ ਲੰਢਾ, ਸ਼ਹਿਰੀ ਪ੍ਰਧਾਨ ਮਾਛੀਵਾੜਾ ਸਾਹਿਬ ਕਪਿਲ ਆਨੰਦ, ਰਮਲਜੀਤ ਸਿੰਘ ਗਰਚਾ, ਐੱਮ. ਸੀ. ਹਰਪ੍ਰੀਤ ਸਿੰਘ, ਐੱਮ. ਸੀ. ਰਜਿੰਦਰ ਸਿੰਘ ਗਹੀਰ, ਜ਼ਿਲ੍ਹਾ ਪ੍ਰਧਾਨ ਸੇਵਾ ਦਲ ਮੁਖਤਿਆਰ ਸਿੰਘ, ਪੀ. ਏ. ਰਣਜੀਤ ਸਿੰਘ, ਜ਼ਿਲ੍ਹਾ ਯੂਥ ਕਾਂਗਰਸ ਖੰਨਾ ਦੇ ਪ੍ਰਧਾਨ ਰੁਪਿੰਦਰ ਸਿੰਘ ਬਿੰਦੂ, ਦਿਲਪ੍ਰੀਤ ਸਿੰਘ ਡੀ.ਪੀ., ਅਵਿੰਦਰਦੀਪ ਸਿੰਘ ਜੱਸਾ ਰੋੜੀਆਂ, ਸਾਬਕਾ ਸਰਪੰਚ ਘੁਰਾਲਾ ਬਲਦੇਵ ਸਿੰਘ, ਅਵਤਾਰ ਸਿੰਘ ਰਾਮਗੜ੍ਹ ਸਰਦਾਰਾਂ, ਹਰਵਿੰਦਰ ਸਿੰਘ ਸੋਨੀ ਬਿਲਾਸਪੁਰ ਅਤੇ ਐੱਸ. ਸੀ. ਸੈੱਲ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਰੌਣੀ ਸਮੇਤ ਕਈ ਵਰਕਰ ਹਾਜ਼ਰ ਸਨ। ਸਭ ਨੇ ਡਾ. ਅੰਬੇਡਕਰ ਦੇ ਸੰਵਿਧਾਨ ਨਿਰਮਾਣ ਅਤੇ ਸਮਾਜਿਕ ਸਮਾਨਤਾ ਲਈ ਕੀਤੇ ਯੋਗਦਾਨ ਨੂੰ ਯਾਦ ਕਰਦੇ ਹੋਏ ਉਨ੍ਹਾਂ ਦੇ ਦਰਸਾਏ ਰਸਤੇ 'ਤੇ ਤੁਰਨ ਦਾ ਸੰਕਲਪ ਲਿਆ।



# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮੁਫਤ ਕੈਂਸਰ ਚੈੱਕਅਪ ਕੈਂਪ

**ਮੋਗਾ (ਇਕਬਾਲ ਸਿੰਘ ਖਹਿਰ)**- ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ. ਏ. ਐੱਸ. ਨਗਰ ਦੇ ਹੁਕਮਾਂ ਅਨੁਸਾਰ ਤੇ ਮਿਸ ਨੀਲਮ ਅਰੋੜਾ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਮੋਗਾ ਦੀ ਅਗਵਾਈ ਅਤੇ ਮਾਰਗ ਦਰਸ਼ਨ ਹੇਠ ਜ਼ਿਲ੍ਹਾ ਕੋਰਟਸ ਕੰਪਲੈਕਸ ਮੋਗਾ ਵਿਖੇ ਵਰਡਲ ਕੈਂਸਰ ਕੇਅਰ ਸੰਸਥਾ ਦੇ ਸਹਿਯੋਗ ਨਾਲ ਕੈਂਸਰ ਬਾਰੇ ਜਾਗਰੂਕਤਾ ਤੇ ਲੀਗਲ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਦੇ ਚੇਅਰਮੈਨ ਨੀਲਮ ਅਰੋੜਾ ਜ਼ਿਲ੍ਹਾ ਤੇ ਸੈਸ਼ਨ ਜੱਜ ਮੋਗਾ ਨੇ ਦੱਸਿਆ ਕਿ ਕੈਂਸਰ ਲਾਇਲਾਜ ਨਹੀਂ ਹੈ, ਪਰ ਇਸ ਦਾ ਇਲਾਜ ਤਾਂ ਹੀ ਸੰਭਵ ਹੈ ਜੇ ਸਮੇਂ ਰਹਿੰਦੇ ਇਸ ਸਬੰਧੀ ਜਾਂਚ ਕਰਵਾ ਲਈ ਜਾਵੇ, ਖਾਸ ਤੌਰ 'ਤੇ ਔਰਤਾਂ ਦੇ ਰੋਗਾਂ ਦੇ ਮਾਹਰ, ਇਨ੍ਹਾਂ ਟੈਸਟਾਂ ਰਾਹੀਂ ਜਾਨਲੇਵਾ ਕੈਂਸਰ ਨੂੰ ਵਧੇਰੇ ਫੈਲਣ ਤੋਂ ਰੋਕ ਸਕਦੇ ਹਾਂ। ਉਨ੍ਹਾਂ ਜ਼ੁਡੀਸ਼ੀਅਲ ਕੋਰਟ ਕੰਪਲੈਕਸ ਵਿਖੇ ਵਰਲਡ ਕੇਅਰ ਸੰਸਥਾ ਦੇ ਸਹਿਯੋਗ ਨਾਲ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋਂ ਲਾਏ ਗਏ ਮੈਡੀਕਲ ਕੈਂਪ ਦੀ ਸਰਾਹਨਾ ਕੀਤੀ। ਇਸ ਮੌਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋਂ ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਚਲਾਈਆਂ ਜਾਂਦੀਆਂ ਵੱਖੋ ਵੱਖਰੀਆਂ ਸਕੀਮਾਂ ਬਾਰੇ ਆਮ ਲੋਕਾਂ ਨੂੰ ਜਾਣਕਾਰੀ ਦਿੱਤੀ ਗਈ ਤੇ ਮੈਡੀਕਲ ਕੈਂਪ ਦੇ ਨਾਲ-ਨਾਲ ਲੋਕਾਂ ਨੂੰ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਕੈਂਪ ਵਿੱਚ ਜ਼ਿਲ੍ਹਾ ਕਚਹਿਰੀ ਮੋਗਾ ਦੇ ਜੱਜ ਸਾਹਿਬਾਨ, ਕਰਮਚਾਰੀਆਂ, ਵਕੀਲ ਸਾਹਿਬਾਨ ਤੇ ਸਰਕਾਰੀ ਵਕੀਲ ਸਾਹਿਬਾਨ ਅਤੇ ਪੇਸ਼ੀ ਭੁਗਤ ਰਹੇ ਆਮ ਲੋਕਾਂ ਵੱਲੋਂ ਆਪਣਾ ਮੈਡੀਕਲ ਚੈੱਕਅਪ ਕਰਵਾਇਆ ਗਿਆ। ਇਸ ਮੌਕੇ ਬਹੁਤ ਸਾਰੇ ਲੋਕਾਂ ਦੇ ਖੂਨ ਦੇ ਸੈਂਪਲ ਵੀ ਲਏ ਗਏ। ਵਰਲਡ ਕੈਂਸਰ ਕੇਅਰ ਸੰਸਥਾ ਦੇ ਸਰਪ੍ਰਸਤ ਕੁਲਵੰਤ ਸਿੰਘ ਧਾਲੀਵਾਲ ਵੀ ਇਸ ਮੌਕੇ 'ਤੇ ਸ਼ਾਮਲ ਹੋਏ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਵੱਖੋ ਵੱਖਰੀਆਂ ਥਾਵਾਂ 'ਤੇ ਜਾ ਕੇ ਤੇ ਮੁੱਖ ਤੌਰ 'ਤੇ ਪੰਜਾਬ ਦੇ ਪਿੰਡਾਂ ਵਿੱਚ ਜਾ ਕੇ ਲੋਕਾਂ ਵਿੱਚ ਕੈਂਸਰ ਬਾਰੇ ਜਾਗਰੂਕਤਾ ਫੈਲਾਉਂਦੇ ਹਨ, ਇਸ ਵਿੱਚ ਉਨ੍ਹਾਂ ਦੀ ਡਾਕਟਰੀ ਟੀਮ ਦੀ ਮੁੱਖ ਜ਼ਿੰਮੇਵਾਰੀ ਹੁੰਦੀ ਹੈ, ਜੋ ਕਿ ਹਰ ਮਰੀਜ਼ ਦਾ ਚੈੱਕਅੱਪ ਕਰਦੇ ਹਨ ਅਤੇ ਉਨ੍ਹਾਂ ਦੀ ਟੈਸਟਾਂ ਬਾਰੇ ਜਾਣਕਾਰੀ ਆਮ ਜਨਤਾ ਨੂੰ ਦਿੰਦੇ ਹਨ।




# ਵਿਧਾਇਕ ਰਾਏ ਵੱਲੋਂ ਸਰਹੰਦ 'ਚ ਵਿਕਾਸ ਕਾਰਜ ਦਾ ਉਦਘਾਟਨ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਨਗਰ ਕੌਂਸਲ ਸਰਹਿੰਦ ਦੇ ਵਾਰਡ ਨੰਬਰ ਇੱਕ ਵਿੱਚ ਵਿਕਾਸ ਕਾਰਜ ਦਾ ਉਦਘਾਟਨ ਕੀਤਾ ਗਿਆ। ਇਸ ਕਾਰਜ ਦੇ ਸ਼ੁਰੂ ਹੋਣ ਨਾਲ ਅੱਤੇਵਾਲੀ ਵਾਸੀਆਂ ਵਿੱਚ ਖੁਸ਼ੀ ਦੇਖਣ ਨੂੰ ਮਿਲੀ। ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਰਹਿੰਦ ਦੇ ਵਾਰਡ ਨੰਬਰ ਇੱਕ ਦੇ ਵਾਸੀਆਂ ਦੀ ਮੰਗ ਨੂੰ ਮੁੱਖ ਰੱਖਦਿਆਂ ਕਰੀਬ 20 ਲੱਖ ਰੁਪਏ ਦੀ ਲਾਗਤ ਦੇ ਨਾਲ ਅੱਤੇਵਾਲੀ ਦਾ ਵਿਕਾਸ ਕਰਵਾਇਆ ਜਾ ਰਿਹਾ ਹੈ। ਇਸ ਕਾਰਜ ਵਿੱਚ ਪਿੰਡ ਦੀਆਂ ਗਲੀਆਂ ਤੇ ਸੜਕਾਂ ਦੇ ਬਰਮ ਨੂੰ ਪੱਕਾ ਕੀਤਾ ਜਾਵੇਗਾ। ਇਸ ਕਾਰਜ ਦੇ ਪੂਰਾ ਹੋਣ ਨਾਲ ਜਿੱਥੇ ਪਿੰਡ ਦੀ ਦਿੱਖ ਸੁੰਦਰ ਬਣੇਗੀ, ਉੱਥੇ ਹੀ ਸ਼ਹੀਦੀ ਜੋੜ ਮੇਲ 'ਤੇ ਆਉਣ ਵਾਲੀਆਂ ਸੰਗਤਾਂ ਨੂੰ ਵੀ ਸੌਖ ਹੋਵੇਗੀ। ਉਨ੍ਹਾਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਦੇ ਵਿੱਚ ਪੰਜਾਬ ਸਰਕਾਰ ਸੂਬੇ ਦਾ ਵਿਕਾਸ ਜੰਗੀ ਪੱਧਰ 'ਤੇ ਕਰਵਾ ਰਹੀ ਹੈ। ਇਸ ਮੌਕੇ ਹਲਕਾ ਫਤਿਹਗੜ੍ਹ ਸਾਹਿਬ ਦੇ ਸੰਗਠਨ ਇੰਚਾਰਜ ਗੁਰਮੀਤ ਸਿੰਘ ਬਾਜਵਾ, ਜਗਦੀਪ ਸਿੰਘ ਗੁਰਾਇਆ, ਗੁਰਮੁੱਖ ਸਿੰਘ, ਨਰੋਤਮ ਸਿੰਘ, ਗੁਰਬਚਨ ਕੌਰ, ਰੀਨਾ ਰਾਣੀ, ਕਸ਼ਮੀਰਾ ਸਿੰਘ, ਜੋਗਿੰਦਰ ਸਿੰਘ, ਜਸਪਿੰਦਰ ਸਿੰਘ, ਰਣਦੀਪ ਸਿੰਘ ਲਾਡੀ, ਪ੍ਰਿਤਪਾਲ ਸਿੰਘ ਜੱਸੀ, ਜਸਬੀਰ ਸਿੰਘ ਬੰਟੀ, ਬਲਦੇਵ ਜਲਾਲ, ਮਨਪ੍ਰੀਤ ਸਿੰਘ ਜੋਨੀ, ਪਵੇਲ ਹਾਂਡਾ, ਰਜੇਸ਼ ਉੱਪਲ, ਦਵਿੰਦਰ ਸਿੰਘ, ਗੋਪਾਲ ਸਿੰਘ ਆਦਿ ਹਾਜ਼ਰ ਸਨ।

# ਸਕੂਲੀ ਵਿਦਿਆਰਥੀਆਂ ਵੱਲੋਂ ਸਿਵਲ ਹਸਪਤਾਲ ਸਮਰਾਲਾ ਦਾ ਦੌਰਾ

**ਸਮਰਾਲਾ (ਸੁਰਜੀਤ ਸਿੰਘ)**- ਵਿਦਿਆਰਥੀਆਂ ਨੂੰ ਵੱਖ-ਵੱਖ ਖੇਤਰਾਂ ਦੀ ਜਾਣਕਾਰੀ ਹਾਸਿਲ ਕਰਾਉਣ ਦੇ ਮਕਸਦ ਨਾਲ ਸ਼ਹੀਦ-ਏ-ਆਜ਼ਮ ਸੁਖਦੇਵ ਥਾਪਰ ਗਰਲਜ਼ ਸਕੂਲ ਆਫ ਐਮੀਨੈਂਸ ਭਾਰਤ ਨਗਰ ਚੌਂਕ ਲੁਧਿਆਣਾ ਦੇ ਵਿਦਿਆਰਥੀਆਂ ਅਤੇ ਸਟਾਫ ਵੱਲੋਂ ਸਥਾਨਕ ਸਿਵਲ ਹਸਪਤਾਲ ਦਾ ਦੌਰਾ ਕੀਤਾ ਗਿਆ। ਸਕੂਲ ਵੱਲੋਂ ਸਥਾਨਕ ਸਿਵਲ ਹਸਪਤਾਲ ਵਿਖੇ ਸਰਕਾਰੀ ਹਸਪਤਾਲਾਂ ਦੁਆਰਾ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਸੇਵਾਵਾਂ ਦੀ ਜਾਣਕਾਰੀ ਵਿਦਿਆਰਥੀਆਂ ਨੂੰ ਦਿੱਤੀ ਗਈ। ਵਿਦਿਆਰਥੀਆਂ ਨੂੰ ਆਉਣ ਵਾਲੇ ਮਰੀਜ਼ਾਂ ਦੀ ਰਜਿਸਟਰੇਸ਼ਨ ਤੋਂ ਲੈ ਕੇ ਟੈਸਟ ਹੋਣ, ਦਵਾਈਆਂ ਮਿਲਣ ਤੱਕ ਅਤੇ ਐਮਰਜੈਂਸੀ ਸੇਵਾਵਾਂ ਦੀ ਜਾਣਕਾਰੀ ਦਿੱਤੀ ਗਈ। ਡਾਕਟਰ ਲਖਵਿੰਦਰ ਸਿੰਘ, ਪਰਦੀਪ ਕੁਮਾਰ ਮਲਟੀਪਰਪਜ਼ ਹੈਲਥ ਵਰਕਰ, ਸਟਾਫ ਨਰਸ ਸ਼ੁਭਮ ਕੋਹਲੀ ਵੱਲੋਂ ਭਾਰਤ ਅਤੇ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਸਿਹਤ ਪ੍ਰੋਗਰਾਮਾਂ ਸਬੰਧੀ ਬੱਚਿਆਂ ਨਾਲ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਮੌਸਮੀ ਬਿਮਾਰੀਆਂ ਸੰਬੰਧੀ ਬੱਚਿਆਂ ਨੂੰ ਜਾਗਰੂਕਤਾ ਦਿੱਤੀ ਗਈ। ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਮਰੀਜ਼ ਦੀ ਰਜਿਸਟਰੇਸ਼ਨ ਤੋਂ ਲੈ ਕੇ ਓਪੀਡੀ ਸੇਵਾਵਾਂ, ਟੈਸਟਾਂ, ਐਕਸ-ਰੇ, ਦਵਾਈਆਂ ਤੱਕ ਦੀ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਐਮਰਜੈਂਸੀ ਸੇਵਾਵਾਂ ਅਤੇ ਆਯੁਸ਼ਮਾਨ ਕਾਰਡ ਬਾਰੇ ਵੀ ਜਾਣਕਾਰੀ ਦਿੱਤੀ। ਵਿਦਿਆਰਥੀ ਵੱਲੋਂ ਸਿਵਲ ਹਸਪਤਾਲ ਸਮਰਾਲਾ ਦੇ ਕਾਰਜਕਾਰੀ ਇੰਚਾਰਜ ਡਾਕਟਰ ਲਖਵਿੰਦਰ ਸਿੰਘ ਮੈਡੀਕਲ ਅਫਸਰ ਅਤੇ ਸਮੂਹ ਸਟਾਫ ਦਾ ਸ਼ੁਕਰਾਨਾ ਕੀਤਾ ਗਿਆ ਅਤੇ ਇੱਕ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ।



# ਬਲਾਕ ਸੰਮਤੀ ਮੈਂਬਰ ਬਲਕਾਰ ਸਿੰਘ ਦੀ ਸਰਬਸੰਮਤੀ ਨਾਲ ਚੋਣ



**ਬਰੇਟਾ (ਰੀਤਵਾਲ)**- ਪੰਜਾਬ ਵਿੱਚ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਹੋਣ ਜਾ ਰਹੀਆਂ ਹਨ। ਲੋਕਾਂ ਨੂੰ ਚੋਣਾਂ ਦਾ ਪੂਰਾ ਨਸ਼ਾ ਚੜ੍ਹਿਆ ਹੋਇਆ ਹੈ ਅਤੇ ਉਮੀਦਵਾਰ ਆਪਣੇ ਵਿੱਤ ਤੋਂ ਉਪਰ ਖਰਚਾ ਕਰਨ ਲਈ ਤਿਆਰ ਹਨ। ਦੱਸਣਯੋਗ ਹੈ ਕਿ ਕਿਸ਼ਨਗੜ੍ਹ ਸੇਢਾ ਸਿੰਘ ਵਾਲਾ ਵਿੱਚ ਬਲਾਕ ਸੰਮਤੀ ਦੀਆਂ ਚੋਣਾਂ ਦੌਰਾਨ ਬਲਕਾਰ ਸਿੰਘ ਚਹਿਲ ਪੁੱਤਰ ਜਰਨੈਲ ਸਿੰਘ ਜ਼ਿਲ੍ਹਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਨੂੰ ਪਿੰਡ ਵਾਸੀਆਂ ਵੱਲੋਂ ਸਰਬਸੰਮਤੀ ਨਾਲ ਚੁਣਿਆ ਗਿਆ ਹੈ। ਇਸ ਮੌਕੇ ਪਿੰਡ ਦੀ ਨਗਰ ਪੰਚਾਇਤ, ਸਾਬਕਾ ਪੰਚਾਇਤਾਂ, ਕਿਸਾਨ ਯੂਨੀਅਨ ਦੇ ਵਰਕਰ ਤੇ ਆਗੂ ਅਤੇ ਸਾਰੀਆਂ ਪਾਰਟੀਆਂ ਦੇ ਨੁਮਾਇੰਦੇ ਹਾਜ਼ਰ ਸਨ।

# ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ ਨੇ ਖੂਨਦਾਨ ਕੈਂਪ ਲਾਇਆ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**- ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ, ਪਟਿਆਲਾ ਵੱਲੋਂ ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਦੇ ਸਹਿਯੋਗ ਨਾਲ ਇੱਕ ਖੂਨ ਦਾਨ ਕੈਂਪ ਆਯੋਜਿਤ ਕੀਤਾ ਗਿਆ। ਇਸ ਨੇਕ ਕਾਰਜ ਵਿੱਚ ਮਾਪਿਆਂ, ਸਟਾਫ ਮੈਂਬਰਾਂ, ਸਾਬਕਾ ਵਿਦਿਆਰਥੀਆਂ ਅਤੇ ਸਮਾਜਕ ਸੇਵਾਦਾਰਾਂ ਨੇ ਖੂਨ ਦਾਨ ਕੀਤਾ। ਡਾਇਰੈਕਟਰ ਸਰਦਾਰ ਪ੍ਰਤਾਪ ਸਿੰਘ ਦੀ ਰਹਿਨੁਮਾਈ ਹੇਠ ਪ੍ਰਿੰਸੀਪਲ ਜਸਜੀਤ ਸੋਹੀ ਨੇ ਖੂਨਦਾਨ ਕੈਂਪ ਦਾ ਆਯੋਜਨ ਕੀਤਾ। ਪ੍ਰਿੰਸੀਪਲ ਜਸਜੀਤ ਸੋਹੀ ਨੇ ਡਾ. ਮਰਿਆਦਾ ਅਤੇ ਮਿਸਟਰ ਸੁਖਵਿੰਦਰ ਸਿੰਘ (ਪਬਲੀਸਿਟੀ ਅਸਿਸਟੈਂਟ, ਬਲੱਡ ਸੈਂਟਰ, ਰਜਿੰਦਰਾ ਹਸਪਤਾਲ, ਪਟਿਆਲਾ) ਦਾ ਉਨ੍ਹਾਂ ਦੀ ਮੈਡੀਕਲ ਟੀਮ ਸਮੇਤ, ਸਮਰਪਿਤ ਸਹਿਯੋਗ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਐੱਚ. ਡੀ. ਐੱਫ. ਸੀ. ਬੈਂਕ ਲਿਮਿਟਡ ਦੇ ਸਹਿਯੋਗ ਦੀ ਵੀ ਪ੍ਰਸ਼ੰਸਾ ਕੀਤੀ, ਜੋ ਕਿ ਮਿਸਟਰ ਜਗਦੀਪ ਸਿੰਘ, ਬ੍ਰਾਂਚ ਓਪਰੇਸ਼ਨ ਮੈਨੇਜਰ ਘਨੌਰ ਦੀ ਮਦਦ ਨਾਲ ਸੰਭਵ ਹੋ ਸਕਿਆ। ਅੰਤ ਵਿੱਚ ਉਨ੍ਹਾਂ ਨੇ ਕੈਂਪ ਨੂੰ ਸਫਲ ਬਣਾਉਣ ਲਈ ਸਾਰਿਆਂ ਦੇ ਯੋਗਦਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਅਤੇ ਸਮਾਜ ਦੋਹਾਂ ਵਿੱਚ ਸੇਵਾ ਭਾਵਨਾ ਨੂੰ ਉਤਸ਼ਾਹਿਤ ਕਰਦੇ ਹਨ। ਕੈਂਪ ਦੌਰਾਨ ਇਕੱਤਰ ਕੀਤਾ ਖੂਨ ਮੈਡੀਕਲ ਕਾਲਜ ਦੇ ਬਲੱਡ ਬੈਂਕ ਨੂੰ ਸੌਂਪਿਆ ਗਿਆ ਜੋ ਐਮਰਜੈਂਸੀ ਮਰੀਜ਼ਾਂ ਦੀ ਜ਼ਿੰਦਗੀ ਨੂੰ ਬਚਾਉਣ ਲਈ ਵਰਤਿਆ ਜਾਵੇਗਾ।




# ਕਾਂਗਰਸੀ ਉਮੀਦਵਾਰ ਬੂਟਾ ਮੌਲਵੀਵਾਲਾ ਵੱਲੋਂ ਨੁੱਕੜ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਜ਼ਿਲ੍ਹਾ ਪ੍ਰੀਸ਼ਦ ਪਟਿਆਲਾ ਦੇ ਜ਼ੋਨ ਗੁਲਾਹੜ ਕਾਂਗਰਸ ਪਾਰਟੀ ਦੀ ਟਿਕਟ ਤੇ ਚੋਣ ਮੈਦਾਨ ਵਿੱਚ ਨਿਤਰੇ ਉਮੀਦਵਾਰ ਸਾਬਕਾ ਸਰਪੰਚ ਦਵਿੰਦਰਦੀਪ ਸਿੰਘ ਬੂਟਾ ਮੌਲਵੀਵਾਲਾ ਨੇ ਚੋਣ ਪ੍ਰਚਾਰ ਦਾ ਆਗਾਜ਼ ਕਰਦਿਆਂ ਪਿੰਡਾਂ ਵਿੱਚ ਨੁੱਕੜ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਹੈ। ਇਸੇ ਤਹਿਤ ਉਨ੍ਹਾਂ ਵੱਲੋਂ ਕਾਂਗਰਸੀ ਆਗੂਆਂ ਨਾਲ ਪਿੰਡ ਬਣਵਾਲਾ, ਨਿਆਲ, ਕੱਲਰਭੈਣੀ, ਭੂਤਗੜ ਅਤੇ ਹਰਿਆਊ ਖੁਰਦ ਵਿਖੇ ਮੀਟਿੰਗਾਂ ਕਰਕੇ ਚੋਣ ਪ੍ਰਚਾਰ ਕਰਦਿਆਂ ਵੋਟਾਂ ਦੀ ਮੰਗ ਕੀਤੀ। ਇਸ ਦੌਰਾਨ ਪਿੰਡ ਬਣਵਾਲਾ ਵਿਖੇ ਉਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਕਾਂਗਰਸੀ ਉਮੀਦਵਾਰ ਦਵਿੰਦਰਦੀਪ ਸਿੰਘ ਬੂਟਾ ਮੌਲਵੀਵਾਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਲੋਕ ਪੱਖੀ ਨੀਤੀਆਂ ਦੀ ਜਨਮਦਾਤਾ ਹੈ। ਦੇਸ਼ ਭਰ ਵਿੱਚ ਜਿੰਨੀਆਂ ਵੀ ਲੋਕ ਹਤੈਸ਼ੀ ਸਕੀਮਾਂ ਚੱਲੀਆਂ ਉਨ੍ਹਾਂ ਨੂੰ ਕਾਂਗਰਸ ਪਾਰਟੀ ਨੇ ਸ਼ੁਰੂ ਕੀਤਾ ਆਮ ਲੋਕਾਂ ਦੀ ਸਹੂਲਤ ਲਈ ਦੇਸ਼ ਦੀ ਆਜ਼ਾਦੀ ਤੋਂ ਬਾਅਦ ਜਿਨਾਂ ਕੰਮ ਕਾਂਗਰਸ ਪਾਰਟੀ ਨੇ ਕੀਤਾ ਹੈ ਉਨ੍ਹਾਂ ਕਿਸੇ ਵੀ ਪਾਰਟੀ ਨੇ ਨਹੀਂ ਕੀਤਾ। ਉਨ੍ਹਾਂ ਵੋਟਾਂ ਦੀ ਮੰਗ ਕਰਦਿਆਂ ਕਿਹਾ ਕਿ ਕਾਂਗਰਸ ਦੀ ਮਜ਼ਬੂਤੀ ਹੀ ਦੇਸ਼ ਨੂੰ ਮੁੜ ਲੀਹ ਉਤੇ ਲਿਆ ਸਕਦੀ ਹੈ ਕਿਉਂਕਿ ਸੱਤਾ ਉਤੇ ਕਾਬਜ਼ ਭਾਰਤੀ ਜਨਤਾ ਪਾਰਟੀ ਫਿਰਕਾਪ੍ਰਸਤੀ ਅਤੇ ਵੰਡ ਦੀ ਰਾਜਨੀਤੀ ਕਰ ਰਹੀ ਹੈ ਜਦੋਂਕਿ ਆਮ ਆਦਮੀ ਪਾਰਟੀ ਉਸਦਾ ਹੱਥ ਠੋਕਾ ਬਣ ਕੇ ਪੰਜਾਬ ਨੂੰ ਲੁੱਟਣ ਉੱਤੇ ਲੱਗੀ ਹੋਈ ਹੈ।



8-Dec-PAGE-11-Dec-25-Final-25.qxd 12/7/2025 9:34 PM Page 1



# ਬਿਜਲੀ ਸੋਧ ਬਿੱਲ-2025 ਦਾ ਖਰੜਾ ਰੱਦ ਕਰਨ ਦੀ ਮੰਗ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਵਰਕਿੰਗ ਕਮੇਟੀ ਗੁਰਦਾਸਪੁਰ ਦੀ ਮਹੀਨਾਵਾਰ ਮੀਟਿੰਗ 26 ਨੰਬਰ ਬਿਜਲੀ ਘਰ ਬਟਾਲਾ ਵਿਖੇ ਸਰਕਲ ਪ੍ਰਧਾਨ ਕਾਮਰੇਡ ਬਲਵਿੰਦਰ ਉਦੀਪੁਰ ਦੀ ਪ੍ਰਧਾਨਗੀ ਹੇਠ ਹੋਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਕਾਮਰੇਡ ਬਲਵਿੰਦਰ ਉਦੀਪੁਰ ਨੇ ਦੱਸਿਆ ਕਿ ਮੀਟਿੰਗ ਵਿੱਚ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਕੋਲੋਂ ਮੰਗ ਕੀਤੀ ਗਈ ਕਿ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਲੋਕ ਵਿਰੋਧੀ ਬਿਜਲੀ ਸੋਧ ਬਿੱਲ-2025 ਦੇ ਖਰੜੇ ਨੂੰ ਵਿਧਾਨ ਸਭਾ ਦਾ ਸੈਸ਼ਨ ਬੁਲਾ ਕੇ ਰੱਦ ਕੀਤਾ ਜਾਵੇ ਕਿਉਂਕਿ ਇਹ ਬਿੱਲ ਪੰਜਾਬ ਦੇ ਲੋਕਾਂ ਦੇ ਹਿੱਤ ਵਿੱਚ ਨਹੀਂ ਹੈ। ਕੇਂਦਰ ਸਰਕਾਰ ਵੱਲੋਂ ਬਿਜਲੀ ਸੈਕਟਰ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕੀਤਾ ਜਾ ਰਿਹਾ ਹੈ, ਜਿਸ ਕਾਰਨ ਬਿਜਲੀ 'ਤੇ ਸਬਸਿਡੀਆਂ ਹੌਲੀ-ਹੌਲੀ ਖ਼ਤਮ ਹੋ ਜਾਣਗੀਆਂ ਅਤੇ ਬਿਜਲੀ ਮਹਿੰਗੀ ਹੋਣ ਕਰਕੇ ਲੋਕਾਂ ਦੀ ਪਹੁੰਚ ਤੋਂ ਦੂਰ ਚਲੀ ਜਾਵੇਗੀ। ਅਦਾਰੇ ਅੰਦਰ ਪ੍ਰਾਈਵੇਟ ਕੰਪਨੀਆਂ ਮੁਨਾਫ਼ੇ ਕਮਾਉਣ ਲਈ ਕੰਮ ਕਰਨਗੀਆਂ, ਮਹਿਕਮੇ ਦੀਆਂ ਜਾਇਦਾਦਾਂ ਨੂੰ ਹੜੱਪ ਕਰ ਜਾਣਗੀਆਂ।ਸਾਥੀ ਉਦੀਪੁਰ ਨੇ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਕੋਲੋਂ ਇਹ ਵੀ ਮੰਗ ਕੀਤੀ ਕਿ ਬਿਜਲੀ ਅਦਾਰੇ ਅੰਦਰ ਹਰ ਤਰ੍ਹਾਂ ਦੇ ਆਊਟਸੋਰਸਿੰਗ ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ ਅਤੇ ਮਹਿਕਮੇ ਅੰਦਰ 50 ਹਜ਼ਾਰ ਦੇ ਕਰੀਬ ਖ਼ਾਲੀ ਅਸਾਮੀਆਂ ਭਰੀਆਂ ਜਾਣ। ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਪਾਵਰਕੌਮ ਦੇ ਦਫ਼ਤਰਾਂ ਵਿੱਚ 8 ਦਸੰਬਰ ਨੂੰ ਬਿਜਲੀ ਸੋਧ ਬਿੱਲ ਦੀਆਂ ਕਾਪੀਆਂ ਸਾੜੀਆਂ ਜਾ ਰਹੀਆਂ ਹਨ, ਜਿਸ ਵਿੱਚ ਬਿਜਲੀ ਕਾਮੇ ਅਤੇ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ ਅਤੇ ਬਿਜਲੀ ਸੋਧ ਬਿੱਲ ਵਾਪਸ ਕਰਵਾਉਣ ਤੱਕ ਸੰਘਰਸ਼ ਨੂੰ ਜਾਰੀ ਰੱਖਣਗੇ। ਮੀਟਿੰਗ ਵਿੱਚ ਰਣਧੀਰ ਸਿੰਘ ਕਾਹਲੋਂ, ਨਿਸ਼ਾਨ ਸਿੰਘ ਸੋਹਲ, ਸਾਹਿਬ ਸਿੰਘ ਧਾਲੀਵਾਲ, ਕੁਲਦੀਪ ਸਿੰਘ ਅਠਵਾਲ, ਗੁਰਦੀਪ ਸਿੰਘ ਅੰਜਲਾ, ਅਮਨਦੀਪ ਸਿੰਘ ਧਾਲੀਵਾਲ, ਹਰਪ੍ਰੀਤ ਸਿੰਘ ਕਾਦੀਆਂ, ਯਾਦਵਿੰਦਰ ਸਿੰਘ, ਅੰਮ੍ਰਿਤਪਾਲ ਸਿੰਘ ਸੰਧੂ, ਹਰਮਿੰਦਰ ਸਿੰਘ ਖਹਿਰਾ, ਗੁਰਸੇਵਕ ਸਿੰਘ, ਗੁਰਪ੍ਰੀਤ ਸਿੰਘ ਅਤੇ ਮੁਖਵਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।

# ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ

ਬਿਆਸ (ਪਰਮਜੀਤ ਸਿੰਘ ਰੱਖੜਾ)-ਥਾਣਾ ਬਿਆਸ ਦੀ ਪੁਲਸ ਨੂੰ ਸਥਾਨਕ ਗੁਰਦੁਆਰਾ ਸਾਹਿਬ ਦੇ ਲੰਗਰ ਹਾਲ ਵਿੱਚੋਂ ਕਿਸੇ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ ਹੈ। ਥਾਣਾ ਬਿਆਸ ਦੇ ਏਐੱਸਆਈ ਵਿਕਟਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਥਾਨਕ ਗੁਰਦੁਆਰਾ ਸ੍ਰੀ ਅਮਾਨਤਸਰ ਸਾਹਿਬ ਦੇ ਲੰਗਰ ਹਾਲ ਵਿੱਚੋਂ ਕਰੀਬ 52 ਸਾਲ ਦੇ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ ਹੈ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਥਾਣਾ ਬਿਆਸ ਵਿਖੇ ਰਿਪੋਰਟ ਨੰਬਰ 16 ਦਰਜ ਕਰਕੇ ਮ੍ਰਿਤਕ ਦੀ ਲਾਸ਼ ਸ਼ਨਾਖਤ ਲਈ ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ ਮੋਰਚਰੀ ਵਿੱਚ 72 ਘੰਟਿਆਂ ਲਈ ਰੱਖਵਾ ਦਿੱਤੀ ਹੈ।

# ਭਾਰਤੀ ਮਹਿਲਾ ਫੈਡਰੇਸ਼ਨ ਦੀ ਕਾਨਫਰੰਸ 'ਚ ਔਰਤਾਂ ਨੂੰ ਦਰਪੇਸ਼ ਚੁਣੌਤੀਆਂ 'ਤੇ ਚਰਚਾ



ਚੰਡੀਗੜ੍ਹ-ਭਾਰਤੀ ਮਹਿਲਾ ਫੈਡਰੇਸ਼ਨ ਚੰਡੀਗੜ੍ਹ ਦੀ ਕਾਨਫਰੰਸ ਪੀਪਲਜ਼ ਕਨਵੈਨਸ਼ਨ ਸੈਂਟਰ ਵਿੱਚ ਸੁਮਿਤਰਾ ਗੁਪਤਾ ਹਾਲ ਵਿੱਚ, ਡਾਕਟਰ ਪਾਲ ਕੌਰ, ਪ੍ਰਿੰਸੀਪਲ ਗੁਰਦੇਵ ਕੌਰ ਅਤੇ ਬੀਬੀ ਸੁਰਜੀਤ ਕੌਰ ਬੈਂਸ ਦੀ ਪ੍ਰਧਾਨਗੀ ਵਿੱਚ ਆਯੋਜਿਤ ਕੀਤੀ ਗਈ। ਪ੍ਰਿੰਸੀਪਲ ਗੁਰਦੇਵ ਕੌਰ ਨੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਉਪਰੰਤ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਗਈ। ਮੁੱਖ ਮਹਿਮਾਨ ਨਿਸ਼ਾ ਸਿੱਧੂ, ਜਨਰਲ ਸਕੱਤਰ ਭਾਰਤੀ ਮਹਿਲਾ ਫੈਡਰੇਸ਼ਨ ਅਤੇ ਵਿਸ਼ੇਸ਼ ਮਹਿਮਾਨ ਆਭਾ ਭੈਯਾ ਡਾਇਰੈਕਟਰ ਜਾਗੋਰੀ ਰੂਰਲ ਧਰਮਸ਼ਾਲਾ ਨੇ ਮਹਿਲਾਵਾਂ ਦੀ ਸਮਾਜਿਕ ਅਸਮਾਨਤਾ ਅਤੇ ਉਨ੍ਹਾਂ ਦੇ ਅਧਿਕਾਰਾਂ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਐਡਵੋਕੇਟ ਅਸ਼ਵਨੀ ਬਖ਼ਸ਼ੀ ਨੇ ਸੰਵਿਧਾਨ ਦੁਆਰਾ ਮਹਿਲਾਵਾਂ ਨੂੰ ਦਿੱਤੇ ਕਾਨੂੰਨੀ ਹੱਕਾਂ 'ਤੇ ਵਿਸਥਾਰ ਸਹਿਤ ਰੋਸ਼ਨੀ ਪਾਈ, ਡਾ. ਰੂਪਾਲੀ ਲਾਹੋਰੀਆ ਨੇ ਮਹਿਲਾਵਾਂ ਦੇ ਸਿਹਤ ਸੰਬੰਧੀ ਮੁੱਦਿਆਂ ਬਾਰੇ ਜਾਣਕਾਰੀ ਦਿੱਤੀ। ਕਵਿੱਤਰੀ ਪਾਲ ਕੌਰ, ਰਾਜਿੰਦਰ ਕੌਰ,ਹਰਪੁਨੀਤ ਪੰਜਾਬ ਯੂਨੀਵਰਸਿਟੀ, ਅਮਨ ਭੋਗਲ ਟੀ ਵੀ ਕਲਾਕਾਰ ਨੇ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਔਰਤਾਂ ਨੂੰ ਦਰਪੇਸ਼ ਚੁਣੌਤੀਆਂ 'ਤੇ ਧਿਆਨ ਕੇਂਦਰਿਤ ਕੀਤਾ। ਅਨੇਕਾਂ ਵਿਦਵਾਨ ਮਹਿਲਾਵਾਂ, ਲੇਖਿਕਾਵਾਂ, ਪ੍ਰੋਫੈਸਰਾਂ ਅਤੇ ਪੰਜਾਬ ਯੂਨੀਵਰਸਿਟੀ ਦੀਆਂ ਨੌਜਵਾਨ ਵਿਦਿਆਰਥਣਾਂ ਨੇ ਉਤਸ਼ਾਹ ਨਾਲ ਭਾਗ ਲਿਆ। ਸ੍ਰੀ ਮੁਖ਼ਤਾਰ ਅਹਿਮਦ ਦੀ ਅਗਵਾਈ ਵਿੱਚ ਕਲੀਅਰ ਮੈਡੀ ਹਸਪਤਾਲ ਦੀ ਤਰਫੋਂ ਮੈਡੀਕਲ ਕੈਂਪ ਵੀ ਲਗਾਇਆ ਗਿਆ, ਜਿਸ ਵਿੱਚ ਔਰਤਾਂ ਦੀ ਸਿਹਤ ਜਾਂਚ ਕੀਤੀ ਗਈ। ਭਰਾਤਰੀ ਔਰਤ ਸੰਗਠਨਾਂ ਤੋਂ ਜਸਵੀਰ ਕੌਰ ਅਤੇ ਸੁਰਿੰਦਰ ਗਿੱਲ ਜੈਪਾਲ ਔਰਤ ਮੁਕਤੀ ਮੋਰਚਾ ਨੇ ਕਾਨਫਰੰਸ ਨੂੰ ਸੰਬੋਧਨ ਕੀਤਾ, ਆਪਣੀਆਂ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ ਅਤੇ ਆਉਣ ਵਾਲੀਆਂ ਲੜਾਈਆਂ ਨੂੰ ਇੱਕਜੁਟ ਹੋ ਕੇ ਲੜਨ ਦਾ ਸੱਦਾ ਦਿੱਤਾ। ਡਾ. ਕੰਵਲਜੀਤ ਢਿੱਲੋਂ ਨੇ ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਭਾਰਤੀ ਮਹਿਲਾ ਫੈਡਰੇਸ਼ਨ ਦੇ ਇਤਿਹਾਸ,ਪੰਜਾਬ ਵਿੱਚ ਮਹਿਲਾਵਾਂ ਦੇ ਜੁਝਾਰੂ ਸੰਘਰਸ਼ਾਂ ਅਤੇ ਹੱਕ ਪ੍ਰਾਪਤੀਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ। ਡਾ. ਅਮੀਰ ਸੁਲਤਾਨਾ ਨੇ ਘਰਾਂ ਉੱਤੇ ਗੈਰ ਕਾਨੂੰਨੀ ਬੁਲਡੋਜ਼ਰ ਚਲਾਉਣ ਦੇ ਖਿਲਾਫ, ਮਨੀਪੁਰ ਦੀਆਂ ਔਰਤਾਂ 'ਤੇ ਹੋਈ ਹਿੰਸਾ ਦੇ ਖਿਲਾਫ, ਫਲਸਤੀਨ ਦੇ ਲੋਕਾਂ ਦੇ ਹੱਕ ਵਿੱਚ ਅਤੇ ਨਵੇਂ ਲੇਬਰ ਕੋਡ ਬਿੱਲ ਦੇ ਖਿਲਾਫ ਰੈਜ਼ੋਲੂਸ਼ਨ ਪੇਸ਼ ਕੀਤੇ ਗਏ ਜਿਨ੍ਹਾਂ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ। ਕਾਨਫਰੰਸ ਦਾ ਸੰਚਾਲਨ ਵੀਨਾ ਜੰਮੂ ਨੇ ਕੀਤਾ।ਅੰਤ ਵਿੱਚ ਨਵੀਂ ਟੀਮ ਦੀ ਚੋਣ ਕੀਤੀ ਗਈ ਜਿਸ ਵਿੱਚ ਅਮਰਜੀਤ ਕੌਰ ਨੂੰ ਪ੍ਰਧਾਨ, ਸੁਖਬੀਰ ਕੌਰ, ਡਾ. ਅਮੀਰ ਸੁਲਤਾਨਾ, ਐਡਵੋਕੇਟ ਸੁਸ਼ਮਾ ਸਿੰਘ ਨੂੰ ਉਪ ਪ੍ਰਧਾਨ, ਵੀਨਾ ਜੰਮੂ ਨੂੰ ਸਕੱਤਰ, ਸੁਭਾ ਗੁਪਤਾ ਨੂੰ ਅਸਿਸਟੈਂਟ ਸਕੱਤਰ, ਐਡਵੋਕੇਟ ਜਸਵਿੰਦਰ ਕੌਰ ਅਤੇ ਹਰਪੁਨੀਤ ਨੂੰ ਜਾਇੰਟ ਸਕੱਤਰ ਸਰਬਸੰਮਤੀ ਨਾਲ ਚੁਣਿਆ ਗਿਆ। ਇਸ ਦੇ ਨਾਲ ਹੀ 13 ਮੈਂਬਰੀ ਕੌਂਸਲ ਦਾ ਗਠਨ ਕੀਤਾ ਗਿਆ।

# 'ਆਪ' ਦੇ ਸਾਰੇ ਉਮੀਦਵਾਰ ਚੋਣਾਂ ਜਿੱਤ ਕੇ ਇਤਿਹਾਸ ਸਿਰਜਣਗੇ : ਅਨੂਪ ਸਿੰਘ ਸੰਧੂ



ਮਜੀਠਾ (ਸੋਇਮ ਆਨੰਦ)-ਜ਼ਿਲ੍ਹਾ ਪ੍ਰੀਸ਼ਦ ਅੰਮ੍ਰਿਤਸਰ ਅਤੇ ਬਲਾਕ ਸੰਮਤੀ ਜ਼ੋਨ ਮਜੀਠਾ ਅਤੇ ਮਜੀਠਾ-2 ਤੋਂ ਆਮ ਆਦਮੀ ਪਾਰਟੀ ਦੇ ਸਾਰੇ ਉਮੀਦਵਾਰ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਵਿਚ ਵੱਡੀ ਜਿੱਤ ਦਰਜ ਕਰਵਾ ਕੇ ਨਵਾਂ ਇਤਿਹਾਸ ਸਿਰਜਣਗੇ ਅਤੇ ਵਿਰੋਧੀਆਂ ਦੇ ਸਾਰੇ ਭਰਮ ਭੁਲੇਖੇ ਦੂਰ ਕਰ ਦੇਣਗੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆੜ੍ਹਤੀ ਐਸੋਸੀਏਸ਼ਨ ਦਾਣਾ ਮੰਡੀ ਮਜੀਠਾ ਦੇ ਸਰਪ੍ਰਸਤ ਅਨੂਪ ਸਿੰਘ ਸੰਧੂ ਨੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਜਸਵੰਤ ਸਿੰਘ ਪੰਨੂ ਦੇ ਹੱਕ ਵਿਚ ਪਿੰਡ ਗਾਲੋਵਾਲੀ ਵਿਖੇ ਰੱਖੀ ਮੀਟਿੰਗ ਵਿਚ ਵੱਡੀ ਗਿਣਤੀ ਵਿਚ ਇਕੱਤਰ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕੀਤਾ।ਮੀਟਿੰਗ ਵਿਚ ਹਲਕ ਇੰਚਾਰਜ ਤਲਬੀਰ ਸਿੰਘ ਗਿੱਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ।ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਤਲਬੀਰ ਸਿੰਘ ਗਿਲ ਨੇ ਕਿਹਾ ਕਿ ਪਿਛਲੇ ਸਮੇਂ ਵਿਚ ਸਾਰੀਆਂ ਰਵਾਇਤੀ ਪਾਰਟੀਆਂ ਨੇ ਹਲਕਾ ਮਜੀਠਾ ਵਿਚ ਵਿਕਾਸ ਦਾ ਕੋਈ ਕੰਮ ਨਹੀਂ ਕੀਤਾ ਪਰ ਇਸ ਵਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸਰਕਾਰ ਨੇ ਹਲਕਾ ਮਜੀਠਾ ਦੇ ਨਾਲ ਨਾਲ ਨੇ ਸੂਬੇ ਭਰ ਵਿਚ ਵਿਕਾਸ ਦੇ ਰਿਕਾਰਡ ਤੋੜ ਕੰਮ ਕਰਵਾਏ ਹਨ। ਹਲਕਾ ਮਜੀਠਾ ਦਾ ਜ਼ਿਕਰ ਕਰਦਿਆਂ ਉਨ੍ਹਾਂ ਆਖਿਆ ਕਿ ਮੰਗੀਆਂ ਗਈਆਂ ਗ੍ਰਾਂਟਾਂ ਦੇ ਖੁੱਲ੍ਹੇ ਗੱਫੇ ਦੇ ਕੇ ਹਲਕਾ ਵਾਸੀਆਂ ਨੂੰ ਮੁੱਖ ਮੰਤਰੀ ਸਾਬ ਵੱਲੋਂ ਨਿਵਾਜਿਆ ਹੈ ਜਿਸ ਨਾਲ ਉਨ੍ਹਾਂ ਵੱਲੋਂ ਹਲਕੇ ਅੰਦਰ ਬਿਨਾਂ ਕਿਸੇ ਪੱਖਪਾਤ ਤੋਂ ਵਿਕਾਸ ਦੇ ਕੰਮ ਕਰਵਾਏ ਜਾ ਰਹੇ ਹਨ ਜਿਸ ਦੀ ਬਦੌਲਤ ਹਲਕਾ ਵਾਸੀ ਆਮ ਆਦਮੀ ਪਾਰਟੀ ਨੂੰ ਪਿਆਰ ਦੇ ਰਹੇ ਹਨ।ਗਿੱਲ ਨੇ ਅੱਗੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅੰਮ੍ਰਿਤਸਰ ਵਾਸਤੇ ਚਾਰ ਜ਼ੋਨਾਂ ਵਿਚ ਆਮ ਆਦਮੀ ਪਾਰਟੀ ਵੱਲੋਂ ਖੜੇ ਕੀਤੇ ਗਏ ਸਾਰੇ ਉਮੀਦਵਾਰ ਅਤੇ ਬਲਾਕ ਸੰਮਤੀ ਵਾਸਤੇ ਖੜੇ ਸਾਰੇ ਉਮੀਦਵਾਰ ਵੋਟਾਂ ਦੇ ਵੱਡੇ ਫਰਕ ਨਾਲ ਜਿੱਤ ਕੇ ਹਲਕੇ ਅੰਦਰ ਕਰਾਏ ਗਏ ਵਿਕਾਸ ਦੇ ਕੰਮਾਂ ਉੱਪਰ ਮੋਹਰ ਲਗਾਉਣਗੇ।ਇਸ ਮੌਕੇ ਗਿੱਲ ਨੇ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਜਸਵੰਤ ਸਿੰਘ ਪੰਨੂ ਦੇ ਹੱਕ ਵਿਚ ਵੋਟਾਂ ਪਾਉਣ ਦੀ ਅਪੀਲ ਵੀ ਕੀਤੀ।ਇਸ ਮੌਕੇ ਤਲਬੀਰ ਸਿੰਘ ਗਿੱਲ ਦੇ ਨਾਲ ਹਰਭੁਪਿੰਦਰ ਸਿੰਘ ਮਜੀਠਾ, ਜਿਲ੍ਹਾ ਪ੍ਰੀਸ਼ਦ ਉਮੀਦਵਾਰ ਜਸਵੰਤ ਸਿੰਘ ਪੰਨੂ, ਅਨੂਪ ਸਿੰਘ ਸੰਧੂ, ਸੁਖਚੈਨ ਸਿੰਘ ਭੋਮਾ ਸਾਬਕਾ ਸਰਪੰਚ, ਸੁੱਖ ਭੰਗਵਾਂ, ਸਵਿੰਦਰ ਸਿੰਘ ਲਾਲੀ ਮਜੀਠਾ, ਬਲਬੀਰ ਸਿੰਘ ਧਰਮਪੁਰਾ, ਹਰਜਿੰਦਰ ਸਿੰਘ ਜੇਠੂਨੰਗਲ, ਹਰਜਿੰਦਰ ਸਿੰਘ ਗਾਲੋਵਾਲੀ, ਸਵਿੰਦਰ ਸਿੰਘ ਸਾਬਕਾ ਸਰਪੰਚ ਜੇਠੂਨੰਗਲ ਸਮੇਤ ਵੱਡੀ ਗਿਣਤੀ ਵਿਚ ਪਾਰਟੀ ਵਰਕਰ ਹਾਜ਼ਰ ਸਨ।

# ਡਾ. ਅੰਬੇਡਕਰ ਨੂੰ ਪ੍ਰੀ-ਨਿਰਵਾਨ ਦਿਵਸ ਮੌਕੇ ਦਿੱਤੀ ਨਿੱਘੀ ਸ਼ਰਧਾਂਜਲੀ



ਫਗਵਾੜਾ (ਡਾ. ਰਮਨ)-ਉਸਾਰੂ ਸਾਹਿਤ ਅਤੇ ਸਾਫ ਸੁਥਰੇ ਸਮਾਜ ਲਈ ਕਾਰਜਸ਼ੀਲ ਸੰਸਥਾ ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਫਗਵਾੜਾ ਵਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਦੇਸ਼ ਦੇ ਪਹਿਲੇ ਕਾਨੂੰਨ ਮੰਤਰੀ ਡਾ. ਬੀ.ਆਰ. ਅੰਬੇਡਕਰ ਨੂੰ ਉਹਨਾਂ ਦੇ ਪ੍ਰੀ-ਨਿਰਵਾਨ ਦਿਵਸ ਮੌਕੇ ਨਿੱਘੀ ਸ਼ਰਧਾਂਜਲੀ ਦਿੱਤੀ ਗਈ। ਕੇਂਦਰ ਦੇ ਪ੍ਰਧਾਨ ਰਵਿੰਦਰ ਸਿੰਘ ਰਾਏ ਅਤੇ ਪੀ ਆਰ ਓ ਓਮ ਪ੍ਰਕਾਸ਼ ਪਾਲ ਤੋਂ ਇਲਾਵਾ ਗੁਰਨਾਮ ਸਿੰਘ ਸੈਣੀ ਨੇ ਡਾ. ਅੰਬੇਡਕਰ ਦੀ ਤਸਵੀਰ 'ਤੇ ਫੁੱਲਮਾਲਾਵਾਂ ਭੇਟ ਕਰਦਿਆਂ ਕਿਹਾ ਕਿ ਡਾ. ਅੰਬੇਡਕਰ ਦਾ ਸਾਰਾ ਜੀਵਨ ਕਠਿਨ ਸੰਘਰਸ਼ਾਂ ਨਾਲ ਜੂਝਦਿਆਂ ਵਤੀਤ ਹੋਇਆ ਜੋ ਕਿ ਅਜੋਕੀ ਨੌਜਵਾਨ ਪੀੜ੍ਹੀ ਦੇ ਲਈ ਪ੍ਰੇਰਣਾ ਦਾ ਸਰੋਤ ਹੈ। ਪ੍ਰਧਾਨ ਰਵਿੰਦਰ ਸਿੰਘ ਰਾਏ ਨੇ ਡਾ. ਅੰਬੇਡਕਰ ਦੇ ਜੀਵਨ ਬਾਰੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਉਹਨਾਂ ਦਾ ਜਨਮ 14 ਅਪ੍ਰੈਲ 1891 ਨੂੰ ਮੱਧ ਪ੍ਰਦੇਸ਼ ਦੇ ਰਤਨਾਗਿਰੀ ਜਿਲ੍ਹੇ ਵਿੱਚ ਹੋਇਆ। ਉਹਨਾਂ ਨੇ ਭਾਰਤ ਦੇ ਵਿਲੱਖਣ ਸੰਵਿਧਾਨ ਦੀ ਰਚਨਾ 2 ਸਾਲ 11 ਮਹੀਨੇ 18 ਦਿਨ ਵਿੱਚ ਕਰਕੇ ਇੱਕ ਮਿਸਾਲ ਪੇਸ਼ ਕੀਤੀ। ਇਸ ਮੌਕੇ ਕੇਂਦਰ ਦੇ ਜਨਰਲ ਸਕੱਤਰ ਕਰਮਵੀਰ ਪਾਲ ਹੈਪੀ, ਡਾ. ਸਾਗਰ ਸਿੰਘ ਡਾਇਰੈਕਟਰ ਹੈਲਥ, ਲਵਪ੍ਰੀਤ ਸਿੰਘ ਰਾਏ, ਖੁਸ਼ਪ੍ਰੀਤ ਕੌਰ ਰਾਏ, ਡਾ. ਐੱਸ ਪੀ ਮਾਨ ਆਦਿ ਹਾਜ਼ਰ ਸਨ।

# ਪੁੱਤ ਦੇ ਕਥਿਤ ਕਾਤਲਾਂ ਖਿਲਾਫ ਕਾਰਵਾਈ ਅਤੇ ਇਨਸਾਫ ਲਈ ਲਾਈ ਗੁਹਾਰ



ਮਜੀਠਾ (ਸੋਇਮ ਆਨੰਦ)-ਪਿੰਡ ਗੋਸਲ ਜ਼ਿਮੀਦਾਰਾਂ ਦੇ ਇੱਕ ਨੌਜਵਾਨ ਦੀ ਭੇਦਭਰੀ ਹਾਲਤ ਵਿਚ ਮੌਤ ਹੋਣ ਮਾਮਲਾ ਸਾਹਮਣੇ ਆਇਆ ਹੈ।ਥਾਣਾ ਮਜੀਠਾ ਵਿਖੇ ਗੁਰਨਾਮ ਸਿੰਘ ਪੁੱਤਰ ਜਗੀਰ ਸਿੰਘ ਵਾਸੀ ਪਿੰਡ ਗੋਸਲ ਜ਼ਿਮੀਦਾਰਾਂ ਨੇ ਲਿਖਤੀ ਦਰਖਾਸਤ ਦਿੱਤੀ ਹੈ ਕਿ ਉਸ ਦਾ ਪੁੱਤਰ ਜਸਬੀਰ ਸਿੰਘ ਜਿਹੜਾ ਕਿ ਕਰੀਬ 6 ਮਹੀਨੇ ਪਹਿਲਾਂ ਦੁਬਈ ਗਿਆ ਹੋਇਆ ਸੀ ਅਤੇ 9 ਨਵੰਬਰ ਨੂੰ ਉਹ ਵਾਪਸ ਭਾਰਤ ਆਪਣੇ ਪਿੰਡ ਆਇਆ ਸੀ।ਅਗਲੇ ਦਿਨ 10 ਨਵੰਬਰ ਨੂੰ ਪਿੰਡ ਦੇ ਹੀ ਦੋ ਵਿਅਕਤੀ ਉਨ੍ਹਾਂ ਦੇ ਘਰ ਮੋਟਰਸਾਈਕਲ 'ਤੇ ਆਏ ਅਤੇ ਉਸ ਦੇ ਲੜਕੇ ਜਸਬੀਰ ਸਿੰਘ ਨੂੰ ਆਪਣੇ ਨਾਲ ਮੋਟਰਸਾਈਕਲ 'ਤੇ ਬਿਠਾ ਕੇ ਲੈ ਗਏ।ਪੀੜਤ ਪਰਿਵਾਰ ਵੱਲੋ ਦਿੱਤੀ ਦਰਖਾਸਤ ਅਨੁਸਾਰ ਦੇਰ ਰਾਤ ਤੱਕ ਉਹ ਆਪਣੇ ਬੇਟੇ ਦੀ ਇੰਤਜ਼ਾਰ ਕਰਦੇ ਰਹੇ ਪਰ ਜਦ ਉਹ ਘਰ ਵਾਪਸ ਨਾ ਆਇਆ ਤਾਂ ਉਨ੍ਹਾਂ ਨੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ। ਜਦੋਂ ਉਨ੍ਹਾਂ ਨੇ ਆਪਣੇ ਪਿੰਡ ਦੀ ਗਰਾਊਂਡ ਵਿਚ ਜਾ ਕੇ ਦੇਖਿਆ ਤਾਂ ਉਨ੍ਹਾਂ ਦਾ ਬੇਟਾ ਮ੍ਰਿਤਕ ਹਾਲਤ ਵਿਚ ਪਿਆ ਸੀ।ਪੁਲਸ ਨੂੰ ਦਿੱਤੀ ਲਿਖਤੀ ਦਰਖਾਸਤ ਵਿਚ ਗੁਰਮੀਤ ਸਿੰਘ ਨੇ ਉਕਤ ਵਿਅਕਤੀਆਂ ਖਿਲਾਫ ਕਥਿਤ ਤੌਰ ਤੇ ਦੋਸ਼ ਲਗਾਇਆ ਕਿ ਉਨ੍ਹਾਂ ਨੇ ਹੀ ਉਸ ਦੇ ਪੁੱਤਰ ਨੂੰ ਕੋਈ ਜ਼ਹਿਰੀਲੀ ਵਸਤੂ ਦੇ ਕੇ ਮਾਰ ਕੇ ਸੁੱਟ ਦਿੱਤਾ ਹੈ।ਮ੍ਰਿਤਕ ਦੀ ਮਾਤਾ ਰਣਜੀਤ ਕੌਰ ਅਤੇ ਭਰਾ ਪਰਨਬੀਰ ਸਿੰਘ ਨੇ ਦੱਸਿਆ ਕਿ ਇੰਨੇ ਦਿਨ ਬੀਤ ਜਾਣ 'ਤੇ ਵੀ ਉਨ੍ਹਾਂ ਵੱਲੋਂ ਥਾਣਾ ਮਜੀਠਾ ਅਤੇ ਬਾਅਦ ਵਿਚ ਡੀ. ਐੱਸ. ਪੀ. ਮਜੀਠਾ ਨੂੰ ਦਿੱਤੀ ਦਰਖਾਸਤ 'ਤੇ ਪੁਲਸ ਨੇ ਕੋਈ ਕਾਰਵਾਈ ਨਹੀਂ ਕੀਤੀ।ਉਨ੍ਹਾਂ ਦੱਸਿਆ ਕਿ ਕਥਿਤ ਕਾਤਲ ਸ਼ਰੇਆਮ ਪਿੰਡ ਵਿਚ ਘੁੰਮਦੇ ਫਿਰਦੇ ਹਨ ਪਰ ਉਨ੍ਹਾਂ ਨੂੰ ਆਪਣੇ ਮ੍ਰਿਤਕ ਪੁੱਤਰ ਦਾ ਪੁਲਸ ਵੱਲੋਂ ਇਨਸਾਫ ਨਹੀਂ ਮਿਲਿਆ।ਇਸ ਦੌਰਾਨ ਪੀੜ੍ਹਤ ਪਰਿਵਾਰ ਨੇ ਡੀ. ਜੀ. ਪੀ. ਪੁਲਸ ਅਤੇ ਮੁੱਖ ਮੰਤਰੀ ਪੰਜਾਬ ਪਾਸੋਂ ਆਪਣੇ ਪੁੱਤ ਦੀ ਹੋਈ ਮੌਤ ਦੇ ਇਨਸਾਫ ਦੀ ਮੰਗ ਕੀਤੀ ।ਉਧਰ ਐੱਸ. ਐੱਚ. ਓ. ਮਜੀਠਾ ਕਰਮਪਾਲ ਸਿੰਘ ਨਾਲ ਗੱਲ ਕਰਨ 'ਤੇ ਉਨਾਂ ਕਿਹਾ ਕਿ ਉਨ੍ਹਾਂ ਨੂੰ ਦਰਖਾਸਤ ਮਿਲੀ ਹੈ।ਦਰਖਾਸਤ ਅਨੁਸਾਰ ਮਾਮਲੇ ਸਬੰਧੀ ਤਫਤੀਸ਼ ਚੱਲ ਰਹੀ ਹੈ।ਜਲਦੀ ਹੀ ਸੱਚਾਈ ਸਾਹਮਣੇ ਲਿਆ ਕੇ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਚੋਣਾਂ ਨੂੰ ਲੈ ਕੇ ਕਟਾਰੂਚੱਕ ਨੇ ਨਰੋਟ ਮਹਿਰਾ ਅਤੇ ਘਰੋਟਾ ਜ਼ੋਨ 'ਚ ਕੀਤੀਆਂ ਵੱਡੇ ਪੱਧਰ 'ਤੇ ਮੀਟਿੰਗਾਂ



ਪਠਾਨਕੋਟ (ਦਵਿੰਦਰ ਸਿੰਘ)-ਜ਼ਿਲ੍ਹਾ ਪ੍ਰੀਸ਼ਦ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਆਪਣੇ ਹਲਕਾ ਭੋਆ ਵਿਖੇ ਲਗਾਤਾਰ ਮੀਟਿੰਗਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।ਬੀਤੇ ਕੱਲ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਤਲੂਰ, ਤਾਰਾਗੜ੍ਹ ਅਤੇ ਭੋਆ ਵਿਖੇ ਮੀਟਿੰਗਾਂ ਕਰਨ ਉਪਰੰਤ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਨਰੋਟ ਮਹਿਰਾ ਅਤੇ ਘਰੋਟਾ ਜ਼ੋਨ ਵਿੱਚ ਮੀਟਿੰਗਾਂ ਦਾ ਆਯੋਜਨ ਕੀਤਾ ਗਿਆ।ਇਨ੍ਹਾਂ ਮੀਟਿੰਗਾਂ ਵਿੱਚ ਚੋਣੀ ਰਣਨੀਤੀ, ਵਿਕਾਸ ਕਾਰਜਾਂ ਦੀ ਸਮੀਖਿਆ ਅਤੇ ਹਲਕਾ ਭੋਆ ਵਿਖੇ ਹੋਏ ਵਿਕਾਸ ਕਾਰਜਾਂ ਦੇ ਆਧਾਰ ਤੇ ਲੋਕਾਂ ਦੇ ਸਿੱਧੇ ਸੰਪਰਕ ਰਾਹੀਂ ਸਮਰਥਨ ਹਾਸਲ ਕਰਨ 'ਤੇ ਖਾਸ ਧਿਆਨ ਦਿੱਤਾ ਗਿਆ।ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰਾਂ ਅਤੇ ਬਲਾਕ ਸਮਿਤੀ ਦੇ ਕੈਂਡੀਡੇਟਾਂ ਨੇ ਮੀਟਿੰਗਾਂ ਵਿੱਚ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ।ਹਰ ਉਮੀਦਵਾਰ ਨੇ ਆਪਣੇ-ਆਪਣੇ ਖੇਤਰ ਵਿੱਚ ਕੀਤੇ ਗਏ ਅਤੇ ਬਾਕੀ ਰਹਿੰਦੇ ਵਿਕਾਸ ਕਾਰਜਾਂ ਬਾਰੇ ਲੋਕਾਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਤੋਂ ਚੋਣਾਂ ਵਿੱਚ ਸਮਰਥਨ ਦੀ ਅਪੀਲ ਕੀਤੀ।ਵਰਕਰਾਂ ਨੇ ਵੀ ਚੋਣ ਪ੍ਰਬੰਧਾਂ ਅਤੇ ਬੂਥ ਪੱਧਰ ਦੀ ਤਿਆਰੀ ਬਾਰੇ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਘਰੋਟਾ ਤੋਂ ਉਮੀਦਵਾਰ ਠਾਕੁਰ ਭੁਪਿੰਦਰ ਸਿੰਘ, ਨਰੋਟ ਮਹਿਰਾ ਜ਼ੋਨ ਤੋਂ ਉਮੀਦਵਾਰ ਨਿਤਨ ਠਾਕੁਰ, ਬਲਾਕ ਸੰਮਤੀ ਉਮੀਦਵਾਰ ਸ਼ਿਵ ਕੁਮਾਰ ਨਰੋਟ ਮਹਿਰਾ, ਸ਼ੁਭਕਰਨ ਸੈਣੀ ਰਾਜਪੁਰਾ, ਪ੍ਰੇਮ ਲਤਾ ਸੁਕਾਲਗੜ੍ਹ, ਸੋਨੀਆ ਧੋਬਰਾ, ਸੁਮਨ ਸੈਣੀ ਲਾਹੜੀ ਗੁੱਜਰਾਂ, ਚੰਦਰ ਕਾਂਤਾ ਕੋਟਲੀ ਮੁਗਲਾਂ ਸਮੇਤ ਚੇਅਰਮੈਨ ਬਬਲੀ ਕੁਮਾਰ ਬੱਬੀ, ਬਲਾਕ ਪ੍ਰਧਾਨ ਰਵੀ ਸਿੰਘ, ਸਰਪੰਚ ਕਰਨ, ਦਰਸ਼ਨ ਡੀਗਰਾ, ਬਲਜਿੰਦਰ ਕੌਰ ਹਲਕਾ ਕੋਆਰਡੀਨੇਟਰ ਮਹਿਲਾ ਵਿੰਗ, ਬਲਾਕ ਪ੍ਰਧਾਨ ਸ਼ਸ਼ੀ ਆਦਿ ਮੌਜੂਦ ਸਨ।ਮੰਤਰੀ ਲਾਲ ਚੰਦ ਕਟਾਰੂਚੱਕ ਨੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਮੌਜੂਦਾ ਸਰਕਾਰ ਨੇ ਪਿੰਡਾਂ ਦੇ ਵਿਕਾਸ ਅਤੇ ਲੋਕ ਭਲਾਈ ਲਈ ਬਿਨਾਂ ਭੇਦ ਭਾਵ ਕਈ ਵਿਕਾਸਸ਼ੀਲ ਕੰਮ ਕੀਤੇ ਹਨ।ਉਨ੍ਹਾਂ ਨੇ ਦੱਸਿਆ ਕਿ ਨਰੋਟ ਮਹਿਰਾ ਅਤੇ ਘਰੋਟਾ ਜ਼ੋਨ ਵਿੱਚ ਸੜਕਾਂ, ਸਿਹਤ ਸਹੂਲਤਾਂ, ਸਕੂਲੀ ਢਾਂਚੇ, ਸਟੇਡੀਅਮ, ਪਾਰਕਾਂ ਅਤੇ ਪਾਣੀ ਸਪਲਾਈ ਸਬੰਧੀ ਕਈ ਮੁੱਖ ਕਾਰਜ ਕੀਤੇ ਗਏ ਹਨ, ਜਿਨ੍ਹਾਂ ਦਾ ਸਿੱਧਾ ਲਾਭ ਸਥਾਨਕ ਵਾਸੀਆਂ ਨੂੰ ਮਿਲ ਰਿਹਾ ਹੈ।ਮੰਤਰੀ ਨੇ ਇਹ ਵੀ ਦਾਅਵਾ ਕੀਤਾ ਕਿ ਚੋਣਾਂ ਦੌਰਾਨ ਹੱਕ ਵਿੱਚ ਆਏ ਨਤੀਜਿਆਂ ਅਨੁਸਾਰ ਵਿਕਾਸ ਦੀ ਲੜੀ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ।ਉਨ੍ਹਾਂ ਨੇ ਲੋਕਾਂ ਨੂੰ ਚੋਣਾਂ ਵਿੱਚ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਕਰਨ ਲਈ ਪ੍ਰੇਰਿਤ ਕੀਤਾ।ਮੀਟਿੰਗਾਂ ਵਿੱਚ ਬੂਥ ਮਜ਼ਬੂਤੀ, ਵਰਕਰ ਐਕਟੀਵੇਸ਼ਨ, ਘਰ-ਘਰ ਸੰਪਰਕ ਅਭਿਆਨ ਅਤੇ ਵੋਟਰ ਲਿਸਟਾਂ ਦੀ ਪੜਤਾਲ ਵਰਗੇ ਮਹੱਤਵਪੂਰਣ ਚੋਣ ਮੋੜਾਂ 'ਤੇ ਖਾਸ ਧਿਆਨ ਦਿੱਤਾ ਗਿਆ।ਉਮੀਦਵਾਰਾਂ ਅਤੇ ਵਰਕਰਾਂ ਨੂੰ ਚੋਣ ਕਮਿਸ਼ਨ ਦੀਆਂ ਹਿਦਾਇਤਾਂ ਦਾ ਪਾਲਣ ਕਰਦੇ ਹੋਏ ਸ਼ਾਂਤਮਈ ਅਤੇ ਲੋਕਤੰਤਰੀ ਢੰਗ ਨਾਲ ਚੋਣ ਮੁਹਿੰਮ ਚਲਾਉਣ ਦੀ ਅਪੀਲ ਕੀਤੀ ਗਈ।ਲੋਕਾਂ ਦਾ ਉਤਸ਼ਾਹ ਦੇਖਦੇ ਹੋਏ ਉਮੀਦਵਾਰਾਂ ਅਤੇ ਮੰਤਰੀ ਨੇ ਜਿੱਤ 'ਤੇ ਪੂਰਾ ਭਰੋਸਾ ਜਤਾਇਆ।

# ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਦੰਦਾਂ ਦਾ ਮੁਫ਼ਤ ਜਾਂਚ ਕੈਂਪ

ਫਿਰੋਜ਼ਪੁਰ : (ਅਸ਼ੋਕ ਸ਼ਰਮਾ)-ਹਲਕਾ ਜ਼ੀਰਾ ਦੇ ਪਿੰਡ ਗਾਦੜੀ ਵਾਲਾ ਵਿਚ ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਇਕ ਮੁਫ਼ਤ ਦੰਦਾਂ ਦੇ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਸਥਾਨਕ ਲੋਕਾਂ ਨੇ ਵੱਡੀ ਗਿਣਤੀ ਵਿਚ ਹਿੱਸਾ ਲਿਆ।

ਇਸ ਕੈਂਪ ਦਾ ਮੁੱਖ ਉਦੇਸ਼ ਲੋਕਾਂ ਵਿਚ ਦੰਦਾਂ ਦੀ ਸਫ਼ਾਈ, ਮੌਖਿਕ ਸਿਹਤ ਅਤੇ ਵੱਖ-ਵੱਖ ਦੰਦਾਂ ਬਿਮਾਰੀਆਂ ਬਾਰੇ ਜਾਗਰੂਕਤਾ ਕਰਨਾ ਸੀ। ਕੈਂਪ ਦੌਰਾਨ ਕਾਲਜ ਦੀ ਟੀਮ ਵਿਚ ਸ਼ਾਮਲ ਡਾ. ਸ਼ਾਂਤਾ ਅਤੇ ਡਾ. ਰਾਹੁਲ ਯਾਦਵ ਨੇ ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ ।

ਡਾਕਟਰਾਂ ਨੇ ਲੋਕਾਂ ਨੂੰ ਰੋਜ਼ਾਨਾ ਦੰਦ ਸਾਫ਼ ਕਰਨ, ਸਮੇਂ-ਸਮੇਂ ਤੇ ਡੈਂਟਿਸਟ ਕੋਲ ਚੈੱਕਅੱਪ ਕਰਵਾਉਣ ਅਤੇ ਖੁਰਾਕ ਵਿਚ ਸਾਵਧਾਨੀ ਰੱਖਣ ਦੀ ਸਲਾਹ ਦਿੱਤੀ। ਕਾਲਜ ਦੇ ਪੀ ਆਰ ਓ ਰਣਜੀਤ ਸਿੰਘ ਅਤੇ ਮਨਜੀਤ ਸਿੰਘ ਨੇ ਕੈਂਪ ਵਿਚ ਆਏ ਸਾਰੇ ਮਰੀਜ਼ਾਂ ਨੂੰ ਟੂਥਪੇਸਟ ਅਤੇ ਟੂਥਬਰਸ਼ ਵੰਡੇ।

# ਸੁੱਖਬਿੰਦਰ ਸਿੰਘ ਸਰਕਾਰੀਆ 'ਤੇ ਕੀਤੇ ਨਜਾਇਜ਼ ਪਰਚੇ ਦੀ ਚੁਫੇਰਿਓਂ ਨਿੰਦਾ: ਕੱਕੜ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਆਪਣੀ ਹਾਰ ਨੂੰ ਵੇਖਦਿਆਂ ਬੁਖਲਾਹਟ ਵਿੱਚ ਆ ਕੇ ਆਪ ਸਰਕਾਰ ਨੇ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਸਾਬਕਾ ਚੇਅਰਮੈਨ ਦਿਲਰਾਜ ਸਿੰਘ ਸਰਕਾਰੀਆ 'ਤੇ ਨਜਾਇਜ਼ ਪਰਚੇ ਦਰਜ ਕਰਵਾਏ।ਅਸਲੀਅਤ ਵਿੱਚ ਇਹ ਪਰਚਾ ਆਮ ਆਦਮੀ ਪਾਰਟੀ ਦੀ ਹਲਕਾ ਰਾਜਾ ਸਾਂਸੀ ਦੀ ਇੰਚਾਰਜ ਸੋਨੀਆ ਮਾਨ 'ਤੇ ਹੋਣਾ ਚਾਹੀਦਾ ਸੀ, ਜਿਸ ਨੇ ਭਿੰਡੀ ਸੈਦਾਂ ਦੇ ਸਰਪੰਚ ਸੁਰਜੀਤ ਸਿੰਘ ਅਤੇ ਉਸਦੇ ਪਰਿਵਾਰ 'ਤੇ ਹਮਲਾ ਕਰਵਾਇਆ।ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਜੇਕਰ ਦਰਜ ਕੀਤੇ ਨਜਾਇਜ਼ ਪਰਚੇ ਇੱਕ ਹਫ਼ਤੇ ਦੇ ਵਿੱਚ ਰੱਦ ਨਾ ਹੋਏ ਤਾਂ ਸਮੂਹ ਕਾਂਗਰਸੀ ਆਗੂ ਅਤੇ ਵਰਕਰ ਸੜਕਾਂ 'ਤੇ ਉਤਰਨ ਲਈ ਮਜਬੂਰ ਹੋਣਗੇ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚਾੜ੍ਹੀ ਇਹ ਭਾਜੀ 2027 ਦੀਆਂ ਚੋਣਾਂ ਵਿੱਚ ਵਿਆਜ ਸਮੇਤ ਮੋੜਾਂਗੇ।ਸ਼੍ਰੀ ਕੱਕੜ ਨੇ ਕਿਹਾ ਕਿ ਪਿਛਲੇ ਦਿਨੀਂ ਚੋਗਾਵਾਂ ਵਿਖੇ ਇੱਕ ਕਿਸਾਨ ਦੀ ਕਣਕ ਹਲਕਾ ਇੰਚਾਰਜ ਸੋਨੀਆ ਮਾਨ ਦੀ ਸ਼ਹਿ ਤੇ ਵੱਢੀ ਗਈ, ਥਾਣੇ ਸਾਹਮਣੇ ਧਰਨਾ ਦੇ ਰਹੇ ਕਿਸਾਨਾਂ ਤੇ ਟਰੈਕਟਰ ਚੜ੍ਹਵਾ ਕੇ ਸੋਨੀਆ ਮਾਨ ਨੇ ਉਨ੍ਹਾਂ ਨੂੰ ਖ਼ਤਮ ਕਰਨ ਦੀ ਕੋਸ਼ਿਸ਼ ਕਰਵਾਈ।ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਕਿਹਾ ਕਿ ਉਹ ਆਪ ਸਰਕਾਰ ਦੇ ਹੱਥਠੋਕੇ ਨਾ ਬਣਨ, ਆਪਣੀ ਡਿਊਟੀ ਇਮਾਨਦਾਰੀ ਨਾਲ ਅਤੇ ਆਪਣੀ ਜ਼ਮੀਰ ਦੀ ਆਵਾਜ਼ ਸੁਣ ਕੇ ਨਿਭਾਉਣ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਸਿਰਫ਼ ਇੱਕ ਸਾਲ ਹੀ ਰਹਿ ਗਿਆ ਹੈ।2027 ਵਿੱਚ ਕਾਂਗਰਸ ਦੀ ਸਰਕਾਰ ਬਣਨੀ ਤਹਿ ਹੈ।ਆਪ ਸਰਕਾਰ ਵੱਲੋਂ ਕਾਂਗਰਸੀ ਆਗੂਆਂ 'ਤੇ ਕੀਤੀਆਂ ਧੱਕੇਸ਼ਾਹੀਆਂ ਦਾ ਮੂੰਹਤੋੜ ਜਵਾਬ ਦੇਵਾਂਗੇ।ਇਸ ਮੌਕੇ ਉਨ੍ਹਾਂ ਨਾਲ ਕੁਲਦੀਪ ਸਿੰਘ ਛੀਨਾ ਜਨਰਲ ਸਕੱਤਰ ਪੰਜਾਬ, ਰਵੀ ਕੁਮਾਰ ਪੀ. ਏ. ਸੁਖ ਸਰਕਾਰੀਆ, ਜਸਪਾਲ ਸਿੰਘ ਭੱਟੀ ਪ੍ਰਧਾਨ ਰਾਜਾਸਾਂਸੀ, ਲਖਵਿੰਦਰ ਸਿੰਘ ਝੰਜੋਟੀ ਬਲਾਕ ਪ੍ਰਧਾਨ ਹਰਸਾ ਛੀਨਾ, ਹਰਭੇਜ ਸਿੰਘ ਵਣੀਏਕੇ ਬਲਾਕ ਪ੍ਰਧਾਨ ਚੋਗਾਵਾਂ, ਜਸਕਰਨ ਸਿੰਘ ਕੋਹਰੀ, ਬਬਲੂ ਰਾਜਾਸਾਂਸੀ, ਅਜੈਬੀਰ ਸਿੰਘ ਲੋਪੋਕੇ ਮੀਤ ਪ੍ਰਧਾਨ, ਮੇਜਰ ਸਿੰਘ ਕੱਕੜ ਮੀਤ ਪ੍ਰਧਾਨ, ਨਿੰਦਰ ਲੋਪੋਕੇ, ਸਰਪੰਚ ਸੋਨਾ ਸਿੱਧੂ ਬਲੱਗਣ, ਗੁਰਮੇਜ ਸਿੰਘ ਬਬਲਾ ਕੋਟਲਾ, ਬਲਦੇਵ ਸਿੰਘ ਮੰਝ, ਡਾ. ਪ੍ਰਗਟ ਸਿੰਘ ਭੁੱਲਰ, ਇੰਦਰਪਾਲ ਸਿੰਘ ਲਾਲੀ, ਸ਼ਮਸ਼ੇਰ ਸਿੰਘ ਸਾਰੰਗੜਾ, ਗੁਰਮੀਤ ਸਿੰਘ ਡਾਲਾ, ਬਲਜੀਤ ਸਿੰਘ ਪੰਡੋਰੀ, ਕੁਲਦੀਪ ਸਿੰਘ ਔਲਖ ਚੋਗਾਵਾਂ, ਸੁਖਦੇਵ ਸਿੰਘ ਵਣੀਏਕੇ, ਹਰਕੰਵਲਜੀਤ ਸਿੰਘ ਹੈਪੀ ਅਦਲੀਵਾਲ, ਹਰਪਾਲ ਸਿੰਘ ਸਰਪੰਚ ਤੋਲਾ ਨੰਗਲ, ਲਖਵਿੰਦਰ ਸਿੰਘ ਭਿੱਟੇਵੱਡ, ਸਤਿੰਦਰਪਾਲ ਸਿੰਘ ਛੀਨਾ, ਗੁਰਜੰਟ ਸਿੰਘ ਮੁੱਧ, ਰਿੰਕੂ ਚੋਗਾਵਾਂ, ਰਿੰਕੂ ਕੋਹਾਲੀ, ਲਖਬੀਰ ਸਿੰਘ ਕੋਹਾਲੀ, ਬਲਵਿੰਦਰ ਸਿੰਘ ਕੋਹਾਲੀ, ਨਰਿੰਦਰ ਸਿੰਘ ਹੇਤਮਪੁਰਾ, ਸੂਬਾ ਸਿੰਘ ਹੇਤਮਪੁਰਾ, ਸੂਬਾ ਸਿੰਘ ਪੰਜੂਰਾਏ, ਸੁਖਦੇਵ ਸਿੰਘ ਨੱਥੂਪੁਰ, ਰੇਸ਼ਮ ਸਿੰਘ ਲੋਧੀਗੁੱਜਰ, ਰੇਸ਼ਮ ਸਿੰਘ ਬੱਚੀਵਿੰਡ, ਜਸਪਾਲ ਸਿੰਘ ਦਸਮੇਸ਼ ਨਗਰ ਆਦਿ ਹਾਜ਼ਰ ਸਨ।

# ਬਾਬਾ ਬੁੱਢਾ ਕਾਲਜ ਵਿਖੇ 46ਵੀਂ ਪੰਜਾਬ ਸਟੇਟ ਜੂਡੋ ਚੈਂਪੀਅਨਸ਼ਿਪ ਕਰਵਾਈ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਬਾਬਾ ਬੁੱਢਾ ਸਾਹਿਬ ਕਾਲਜ ਬੀੜ ਸਾਹਿਬ ਵਿਖੇ ਤਿੰਨ ਰੋਜ਼ਾ 46ਵੀਂ ਪੰਜਾਬ ਸਟੇਟ ਕਰੈਡਿਟ ਐਂਡ ਯੂਨੀਅਰ ਲੜਕੇ ਐਂਡ ਲੜਕੀਆਂ ਜੂਡੋ ਚੈਂਪੀਅਨਸ਼ਿਪ ਇੰਸਪੈਕਟਰ ਪਰਮਜੀਤ ਸਿੰਘ ਵਿਰਦੀ ਦੇ ਸਹਿਯੋਗ ਨਾਲ ਕਰਵਾਈ ਗਈ ਜਿਸ ਵਿੱਚ ਪੰਜਾਬ ਦੇ ਸਾਰੇ ਜ਼ਿਲਿਆਂ ਤੋਂ 300 ਦੇ ਕਰੀਬ ਖਿਡਾਰੀਆਂ ਨੇ ਹਿੱਸਾ ਲਿਆ।ਦੂਸਰੇ ਦਿਨ ਹੋਏ ਜੂਡੋ ਮੁਕਾਬਲਿਆਂ ਦੀ ਸ਼ੁਰੂਆਤ ਮੁੱਖ ਮਹਿਮਾਨ ਐੱਸਪੀ ਹੈੱਡ ਕੁਆਰਟਰ ਸੁਖਨਿੰਦਰ ਸਿੰਘ ਨੇ ਕਰਵਾਈ ।ਇਸ ਸਮੇਂ ਬੋਲਦਿਆਂ ਮੁੱਖ ਮਹਿਮਾਨ ਐੱਸਪੀ ਸੁਖਨਿੰਦਰ ਸਿੰਘ ਨੇ ਕਿਹਾ ਕਿ ਖੇਡਾਂ ਦਾ ਸਾਡੀ ਜ਼ਿੰਦਗੀ ਵਿੱਚ ਬਹੁਤ ਵੱਡਾ ਯੋਗਦਾਨ ਹੈ ।

ਉਨ੍ਹਾਂ ਕਿਹਾ ਕਿ ਨਸ਼ੇ ਜੋ ਇਕ ਸਮਾਜਕ ਬਿਮਾਰੀ ਦਾ ਰੂਪ ਧਾਰ ਚੁੱਕੇ ਹਨ, ਨੂੰ ਖਤਮ ਕਰਨ ਲਈ ਸਾਰਿਆਂ ਨੂੰ ਰਲ ਕੇ ਹੰਭਲਾ ਮਾਰਨਾ ਚਾਹੀਦਾ ਹੈ।ਇਸ ਸਮੇਂ ਜੇਤੂ ਖਿਡਾਰੀਆਂ ਨੂੰ ਇਨਾਮ ਐੱਸਪੀ ਸੁਖਨਿੰਦਰ ਸਿੰਘ, ਇੰਸਪੈਕਟਰ ਪਰਮਜੀਤ ਸਿੰਘ ਵਿਰਦੀ ਸੈਕਟਰੀ ਜੂਡੋ ਐਸੋਸੀਏਸ਼ਨ ਪੰਜਾਬ, ਹਰਜਿੰਦਰ ਸਿੰਘ ਪ੍ਰਧਾਨ ਐਸੋਸੀਏਸ਼ਨ, ਪ੍ਰਿੰ. ਡਾ. ਕਰਨਜੀਤ ਸਿੰਘ ਬੇਦੀ ਨੇ ਤਕਸੀਮ ਕੀਤੇ।ਇਸ ਮੌਕੇ ਹਾਜ਼ਰ ਸ਼ਖਸੀਅਤਾਂ ਵਿੱਚ ਹਰਪ੍ਰੀਤ ਸਿੰਘ ਮੂਸੇ, ਪ੍ਰੋਫੈਸਰ ਸੁਰਿੰਦਰ ਸਿੰਘ, ਤੇਜਿੰਦਰ ਸਿੰਘ ਸੁਪਰਡੈਂਟ, ਪ੍ਰੋਫੈਸਰ ਅੰਮ੍ਰਿਤਪਾਲ ਸਿੰਘ, ਸਟੇਜ ਸੈਕਟਰੀ ਪ੍ਰੋਫੈਸਰ ਇੰਦਰਜੀਤ ਸਿੰਘ ਕਸੇਲ, ਸਰਪੰਚ ਗੁਰਵਿੰਦਰ ਸਿੰਘ ਵਿਸਕੀ ਢਿੱਲੋਂ ਠੱਠਾ, ਸਰਪੰਚ ਸੋਨੂ ਠੱਠਗੜ੍ਹ, ਕੁਲਵਿੰਦਰ ਸਿੰਘ ਠੱਠਾ, ਜਸਵੀਰ ਸਿੰਘ ਸਰਪੰਚ ਵੈਰੋਵਾਲ, ਅਰਜਨ ਸਿੰਘ ਸਰਲੀ, ਸੁਰਿੰਦਰ ਕੁਮਾਰ ਪੰਜਾਬ ਜੂਡੋ ਐਸੋਸੀਏਸ਼ਨ ਦਾ ਜਨਰਲ ਸਕੱਤਰ, ਮੈਡਮ ਕੁਲਵਿੰਦਰ ਕੌਰ ਆਦਿ ਹਾਜ਼ਰ ਸਨ।

# ਸ਼ਹੀਦ ਰਾਮ ਪ੍ਰਕਾਸ਼ ਪ੍ਰਭਾਕਰ ਦੀ 34ਵੀਂ ਬਰਸੀ ਮੌਕੇ ਹਜ਼ਾਰਾਂ ਲੋਕਾਂ ਨੇ ਦਿੱਤੀ ਸ਼ਰਧਾਂਜਲੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਨਿਰਮਲੇ ਸੰਤ ਪੂਜਨੀਕ ਡਾ. ਸਵਾਮੀ ਰਾਮੇਸ਼ਵਰ ਨੰਦ ਹਰੀ ਜੀ ਦੇ ਆਸ਼ੀਰਵਾਦ ਨਾਲ ਸ਼ਹੀਦ ਰਾਮ ਪ੍ਰਕਾਸ਼ ਪ੍ਰਭਾਕਰ ਦੀ 34ਵੀਂ ਬਰਸੀ ਸ਼ਹੀਦ ਰਾਮ ਪ੍ਰਕਾਸ਼ ਪ੍ਰਭਾਕਰ ਸੇਵਾ ਸੰਮਤੀ ਕਾਦੀਆਂ ਵੱਲੋਂ ਸਥਾਨਕ ਰੱਖੜਾ ਪੈਲੇਸ ਰਜਾਦਾ ਰੋਡ ਵਿਖੇ ਮਨਾਈ ਗਈ।ਇਸ ਸ਼ਹੀਦੀ ਪ੍ਰੋਗਰਾਮ 'ਚ ਵਿਸ਼ੇਸ਼ ਤੌਰ 'ਤੇ ਪਹੁੰਚੇ ਅਖਿਲ ਭਾਰਤੀ ਸੰਯੋਜਕ ਪਰਿਵਾਰ ਪ੍ਰਬੋਧਨ ਰਾਸ਼ਟਰੀਯ ਸਵੈਮ ਸੇਵਕ ਸੰਘ ਦੇ ਮੁਖ ਬੁਲਾਰੇ ਰਵਿੰਦਰ ਸ਼ੰਕਰ ਜੋਸ਼ੀ ਨੇ ਕਾਦੀਆਂ ਪਹੁੰਚ ਕੇ ਰਾਮ ਪ੍ਰਕਾਸ਼ ਪ੍ਰਭਾਕਰ ਚੌਕ ਸਥਿਤ ਸ਼ਹੀਦ ਰਾਮ ਪ੍ਰਕਾਸ਼ ਪ੍ਰਭਾਕਰ ਦੇ ਬੁੱਤ ਤੇ ਫੁੱਲ ਮਾਲਾਵਾਂ ਪਹਿਨਾ ਕੇ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਉਨ੍ਹਾਂ ਨਾਲ ਭਾਜਪਾ ਦੇ ਸੀਨੀਅਰ ਆਗੂ ਤਰੁਣ ਚੁੱਗ ਜਨਰਲ ਸਕੱਤਰ ਭਾਜਪਾ, ਸਾਬਕਾ ਕੇਂਦਰੀ ਮੰਤਰੀ ਸੋਮ ਨਾਥ, ਸਾਬਕਾ ਮੰਤਰੀ ਅਰੂਨੇਸ਼ ਸ਼ਾਕਰ, ਤੀਕਸ਼ਨ ਸੂਦ, ਆਰ. ਐੱਸ. ਐੱਸ. ਦੇ ਸੀਨੀਅਰ ਪ੍ਰਚਾਰਕ ਰਾਮੇਸ਼ਵਰ, ਰਾਜਵੀਰ ਨੇ ਵੀ ਸ਼ਰਧਾਜਲੀ ਭੇਟ ਕੀਤੀ।ਇਸ ਉਪਰੰਤ ਸਥਾਨਕ ਰੱਖੜਾ ਪੈਲੇਸ ਵਿੱਚ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਬੋਲਦਿਆਂ ਅਖਿਲ ਭਾਰਤੀ ਸੰਯੋਜਕ ਪਰਿਵਾਰ ਪ੍ਰਬੋਧਨ ਰਾਸ਼ਟਰੀਯ ਸਵੈਮ ਸੇਵਕ ਸੰਘ ਦੇ ਮੁੱਖ ਬੁਲਾਰੇ ਰਵਿੰਦਰ ਸ਼ੰਕਰ ਜੋਸ਼ੀ ਨੇ ਕਿਹਾ ਕਿ ਰਾਮ ਪ੍ਰਕਾਸ਼ ਪ੍ਰਭਾਕਰ ਦੀ ਸ਼ਹਾਦਤ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਭਾਰਤ ਪਾਕ ਯੁਧ ਵੇਲੇ ਵੀ ਪ੍ਰਭਾਕਰ ਸਾਹਿਬ ਨੇ ਸਮਾਜ ਦੀ ਸੇਵਾ ਕਰਨ ਵਿੱਚ ਕੋਈ ਕਸਰ ਨਹੀ ਛੱਡੀ।ਅੱਤਵਾਦ ਸਮੇਂ ਵੀ ਉਨ੍ਹਾਂ ਨੇ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਵੀ ਉਨ੍ਹਾਂ ਨੇ ਹਿੱਸਾ ਲਿਆ। ਇਸ ਮੌਕੇ ਤਰੁਣ ਚੁੱਗ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਰਾਮ ਪ੍ਰਧਾਨ ਪ੍ਰਭਾਕਰ ਨੇ ਪੰਜਾਬ ਦੀ ਸਾਂਝੀ ਵਿਰਾਸਤ ਨੂੰ ਸੰਭਾਲਦਿਆਂ ਸ਼ਹੀਦੀ ਦਿੱਤੀ ਅਤੇ ਸਾਡੇ ਉਸ ਸਮੇਂ ਦੇ ਸ਼ਹੀਦਾਂ ਦੀ ਕੁਰਬਾਨੀ ਬੇਕਾਰ ਨਹੀਂ ਗਈ। ਉਨ੍ਹਾਂ ਕਿਹਾ ਕਿ ਭਾਰਤ ਇੱਕ ਮਜ਼ਬੂਤ ਦੇਸ਼ ਹੈ ਅਤੇ ਇਹ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਤਾਕਰ ਬਣਨ ਜਾ ਰਿਹਾ ।ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਦੀ 140 ਕਰੋੜ ਦੀ ਜਨਤਾ ਦੇ ਵਿਕਾਸ ਲਈ ਜੋ ਸੰਕਲਪ ਲਿਆ ਹੈ ਉਹ ਸੰਕਲਪ ਕਦੇ ਵੀ ਅਧੂਰਾ ਨਹੀਂ ਰਹੇਗਾ।ਉਨ੍ਹਾਂ ਕਿਹਾ ਕਿ ਅਸੀਂ ਚਾਹੁੰਦੇ ਹਾਂ ਕਿ ਪੰਜਾਬ ਤਰੱਕੀ ਕਰੇ।ਇਸ ਮੌਕੇ ਵਾਤਾਵਰਨ ਪ੍ਰੇਮੀਆਂ ਨੂੰ ਸਨਮਾਨਿਤ ਕੀਤਾ ਅਤੇ ਨਾਲ ਹੀ ਉਨ੍ਹਾਂ ਨੇ ਉਨ੍ਹਾਂ ਕਿਸਾਨਾਂ ਨੂੰ ਵੀ ਸਨਮਾਨਿਤ ਕੀਤਾ ਜੋ ਆਪਣੇ ਖੇਤਾਂ ਨੂੰ ਅੱਗ ਨਹੀਂ ਲਗਾਉਂਦੇ। ਇਸ ਮੌਕੇ ਸਕਸੈੱਸ ਪਬਲਿਕ ਸਕੂਲ ਕਾਦੀਆਂ ਦੇ ਵਿਦਿਆਰਥੀਆਂ ਵੱਲੋਂ ਵਾਤਾਵਰਨ ਨੂੰ ਬਚਾਉਣ ਲਈ ਨਾਟਕ ਵੀ ਖੇਡਿਆ ਗਿਆ।ਇਸ ਸਮਾਰੋਹ ਦੇ ਪ੍ਰਬੰਧਕ ਵਰਿੰਦਰ ਪ੍ਰਭਾਕਰ ਅਤੇ ਅਸ਼ੀਸ਼ ਪ੍ਰਭਾਕਰ ਨੇ ਆਏ ਹੋਏ ਪਤਵੰਤੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਬਾਲ ਕ੍ਰਿਸ਼ਨ ਮਿੱਤਲ, ਡਾ. ਸੰਜੀਵ ਭੱਲਾ, ਵਿਪਨ ਕੁਮਾਰ, ਪ੍ਰਦੀਪ ਸਹਿਗਲ, ਰਾਜੇਸ਼ ਖੋਸਲਾ, ਪ੍ਰਵੀਨ ਸਹਿਗਲ, ਦੀਪਕ ਭਨੋਟ, ਗੁਲਸ਼ਨ ਵਰਮਾ ਭਾਜਪਾ ਮੰਡਲ ਪ੍ਰਧਾਨ ਕਾਦੀਆਂ, ਕੁਲਵਿੰਦਰ ਕੌਰ ਸਾਬਕਾ ਜ਼ਿਲ੍ਹਾ ਵਾਈਸ ਪ੍ਰਧਾਨ ਬੀਜੇਪੀ, ਡਾਕਟਰ ਕਮਲ ਜੋਤੀ ਸ਼ਰਮਾ, ਵਰਿੰਦਰ ਖੋਸਲਾ, ਨਰੇਸ਼ ਕੁਮਾਰ ਅਰੋੜਾ, ਗੁਰਿੰਦਰ ਪਾਲ ਸਿੰਘ ਗੋਰਾ ਭਾਟੀਆ ਆਦਿ ਹਾਜ਼ਰ ਸਨ।

# ਬਿਜਲੀ ਤੇ ਬੀਜ ਬਿੱਲ ਲੋਕ ਮਾਰੂ: ਦਵਿੰਦਰ ਸੋਹਲ



ਝਬਾਲ (ਹਰਜਿੰਦਰ ਸਿੰਘ ਸੋਨੀ)-ਕਿਸਾਨ, ਮਜ਼ਦੂਰ ਤੇ ਬਿਜਲੀ ਕਾਮੇ ਸਾਂਝੇ ਰੂਪ ਵਿੱਚ ਬਿਜਲੀ ਘਰਾਂ ਅੱਗੇ ਰੋਸ ਪ੍ਰਦਰਸ਼ਨ ਕਰਕੇ ਬਿਜਲੀ ਤੇ ਬੀਜ ਬਿੱਲ ਦੀਆਂ ਕਾਪੀਆਂ ਸਾੜਨਗੇ। ਪ੍ਰੈੱਸ ਨੂੰ ਇਹ ਬਿਆਨ ਜਾਰੀ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਜਥੇਬੰਦਕ ਸਕੱਤਰ ਦਵਿੰਦਰ ਸੋਹਲ, ਹਰਬਿੰਦਰ ਸਿੰਘ ਕਸੇਲ, ਮਜ਼ਦੂਰ ਆਗੂ ਸੁਲੱਖਣ ਸਿੰਘ ਗੰਡੀਵਿੰਡ ਤੇ ਮਨਜੀਤ ਸਿੰਘ ਢੰਡ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਬਿਜਲੀ ਬਿੱਲ-2025 ਜੇਕਰ ਕਾਨੂੰਨ ਬਣ ਜਾਂਦਾ ਹੈ ਤਾਂ ਬਿਜਲੀ ਸਮੁੱਚੇ ਰੂਪ ਵਿੱਚ ਕਾਰਪੋਰੇਟ ਘਰਾਣਿਆਂ ਦੇ ਹੱਥ ਵਿੱਚ ਹੋਵੇਗੀ ਅਤੇ ਇੰਨੀ ਮਹਿੰਗੀ ਹੋ ਜਾਵੇਗੀ ਕਿ ਮਜ਼ਦੂਰ, ਕਿਸਾਨ ਤੇ ਆਮ ਲੋਕਾਂ ਨੂੰ ਵੱਡੀ ਕੀਮਤ ਦੇਣੀ ਪਵੇਗੀ।ਉਨ੍ਹਾਂ ਕਿਹਾ ਕਿ ਬਿਜਲੀ ਜ਼ਿੰਦਗੀ ਦੀ ਮੁੱਢਲੀ ਲੋੜ ਬਣ ਗਈ ਹੈ। ਇਸ ਕਰਕੇ ਇਹ ਸਰਕਾਰ ਦਾ ਫਰਜ਼ ਹੈ ਕਿ ਬਿਜਲੀ ਦਾ ਸਮੁੱਚਾ ਪ੍ਰਬੰਧ ਆਪਣੇ ਹੱਥਾਂ ਵਿੱਚ ਲਵੇ ਤੇ ਆਮ ਲੋਕਾਂ ਨੂੰ ਠੀਕ ਰੇਟ 'ਤੇ ਬਿਜਲੀ ਦਿੱਤੀ ਜਾਵੇ।ਪੰਜਾਬ ਸਰਕਾਰ ਕੇਂਦਰੀ ਬਿਜਲੀ ਬਿੱਲ ਦਾ ਵੀ ਵਿਰੋਧ ਕਰੇ ਅਤੇ ਪੰਜਾਬ ਵਿੱਚ ਬਿਜਲੀ ਬੋਰਡ ਦੀਆਂ ਜਾਇਦਾਦਾਂ ਵੇਚਣ ਦਾ ਫੈਸਲਾ ਵੀ ਵਾਪਸ ਲਵੇ।ਉਨ੍ਹਾਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਵੱਲੋਂ ਬੀਜ ਬਿੱਲ ਪਾਸ ਕਰ ਦਿੱਤਾ ਗਿਆ ਤਾਂ ਕਿਸਾਨ ਤੇ ਯੂਨੀਵਰਸਿਟੀਆਂ ਸਮੇਤ ਛੋਟੀਆਂ ਫਰਮਾਂ ਬੀਜ ਪੈਦਾ ਨਹੀਂ ਕਰ ਸਕਦੀਆਂ, ਬੀਜ ਸਿਰਫ਼ ਕਾਰਪੋਰੇਟ ਘਰਾਣੇ ਹੀ ਵੇਚਣਗੇ।ਵਿਦੇਸ਼ੀ ਕਾਰਪੋਰੇਟ ਘਰਾਣੇ ਸਾਡੀ ਖੇਤੀ ਤਬਾਹ ਕਰ ਦੇਣਗੇ।ਇਸ ਕਰਕੇ ਹਰੇਕ ਮਾਈ ਭਾਈ ਦਾ ਫਰਜ਼ ਬਣਦਾ ਹੈ ਕਿ ਉਹ ਸਰਕਾਰ ਦੇ ਇਨ੍ਹਾਂ ਕਾਨੂੰਨਾਂ ਦਾ ਵਿਰੋਧ ਕਰਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਬਿੰਦਰ ਸਿੰਘ ਸੋਹਲ, ਜਗਤਾਰ ਸਿੰਘ ਜੱਗਾ, ਮੋਤਾ ਸਿੰਘ ਸੋਹਲ, ਸੁਰਿੰਦਰ ਸਿੰਘ ਬਿੱਲਾ, ਕੰਵਲਜੀਤ ਸਿੰਘ ਢਿੱਲੋਂ ਵੀ ਹਾਜ਼ਰ ਸਨ।

# ਗੰਨਾ ਕਾਸ਼ਤਕਾਰ ਗੰਨੇ ਦੀ ਕਟਾਈ ਸਮੇਂ ਸਫਾਈ ਦਾ ਖਿਆਲ ਜ਼ਰੂਰ ਰੱਖਣ: ਕੇਨ ਕਮਿਸ਼ਨਰ



ਬਟਾਲਾ, (ਡਾ. ਮਲਵਿੰਦਰ ਸਿੰਘ)-ਇਸ ਵਾਰ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਗੰਨੇ ਦੇ ਖਰੀਦ ਮੁੱਲ ਵਿਚ ਪ੍ਰਤੀ ਕੁਇੰਟਲ 15 ਰੁਪਏ ਵਾਧਾ ਕਰਕੇ ਖਰੀਦ ਮੁੱਲ 416 ਪ੍ਰਤੀ ਕੁਇੰਟਲ ਕਰ ਦਿੱਤਾ ਗਿਆ ਹੈ ਤਾਂ ਜੋ ਕਿਸਾਨਾਂ ਦਾ ਗੰਨੇ ਦੀ ਖੇਤੀ ਵੱਲ ਰੁਝਾਨ ਵਧਾਇਆ ਜਾ ਸਕੇ।ਇਸ ਸਬੰਧੀ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਹੇਠ ਅਤੇ ਮਾਣਯੋਗ ਪ੍ਰਬੰਧਕੀ ਸਕੱਤਰ (ਖ਼ੇਤੀਬਾੜੀ) ਅਰਸ਼ਦੀਪ ਸਿੰਘ ਥਿੰਦ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਗੰਨੇ ਦੀ ਪ੍ਰਤੀ ਹੈਟੇਅਰ ਪੈਦਾਵਾਰ ਵਿਚ ਵਾਧਾ ਕਰਨ, ਖੰਡ ਦੀ ਰਿਕਵਰੀ ਅਤੇ ਗੰਨੇ ਦੀ ਫ਼ਸਲ ਹੇਠ ਰਕਬਾ ਵਧਾਉਣ ਦੇ ਮੰਤਵ ਨਾਲ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੀ ਗੰਨਾ ਸ਼ਾਖਾ ਵਲੋਂ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ।

ਇਸ ਮੁਹਿੰਮ ਤਹਿਤ ਦਿ ਬਟਾਲਾ ਸਹਿਕਾਰੀ ਖੰਡ ਮਿੱਲ ਲਿਮਿਟਡ ਜ਼ਿਲ੍ਹਾ ਗੁਰਦਾਸਪੁਰ ਵਿਚ ਗੰਨੇ ਦੀ ਪਿੜਾਈ ਦੇ ਕੰਮ ਦਾ ਜਾਇਜ਼ਾ ਲੈਣ ਲਈ ਗੰਨਾ ਕਮਿਸ਼ਨਰ ਪੰਜਾਬ, ਡਾ. ਅਮਰੀਕ ਸਿੰਘ ਵੱਲੋਂ ਦੌਰਾ ਕੀਤਾ ਗਿਆ ਤਾਂ ਜੋਂ ਜੇਕਰ ਕਿਤੇ ਕੋਈ ਕਮੀ ਹੋਵੇ ਤਾਂ ਉਸ ਨੂੰ ਦੂਰ ਕੀਤਾ ਜਾ ਸਕੇ।ਇਸ ਮੁਹਿੰਮ ਬਾਰੇ ਜਾਣਕਾਰੀ ਦਿੰਦਿਆਂ ਡਾਕਟਰ ਅਮਰੀਕ ਸਿੰਘ ਦੱਸਿਆ ਕਿ ਗੰਨੇ ਦੀ ਖੇਤੀ ਨੂੰ ਲਾਹੇਵੰਦ ਬਣਾਉਣ ਲਈ ਜ਼ਰੂਰੀ ਹੈ ਕਿ ਗੰਨੇ ਦੀ ਖੇਤੀ ਵਿੱਚ ਮਸ਼ੀਨੀਕਰਨ ਨੂੰ ਉਤਸ਼ਾਹਿਤ ਕੀਤਾ ਜਾਵੇ ਕਿਉਂਕਿ ਇਸ ਫ਼ਸਲ ਦੀ ਖੇਤੀ ਵਿੱਚ ਬਿਜਾਈ ਤੋਂ ਲੈ ਕੇ ਕਟਾਈ ਤੱਕ ਮਜ਼ਦੂਰਾਂ ਦੀ ਵੱਡੀ ਪੱਧਰ ਤੇ ਜ਼ਰੂਰਤ ਪੈਂਦੀ ਹੈ ਪ੍ਰੰਤੂ ਮਜ਼ਦੂਰਾਂ ਦੀ ਘਾਟ ਕਾਰਨ ਗੰਨਾ ਕਾਸ਼ਤਕਾਰਾਂ ਨੂੰ ਵੱਡੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਗੰਨੇ ਦੀ ਖੇਤੀ ਨੂੰ ਲਾਹੇਵੰਦ ਬਣਾਉਣ ਲਈ ਚੌੜੀ ਵਿੱਥ ਵਿਧੀ ਅਪਨਾਉਣਾ ਸਮੇਂ ਦੀ ਮੁੱਖ ਜ਼ਰੂਰਤ ਹੈ ਅਤੇ ਇਸ ਤਕਨੀਕ ਨੂੰ ਅਪਣਾਉਣ ਲਈ ਲੋੜੀਂਦੀ ਮਸ਼ੀਨਰੀ ਜਿਵੇਂ ਕੰਬਾਈਨ ਹਾਰਵੈਸਟਰ, ਖੋਰੀ ਕੱਟ ਕੇ ਖੇਤ ਵਿਚ ਖਿਲਾਰਨ ਵਾਲੀ ਮਸ਼ੀਨ ਆਦਿ ਸਬਸਿਡੀ ਤੇ ਦਿੱਤੀ ਜਾਂਦੀ ਹੈ ਅਤੇ ਭਵਿਖ ਵਿਚ ਟਰੈਂਚਰ, ਗੰਨਾ ਬੀਜਣ ਵਾਲੀ ਮਸ਼ੀਨ ਵੀ ਸਬਸਿਡੀ ਤੇ ਦੇਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਗੰਨੇ ਦੇ ਵਿਕਾਸ ਸਬੰਧੀ ਜੀ ਐੱਮ ਖੰਡ ਮਿੱਲ ਸ੍ਰੀਮਤੀ ਕਿਰਨਦੀਪ ਕੌਰ ਨਾਲ ਦਸੰਬਰ, ਜਨਵਰੀ ਦੌਰਾਨ ਕਰਵਾਏ ਜਾਣ ਵਾਲੇ ਆਨਲਾਈਨ ਅਤੇ ਆਫ ਲਾਈਨ ਸੈਮੀਨਾਰ ਦੇ ਸਫਲ ਆਯੋਜਨ ਬਾਰੇ ਵਿਉਂਤਬੰਦੀ ਕਰਨ ਬਾਰੇ ਵਿਚਾਰ ਚਰਚਾ ਕੀਤੀ ਗਈ ਹੈ।ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਕਟਾਈ ਸਮੇਂ ਗੰਨੇ ਦੀ ਸਫਾਈ ਵੱਲ ਵੀ ਧਿਆਨ ਦੇਣ ਅਤੇ ਸਾਫ਼ ਗੰਨਾ ਹੀ ਮਿੱਲ ਵਿਚ ਲੈ ਕੇ ਆਉਣ ਤਾਂ ਜੋ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

ਇਸ ਮੌਕੇ ਸਹਾਇਕ ਗੰਨਾ ਵਿਕਾਸ ਅਫ਼ਸਰ ਰੇਨੂੰ ਵਿਰਦੀ, ਮੁੱਖ ਗੰਨਾ ਵਿਕਾਸ ਅਫ਼ਸਰ ਪਵਿੱਤਰ ਸਿੰਘ ਬੱਲ, ਗੰਨਾ ਇੰਸਪੈਕਟਰ ਪ੍ਰਿਤਪਾਲ ਸਿੰਘ, ਖ਼ੇਤੀਬਾੜੀ ਵਿਕਾਸ ਅਫ਼ਸਰ ਮਿਸ ਗਗਨ ਕੌਰ, ਅਗਾਂਹਵਧੂ ਗੰਨਾ ਕਾਸ਼ਤਕਾਰ ਪਲਵਿੰਦਰ ਸਿੰਘ ਸਹਾਰੀ ਅਤੇ ਹੋਰ ਕਿਸਾਨ ਹਾਜ਼ਰ ਸਨ।

# 350ਵੇਂ ਸ਼ਹੀਦੀ ਦਿਹਾੜੇ ਦੇ ਸਬੰਧ 'ਚ ਕਰਵਾਈ ਵਿਚਾਰ ਗੋਸ਼ਟੀ



ਛੇਹਰਟਾ, ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-ਸਰਹੱਦੀ ਲੋਕ ਸੇਵਾ ਸਮਿਤੀ ਦੀ ਅੰਮ੍ਰਿਤਸਰ ਇਕਾਈ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੇ ਸਬੰਧ ਵਿਚ ਗੁਰੂ ਜੀ ਦੇ ਜੀਵਨ 'ਤੇ ਵਿਚਾਰ ਗੋਸ਼ਟੀ ਛੇਹਰਟਾ ਵਿਚ ਕਰਵਾਈ ਗਈ। ਇਸ ਮੌਕੇ ਸੰਬੋਧਨ ਕਰਦੇ ਹੋਏ ਸਰਹੱਦੀ ਲੋਕ ਸੇਵਾ ਸਮਿਤੀ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਐਡਵੋਕੇਟ ਸੁਮਿਤ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ 'ਤੇ ਸਾਰਾ ਦੇਸ਼ ਉਨ੍ਹਾਂ ਦੀ ਸ਼ਾਹਦਤ ਨੂੰ ਨਮਨ ਕਰ ਰਿਹਾ ਹੈ। ਸਾਰੇ ਦੇਸ਼ ਵਿਚ ਕਈ ਤਰ੍ਹਾਂ ਦੇ ਧਾਰਮਿਕ ਤੇ ਸਮਾਜਿਕ ਪ੍ਰੋਗਰਾਮ ਹੋ ਰਹੇ ਹਨ। ਐਡਵੋਕੇਟ ਸੁਮਿਤ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਤੇ ਸ਼ਹਾਦਤ ਨੇ ਸਾਰੀ ਦੁਨੀਆਂ ਦੇ ਲੋਕਾਂ ਨੂੰ ਆਪਣੇ ਧਰਮ ਵਿਚ ਪੱਕੇ ਰਹਿਣ ਦੀ ਪ੍ਰੇਰਣਾ ਦਿੱਤੀ। ਉਨ੍ਹਾਂ ਆਪਣੀ ਬਾਣੀ ਰਾਹੀਂ ਜਿੱਥੇ ਭਗਤੀ ਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦਿੱਤਾ, ਉਥੇ ਹੀ ਉਨ੍ਹਾਂ ਦੀ ਸ਼ਹੀਦੀ ਨੇ ਦੇਸ਼ ਦੇ ਲੋਕਾਂ ਦੇ ਦਿਲਾਂ ਵਿਚ ਜਬਰ, ਜ਼ੁਲਮ ਤੇ ਬੇਇਨਸਾਫ਼ੀ ਵਿਰੁੱਧ ਲੜਨ ਦਾ ਜਜ਼ਬਾ ਵੀ ਭਰਿਆ। ਸਮਿਤੀ ਦੇ ਸੂਬਾ ਜਨਰਲ ਸਕੱਤਰ ਭਾਨੂੰ ਪ੍ਰਸਾਦ ਤੇ ਆਡੀਟਰ ਜਗਮੋਹਨ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਵੱਲੋਂ ਧਰਮ ਦੀ ਰਾਖੀ ਲਈ ਦਿੱਤੀ ਗਈ ਅਦੁੱਤੀ ਤੇ ਲਾਸਾਨੀ ਸ਼ਹਾਦਤ ਨੂੰ ਰਹਿੰਦੀ ਦੁਨੀਆਂ ਤਕ ਯਾਦ ਰੱਖਿਆ ਜਾਵੇਗਾ। ਵਿਚਾਰ ਗੋਸ਼ਟੀ ਵਿਚ ਹਿੱਸਾ ਲੈਣ ਵਾਲਿਆਂ ਦਾ ਧੰਨਵਾਦ ਜ਼ਿਲ੍ਹਾ ਸਕੱਤਰ ਤੇ ਸਾਬਕਾ ਕੌਂਸਲਰ ਅਰਵਿੰਦ ਸ਼ਰਮਾ ਨੇ ਕੀਤਾ। ਇਸ ਮੌਕੇ ਜ਼ਿਲ੍ਹਾ ਸੇਵਾ ਪ੍ਰਮੁੱਖ ਰਾਜਿੰਦਰ ਸੇਠ, ਜ਼ਿਲ੍ਹਾ ਸਕੱਤਰ ਪਵਨ ਕੁਮਾਰ, ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸ਼ੰਮੀ ਸ਼ਰਮਾ, ਭਾਜਪਾ ਆਗੂ ਰਮਨ ਕੁਮਾਰ ਛੇਹਰਟਾ, ਅਸ਼ਵਨੀ ਬਾਵਾ ਤੇ ਅਮਿਤ ਰਾਏ, ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਆਗੂ ਤਰਸੇਮ ਸਿੰਘ ਚੰਗਿਆੜਾ ਤੇ ਰਣਧੀਰ ਸਿੰਘ ਗੋਰਾ ਰੰਧਾਵਾ, ਪੰਕਜ ਰਣਦੇਵ, ਮਨਜੀਤ ਸਿੰਘ ਆਦਿ ਮੌਜੂਦ ਸਨ।

# ਸੁਤੰਤਰਤਾ ਸੈਨਾਨੀ ਜਥੇ. ਕੇਸਰ ਸਿੰਘ ਯਾਦਗਾਰੀ ਸਭਾ ਨੇ ਲਾਇਆ 9ਵਾਂ ਮੁਫ਼ਤ ਨਿਊਰੋ ਥੈਰੇਪੀ ਕੈਂਪ



ਪਠਾਨਕੋਟ, (ਦਵਿੰਦਰ ਸਿੰਘ)-ਸਵਤੰਤਰਤਾ ਸੈਨਾਨੀ ਜਥੇਦਾਰ ਕੇਸਰ ਸਿੰਘ ਯਾਦਗਾਰੀ ਸਭਾ ਵੱਲੋਂ ਸਭਾ ਦੇ ਸੰਸਥਾਪਕ ਸਵਰਗਵਾਸੀ ਜਥੇਦਾਰ ਜਸਬੀਰ ਸਿੰਘ ਸੰਧੂ ਦੀ ਨੌਵੀਂ ਸਾਲਾਨਾ ਮਿੱਠੀ ਯਾਦ 'ਚ ਸਭਾ ਦੇ ਕਾਰਜਕਾਰੀ ਪ੍ਰਧਾਨ ਜਨਮਜੀਤ ਸਿੰਘ ਤੇ ਚੇਅਰਮੈਨ ਹਰਸਿਮਰਨਜੀਤ ਸਿੰਘ ਦੀ ਦੇਖ-ਰੇਖ ਹੇਠ ਸਥਾਨਕ ਢਾਂਗੂ ਰੋਡ ਸਥਿਤ ਨੱਥੂ ਨਗਰ ਵਿਖੇ ਮੁਫ਼ਤ ਨਿਊਰੋ ਥੈਰੇਪੀ ਤੇ ਸਪੀਚ ਥੈਰੇਪੀ ਕੈਂਪ ਲਗਾਇਆ ਗਿਆ ਜਿਸ 'ਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਨਗਰ ਸੁਧਾਰ ਟਰੱਸਟ ਪਠਾਨਕੋਟ ਦੇ ਚੇਅਰਮੈਨ ਵਿਭੂਤੀ ਸ਼ਰਮਾ, ਸਰਬੱਤ ਖ਼ਾਲਸਾ ਸੰਸਥਾ ਦੇ ਮੁੱਖ ਪ੍ਰਬੰਧਕ ਜਥੇਦਾਰ ਗੁਰਦੀਪ ਸਿੰਘ ਗੁਲ੍ਹਾਟੀ, ਗੁਰਦਵਾਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਦੇ ਪ੍ਰਧਾਨ ਸੁਰਿੰਦਰ ਸਿੰਘ ਕੰਵਰ ਮਿੰਟੂ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਕਨਵਰ ਮਿੰਟੂ ਮੁੱਖ ਮਹਿਮਾਨ ਅਤੇ ਪਠਾਨਕੋਟ ਵਪਾਰ ਮੰਡਲ ਦੇ ਪ੍ਰਧਾਨ ਮਨਿੰਦਰ ਸਿੰਘ ਲੱਕੀ, ਜ਼ਿਲ੍ਹਾ ਖੇਡ ਕੋਆਰਡੀਨੈਂਟਰ ਅਰੁਣ ਕੁਮਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਸਭਾ ਦੇ ਅਹੁਦੇਦਾਰਾਂ ਵੱਲੋਂ ਮਹਿਮਾਨਾਂ ਦਾ ਹਾਰ ਪਾ ਕੇ ਸਵਾਗਤ ਕੀਤਾ ਗਿਆ। ਉਪਰੰਤ ਮਹਿਮਾਨਾਂ ਨੇ ਰਿਬਨ ਕੱਟ ਕੇ ਅਤੇ ਸ਼ਮ੍ਹਾ ਰੌਸ਼ਨ ਕਰਕੇ ਕੈਂਪ ਦੀ ਸ਼ੁਰੂਆਤ ਕੀਤੀ।ਕੈਂਪ 'ਚ ਨਿਊਰੋ ਥੈਰੇਪੀ ਮਾਹਿਰ ਡਾ: ਜਰਨੈਲ ਸਿੰਘ ਤੇ ਉਨ੍ਹਾਂ ਦੀ ਟੀਮ ਵੱਲੋਂ 85 ਮਰੀਜ਼ਾਂ ਦਾ ਨਿਊਰੋ ਥੈਰੇਪੀ ਵਿਧੀ ਨਾਲ ਇਲਾਜ ਕੀਤਾ ਗਿਆ।ਮੁੱਖ ਮਹਿਮਾਨ ਵਿਭੂਤੀ ਸ਼ਰਮਾ, ਜਥੇਦਾਰ ਗੁਰਦੀਪ ਸਿੰਘ ਗੁਲ੍ਹਾਟੀ, ਮਨਪ੍ਰੀਤ ਸਿੰਘ ਸਾਹਨੀ ਅਤੇ ਸੁਰਿੰਦਰ ਸਿੰਘ ਕਨਵਰ ਮਿੰਟੂ ਨੇ ਸਭਾ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਸੁਤੰਤਰਤਾ ਸੈਨਾਨੀ ਜਥੇਦਾਰ ਕੇਸਰ ਸਿੰਘ ਅਤੇ ਜਥੇਦਾਰ ਜਸਬੀਰ ਸਿੰਘ ਸੰਧੂ ਨੇ ਆਪਣਾ ਸਾਰਾ ਜੀਵਨ ਸਮਾਜ ਸੇਵਾ ਵਿਚ ਲਗਾਇਆ ਤੇ ਅੱਜ ਸਭਾ ਦੇ ਮੈਂਬਰ ਉਨ੍ਹਾਂ ਵੱਲੋਂ ਦਰਸਾਏ ਮਾਰਗ ਤੇ ਚੱਲਦੇ ਹੋਏ ਲਗਾਤਾਰ ਸਮਾਜ ਸੇਵਾ ਲਈ ਕੰਮ ਕਰ ਰਹੇ ਹਨ। ਅੰਤ 'ਚ ਸਭਾ ਵੱਲੋਂ ਸਹਿਯੋਗੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਚੇਅਰਮੈਨ ਹਰਸਿਮਰਨਜੀਤ ਸਿੰਘ, ਪ੍ਰਧਾਨ ਜਨਮਜੀਤ ਸਿੰਘ, ਦੀਪਕ ਕੁਮਾਰ ਸੁਜਾਨਪੁਰ, ਮਨੀਸ਼ਾ ਬੱਗਾ, ਜ਼ਿਲ੍ਹਾ ਯੂਥ ਪ੍ਰਧਾਨ ਗੁਰਪ੍ਰੀਤ ਸਿੰਘ ਗੁਰੂ, ਬ੍ਰਿਜ ਰਾਜ, ਵਿਸ਼ਾਲ ਕੁਮਾਰ, ਵਿਕਾਸ ਕੁਮਾਰ, ਆਕਾਸ਼, ਪ੍ਰਿਯੰਕਾ ਦੇਵੀ, ਰਜਨੀ ਬਾਲਾ, ਕੌਸ਼ਲ ਭਗਤ, ਰਜਨੀ ਦੇਵੀ, ਰੀਆ, ਅੰਜਲੀ ਸੈਣੀ, ਪਲਕ, ਜਾਨਵੀ, ਸ਼ੇਖਰ, ਕੋਮਲ ਆਦਿ ਹਾਜ਼ਰ ਸਨ।

8-Dec-PAGE-12.qxd 12/7/2025 10:10 PM Page 1



**ਜਨਮ ਦਿਨ ਮੁਬਾਰਕ**



ਜਪਨਾਜ਼ ਕੌਰ, ਬਿਆਸ

**ਸ਼ਹਿਨਾਈਆਂ**



ਨਵਜੋਤ ਕੌਰ ਪਿੰਡ ਦੌਲੇਵਾਲ ਦਾ ਵਿਆਹ ਰਮਨਦੀਪ ਸਿੰਘ ਵਾਸੀ ਪਿੰਡ ਉਭਰਾ ਦਸੂਹਾ, ਹੁਸ਼ਿਆਰਪੁਰ ਨਾਲ ਹੋਇਆ।

# ਆਦਿਵਾਸੀਆਂ ਤੇ ਮਾਓਵਾਦੀਆਂ ਦੇ ਕਤਲੇਆਮ ਵਿਰੁੱਧ ਜਮਹੂਰੀ ਫਰੰਟ ਵੱਲੋਂ ਕਨਵੈਨਸ਼ਨ ਤੇ ਮੁਜ਼ਾਹਰਾ



**ਜਲੰਧਰ, (ਨ ਜ ਸ)**
ਇੱਥੇ ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਵੱਲੋਂ ਆਦਿਵਾਸੀਆਂ ਤੇ ਮਾਓਵਾਦੀ ਇਨਕਲਾਬੀਆਂ ਦੇ ਕਤਲੇਆਮ ਵਿਰੁੱਧ ਅਤੇ ਜੇਲ੍ਹਾਂ ਵਿਚ ਡੱਕੇ ਬੁੱਧੀਜੀਵੀਆਂ, ਜਮਹੂਰੀ ਕਾਰਕੁਨਾਂ ਅਤੇ ਸਜ਼ਾ ਪੂਰੀ ਕਰ ਚੁੱਕੇ ਕੈਦੀਆਂ ਦੀ ਰਿਹਾਈ ਲਈ ਰੋਹ ਭਰਪੂਰ ਮੁਜ਼ਾਹਰਾ ਕੀਤਾ ਗਿਆ। ਇਸ ਤੋਂ ਪਹਿਲਾਂ ਦੇਸ਼ਭਗਤ ਯਾਦਗਾਰ ਹਾਲ ਵਿਖੇ ਫਰੰਟ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋ. ਏ ਕੇ ਮਲੇਰੀ, ਯਸ਼ਪਾਲ ਅਤੇ ਬੂਟਾ ਸਿੰਘ ਮਹਿਮੂਦਪੁਰ ਦੀ ਪ੍ਰਧਾਨਗੀ ਹੇਠ ਕੌਮਾਂਤਰੀ ਮਨੁੱਖੀ ਅਧਿਕਾਰ ਦਿਵਸ ਨੂੰ ਸਮਰਪਿਤ ਸੂਬਾਈ ਕਨਵੈਨਸ਼ਨ ਕੀਤੀ ਗਈ। ਜਿਸ ਵਿਚ ਪੰਜਾਬ ਭਰ ਤੋਂ ਕਿਸਾਨ, ਮਜ਼ਦੂਰ, ਨੌਜਵਾਨ, ਵਿਦਿਆਰਥੀ, ਔਰਤਾਂ, ਤਰਕਸ਼ੀਲ, ਜਮਹੂਰੀ ਹੱਕਾਂ ਦੇ ਝੰਡਾਬਰਦਾਰ, ਲੋਕ ਪੱਖੀ ਲੇਖਕ, ਸਾਹਿਤਕਾਰ, ਕਲਾਕਾਰ-ਰੰਗਕਰਮੀ ਪਹੁੰਚੇ। ਇਸ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਨਾਮਵਰ ਕਾਰਕੁਨ ਨਦੀਮ ਖ਼ਾਨ, ਉੱਘੇ ਪੱਤਰਕਾਰ ਪ੍ਰਸ਼ਾਂਤ ਰਾਹੀ , ਕਾਰਕੁਨ ਆਸਿਫ਼ ਇਕਬਾਲ ਤਨਹਾ ਅਤੇ ਜਾਣੀ ਪਹਿਚਾਣੀ ਜਮਹੂਰੀ ਸ਼ਖ਼ਸੀਅਤ ਤੇ ਉੱਘੇ ਨਾਟਕਕਾਰ ਗੁਰਸ਼ਰਨ ਭਾਅ ਦੀ ਧੀ ਡਾ. ਨਵਸ਼ਰਨ ਨੇ ਕਿਹਾ ਕਿ ਭਾਰਤੀ ਰਾਜ ਵੱਲੋਂ ਕਰੂਰ ਕਤਲੇਆਮ, ਜੇਲ੍ਹਬੰਦੀ ਅਤੇ ਝੂਠੇ ਕੇਸਾਂ ਰਾਹੀਂ ਜਮਹੂਰੀ ਤੇ ਮਨੁੱਖੀ ਹੱਕਾਂ ਦਾ ਘਾਣ ਕੀਤਾ ਜਾ ਰਿਹਾ ਹੈ। ਕੇਂਦਰੀ ਗ੍ਰਹਿ ਮੰਤਰੀ ਵੱਲੋਂ 'ਆਤਮ ਸਮਰਪਣ ਕਰਨ ਜਾਂ ਮਰਨ ਲਈ ਤਿਆਰ ਰਹਿਣ' ਦੇ ਬਾਰ-ਬਾਰ ਐਲਾਨ ਗੰਭੀਰ ਚਿੰਤਾ ਦਾ ਵਿਸ਼ਾ ਹਨ। ਭਾਰਤੀ ਹੁਕਮਰਾਨਾਂ ਵੱਲੋਂ ਬਸਤਰ ਅਤੇ ਹੋਰ ਆਦਿਵਾਸੀ ਖੇਤਰਾਂ ਵਿਚ ਵਿਆਪਕ ਨੀਮ-ਫ਼ੌਜੀ ਅਪਰੇਸ਼ਨਾਂ ਦਾ ਇੱਕੋਇਕ ਮਨੋਰਥ ਦੇਸ਼ ਦੇ ਜਲ-ਜੰਗਲ-ਜ਼ਮੀਨਾਂ ਤੇ ਖਣਿਜ ਭੰਡਾਰ ਵਿਦੇਸ਼ੀ ਤੇ ਦੇਸੀ ਇਜਾਰੇਦਾਰ ਸਰਮਾਏਦਾਰਾਂ ਨੂੰ ਲੁਟਾਉਣਾ ਹੈ। ਸਾਰੇ ਜਮਹੂਰੀ ਤੇ ਮਨੁੱਖੀ ਤਕਾਜ਼ਿਆਂ ਨੂੰ ਤਿਆਗਕੇ ਡਰੋਨਾਂ, ਹੈਲੀਕਾਪਟਰਾਂ ਦੀ ਮਦਦ ਨਾਲ ਬੇਰਹਿਮ ਕਤਲੇਆਮ ਕਰਕੇ ਮੋਦੀ ਸਰਕਾਰ ਇਹ ਜੰਗਲ-ਪਹਾੜ ਅਜਾਰੇਦਾਰ ਸਰਮਾਏਦਾਰਾਂ ਦੇ ਧਾੜਵੀ ਖਣਨ ਪ੍ਰੋਜੈਕਟਾਂ ਦੇ ਹਵਾਲੇ ਕਰਨ ਲਈ ਬਜ਼ਿੱਦ ਹੈ। ਵੱਡੇ ਕਾਰਪੋਰੇਟਾਂ ਦੀ ਲਾਲਚੀ ਅੱਖ ਪੂਰੇ ਦੇਸ਼ ਦੇ ਖੇਤੀ ਅਤੇ ਖਣਿਜ ਭੰਡਾਰਾਂ ਉੱਪਰ ਹੈ ਅਤੇ ਜੇਕਰ ਭਾਰਤ ਦੇ ਮਿਹਨਤਕਸ਼ ਲੋਕ ਜਾਗਰੂਕ ਹੋ ਕੇ ਇਸ ਹਮਲੇ ਨੂੰ ਠੱਲ ਨਹੀਂ ਪਾਉਂਦੇ ਤਾਂ ਦੇਰ-ਸਵੇਰ ਪੂਰੇ ਭਾਰਤ ਦੇ ਲੋਕ ਇਸ ਖ਼ੂਨੀ ਹਮਲੇ ਦਾ ਨਿਸ਼ਾਨਾ ਬਣਨਗੇ। ਆਦਿਵਾਸੀ ਖੇਤਰਾਂ ਵਿਚ ਫਾਸ਼ੀ ਕਹਿਰ ਢਾਹੁਣ ਦੇ ਇਸ ਸਿਲਸਿਲੇ ਨੇ ਕਾਰਪੋਰੇਟ ਜਗਤ ਦੀ ਸੇਵਾ ਲਈ ਪੰਜਾਬ ਵਰਗੇ ਖੇਤਰਾਂ ਵਿਚ ਵੀ ਲੋਕ ਸੰਘਰਸ਼ਾਂ ਨੂੰ ਇਸੇ ਤਰ੍ਹਾਂ ਦਬਾਉਣਾ ਹੈ। ਮੁੱਖ ਵਕਤਾਵਾਂ ਨੂੰ ਪੁਸਤਕਾਂ ਅਤੇ ਗ਼ਦਰੀ ਗੁਲਾਬ ਕੌਰ ਦਾ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਫਰੰਟ ਦੀ ਸੂਬਾ ਕਮੇਟੀ ਦੇ ਨਾਲ ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਪ੍ਰੋਫੈਸਰ ਜਗਮੋਹਣ ਸਿੰਘ ਅਤੇ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਜਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ ਮੰਚ 'ਤੇ ਸੁਸ਼ੋਭਿਤ ਸਨ। ਇਨਕਲਾਬੀ ਗਾਇਕਾਂ ਗੁਰਮੀਤ ਜੱਜ, ਧਰਮਿੰਦਰ ਮਸਾਣੀ ਵੱਲੋਂ ਗੀਤ ਪੇਸ਼ ਕੀਤੇ ਗਏ। ਚਾਹ-ਪਾਣੀ ਦੇ ਲੰਗਰ ਦਾ ਪ੍ਰਬੰਧ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਕੀਤਾ ਗਿਆ।

# ਡਾ. ਅੰਬੇਡਕਰ ਦੇ ਉਪਕਾਰਾਂ ਨੂੰ ਕਦੀ ਭੁਲਾਇਆ ਨਹੀਂ ਜਾ ਸਕਦਾ : ਸੰਤ ਨਿਰਮਲ ਦਾਸ ਬਾਬੇਜੌੜੇ, ਸੰਤ ਸਤਵਿੰਦਰ ਹੀਰਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਡਾ. ਭੀਮ ਰਾਓ ਅੰਬੇਡਕਰ ਦਾ ਪ੍ਰੀਨਿਰਵਾਣ ਦਿਵਸ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਅਤੇ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਦੀ ਅਗਵਾਈ ਹੇਠ ਨਿਰਵਾਣ ਦਿਵਸ ਸੰਗਤਾਂ ਵਲੋਂ ਬਹੁਤ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਮੌਕੇ ਬਾਬਾ ਸਾਹਿਬ ਨੂੰ ਸ਼ਰਧਾਂਜਲੀਆਂ ਭੇਟ ਕਰਦਿਆਂ ਵੱਖ ਵੱਖ ਬੁਲਾਰਿਆਂ ਵੱਲੋਂ ਉਨ੍ਹਾਂ ਵੱਲੋਂ ਕੀਤੇ ਮਹਾਨ ਇਤਿਹਾਸਕ ਫੈਸਲਿਆਂ ਦੀ ਸ਼ਲਾਘਾ ਕੀਤੀ।ਇਸ ਮੌਕੇ ਸੰਤ ਨਿਰਮਲ ਦਾਸ ਬਾਬੇਜੌੜੇ ਅਤੇ ਸੰਤ ਸਤਵਿੰਦਰ ਹੀਰਾ ਨੇ ਬਾਬਾ ਸਾਹਿਬ ਡਾ. ਅੰਬੇਡਕਰ ਨੂੰ ਨਮਨ ਕਰਦਿਆਂ ਕਿਹਾ ਕਿ ਬਾਬਾ ਸਾਹਿਬ ਵੱਲੋਂ ਕੀਤੀਆਂ ਕੁਰਬਾਨੀਆਂ ਦਾ ਮੁੱਲ ਬਹੁਜਨ ਸਮਾਜ ਅਤੇ ਭਾਰਤ ਵਾਸੀ ਕਈ ਜਨਮਾਂ ਤੱਕ ਨਹੀਂ ਮੋੜ ਸਕਦੇ। ਪੜਾਈ, ਨੌਕਰੀ, ਜ਼ਮੀਨ ਖ੍ਰੀਦਣ , ਸੁੰਦਰ ਵੱਡੇ ਵੱਡੇ ਮਹਿਲਨੁਮਾ ਘਰ ਬਣਾਉਣ ਤੋਂ ਇਲਾਵਾ ਰਾਜ ਭਾਗ ਪ੍ਰਾਪਤੀ ਅਤੇ ਰਾਜ ਭਾਗ ਦੀ ਤਬਦੀਲੀ ਲਈ ਦਿੱਤੇ ਵੋਟ ਦੇ ਅਧਿਕਾਰ ਨਾਲ ਕਰੋੜਾਂ ਅਨੁਸੂਚਿਤ ਜਾਤੀ,ਪਛੜਿਆਂ ਦੀਆਂ ਤਕਦੀਰਾਂ ਚਮਕ ਗਈਆਂ।ਇਸ ਮੌਕੇ ਸੰਤ ਸੋਡੋ ਕੁਮਾਰੀ ਕੌਮੀ ਨੇ ਕਿਹਾ ਬਾਬਾ ਸਾਹਿਬ ਨੇ ਔਰਤ ਨੂੰ



ਬਰਾਬਰ ਦਾ ਦਰਜਾ ਦੇ ਕੇ ਦੇਸ਼ ਦੇ ਵੱਡੇ ਵੱਡੇ ਸਮਾਜਨਾਇਕ ਮਹੁਦਿਆਂ ਤੇ ਬਿਰਾਜਮਾਨ ਕੀਤਾ। ਉਨਾਂ ਕਿਹਾ ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਅਤੇ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਬਾਬਾ ਸਾਹਿਬ ਡਾ.ਅੰਬੇਡਕਰ ਦੀਆਂ ਯਾਦਗਾਰਾਂ ਸਥਾਪਤ ਕੀਤੀਆਂ ਜਾਣਗੀਆਂ। ਇਸ ਮੌਕੇ ਸੰਤ ਚਰਨ ਦਾਸ ਮਾਂਗਟ, ਸੰਤ ਅਮਰਜੀਤ, ਸੰਤ ਬੀਬੀ ਪੂਨਮ ਹੀਰਾ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਚੋਰੀ ਦੀਆਂ ਵਾਰਦਾਤਾਂ ਕਰਨ ਵਾਲੇ ਕਥਿਤ ਦੋਸ਼ੀ ਕਾਬੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**
ਸੰਦੀਪ ਮਲਿਕ ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਵੱਲੋਂ ਦਿੱਤੇ ਦਿਸ਼ਾ ਨਿਰਦੇਸ਼ਾ ਅਤੇ ਪਰਮਿੰਦਰ ਸਿੰਘ ਪੁਲਿਸ ਕਪਤਾਨ ਤਫਤੀਸ਼ ਦੀ ਰਹਿਨੁਮਾਈ ਹੇਠ ਚੋਰੀ ਦੀਆਂ ਵਾਰਦਾਤਾਂ ਕਰਨ



ਵਾਲੇ ਵਿਅਕਤੀਆਂ ਦੇ ਖਿਲਾਫ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸ ਮੁਹਿੰਮ ਤਹਿਤ ਪਲਵਿੰਦਰ ਸਿੰਘ ਉਪ ਪੁਲਿਸ ਕਪਤਾਨ ਚੱਬੇਵਾਲ ਦੇ ਦਿਸ਼ਾ ਨਿਰਦੇਸ਼ਾ ਤੇ ਇੰਸਪੈਕਟਰ ਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਮੇਹਟੀਆਣਾ ਵੱਲੋਂ ਉੱਚ ਅਫਸਰਾਂ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ 2/3 ਦਸੰਬਰ ਦਰਮਿਆਨੀ ਰਾਤ ਨੂੰ ਕੁੱਝ ਨਾ-ਮਾਲੂਮ ਵਿਅਕਤੀਆਂ ਵੱਲੋ ਗੁਰੂਦੁਆਰਾ ਸ੍ਰੀ ਗੁਰ ਸ਼ਬਦ ਪ੍ਰਕਾਸ਼ ਪਿੰਡ ਅਜੜਾਮ ਵਿੱਚੋ ਗੋਲਕ ਚੁੱਕ ਕੇ ਲੈ ਜਾਣ ਵਾਲੇ ਚੋਰਾਂ ਨੂੰ ਗ੍ਰਿਫਤਾਰ ਕੀਤਾ ਗਿਆ। ਉਹਨਾਂ ਦੱਸਿਆ ਕਿ ਉਕਤ ਚੋਰੀ ਦੀ ਵਾਰਦਾਤ ਗੁਰਦੁਆਰਾ ਸਾਹਿਬ ਵਿੱਚ ਲੱਗੇ ਸੀ.ਸੀ.ਟੀ.ਵੀ ਕੈਮਰਿਆਂ ਦੀ ਫੁਟੇਜ ਪਿੰਡ ਅਜੜਾਮ ਦੇ ਵਾਸੀਆਂ ਅਤੇ ਏ.ਐਸ.ਆਈ ਗੁਲਸ਼ਨ ਕੁਮਾਰ ਸਮੇਤ ਸਾਥੀ ਕਰਮਚਾਰੀਆਂ ਵੱਲੋਂ ਚੈੱਕ ਕਰਕੇ ਜਸਪ੍ਰੀਤ ਸਿੰਘ ਉਰਫ ਜੱਸਾ ਪੁੱਤਰ ਹਰਮੇਸ਼ ਸਿੰਘ, ਲਖਵੀਰ ਸਿੰਘ ਉਰਫ ਨੋਨੀ ਪੁੱਤਰ ਹਰਭਜਨ ਸਿੰਘ ਅਤੇ ਜਸਮੀਤ ਸਿੰਘ ਉਰਫ ਜੱਸੀ ਪੁੱਤਰ ਸੁਖਜੀਤ ਸਿੰਘ ਨੂੰ ਕਾਬੂ ਕੀਤਾ ਗਿਆ। ਉਹਨਾਂ ਦੱਸਿਆ ਕਿ ਫੜੇ ਗਏ ਉਕਤ ਵਿਅਕਤੀਆ ਨੇ ਪੁੱਛਗਿੱਛ ਦੌਰਾਨ ਉਕਤ ਵਾਰਦਾਤ ਕਬੂਲ ਕੀਤੀ। ਉਹਨਾਂ ਦੱਸਿਆ ਕਿ ਤਿੰਨੇ ਕਥਿਤ ਦੋਸ਼ੀਆਨ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ 1 ਦਿਨ ਦਾ ਪੁਲਿਸ ਰਿਮਾਂਡ ਹਾਸਿਲ ਕੀਤਾ ਗਿਆ ਅਤੇ ਤਿੰਨੇ ਕਥਿਤ ਦੋਸ਼ੀਆਂ ਦੇ ਇਕਸ਼ਾਫ ਤੇ ਉਹਨਾਂ ਦੀ ਨਿਸ਼ਾਨਦੇਹੀ ਤੇ ਵਾਰਦਾਤ ਵਿੱਚ ਵਰਤਿਆ ਦਾਤਰ, ਰਾਡ ਲੋਹਾ ਅਤੇ ਚੋਰੀ ਸ਼ੁਦਾ ਰੁਪਏ ਬਰਾਮਦ ਕੀਤੇ ਗਏ ਹਨ ।

# ਸਫ਼ਲਤਾ ਦੀਆਂ ਨਵੀਆਂ ਉਚਾਈਆਂ ਛੂਹ ਰਿਹੈ ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ

## 50 ਕੈਡਿਟ ਐੱਨ ਡੀ ਏ 'ਚ ਹਾਸਲ ਕਰ ਰਹੇ ਹਨ ਸਿਖਲਾਈ



**ਚੰਡੀਗੜ੍ਹ, (ਗੁਰਜੀਤ ਬਿੱਲਾ)**
ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਐੱਸ ਏ ਐੱਸ ਨਗਰ (ਮੋਹਾਲੀ) ਨੇ ਇੱਕ ਨਵਾਂ ਮੀਲ ਪੱਥਰ ਸਥਾਪਤ ਕੀਤਾ ਹੈ ਕਿਉਂਕਿ ਇਸ ਸੰਸਥਾ ਦੇ 50 ਕੈਡਿਟ ਮੌਜੂਦਾ ਸਮੇਂ ਨੈਸ਼ਨਲ ਡਿਫੈਂਸ ਅਕੈਡਮੀ (ਐਨਡੀਏ) ਵਿੱਚ ਸਿਖਲਾਈ ਅਧੀਨ ਹਨ। ਦੱਸਣਯੋਗ ਹੈ ਕਿ ਇਸ ਸੰਸਥਾ ਦੇ ਪਹਿਲੀ ਵਾਰ ਐਨੀ ਵੱਡੀ ਗਿਣਤੀ ਵਿੱਚ ਕੈਡਿਟ ਐਨਡੀਏ ਵਿੱਚ ਸਿਖਲਾਈ ਲੈ ਰਹੇ ਹਨ। ਇਸ ਤੋਂ ਇਲਾਵਾ ਇਸ ਸੰਸਥਾ ਦੇ ਤਿੰਨ ਸਾਬਕਾ ਕੈਡਿਟ ਐੱਨ ਡੀ ਏ ਵਿਖੇ ਇੰਸਟ੍ਰਕਟਰ ਵਜੋਂ ਸੇਵਾਵਾਂ ਨਿਭਾਅ ਰਹੇ ਹਨ, ਜੋ ਹਥਿਆਰਬੰਦ ਬਲਾਂ ਲਈ ਅਗਲੀ ਪੀੜ੍ਹੀ ਤਿਆਰ ਕਰ ਰਹੇ ਹਨ।

ਐੱਨ.ਡੀ.ਏ. ਵਿਖੇ ਸਿਖਲਾਈ ਲੈ ਰਹੇ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ ਕੈਡਿਟਾਂ ਦੀ ਗਿਣਤੀ ਵੱਕਾਰੀ ਰਾਸ਼ਟਰੀ ਇੰਡੀਅਨ ਮਿਲਟਰੀ ਕਾਲਜ (ਆਰਆਈਐਮਸੀ) ਦੇ ਚੁਣੇ ਗਏ ਕੈਡਿਟਾਂ ਤੋਂ ਬਹੁਤ ਥੋੜ੍ਹੇ ਫ਼ਰਕ ਨਾਲ ਦੂਜੇ ਨੰਬਰ ਉੱਤੇ ਰਹੀ ਹੈ, ਜੋ ਸੰਸਥਾ ਲਈ ਇੱਕ ਸ਼ਾਨਦਾਰ ਪ੍ਰਾਪਤੀ ਹੈ।ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਇੱਕ ਵਾਰ ਫਿਰ ਤੋਂ ਸੂਬੇ ਦਾ ਮਾਣ ਵਧਾਉਣ ਲਈ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ ਟ੍ਰੇਨਿੰਗ ਸਟਾਫ਼ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਇਸੇ ਜਜ਼ਬੇ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਰਹਿਣ ਲਈ ਪ੍ਰੇਰਿਤ ਕੀਤਾ।ਸੰਸਥਾ ਦੇ ਸ਼ਾਨਦਾਰ ਟਰੈਕ ਰਿਕਾਰਡ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਇਸ ਵੱਕਾਰੀ ਇੰਸਟੀਚਿਊਟ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਕੁੱਲ 278 ਕੈਡਿਟ ਸਰਵਿਸ ਟ੍ਰੇਨਿੰਗ ਅਕੈਡਮੀਆਂ ਲਈ ਚੁਣੇ ਗਏ ਹਨ ਅਤੇ ਹੁਣ ਤੱਕ ਸੰਸਥਾ ਦੇ 181 ਕੈਡਿਟਾਂ ਨੇ ਰੱਖਿਆ ਸੇਵਾਵਾਂ ਵਿੱਚ ਕਮਿਸ਼ਨ ਹਾਸਲ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸੰਸਥਾ ਦੇ ਸੱਤ ਕੈਡਿਟ 13 ਦਸੰਬਰ, 2025 ਨੂੰ ਇੰਡੀਅਨ ਮਿਲਟਰੀ ਅਕੈਡਮੀ (ਆਈ ਐੱਮ ਏ) ਅਤੇ ਏਅਰ ਫੋਰਸ ਅਕੈਡਮੀ (ਏ ਐੱਫ ਏ) ਤੋਂ ਪਾਸ ਆਊਟ ਹੋਣਗੇ ਅਤੇ ਇਸ ਦੇ ਨਾਲ ਹੀ ਇਸ ਮਹੀਨੇ 15 ਕੈਡਿਟ ਐੱਨ ਡੀ ਏ ਅਤੇ ਹੋਰ ਸਿਖਲਾਈ ਅਕੈਡਮੀਆਂ ਵਿੱਚ ਜੁਆਇਨ ਕਰਨ ਲਈ ਤਿਆਰ ਹਨ।

# ਚੋਣਾਂ 'ਚ ਦੁਆਬਾ ਜਨਰਲ ਕੈਟਾਗਰੀ ਫਰੰਟ ਅਹਿਮ ਭੂਮਿਕਾ ਨਿਭਾਏਗਾ : ਫੁੱਗਲਾਣਾ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**-ਦੁਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਦੇ ਪ੍ਰਧਾਨ ਬਲਵੀਰ ਸਿੰਘ ਫੁੱਗਲਾਣਾ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਦੇ ਹੋਏ ਦੱਸਿਆ ਕਿ ਇਸ ਵਾਰ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਵਿੱਚ ਆਪਣੀ ਹਮਖਿਆਲੀ ਜਥੇਬੰਦੀ ਪੁਨਰ ਸਰਜੀਤ ਸ਼੍ਰੋਮਣੀ ਅਕਾਲੀ ਦਲ ਨਾਲ ਮਿਲ ਕੇ ਇਹਨਾਂ ਚੋਣਾਂ ਵਿੱਚ ਆਪਣੀ ਅਹਿਮ ਭੂਮਿਕਾ ਨਿਭਾਏਗਾ ਅਤੇ ਚੰਗੇ ਅਤੇ ਸਾਫ ਸੁਥਰੇ ਅਕਸ ਵਾਲੇ ਉਮੀਦਵਾਰਾਂ ਦੀ ਡੱਟ ਕੇ ਹਮਾਇਤ ਕਰੇਗਾ। ਹਰ ਪਿੰਡ ਹਰ ਕਸਬੇ ਵਿੱਚ ਆਪਣੀ ਭਾਈਚਾਰਕ ਸਾਂਝ ਨੂੰ ਬਣਾਏ ਰੱਖਣ ਅਤੇ ਬਿਨਾਂ ਕਿਸੇ ਲਾਲਚ ਲੋਭ ਅਤੇ ਸਰਕਾਰ ਦੇ ਲਾਰਿਆਂ ਤੋਂ ਬਚਣ ਲਈ



ਪ੍ਰੇਰਿਆ ਜਾਵੇਗਾ ਅਤੇ ਹਰ ਉਸ ਸਾਫ ਸੁਥਰੇ ਅਕਸ ਵਾਲੇ ਲੋਕਾਂ ਵਿੱਚ ਵਿਚਰਨ ਵਾਲੇ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਉਹਨਾਂ ਉਮੀਦਵਾਰਾਂ ਦੀ ਡੱਟ ਕੇ ਹਮਾਇਤ ਕੀਤੀ ਜਾਵੇਗੀ। ਜਨਰਲ ਕੈਟਾਗਰੀ ਫਰੰਟ ਪੰਜਾਬ ਜਿੱਥੇ ਸਰਕਾਰ ਦੇ ਚੰਗੇ ਅਤੇ ਉਸਾਰੂ ਕੰਮਾਂ ਦੀ ਸ਼ਲਾਘਾ ਕਰਦਾ ਹੈ ਉੱਥੇ ਸਰਕਾਰ ਦੀਆਂ ਲਾਰੇ ਲੱਪੇ ਅਤੇ ਪੰਜਾਬ ਵਿਰੋਧੀ ਫੈਸਲਿਆਂ ਦੀ ਨਿਖੇਧੀ ਵੀ ਕਰਦਾ ਹੈ। ਇਸ ਮੌਕੇ ਬਲਬੀਰ ਸਿੰਘ ਫੁੱਗਲਾਣਾ ਤੋਂ ਇਲਾਵਾ ਜਗਤਾਰ ਸਿੰਘ ਭੁੰਗਰਨੀ, ਜਸਵਿੰਦਰ ਸਿੰਘ ਸੰਘਾ, ਗੁਰਦਿਆਲ ਸਿੰਘ ਜਲਵੇੜਾ, ਵਰਿੰਦਰ ਸਿੰਘ ਭਿੰਡਾਰ, ਮਾਸਟਰ ਮਲਕੀਤ ਸਿੰਘ ਪੰਡੋਰੀ ਕੱਦ, ਅਜੀਤ ਸਿੰਘ ਖਨੌੜਾ ਤੇ ਜਗਦੇਵ ਸਿੰਘ ਕੂਕੋਵਾਲ ਸ਼ਾਮਲ ਸਨ।

# ਇੱਕ ਹਜ਼ਾਰ ਤੋਂ ਵੱਧ ਕੁੱਤਿਆਂ ਦੀ ਨਸਬੰਦੀ

## ਵਾਰਡ ਨੰ. 10 ਤੇ 11 'ਚ ਸਟਰਲਾਈਜ਼ੇਸ਼ਨ ਪ੍ਰਾਜੈਕਟ ਹੋਇਆ ਮੁਕੰਮਲ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਨਗਰ ਨਿਗਮ ਵੱਲੋਂ ਪਿਛਲੇ ਕੁਝ ਮਹੀਨਿਆਂ ਵਿੱਚ ਐਨੀਮਲ ਬਰਥ ਕੰਟਰੋਲ (ਏ.ਬੀ.ਸੀ.) ਪ੍ਰੋਗਰਾਮ ਤਹਿਤ ਵਾਰਡ 10 ਅਤੇ 11 ਵਿੱਚ ਆਵਾਰਾ ਕੁੱਤਿਆਂ ਦੀ ਸਟਰਲਾਈਜ਼ੇਸ਼ਨ ਸਫ਼ਲਤਾਪੂਰਵਕ ਪੂਰੀ ਕਰ ਲਈ ਗਈ ਹੈ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸੁਸਾਇਟੀ ਫਾਰ ਪ੍ਰੀਵੈਂਸ਼ਨ ਆਫ਼ ਕਰੂਐਲਟੀ ਟੂ ਐਨੀਮਲਜ਼ (ਐਸ.ਪੀ.ਸੀ.ਏ.) ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਾਨਵਰਾਂ ਅਤੇ ਨਾਗਰਿਕਾਂ ਦੋਵਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਦੀ ਵਚਨਬੱਧਤਾ ਦੁਹਰਾਈ।ਡਾ. ਅਗਰਵਾਲ ਨੇ ਦੱਸਿਆ ਕਿ ਦੋਵਾਂ ਵਾਰਡਾਂ ਵਿੱਚ ਕੁੱਲ 1,017 ਆਵਾਰਾ ਕੁੱਤੇ ਸਟਰਲਾਈਜ਼ ਕੀਤੇ ਗਏ ਹਨ। ਇਹ ਮੁਹਿੰਮ ਹੁਣ ਵਾਰਡ 8 ਅਤੇ 9 ਵਿੱਚ ਸ਼ੁਰੂ ਕੀਤੀ ਗਈ ਹੈ ਅਤੇ ਪ੍ਰਸ਼ਾਸਨ ਦਾ ਉਦੇਸ਼ ਆਵਾਰਾ ਕੁੱਤਿਆਂ ਦੀ ਆਬਾਦੀ ਦਾ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਨ ਕਰਨ ਲਈ ਇਸ ਪ੍ਰੋਗਰਾਮ ਨੂੰ ਸ਼ਹਿਰ ਦੇ ਹਰੇਕ ਵਾਰਡ ਵਿੱਚ ਲਾਗੂ ਕਰਨਾ ਹੈ।ਇਸ ਦੇ ਨਾਲ ਹੀ, ਡਿਪਟੀ ਕਮਿਸ਼ਨਰ ਨੇ ਸ਼ਹਿਰ ਦੀਆਂ ਸੜਕਾਂ ਤੋਂ ਬੇਸਹਾਰਾ ਪਸ਼ੂਆਂ ਨੂੰ ਗਊਸ਼ਾਲਾਵਾਂ ਵਿੱਚ ਤਬਦੀਲ ਕਰਨ ਲਈ ਕੀਤੇ ਜਾ ਰਹੇ ਯਤਨਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਪਿਛਲੇ ਦੋ ਮਹੀਨਿਆਂ ਵਿੱਚ 70 ਤੋਂ ਵੱਧ ਬੇਸਹਾਰਾ ਪਸ਼ੂ ਗਊਸ਼ਾਲਾਵਾਂ ਵਿੱਚ ਭੇਜੇ ਗਏ ਹਨ, ਜਿਸ ਨਾਲ ਯਾਤਰੀਆਂ ਅਤੇ ਪਸ਼ੂਆਂ ਦੋਵਾਂ ਦੀ ਸੁਰੱਖਿਆ ਯਕੀਨੀ ਬਣੀ ਹੈ, ਖਾਸ ਕਰ ਨੇੜੇ ਆ ਰਹੇ ਧੁੰਦ ਦੇ ਮੌਸਮ ਦੌਰਾਨ। ਉਨ੍ਹਾਂ ਹੋਰ ਪਸ਼ੂਆਂ ਦੇ ਰੱਖ-ਰਖਾਅ ਲਈ ਨਗਰ ਨਿਗਮ ਅਧਿਕਾਰੀਆਂ ਨੂੰ ਕਰਤਾਰਪੁਰ ਗਊਸ਼ਾਲਾ ਵਿਖੇ ਪੈਂਡਿੰਗ ਕੰਮਾਂ ਅਤੇ ਕੰਨੀਆਂ ਕਲਾਂ ਗਊਸ਼ਾਲਾ ਦੇ ਵਿਸਥਾਰ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ।

# 'ਮਨੂੰਵਾਦ ਭਜਾਓ ਬੇਗਮਪੁਰਾ ਵਸਾਓ' ਮੁਹਿੰਮ ਤਹਿਤ ਤਹਿਸੀਲ ਪੱਧਰੀ ਕਾਨਫਰੰਸ 23 ਨੂੰ



**ਬੰਗਾ (ਅਵਤਾਰ ਕਲੇਰ)**
ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਸੂਬੇ ਵਿੱਚ ਚਲਾਈ ਜਾ ਰਹੀ 'ਮਨੂੰਵਾਦ ਭਜਾਓ ਬੇਗਮਪੁਰਾ ਵਸਾਓ' ਮੁਹਿੰਮ ਤਹਿਤ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ/ਕਾਨਫਰੰਸਾਂ ਕਰਨ ਲਈ ਤਹਿਸੀਲ ਕਮੇਟੀ ਬੰਗਾ ਦੀ ਮੀਟਿੰਗ ਸੋਢੀ ਰਾਮ ਸਾਬਕਾ ਸਰਪੰਚ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਰਪਾਲ ਸਿੰਘ ਜਗਤਪੁਰ ਨੇ ਦੱਸਿਆ ਕਿ ਕੇਂਦਰ ਸਰਕਾਰ ਵਲੋਂ ਡਾ. ਭੀਮ ਰਾਓ ਅੰਬੇਡਕਰ ਦੇ ਨਿਰਮਤ ਸੰਵਿਧਾਨ ਨੂੰ ਖਤਮ ਕਰਨ ਅਤੇ ਮਨੂੰਵਾਦੀ ਵਿਵਸਥਾ ਕਾਇਮ ਕਰਨ ਦੀ ਲਗਾਤਾਰ ਸਾਜਿਸ਼ ਰਚੀ ਜਾ ਰਹੀ ਹੈ। ਜਿਸ ਨਾਲ ਲੋਕਤੰਤਰ ਅਤੇ ਭਾਈਚਾਰਕ ਏਕਤਾ ਲਈ ਵੱਡਾ ਖਤਰਾ ਖੜ੍ਹਾ ਕੀਤਾ ਜਾ ਰਿਹਾ ਹੈ। ਇਸ ਖਤਰੇ ਤੋਂ ਆਮ ਲੋਕਾਂ ਨੂੰ ਸੁਚੇਤ ਕਰਨ ਲਈ 'ਮਨੂੰਵਾਦ ਭਜਾਓ, ਬੇਗਮਪੁਰਾ ਵਸਾਓ' ਮੁਹਿੰਮ ਤਹਿਤ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਕਰਨ ਅਤੇ 23 ਦਸੰਬਰ ਨੂੰ ਜਗਤਪੁਰ ਵਿਖੇ ਕਾਨਫਰੰਸ ਕਰਨ ਦਾ ਫੈਸਲਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਕਾਰਪੋਰੇਟ ਪੱਖੀ ਚਾਰ ਕੋਡ ਲਾਗੂ ਕਰਨ ਅਤੇ ਬਿਜਲੀ ਬਿੱਲ 2025 ਰਾਹੀਂ ਆਮ ਲੋਕਾਂ ਦਾ ਗਲਾ ਘੁੱਟਣ ਅਤੇ ਕਾਰਪੋਰੇਟਾਂ ਨੂੰ ਖ਼ੁਸ਼ ਕਰਨ ਦੀਆਂ ਸਾਜਿਸ਼ਾਂ ਰਚ ਰਹੀ ਹੈ। ਇਸੇ ਤਰ੍ਹਾਂ ਚੰਡੀਗੜ੍ਹ ਨੂੰ ਕੇਂਦਰੀ ਸ਼ਾਸ਼ਤ ਪ੍ਰਦੇਸ਼ ਬਣਾਉਣ ਲਈ 131ਵੀਂ ਸੰਵਿਧਾਨਿਕ ਸੋਧ ਲਿਆਉਣ,ਪੰਜਾਬ ਯੂਨੀਵਰਸਿਟੀ ਅਤੇ ਪਾਣੀਆਂ 'ਤੇ ਪੰਜਾਬ ਦੇ ਹੱਕ ਤੋਂ ਮੁਨਕਰ ਹੋਇਆ ਜਾ ਰਿਹਾ ਹੈ।ਮੀਟਿੰਗ ਵਿੱਚ ਕੁਲਦੀਪ ਸਿੰਘ ਦੌੜਕਾ, ਹਰਪਾਲ ਸਿੰਘ ਜਗਤਪੁਰ, ਹਰੀ ਬਿਲਾਸ ਹੀਓ, ਮੋਹਣ ਸਿੰਘ ਪੂੰਨੀਆ, ਕੁਲਦੀਪ ਸਿੰਘ ਬੀਕਾ, ਕਰਨੈਲ ਚੰਦ ਆਦਿ ਹਾਜ਼ਰ ਸਨ।

# ਸੰਤ ਸੀਚੇਵਾਲ ਵੱਲੋਂ ਬਲਵੰਤ ਸਿੰਘ ਕਪੂਰ ਯਾਦਗਾਰੀ ਹਾਕੀ ਟੂਰਨਾਮੈਂਟ ਦਾ ਉਦਘਾਟਨ

**ਜਲੰਧਰ, (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)**-ਬਰਲਟਨ ਪਾਰਕ ਵਿੱਚ ਬਣੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ 19ਵੇਂ ਬਲਵੰਤ ਸਿੰਘ ਕਪੂਰ ਯਾਦਗਾਰੀ ਹਾਕੀ ਟੂਰਨਾਮੈਂਟ ਦਾ ਉਦਘਾਟਨ ਕੀਤਾ। ਸਟੇਡੀਅਮ ਵਿੱਚ ਦੋਵਾਂ ਟੀਮਾਂ ਵਿਚਕਾਰ ਮੁਕਾਬਲੇ ਦੀ ਸ਼ੁਰੂਆਤ ਸੰਤ ਸੀਚੇਵਾਲ ਨੇ ਬਾਲ ਨੂੰ ਹਿੱਟ ਮਾਰ ਕੇ ਕੀਤੀ। ਉਨ੍ਹਾਂ ਬਤੌਰ ਮੁੱਖ ਮਹਿਮਾਨ ਆਪਣੇ ਵਿਚਾਰਾਂ ਦੀ ਸਾਂਝ ਹਾਕੀ ਪ੍ਰੇਮੀਆਂ ਨਾਲ ਪਾਉਂਦਿਆਂ ਕਿਹਾ ਕਿ ਉਹ ਖੁਦ ਹਾਕੀ ਦੇ ਸਭ ਤੋਂ ਵੱਡੇ ਪ੍ਰਸ਼ੰਸਕ ਹਨ ਅਤੇ ਉਹ ਆਪ ਵੀ ਹਾਕੀ ਖੇਡਦੇ ਰਹੇ ਹਨ। ਕਪੂਰ ਪਰਿਵਾਰ ਵੱਲੋਂ ਹਰ ਸਾਲ ਕੌਮੀ ਪੱਧਰ ਦੇ ਕਰਵਾਏ ਜਾਂਦੇ ਇਸ ਹਾਕੀ ਟੂਰਨਾਮੈਂਟ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਕਿਹਾ ਕਿ 19 ਸਾਲਾਂ ਤੋਂ ਲਗਾਤਾਰ ਪੂਰੀ ਨਿਸ਼ਚੈ ਨਾਲ ਇਸ ਟੂਰਨਾਮੈਂਟ ਦੀ ਲਗਾਤਾਰਤਾ ਬਣਾਈ ਰੱਖਣੀ ਵੀ ਕਿਸੇ ਕਾਮਯਾਬੀ ਤੋਂ ਘੱਟ ਨਹੀਂ ਹੈ। ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੇ ਹਾਕੀ ਦੇ ਸੁਨਿਹਰੀ ਯੁੱਗ ਨੂੰ ਯਾਦ ਕਰਦਿਆਂ ਕਿਹਾ ਕਿ ਜਦੋਂ ਸਿਰਫ਼ ਘਾਹ ਦੇ ਮੈਦਾਨ 'ਤੇ ਹਾਕੀ ਦੇ ਮੁਕਾਬਲੇ ਹੁੰਦੇ ਸਨ ਉਦੋਂ ਭਾਰਤੀ ਹਾਕੀ ਟੀਮ ਓਲੰਪਿਕ ਵਿੱਚ ਸੋਨੇ ਦੇ ਤਮਗੇ ਲਾਗਤਾਰ ਜਿੱਤ ਰਹੀ ਸੀ। ਅਜਿਹਾ ਦੌਰ ਵੀ ਰਿਹਾ ਜਦੋਂ ਹਾਕੀ ਟੀਮ ਵਿੱਚ ਅੱਠ ਖਿਡਾਰੀ ਪੰਜਾਬ ਦੇ ਪੇਂਡੂ ਇਲਾਕਿਆਂ ਦੇ ਹੀ ਹੁੰਦੇ ਸਨ। ਸੰਤ ਸੀਚੇਵਾਲ ਨੇ ਇਸ ਹਾਕੀ ਟੂਰਨਾਮੈਂਟ ਦਾ ਝੰਡਾ ਲਹਿਰਾ ਕੇ ਇਸ ਦੀ ਰਸਮੀ ਸ਼ੁਰੂਆਤ ਕੀਤੀ।

# ਕ੍ਰਿਸਮਸ ਸੰਬੰਧੀ ਸ਼ੋਭਾ ਯਾਤਰਾ 19 ਨੂੰ



**ਸ਼ਾਹਕੋਟ (ਗਿਆਨ ਸੈਦਪੁਰੀ)**
ਕ੍ਰਿਸਮਸ ਦੇ ਸਬੰਧ ਵਿਚ ਮਸੀਹੀ ਭਾਈਚਾਰੇ ਦੀ ਇੱਕ ਅਹਿਮ ਮੀਟਿੰਗ ਸੀ.ਐਨ.ਆਈ. ਚਰਚ ਸਲੈਚਾਂ ਰੋਡ ਸ਼ਾਹਕੋਟ ਵਿਖੇ ਚਰਚ ਦੇ ਮੁੱਖ ਸੇਵਾਦਾਰ ਪਾਸਟਰ ਜਾਰਜ ਮਸੀਹ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿਚ ਕ੍ਰਿਸਮਸ ਦਾ ਤਿਉਹਾਰ ਮਨਾਉਣ ਅਤੇ ਇਸ ਸਬੰਧੀ ਸ਼ੋਭਾ ਯਾਤਰਾ ਸਜਾਉਣ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸ਼ਾਹਕੋਟ ਵਿਚ ਪ੍ਰਭੂ ਯਿਸ਼ੂ ਮਸੀਹ ਦੇ ਜਨਮ ਦਿਹਾੜੇ ਸਬੰਧੀ ਸ਼ੋਭਾ ਯਾਤਰਾ 19 ਦਸੰਬਰ ਨੂੰ ਸਜਾਈ ਜਾਵੇਗੀ। ਇਹ ਸ਼ੋਭਾ ਯਾਤਰਾ ਸੀ.ਐਨ.ਆਈ. ਚਰਚ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ ਵੱਖ ਬਾਜ਼ਾਰਾਂ ਤੇ ਮੁਹੱਲਿਆਂ ਵਿੱਚੋਂ ਹੁੰਦੀ ਹੋਈ ਚਰਚ ਵਿਖੇ ਜਾ ਕੇ ਸੰਪੰਨ ਹੋਵੇਗੀ। ਉਨ੍ਹਾਂ ਦੱਸਿਆ ਕਿ ਸ਼ੋਭਾ ਯਾਤਰਾ ਦੌਰਾਨ ਪ੍ਰਭੂ ਯਿਸ਼ੂ ਮਸੀਹ ਦੇ ਜੀਵਨ ਨਾਲ ਸਬੰਧਤ ਝਾਕੀਆਂ ਮੁੱਖ ਆਕਰਸ਼ਣ ਦਾ ਕੇਂਦਰ ਹੋਣਗੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਾਸਟਰ ਜਾਰਜ ਮਸੀਹ, ਡਾ. ਵਿਲੀਅਮ ਜੌਹਨ ਸਕੱਤਰ ਘੱਟ ਗਿਣਤੀ ਵਿਭਾਗ ਪੰਜਾਬ, ਪਾਸਟਰ ਡੈਨੀਅਲ ਮਸੀਹ, ਸੁਧੀਰ ਨਾਹਰ ਸੂਬਾ ਪ੍ਰਧਾਨ ਕ੍ਰਿਸ਼ਚਨ ਮੂਵਮੈਂਟ ਯੂਥ ਵਿੰਗ ਪੰਜਾਬ, ਪਾਸਟਰ ਯੂਸਫ਼, ਪਾਸਟਰ ਸੋਹਨ ਲਾਲ, ਪਾਸਟਰ ਭੁਪਿੰਦਰ, ਪਾਸਟਰ ਸੰਦੀਪ, ਪਾਸਟਰ ਕੁਲਵੰਤ, ਪਾਸਟਰ ਰਾਜ ਕੁਮਾਰ, ਪਾਸਟਰ ਐਡਵਿਨ ਮਸੀਹ, ਜਸਵਿੰਦਰ ਗਿੱਲ ਕੈਸ਼ੀਅਰ ਚਰਚ ਪ੍ਰਬੰਧਕ ਕਮੇਟੀ, ਰੁਬੀਨਾ ਜਾਰਜ਼, ਰਾਸ਼ੀਦ ਮਸੀਹ, ਪਵਨ ਪਰਜੀਆਂ ਆਦਿ ਹਾਜ਼ਰ ਸਨ।

# ਫੂਡ ਸੇਫਟੀ ਟੀਮਾਂ ਵੱਲੋਂ ਵੱਖ-ਵੱਖ ਸਕੂਲਾਂ 'ਚ ਮਿਡ-ਡੇਅ ਮੀਲ ਦਾ ਨਿਰੀਖਣ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**
ਸਿਵਲ ਸਰਜਨ ਡਾ.ਬਲਬੀਰ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਿਡ-ਡੇ-ਮੀਲ ਦਾ ਜਾਇਜ਼ਾ ਲੈਣ ਲਈ ਸਿਹਤ ਵਿਭਾਗ ਵਲੋਂ 2 ਨਿਰੀਖਣ ਟੀਮਾਂ ਬਣਾਈਆਂ ਗਈਆਂ, ਜਿਹਨਾ ਵਲੋਂ ਹੁਸ਼ਿਆਰਪੁਰ ਸ਼ਹਿਰੀ ਇਲਾਕਿਆਂ ਅਤੇ ਮਾਹਿਲਪੁਰ ਖੇਤਰ ਦੇ ਸਕੂਲਾਂ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਤੇ ਮਾਂਹ ਦੀ ਦਾਲ, ਚਨਾ ਦਾਲ ਅਤੇ ਚਾਵਲ ਦੇ 3 ਸੈਂਪਲ ਭਰੇ ਗਏ।ਸ਼ਹਿਰੀ ਇਲਾਕਿਆਂ ਦੇ ਸਕੂਲਾਂ ਵਿਚ ਮਿਡ-ਡੇ-ਮੀਲ ਚੈਕਿੰਗ ਲਈ ਜ਼ਿਲ੍ਹਾ ਸਿਹਤ ਅਫਸਰ ਡਾ. ਜਤਿੰਦਰ ਭਾਟੀਆ ਅਤੇ ਸਹਾਇਕ ਸਿਵਲ ਸਰਜਨ ਡਾ. ਅਜੈ ਬਸਰਾ ਦੀ ਟੀਮ ਵਲੋਂ ਵੱਲੋਂ ਸ਼ਹਿਰ ਹੁਸ਼ਿਆਰਪੁਰ ਵਿੱਚ ਵੱਖ-ਵੱਖ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਲਈ ਬਣ ਰਹੇ ਮਿਡ-ਡੇ-ਮੀਲ ਦਾ ਜਾਇਜ਼ਾ ਲਿਆ ਗਿਆ ਅਤੇ ਖਾਣਾ ਤਿਆਰ ਕਰਨ ਸਮੇਂ ਸਾਫ ਸਫਾਈ ਵੱਲ ਵਿਸ਼ੇਸ਼ ਧਿਆਨ ਦਿੱਤੇ ਜਾਣ ਬਾਰੇ ਜਾਗਰੂਕ ਕੀਤਾ ਗਿਆ।ਡਾ. ਜਤਿੰਦਰ ਭਾਟੀਆ ਨੇ ਕਿਹਾ ਕਿ ਮਾਹਿਲਪੁਰ ਇਲਾਕੇ ਵਿਚ ਫੂਡ ਸੇਫਟੀ ਅਫ਼ਸਰ ਵਿਵੇਕ ਕੁਮਾਰ ਅਤੇ ਇਸ਼ਾਨ ਬਾਂਸਲ ਵਲੋਂ ਵੀ ਸਰਕਾਰੀ ਸਕੂਲਾਂ ਵਿਚ ਜਾ ਕੇ ਮਿਡ ਡੇ ਮੀਲ ਦੀ ਚੈਕਿੰਗ ਕੀਤੀ ਗਈ ਅਤੇ ਸੈਂਪਲ ਭਰੇ ਗਏ।ਇਸ ਮੌਕੇ ਤੇ ਜਿਲਾ ਸਿਹਤ ਅਫਸਰ ਡਾ. ਜਤਿੰਦਰ ਭਾਟੀਆ ਵਲੋਂ ਮਿਡ-ਡੇ-ਮੀਲ ਤਿਆਰ ਕਰਨ ਵਾਲੀਆਂ ਵਰਕਰਾਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਭੋਜਨ ਤਿਆਰ ਕਰਨ ਵਾਲੀ ਜਗ੍ਹਾ ਦੀ ਸਾਫ ਸਫਾਈ ਦਾ ਵਿਸ਼ੇਸ਼ ਤੌਰ ਤੇ ਧਿਆਨ ਰੱਖਿਆ ਜਾਵੇ।



# ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ : ਜ਼ਿਲ੍ਹਾ ਜਲੰਧਰ 'ਚ 669 ਉਮੀਦਵਾਰ ਚੋਣ ਮੈਦਾਨ 'ਚ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**
ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ 14 ਦਸੰਬਰ ਨੂੰ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਕਰਵਾਈਆਂ ਜਾ ਰਹੀਆਂ ਹਨ। ਜ਼ਿਲ੍ਹਾ ਜਲੰਧਰ ਵਿੱਚ ਪੜਤਾਲ ਅਤੇ ਨਾਮਜ਼ਦਗੀ ਪੱਤਰ ਵਾਪਸ ਲੈਣ ਉਪਰੰਤ ਕੁੱਲ 669 ਉਮੀਦਵਾਰ ਚੋਣ ਲੜਨਗੇ।ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਅਤੇ ਨਾਮਜ਼ਦਗੀਆਂ ਵਾਪਸ ਲੈਣ ਉਪਰੰਤ ਜ਼ਿਲ੍ਹਾ ਪ੍ਰੀਸ਼ਦ ਲਈ ਕੁੱਲ 83 ਅਤੇ ਪੰਚਾਇਤ ਸੰਮਤੀਆਂ ਲਈ ਕੁੱਲ 586 ਉਮੀਦਵਾਰ ਚੋਣਾਂ ਲੜਨਗੇ।ਡਾ. ਅਗਰਵਾਲ ਨੇ ਦੱਸਿਆ ਕਿ ਵੋਟਾਂ 14 ਦਸੰਬਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਬੈਲਟ ਪੇਪਰਾਂ ਦੀ ਵਰਤੋਂ ਨਾਲ ਪੈਣਗੀਆਂ, ਜਿਸ ਦੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਚੋਣਾਂ ਨੂੰ ਅਮਨ-ਅਮਾਨ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਚਨਬੱਧ ਹੈ।ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰੀਸ਼ਦ ਦੇ 21 ਅਤੇ 11 ਪੰਚਾਇਤ ਸੰਮਤੀਆਂ ਦੇ 188 ਜ਼ੋਨਾਂ ਦੀਆਂ ਚੋਣਾਂ ਦੌਰਾਨ ਵੋਟਰਾਂ ਦੀ ਸਹੂਲਤ ਲਈ ਕੁੱਲ 1209 ਪੋਲਿੰਗ ਬੂਥ ਬਣਾਏ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰੀਸ਼ਦ ਦੇ 2 ਅਤੇ ਪੰਚਾਇਤ ਸੰਮਤੀ ਨਕੋਦਰ ਦੇ 19 ਜ਼ੋਨਾਂ ਲਈ 130 ਪੋਲਿੰਗ ਬੂਥ ਸਥਾਪਤ ਕੀਤੇ ਗਏ ਹਨ। ਇਸੇ ਤਰ੍ਹਾਂ ਜ਼ਿਲ੍ਹਾ ਪ੍ਰੀਸ਼ਦ ਦੇ ਇਕ ਪੰਚਾਇਤ ਸੰਮਤੀ ਮਹਿਤਪੁਰ ਦੇ 15 ਜ਼ੋਨਾਂ ਲਈ 83, ਜ਼ਿਲ੍ਹਾ ਪ੍ਰੀਸ਼ਦ ਦੇ 2 ਅਤੇ ਪੰਚਾਇਤ ਸੰਮਤੀ ਫਿਲੌਰ ਦੇ 20 ਜ਼ੋਨਾਂ ਲਈ 129, ਜ਼ਿਲ੍ਹਾ ਪ੍ਰੀਸ਼ਦ ਦੇ 3 ਅਤੇ ਪੰਚਾਇਤ ਸੰਮਤੀ ਆਦਮਪੁਰ ਦੇ 25 ਜ਼ੋਨਾਂ ਲਈ 200 ਪੋਲਿੰਗ ਬੂਥ ਬਣਾਏ ਗਏ ਹਨ। ਉਨ੍ਹਾਂ ਅੱਗੇ ਦੱਸਿਆ ਕਿ ਜ਼ਿਲ੍ਹਾ ਪ੍ਰੀਸ਼ਦ ਦੇ 2 ਅਤੇ ਪੰਚਾਇਤ ਸੰਮਤੀ ਭੋਗਪੁਰ ਦੇ 15 ਜ਼ੋਨਾਂ ਲਈ 108, ਜ਼ਿਲ੍ਹਾ ਪ੍ਰੀਸ਼ਦ ਦੇ 2 ਅਤੇ ਪੰਚਾਇਤ ਸੰਮਤੀ ਜਲੰਧਰ ਪੂਰਬੀ ਦੇ 15 ਜ਼ੋਨਾਂ ਲਈ 86, ਜ਼ਿਲ੍ਹਾ ਪ੍ਰੀਸ਼ਦ ਦੇ 2 ਅਤੇ ਪੰਚਾਇਤ ਸੰਮਤੀ ਰੁੜਕਾ ਕਲਾਂ ਦੇ 15 ਜ਼ੋਨਾਂ ਲਈ 96 ਪੋਲਿੰਗ ਬੂਥ ਸਥਾਪਤ ਕੀਤੇ ਗਏ ਹਨ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰੀਸ਼ਦ ਦੇ 2 ਅਤੇ ਪੰਚਾਇਤ ਸੰਮਤੀ ਜਲੰਧਰ ਪੱਛਮੀ ਦੇ 19 ਜ਼ੋਨਾਂ ਲਈ 116, ਜ਼ਿਲ੍ਹਾ ਪ੍ਰੀਸ਼ਦ ਦੇ 2 ਅਤੇ ਪੰਚਾਇਤ ਸੰਮਤੀ ਨੂਰਮਹਿਲ ਦੇ 15 ਜ਼ੋਨਾਂ ਲਈ 88, ਜ਼ਿਲ੍ਹਾ ਪ੍ਰੀਸ਼ਦ ਦੇ 2 ਅਤੇ ਪੰਚਾਇਤ ਸੰਮਤੀ ਸ਼ਾਹਕੋਟ ਦੇ 15 ਜ਼ੋਨਾਂ ਲਈ 90 ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਇਕ ਅਤੇ ਪੰਚਾਇਤ ਸੰਮਤੀ ਲੋਹੀਆਂ ਖਾਸ ਦੇ 15 ਜ਼ੋਨਾਂ ਲਈ 83 ਪੋਲਿੰਗ ਬੂਥ ਬਣਾਏ ਗਏ ਹਨ।ਪੋਲ ਹੋਈਆਂ ਵੋਟਾਂ ਦੀ ਗਿਣਤੀ 17 ਦਸੰਬਰ ਨੂੰ ਸਵੇਰੇ 8 ਵਜੇ ਤੋਂ ਹੋਵੇਗੀ।



# ਬਜ਼ੁਰਗਾਂ ਦੇ 'ਆਪਣਾ ਘਰ' ਦੀ ਰੌਣਕ ਬਣੇ ਰਹੇ ਸਤੀਸ਼ਵਰ ਦਾਸ ਖੰਨਾ ਨਹੀਂ ਰਹੇ

**ਰੂਪਨਗਰ, (ਰਜਿੰਦਰ ਸੈਣੀ)**
ਬਜ਼ੁਰਗਾਂ ਦੇ 'ਆਪਣਾ ਘਰ' ਹਵੇਲੀ ਕਲਾ ਵਿਖੇ ਬੀਤੇ ਕੋਈ 8 ਸਾਲਾ ਤੋਂ ਰਹਿ ਰਹੇ ਬਜ਼ੁਰਗ ਸਤੀਸ਼ਵਰ ਦਾਸ ਖੰਨਾ (80) ਅਕਾਲ ਚਲਾਣਾ ਕਰ ਗਏ।ਉਨ੍ਹਾ ਨੂੰ ਸਿਹਤ ਖਰਾਬ ਹੋਣ ਤੇ ਇੱਕ ਹਸਪਤਾਲ ਵਿਖੇ ਇਲਾਜ ਲਈ ਦਾਖਲ ਕਰਵਾਇਆ ਗਿਆ ਸੀ ਲੇਕਿਨ ਰਾਤ ਨੂੰ ਉਹ ਇਸ ਫਾਨੀ ਦੁਨਿਆ ਨੂੰ ਅਲਵਿਦਾ ਕਹਿ ਗਏ।





ਉਨ੍ਹਾ ਦਾ ਅੰਤਿਮ ਸੰਸਕਾਰ ਦੁਪਿਹਰ ਨੂੰ ਇਥੇ ਹਵੇਲੀ ਕਲਾਂ ਵਿਖੇ ਸਤਲੁਜ ਕਿਨਾਰੇ ਸਮਸ਼ਾਨ ਘਾਟ ਵਿਖੇ ਕੀਤਾ ਗਿਆ। ਸ਼੍ਰੀ ਖੰਨਾ ਦੀ ਚਿਤਾ ਨੂੰ ਅਗਨੀ ਉਨ੍ਹਾ ਦੇ ਦਸ ਸਾਲ ਦੇ ਪੋਤੇ ਅਰਜਨ ਵਲੋਂ ਵਿਖਾਈ ਗਈ। ਸੰਸਥਾ ਦੀ ਪ੍ਰਬੰਧਕੀ ਕਮੇਟੀ ਦੇ ਮੁੱਖ ਸੇਵਾਦਾਰ ਰਾਜਿੰਦਰ ਸੈਣੀ ਨੇ ਦੱਸਿਆ ਕਿ ਸ਼੍ਰੀ ਖੰਨਾ ਜੋ ਕਿ ਇਕ ਸਵਰਗਵਾਸੀ ਆਈ ਏ ਐਸ ਅਧਿਕਾਰੀ ਦੇ ਬੇਟੇ ਸਨ ਨੂੰ ਮਾਰਚ 2018 'ਚ ਇਨ੍ਹਾ ਦੇ ਸਪੁਤੱਰ ਜੋ ਰਿਜ਼ਰਵ ਬੈਂਕ ਵਿੱਚ ਸੇਵਾ ਕਰ ਰਹੇ ਸਨ ਆਪਣੀ ਬਦਲੀ ਚੰਡੀਗੜ੍ਹ ਤੋਂ ਗੁਹਾਟੀ ਹੋਣ ਕਾਰਨ ਬਜ਼ੁਰਗਾ ਦੇ 'ਆਪਣਾ ਘਰ' ਵਿਖੇ ਛੱਡ ਕੇ ਗਏ ਸਨ।ਸ਼੍ਰੀ ਖੰਨਾ ਦਿਮਾਗੀ ਤੋਂ ਬਹੁਤਾ ਠੀਕ ਨਹੀ ਸੀ ਲੇਕਿਨ ਸਭ ਨਾਲ ਪਿਆਰ ਨਾਲ ਰਹਿਣ ਵਾਲੇ ਸਨ। ਸੰਸਥਾ ਦੇ ਪ੍ਰਬੰਧਕਾ ਵਲੋਂ ਇਨ੍ਹਾ ਨੂੰ ਇਸ ਘਰ 'ਚ ਹਮੇਸ਼ਾ ਵਧੀਆ ਮਹੌਲ ਪ੍ਰਦਾਨ ਕੀਤਾ ਗਿਆ ਅਤੇ ਇਹ ਖੁਸ਼ਗਵਾਰ ਜੀਵਨ ਬਿਤਾ ਰਹੇ ਸਨ। 'ਆਪਣਾ ਘਰ' ਰਹਿੰਦੇ ਸਮੇਂ ਹੀ ਸਾਲ 2022 'ਚ ਇਨ੍ਹਾਂ ਨਾਲ ਬਹੁਤ ਮਾੜੀ ਘਟਨਾ ਵਾਪਰ ਗਈ ਤੇ ਇਕਲੌਤਾ ਬੇਟਾ ਜੋ ਇਨ੍ਹਾਂ ਨੂੰ ਛੱਡ ਹਏ ਸਨ ਉਹ ਸਵਰਗਵਾਸ ਹੋ ਗਏ।ਲੇਕਿਨ ਪ੍ਰਬੰਧਕਾਂ ਨੇ ਇਸ ਨੂੰ ਉਹ ਦੁਖ ਮੁਹਿਸੂਸ ਨਹੀ ਹੋਣ ਦਿੱਤਾ। ਸੰਸਕਾਰ ਮੌਕੇ ਚੰਡੀਗੜ੍ਹ ਤੋਂ ਇਨ੍ਹਾਂ ਦੀ ਨੂੰਹ ਸੋਨਿਆ ਤੇ ਕੁਝ ਹੋਰ ਸਬੰਧੀ ਵੀ ਹਾਜ਼ਰ ਸਨ। ਇਸ ਤੋਂ ਇਲਾਵਾ ਸੰਸਥਾ ਦੇ ਟਰਸੱਟੀ, ਬਜ਼ੁਰਗਾਂ ਨੂੰ ਸਤਿਕਾਰ ਦੇਣ ਵਾਲੇ ਪਤਵੰਤੇ ਅਤੇ ਬਜ਼ੁਰਗਾ ਦੇ ਆਪਣਾ ਘਰ 'ਚ ਰਹਿ ਰਹੇ ਬਜ਼ੁਰਗ ਸਾਥੀਆਂ ਵੱਲੋਂ ਭਰੇ ਮਨ ਨਾਲ ਸਤੀਸ਼ਵਰ ਦਾਸ ਖੰਨਾ ਨੂੰ ਅੰਤਿਮ ਵਿਦਾਇਗੀ ਦਿੱਤੀ।

# ਜੀ ਟੀ ਯੂ ਦੀ ਜਨਰਲ ਬਾਡੀ ਮੀਟਿੰਗ




**ਜਲੰਧਰ (ਰਾਜੇਸ਼ ਥਾਪਾ)**
ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਜਲੰਧਰ ਦੀ ਜਨਰਲ ਬਾਡੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਕਰਨੈਲ ਫਿਲੌਰ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਗਈ। ਮੀਟਿੰਗ ਨੂੰ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਦਿਆਂ ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਤੀਰਥ ਸਿੰਘ ਬਾਸੀ ਅਤੇ ਸਾਬਕਾ ਸੂਬਾ ਪ੍ਰਧਾਨ ਕਰਨੈਲ ਸਿੰਘ ਸੰਧੂ ਨੇ ਕਿਹਾ ਕਿ ਸਰਕਾਰ ਨੇ ਨਾ ਹੀ ਅਧਿਆਪਕਾਂ ਤੋਂ ਗੈਰ ਵਿਦਿਆਕ ਕੰਮ ਲੈਣੇ ਬੰਦ ਕੀਤੇ, ਸਗੋਂ ਨਵੇਂ ਨਵੇਂ ਪ੍ਰੋਜੈਕਟ ਸ਼ੁਰੂ ਕਰਕੇ ਸਿੱਖਿਆ ਦਾ ਬੇੜਾ ਗਰਕ ਕੀਤਾ ਜਾ ਰਿਹਾ। ਇਸ ਮੀਟਿੰਗ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ ਪਿਛਲੇ ਦਿਨੀ ਜਲੰਧਰ ਵਿਖੇ ਹੋਈ ਜਨਰਲ ਕੌਂਸਲ ਦਾ ਰੀਵਿਊ ਕੀਤਾ ਗਿਆ,ਬਲਾਕ ਪ੍ਰਧਾਨਾਂ ਅਤੇ ਜ਼ਿਲ੍ਹਾ ਕਮੇਟੀ ਮੈਂਬਰਾਂ ਦੀ ਕਾਰਜਸੈਲੀ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹਾ ਸਿੱਖਿਆ ਅਫਸਰਾਂ ਨੂੰ ਮਿਲਣ ਸਬੰਧੀ ਅਤੇ ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਵੱਲੋਂ 30 ਦਸੰਬਰ ਨੂੰ ਮੋਹਾਲੀ ਵਿਖੇ ਕੀਤੀ ਜਾ ਰਹੀ ਸੁਬਾਈ ਰੈਲੀ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਰੈਲੀ ਨੂੰ ਸਫ਼ਲ ਬਣਾਉਣ ਲਈ ਬਲਾਕ ਪ੍ਰਧਾਨਾਂ ਨੂੰ ਡਿਊਟੀਆਂ ਸੌਂਪੀਆਂ ਗਈਆਂ। ਰੈਲੀ ਦੀ ਤਿਆਰੀ ਵਜੋਂ 21 ਦਸੰਬਰ ਤੋਂ 25 ਦਸੰਬਰ ਤੱਕ ਬਲਾਕ ਮੀਟਿੰਗਾਂ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਬਲਾਕ ਗੁਰਾਇਆ1 ਦੇ ਕੁਲਵੰਤ ਰਾਮ ਰੁੜਕਾ,ਗੁਰਾਇਆ 2 ਦੇ ਸੁਖਵਿੰਦਰ ਰਾਮ,ਫਿਲੌਰ ਦੇ ਲੇਖ ਰਾਜ ਪੰਜਾਬੀ,ਬਲਾਕ ਨੂਰਮਹਿਲ ਦੇ ਸੰਦੀਪ ਰਾਜੋਵਾਲ,ਨਕੋਦਰ1ਦੇ ਮੁਲਖ ਰਾਜ,ਨਕੋਦਰ 2 ਦੇ ਜਸਵੀਰ ਸਿੰਘ,ਸਾਹਕੋਟ 1 ਦੇ ਜਗਜੀਤ ਸਿੰਘ,ਸ਼ਾਹਕੋਟ 2 ਦੇ ਰਜਿੰਦਰ ਸਿੰਘ, ਲੋਹੀਆਂ ਖਾਸ ਦੇ ਵਿਜੇ ਕੁਮਾਰ,ਭੋਗਪੁਰ ਦੇ ਰਜਿੰਦਰ ਸਿੰਘ,ਕਰਤਾਰਪੁਰ ਦੇ ਬੇਅੰਤ ਕੌਰ,ਅਲਾਵਲਪੁਰ ਦੇ ਰਾਕੇਸ਼ ਕੁਮਾਰ, ਈਸਟ 1ਦੇ ਜਤਿੰਦਰ ਸਿੰਘ, ਈਸਟ 4 ਦੇ ਮੰਗਲਜੀਤ ਸਿੰਘ, ਵੈਸਟ 1ਦੇ ਕਮਲਦੇਵ ਸਿੰਘ , ਵੈਸਟ 2 ਦੇ ਵਿਨੋਦ ਭੱਟੀ,ਆਦਮਪੁਰ ਦੇ ਸਿਵਰਾਜ ਸਿੰਘ ਬਲਾਕ ਪ੍ਰਧਾਨਾਂ ਤੋਂ ਇਲਾਵਾ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ ਮੀਤ ਪ੍ਰਧਾਨ ਵਿਨੋਦ ਭੱਟੀ, ਮਨੋਜ ਕੁਮਾਰ ਸਰੋਏ,ਜਨਰਲ ਸਕੱਤਰ ਸੁਖਵਿੰਦਰ ਸਿੰਘ ਮੱਕੜ, ਜੁਇੰਟ ਸਕੱਤਰ ਗੁਰਮੇਲ ਸਿੰਘ ਕਿਸ਼ਨਗੜ੍ਹ,ਕਸਤੂਰੀ ਲਾਲ ਨੂਰਮਹਿਲ, ਰਤਨ ਸਿੰਘ ਸੂਰਤੀ ਲਾਲ ਭੋਗਪੁਰ ਅਤੇ ਕੁਲਦੀਪ ਸਿੰਘ ਕੌੜਾ ਹਾਜ਼ਰ ਸਨ।

# ਹਰ ਲੋੜਵੰਦ ਮਨਰੇਗਾ ਕਿਰਤੀ ਨੂੰ ਕੰਮ ਦਿਓ : ਚਰਨਜੀਤ ਕੌਰ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਮਨਰੇਗਾ ਵਿੱਚ ਕੰਮ ਦੇ ਦਿਨਾਂ ਦੀ ਕਟੌਤੀ ਲਈ ਸੂਬਾ ਤੇ ਕੇਂਦਰ ਸਰਕਾਰ ਜਿੰਮੇਵਾਰ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬੀਬੀ ਚਰਨਜੀਤ ਕੌਰ ਨਵਾਂ ਸ਼ਹਿਰ, ਚੇਅਰਮੈਨ ਮਨਰੇਗਾ ਅਧਿਕਾਰ ਅੰਦੋਲਨ ਸਬੰਧਤ ਭਾਈ ਲਾਲੋ ਲੋਕ ਮੰਚ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਨਾਂ ਕਿਹਾ ਕਿ ਕੇਂਦਰ ਸਰਕਾਰ ਮਨਰੇਗਾ ਬਜਟ ਵਿੱਚ ਲਗਾਤਾਰ ਕਟੌਤੀ ਕਰ ਰਹੀ ਹੈ ਜਿਸ ਦਾ ਅਸਰ ਕੰਮ ਦੇ ਦਿਨਾਂ ਵਿੱਚ ਕਟੌਤੀ ਤੇ ਪੈਂਦਾ ਹੈ। ਇਸੇ ਤਰ੍ਹਾਂ ਪੰਜਾਬ ਸਰਕਾਰ ਨਵੇਂ ਨਿਯਮ ਬਣਾ ਕੇ ਕੰਮ ਦੇ ਦਿਨਾਂ ਵਿੱਚ ਕਟੌਤੀ ਕਰ ਰਹੀ ਹੈ ਜਿਸ ਦਾ ਵਿਰੋਧ ਉਹਨਾਂ ਦੀ ਜਥੇਬੰਦੀ ਵੱਲੋਂ ਕੀਤਾ ਜਾ ਰਿਹਾ ਹੈ। ਉਹਨਾਂ ਮੰਗ ਕੀਤੀ ਕੇ ਹਰ ਲੋੜਵੰਦ ਕਿਰਤੀ ਨੂੰ ਕੰਮ ਦਿੱਤਾ ਜਾਵੇ ਅਤੇ ਕੰਮ ਦੀ ਦਿਹਾੜੀ 700 ਰੁਪਏ ਕੀਤੀ ਜਾਵੇ। ਉਹਨਾਂ ਇਹ ਵੀ ਮੰਗ ਕੀਤੀ ਕਿ ਸਾਲ ਵਿੱਚ 200 ਦਿਨ ਦਾ ਕੰਮ ਦਿੱਤਾ ਜਾਵੇ। ਉਨਾਂ ਚਿੰਤਾ ਪ੍ਰਗਟ ਕੀਤੀ ਕੇ ਕੇਂਦਰ ਅਤੇ ਸੂਬਾ ਸਰਕਾਰ ਦੋਵੇਂ ਮਿਲ ਕੇ ਮਨਰੇਗਾ ਕਾਨੂੰਨ ਨੂੰ ਕਮਜ਼ੋਰ ਕਰ ਰਹੇ ਹਨ। ਉਹਨਾਂ ਮੰਗ ਕੀਤੀ ਕੇ ਮਨਰੇਗਾ ਐਕਟ ਨੂੰ ਠੀਕ ਤਰਾਂ ਲਾਗੂ ਕੀਤਾ ਜਾਵੇ ਅਤੇ ਸਰਕਾਰ ਬੇਰੋਜ਼ਗਾਰ ਮਜ਼ਦੂਰਾਂ ਨੂੰ ਬੇਰੁਜ਼ਗਾਰੀ ਭੱਤਾ ਜਾਰੀ ਕਰੇ। ਇਸ ਮੌਕੇ ਉਨਾਂ ਨਾਲ ਸੁਰਜੀਤ ਮਲਪੁਰੀ ਜ਼ਿਲਾ ਪ੍ਰਧਾਨ ਅਤੇ ਬੀਬੀ ਜਸਵਿੰਦਰ ਕੌਰ ਜ਼ਿਲਾ ਮੀਤ ਸਕੱਤਰ ਵੀ ਹਾਜ਼ਰ ਸਨ।

# ਤੇਜਸਵੀ ਮਿਨਹਾਸ ਗ੍ਰਿਫ਼ਤਾਰ, ਅਦਾਲਤ ਨੇ ਜ਼ਮਾਨਤ ਅਰਜ਼ੀ ਵੀ ਕੀਤੀ ਰੱਦ

**ਜਲੰਧਰ (ਸੁਰਿੰਦਰ ਕੁਮਾਰ)**
ਤੇਜਸਵੀ ਮਿਨਹਾਸ ਨੂੰ ਪੁਲਿਸ ਨੇ ਗ੍ਰਿਫ਼ਤਾਰ ਕਰ ਲਿਆ। ਕੁਝ ਦਿਨ ਪਹਿਲਾਂ ਭਾਨਾ ਸਿੱਧੂ ਅਤੇ ਤੇਜਸਵੀ ਮਿਨਹਾਸ ਸਮੇਤ ਨਿਹੰਗ ਸਿੰਘਾਂ ਨੇ ਈ ਡੀ ਦਫ਼ਤਰ ਦੇ ਬਾਹਰ ਚਰਚ ਦੇ ਪਾਦਰੀ ਅੰਕੁਰ ਨਰੂਲਾ ਖ਼ਿਲਾਫ਼ ਪ੍ਰਦਰਸ਼ਨ ਕੀਤਾ ਸੀ।ਪ੍ਰਾਪਤ ਜਾਣਕਾਰੀ ਅਨੁਸਾਰ ਕੁਝ ਦਿਨ ਪਹਿਲਾਂ ਤੇਜਸਵੀ ਵੱਲੋਂ ਕੀਤੇ ਗਏ ਇੱਕ ਵਿਰੋਧ ਪ੍ਰਦਰਸ਼ਨ ਦੌਰਾਨ ਮਾਡਲ ਟਾਊਨ ਪੁਲਸ ਨਾਲ ਝਗੜਾ ਹੋਇਆ ਸੀ। ਇਸ ਘਟਨਾ ਦੇ ਸਬੰਧ ਵਿੱਚ ਪੁਲਸ ਨੇ ਤੇਜਸਵੀ ਖ਼ਿਲਾਫ਼ ਕੇਸ ਦਰਜ ਕੀਤਾ ਸੀ ਅਤੇ ਤੇਜਸਵੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਤੇਜਸਵੀ ਨੂੰ ਦੁਪਹਿਰ 2 ਵਜੇ ਮਾਣਯੋਗ ਜੱਜ ਸਮੀਖਿਆ ਜੈਨ ਦੀ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।ਤੇਜਸਵੀ ਮਿਨਹਾਸ ਨੇ ਅਦਾਲਤ ਵਿੱਚ ਜ਼ਮਾਨਤ ਅਰਜ਼ੀ ਦਾਇਰ ਕੀਤੀ ਸੀ, ਜਿਸ ਨੂੰ ਖਾਰਜ ਕਰ ਦਿੱਤਾ ਗਿਆ ਹੈ। ਇਸ ਤੋਂ ਬਾਅਦ, ਉਸ ਖ਼ਿਲਾਫ਼ ਐੱਫ ਆਈ ਆਰ ਦਰਜ ਕੀਤੀ ਗਈ। ਤੇਜਸਵੀ ਮਿਨਹਾਸ ਦਾ ਸਿਵਲ ਹਸਪਤਾਲ ਵਿੱਚ ਡਾਕਟਰੀ ਜਾਂਚ ਕਰਵਾਈ ਗਈ ਹੈ , ਜਿਸ ਤੋਂ ਬਾਅਦ ਉਸਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।ਰਿਪੋਰਟਾਂ ਅਨੁਸਾਰ, ਪੰਜਾਬ ਬਚਾਓ ਮੋਰਚਾ ਦੇ ਮੁਖੀ ਤੇਜਸਵੀ ਨੇ ਅੰਕੁਰ ਨਰੂਲਾ 'ਤੇ ਗੰਭੀਰ ਦੋਸ਼ ਲਗਾਏ ਸਨ, ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਉਹ ਵਿਦੇਸ਼ਾਂ ਤੋਂ ਗੈਰ-ਕਾਨੂੰਨੀ ਢੰਗ ਨਾਲ ਫੰਡਿੰਗ ਦਾ ਪ੍ਰਬੰਧ ਕਰ ਰਿਹਾ ਸੀ। ਅੰਬਾਲਾ ਦੀ ਇੱਕ ਔਰਤ ਨੇ ਦੱਸਿਆ ਕਿ ਉਹ ਅੰਕੁਰ ਨਰੂਲਾ ਦੇ ਫਰਾਂਸੀਸੀ ਮੰਤਰਾਲੇ ਗਈ ਸੀ। ਪੀੜਤਾ ਦੇ ਅਨੁਸਾਰ, ਦੋਸ਼ੀ ਨੇ ਕਥਿਤ ਤੌਰ 'ਤੇ ਉਸਦੇ ਪਤੀ, ਭਰਜਾਈ ਅਤੇ ਭਰਜਾਈ ਨੂੰ ਜਾਅਲੀ ਵੀਜ਼ਾ, ਹਵਾਈ ਟਿਕਟਾਂ ਅਤੇ ਦਸਤਾਵੇਜ਼ ਦਿਖਾ ਕੇ 37 ਲੱਖ ਰੁਪਏ ਲਏ ਸਨ। ਉਹ ਹੁਣ ਡੇਢ ਸਾਲ ਤੋਂ ਉਨ੍ਹਾਂ ਦੇ ਵਿਦੇਸ਼ ਟ੍ਰਾਂਸਫਰ ਵਿੱਚ ਦੇਰੀ ਕਰ ਰਿਹਾ ਹੈ, ਇਹ ਦਾਅਵਾ ਕਰਦੇ ਹੋਏ ਕਿ ਉਨ੍ਹਾਂ ਕੋਲ ਅਜੇ ਵੀ ਉਨ੍ਹਾਂ ਦੇ



ਪਾਸਪੋਰਟ ਹਨ।ਇਸ ਦੌਰਾਨ, ਫਰਾਂਸਿਸ ਨੇ ਸੋਸ਼ਲ ਮੀਡੀਆ 'ਤੇ ਜਵਾਬ ਦਿੰਦੇ ਹੋਏ ਦੋਸ਼ਾਂ ਨੂੰ ਨਕਾਰਿਆ। ਉਸਨੇ ਕਿਹਾ ਕਿ ਦੋਸ਼ ਲਗਾਉਣ ਵਾਲੀ ਔਰਤ ਖੁਦ ਇੱਕ ਏਜੰਟ ਸੀ ਅਤੇ ਉਸ ਨੇ ਆਪਣੇ ਭਰਜਾਈ ਦਾ ਵੀਜ਼ਾ ਪ੍ਰਾਪਤ ਕਰਨ ਲਈ ਕਮਿਸ਼ਨ ਲਿਆ ਸੀ। ਪੈਸੇ ਮੋਗਾ ਵਿੱਚ ਇੱਕ ਏਜੰਟ ਦੇ ਖਾਤੇ ਵਿੱਚ ਟ੍ਰਾਂਸਫਰ ਕੀਤੇ ਗਏ ਸਨ, ਅਤੇ ਉਸ ਨੇ ਪੰਜਾਬ ਦੇ ਪੁਲਿਸ ਡਾਇਰੈਕਟਰ ਜਨਰਲ ਕੋਲ ਸ਼ਿਕਾਇਤ ਦਰਜ ਕਰਵਾਈ ਹੈ।